11-OCT-PAGE-1.qxd 10/10/2025 10:22 PM Page 1

ਸ਼ਨੀਵਾਰ, 11 ਅਕਤੂਬਰ, 2025
26 ਅੱਸੂ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 131

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 11 OCTOBER, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਸਿੱਧੂ ਇਨ ਐਕਸ਼ਨ



**ਨਵੀਂ ਦਿੱਲੀ** : ਨਵਜੋਤ ਸਿੰਘ ਸਿੱਧੂ ਸ਼ੁੱਕਰਵਾਰ ਅਚਾਨਕ ਦਿੱਲੀ ਪਹੁੰਚੇ ਅਤੇ ਪ੍ਰਿਅੰਕਾ ਗਾਂਧੀ ਨਾਲ ਮੁਲਾਕਾਤ ਕੀਤੀ। ਸਿੱਧੂ ਨੇ ਇਸ ਮੁਲਾਕਾਤ ਦੀ ਇੱਕ ਫੋਟੋ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਅਤੇ ਪ੍ਰਿਅੰਕਾ ਗਾਂਧੀ ਅਤੇ ਉਨ੍ਹਾ ਦੇ ਭਰਾ ਰਾਹੁਲ ਗਾਂਧੀ ਦਾ ਮੁਸ਼ਕਲ ਸਮੇਂ ਦੌਰਾਨ ਸਾਥ ਦੇਣ ਲਈ ਧੰਨਵਾਦ ਕੀਤਾ। ਇਸ ਮੁਲਾਕਾਤ ਨੂੰ ਅਹਿਮ ਮੰਨਿਆ ਜਾ ਰਿਹਾ ਹੈ, ਕਿਉਂਕਿ ਸਿੱਧੂ ਲੰਮੇ ਸਮੇਂ ਤੋਂ ਰਾਜਨੀਤੀ ਤੋਂ ਗੈਰਹਾਜ਼ਰ ਹਨ। ਹਾਲ ਹੀ ਵਿੱਚ ਉਨ੍ਹਾ ਦੀ ਪਤਨੀ ਨਵਜੋਤ ਕੌਰ ਸਿੱਧੂ ਨੇ ਵੀ 2027 ਦੀਆਂ ਵਿਧਾਨ ਸਭਾ ਚੋਣਾਂ ਲੜਨ ਦੇ ਆਪਣੇ ਇਰਾਦੇ ਦਾ ਐਲਾਨ ਕੀਤਾ ਹੈ।

## ਜੰਮੂ-ਕਸ਼ਮੀਰ ਮਾਮਲਾ ਚਾਰ ਹਫਤੇ ਹੋਰ ਟਲਿਆ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਜੰਮੂ-ਕਸ਼ਮੀਰ ਦਾ ਪੂਰਨ ਰਾਜ ਦਾ ਦਰਜਾ ਬਹਾਲ ਕਰਨ ਦੀ ਮੰਗ ਕਰਨ ਵਾਲੀਆਂ ਪਟੀਸ਼ਨਾਂ 'ਤੇ ਜਵਾਬ ਦਾਇਰ ਕਰਨ ਲਈ ਕੇਂਦਰ ਨੂੰ ਚਾਰ ਹਫਤਿਆਂ ਦਾ ਸਮਾਂ ਦਿੱਤਾ ਹੈ।

ਚੀਫ ਜਸਟਿਸ ਬੀ ਆਰ ਗਵਈ ਅਤੇ ਜਸਟਿਸ ਕੇ. ਵਿਨੋਦ ਚੰਦਰਨ ਦੀ ਬੈਂਚ ਸ਼ੁੱਕਰਵਾਰ ਕਈ ਪਟੀਸ਼ਨਾਂ 'ਤੇ ਸੁਣਵਾਈ ਕਰ ਰਹੀ ਸੀ, ਜਿਨ੍ਹਾਂ ਵਿੱਚ ਅਕਾਦਮਿਕ ਮਾਹਰ ਜ਼ਹੂਰ ਅਹਿਮਦ ਭੱਟ ਅਤੇ ਸਮਾਜੀ-ਸਿਆਸੀ ਕਾਰਕੁਨ ਅਹਿਮਦ ਮਲਿਕ ਦੀਆਂ ਪਟੀਸ਼ਨਾਂ ਸ਼ਾਮਲ ਸਨ, ਜਿਨ੍ਹਾਂ ਵਿੱਚ ਜੰਮੂ-ਕਸ਼ਮੀਰ ਦਾ 'ਜਲਦੀ ਤੋਂ ਜਲਦੀ' ਪੂਰਨ ਰਾਜ ਦਾ ਦਰਜਾ ਬਹਾਲ ਕਰਨ ਦੇ ਕੇਂਦਰ ਦੇ ਭਰੋਸੇ ਨੂੰ ਲਾਗੂ ਕਰਨ ਦੀ ਮੰਗ ਕੀਤੀ ਗਈ ਸੀ।

## ਹਿਮਾਚਲ ਭਾਜਪਾ ਪ੍ਰਧਾਨ ਦਾ ਭਰਾ ਜਬਰ-ਜ਼ਨਾਹ ਮਾਮਲੇ 'ਚ ਗ੍ਰਿਫ਼ਤਾਰ



**ਸੋਲਨ** : ਪੁਲਸ ਨੇ ਹਿਮਾਚਲ ਪ੍ਰਦੇਸ਼ ਭਾਜਪਾ ਪ੍ਰਧਾਨ ਡਾ. ਰਾਜੀਵ ਬਿੰਦਲ ਦੇ ਵੱਡੇ ਭਰਾ ਵੈਦ ਰਾਮ ਕੁਮਾਰ ਬਿੰਦਲ ਨੂੰ ਜਬਰ-ਜ਼ਨਾਹ ਦੇ ਇੱਕ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਹੈ। ਪੁਲਸ ਨੇ ਇਹ ਕਾਰਵਾਈ 25 ਸਾਲਾ ਔਰਤ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਕੀਤੀ ਗਈ। ਸੋਲਨ ਦੇ ਐੱਸ ਪੀ ਗੌਰਵ ਸਿੰਘ ਨੇ ਦੱਸਿਆ ਕਿ ਮਹਿਲਾ ਪੁਲਸ ਸਟੇਸ਼ਨ ਵਿੱਚ ਦਰਜ ਕਰਵਾਈ ਗਈ ਸ਼ਿਕਾਇਤ ਵਿੱਚ ਪੀੜਤਾ ਨੇ ਦੱਸਿਆ ਕਿ ਉਹ 7 ਅਕਤੂਬਰ ਨੂੰ ਸੋਲਨ ਦੇ ਪੁਰਾਣੇ ਬੱਸ ਸਟੈਂਡ ਦੇ ਨੇੜੇ ਇੱਕ ਕਲੀਨਿਕ ਵਿੱਚ ਵੈਦਿਕ ਇਲਾਜ ਕਰਵਾਉਣ ਲਈ ਆਈ। ਵੈਦ ਰਾਮ ਕੁਮਾਰ ਨੇ ਉਸ ਦਾ ਹੱਥ ਫੜ ਲਿਆ ਅਤੇ ਉਸ ਦੀਆਂ ਨਾੜੀਆਂ ਦਬਾਉਣੀਆਂ ਸ਼ੁਰੂ ਕਰ ਦਿੱਤੀਆਂ। ਇਸ ਦੌਰਾਨ ਜਾਂਚ ਕਰਦੇ ਸਮੇਂ ਦੋਸ਼ੀ ਨੇ ਉਸ ਦਾ ਜਿਨਸੀ ਸ਼ੋਸ਼ਣ ਕੀਤਾ।

# ਟਰੰਪ ਨੂੰ ਨਹੀਂ ਮਿਲਿਆ, ਪਰ ਹਮੈਤਣ ਨੂੰ ਮਿਲ ਗਿਆ ਨੋਬੇਲ ਅਮਨ ਪੁਰਸਕਾਰ



**ਓਸਲੋ** : ਲਾਤੀਨੀ ਅਮਰੀਕੀ ਦੇਸ਼ ਵੈਨੇਜ਼ੁਏਲਾ ਦੀ ਆਪੋਜ਼ੀਸ਼ਨ ਆਗੂ ਮਾਰੀਆ ਕੋਰੀਨਾ ਮਚਾਡੋ ਨੂੰ ਨੋਬਲ ਸ਼ਾਂਤੀ ਪੁਰਸਕਾਰ ਦੇਣ ਦਾ ਐਲਾਨ ਕੀਤਾ ਗਿਆ ਹੈ। ਨੋਬੇਲ ਕਮੇਟੀ ਨੇ ਕਿਹਾ ਕਿ ਮਚਾਡੋ ਨੂੰ ਇਹ ਵੱਕਾਰੀ ਪੁਰਸਕਾਰ 'ਵੈਨੇਜ਼ੁਏਲਾ ਦੇ ਲੋਕਾਂ ਦੇ ਜਮਹੂਰੀ ਅਧਿਕਾਰਾਂ ਨੂੰ ਉਤਸ਼ਾਹਤ ਕਰਨ ਵਿੱਚ ਉਸ ਦੇ ਅਣਥੱਕ ਯਤਨਾਂ ਅਤੇ ਤਾਨਾਸ਼ਾਹੀ ਤੋਂ ਲੋਕਤੰਤਰ ਵਿੱਚ ਇੱਕ ਨਿਆਂਪੂਰਨ ਅਤੇ ਸ਼ਾਂਤੀਪੂਰਨ ਤਬਦੀਲੀ ਲਈ ਉਸ ਦੇ ਸੰਘਰਸ਼ ਲਈ' ਦਿੱਤਾ ਗਿਆ ਹੈ। ਮਚਾਡੋ ਲੋਕਤੰਤਰ ਦੀ ਲੋਅ ਨੂੰ ਵਧਦੇ ਹਨੇਰੇ ਵਿੱਚ ਜਗਦੀ ਰੱਖ ਰਹੀ ਹੈ।

ਕਮੇਟੀ ਨੇ ਕਿਹਾ ਕਿ ਉਸ ਨੇ ਇਸ ਵਾਰ ਵੈਨੇਜ਼ੁਏਲਾ 'ਤੇ ਧਿਆਨ ਕੇਂਦਰਤ ਕਰਨ ਦਾ ਫੈਸਲਾ ਕੀਤਾ, ਇਸ ਤੱਥ ਦੇ ਬਾਵਜੂਦ ਕਿ ਇਹ ਸਾਲ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵਾਰ-ਵਾਰ ਜਨਤਕ ਬਿਆਨਾਂ ਕਾਰਨ ਖਬਰਾਂ ਵਿੱਚ ਰਿਹਾ ਕਿ ਉਹ ਨੋਬੇਲ ਸ਼ਾਂਤੀ ਪੁਰਸਕਾਰ ਦੇ ਹੱਕਦਾਰ ਹਨ। ਨੋਬੇਲ ਕਮੇਟੀ ਨੇ ਕਿਹਾ ਕਿ ਉਹ ਉਨ੍ਹਾਂ ਲੋਕਾਂ ਜਾਂ ਉਨ੍ਹਾਂ ਦੇ ਸਮਰਥਕਾਂ ਦੇ ਦਬਾਅ ਹੇਠ ਕੰਮ ਕਰਨ ਦੀ ਆਦੀ ਨਹੀਂ, ਜੋ ਕਹਿੰਦੇ ਹਨ ਕਿ ਉਹ ਪੁਰਸਕਾਰ ਦੇ ਹੱਕਦਾਰ ਹਨ। ਨੋਬੇਲ ਕਮੇਟੀ ਦੇ ਨੇਤਾ ਫ੍ਰਾਈਡਨੇਸ ਨੇ ਦੱਸਿਆ, 'ਸਾਰੇ ਸਿਆਸਤਦਾਨ ਨੋਬੇਲ ਸ਼ਾਂਤੀ ਪੁਰਸਕਾਰ ਜਿੱਤਣਾ ਚਾਹੁੰਦੇ ਹਨ।'

ਪੁਰਸਕਾਰ ਦੇ ਐਲਾਨ ਤੋਂ ਕੁਝ ਘੰਟੇ ਪਹਿਲਾਂ ਰੂਸ ਨੇ ਕਿਹਾ ਸੀ ਕਿ ਉਹ ਨੋਬੇਲ ਸ਼ਾਂਤੀ ਪੁਰਸਕਾਰ ਲਈ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਨਾਂਅ ਦੀ ਹਮਾਇਤ ਕਰੇਗਾ। ਮਚਾਡੋ ਨੂੰ 10 ਦਸੰਬਰ ਨੂੰ ਓਸਲੋ ਵਿੱਚ ਇਹ ਪੁਰਸਕਾਰ ਦਿੱਤਾ ਜਾਵੇਗਾ। ਉਸ ਨੂੰ ਕਰੀਬ ਸਾਢੇ 8 ਕਰੋੜ ਰੁਪਏ ਮਿਲਣਗੇ। 7 ਅਕਤੂਬਰ 1967 ਨੂੰ ਕਰਾਕਾਸ ਵਿੱਚ ਪੈਦਾ ਹੋਈ ਮਚਾਡੋ ਇੰਜੀਨੀਅਰ ਹੈ ਤੇ ਉਸ ਕੋਲ ਫਾਇਨੈਂਸ ਵਿੱਚ ਮਾਸਟਰਜ਼ ਡਿਗਰੀ ਵੀ ਹੈ। ਉਸ ਦਾ ਪਿਤਾ ਦੇਸ਼ ਵਿੱਚ ਵੱਡਾ ਸਟੀਲ ਕਾਰੋਬਾਰੀ ਹੈ। ਉਹ ਰਾਸ਼ਟਰਪਤੀ ਦੀ ਚੋਣ ਵੀ ਲੜ ਚੁੱਕੀ ਹੈ। ਅਮੀਰ ਖਾਨਦਾਨ ਵਿੱਚੋਂ ਹੋਣ ਕਰਕੇ ਉਹ ਹੁਕਮਰਾਨ ਸੋਸ਼ਲਿਸਟ ਪਾਰਟੀ ਦੇ ਨਿਸ਼ਾਨੇ 'ਤੇ ਰਹਿੰਦੀ ਹੈ। ਮਚਾਡੋ ਦੇਸ਼ ਦੀ ਸਰਕਾਰੀ ਤੇਲ ਕੰਪਨੀ ਸਣੇ ਹੋਰਨਾਂ ਕੰਪਨੀਆਂ ਦੇ ਨਿੱਜੀਕਰਨ ਦੀ ਵਕਾਲਤ ਕਰਦੀ ਹੈ।

ਟਰੰਪ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨਿਕੋਲਸ ਮਦੁਰੋ ਦੀ ਅਗਵਾਈ ਵਾਲੀ ਸੋਸ਼ਲਿਸਟ ਸਰਕਾਰ ਨੂੰ ਉਲਟਾਉਣ 'ਤੇ ਉਤਾਰੂ ਹੈ ਤੇ ਉਸ ਨੇ ਉਸ 'ਤੇ ਕਈ ਪਾਬੰਦੀਆਂ ਲਾਈਆਂ ਹੋਈਆਂ ਹਨ। ਮਚਾਡੋ ਨੇ ਇਨ੍ਹਾਂ ਪਾਬੰਦੀਆਂ ਦੀ ਹਮਾਇਤ ਕੀਤੀ ਹੈ।

# ਕਿਸੇ ਨੂੰ ਵੀ ਸ਼ਾਂਤੀ ਭੰਗ ਕਰਨ ਦੀ ਆਗਿਆ ਨਹੀਂ ਦੇਵਾਂਗੇ : ਮਾਨ

**ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਭਾਰਤ ਦੇ ਚੀਫ ਜਸਟਿਸ 'ਤੇ ਜੁੱਤੀ ਸੁੱਟਣ ਦੀ ਕੋਸ਼ਿਸ਼ ਦੀ ਸਖ਼ਤ ਨਿੰਦਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਕਿਹਾ ਕਿ ਇਹ ਘਟੀਆ ਹਰਕਤ ਭਾਜਪਾ ਦੀ ਦਲਿਤ ਵਿਰੋਧੀ ਮਾਨਸਿਕਤਾ ਦਾ ਨਤੀਜਾ ਹੈ।

ਰਾਜ ਸਭਾ ਲਈ ਉਦਯੋਗਪਤੀ ਰਜਿੰਦਰ ਗੁਪਤਾ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਕਰਨ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਗਵਾਂ ਪਾਰਟੀ ਆਪਣੇ ਨਫਰਤ ਭਰੇ ਪ੍ਰਚਾਰ ਰਾਹੀਂ ਕਮਜ਼ੋਰ ਅਤੇ ਪਛੜੇ ਵਰਗਾਂ ਦੇ ਲੋਕਾਂ ਦੇ ਹਿੱਤਾਂ ਨੂੰ ਲਗਾਤਾਰ ਢਾਹ ਲਾਉਣ ਦੀ ਕੋਸ਼ਿਸ਼ ਕਰ ਰਹੀ ਹੈ।ਉਨ੍ਹਾ ਕਿਹਾ ਕਿ ਇਹ ਘਟਨਾ ਇਸ ਦਾ ਹੀ ਨਤੀਜਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਤਿਉਹਾਰਾਂ ਦੇ ਸੀਜ਼ਨ ਦੇ ਮੱਦੇਨਜ਼ਰ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਸਖ਼ਤ ਨਜ਼ਰ ਰੱਖ ਰਹੀ ਹੈ ਅਤੇ ਕਿਸੇ ਨੂੰ ਵੀ ਸੂਬੇ ਦੀ ਸ਼ਾਂਤੀ ਅਤੇ ਸਦਭਾਵਨਾ ਭੰਗ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।ਸਾਬਕਾ ਮੰਤਰੀ ਨਵਜੋਤ ਸਿੰਘ ਸਿੱਧੂ ਦੇ ਮੁੜ ਰਾਜਨੀਤੀ ਵਿੱਚ ਸਰਗਰਮ ਹੋਣ 'ਤੇ ਚੁਟਕੀ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੋਈ ਵੀ ਜਦੋਂ ਵੀ ਚਾਹੇ ਰਾਜਨੀਤੀ ਵਿੱਚ ਸ਼ਾਮਲ ਹੋਣ ਜਾਂ ਛੱਡਣ ਲਈ ਆਜ਼ਾਦ ਹੈ। ਉਨ੍ਹਾ ਕਿਹਾ ਕਿ ਇਹ ਖੁਸ਼ੀ ਦੀ ਗੱਲ ਹੈ ਕਿ ਸਿੱਧੂ ਨੇ ਆਪਣੇ ਹੋਰ ਰੁਝੇਵਿਆਂ ਤੋਂ ਲਾਂਭੇ ਹੋ ਕੇ ਇੱਕ ਵਾਰ ਫਿਰ ਪੰਜਾਬ ਨੂੰ ਯਾਦ ਕੀਤਾ ਹੈ। ਉਨ੍ਹਾ ਕਿਹਾ ਕਿ ਸਾਬਕਾ ਕ੍ਰਿਕਟਰ (ਨਵਜੋਤ ਸਿੱਧੂ) ਤੋਂ ਕੁਝ ਵੀ ਨਵੇਂ ਅਤੇ ਚੰਗੇ ਦੀ ਉਮੀਦ ਨਹੀਂ ਕੀਤੀ ਜਾ ਸਕਦੀ, ਕਿਉਂਕਿ ਉਨ੍ਹਾ ਆਪਣਾ ਪੁਰਾਣਾ ਏਜੰਡਾ ਦੁਹਰਾਉਣ ਤੋਂ ਇਲਾਵਾ ਹੋਰ ਕੁਝ ਨਹੀਂ ਕਰਨਾ। ਮਾਨ ਨੇ ਸਿੱਧੂ ਨੂੰ ਆਪਣਾ ਨਵਾਂ ਸਿਆਸੀ ਸਫ਼ਰ ਸ਼ੁਰੂ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ।ਉਹਨਾ ਕਿਹਾ ਕਿ ਪੰਜਾਬ ਸਰਕਾਰ ਨੇ ਹੜ੍ਹਾਂ ਕਾਰਨ ਹੋਏ ਭਾਰੀ ਨੁਕਸਾਨ ਬਾਰੇ ਆਪਣੀ ਰਿਪੋਰਟ ਪਹਿਲਾਂ ਹੀ ਕੇਂਦਰ ਸਰਕਾਰ ਨੂੰ ਸੌਂਪ ਦਿੱਤੀ ਹੈ। ਉਨ੍ਹਾ ਕਿਹਾ ਕਿ ਗੇਂਦ ਹੁਣ ਕੇਂਦਰ ਦੇ ਪਾਲੇ ਵਿੱਚ ਹੈ ਅਤੇ ਮੋਦੀ ਸਰਕਾਰ ਨੂੰ ਹੜ੍ਹਾਂ ਨਾਲ ਝੰਬੇ ਸੂਬੇ ਨੂੰ ਮੁੜ ਲੀਹ 'ਤੇ ਲਿਆਉਣ ਲਈ ਖੁੱਲ੍ਹੇ ਦਿਲ ਨਾਲ ਫੰਡ ਜਾਰੀ ਕਰਨੇ ਚਾਹੀਦੇ ਹਨ। ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਸੰਜੀਵ ਅਰੋੜਾ, ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਤੇ ਹੋਰ ਮੌਜੂਦ ਸਨ।

## ਰਜਿੰਦਰ ਗੁਪਤਾ ਵੱਲੋਂ ਨਾਮਜ਼ਦਗੀ ਪੱਤਰ ਦਾਖਲ



ਮੁੱਖ ਮੰਤਰੀ ਭਗਵੰਤ ਮਾਨ ਅਤੇ ਸੂਬਾ ਪ੍ਰਧਾਨ ਅਮਨ ਅਰੋੜਾ ਦੀ ਮੌਜੂਦਗੀ ਵਿੱਚ ਰਾਜ ਸਭਾ ਲਈ ਨਾਮਜ਼ਦਗੀ ਕਾਗਜ਼ ਦਾਖਲ ਕਰਦੇ ਹੋਏ ਰਜਿੰਦਰ ਗੁਪਤਾ

# ਸੂਬਾ ਕਾਰਜਕਾਰਨੀ ਦੀ ਮੀਟਿੰਗ 15 ਤੇ ਸੂਬਾ ਕੌਂਸਲ ਦੀ 16 ਨੂੰ



**ਜਲੰਧਰ** : ਸੀ ਪੀ ਆਈ ਪੰਜਾਬ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਕਿਹਾ ਕਿ ਸੂਬਾ ਸਕੱਤਰੇਤ ਦੀ ਮੀਟਿੰਗ ਵਿਚ ਸਰਬਸੰਮਤੀ ਨਾਲ ਪ੍ਰਵਾਨ ਕੀਤਾ ਗਿਆ ਕਿ ਸੂਬਾ ਪਾਰਟੀ ਦੀ ਕਾਨਫਰੰਸ ਬਿਨਾਂ ਕਿਸੇ ਦੇਰੀ ਦੇ ਕਰ ਲਈ ਜਾਵੇ। ਸੂਬਾ ਕਾਨਫਰੰਸ ਲਈ ਤਰੀਕਾਂ ਵੀ 29-30 ਨਵੰਬਰ ਤਜਵੀਜ਼ ਕੀਤੀਆਂ ਗਈਆਂ ਅਤੇ 15 ਨਵੰਬਰ ਤੱਕ ਬਰਾਂਚਾਂ, ਬਲਾਕਾਂ ਜਾਂ ਤਹਿਸੀਲਾਂ ਅਤੇ ਜ਼ਿਲ੍ਹਾ ਕਾਨਫਰੰਸਾਂ ਮੁਕੰਮਲ ਕਰਨ ਦੀ ਤਜਵੀਜ਼ ਹੈ। ਇਹ ਵੀ ਫੈਸਲਾ ਕੀਤਾ ਗਿਆ ਕਿ ਲੁਧਿਆਣਾ ਵਿਖੇ ਕਾਨਫਰੰਸ ਆਯੋਜਿਤ ਕਰਨ ਲਈ ਜ਼ਿਲ੍ਹਾ ਪਾਰਟੀ ਨੂੰ ਅਪੀਲ ਕੀਤੀ ਜਾਵੇ। ਕਾਨਫਰੰਸ ਦਾ ਅਧਾਰ ਪਾਰਟੀ ਕਾਂਗਰਸ ਦੀ ਤਰਜ਼ 'ਤੇ 2024 ਦੀ ਮੈਂਬਰਸ਼ਿਪ ਹੈ ਅਤੇ ਤਜਵੀਜ਼ ਅਨੁਸਾਰ ਹਰ 100 ਮੈਂਬਰਾਂ ਪਿੱਛੇ ਇਕ ਡੈਲੀਗੇਟ ਚੁਣਿਆ ਜਾਵੇਗਾ। ਇਹਨਾਂ ਸਾਰੀਆਂ ਤਜਵੀਜ਼ਾਂ ਨੂੰ ਮਨਜ਼ੂਰ ਕਰਵਾਉਣ ਲਈ ਚੰਡੀਗੜ੍ਹ ਪਾਰਟੀ ਦਫਤਰ ਵਿਖੇ 15-16 ਅਕਤੂਬਰ ਦਿਨ ਬੁੱਧਵਾਰ ਅਤੇ ਵੀਰਵਾਰ ਨੂੰ ਐਗਜ਼ੈਕਟਿਵ ਤੇ ਕੌਂਸਲ ਮੀਟਿੰਗ ਕੀਤੀ ਜਾ ਰਹੀ ਹੈ। ਐਗਜ਼ੈਕਟਿਵ ਮੀਟਿੰਗ 15 ਅਕਤੂਬਰ ਨੂੰ 12 ਵਜੇ ਅਤੇ 16 ਅਕਤੂਬਰ ਨੂੰ ਠੀਕ 11 ਵਜੇ ਸੂਬਾ ਕੌਂਸਲ ਮੀਟਿੰਗ ਸ਼ੁਰੂ ਕੀਤੀ ਜਾਵੇਗੀ। ਉਹਨਾ ਅਵਾਮੀ ਜਥੇਬੰਦੀਆਂ ਤੇ ਜ਼ਿਲ੍ਹਾ ਸਕੱਤਰਾਂ ਨੂੰ ਫੌਰਨ ਆਪਣੀਆਂ ਸੰਖੇਪ ਰਿਪੋਰਟਾਂ ਭੇਜਣ ਲਈ ਵੀ ਕਿਹਾ ਹੈ।

## ਭਿਅੰਕਰ ਹੜ੍ਹਾਂ ਲਈ ਕੇਂਦਰ ਜ਼ਿੰਮੇਵਾਰ : ਨੀਲ ਗਰਗ



**ਚੰਡੀਗੜ੍ਹ** : ਆਮ ਆਦਮੀ ਪਾਰਟੀ ਦੇ ਸੀਨੀਅਰ ਬੁਲਾਰੇ ਨੀਲ ਗਰਗ ਨੇ ਪੰਜਾਬ ਵਿੱਚ ਆਏ ਭਿਆਨਕ ਹੜ੍ਹਾਂ ਲਈ ਕੇਂਦਰ ਦੀ ਭਾਜਪਾ ਸਰਕਾਰ 'ਤੇ 'ਸਿਆਸੀ ਅਣਗਹਿਲੀ' ਦਾ ਦੋਸ਼ ਲਾਇਆ। ਨੀਲ ਗਰਗ ਨੇ ਕਿਹਾ ਕਿ ਪੰਜਾਬ ਵਿੱਚ ਹੋਏ ਹਜ਼ਾਰਾਂ ਕਰੋੜ ਰੁਪਏ ਦੇ ਨੁਕਸਾਨ ਵਾਲੀ ਤਬਾਹੀ ਦਾ ਸਭ ਤੋਂ ਵੱਡਾ ਕਾਰਨ ਕੇਂਦਰ ਸਰਕਾਰ ਵੱਲੋਂ ਭਾਖੜਾ ਡੈਮ ਅਤੇ ਰਣਜੀਤ ਸਾਗਰ ਡੈਮ ਦੀ 'ਡੀ-ਸਿਲਟਿੰਗ' (ਗਾਰ ਕੱਢਣ) ਦੀ ਮਨਜ਼ੂਰੀ ਨਾ ਦੇਣਾ ਹੈ। ਉਹਨਾ ਕਿਹਾ ਕਿ ਭਾਖੜਾ ਡੈਮ ਅ ਤੇ

• ਬਾਕੀ ਸਫਾ 2 'ਤੇ

## ਪੁਲਸ ਅਫਸਰ ਦੀ ਖੁਦਕੁਸ਼ੀ ਦੇ ਮਾਮਲੇ 'ਚ ਤੁਰੰਤ ਤੇ ਸਖ਼ਤ ਕਾਰਵਾਈ ਦੀ ਮੰਗ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਪੰਜਾਬ ਦੇ ਵਿੱਤ ਮੰਤਰੀ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਹਰਿਆਣਾ ਕੇਡਰ ਦੇ ਮਰਹੂਮ ਆਈ ਪੀ ਐੱਸ ਅਫ਼ਸਰ ਵਾਈ ਪੂਰਨ ਕੁਮਾਰ ਦੁਆਰਾ ਲਿਖੇ ਗਏ 'ਆਖਰੀ ਨੋਟ' ਵਿੱਚ ਕੀਤੇ ਗਏ ਭਿਆਨਕ ਖੁਲਾਸਿਆਂ ਵੱਲ ਇਸ਼ਾਰਾ ਕਰਦਿਆਂ, ਜਿਸ ਵਿੱਚ ਸਪੱਸ਼ਟ ਤੌਰ 'ਤੇ ਕਈ ਸਾਲਾਂ ਤੋਂ 'ਹਰਿਆਣਾ ਦੇ ਸੰਬੰਧਤ ਸੀਨੀਅਰ ਅਫ਼ਸਰਾਂ ਵੱਲੋਂ ਲਗਾਤਾਰ ਜਾਤੀ-ਆਧਾਰਿਤ ਵਿਤਕਰਾ, ਨਿਸ਼ਾਨਾ ਬਣਾ ਕੇ ਮਾਨਸਿਕ ਪ੍ਰੇਸ਼ਾਨੀ, ਜਨਤਕ ਅਪਮਾਨ ਅਤੇ ਅੱਤਿਆਚਾਰ' ਦਾ ਵਿਸਤ੍ਰਿਤ ਵੇਰਵਾ, ਭਾਰਤੀ ਜਨਤਾ ਪਾਰਟੀ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਭਾਜਪਾ ਸ਼ਾਸਿਤ ਸੂਬਿਆਂ ਵਿੱਚ ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਜਨਜਾਤੀਆਂ ਵਿਰੁੱਧ ਪ੍ਰਤੱਖ ਤੌਰ 'ਤੇ ਜਾਤੀ-ਆਧਾਰਤ ਵਿਤਕਰੇ ਅਤੇ ਅੱਤਿਆਚਾਰਾਂ ਦਾ ਮਾਹੌਲ ਬਣਾਇਆ ਜਾ ਰਿਹਾ ਹੈ। ਚੀਮਾ ਨੇ ਸਿੱਧੇ ਤੌਰ 'ਤੇ ਮਰਹੂਮ ਆਈ ਪੀ ਐੱਸ ਅਫ਼ਸਰ ਦੇ ਵਿਸਤ੍ਰਿਤ ਆਖਰੀ ਨੋਟ ਦਾ ਹਵਾਲਾ ਦਿੱਤਾ, ਜਿਸ ਵਿੱਚ ਕਈ ਸੀਨੀਅਰ ਆਈ ਪੀ ਐੱਸ ਅਤੇ ਆਈ ਏ

• ਬਾਕੀ ਸਫਾ 2 'ਤੇ

## ਯੂਨੀਫਾਈਡ ਸਿਟੀਜ਼ਨ ਪੋਰਟਲ ਸ਼ੁਰੂ ਹੋਵੇਗਾ



**ਚੰਡੀਗੜ੍ਹ** : ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤੇ ਤਕਨੀਕ ਮੰਤਰੀ ਅਮਨ ਅਰੋੜਾ ਨੇ ਸ਼ੁੱਕਰਵਾਰ ਦੱਸਿਆ ਕਿ ਪੰਜਾਬ ਨੂੰ ਡਿਜੀਟਲ ਤੌਰ 'ਤੇ ਸਮਰੱਥ ਬਣਾਉਣ ਅਤੇ ਲੋਕਾਂ ਨੂੰ ਪਾਰਦਰਸ਼ੀ ਤੇ ਭ੍ਰਿਸ਼ਟਾਚਾਰ-ਮੁਕਤ ਸੇਵਾਵਾਂ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਪੰਜਾਬ 'ਯੂਨੀਫਾਈਡ ਸਿਟੀਜ਼ਨ ਪੋਰਟਲ' ਨੂੰ ਸ਼ੁਰੂ ਕਰਨ ਵਾਲਾ ਮੋਹਰੀ ਸੂਬਾ ਬਣਨ ਜਾ ਰਿਹਾ ਹੈ। ਉਨ੍ਹਾ ਦੱਸਿਆ ਕਿ ਇਸ ਸਿੰਗਲ-ਵਿੰਡੋ

• ਬਾਕੀ ਸਫਾ 2 'ਤੇ




## ਸਰਕਾਰ ਅਵਾਰਾ ਪਸ਼ੂਆਂ ਦਾ ਕਰੇ ਠੋਸ ਪ੍ਰਬੰਧ : ਆਗੂ ਲੱਖੋਵਾਲ
### ਪੰਜਾਬੀ ਗਾਇਕ ਰਾਜਵੀਰ ਜਵੰਦਾ ਦੀ ਮੌਤ ਦਾ ਗਹਿਰਾ ਅਫਸੋਸ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਦਫਤਰ ਵਿਖੇ ਵਿਚਾਰ [illegible] ਦੌਰਾਨ ਜ਼ਿਲ੍ਹਾ ਪ੍ਰਧਾਨ ਭਪਿੰਦਰ ਸਿੰਘ ਦੌਲਤਪੁਰਾ, ਸੂਬਾ ਆਗੂ ਹਰਨੇਕ ਸਿੰਘ ਫਤਿਹਗੜ੍ਹ, ਬਲਾਕ ਪ੍ਰਧਾਨ ਗੁਰਮੇਲ ਸਿੰਘ ਡਰੋਲੀ ਭਾਈ, ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਜ਼ਿਲ੍ਹਾ ਆਗੂ ਬਲਕਰਨ ਸਿੰਘ ਢਿੱਲੋਂ, ਦਫਤਰ ਇੰਚਾਰਜ ਪ੍ਰਕਾਸ਼ ਸਿੰਘ, ਸੀਨੀਅਰ ਆਗੂ ਹਰਜੀਤ ਸਿੰਘ ਸੋਢੀ, ਜ਼ਿਲ੍ਹਾ ਮੀਤ ਪ੍ਰਧਾਨ ਲਖਬੀਰ ਸਿੰਘ ਸੰਧੂ ਨੇ ਸਾਂਝੇ ਤੌਰ 'ਤੇ ਪੰਜਾਬੀ ਗਾਇਕ ਰਾਜਵੀਰ ਜਵੰਦਾ ਦੀ ਬੇਵਕਤੀ ਮੌਤ 'ਤੇ ਗਹਿਰਾ ਦੁੱਖ ਪ੍ਰਗਟ ਕੀਤਾ।ਉਸ ਦੇ ਨਾਲ ਹੀ ਆਗੂਆਂ ਨੇ ਪੰਜਾਬ ਸਰਕਾਰ ਨੂੰ ਸਖ਼ਤ ਸ਼ਬਦਾਂ ਵਿੱਚ ਕਿਹਾ ਹੈ ਕਿ ਜਦੋਂ ਤੁਸੀਂ ਪੰਜਾਬ ਦੇ ਲੋਕਾਂ ਤੋਂ ਗਊਸੈੱਸ ਲੈ ਰਹੇ ਹੋ ਤਾਂ ਪੰਜਾਬ ਵਿੱਚ ਅਵਾਰਾ ਪਸ਼ੂਆਂ ਉੱਪਰ ਅਵਾਰਾ ਪਸ਼ੂਆਂ ਦੇ ਘੁੰਮਣ ਦਾ ਸਵਾਲ ਹੀ ਪੈਦਾ ਨਹੀਂ ਹੋਣਾ ਚਾਹੀਦਾ, ਕਿਉਂਕਿ ਪੰਜਾਬ ਦੇ ਲੋਕ ਅਰਬਾਂ ਖਰਬਾਂ ਟੈਕਸ ਦੇ ਰੂਪ ਵਿੱਚ ਗਊ ਸੈਂਸ ਦੇ ਰਹੇ ਹਨ, ਪਰ ਫੇਰ ਵੀ ਇਨ੍ਹਾਂ ਅਵਾਰਾ ਗਊਆਂ ਦੇ ਨਾਲ ਹੀ ਬਹੁ-ਗਿਣਤੀ ਕੀਮਤੀ ਜਾਨਾਂ ਜਾ ਰਹੀਆਂ ਹਨ, ਜਿਵੇਂ ਅੱਜ ਲੋਕ ਗਾਇਕ ਰਾਜਵੀਰ ਜਵੰਦਾ ਇਸ ਦੁਨੀਆ ਤੋਂ ਚਲਾ ਗਿਆ ਹੈ, ਇਸੇ ਤਰ੍ਹਾਂ ਹੀ ਪੰਜਾਬ ਅੰਦਰ ਹਰ ਰੋਜ਼ ਕਈ ਨੌਜਵਾਨਾਂ ਬਜ਼ੁਰਗਾਂ ਦੀਆਂ ਜਾਨਾਂ ਇਨ੍ਹਾਂ ਅਵਾਰਾ ਪਸ਼ੂਆਂ ਤੇ ਅਵਾਰਾ ਕੁੱਤਿਆਂ ਦੀ ਭੇਟ ਚੜ੍ਹ ਰਹੀਆਂ ਹਨ, ਕੀ ਇਸ ਦੀ ਭਰਪਾਈ ਹੁਣ ਸਰਕਾਰ ਕਰੇਗੀ ?

## ਪਬਲਿਕ ਕਾਲਜ 'ਚ ਵਿਸ਼ਵ ਮਾਨਸਿਕ ਸਿਹਤ ਦਿਵਸ ਮਨਾਇਆ



**ਸਮਾਣਾ (ਇਕਬਾਲ ਸਿੰਘ ਬੱਲ)**-ਪਬਲਿਕ ਕਾਲਜ ਸਮਾਣਾ ਦੇ ਮਨੋਵਿਗਿਆਨ ਵਿਭਾਗ ਵੱਲੋਂ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਦੀ ਅਗਵਾਈ ਹੇਠ ਕਾਲਜ ਵਿਖੇ ਵਿਸ਼ਵ ਮਾਨਸਿਕ ਸਿਹਤ ਦਿਵਸ ਮਨਾਇਆ ਗਿਆ।ਮਨੋਵਿਗਿਆਨ ਵਿਭਾਗ ਦੇ ਮੁਖੀ ਡਾ. ਸੁਮਨ ਰਾਹੀਂ ਵੱਲੋਂ ਆਯੋਜਿਤ ਇਸ ਪ੍ਰੋਗਰਾਮ ਵਿੱਚ ਗਿਆਰਵੀਂ ਤੋਂ ਲੈ ਕੇ ਬੀ. ਏ. ਭਾਗ ਤੀਜਾ ਕਲਾਸਾਂ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਪੂਰਵਕ ਭਾਗ ਲਿਆ।ਇਸ ਮੌਕੇ ਵਿਦਿਆਰਥੀਆਂ ਨੇ ਪੱਥਰਾਂ 'ਤੇ ਕਲਾਕਾਰੀ, ਪੋਸਟਰ ਮੇਕਿੰਗ ਤੇ ਭਾਸ਼ਣ ਦੁਆਰਾ ਮਾਨਸਿਕ ਸਿਹਤ ਬਾਰੇ ਪ੍ਰੇਰਨਾ ਦਿੱਤੀ।ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਨੇ ਇਸ ਮੌਕੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕੀਤੀ।ਇਸ ਪ੍ਰੋਗਰਾਮ ਦੌਰਾਨ ਡਾ. ਸ਼ਮਸ਼ੇਰ ਸਿੰਘ ਮੁਖੀ ਪੰਜਾਬੀ ਵਿਭਾਗ, ਪ੍ਰੋ. ਹਰਪ੍ਰੀਤ ਕੌਰ ਮੁਖੀ ਪੋਲੀਟੀਕਲ ਸਾਇੰਸ ਵਿਭਾਗ, ਡਾ. ਅਰਵਿੰਦਰ ਕੌਰ ਕਾਕੜਾ, ਪ੍ਰੋ. ਨਛੱਤਰ ਸਿੰਘ, ਡਾ. ਰੁਪਿੰਦਰ ਕੌਰ, ਪ੍ਰੋ. ਸ਼ੰਟੀ ਕੁਮਾਰ, ਪ੍ਰੋ. ਮਨਿੰਦਰ ਕੌਰ, ਡਾ. ਹਰਮੀਨ, ਪ੍ਰੋ. ਸੋਹਣ ਕੁਮਾਰ ਤੇ ਪ੍ਰੋ. ਅਸ਼ਵਨੀ ਕੁਮਾਰ ਮੌਜੂਦ ਰਹੇ।

## ਕੋਆਪ੍ਰੇਟਿਵ ਸੁਸਾਇਟੀ ਛਾਜਲੀ ਨੇ ਦੋ ਸੁਪਰ-ਸੀਡਰ ਖਰੀਦੇ




**ਦਿੜ੍ਹਬਾ (ਜਸਵੀਰ ਲਾਡੀ)**-ਇੱਥੋਂ ਨਾਲ ਦੇ ਪਿੰਡ ਛਾਜਲੀ ਦੀ ਕੋਆਪ੍ਰੇਟਿਵ ਸੁਸਾਇਟੀ ਨੇ ਦੋ ਸੁਪਰ-ਸੀਡਰ ਖਰੀਦੇ।ਸੁਸਾਇਟੀ ਦੇ ਪ੍ਰਧਾਨ ਮੁਖਤਿਆਰ ਸਿੰਘ ਸਿੱਧੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਕਿਸਾਨਾਂ ਦੀ ਪਿਛਲੇ ਸਮੇਂ ਤੋਂ ਮੰਗ ਸੀ ਕਿ ਕੋਆਪ੍ਰੇਟਿਵ ਸੁਸਾਇਟੀ ਕੋਲ ਆਪਣਾ ਸੁਪਰ ਸੀਡਰ ਹੋਣਾ ਚਾਹੀਦਾ ਹੈ।ਕਿਸਾਨਾਂ ਦੀ ਸਹੂਲਤ ਲਈ ਇਹ ਦੋ ਸੁਪਰ ਸੀਡਰ ਖਰੀਦੇ ਹਨ, ਜਿਸ ਨਾਲ ਕਿਸਾਨ ਆਪਣੀ ਕਣਕ ਦੀ ਬਿਜਾਈ ਕਰ ਸਕਣਗੇ।ਇਸ ਦਾ ਵੱਡਾ ਫ਼ਾਇਦਾ ਇਹ ਹੈ ਕਿ ਇਸ ਨਾਲ ਝੋਨੇ ਦੇ ਕਰਚੇ ਸਮੇਤ ਕਣਕ ਦੀ ਬਿਜਾਈ ਕੀਤੀ ਜਾਂਦੀ ਹੈ, ਜਿਸ ਨਾਲ ਪਰਾਲੀ ਨੂੰ ਅੱਗ ਲਾਉਣ ਤੋਂ ਬਚਾਅ ਹੋ ਜਾਂਦਾ ਹੈ ਅਤੇ ਵਾਤਾਵਰਣ ਸਾਫ ਰਹਿੰਦਾ ਹੈ ਤੇ ਸਾਡੇ ਮਿੱਤਰ ਕੀੜੇ ਵੀ ਬੱਚ ਜਾਂਦੇ ਹਨ।ਇਸ ਨਾਲ ਕਈ ਬਿਮਾਰੀਆਂ ਅਤੇ ਭਿਆਨਕ ਹਾਦਸਿਆਂ ਤੋਂ ਵੀ ਬਚਾਅ ਹੋ ਜਾਂਦਾ ਹੈ।ਇਸ ਸੁਪਰ ਸੀਡਰ ਦਾ ਖ਼ਾਸ ਕਰਕੇ ਛੋਟੀ ਕਿਸਾਨੀ ਨੂੰ ਵੱਡਾ ਫ਼ਾਇਦਾ ਹੋਵੇਗਾ।ਸ੍ਰ. ਸਿੱਧੂ ਨੇ ਕਿਹਾ ਕਿ ਕਮੇਟੀ ਕਿਸਾਨਾਂ ਨੂੰ ਰੇਹ ਆਦਿ ਸਮੱਸਿਆਵਾਂ ਦਾ ਹੱਲ ਕਰਨ ਲਈ ਵਚਨਬੱਧ ਹੈ।ਇਸ ਮੌਕੇ ਕਮੇਟੀ ਮੈਂਬਰ ਬਲਜਿੰਦਰ ਸਿੰਘ ਮੀਤ ਪ੍ਰਧਾਨ, ਨਿਰਮਲ ਸਿੰਘ, ਨੈਬ ਸਿੰਘ, ਪ੍ਰਗਟ ਸਿੰਘ, ਪ੍ਰਿਤਪਾਲ ਸਿੰਘ, ਹਰਜਿੰਦਰ ਸਿੰਘ, ਗਗਨਦੀਪ ਸਿੰਘ ਸੈਕਟਰੀ, ਅਮਨਦੀਪ ਸਿੰਘ ਸੇਲਜ਼ਮੈਨ ਤੇ ਗੁਰਮੀਤ ਸਿੰਘ ਸੇਵਾਦਾਰ ਹਾਜ਼ਰ ਸਨ।

## ਕਰਵਾ ਚੌਥ ਮੌਕੇ ਸਕੂਲ 'ਚ ਵਿਦਿਆਰਥੀਆਂ ਨੇ ਅਧਿਆਪਕਾਂ ਦੀ ਨਿਭਾਈ ਭੂਮਿਕਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ 'ਚ ਕਰਵਾ ਚੌਥ ਦੇ ਸ਼ੁਭ ਮੌਕੇ 'ਤੇ ਇੱਕ ਵਿਲੱਖਣ ਪਹੁਲ ਤੇ ਪ੍ਰੰਪਰਾ ਦੇਖਣ ਨੂੰ ਮਿਲੀ।ਇਸ ਦਿਨ ਅਧਿਆਪਿਕਾਵਾਂ ਵਰਤ ਰੱਖ ਰਹੀਆਂ ਸਨ, ਇਸ ਲਈ 11ਵੀਂ ਤੇ 12ਵੀਂ ਕਲਾਸ ਦੇ ਵਿਦਿਆਰਥੀਆਂ ਨੇ ਅਧਿਆਪਕਾਂ ਦੀ ਮਦਦ ਕਰਦਿਆਂ ਕਲਾਸਾਂ ਵਿੱਚ ਪੜ੍ਹਾਉਣ ਦੀ ਜ਼ਿੰਮੇਵਾਰੀ ਸੰਭਾਲੀ।ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਤੇ ਜ਼ਿੰਮੇਵਾਰੀ ਨਾਲ ਵੱਖ-ਵੱਖ ਵਿਸ਼ਿਆਂ ਦੀਆਂ ਕਲਾਸਾਂ ਲਈਆਂ।ਉਨ੍ਹਾਂ ਨੇ ਛੋਟੇ ਬੱਚਿਆਂ ਨੂੰ ਕਵਿਤਾਵਾਂ ਸੁਣਾਈਆਂ, ਗਣਿਤ ਦੇ ਸਵਾਲ ਸਮਝਾਏ ਤੇ ਵਾਤਾਵਰਣ ਨਾਲ ਜੁੜੀਆਂ ਗੱਲਾਂ ਦੱਸੀਆਂ।ਇਸ ਪਹੁਲ ਦਾ ਮਕਸਦ ਵਿਦਿਆਰਥੀਆਂ ਵਿੱਚ ਨੇਤ੍ਰਤਵ, ਸਹਿਯੋਗ ਤੇ ਸਮਵੇਦਨਾ ਦੀ ਭਾਵਨਾ ਪੈਦਾ ਕਰਨੀ ਸੀ।ਸ਼੍ਰੀ ਮਨੋਜ ਕੁਮਾਰ ਨੇ ਕਿਹਾ ਕਿ ਕਰਵਾ ਚੌਥ ਸਿਰਫ਼ ਵਰਤ ਦਾ ਤਿਉਹਾਰ ਨਹੀਂ, ਬਲਕਿ ਸਮਰਪਣ ਤੇ ਪਿਆਰ ਦਾ ਪ੍ਰਤੀਕ ਹੈ।ਅੱਜ ਵਿਦਿਆਰਥੀਆਂ ਨੇ ਆਪਣੇ ਅਧਿਆਪਕਾਂ ਪ੍ਰਤੀ ਆਦਰ ਤੇ ਸਹਿਯੋਗ ਦਾ ਸੁੰਦਰ ਉਦਾਹਰਨ ਪੇਸ਼ ਕੀਤਾ ਹੈ।ਪ੍ਰਿੰਸੀਪਲ ਨੇ ਵੀ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੇ ਕਾਰਜਕਰਮਾਂ ਨਾਲ ਬੱਚਿਆਂ ਵਿੱਚ ਆਤਮ-ਵਿਸ਼ਵਾਸ ਵਧਦਾ ਹੈ ਤੇ ਅਧਿਆਪਕਾਂ ਪ੍ਰਤੀ ਆਦਰ ਦੀ ਭਾਵਨਾ ਮਜ਼ਬੂਤ ਹੁੰਦੀ ਹੈ।ਦਿਨ ਦਾ ਸਮਾਪਨ ਕਰਵਾ ਚੌਥ ਦੇ ਮਹੱਤਵ 'ਤੇ ਵਿਸ਼ੇਸ਼ ਭਾਸ਼ਣ ਤੇ ਸਮੂਹ ਗੀਤ ਨਾਲ ਕੀਤਾ ਗਿਆ।ਇਸ ਤਰ੍ਹਾਂ ਕਰਵਾ ਚੌਥ ਦਾ ਤਿਉਹਾਰ ਸਕੂਲ ਵਿੱਚ ਸਿੱਖਿਆ ਤੇ ਸੰਸਕਾਰਾਂ ਦਾ ਸੁੰਦਰ ਮਿਲਾਪ ਬਣ ਗਿਆ।

## ਡਾ. ਨੀਤਿਕਾ ਬਾਂਸਲ ਨੇ ਕਾਲਜ ਆਫ ਇੰਜੀਨੀਅਰਿੰਗ ਐਂਡ ਮੈਨੇਜਮੈਂਟ ਦੇ ਨਵੇਂ ਮੁਖੀ ਵਜੋਂ ਅਹੁਦਾ ਸੰਭਾਲਿਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਸੰਬੰਧਤ ਕਾਲਜ ਆਫ ਇੰਜੀਨੀਅਰਿੰਗ ਐਂਡ ਮੈਨੇਜਮੈਂਟ ਰਾਮਪੁਰਾ ਫੂਲ ਦੇ ਨਵੇਂ ਮੁਖੀ ਵਜੋਂ ਡਾ. ਨੀਤਿਕਾ ਬਾਂਸਲ ਨੇ ਅਹੁਦਾ ਸੰਭਾਲ ਲਿਆ ਹੈ।ਉਨ੍ਹਾਂ ਦੇ ਪਿਤਾ ਸ੍ਰੀ ਜਗਦੀਸ਼ ਰਾਏ ਗੋਇਲ ਤੇ ਮਾਤਾ ਸ੍ਰੀਮਤੀ ਸਰੋਜ ਦੇਵੀ ਨੇ ਧੀ ਦੀ ਇਸ ਪ੍ਰਾਪਤੀ 'ਤੇ ਮਾਣ ਮਹਿਸੂਸ ਕੀਤਾ।ਅਹੁਦਾ ਸੰਭਾਲਣ ਸਮੇਂ ਉਨ੍ਹਾਂ ਨਾਲ ਉਨ੍ਹਾਂ ਦੇ ਪਤੀ ਸ੍ਰੀ ਰਾਜੇਸ਼ ਬਾਂਸਲ, ਪੁੱਤਰ ਵਿਲੋਹਿਤ ਤੇ ਤਵਿਸ਼, ਕਾਲਜ ਦੇ ਪ੍ਰੋਫੈਸਰ ਸੰਦੀਪ ਗੁਪਤਾ, ਨਵਜੋਤ ਕੌਰ, ਪ੍ਰਦੀਪ ਸਿੰਘ, ਸੁਮਨ, ਡਾ. ਲਖਵਿੰਦਰ ਸਿੰਘ, ਡਾ. ਬਲਜਿੰਦਰ ਸਿੰਘ, ਡਾ. ਨਵਦੀਪ ਕੌਰ (ਰੀਜਨਲ ਸੈਂਟਰ), ਪ੍ਰੋ. ਕਮਲਜੀਤ ਕੌਰ, ਮਗਨਪ੍ਰੀਤ ਕੌਰ, ਅਮਨ ਸ਼ਰਮਾ, ਬਲਵਿੰਦਰ ਕੌਰ, ਪਰਮਜੀਤ ਸਿੰਘ ਰੋਮਾਣਾ, ਕੰਵਰਜੀਤ ਸਿੰਘ, ਕੁਲਵੀਰ ਸਿੰਘ ਸਮੇਤ ਸਮੂਹ ਸਟਾਫ ਮੈਂਬਰ ਮੌਜੂਦ ਸਨ।ਅਹੁਦਾ ਸੰਭਾਲਣ ਉਪਰੰਤ ਡਾ. ਨੀਤਿਕਾ ਬਾਂਸਲ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਨਵੀਨਤਮ ਤਕਨਾਲੋਜੀ ਨਾਲ ਜੋੜਨਾ, ਗੁਣਵੱਤਾਪੂਰਣ ਸਿੱਖਿਆ ਪ੍ਰਦਾਨ ਕਰਨਾ ਤੇ ਕਾਲਜ ਨੂੰ ਪ੍ਰਗਤੀ ਦੇ ਰਸਤੇ 'ਤੇ ਅੱਗੇ ਲੈ ਜਾਣਾ ਹੈ।ਇਸ ਮੌਕੇ ਪੰਜਾਬ ਅਣਏਡਿਡ ਡਿਗਰੀ ਕਾਲਜ ਐਸੋਸੀਏਸ਼ਨ ਦੇ ਪ੍ਰਧਾਨ ਐੱਸ. ਐੱਸ. ਚੱਠਾ, ਸੁਰਜੀਤ ਸਿੰਘ ਫੂਲ (ਚੇਅਰਮੈਨ, ਬੀ.ਕੇ.ਯੂ. ਕ੍ਰਾਂਤੀਕਾਰੀ), ਪ੍ਰਸ਼ੋਤਮ ਸਿੰਘ ਮਹਿਰਾਜ (ਜ਼ਿਲ੍ਹਾ ਪ੍ਰਧਾਨ, ਬੀ.ਕੇ.ਯੂ. ਕ੍ਰਾਂਤੀਕਾਰੀ), ਪ੍ਰੋਫੈਸਰ ਤੇ ਸੀਨੀਅਰ ਪੱਤਰਕਾਰ ਹਰਪ੍ਰੀਤ ਹੈਪੀ, ਰਾਜਾ ਸਿੰਘ ਭਾਈਰੂਪਾ, ਬਲਵਿੰਦਰ ਸਿੰਘ ਧੌਲਾ ਤੇ ਪੇਂਡੂ ਮਜ਼ਦੂਰ ਯੂਨੀਅਨ ਕ੍ਰਾਂਤੀਕਾਰੀ ਦੇ ਮੈਂਬਰਾਂ, ਸਮਾਜਸੇਵੀ ਮਨਬੀਰ ਮੰਨਾ ਨੇ ਡਾ. ਬਾਂਸਲ ਨੂੰ ਮੁਖੀ ਨਿਯੁਕਤ ਹੋਣ 'ਤੇ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਵਿਸ਼ਵਾਸ ਜਤਾਇਆ ਕਿ ਉਨ੍ਹਾਂ ਦੀ ਅਗਵਾਈ ਹੇਠ ਕਾਲਜ ਵਿੱਦਿਅਕ ਤੇ ਤਕਨੀਕੀ ਖੇਤਰ ਵਿੱਚ ਨਵੀਆਂ ਉਚਾਈਆਂ ਛੂਹੇਗਾ।

## ਬਾਲਮੀਕ ਯਾਦਗਾਰੀ ਕਮੇਟੀ ਵੱਲੋਂ ਰਮਾਇਣ ਕਥਾ ਸਮਾਗਮ



**ਦਿੜ੍ਹਬਾ (ਜਸਵੀਰ ਲਾਡੀ)**-ਇੱਥੋਂ ਥੋੜ੍ਹੀ ਦੂਰ ਪਿੰਡ ਲਾਡਬੰਜਰਾ ਕਲਾਂ ਵਿਖੇ ਰਿਸ਼ੀ ਬਾਲਮੀਕ ਯਾਦਗਾਰੀ ਕਮੇਟੀ ਵੱਲੋਂ ਰਿਸ਼ੀ ਵਾਲਮੀਕ ਮੰਦਰ ਵਿੱਚ ਲਗਾਤਾਰ ਦੋ ਦਿਨ ਪੰਡਤ ਦਲਬੀਰ ਜਨਾਲ ਨੇ ਰਮਾਇਣ ਕਥਾ ਸੁਣਾਈ।ਕਮੇਟੀ ਦੇ ਪ੍ਰਧਾਨ ਬਿੰਦਾ ਸਿੰਘ ਨੇ ਕਿਹਾ ਕਿ ਸਾਨੂੰ ਰਿਸ਼ੀ ਵਾਲਮੀਕ ਦੀ ਸਿੱਖਿਆ 'ਤੇ ਚੱਲਣਾ ਚਾਹੀਦਾ ਹੈ।ਵਾਲਮੀਕ ਜੀ ਦਾ ਭਾਰਤੀ ਸਮਾਜ ਤੇ ਇਤਿਹਾਸ ਵਿੱਚ ਵੱਡਾ ਸਥਾਨ ਹੈ ਤੇ ਉਨ੍ਹਾਂ ਵੱਲੋਂ ਦਿੱਤੀਆਂ ਸਿੱਖਿਆਵਾਂ ਅੱਜ ਵੀ ਪ੍ਰਸੰਗਿਕ ਹਨ।ਉਨ੍ਹਾਂ ਕਿਹਾ ਕਿ ਸ਼੍ਰੀ ਵਾਲਮੀਕ ਜੀ ਰਮਾਇਣ ਵਰਗੇ ਇਤਿਹਾਸ ਗ੍ਰੰਥ ਦੇ ਰਚੇਤਾ ਹਨ।ਉਹ ਸਿਰਫ ਗਿਆਨੀ ਹੀ ਨਹੀਂ ਸਨ, ਸਗੋਂ ਯੋਧੇ ਵੀ ਸਨ, ਜਿਨ੍ਹਾਂ ਨੇ ਲਵ-ਕੁਸ਼ ਨੂੰ ਤੀਰ-ਅੰਦਾਜ਼ੀ ਸਿਖਾਈ।ਇਸ ਕਰਕੇ ਉਨ੍ਹਾਂ ਦੀਆਂ ਸਿੱਖਿਆਵਾਂ ਦਾ ਕੋਈ ਬਦਲ ਨਹੀਂ ਹੈ।ਇਸ ਮੌਕੇ ਹਾਕਮ ਸਿੰਘ, ਕ੍ਰਿਪਾਲ ਸਿੰਘ, ਬਿੱਟੂ ਸਿੰਘ, ਸੁਰੇਸ਼ ਕੁਮਾਰ, ਸੱਤਾ ਸਿੰਘ, ਪਰਸਾ ਸਿੰਘ ਤੇ ਕਰਮਜੀਤ ਸਿੰਘ ਆਦਿ ਹਾਜ਼ਰ ਸਨ।

# ਹਲਕੇ ਦੀ ਕੋਈ ਸੜਕ ਵੀ ਟੁੱਟੀ ਨਹੀਂ ਰਹੇਗੀ : ਵਿਧਾਇਕ ਰਾਏ
### ਬਲਾਕ ਸਰਹਿੰਦ ਤੇ ਖੇੜਾ ਵਿਖੇ ਸੜਕਾਂ ਦੇ ਨਿਰਮਾਣ ਕੰਮ ਸ਼ੁਰੂ ਕਰਵਾਏ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਹਲਕਾ ਫਤਿਹਗੜ੍ਹ ਸਾਹਿਬ ਅਧੀਨ ਆਉਂਦੇ ਬਲਾਕ ਸਰਹਿੰਦ ਤੇ ਬਲਾਕ ਖੇੜਾ ਦੇ ਵਿੱਚ ਸੜਕਾਂ ਦੇ ਨਿਰਮਾਣ ਦਾ ਕੰਮ ਸ਼ੁਰੂ ਕਰਵਾ ਦਿੱਤਾ ਗਿਆ।ਪਿੰਡ ਚਨਾਰਥਲ ਕਲਾਂ ਵਿਖੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਸੜਕ ਦਾ ਕੰਮ ਸ਼ੁਰੂ ਕਰਾਉਣ ਉਪਰੰਤ ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਸੜਕਾਂ ਦੇ ਨਵੀਨੀਕਰਨ ਦਾ ਕੰਮ ਜੰਗੀ ਪੱਧਰ 'ਤੇ ਸ਼ੁਰੂ ਕਰ ਦਿੱਤਾ ਗਿਆ ਹੈ।ਇਸੇ ਕੜੀ ਤਹਿਤ ਹਲਕੇ ਦੀ ਕੋਈ ਸੜਕ ਵੀ ਟੁੱਟੀ ਨਹੀਂ ਰਹਿਣ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਸਭ ਨੂੰ ਭਲੀ-ਭਾਂਤ ਪਤਾ ਹੈ ਕਿ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਵੱਲੋਂ ਪੰਜਾਬ ਦੀਆਂ ਸੜਕਾਂ ਦਾ 8850 ਕਰੋੜ ਰੁਪਿਆ ਰੋਕ ਰੱਖਿਆ ਹੈ, ਜਿਸ ਕਾਰਨ ਸੂਬੇ ਦੀਆਂ ਸੜਕਾਂ ਦੀ ਹਾਲਤ ਖਸਤਾ ਹੋ ਗਈ।ਉਨ੍ਹਾਂ ਕਿਹਾ ਕਿ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਪੰਜਾਬ ਦੇ ਨਾਲ ਵਿਤਕਰਾ ਕਰਦੀ ਹੈ, ਜਿਸ ਕਾਰਨ ਪੰਜਾਬ ਦੇ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਜਾਂਦਾ।ਪੰਜਾਬ ਦੇ ਲੋਕਾਂ ਨੂੰ ਇਹ ਸਮਝ ਲੈਣਾ ਚਾਹੀਦਾ ਹੈ ਕਿ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਪੰਜਾਬ ਹਤਾਇਸ਼ੀ ਨਹੀਂ ਹੋ ਸਕਦੀ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਉਪਰਾਲਾ ਕੀਤਾ ਗਿਆ ਹੈ ਕਿ ਜਿਹੜੀਆਂ ਸੜਕਾਂ ਨਵੀਆਂ ਬਣਨਗੀਆਂ ਇਨ੍ਹਾਂ ਨੂੰ ਪੰਜ ਸਾਲ ਸੰਭਾਲ ਦੀ ਜ਼ਿੰਮੇਵਾਰੀ ਠੇਕੇਦਾਰ ਦੀ ਹੋਵੇਗੀ।ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਪਿੰਡ ਵਾਸੀ ਖੁਦ ਕੰਮ ਵੱਲ ਧਿਆਨ ਦੇਣ, ਜੇਕਰ ਕਿਸੇ ਜਗ੍ਹਾ 'ਤੇ ਮਾੜਾ ਮਟੀਰੀਅਲ ਵਰਤਿਆ ਜਾਵੇਗਾ ਤਾਂ ਉਸ ਦੀ ਤੁਰੰਤ ਸੂਚਨਾ ਦਿੱਤੀ ਜਾਵੇ।ਤੁਰੰਤ ਐਕਸ਼ਨ ਲਿਆ ਜਾਵੇਗਾ।ਇਸ ਮੌਕੇ ਪਿੰਡ ਵਾਸੀਆਂ ਵੱਲੋਂ ਖੁਸ਼ੀ ਵਿੱਚ ਵਿਧਾਇਕ ਲਖਵੀਰ ਸਿੰਘ ਜ਼ਿੰਦਾਬਾਦ ਦੇ ਨਾਅਰੇ ਲਗਾਏ ਗਏ ਤੇ ਲੱਡੂ ਵੰਡੇ ਗਏ।ਇਸ ਮੌਕੇ ਸਰਪੰਚ ਰਾਜਦੀਪ ਸਿੰਘ ਰਾਜੂ, ਰਮੇਸ਼ ਕੁਮਾਰ ਸੋਨੂ ਗੁਰਮੇਲ ਸਿੰਘ ਪੰਡਰਾਲੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਪ ਵਲੰਟੀਅਰ ਹਾਜ਼ਰ ਸਨ।

## ਚੋਣ ਕਮਿਸ਼ਨ ਵੱਲੋਂ 'ਬੁੱਕ ਏ ਕਾਲ ਵਿਦ ਬੀ ਐੱਲ ਓ' ਦੀ ਸ਼ੁਰੂਆਤ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਭਾਰਤ ਦੇ ਚੋਣ ਕਮਿਸ਼ਨ ਵੱਲੋਂ ਆਮ ਲੋਕਾਂ ਤੇ ਵੋਟਰਾਂ ਦੀ ਸਹੂਲਤ ਲਈ ਵੋਟਰ ਸਰਵਿਸ ਪੋਰਟਲ 'ਤੇ ਨਵੇਂ ਮਡਿਊਲ 'ਬੁੱਕ ਏ ਕਾਲ ਵਿਦ ਬੀ.ਐੱਲ.ਓ.' ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਰਾਹੀਂ ਆਮ ਨਾਗਰਿਕਾਂ/ਵੋਟਰਾਂ ਨੂੰ ਵੋਟਰ ਸੂਚੀਆਂ ਸਬੰਧੀ ਫਾਰਮਾਂ ਦੀ ਜਾਣਕਾਰੀ, ਵੋਟਰ ਸ਼ਨਾਖਤੀ ਕਾਰਡ, ਵੋਟਰ ਸਲਿੱਪਾਂ, ਚੋਣਾਂ ਆਦਿ ਲਈ ਆਪਣੇ ਮਸਲਿਆਂ ਦਾ ਹੱਲ ਬੂਥ ਲੈਵਲ ਅਫਸਰ ਪਾਸੋਂ ਪ੍ਰਾਪਤ ਕਰ ਸਕਦੇ ਹਨ।ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਡਾ: ਸੋਨਾ ਥਿੰਦ ਨੇ ਦੱਸਿਆ ਕਿ ਜਦੋਂ ਵੀ ਕੋਈ ਨਾਗਰਿਕ ਵੋਟਰ ਸਰਵਿਸ ਪੋਰਟਲ 'ਤੇ 'ਬੁੱਕ ਏ ਕਾਲ ਵਿਦ ਬੀ.ਐੱਲ.ਓ.' ਦੀ ਆਪਸ਼ਨ ਰਾਹੀਂ ਕਾਲ ਬੁੱਕ ਕਰੇਗਾ ਤਾਂ ਬੀ.ਐੱਲ.ਓ. ਤੇ ਪ੍ਰਾਰਥੀ ਦੋਵਾਂ ਨੂੰ ਕਾਲ ਬੁੱਕ ਕਰਨ ਲਈ ਇੱਕ ਟੈਕਸਟ ਮੈਸੇਜ ਪ੍ਰਾਪਤ ਹੋਵੇਗਾ।ਬੂਥ ਲੈਵਲ ਅਫਸਰ ਪ੍ਰਾਰਥੀ ਨੂੰ ਫੋਨ ਕਰਕੇ ਉਸ ਦੀ ਸਮੱਸਿਆ ਦਾ ਹੱਲ ਕਰੇਗਾ।ਉਨ੍ਹਾਂ ਦੱਸਿਆ ਕਿ ਇਸ ਉਪਰੰਤ ਬੂਥ ਲੈਵਲ ਅਫਸਰ ਐਪ 'ਤੇ ਕਾਲ ਰਿਕੁਐਸਟ ਆਪਸ਼ਨ ਵਿੱਚ ਜਾ ਕੇ ਕਨਟੈਕਟਿਡ ਬਟਨ 'ਤੇ ਕਲਿੱਕ ਕਰਕੇ ਸਟੇਟਸ ਅਪਡੇਟ ਕਰੇਗਾ।ਜੇਕਰ ਪ੍ਰਾਰਥੀ ਨੂੰ ਕਾਲ ਰਸੀਵ ਨਹੀਂ ਹੁੰਦੀ ਤਾਂ ਉਹ ਅਨਅਵੇਲੇਬਲ ਬਟਨ 'ਤੇ ਕਲਿੱਕ ਕਰੇਗਾ ਤੇ ਬੀ.ਐੱਲ.ਓ. ਵੱਲੋਂ ਆਪਣੀ ਐਪ ਵਿੱਚ ਚੈੱਕ ਕਰਨ 'ਤੇ ਕਾਲ ਦੀ ਸਮੀਖਿਆ ਕਰੇਗਾ।

## ਅੱਜ-ਨਾਮਾ

ਚੋਣ ਕਮਿਸ਼ਨ ਤਾਂ ਦੇਸ਼ ਦਾ ਫੇਰ ਫਸਿਆ,
ਚਰਚਾ ਬਿਹਾਰ ਦੀ ਅੱਗੇ ਆ ਖੜੀ ਬੇਲੀ।
ਜਿਹੜੀ ਆਗੂਆਂ ਆਖੀ ਹੋਈ ਖੇਡ ਖੇਡੀ,
ਮੁਸ਼ਕਲ ਓਸੇ ਬਣਾਈ ਅੱਜ ਬੜੀ ਬੇਲੀ।
ਵੋਟਰ ਬਣੇਗਾ ਕੋਈ ਘੁਸਪੈਠੀਆ ਨਹੀਂ,
ਮਾਰੀ ਬੜ੍ਹਕ ਦੇ ਨਾਲ ਉਸ ਤੜ੍ਹੀ ਬੇਲੀ।
ਜਾਲ ਸੁੱਟਿਆ, ਤਾਣ ਹੈ ਬੜਾ ਲਾਇਆ,
ਵੋਟ ਤਾਂ ਇੱਕ ਨਾ ਏਦਾਂ ਦੀ ਫੜੀ ਬੇਲੀ।
ਸਿਆਸੀ ਆਗੂਆਂ ਦੀ ਆਖੀ ਚਾਲ ਚੱਲੀ,
ਅਦਾਲਤ ਮੂਹਰੇ ਨਾ ਸੁੱਝਦੀ ਗੱਲ ਬੇਲੀ।
ਅੱਗੇ ਵਧਣ ਨਾ ਪਿੱਛੇ ਅੱਜ ਮੁੜਨ ਸੌਖਾ,
ਭਾਲਣ ਚੱਲਿਆ ਜਿਹੜਾ ਸੀ ਭੱਲ ਬੇਲੀ।

-ਤੀਸ ਮਾਰ ਖਾਂ

## ਦਫਤਰੀ ਕਾਮਿਆਂ ਨੇ ਵਜਾਇਆ ਸੰਘਰਸ਼ ਦਾ ਬਿਗਲ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੂਬਾ ਸਰਕਾਰ ਵੱਲੋਂ ਅਪਣਾਏ ਗਏ ਮੁਲਾਜ਼ਮ ਵਿਰੋਧੀ ਤੇ ਅੜੀਅਲ ਵਤੀਰੇ ਖਿਲਾਫ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਵੱਲੋਂ ਦੇ ਦਿੱਤੇ ਸੱਦੇ 'ਤੇ ਮੁੜ ਸੰਘਰਸ਼ ਦਾ ਬਿਘਲ ਵਜਾਉਂਦੇ ਹੋਏ ਪੰਜਾਬ ਸਰਕਾਰ ਖਿਲਾਫ ਸੰਘਰਸ਼ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਸੰਘਰਸ਼ ਨੂੰ ਸ਼ੁਰੂ ਕਰਦਿਆਂ ਜ਼ਿਲ੍ਹਾ ਪੱਧਰ 'ਤੇ ਸੂਬੇ ਭਰ ਵਿੱਚ ਡਿਪਟੀ ਕਮਿਸ਼ਨਰਾਂ ਰਾਹੀਂ ਮਨਿਸਟੀਰੀਅਲ ਸਟਾਫ ਨਾਲ ਸਬੰਧਤ ਮੰਗਾਂ ਸਬੰਧੀ ਮੰਗ ਦਿੱਤੇ ਗਏ। ਇਸੇ ਕੜੀ ਤਹਿਤ ਅੱਜ ਜ਼ਿਲ੍ਹਾ ਫਿਰੋਜ਼ਪੁਰ ਵਿਖੇ ਪੀਐੱਸਐੱਮਐੱਸਯੂ ਦੀ ਜ਼ਿਲ੍ਹਾ ਇਕਾਈ ਵੱਲੋਂ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਮਨੋਹਰ ਲਾਲ ਤੇ ਪਿੱਪਲ ਸਿੰਘ ਸਿੱਧੂ ਜ਼ਿਲ੍ਹਾ ਜਨਰਲ ਸਕੱਤਰ ਦੀ ਅਗਵਾਈ ਵਿੱਚ ਲੰਬੇ ਸਮੇ ਤੋਂ ਲਟਕ ਰਹੀਆਂ ਮੁਲਾਜ਼ਮ ਮੰਗਾਂ ਸਬੰਧੀ ਮੰਗ ਪੱਤਰ ਏਡੀਸੀ (ਜਨਰਲ) ਫਿਰੋਜ਼ਪੁਰ ਨੂੰ ਦਿੱਤਾ ਗਿਆ। ਇਸ ਮੌਕੇ ਵੱਖ ਵੱਖ ਸਰਕਾਰੀ ਵਿਭਾਗਾਂ ਦੇ ਮੁਲਾਜ਼ਮ ਜਗਸੀਰ ਸਿੰਘ ਭਾਂਗਰ ਸੀਨੀਅਰ ਮੀਤ ਪ੍ਰਧਾਨ, ਪ੍ਰਦੀਪ ਵਿਨਾਇਕ ਜ਼ਿਲ੍ਹਾ ਖਜ਼ਾਨਚੀ, ਸੋਨੂੰ ਕਸ਼ਅਪ ਐਡੀਸ਼ਨਲ ਜ਼ਿਲ੍ਹਾ ਜਨਰਲ ਸਕੱਤਰ, ਹਰਮੀਤ ਸਿੰਘ ਮੱਲੀ ਪ੍ਰਧਾਨ ਖੁਰਾਕ ਤੇ ਸਪਲਾਈ ਵਿਭਾਗ, ਮਨੀਸ਼ ਕੁਮਾਰ ਪ੍ਰਧਾਨ ਖਜ਼ਾਨਾ ਵਿਭਾਗ, ਸੰਦੀਪ ਸਿੰਘ ਦਿਓਲ, ਪ੍ਰਧਾਨ ਡੀ ਸੀ ਦਫਤਰ ਕਰਮਚਾਰੀ ਯੂਨੀਅਨ, ਓਮ ਪ੍ਰਕਾਸ਼ ਰਾਣਾ ਜ਼ਿਲ੍ਹਾ ਪ੍ਰੈੱਸ ਸਕੱਤਰ, ਹਰਪ੍ਰੀਤ ਦੁੱਗਲ ਖਜ਼ਾਨਾ ਦਫਤਰ, ਸੁਰਿੰਦਰ ਕੁਮਾਰ ਡੀਡੀਪੀਆਰਓ ਦਫਤਰ, ਗੁਰਤੇਜ ਸਿੰਘ ਜਨਰਲ ਸਕੱਤਰ ਡੀਸੀ ਦਫਤਰ ਫਿਰੋਜ਼ਪੁਰ, ਅਮਰ ਨਾਥ ਸਿੱਖਿਆ ਵਿਭਾਗ ਤੋਂ ਇਲਾਵਾ ਹੋਰ ਵਿਭਾਗਾਂ ਦੇ ਕਰਮਚਾਰੀ ਵੀ ਹਾਜ਼ਰ ਸਨ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਪਿੱਪਲ ਸਿੰਘ ਸਿੱਧੂ ਨੇ ਦੱਸਿਆ ਕਿ ਇਸੇ ਸੰਘਰਸ਼ ਤਹਿਤ 14 ਅਕਤੂਬਰ ਨੂੰ ਜ਼ਿਲ੍ਹਾ ਪੱਧਰ 'ਤੇ ਡੀ ਸੀ ਦਫਤਰ ਫਿਰੋਜ਼ਪੁਰ ਮੂਹਰੇ ਗੇਟ ਰੈਲੀ ਕੀਤੀ ਜਾਵੇਗੀ, ਜੇਕਰ ਫਿਰ ਵੀ ਪੰਜਾਬ ਸਰਕਾਰ ਨੇ ਮੁਲਾਜ਼ਮ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ 16 ਅਕਤੂਬਰ ਨੂੰ ਮੋਹਾਲੀ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ, ਜਿਸ ਵਿੱਚ ਸੂਬਾ ਭਰ ਤੋਂ ਮੁਲਾਜ਼ਮ ਵੱਧ ਚੜ੍ਹ ਕੇ ਭਾਗ ਲੈਣਗੇ।

## ਭੁੱਲਰਹੇੜੀ ਨੂੰ ਸਿੱਖਿਆ ਖੇਤਰ 'ਚ ਵਿਲੱਖਣ ਯੋਗਦਾਨ ਲਈ ਸਟੇਟ ਐਵਾਰਡ ਮਿਲਿਆ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਪੰਜਾਬ ਦੇ ਸਿੱਖਿਆ ਖੇਤਰ 'ਚ ਵਿਲੱਖਣ ਯੋਗਦਾਨ ਪਾਉਣ ਵਾਲੇ ਜਸਵਿੰਦਰ ਸਿੰਘ ਭੁੱਲਰਹੇੜੀ ਨੂੰ ਹਰਜੋਤ ਸਿੰਘ ਬੈਂਸ ਤੇ ਸਿੱਖਿਆ ਵਿਭਾਗ ਦੇ ਆਹਲਾ ਅਧਿਕਾਰੀਆਂ ਵੱਲੋਂ ਸਟੇਟ ਐਵਾਰਡ ਨਾਲ ਸਨਮਾਨਤ ਕੀਤਾ ਗਿਆ।ਭੁੱਲਰਹੇੜੀ ਨੇ ਆਪਣੇ ਲੰਮੇ ਅਧਿਆਪਕ ਜੀਵਨ ਵਿੱਚ ਵੱਖ-ਵੱਖ ਸਕੂਲਾਂ 'ਚ ਆਪਣੀ ਮਿਹਨਤ, ਸਮਰਪਣ ਤੇ ਨਵੀਂ ਸੋਚ ਨਾਲ ਵਿਦਿਆਰਥੀਆਂ ਦੀ ਜ਼ਿੰਦਗੀ ਵਿੱਚ ਨਵੇਂ ਰੰਗ ਭਰੇ ਹਨ।ਉਹ ਇਸ ਸਮੇਂ ਸਰਕਾਰੀ ਪ੍ਰਾਇਮਰੀ ਸਕੂਲ ਬੁਟਾਹਰੀ, ਜਿਲ੍ਹਾ ਲੁਧਿਆਣਾ ਵਿੱਚ ਮੁੱਖ ਅਧਿਆਪਕ ਵਜੋਂ ਸੇਵਾ ਨਿਭਾਅ ਰਹੇ ਹਨ।ਸਟੇਟ ਅਵਾਰਡ ਪ੍ਰਾਪਤ ਕਰਕੇ ਧੂਰੀ ਘਰ ਪਰਤਣ ਤੇ ਉਨ੍ਹਾਂ ਦਾ ਪਰਵਾਰਕ ਮੈਂਬਰਾਂ ਅਤੇ ਦੋਸਤ ਮਿੱਤਰਾਂ ਨੇ ਨਿੱਘਾ ਸਵਾਗਤ ਕੀਤਾ।ਉਨ੍ਹਾਂ ਸਕੂਲਾਂ ਦੇ ਚੌਗਿਰਦੇ ਨੂੰ ਸੁੰਦਰ ਬਣਾਉਣ ਤੇ ਪੜ੍ਹਾਈ ਦੇ ਮਿਆਰ ਨੂੰ ਉੱਚਾ ਕਰਨ ਲਈ ਵਿਦਿਆਰਥੀ ਹਿੱਤਾਂ ਵਿੱਚ ਪਾਏ ਯੋਗਦਾਨ ਲਈ ਵਿਸ਼ੇਸ਼ ਮਾਣ ਪ੍ਰਾਪਤ ਕੀਤਾ।ਸਟੇਟ ਐਵਾਰਡ ਪ੍ਰਾਪਤ ਕਰਨਾ ਉਨ੍ਹਾਂ ਦੀ ਸਿੱਖਿਆ ਪ੍ਰਤੀ ਸਮਰਪਣ ਭਾਵਨਾ, ਅਡੋਲ ਮਿਹਨਤ ਤੇ ਨਵੀਂ ਸੋਚ ਦਾ ਨਤੀਜਾ ਹੈ।ਮਿਲੇ ਸਟੇਟ ਐਵਾਰਡ 'ਤੇ ਪ੍ਰਤੀਕਿਰਿਆ ਦਿੰਦਿਆਂ ਮੁੱਖ ਅਧਿਆਪਕ ਜਸਵਿੰਦਰ ਸਿੰਘ ਭੁੱਲਰਹੇੜੀ ਨੇ ਕਿਹਾ ਕਿ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਤੇ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਵੱਲੋਂ ਮਿਲੇ ਸਟੇਟ ਅਵਾਰਡ ਜਿਹੇ ਵਕਾਰੀ ਸਨਮਾਨ ਨਾਲ ਉਨ੍ਹਾਂ ਦੀ ਜ਼ਿੰਮੇਵਾਰੀ ਹੋਰ ਵਧ ਗਈ ਹੈ ਤੇ ਯਕੀਨਨ ਉਹ ਭਵਿੱਖ ਵਿੱਚ ਵੀ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਹਮੇਸ਼ਾ ਹੋਰ ਵਧੇਰੇ ਉੱਦਮ ਕਰਦੇ ਹੋਏ ਇਮਾਨਦਾਰੀ ਨਾਲ ਯਤਨਸ਼ੀਲ ਰਹਿਣਗੇ।

# ਝੋਨੇ ਦੇ ਸੀਜ਼ਨ ਦੌਰਾਨ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ : ਕਾਕਾ ਬਰਾੜ
### ਵਿਧਾਇਕ ਨੇ ਕੀਤੀ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨਾਲ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**

ਝੋਨੇ ਦੇ ਸੀਜ਼ਨ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਸਥਾਨਕ ਮਾਰਕਿਟ ਕਮੇਟੀ ਦਫ਼ਤਰ ਵਿਖੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ।ਇਸ ਮੌਕੇ ਮਾਰਕਿਟ ਕਮੇਟੀ ਦੇ ਚੇਅਰਮੈਨ ਸੁਰਜੀਤ ਸਿੰਘ ਸੰਧੂ ਵੀ ਹਾਜ਼ਰ ਸਨ।

ਮੀਟਿੰਗ ਦੌਰਾਨ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਅਧਿਕਾਰੀਆਂ ਨੂੰ ਆਖਿਆ ਕਿ ਸੀਜ਼ਨ ਦੌਰਾਨ ਕਿਸਾਨ ਤੇ ਆੜ੍ਹਤੀਆਂ ਨੂੰ ਕਿਸੇ ਪ੍ਰਕਾਰ ਦੀ ਦਿੱਕਤ ਨਾ ਆਉਣ ਦਿੱਤੀ ਜਾਵੇ।ਉਨ੍ਹਾਂ ਕਿਹਾ ਕਿ ਮੰਡੀ ਵਿੱਚ ਫਸਲ ਲੈ ਕੇ ਆਉਣ ਵਾਲੇ ਕਿਸਾਨਾਂ ਦੀ ਸਹੂਲਤ ਲਈ ਪੀਣ ਵਾਲੇ ਪਾਣੀ, ਛਾਂ ਤੇ ਹੋਰ ਲੋੜੀਂਦੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ।ਇਸ ਤੋਂ ਇਲਾਵਾ ਵਿਧਾਇਕ ਕਾਕਾ ਬਰਾੜ ਨੇ ਡੀ ਐੱਫ ਐੱਸ ਸੀ ਹਿਮਾਂਸ਼ੂ ਕੱਕੜ ਨੂੰ ਹਦਾਇਤ ਕੀਤੀ ਕਿ ਜੋ ਮਾਰਕਿਟ ਕਮੇਟੀ ਦਾ ਨਮੀ ਚੈੱਕ ਕਰਨ ਵਾਲਾ ਮੀਟਰ ਹੋਵੇਗਾ, ਉਹੀ ਮਨਜ਼ੂਰ ਕੀਤਾ ਜਾਵੇ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਫਸਲ ਨੂੰ ਪੂਰੀ ਤਰ੍ਹਾਂ ਨਾਲ ਸੁਕਾ ਕੇ ਮੰਡੀ ਵਿੱਚ ਲਿਆਉਣ ਤਾਂ ਜੋ ਕਿਸੇ ਨੂੰ ਕੋਈ ਦਿੱਕਤ ਪ੍ਰੇਸ਼ਾਨੀ ਨਾ ਆਵੇ।

ਇਸ ਮੌਕੇ ਕੱਚਾ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਇਕਬਾਲ ਸਿੰਘ ਵੜਿੰਗ, ਡੀ ਐੱਮ ਮਾਰਕਫੈੱਡ ਸੁਨੀਲ ਸੋਫਟ, ਏਐੱਫਐੱਸਓ ਗੁਰਤਾਰ ਸਿੰਘ ਬੁੱਟਰ, ਇੰਸਪੈਕਟਰ ਸ਼ਿਵਦੀਪ ਬਰਾੜ, ਇੰਸਪੈਕਟਰ ਸੁਨੀਲ ਕੁਮਾਰ, ਇੰਸਪੈਕਟਰ ਕੁਲਦੀਪ ਸਿੰਘ ਗਿੱਲ, ਇੰਸਪੈਕਟਰ ਜਸਵਿੰਦਰ ਸਿੰਘ ਬਰਾੜ, ਇੰਸਪੈਕਟਰ ਹਰਮੀਤ ਸਿੰਘ ਜੌੜਾ, ਮਾਰਕਿਟ ਕਮੇਟੀ ਦੇ ਮੁਲਾਜ਼ਮ ਗੁਰਵਿੰਦਰ ਸਿੰਘ, ਦੀਪਕ ਗਿਰਧਰ ਆਦਿ ਹਾਜ਼ਰ ਸਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਵਿਖੇ ਖੁਰਾਕ ਜਾਗਰੂਕਤਾ ਸਮਾਗਮ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਦੇ ਫੂਡ ਪ੍ਰੋਸੈਸਿੰਗ ਟੈਕਨਾਲੋਜੀ ਵਿਭਾਗ ਵੱਲੋਂ ਅੰਤਰਰਾਸ਼ਟਰੀ ਖੁਰਾਕ ਨੁਕਸਾਨ ਤੇ ਬਰਬਾਦੀ ਜਾਗਰੂਕਤਾ ਦਿਵਸ ਮਨਾਇਆ ਗਿਆ।ਇਸ ਮੌਕੇ ਵਿਭਾਗ ਇੰਚਾਰਜ ਡਾ. ਰੁਪਿੰਦਰ ਪਾਲ ਸਿੰਘ ਨੇ ਵਿਸਥਾਰਪੂਰਵਕ ਲੈਕਚਰ ਦਿੰਦਿਆਂ ਖੁਰਾਕ ਦੇ ਨੁਕਸਾਨ ਤੇ ਬਰਬਾਦੀ ਦੇ ਵਧਦੇ ਸਮੱਸਿਆਪੂਰਨ ਰੁਝਾਨ ਤੇ ਇਸ ਦੇ ਭੋਜਨ ਸੁਰੱਖਿਆ, ਵਾਤਾਵਰਣ ਤੇ ਅਰਥਵਿਵਸਥਾ ਉੱਤੇ ਨਕਾਰਾਤਮਕ ਪ੍ਰਭਾਵ ਬਾਰੇ ਵਿਸ਼ਲੇਸ਼ਣ ਕੀਤਾ।ਉਨ੍ਹਾਂ ਖੁਰਾਕ ਦੇ ਉਤਪਾਦਨ, ਵੰਡ ਤੇ ਖਪਤ ਵਿੱਚ ਟਿਕਾਊ ਪਦਤੀਆਂ ਅਪਣਾਉਣ 'ਤੇ ਜ਼ੋਰ ਦਿੱਤਾ।ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਖਾਣ-ਪੀਣ ਦੀਆਂ ਆਦਤਾਂ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ ਤੇ ਉਨ੍ਹਾਂ ਨੂੰ ਕਦੇ ਵੀ ਖਾਣਾ ਬਰਬਾਦ ਨਾ ਕਰਨ ਲਈ ਕਿਹਾ।ਸਮਾਗਮ ਦੀ ਕੋਆਰਡੀਨੇਸ਼ਨ ਬੀਬਾ ਕੋਮਲਪ੍ਰੀਤ ਕੌਰ, ਇੰਚਾਰਜ ਐਕਸਟਰਾ ਕਰਿਕੂਲਰ ਐਕਟੀਵਿਟੀਜ਼ ਨੇ ਕੀਤੀ।ਵਿਭਾਗ ਦੇ ਅਧਿਆਪਕਾਂ ਤੇ ਬੀ. ਟੈਕ ਫੂਡ ਪ੍ਰੋਸੈਸਿੰਗ ਟੈਕਨਾਲੋਜੀ ਦੇ ਵਿਦਿਆਰਥੀਆਂ ਨੇ ਵੀ ਸਮਾਗਮ ਵਿੱਚ ਹਿੱਸਾ ਲਿਆ।ਵਿਦਿਆਰਥਣਾਂ ਕਸ਼ਿਸ਼ ਬੱਸੀ, ਜਸਪ੍ਰੀਤ ਕੌਰ ਤੇ ਜਸ਼ਨਪ੍ਰੀਤ ਕੌਰ ਨੇ ਇਸ ਦਿਵਸ ਦੀ ਮਹੱਤਤਾ ਬਾਰੇ ਸੰਖੇਪ ਜਾਣਕਾਰੀ ਪੇਸ਼ ਕੀਤੀ। ਵਿਦਿਆਰਥੀਆਂ ਵੱਲੋਂ ਇਸ ਮੌਕੇ ਪੋਸਟਰ ਵੀ ਬਣਾਏ ਗਏ।ਡੀਨ ਅਕਾਦਮਿਕ ਮਾਮਲੇ ਡਾ. ਸੁਖਵਿੰਦਰ ਸਿੰਘ ਬਿਲਿੰਗ ਨੇ ਵਿਭਾਗ ਦੇ ਯਤਨਾਂ ਦੀ ਸਰਾਹਨਾ ਕੀਤੀ।ਵਾਈਸ-ਚਾਂਸਲਰ ਡਾ. ਪਰਿਤ ਪਾਲ ਸਿੰਘ ਨੇ ਵਿਦਿਆਰਥੀਆਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

# ਵਿਧਾਇਕ ਗੋਲਡੀ ਨੇ ਹਲਕੇ 'ਚ ਸੜਕਾਂ ਦੇ ਨਵੀਨੀਕਰਨ ਦੇ ਨੀਂਹ ਪੱਥਰ ਰੱਖੇ



**ਮੰਡੀ ਘੁਬਾਇਆ (ਬਲਵਿੰਦਰ ਸਿੰਘ)**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਤੇ ਚੇਅਰਮੈਨ ਪੰਜਾਬ ਮੰਡੀ ਬੋਰਡ ਸ. ਹਰਚੰਦ ਸਿੰਘ ਬਰਸਟ ਦੀ ਅਗਵਾਈ ਹੇਠ ਜਲਾਲਾਬਾਦ ਹਲਕੇ ਵਿੱਚ ਸੜਕਾਂ ਦੀ ਰਿਪੇਅਰ/ਨਵੀਨੀਕਰਨ ਲਈ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਦੇ ਵੱਲੋਂ 5ਕਰੋੜ 13.85 ਲੱਖ ਰੁਪਏ ਦੀ ਲਾਗਤ ਨਾਲ ਨੀਂਹ ਪੱਥਰ ਰੱਖੇ।ਇਸ ਮੌਕੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਦੇ ਵੱਲੋਂ ਚੱਕ ਪੱਖੀ ਤੋਂ ਮੀਨੀਆ ਵਾਲਾ, ਨੁਕੇਰੀਆ ਤੋਂ ਸਲਾਮੇ ਵਾਲਾ, ਢਾਣੀ ਸੂਬਾ ਸਿੰਘ, ਐੱਮ ਐੱਫ ਤੋਂ ਚਿਮਨੇਵਾਲਾ ਤੇ ਅਰਨੀਵਾਲਾ ਤੋਂ ਬੁਰਜ ਹਨੂੰਮਾਨਗੜ੍ਹ ਤੱਕ 22.61 ਕਿਲੋਮੀਟਰ ਸੜਕਾਂ ਦੀ ਰਿਪੇਅਰ ਦੇ ਨੀਂਹ ਪੱਥਰ ਤੇ ਨਵੀਨੀਕਰਨ ਦੇ ਨੀਂਹ ਪੱਥਰ ਰੱਖੇ ਗਏ।ਇਸ ਮੌਕੇ ਉਨ੍ਹਾਂ ਨਾਲ ਪਿੰਡਾਂ ਦੇ ਪੰਚ ਸਰਪੰਚ, ਸਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਨਾਲ ਮੌਜੂਦ ਸਨ।ਇਸ ਮੌਕੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਆਖਿਆ ਕਿ ਪਿੰਡਾਂ ਦੇ ਲੋਕਾਂ ਵੱਲੋਂ ਸੜਕਾਂ ਦੀ ਰਿਪੇਅਰ ਕਰਨ ਤੇ ਨਵੀਆਂ ਸੜਕਾਂ ਬਣਾਉਣ ਦੀ ਮੰਗ ਕੀਤੀ ਗਈ ਸੀ।

ਉਨ੍ਹਾਂ ਕਿਹਾ ਕਿ ਟੁੱਟੀਆਂ ਸੜਕਾਂ ਕਾਰਨ ਜਿੱਥੇ ਕਿ ਲੋਕਾਂ ਨੂੰ ਸੜਕਾਂ ਨੂੰ ਚੱਲਣ ਸਮੇਂ ਕਾਫੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਸੀ ਅਤੇ ਕਈ ਵਾਰ ਵਾਹਨ ਚਾਲਕ ਹਾਦਸਿਆਂ ਦਾ ਸ਼ਿਕਾਰ ਹੋ ਜਾਂਦੇ ਹਨ।ਵਿਧਾਇਕ ਨੇ ਆਖਿਆ ਕਿ ਇਹ ਮਾਮਲਾ ਪੰਜਾਬ ਸਰਕਾਰ ਦੇ ਧਿਆਨ ਲਿਆਉਣ ਤੋਂ ਬਾਅਦ ਪੰਜਾਬ ਮੰਡੀ ਬੋਰਡ ਵਿਭਾਗ ਦੇ ਵੱਲੋਂ 5 ਕਰੋੜ 13.85 ਲੱਖ ਰੁਪਏ ਦੀ ਗ੍ਰਾਂਟ ਰਾਸ਼ੀ ਜਾਰੀ ਕੀਤੀ ਗਈ ਹੈ, ਜਿਸ ਨਾਲ 22.61 ਕਿਲੋਮੀਟਰ ਪਿੰਡਾਂ ਦੀਆਂ ਸੜਕਾਂ ਦੀ ਨਵੀਆਂ ਤੇ ਰਿਪੇਅਰ ਕੀਤੀ ਜਾਵੇ ਅਤੇ ਜਲਦੀ ਹੀ ਆਉਣ ਵਾਲੇ ਦਿਨਾਂ 'ਚ ਲੋਕ ਨਵੀਆਂ ਸੜਕਾਂ 'ਤੇ ਸਫਰ ਕਰਨਗੇ।

ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਆਖਿਆ ਕਿ ਲੋਕਾਂ ਦੀਆਂ ਮੰਗਾਂ ਨੂੰ ਮੁੱਖ ਰੱਖਦੇ ਹੋਏ ਆਏ ਦਿਨੀਂ ਹਰ ਰੋਜ਼ ਨਵੇਂ ਪ੍ਰੋਜੈਕਟਾਂ ਸਣੇ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਜਾ ਰਹੇ ਹਨ।

## 315 ਬੋਰ ਦੇਸੀ ਕੱਟੇ ਸਮੇਤ ਇਕ ਕਾਬੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਥਾਣਾ ਸਦਰ ਫਿਰੋਜ਼ਪੁਰ ਪੁਲਸ ਗਸ਼ਤ ਤੇ ਚੈਕਿੰਗ ਦੌਰਾਨ ਇਕ ਨੌਜਵਾਨ ਨੂੰ 315 ਬੋਰ ਦੇਸੀ ਕੱਟੇ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਅਸਲਾ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਹੈੱਡ ਹੁਸੈਨੀਵਾਲਾ ਪੁੱਜੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਅਰਸ਼ਦੀਪ ਸਿੰਘ ਉਰਫ ਦੁਲੀ ਪੁੱਤਰ ਮਲਕੀਤ ਸਿੰਘ ਉਰਫ ਦਰਜੀ ਵਾਸੀ ਪਿੰਡ ਭਾਨੇ ਵਾਲਾ ਪਾਸ ਨਜਾਇਜ਼ ਪਿਸਟਲ ਦੇਸੀ ਕੱਟਾ 315 ਬੋਰ ਹੈ।

ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ 315 ਬੋਰ ਦੇਸੀ ਕੱਟਾ ਬਰਾਮਦ ਕੀਤਾ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਨੇ ਵੋਟ ਚੋਰੀ ਖਿਲਾਫ 13 ਹਜ਼ਾਰ ਫਾਰਮ ਭਰੇ



**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਸਾਡੇ ਦੇਸ਼ ਲੋਕਤੰਤਰ ਨੂੰ ਅਸਲ ਹਕੀਕਤ 'ਚ ਲਿਆਉਣ ਲਈ ਸਾਡੇ ਲੱਖਾਂ ਪੰਜਾਬੀ ਨੌਜਵਾਨਾਂ ਦਾ ਖ਼ੂਨ ਵਹਿਆ ਹੈ।ਦੂਜੇ ਪਾਸੇ ਭਾਜਪਾ ਲੋਕਤੰਤਰ ਦਾ ਘਾਣ ਕਰਕੇ ਵੋਟਾਂ ਚੋਰੀ ਕਰਕੇ ਦੇਸ਼ ਤੇ ਰਾਜ ਕਰ ਰਹੀ ਹੈ।ਪੰਜਾਬ ਯੂਥ ਕਾਂਗਰਸ ਦੇ ਸੂਬਾ ਪ੍ਰਧਾਨ ਮੋਹਿਤ ਮਹਿੰਦਰਾ ਵੱਲੋਂ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਵਿਧਾਨ ਸਭਾ ਹਲਕਾ ਦਿਹਾਤੀ ਪਟਿਆਲ਼ਾ ਤੋਂ ਵੋਟ ਚੋਰੀ ਮੁਹਿੰਮ ਖਿਲਾਫ ਭਰੇ 13 ਹਜ਼ਾਰ ਫਾਰਮ ਸੌਂਪਦੇ ਹੋਏ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ। ਉਨ੍ਹਾ ਕਿਹਾ ਕਿ ਅਸੀਂ ਕਿਸੇ ਵੀ ਕੀਮਤ 'ਤੇ ਆਪਣੇ ਦੇਸ਼ ਦੇ ਲੋਕਤੰਤਰ ਨੂੰ ਢਾਅ ਨਹੀਂ ਲੱਗਣ ਦੇਵਾਂਗੇ।ਅੱਜ ਇਸੇ ਮਕਸਦ ਦੇ ਚੱਲਦਿਆਂ ਆਲ ਇੰਡੀਆ ਕਾਂਗਰਸ ਤੇ ਸ੍ਰ. ਅਮਰਿੰਦਰ ਸਿੰਘ ਰਾਜਾ ਵੜਿੰਗ ਜੀ (ਪੰਜਾਬ ਕਾਂਗਰਸ ਪ੍ਰਧਾਨ) ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਟਿਆਲਾ ਦਿਹਾਤੀ ਹਲਕੇ 'ਚੋਂ 13000 ਲੋਕਾਂ ਤੋਂ ਵੋਟ ਚੋਰੀ ਦੇ ਖਿਲਾਫ਼ ਕੀਤੇ ਗਏ ਦਸਤਖ਼ਤ ਕਾਂਗਰਸ ਭਵਨ ਵਿਖੇ ਭੇਟ ਕੀਤੇ ਹਨ।

## ...ਸਫ਼ਾ 1 ਦੇ ਬਾਕੀ

### ਭਿਅੰਕਰ ਹੜ੍ਹਾਂ ਲਈ...

ਰਣਜੀਤ ਸਾਗਰ ਡੈਮ ਪੰਜਾਬ ਦਾ ਭਵਿੱਖ ਹਨ। ਇਨ੍ਹਾਂ ਡੈਮਾਂ ਵਿੱਚ ਬਹੁਤ ਜ਼ਿਆਦਾ ਗਾਰ (ਸਿਲਟ) ਭਰ ਚੁੱਕੀ ਹੈ, ਜੋ ਕਿ ਸਾਡੇ ਭਵਿੱਖ ਲਈ ਖ਼ਤਰਾ ਬਣ ਚੁੱਕੀ ਹੈ।

ਨੀਲ ਗਰਗ ਨੇ ਇੱਕ ਅਖਬਾਰ ਦੀ ਵੱਡੀ ਰਿਪੋਰਟ ਦਾ ਹਵਾਲਾ ਦਿੱਤਾ, ਜਿਸ ਵਿੱਚ ਦੱਸਿਆ ਗਿਆ ਹੈ ਕਿ ਕੇਂਦਰ ਸਰਕਾਰ ਨੇ ਡੀ-ਸਿਲਟਿੰਗ ਦੀ ਮਨਜ਼ੂਰੀ ਹੀ ਨਹੀਂ ਦਿੱਤੀ, ਜਿਸ ਦਾ ਨਤੀਜਾ ਅੱਜ ਸਾਰਿਆਂ ਦੇ ਸਾਹਮਣੇ ਹੈ ਕਿ ਕਿਸ ਤਰ੍ਹਾਂ ਪੰਜਾਬ ਵਿੱਚ ਆਏ ਭਿਅੰਕਰ ਹੜ੍ਹਾਂ ਕਾਰਨ ਹਜ਼ਾਰਾਂ ਕਰੋੜ ਰੁਪਏ ਦਾ ਨੁਕਸਾਨ ਹੋ ਗਿਆ।ਨੀਲ ਗਰਗ ਨੇ ਕਿਹਾ ਕਿ ਪਿਛਲੇ ਦਿਨੀਂ ਪੰਜਾਬ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਪ੍ਰੈੱਸ ਕਾਨਫਰੰਸ ਕਰਕੇ ਹੜ੍ਹਾਂ ਲਈ ਸਾਰਾ ਦੋਸ਼ ਪੰਜਾਬ ਦੀ ਸਰਕਾਰ ਦੇ ਜ਼ਿੰਮੇ ਮੜ੍ਹਿਆ, ਜਦਕਿ ਅਸਲੀਅਤ ਇਹ ਹੈ ਕਿ ਡੀ-ਸਿਲਟਿੰਗ ਦੀ ਮਨਜ਼ੂਰੀ ਕੇਂਦਰ ਸਰਕਾਰ ਨੇ ਦੇਣੀ ਹੁੰਦੀ ਹੈ, ਜੋ ਦਿੱਤੀ ਹੀ ਨਹੀਂ ਗਈ। ਉਨ੍ਹਾ ਕਿਹਾ ਕਿ ਜਦੋਂ ਤੱਕ ਕੇਂਦਰ ਸਰਕਾਰ ਡੀ-ਸਿਲਟਿੰਗ ਦੀ ਮਨਜ਼ੂਰੀ ਨਹੀਂ ਦਿੰਦੀ, ਉਦੋਂ ਤੱਕ ਕੋਈ ਵੀ ਕੰਮ ਨਹੀਂ ਹੋ ਸਕਦਾ।

### ਪੁਲਸ ਅਫਸਰ ਦੀ ...

ਐੱਸ ਅਫ਼ਸਰਾਂ ਦੇ ਨਾਂਅ ਹਨ ਅਤੇ 'ਜਾਤੀ-ਆਧਾਰਿਤ ਵਿਤਕਰਾ, ਜਨਤਕ ਅਪਮਾਨ, ਨਿਸ਼ਾਨਾ ਬਣਾ ਕੇ ਮਾਨਸਿਕ ਪ੍ਰੇਸ਼ਾਨੀ ਅਤੇ ਅੱਤਿਆਚਾਰਾਂ ਨੂੰ ਜਾਰੀ ਰੱਖਣ ਦੀ ਇੱਕ ਸਾਂਝੀ ਸਾਜ਼ਿਸ਼' ਦਾ ਦੋਸ਼ ਲਾਇਆ ਗਿਆ ਹੈ। ਚੀਮਾ ਨੇ ਕਿਹਾ—ਭਾਜਪਾ ਸ਼ਾਸਨ ਅਧੀਨ ਸਥਿਤੀ ਦੀ ਗੰਭੀਰਤਾ ਭਿਆਨਕ ਹੈ।

ਅਸੀਂ ਵੇਖਿਆ ਹੈ ਕਿ ਉੱਤਰ ਪ੍ਰਦੇਸ਼ ਅਤੇ ਮੱਧ ਪ੍ਰਦੇਸ਼ ਵਰਗੇ ਭਾਜਪਾ ਸ਼ਾਸਿਤ ਰਾਜਾਂ ਵਿੱਚ ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਜਨਜਾਤੀਆਂ ਵਿਰੁੱਧ ਵਧ ਰਹੇ ਅਪਰਾਧਾਂ ਵਿੱਚ ਲਗਾਤਾਰ ਵਾਧਾ ਹੋਇਆ ਹੈ, ਜਿਸ ਦਾ ਜ਼ਿਕਰ ਕੌਮੀ ਅਪਰਾਧ ਰਿਕਾਰਡ ਵਿੱਚ ਵੀ ਦਰਜ ਹੈ। ਚੀਮਾ ਨੇ ਮਰਹੂਮ ਆਈ ਪੀ ਐੱਸ ਅਧਿਕਾਰੀ ਦੇ 'ਅੰਤਮ ਨੋਟ' ਵਿੱਚ ਨਾਮਜ਼ਦ ਸਾਰੇ ਅਧਿਕਾਰੀਆਂ ਨੂੰ ਤੁਰੰਤ ਮੁਅੱਤਲ ਕਰਨ ਅਤੇ ਐੱਸ ਸੀ / ਐੱਸ ਟੀ (ਅੱਤਿਆਚਾਰ ਰੋਕੂ) ਐਕਟ ਅਤੇ ਖ਼ੁਦਕੁਸ਼ੀ ਲਈ ਉਕਸਾਉਣ ਨਾਲ ਸੰਬੰਧਤ ਧਾਰਾਵਾਂ ਤਹਿਤ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ ਅਤੇ ਨਾਲ ਹੀ ਮਰਹੂਮ ਅਧਿਕਾਰੀ ਦੇ ਪੱਤਰ ਵਿੱਚ ਉਠਾਏ ਗਏ ਜਾਤੀ-ਅਧਾਰਤ ਵਿਤਕਰੇ ਦੇ ਸਾਰੇ ਦੋਸ਼ਾਂ ਦੀ ਸਮਾਂਬੱਧ, ਸੁਤੰਤਰ ਅਤੇ ਉੱਚ-ਪੱਧਰੀ ਨਿਆਂਇਕ ਜਾਂਚ ਦੀ ਮੰਗ ਕੀਤੀ।

ਆਮ ਆਦਮੀ ਪਾਰਟੀ ਨੇ ਇੱਕ ਦਲਿਤ ਅਧਿਕਾਰੀ ਦੀ ਹੈਰਾਨ ਕਰਨ ਵਾਲੀ ਖ਼ੁਦਕੁਸ਼ੀ ਅਤੇ ਭਾਰਤ ਦੇ ਚੀਫ਼ ਜਸਟਿਸ ਬੀ ਆਰ ਗਵਈ 'ਤੇ ਹਾਲ ਹੀ ਵਿੱਚ ਹੋਏ ਹਮਲੇ ਤੋਂ ਬਾਅਦ ਭਾਜਪਾ ਦੀ ਦਲਿਤ ਵਿਰੋਧੀ ਮਾਨਸਿਕਤਾ ਦੀ ਤਿੱਖੀ ਆਲੋਚਨਾ ਕੀਤੀ।ਵਿਧਾਇਕ ਸੁਖਵਿੰਦਰ ਕੁਮਾਰ ਸੁੱਖੀ ਨੇ ਕਿਹਾ ਕਿ ਇਹ ਦੋਵੇਂ ਘਟਨਾਵਾਂ ਕੋਈ ਵੱਖਰੀਆਂ ਘਟਨਾਵਾਂ ਨਹੀਂ, ਬਲਕਿ ਇੱਕ ਪੈਟਰਨ ਦਾ ਹਿੱਸਾ ਹਨ, ਜੋ ਭਾਜਪਾ ਦੀ ਡੂੰਘੀ ਜੜ੍ਹੀ ਹੋਈ ਮਨੂਵਾਦੀ ਵਿਚਾਰਧਾਰਾ ਅਤੇ ਸੰਵਿਧਾਨ ਅਤੇ ਦਲਿਤਾਂ ਪ੍ਰਤੀ ਇਸ ਦੀ ਅਸਹਿਣਸ਼ੀਲਤਾ ਨੂੰ ਉਜਾਗਰ ਕਰਦੀਆਂ ਹਨ। ਪ੍ਰੈੱਸ ਕਾਨਫਰੰਸ ਵਿੱਚ ਉਨ੍ਹਾ ਦੇ ਨਾਲ ਆਮ ਆਦਮੀ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਡਾ. ਐੱਸ ਐੱਸ ਆਹਲੂਵਾਲੀਆ ਵੀ ਸਨ।

### ਯੂਨੀਫਾਈਡ ਸਿਟੀਜ਼ਨ...

ਪਲੇਟਫਾਰਮ ਯਾਨੀਕਿ 'ਯੂਨੀਫਾਈਡ ਸਿਟੀਜ਼ਨ ਪੋਰਟਲ' ਰਾਹੀਂ ਸੂਬੇ ਦੇ ਲੋਕਾਂ ਦੀ ਵੱਖ-ਵੱਖ ਵਿਭਾਗਾਂ ਦੀਆਂ ਸਰਕਾਰੀ ਸੇਵਾਵਾਂ ਤੱਕ ਨਿਰਵਿਘਨ ਪਹੁੰਚ ਯਕੀਨੀ ਬਣੇਗੀ। ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅਰੋੜਾ ਨੇ ਦੱਸਿਆ ਕਿ ਸਿਟੀਜ਼ਨ ਪੋਰਟਲ ਦੀ ਵਿਆਪਕ ਡਿਜ਼ਾਈਨਿੰਗ, ਵਿਕਾਸ, ਲਾਗੂ ਕਰਨ ਅਤੇ ਰੱਖ-ਰਖਾਅ ਲਈ ਈ-ਕਨੈਕਟ ਸਲਿਊਸ਼ਨਜ਼ ਪ੍ਰਾਈਵੇਟ ਲਿਮਟਿਡ ਨਾਲ 13 ਕਰੋੜ ਰੁਪਏ ਦਾ ਸਮਝੌਤਾ ਸਹੀਬੱਧ ਕੀਤਾ ਹੈ।


ਉਨ੍ਹਾ ਦੱਸਿਆ ਕਿ ਇਹ ਪੋਰਟਲ ਛੇ ਮਹੀਨਿਆਂ ਦੇ ਅੰਦਰ ਤਿਆਰ ਕਰਕੇ ਸ਼ੁਰੂ ਕਰ ਦਿੱਤਾ ਜਾਵੇਗਾ, ਜਿਸ ਨਾਲ ਸਰਕਾਰੀ ਸੇਵਾਵਾਂ ਤੱਕ ਲੋਕਾਂ ਦੀ ਵਧੇਰੇ ਆਸਾਨ ਪਹੁੰਚ ਯਕੀਨੀ ਬਣੇਗੀ ਅਤੇ ਲੋਕਾਂ ਨੂੰ ਕੁਸ਼ਲ ਅਤੇ ਜਵਾਬਦੇਹੀ ਪ੍ਰਣਾਲੀ ਤਹਿਤ ਸੇਵਾਵਾਂ ਮਿਲਗੀਆਂ। ਸੇਵਾ ਕੇਂਦਰਾਂ ਤੋਂ ਇਲਾਵਾ ਨਾਗਰਿਕ ਹੁਣ ਸਿਟੀਜ਼ਨ ਪੋਰਟਲ ਪਹਿਲ ਤਹਿਤ ਘਰ ਬੈਠੇ ਹੀ ਵੈਬ, ਮੋਬਾਇਲ ਐਪ ਅਤੇ ਵਟਸਐਪ ਰਾਹੀਂ ਸੇਵਾਵਾਂ ਲੈ ਸਕਣਗੇ।

## ਪੰਜਾਬ ਪੈਨਸ਼ਨ ਯੂਨੀਅਨ ਦੀ ਮੀਟਿੰਗ



**ਮੁੱਲਾਂਪੁਰ ਦਾਖਾ (ਪੱਤਰ ਪ੍ਰੇਰਕ)**-ਪੰਜਾਬ ਪੈਨਸ਼ਨ ਯੂਨੀਅਨ ਪੰਜਾਬ ਦੀ ਮੀਟਿੰਗ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਯੂਨੀਅਨ ਪ੍ਰਧਾਨ ਮਨਜੀਤ ਸਿੰਘ ਮਨਸੂਰਾਂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਪ੍ਰਮੁੱਖ ਆਗੂ ਗੁਰਮੇਲ ਸਿੰਘ ਮੈਲਡੇ ਨੇ ਕਿਹਾ ਕਿ ਡੀ ਏ ਦੀਆਂ ਕਿਸ਼ਤਾਂ ਤੇ ਬਕਾਇਆ ਰਾਸ਼ੀ ਜਾਰੀ ਕੀਤੀ ਜਾਵੇ, 2/59 ਫਾਰਮੂਲੇ ਨਾਲ਼ ਪੈਨਸ਼ਨ ਵਿੱਚ ਸੋਧ ਕੀਤੀ ਜਾਵੇ। ਯੂਨੀਅਨ ਦੇ ਪ੍ਰਮੁੱਖ ਆਗੂ ਨੇ ਸੰਬੋਧਨ ਕਰਦੇ ਕਿਹਾ ਕਿ ਮੋਗਾ ਵਿਖੇ 17 ਅਕਤੂਬਰ ਨੂੰ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਦੀ 37ਵੀਂ ਬਰਸੀ 'ਤੇ ਵੱਡੀ ਗਿਣਤੀ ਵਿੱਚ ਸਾਥੀ ਸ਼ਾਮਲ ਹੋਣਗੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਮਨਜੀਤ ਸਿੰਘ ਗਿੱਲ, ਪਵਿਤਰ ਸਿੰਘ, ਜਗਜੀਤ ਸਿੰਘ, ਹਰਮਿੰਦਰ ਸਿੰਘ ਆਦਿ ਹਾਜ਼ਰ ਸਨ।

## ਬੀਕੇਯੂ ਏਕਤਾ ਉਗਰਾਹਾਂ ਵੱਲੋਂ ਤੂੜੀ ਵਾਲੇ ਵਾਹਨਾਂ ਦਾ ਕਾਫਲਾ ਹੜ੍ਹ ਪੀੜਤਾਂ ਦੀ ਮਦਦ ਲਈ ਰਵਾਨਾ




**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਇੱਕ ਬਹੁਤ ਵੱਡਾ ਕਾਫਲਾ, ਜਿਸ ਵਿੱਚ ਸੈਂਕੜੇ ਟਰੈਕਟਰ ਟਰਾਲੀਆਂ ਕੈਂਟਰ ਤੇ ਤੂੜੀ ਵਾਲੇ ਟਰੱਕ ਆਦ ਸ਼ਾਮਲ ਸਨ।ਕਾਫਲੇ ਨੂੰ ਤੋਰਨ ਸਮੇਂ ਸੂਬਾ ਜਰਨਲ ਸਕੱਤਰ ਜਗਤਾਰ ਸਿੰਘ ਕਾਲਾ ਝਾੜ ਨੇ ਕਿਹਾ ਕਿ ਇਹ ਕਾਫਲਾ ਹੜ੍ਹ ਪੀੜਤਾਂ ਦੀ ਮਦਦ ਲਈ ਅੰਮ੍ਰਿਤਸਰ ਤੇ ਗੁਰਦਾਸਪੁਰ ਜ਼ਿਲ੍ਹਿਆਂ ਨੂੰ ਭੇਜਿਆ ਗਿਆ ਹੈ।ਇਹ ਰਾਸ਼ਨ ਲੀੜੇ ਕੱਪੜੇ ਤੂੜੀ ਆਦਿ ਪਹਿਲਾਂ ਵੀ ਭੇਜਿਆ ਗਿਆ ਸੀ, ਇਸ ਤੋਂ ਬਾਅਦ ਵਿੱਚ ਫਸਲਾਂ ਦੀ ਬਜਾਈ ਲਈ ਬੀਜ ਤੇ ਰੇ ਆਦਿ ਦੇ ਪ੍ਰਬੰਧ ਕਰਕੇ ਭੇਜੇ ਜਾਣਗੇ ਤਾਂ ਕਿ ਹੜ੍ਹ ਪੀੜਤ ਕਿਸਾਨ ਆਪਣੀਆਂ ਫਸਲਾਂ ਸਮੇਂ ਸਿਰ ਬੀਜ ਲੈਣ। ਆਗੂ ਨੇ ਕਿਹਾ ਕਿ ਹੜ੍ਹ ਕੁਦਰਤੀ ਨਹੀਂ ਸਰਕਾਰਾਂ ਦੀਆਂ ਗਲਤ ਨੀਤੀਆਂ ਕਰਕੇ ਆਏ ਹਨ, ਇਸ ਆਫਤ ਲਈ ਕੇਂਦਰ ਸਰਕਾਰ ਪੰਜਾਬ ਸਰਕਾਰ ਤੇ ਭਾਖੜਾ ਬਿਆਸ ਮੈਨੇਜਮੈਂਟ ਜ਼ਿੰਮੇਵਾਰ ਹੈ। ਜਥੇਬੰਦੀ ਦੀ ਮੰਗ ਹੈ ਕਿ ਸਰਕਾਰ ਤੇ ਅਫਸਰਸ਼ਾਹੀ ਵੱਲੋਂ ਕੀਤੀਆਂ ਆਣਗਹਿਲੀਆਂ ਦੀ ਜਾਂਚ ਕਰਵਾ ਕੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦਿੱਤੀਆਂ ਜਾਣ। ਕਾਫਲੇ ਨੂੰ ਤੋਰਨ ਸਮੇਂ ਅਮਰੀਕ ਸਿੰਘ ਗੰਡੂਆ ਜ਼ਿਲ੍ਹਾ ਪ੍ਰਧਾਨ ਸੰਗਰੂਰ, ਦਰਬਾਰਾ ਸਿੰਘ ਛਾਜਲਾ ਜਰਨਲ ਸਕੱਤਰ ਸੰਗਰੂਰ, ਲੁਧਿਆਣਾ ਜਿਲ੍ਹੇ ਦੇ ਜਨਰਲ ਸਕੱਤਰ ਸੌਦਾਗਰ ਸਿੰਘ ਕਟਾਣੀ ਤੇ ਬਲਵੰਤ ਸਿੰਘ, ਮੋਗਾ ਜ਼ਿਲ੍ਹੇ ਦੇ ਪ੍ਰਧਾਨ ਅਮਰਜੀਤ ਸਿੰਘ ਸੈਦੋ, ਜਰਨਲ ਸਕੱਤਰ ਗੁਰਮੀਤ ਸਿੰਘ ਕਿਸ਼ਨਪੁਰਾ ਤੇ ਜ਼ਿਲ੍ਹਾ ਵਿੱਤ ਸਕੱਤਰ ਬਲੌਰ ਸਿੰਘ ਘੱਲਕਲਾਂ ਅਤੇ ਹੋਰ ਸੈਂਕੜੇ ਸਾਥੀ ਸ਼ਾਮਲ ਹਨ।

## ਆਰੀਆ ਕਾਲਜ 'ਚ ਮੁਫ਼ਤ ਸਿਹਤ ਜਾਂਚ ਕੈਂਪ ਲਗਾਇਆ



**ਧੂਰੀ (ਮਨੋਹਰ ਸਿੰਘ ਸੱਗੂ)**-ਸਥਾਨਕ ਆਰੀਆ ਕਾਲਜ (ਲੜਕੀਆਂ) ਵਿਖੇ ਮੁਫ਼ਤ ਸਿਹਤ ਜਾਂਚ ਕੈਂਪ ਲਗਾਇਆ ਗਿਆ।ਕੈਂਪ ਦੌਰਾਨ ਡਾ: ਸਟੈਫ਼ੀ ਮਹਿਤਾ ਨੇ ਕਾਲਜ ਦੀਆਂ ਵਿਦਿਆਰਥਣਾਂ, ਉਨ੍ਹਾਂ ਦੇ ਮਾਪਿਆਂ ਤੇ ਕਾਲਜ ਸਟਾਫ਼ ਦੀ ਸਿਹਤ ਜਾਂਚ ਕੀਤੀ ਅਤੇ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ।ਡਾ: ਸਟੈਫ਼ੀ ਮਹਿਤਾ ਨੇ ਕੈਂਪ 'ਚ ਪੁੱਜੇ ਸਾਰਿਆਂ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਰਹਿਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਕਾਲਜ ਪ੍ਰਿੰਸੀਪਲ ਸ੍ਰੀਮਤੀ ਰਿਧਿਮਾ ਸਿੰਗਲਾ, ਪ੍ਰਧਾਨ ਦੀਵਾਨ ਚੰਦ ਬਾਂਸਲ, ਮੈਨੇਜਰ ਰਾਮਪਾਲ ਆਰੀਆ, ਪਵਨ ਗਰਗ, ਵਿੱਕੀ ਪਰੋਚਾ, ਮੋਹਨ ਲਾਲ, ਹਰਮੇਲ ਸਿੰਘ ਢੀਂਡਸਾ, ਮੈਡਮ ਆਰਤੀ ਤਲਵਾੜ, ਨਰੇਸ਼ ਜਿੰਦਲ ਤੇ ਰਮੇਸ਼ ਆਰੀਆ ਆਦਿ ਮੌਜੂਦ ਸਨ।

## ਕੈਬਨਿਟ ਮੰਤਰੀ ਖੁੱਡੀਆਂ ਵੱਲੋਂ ਵਿਕਾਸ ਕੰਮਾਂ ਸੰਬੰਧੀ ਰੀਵਿਊ ਮੀਟਿੰਗ
### ਪੈਂਡਿੰਗ ਵਿਕਾਸ ਕਾਰਜਾਂ ਨੂੰ ਜਲਦ ਮੁਕੰਮਲ ਕਰਨ ਦੇ ਆਦੇਸ਼



**ਲੰਬੀ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਸਮੂਹ ਸਰਪੰਚਾਂ ਨਾਲ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਸਬੰਧੀ ਮੀਟਿੰਗ ਕੀਤੀ।ਇਸ ਦੌਰਾਨ ਉਨ੍ਹਾਂ ਸਮੂਹ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਵਿਕਾਸ ਕਾਰਜਾਂ ਨੂੰ ਮਿੱਥੇ ਸਮੇਂ ਵਿੱਚ ਮੁਕੰਮਲ ਕੀਤਾ ਜਾਵੇ।ਇਸ ਮੌਕੇ ਕੈਬਨਿਟ ਮੰਤਰੀ ਸ੍ਰ. ਖੁੱਡੀਆਂ ਨੇ ਕਿਹਾ ਕਿ ਸ੍ਰ. ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਸ਼ਹਿਰਾਂ ਦੇ ਨਾਲ-ਨਾਲ ਪਿੰਡਾਂ ਦੇ ਵਿਕਾਸ ਲਈ ਵੀ ਵਚਨਬੱਧ ਹੈ ਅਤੇ ਪਿੰਡਾਂ ਵਿੱਚ ਵੀ ਸ਼ਹਿਰਾਂ ਵਰਗੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਇਸ ਮੌਕੇ ਉਨ੍ਹਾਂ ਸਮੂਹ ਅਧਿਕਾਰੀਆਂ ਤੇ ਸਰਪੰਚਾਂ ਨੂੰ ਕਿਹਾ ਕਿ ਪੈਂਡਿੰਗ ਪਏ ਵਿਕਾਸ ਕੰਮਾਂ ਵਿੱਚ ਤੇਜ਼ੀ ਲਿਆਉਣ ਦੇ ਨਾਲ ਉਨ੍ਹਾਂ ਨੂੰ ਤੁਰੰਤ ਪ੍ਰਭਾਵ ਨਾਲ ਪੂਰਾ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਬੀ.ਡੀ.ਪੀ.ਓ. ਰਾਕੇਸ਼ ਬਿਸ਼ਨੋਈ, ਐਕਸੀਅਨ ਜੋਧਵੀਰ ਸਿੰਘ, ਐੱਸ.ਐੱਚ.ਓ. ਥਾਣਾ ਲੰਬੀ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਸਬੰਧਤ ਪਿੰਡਾਂ ਸਰਪੰਚ, ਪੰਚ ਤੇ ਪਿੰਡ ਵਾਸੀ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਬੀਕੇਯੂ ਏਕਤਾ (ਸੰਘਰਸ਼) ਜਥੇਬੰਦੀ ਨੇ 'ਆਪ' ਦੀ ਹਲਕਾ ਇੰਚਾਰਜ ਸੋਨੀਆ ਮਾਨ ਦਾ ਪੁਤਲਾ ਫੂਕਿਆ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਭਾਰਤੀ ਕਿਸਾਨ ਯੂਨੀਅਨ ਏਕਤਾ (ਸੰਘਰਸ਼) ਜਥੇਬੰਦੀ ਸੀਨੀਅਰ ਮੀਤ ਪ੍ਰਧਾਨ ਜਗਬੀਰ ਸਿੰਘ ਬੱਬੂ ਗੰਡੀਵਿੰਡ ਦੀ ਅਗਵਾਈ ਵਿੱਚ ਥਾਣਾ ਲੋਪੋਕੇ ਵਿਖੇ ਧਰਨਾ ਲਗਾਉਣ ਦੀ ਕਾਲ ਦਿੱਤੀ ਗਈ ਸੀ ਜੋ ਪਿੰਡ ਚੋਗਾਵਾਂ ਦੇ ਇਕ ਕਿਸਾਨ ਦੀ ਫ਼ਸਲ ਆਮ ਆਦਮੀ ਪਾਰਟੀ ਦੇ ਕੁੱਝ ਗੁੰਡਿਆਂ ਵੱਲੋਂ ਹਲਕਾ ਇੰਚਾਰਜ ਦੀ ਸ਼ਹਿ ਉਤੇ ਫਸਲ ਵੱਢੀ ਗਈ ਸੀ। ਜਥੇਬੰਦੀ ਨੇ ਮੰਗ ਕੀਤੀ ਕਿ ਦੋਸ਼ੀਆ ਖ਼ਿਲਾਫ਼ ਕਾਰਵਾਈ ਕੀਤੀ ਜਾਵੇ, ਕਿਸਾਨ ਨੂੰ ਇਨਸਾਫ਼ ਦਿਵਾਇਆ ਜਾਵੇ। ਮਾਮਲੇ ਦੀ ਜਾਂਚ ਕਰਕੇ ਇਸ ਹਲਕਾ ਇੰਚਾਰਜ ਮਾਨ ਨੂੰ ਪਾਰਟੀ ਤੋਂ ਬਰਖ਼ਾਸਤ ਕੀਤਾ ਜਾਵੇ ਅਤੇ ਇਸ 'ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਜੇ ਸਰਕਾਰ ਨੇ ਇਸ ਵਿੱਚ ਦੇਰੀ ਕੀਤੀ ਤਾਂ ਆਉਣ ਵਾਲੇ ਸਮੇਂ ਵਿੱਚ ਤਿੱਖੇ ਸੰਘਰਸ਼ ਵਿੱਢੇ ਜਾਣਗੇ। ਇਸ ਸਮੇਂ ਰੋਸ ਵਜੋਂ ਝਬਾਲ ਵਿਖੇ ਸੋਨੀਆ ਮਾਨ ਦਾ ਪੁਤਲਾ ਫੂਕਿਆ ਗਿਆ।ਇਸ ਸਮੇਂ ਜ਼ਿਲ੍ਹਾ ਪ੍ਰਧਾਨ ਗੁਰਜਿੰਦਰ ਸਿੰਘ ਬੂਹੇ, ਸੂਬਾ ਆਗੂ ਦਿਲਬਾਗ ਸਿੰਘ ਦਰਾਜਕੇ, ਜਨਰਲ ਸਕੱਤਰ ਗੁਰਭੇਜ ਸਿੰਘ, ਲਵਪ੍ਰੀਤ ਸਿੰਘ, ਬਲਾਕ ਪ੍ਰਧਾਨ ਪੱਟੀ ਬੁੱਧ ਸਿੰਘ, ਦਿਲਬਾਗ ਸਿੰਘ ਲੱਧੂ, ਕਪੂਰ ਸਿੰਘ, ਗੁਰਸਾਹਿਬ ਸਿੰਘ ਬਲਾਕ ਪ੍ਰਧਾਨ ਭਿੱਖੀਵਿੰਡ, ਗੰਡੀਵਿੰਡ ਬਲਾਕ ਪ੍ਰਧਾਨ ਅਮਿਤਬੀਰ ਸਿੰਘ ਢੰਡ, ਬਲਾਕ ਗੰਡੀਵਿੰਡ ਦੇ ਆਗੂ ਮਨਪ੍ਰੀਤ ਸਿੰਘ ਗੰਡੀਵਿੰਡ, ਪ੍ਰੈੱਸ ਸਕੱਤਰ ਹਰਵਿੰਦਰ ਸਿੰਘ ਭਿੱਖੀਵਿੰਡ, ਮੀਤ ਪ੍ਰਧਾਨ ਬੂਟਾ ਸਿੰਘ, ਜਨਰਲ ਸਕੱਤਰ ਪੱਟੀ ਸੁਖਚੈਨ ਸਿੰਘ ਬੂਹ, ਪ੍ਰਧਾਨ ਮੱਸਾ ਸਿੰਘ ਢੰਡ, ਨਰਿੰਦਰ ਸਿੰਘ ਗੰਡੀਵਿੰਡ ਆਦਿ ਪਾਰਟੀ ਵਰਕਰ ਹਾਜ਼ਰ ਸਨ।

# ਮੋਦੀ ਸਰਕਾਰ ਵੱਲੋਂ ਘੱਟ ਗਿਣਤੀਆਂ 'ਤੇ ਕੀਤੇ ਜਾ ਰਹੇ ਹਮਲਿਆਂ ਪਿੱਛੇ ਆਰ ਐੱਸ ਐੱਸ : ਪੰਡੋਰੀ, ਜਵੰਦਾ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਤਹਿਸੀਲ ਤਰਨ ਤਾਰਨ ਦੀ ਜਨਰਲ ਬਾਡੀ ਮੀਟਿੰਗ ਨਰਿੰਦਰ ਸਿੰਘ ਰਟੌਲ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਸ਼ਾਮਿਲ ਹੋਈਆਂ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਤਹਿਸੀਲ ਬਲਦੇਵ ਸਿੰਘ ਪੰਡੋਰੀ ਅਤੇ ਨੌਜਵਾਨ ਆਗੂ ਸੁਖਦੇਵ ਸਿੰਘ ਜਵੰਦਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਆਰਐੱਸਐੱਸ ਦੇ ਇਸ਼ਾਰਿਆਂ ਤੇ ਚੱਲ ਰਹੀ ਹੈ ਅਤੇ ਘੱਟ ਗਿਣਤੀ ਲੋਕਾਂ 'ਤੇ ਲਗਾਤਾਰ ਹਮਲੇ ਕਰ ਰਹੀ ਹੈ।ਖਾਸਕਰ ਦਲਿਤ ਸਮਾਜ 'ਤੇ ਘੋਰ ਅੱਤਿਆਚਾਰ ਕਰ ਰਹੀ। ਪਿਛਲੇ ਦਿਨੀਂ ਸੁਪਰੀਮ ਕੋਰਟ ਦੇ ਜੱਜ 'ਤੇ ਉਚ ਜਾਤ ਦੇ ਹੰਕਾਰੀ ਵਕੀਲ ਵੱਲੋਂ ਚਲਦੀ ਅਦਾਲਤ 'ਚ ਜੁੱਤੀ ਸੁੱਟੀ ਗਈ ਪਰ ਅਜੇ ਤੱਕ ਦੋਸ਼ੀਆਂ ਨੂੰ ਕੋਈ ਸਜ਼ਾ ਨਹੀਂ ਦਿੱਤੀ ਗਈ।ਇਸੇ ਤਰ੍ਹਾਂ ਹੀ ਔਰਤਾਂ/ਦਲਤਾਂ/ਮੁਸਲਮਾਨਾਂ/ ਇਸਾਈਆਂ ਆਦਿ ਤੇ ਲਗਾਤਾਰ ਹਮਲੇ ਹੋ ਰਹੇ ਹਨ।ਇਨ੍ਹਾਂ ਆਗੂਆਂ ਨੇ ਕਿਹਾ ਕਿ ਹੜ੍ਹਾਂ ਦੇ ਦੌਰਾਨ ਮੋਦੀ ਸਰਕਾਰ ਦੀ ਗਰੀਬ ਲੋਕਾਂ ਲਈ ਰਾਹਤ ਦੇਣ ਦੇ ਲਈ ਕੋਈ ਜ਼ੁਬਾਨ ਨਹੀਂ ਖੁੱਲੀ।ਉਨ੍ਹਾਂ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਵਿੱਚ ਕੋਈ ਅੰਤਰ ਨਹੀਂ। ਇਨ੍ਹਾਂ ਦੋਨਾਂ ਦੀਆਂ ਨੀਤੀਆਂ ਕਾਰਪੋਰੇਟ ਪੱਖੀ ਹਨ ਅਤੇ ਗਰੀਬ ਵਿਰੋਧੀ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਵਰ੍ਹੇ ਨੂੰ ਸਮਰਪਿਤ ਆਰ ਐੱਮ ਪੀ ਆਈ ਵੱਲੋਂ ਪਿੰਡ ਰਟੌਲ ਵਿਖੇ 17 ਨਵੰਬਰ ਨੂੰ ਕਾਨਫਰੰਸ ਕੀਤੀ ਜਾਵੇਗੀ।ਇਸ ਦੀਆਂ ਤਿਆਰੀਆਂ ਹੁਣ ਤੋਂ ਕਰਨ ਦਾ ਸੱਦਾ ਦਿੱਤਾ ਗਿਆ।ਇਸ ਮੌਕੇ ਕਰਮ ਸਿੰਘ ਪੰਡੋਰੀ, ਕੁਲਦੀਪ ਸਿੰਘ ਮਾਨੋਚਾਹਲ, ਸੁਖਦੇਵ ਸਿੰਘ ਜਵੰਦਾ, ਅੰਮ੍ਰਿਤਪਾਲ ਸਿੰਘ ਚੌਧਰੀਵਾਲਾ, ਮੀਨਾ ਕੌਰ ਸਰਪੰਚ ਚੀਮਾ ਖੁਰਦ, ਸਰਵਣ ਸਿੰਘ ਦੇਓ, ਸੁਰਜੀਤ ਸਿੰਘ ਦੇਓ, ਬੁੱਧ ਸਿੰਘ ਪੱਖੋਕੇ, ਗੁਰਭੇਜ ਸਿੰਘ ਪੱਖੋਕੇ, ਕੁਲਦੀਪ ਸਿੰਘ ਰਟੌਲ, ਜਸਬੀਰ ਕੌਰ ਕੈਰੋਵਾਲ, ਕੁਲਦੀਪ ਸਿੰਘ ਭੁੱਲਰ ਆਦਿ ਨੇ ਸੰਬੋਧਨ ਕੀਤਾ।




# ਰਿਜਨਲ ਯੂਥ ਕਲੱਬ ਪੰਡੋਰੀ ਬੈਂਸਾਂ ਵੱਲੋਂ ਹੜ੍ਹ ਪੀੜਤਾਂ ਦੇ 6 ਬਲਾਕਾਂ 'ਚ ਵੰਡੀਆਂ ਜਾਣਗੀਆਂ ਕਿਚਨ ਗਾਰਡਨ ਕਿੱਟਾਂ

**ਗੁਰਦਾਸਪੁਰ (ਜਨਕ ਮਹਾਜਨ)**- ਰਿਜਨਲ ਯੂਥ ਕਲੱਬ ਰਜਿ. ਪੰਡੋਰੀ ਬੈਂਸਾਂ ਗੁਰਦਾਸਪੁਰ ਵੱਲੋਂ ਗੁਰਦਾਸਪੁਰ ਦੇ ਹੜ੍ਹ ਪੀੜਿਤ ਇਲਾਕੇ ਦੇ 6 ਬਲਾਕਾਂ ਅੰਦਰ ਲੱਖਾਂ ਰੁਪਏ ਦੀਆਂ ਕਿਚਨ ਗਾਰਡ ਕਿੱਟਾਂ ਵੰਡਣ ਦੀਆਂ ਸੇਵਾਵਾਂ ਆਰੰਭ ਕਰ ਦਿੱਤੀਆਂ ਗਈਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਲੱਬ ਪ੍ਰਧਾਨ ਛੱਤਰਪਾਲ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਸਬੰਧੀ ਜ਼ਿਲ੍ਹਾ ਪ੍ਰਸ਼ਾਸਨ ਤੇ ਹੋਰ ਕੋਆਪ੍ਰੇਟਿਵ ਅਦਾਰਿਆਂ ਨਾਲ ਰਾਬਤਾ ਵੀ ਕਾਇਮ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਸਕੀਮ ਅਧੀਨ ਹਰ ਬਲਾਕ ਦੇ 100 ਪਿੰਡ ਲਏ ਜਾਣਗੇ ਅਤੇ ਇਸੇ ਸਕੀਮ ਤਹਿਤ 689 ਪਿੰਡਾਂ ਨੂੰ ਲਿਆਂਦਾ ਜਾਵੇਗਾ ਜਿਸ ਵਿਚ ਕੁੱਲ ਕਿਚਨ ਗਾਰਡ ਦੀ ਗਿਣਤੀ 68900 ਹੋਵੇਗੀ ਅਤੇ ਇਸ ਉੱਤੇ ਲਾਗਤ ਲਗਭਗ 58 ਲੱਖ ਰੁਪਏ ਕਰੀਬ ਲਾਗਤ ਆਵੇਗੀ। ਉਨ੍ਹਾਂ ਦੱਸਿਆ ਕਿ ਹਰ ਬੀਜ ਦੇ ਪੈਕੇਟ ਦਾ ਮੁੱਲ 83 ਰੁਪਏ ਹੋਵੇਗਾ ਅਤੇ ਇਸ ਸਕੀਮ ਅਧੀਨ ਬਲਾਕ ਦੀਨਾਨਗਰ, ਡੇਰਾ ਬਾਬਾ ਨਾਨਕ, ਫਤਿਹਗੜ੍ਹ ਚੂੜੀਆਂ, ਗੁਰਦਾਸਪੁਰ, ਦੋਰਾਂਗਲਾ ਤੇ ਕਲਾਨੌਰ ਸ਼ਾਮਿਲ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਕਾਰਜ ਵਿਚ ਗੁਰਦਾਸਪੁਰ ਕੋਆਪ੍ਰੇਟਿਵ ਬੈਂਕ ਕਰਮਚਾਰੀ ਯੂਨੀਅਨ ਨੇ 16000 ਰੁਪਏ ਦਾ ਯੋਗਦਾਨ ਪਾਇਆ ਹੈ। ਇਸ ਸਕੀਮ ਤਹਿਤ ਦੀਨਾਨਗਰ ਬਲਾਕ 'ਚ 117 ਪਿੰਡਾਂ ਵਿਚ 11700 ਕਿਚਨ ਗਾਰਡਨ ਲਗਾਏ ਜਾਣਗੇ ਅਤੇ ਇਸੇ ਤਰ੍ਹਾਂ ਡੇਰਾ ਬਾਬਾ ਨਾਨਕ ਬਲਾਕ ਦੇ 124, ਪਿੰਡਾਂ ਫਤਿਹਗੜ੍ਹ ਚੂੜੀਆਂ 'ਚ 79 ਪਿੰਡਾਂ, ਗੁਰਦਾਸਪੁਰ ਦੇ 190 ਪਿੰਡਾਂ, ਦੋਰਾਂਗਲਾ ਦੇ 184 ਪਿੰਡਾਂ ਅਤੇ ਕਲਾਨੌਰ ਦੇ 95 ਪਿੰਡਾਂ ਅੰਦਰ 9500 ਦੇ ਕਰੀਬ ਕਿਚਨ ਗਾਰਡਨ ਸਥਾਪਤ ਕੀਤੇ ਜਾਣਗੇ। ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਭੁਪਿੰਦਰ ਸਿੰਘ ਗਿੱਲ, ਭਾਈ ਮਨਿੰਦਰ ਸਿੰਘ, ਸੁਰਿੰਦਰ ਸਿੰਘ ਬਿੱਟੂ, ਕਾਬਲ ਸਿੰਘ, ਮੋਹਨ ਸਿੰਘ, ਸੂਬੇਦਾਰ ਰਮੇਸ਼ ਚੰਦਰ ਅਤੇ ਸੂਬੇਦਾਰ ਹਰੀ ਓਮ ਆਦਿ ਹਾਜ਼ਰ ਸਨ।



# 3 ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਦੀਨਾਨਗਰ ਦੇ ਏਐੱਸਆਈ ਰਵਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਸ਼ੂਗਰ ਮਿੱਲ ਪਨਿਆੜ ਵਿਖੇ ਨਾਕਾਬੰਦੀ ਕਰਕੇ ਵਹੀਕਲਾਂ ਦੀ ਚੈਕਿੰਗ ਕਰ ਰਹੇ ਸੀ ਕਿ ਪਠਾਨਕੋਟ ਸਾਇਡ ਤੋਂ ਇਕ ਥਾਰ ਗੱਡੀ ਜਿਸ ਨੂੰ ਆਕਾਸ਼ ਰਾਣਾ ਪੁੱਤਰ ਧਰਮ ਸਿੰਘ ਵਾਸੀ ਭਵਨੌਰ ਥਾਣਾ ਤਲਵਾੜਾ ਜ਼ਿਲ੍ਹਾ ਹੁਸ਼ਿਆਰਪੁਰ ਚਲਾ ਰਿਹਾ ਸੀ, ਨੂੰ ਰੋਕ ਕੇ ਗੱਡੀ ਦੀ ਤਲਾਸ਼ੀ ਲਈ ਤਾਂ ਆਕਾਸ਼ ਕੋਲੋਂ 9 ਗ੍ਰਾਮ 31 ਮਿਲੀਗ੍ਰਾਮ ਚਰਸ ਬ੍ਰਾਮਦ ਹੋਈ ਹੈ। ਇਸੇ ਤਰ੍ਹਾਂ ਥਾਣਾ ਬਹਿਰਾਮਪੁਰ ਪੁਲਸ ਦੇ ਐੱਸ. ਆਈ. ਰਮਨ ਕੁਮਾਰ ਨੇ ਸਮੇਤ ਪੁਲਸ ਪਾਰਟੀ ਸਰਕਾਰੀ ਹਸਪਤਾਲ ਪੁਲੀ ਬਹਿਰਾਮਪੁਰ ਤੋਂ ਅਰਜੁਨ ਕੁਮਾਰ ਉਰਫ ਅੰਕੂ ਪੁੱਤਰ ਕਰਤਾਰ ਚੰਦ ਵਾਸੀ ਮਜੀਠੀ ਜੋ ਲੁਕ-ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ, ਜਿਸ ਪਾਸੋਂ ਇਕ ਸਿਲਵਰ ਪੇਪਰ, ਲਾਈਟਰ ਅਤੇ 10 ਰੁਪਏ ਦਾ ਨੋਟ ਬ੍ਰਾਮਦ ਹੋਇਆ ਹੈ। ਇਸੇ ਤਰ੍ਹਾਂ ਥਾਣਾ ਧਾਰੀਵਾਲ ਦੇ ਏਐੱਸਆਈ ਰਮੇਸ਼ ਕੁਮਾਰ ਨੇ ਸਮੇਤ ਪੁਲਸ ਪਾਰਟੀ ਮੁੱਖਬਰ ਖਾਸ ਦੀ ਇਤਲਾਹ 'ਤੇ ਇਕ ਔਰਤ ਦੇ ਘਰ ਰੇਡ ਕਰਕੇ ਉਕਤ ਔਰਤ ਨੂੰ 13,500 ਐੱਮ. ਐੱਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਪੁਲਸ ਇਨ੍ਹਾਂ ਤਿੰਨਾਂ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।



# ਬੋਲਚਾਲ ਦੀ ਕਲਾ 'ਚ ਉਦੈਵੀਰ ਸਿੰਘ ਨੇ ਲੋਕਾਂ ਦਾ ਦਿਲ ਜਿੱਤਿਆ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਰਾਸ਼ਟਰੀ ਵਿਗਿਆਨ ਕੇਂਦਰ (ਰਾਸ਼ਟਰੀ ਵਿਗਿਆਨ ਅਜਾਇਬਘਰ ਪਰਿਸ਼ਦ), ਸੰਸਕ੍ਰਿਤੀ ਮੰਤਰਾਲਾ, ਭਾਰਤ ਸਰਕਾਰ ਨਵੀਂ ਦਿੱਲੀ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਕਵਾਂਟਮ ਯੁੱਗ ਦੀ ਸ਼ੁਰੂਆਤ: ਸੰਭਾਵਨਾਵਾਂ ਅਤੇ ਚੁਣੌਤੀਆਂ ਵਿਸ਼ੇ 'ਤੇ ਇਕ ਸੈਮੀਨਾਰ ਬਲਾਕ ਪੱਧਰ 'ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੱਗੋਬੂਆ, ਗੰਡੀਵਿੰਡ, ਤਰਨ ਤਾਰਨ ਵੱਲੋਂ ਆਯੋਜਿਤ ਕੀਤਾ ਗਿਆ।ਇਸ ਦੇ ਤਤਕਾਲ ਬਾਅਦ 6 ਅਕਤੂਬਰ (ਸੋਮਵਾਰ) ਨੂੰ ਜ਼ਿਲ੍ਹਾ ਪੱਧਰ ਦਾ ਸੈਮੀਨਾਰ ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਾਰ ਗਰਲਜ਼, ਤਰਨ ਤਾਰਨ ਵਿੱਚ ਕਰਵਾਇਆ ਗਿਆ।ਹਾਵਰਡ ਲੇਨ ਸੀਨੀਅਰ ਸਕੂਲ, ਠੱਠਾ ਝਬਾਲ ਦੇ ਦਸਵੀਂ ਜਮਾਤ ਦੇ ਵਿਦਿਆਰਥੀ ਉਦੈਵੀਰ ਸਿੰਘ ਨੇ ਆਪਣੀ ਸ਼ਾਨਦਾਰ ਬੋਲਚਾਲ ਦੀ ਕਲਾ ਨਾਲ ਬਲਾਕ ਪੱਧਰ 'ਤੇ ਪਹਿਲਾ ਸਥਾਨ ਅਤੇ ਜ਼ਿਲ੍ਹਾ ਪੱਧਰ 'ਤੇ ਦੂਜਾ ਸਥਾਨ ਹਾਸਲ ਕਰਦੇ ਹੋਏ ਸਾਰੇ ਮੁਕਾਬਲੇ ਵਿੱਚ ਆਪਣੀ ਕਲਾ ਦਾ ਲੋਹਾ ਮੰਨਵਾਇਆ।

# ਗੁਰਦਾਸਪੁਰ ਤੋਂ ਬਹਿਰਾਮਪੁਰ ਨੂੰ ਜਾਣ ਵਾਲੀ ਸੜਕ ਕੰਢੇ ਪਏ ਵੱਡੇ-ਵੱਡੇ ਪਾੜ, ਕਿਸੇ ਵੇਲੇ ਵੀ ਵਾਪਰ ਸਕਦਾ ਭਿਆਨਕ ਹਾਦਸਾ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ-ਬਹਿਰਾਮਪੁਰ ਸੜਕ ਵਿਚਕਾਰ ਪੈਂਦੇ ਪਿੰਡ ਡਾਲਾ ਅਤੇ ਸੜਕ ਕੰਡੇ ਕਈ ਥਾਵਾਂ 'ਤੇ ਪਾੜ ਪੈਣ ਕਰਕੇ ਕਿਸੇ ਵੇਲੇ ਵੀ ਕੋਈ ਹਾਦਸਾ ਵਾਪਰ ਸਕਦਾ ਹੈ। ਇਸ ਪਾਸੇ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਦਾ ਧਿਆਨ ਨਾ ਹੋਣ ਕਰਕੇ ਲੋਕਾਂ ਦਾ ਪ੍ਰਸ਼ਾਸਨ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦੇ ਹੋਏ ਇਲਾਕਾ ਵਾਸੀ ਗੁਰਮੀਤ ਸਿੰਘ, ਮਨਪ੍ਰੀਤ ਸਿੰਘ, ਬਖਸ਼ੀਸ਼ ਸਿੰਘ, ਸੁਲੱਖਣ ਸਿੰਘ, ਜਗੀਰ ਸਿੰਘ ਨੇ ਦੱਸਿਆ ਕਿ ਪਿਛਲੇ ਦਿਨੀਂ ਆਏ ਹੜ੍ਹਾਂ ਕਾਰਨ ਸੜਕ 'ਤੇ ਪਾਣੀ ਆਉਣ ਕਾਰਨ ਇਸ ਜਗ੍ਹਾ 'ਤੇ ਸੜਕ ਦਾ ਕੁਝ ਹਿੱਸਾ ਰੁੜ੍ਹ ਗਿਆ ਸੀ ਜਿਸ ਨੂੰ ਲੋਕ ਨਿਰਮਾਣ ਵਿਭਾਗ ਨੇ ਥੋੜੀ ਬਹੁਤੀ ਮਿੱਟੀ ਪਵਾ ਕੇ ਸੜਕ ਨੂੰ ਚਾਲੂ ਕਰਵਾ ਦਿੱਤਾ ਸੀ ਪਰ ਮੀਂਹ ਫਿਰ ਆਉਣ ਕਾਰਨ ਸੜਕ ਦੇ ਕੁਝ ਹਿੱਸੇ ਵਿੱਚ ਦੁਬਾਰਾ ਕਾਫੀ ਵੱਡੇ ਪਾੜ ਪੈ ਚੁੱਕੇ ਹਨ ਜਿਨ੍ਹਾਂ ਦਾ ਰਾਤ ਸਮੇਂ ਕਈ ਵਾਰ ਪਤਾ ਨਹੀਂ ਲੱਗਦਾ। ਦੋਪਹੀਆ ਵਾਹਨ ਚਾਲਕਾਂ ਦਾ ਇਥੋਂ ਲੰਘਣਾ ਕਿਸੇ ਖਤਰੇ ਤੋਂ ਖਾਲੀ ਨਹੀਂ ਅਤੇ ਕਿਸੇ ਵੇਲੇ ਵੀ ਕੋਈ ਜਾਨੀ ਅਤੇ ਮਾਲੀ ਨੁਕਸਾਨ ਹੋ ਸਕਦਾ ਹੈ। ਗੁਰਦਾਸਪੁਰ ਤੋਂ ਬਹਿਰਾਮਪੁਰ ਤੱਕ 12 ਕਿਲੋਮੀਟਰ ਸੜਕ ਦੇ ਕੰਢੇ ਕਈ ਥਾਵਾਂ 'ਤੇ ਅਜਿਹੇ ਪਾੜ ਪੈ ਚੁੱਕੇ ਹਨ ਜਿਨ੍ਹਾਂ ਨੂੰ ਸਮਾਂ ਰਹਿੰਦੇ ਨਾ ਪੂਰਿਆ ਗਿਆ ਤਾਂ ਇਹ ਕਿਸੇ ਵੱਡੇ ਹਾਦਸੇ ਨੂੰ ਸੱਦਾ ਦੇ ਸਕਦੇ ਹਨ। ਇਲਾਕਾ ਵਾਸੀਆਂ ਨੇ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਪਿੰਡ ਡਾਲਾ ਅਤੇ ਹੋਰਨਾਂ ਥਾਵਾਂ 'ਤੇ ਸੜਕੇ ਕੰਢੇ ਪਏ ਪਾੜਾਂ ਨੂੰ ਜਲਦ ਤੋਂ ਜਲਦ ਪੂਰਿਆ ਜਾਵੇ ਤਾਂ ਜੋ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ।



# ਪੰਧੇਰ ਕਾਲਜ ਵਿਖੇ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਦਿਹਾੜਾ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਸ੍ਰੀ ਗੁਰੂ ਰਾਮਦਾਸ ਗਰੁੱਪ ਆਫ ਇੰਸਟੀਟਿਊਟਸ ਪੰਧੇਰ ਦੇ ਗੁਰਦਵਾਰਾ ਸਾਹਿਬ ਵਿਖੇ ਮਨਾਇਆ ਗਿਆ। ਤਿੰਨ ਰੋਜ਼ ਚੱਲੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਵੱਖ-ਵੱਖ ਕਾਲਜਾਂ ਨੇ ਸਮਾਗਮ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਭਾਈ ਅੰਗਰੇਜ਼ ਸਿੰਘ ਹਜ਼ੂਰੀ ਰਾਗੀ ਜਥਾ ਗੁਰਦਵਾਰਾ ਗੁਰੂ ਕਾ ਬਾਗ਼ ਦੇ ਕੀਰਤਨੀ ਜਥਿਆਂ ਵੱਲੋਂ ਗੁਰਬਾਣੀ ਦਾ ਕੀਰਤਨ ਕੀਤਾ ਗਿਆ। ਕਥਾਵਾਚਕ ਭਾਈ ਮਨਦੀਪ ਸਿੰਘ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ ਵੱਲੋਂ ਕਥਾ ਵਿਚਾਰ ਕੀਤੀਆਂ ਗਈਆਂ ਅਤੇ ਗੁਰੂ ਰਾਮਦਾਸ ਜੀ ਦੇ ਜੀਵਨ ਅਤੇ ਇਤਿਹਾਸ ਬਾਰੇ ਜਾਣਕਾਰੀ ਦਿੱਤੀ ਗਈ।ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਅਤੇ ਸਾਰੇ ਕਾਲਜਾਂ ਦੇ ਪ੍ਰਿੰਸੀਪਲਾਂ ਨੇ ਸ੍ਰੀ ਗੁਰੂ ਰਾਮਦਾਸ ਜੀ ਦੀਆਂ ਸਿੱਖਿਆਵਾਂ 'ਤੇ ਚਾਨਣਾ ਪਾਇਆ ਅਤੇ ਨਿਮਰਤਾ, ਦਇਆ ਅਤੇ ਮਨੁੱਖਤਾ ਪ੍ਰਤੀ ਸਮਰਪਣ 'ਤੇ ਜ਼ੋਰ ਦਿੱਤਾ।ਸਮਾਗਮ ਦੇ ਅੰਤ ਵਿੱਚ ਚੇਅਰਪਰਸਨ ਹਰਜਿੰਦਰ ਪਾਲ ਕੌਰ ਕੰਗ ਨੇ ਸਭ ਨੂੰ ਗੁਰਪੁਰਬ ਦੀ ਵਧਾਈ ਦਿੱਤੀ। ਸਮਾਗਮ ਏਕਤਾ, ਅਧਿਆਤਮਿਕਤਾ ਅਤੇ ਸ਼ੁਕਰਗੁਜ਼ਾਰੀ ਦੇ ਦਿਲੋਂ ਸੰਦੇਸ਼ ਨਾਲ ਸਮਾਪਤ ਹੋਇਆ। ਐੱਸ. ਜੀ. ਆਰ. ਡੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਪੰਧੇਰ ਨੇ ਇੱਕ ਵਾਰ ਫਿਰ ਅਕਾਦਮਿਕ ਉਤਮਤਾ ਦੇ ਨਾਲ-ਨਾਲ ਅਧਿਆਤਮਿਕ ਅਤੇ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਸੁਰੱਖਿਅਤ ਰੱਖਣ ਵਾਲੀ ਵਚਨਬੱਧਤਾ ਦਾ ਪ੍ਰਦਰਸ਼ਨ ਕੀਤਾ।ਇਸ ਮੌਕੇ ਡਾ. ਗੁਲਵਤਨ ਸਿੰਘ ਕੰਗ, ਡਾ. ਆਨੰਦਜੀਤ ਕੌਰ, ਐਡਵੋਕੇਟ ਮਨਦੀਪ ਸਿੰਘ ਬੋਪਾਰਾਏ, ਪ੍ਰਿੰ. ਡਾ. ਅਨਮੋਲਦੀਪ ਕੌਰ, ਡਾ. ਮੀਨੂੰ ਚੌਧਰੀ, ਸੁਪਨਦੀਪ ਕੌਰ, ਮੀਨਾਕਸ਼ੀ ਮਹਿਤਾ ਸਮੇਤ ਸ਼ਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।ਇਸ ਮੌਕੇ ਚਾਹ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ।



# ਕਰਵਾ ਚੌਥ 'ਤੇ ਨਵੇਂ ਨੈਕਲੇਸ ਸੈੱਟਸ ਤੇ ਮੰਗਲਸੂਤਰ ਦਾ ਸ਼ਾਨਦਾਰ ਕਲੈਕਸ਼ਨ

**ਲੁਧਿਆਣਾ**- ਓਰਾ ਫਾਈਨ ਜਿਊਲਰੀ ਬਹੁਤ ਹੀ ਮਾਨ ਨਾਲ ਪੇਸ਼ ਕਰ ਰਿਹਾ ਹੈ ਆਪਣੇ ਖ਼ੂਬਸੂਰਤ ਨੈਕਲੇਸ ਸੈਟਸ ਅਤੇ ਨਵੇਂ ਮੰਗਲਸੂਤਰ ਡਿਜਾਇਨਾਂ ਦਾ ਖਾਸ ਕਲੈਕਸ਼ਨ। ਕਰਵਾ ਚੌਥ ਪਿਆਰ ਅਤੇ ਸਮਰਪਣ ਦਾ ਖ਼ੂਬਸੂਰਤ ਪ੍ਰਤੀਕ ਹੈ, ਅਤੇ ਓਰਾ ਦਾ ਨਵਾਂ ਕਲੈਕਸ਼ਨ ਇਸੇ ਗੂੜ੍ਹੇ ਭਾਵ ਨਾਲ ਭਰਿਆ ਹੈ। ਇਸ ਦੇ ਸ਼ਾਨਦਾਰ ਨੈਕਲੇਸ ਸੈਟਸ, ਨਾਜੁਕ ਡਾਇਮੰਡ ਡਿਜਾਇਨਾਂ ਤੋਂ ਲੈ ਕੇ ਖ਼ੂਬਸੂਰਤ ਗੋਲਡ ਜਿਊਲਰੀ ਤੱਕ ਇਹ ਕਰਵਾ ਚੌਥ ਦੀ ਪੂਜਾ ਅਤੇ ਚੰਨ੍ਹ ਦੇਖਣ ਦੀ ਰਸਮ ਦੇ ਲਈ ਇੱਕਦਮ ਪਰਫੈਕਟ ਹਨ। ਹਰ ਸੈੱਟ ਨੂੰ ਇਸ ਤਰ੍ਹਾਂ ਨਾਲ ਬਣਾਇਆ ਗਿਆ ਹੈ ਕਿ ਉਹ ਤੁਹਾਡੇ ਤਿਉਹਾਰੀ ਲੁੱਕ ਨੂੰ ਹੋਰ ਨਿਖਾਰ ਦੇਵੇ।

## ਭਲਾਈ ਕੇਂਦਰ ਵੱਲੋਂ ਨਗਰ ਕੀਰਤਨ ਦਾ ਸਵਾਗਤ

**ਸ੍ਰੀ ਅੰਮ੍ਰਿਤਸਰ ਸਾਹਿਬ (ਜਗਦੀਸ਼ ਕਮਲੇਸ਼)**- ਗੁਰੂ ਰਾਮਦਾਸ ਸਾਹਿਬ ਦੇ ਆਗਮਨ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਦਰਬਾਰ ਸਾਹਿਬ ਵਲੋਂ ਕਢੇ ਗਏ ਨਗਰ ਕੀਰਤਨ ਦਾ ਹਾਥੀ ਗੇਟ ਪਹੁੰਚਣ 'ਤੇ ਬੀਬੀ ਕੌਲਾਂ ਭਲਾਈ ਕੇਂਦਰ ਟਰੱਸਟ ਭਾਈ ਗੁਰਇਕਬਾਲ ਸਿੰਘ ਵਲੋਂ ਭਰਪੂਰ ਸਵਾਗਤ ਕੀਤਾ ਗਿਆ । ਇਸ ਮੌਕੇ ਭਾਈ ਗੁਰਇਕਬਾਲ ਸਿੰਘ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਫੁਲਾਂ ਦੀ ਵਰਖਾ ਅਤੇ ਜੈਕਾਰਿਆਂ ਦੀ ਗੂੰਜ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਨਗਰ ਕੀਰਤਨ ਵਿੱਚ ਆਈਆਂ ਸੰਗਤਾਂ ਲਈ ਗੁਰੂ ਦੇ ਲੰਗਰ ਲਗਾਏ ਗਏ । ਬੀਬੀ ਕੌਲਾਂ ਭਲਾਈ ਕੇਂਦਰ ਅਧੀਨ ਮਾਤਾ ਸੁਲੱਖਣੀ ਭਲਾਈ ਕੇਂਦਰ ਵਲੋਂ ਡਾ ਸੁਰਜੀਤ ਸਿੰਘ ਦਾਲਮ ਵਾਲਿਆਂ ਦੀ ਟੀਮ ਵੱਲੋਂ ਮੈਡੀਕਲ ਕੈਂਪ ਵੀ ਲਗਾਇਆ ਗਿਆ।



# ਸਿੱਖਿਆ ਵਿਭਾਗ ਵੱਲੋਂ ਮਾਪੇ-ਅਧਿਆਪਕ ਮਿਲਣੀ ਦੇ ਸਮੇਂ ਵਿੱਚ ਤਬਦੀਲੀ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**- ਸਿੱਖਿਆ ਵਿਭਾਗ ਪੰਜਾਬ ਵਲੋਂ ਸਰਕਾਰੀ ਸਕੂਲਾਂ ਅੰਦਰ ਸਿੱਖਿਆ ਹਾਸਲ ਕਰ ਰਹੇ ਵਿਦਿਆਰਥੀਆਂ ਦੀ ਵਿੱਦਿਅਕ ਅਤੇ ਸਹਾਇਕ ਵਿੱਦਿਅਕ ਗਤੀਵਿਧੀਆਂ ਸੰਬੰਧੀ ਕਾਰਗੁਜ਼ਾਰੀ ਤੋਂ ਮਾਪਿਆਂ ਨੂੰ ਜਾਣੂੰ ਕਰਵਾਉਣ ਲਈ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ 13 ਅਕਤੂਬਰ ਨੂੰ ਕਰਵਾਈ ਜਾਣ ਵਾਲੀ ਮਾਪੇ-ਅਧਿਆਪਕ ਮਿਲਣੀ ਦੇ ਸਮੇਂ ਵਿੱਚ ਤਬਦੀਲੀ ਕਰਦਿਆਂ ਹੁਣ 17 ਅਕਤੂਬਰ ਨੂੰ ਮਾਪੇ ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਜਾਵੇਗਾ। ਇਸ ਸੰਬੰਧੀ ਰਜੇਸ਼ ਕੁਮਾਰ ਸ਼ਰਮਾ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ), ਕੰਵਲਜੀਤ ਸਿੰਘ ਸੰਧੂ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿੱ), ਰਜੇਸ਼ ਖੰਨਾ ਅਤੇ ਸ਼੍ਰੀਮਤੀ ਇੰਦੂ ਬਾਲਾ ਮੰਗੋਤਰਾ (ਦੋਵੇਂ ਡਿਪਟੀ ਡੀ.ਈ.ਓ.) ਨੇ ਸਾਂਝੇ ਤੌਰ 'ਤੇ ਦੱਸਿਆ ਕਿ 17 ਅਕਤੂਬਰ ਨੂੰ ਜ਼ਿਲ੍ਹੇ ਦੇ ਸਮੂਹ ਸਰਕਾਰੀ ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਹੋਣ ਵਾਲੀ ਮਾਪੇ-ਅਧਿਆਪਕ ਮਿਲਣੀ ਦੌਰਾਨ ਪਹਿਲੀ ਤੋਂ ਪੰਜਵੀ, ਛੇਵੀਂ ਤੋਂ ਅੱਠਵੀਂ ਅਤੇ ਨੌਵੀਂ ਤੋਂ ਦਸਵੀਂ ਕਮਾਤ ਦੇ ਬੱਚਿਆਂ ਦੀ ਸਤੰਬਰ ਮਹੀਨੇ ਵਿੱਚ ਹੋਈ ਟਰਮ ਪ੍ਰੀਖਿਆ-1 ਦੀ ਪ੍ਰਗਤੀ ਬਾਰੇ ਮਾਪਿਆਂ ਨਾਲ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਅਤੇ ਹੋਰ ਉਪਲਬਧੀਆਂ ਸੰਬੰਧੀ ਵਿਚਾਰ ਚਰਚਾ ਹੋਵੇਗੀ। ਉਨ੍ਹਾਂ ਦੱਸਿਆ ਕਿ ਮਾਪੇ-ਅਧਿਆਪਕ ਮਿਲਣੀ ਦਾ ਸਮਾਂ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ ਹੋਵੇਗਾ। ਇਸ ਸਮੇਂ ਪਰਮਿੰਦਰ ਸਿੰਘ ਸਰਪੰਚ ਜ਼ਿਲ੍ਹਾ ਮੀਡੀਆ ਕੋਆਰਡੀਨੇਟਰ, ਕਰਨਦੀਪ ਸਿੰਘ ਜ਼ਿਲ੍ਹਾ ਐੱਮ.ਆਈ.ਐੱਸ. ਕੋਆਰਡੀਨੇਟਰ, ਰੁਪਿੰਦਰ ਸਿੰਘ ਏ.ਪੀ.ਸੀ. (ਜਨਰਲ) ਸਮੇਤ ਹੋਰ ਸਿੱਖਿਆ ਕਰਮਚਾਰੀ ਹਾਜਰ ਸਨ।





# 69ਵੀਆਂ ਜ਼ਿਲ੍ਹਾ ਪੱਧਰੀ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਬੀਤੇ ਦਿਨੀਂ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਗੋਇੰਦਵਾਲ ਸਾਹਿਬ ਦੇ ਵਿਦਿਆਰਥੀਆਂ ਨੇ 69ਵੀਆਂ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਹ ਖੇਡ ਮੁਕਾਬਲੇ ਮਹਾਰਾਜਾ ਰਣਜੀਤ ਸਿੰਘ ਸਕੂਲ, ਤਰਨ ਤਾਰਨ ਵਿਖੇ ਜ਼ਿਲ੍ਹਾ ਖੇਡ ਕੋਆਰਡੀਨੇਟਰ ਸ. ਜੁਗਰਾਜ ਸਿੰਘ ਅਤੇ ਏਈਓ ਮਨਿੰਦਰ ਸਿੰਘ ਦੀ ਦੇਖ ਰੇਖ ਹੇਠਾਂ ਕਰਵਾਏ ਗਏ।ਮੁਕਾਬਲਿਆਂ ਵਿੱਚ ਤਰਨ ਤਾਰਨ ਜ਼ਿਲ੍ਹੇ ਦੇ ਦਸ ਜ਼ੋਨਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ।ਮੁਕਾਬਲੇ ਬਹੁਤ ਕਠਿਨ ਹੋਣ ਦੇ ਬਾਵਜੂਦ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦੇ ਖਿਡਾਰੀਆਂ ਨੇ ਆਪਣੇ ਕੋਚ ਸੁਖਵਿੰਦਰ ਸਿੰਘ ਅਤੇ ਰੇਸ਼ਮ ਸਿੰਘ ਦੀ ਸਹੀ ਸੇਧ ਸਦਕਾ ਕ੍ਰਿਕਟ ਅੰਡਰ-14 (ਲੜਕੇ) ਵਿੱਚ ਗੁਰਕਮਲ ਸਿੰਘ ਸੱਤਵੀਂ ਜਮਾਤ, ਜਪਨੂਰ ਸਿੰਘ, ਨਿਸ਼ਾਨ ਸਿੰਘ ਅਤੇ ਨਵਕੀਰਤ ਸਿੰਘ ਅੱਠਵੀਂ ਜਮਾਤ ਨੇ ਦੂਸਰਾ ਸਥਾਨ ਅਤੇ ਅੰਡਰ-19 ਕ੍ਰਿਕਟ ਵਿੱਚ ਆਯੂਸ਼ ਮੌਰਿਆ ਅਤੇ ਅਮਨਦੀਪ ਸਿੰਘ ਨੌਵੀਂ ਜਮਾਤ, ਅਰਵਿੰਦਰਜੋਤ ਸਿੰਘ ਗਿਆਰਵੀਂ ਜਮਾਤ, ਹਰਸ਼ਦੀਪ ਸਿੰਘ ਦਸਵੀਂ ਜਮਾਤ ਨੇ ਦੂਸਰਾ ਸਥਾਨ ਹਾਸਲ ਕਰਕੇ ਆਪਣੇ ਸਕੂਲ ਦਾ ਨਾਂ ਪੂਰੇ ਤਰਨ ਤਾਰਨ ਜ਼ਿਲ੍ਹੇ ਵਿੱਚ ਰੌਸ਼ਨ ਕੀਤਾ। ਚੁਣੇ ਹੋਏ ਖਿਡਾਰੀ ਹੁਣ ਰਾਜ ਪੱਧਰੀ ਖੇਡਾਂ ਵਿੱਚ ਹਿੱਸਾ ਲੈਣਗੇ।

# ਡੀ ਓ ਏ, ਸੀ ਐੱਨ ਆਈ ਕ੍ਰਿਸਮਸ 'ਤੇ ਵਿਸ਼ਾਲ ਮਸੀਹੀ ਚੇਤਨਾ ਯਾਤਰਾ ਕੱਢੇਗੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਕ੍ਰਿਸਮਸ ਦੇ ਵਿਸ਼ਵਵਿਆਪੀ ਸੰਦੇਸ਼ ਅਤੇ ਇਸ ਨੂੰ ਦੁਨੀਆ ਭਰ ਦੇ ਲੋਕਾਂ ਵਿਚਕਾਰ ਫੈਲਾਉਣ ਦੀ ਜ਼ਰੂਰਤ ਨੂੰ ਧਿਆਨ ਵਿੱਚ ਰੱਖਦੇ ਹੋਏ ਡਾਇਓਸਿਸ ਆਫ਼ ਅੰਮ੍ਰਿਤਸਰ, ਚਰਚ ਆਫ਼ ਨੌਰਥ ਇੰਡੀਆ (ਸੀ ਐਨ ਆਈ), ਇਸ ਸਾਲ ਕ੍ਰਿਸਮਸ ਤੋਂ ਪਹਿਲਾਂ ਮਸੀਹੀ ਚੇਤਨਾ ਯਾਤਰਾ ਦਾ ਆਯੋਜਨ ਕਰੇਗੀ। ਇਹ ਜਾਣਕਾਰੀ ਸਾਂਝੀ ਕਰਦੇ ਹੋਏ ਅੰਮ੍ਰਿਤਸਰ ਡਾਇਓਸਿਸਨ ਟਰੱਸਟ ਐਸੋਸੀਏਸ਼ਨ ਦੇ ਸਕੱਤਰ ਡੈਨੀਅਲ ਬੀ ਦਾਸ ਨੇ ਦੱਸਿਆ ਕਿ ਮਸੀਹੀ ਚੇਤਨਾ ਯਾਤਰਾ ਡਾਇਓਸਿਸ ਦੇ ਕ੍ਰਿਸਮਸ ਜਸ਼ਨਾਂ ਦੇ ਹਿੱਸੇ ਵਜੋਂ ਇੱਕ ਸਾਲਾਨਾ ਸਮਾਗਮ ਹੈ, ਜਿਸ ਵਿੱਚ ਸਾਰੇ ਧਰਮਾਂ ਦੇ ਲੋਕ ਸ਼ਾਮਲ ਹੁੰਦੇ ਹਨ। ਉਨ੍ਹਾਂ ਕਿਹਾ, ਮਸੀਹੀ ਚੇਤਨਾ ਯਾਤਰਾ ਦਾ ਉਦੇਸ਼ ਅੰਤਰ-ਧਰਮ ਸਦਭਾਵਨਾ ਨੂੰ ਉਤਸ਼ਾਹਿਤ ਕਰਨਾ ਅਤੇ ਪਿਆਰ, ਸ਼ਾਂਤੀ ਅਤੇ ਏਕਤਾ ਦਾ ਸੰਦੇਸ਼ ਫੈਲਾਉਣਾ ਹੈ। ਇਸ ਭਾਵਨਾ ਦੇ ਅੰਤਰਗਤ, ਡਾਇਓਸਿਸ ਦੇ ਮਾਝਾ ਸੇਵਕ ਸੰਘ ਦੀ ਟੀਮ ਨੇ ਆਉਣ ਵਾਲੇ ਕ੍ਰਿਸਮਸ ਜਸ਼ਨਾਂ ਦੀ ਯੋਜਨਾ ਬਣਾਉਣ ਅਤੇ ਤਿਆਰੀ ਕਰਨ ਲਈ ਇਕ ਮੁਲਾਕਾਤ ਕੀਤੀ। ਮੀਟਿੰਗ ਦੌਰਾਨ ਮੈਂਬਰਾਂ ਨੇ ਵੱਖ-ਵੱਖ ਆਊਟਰੀਚ ਗਤੀਵਿਧੀਆਂ, ਕੁਆਇਰ ਪ੍ਰਦਰਸ਼ਨ, ਚੈਰੀਟੇਬਲ ਸਮਾਗਮਾਂ ਅਤੇ ਕਮਿਊਨਿਟੀ ਫੈਲੋਸ਼ਿਪ ਪ੍ਰੋਗਰਾਮਾਂ 'ਤੇ ਚਰਚਾ ਕੀਤੀ।

# ਕੈਬਨਿਟ ਮੰਤਰੀ ਕਟਾਰੂਚੱਕ ਨੇ ਤਿੰਨ ਸੜਕਾਂ ਦਾ ਰੱਖਿਆ ਨੀਂਹ ਪੱਥਰ




**ਪਠਾਨਕੋਟ (ਦਵਿੰਦਰ ਸਿੰਘ)**- ਵਿਧਾਨ ਸਭਾ ਹਲਕਾ ਭੋਆ ਦੀਆਂ ਤਿੰਨ ਸੜਕਾਂ ਦੇ ਨਿਰਮਾਣ ਕਾਰਜ ਸ਼ੁਰੂ ਕਰਵਾਏ ਗਏ, ਇਸ ਤੋਂ ਹੋਰ ਵੀ ਸੜਕਾਂ ਦੇ ਨਿਰਮਾਣ ਦੇ ਲਈ ਪੰਜਾਬ ਸਰਕਾਰ ਵੱਲੋਂ ਦਿਲ ਖੋਲ੍ਹ ਕੇ ਫੰਡ ਜਾਰੀ ਕੀਤੇ ਗਏ ਹਨ। ਭਵਿੱਖ ਵਿੱਚ ਬਹੁਤ ਜਲਦੀ ਹੀ ਉਨ੍ਹਾਂ ਸਾਰੀਆਂ ਸੜਕਾਂ ਦਾ ਵੀ ਨਵਨਿਰਮਾਣ ਕੀਤਾ ਜਾਵੇਗਾ ਜੋ ਹੜ੍ਹਾਂ ਦੇ ਨਾਲ ਪ੍ਰਭਾਵਤ ਹੋਈਆਂ ਹਨ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਵਿਧਾਨ ਸਭਾ ਹਲਕਾ ਭੋਆ ਦੀਆਂ ਤਿੰਨ ਸੜਕਾਂ ਦਾ ਵੱਖ ਵੱਖ ਸਥਾਨਾਂ 'ਤੇ ਨੀਂਹ ਪੱਥਰ ਰੱਖਣ ਮਗਰੋਂ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਕੁਮਾਰ ਸੈਣੀ ਜ਼ਿਲ੍ਹਾ ਪ੍ਰਧਾਨ ਵੀ ਸੀ ਵਿੰਗ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਰਜਿੰਦਰ ਭਿੱਲਾ ਬਲਾਕ ਪ੍ਰਧਾਨ, ਰਜਿੰਦਰ ਕੌਰ ਸਰਪੰਚ ਆਸਾ ਬਾਨੋ, ਮੈਂਬਰ ਪੰਚਾਇਤ ਵਨੀਤ ਕੁਮਾਰ, ਮੈਂਬਰ ਪੰਚਾਇਤ ਰਾਜ ਕੁਮਾਰ, ਦੀਪਕ ਕੁਮਾਰ ਸਰਪੰਚ ਪਿੰਡ ਗਤੋਰਾ, ਸ਼ੁਭਮ ਠਾਕੁਰ ਸਰਪੰਚ ਪਿੰਡ ਮੁਰਾਦਪੁਰ, ਅਮਨ ਕੁਮਾਰ ਐਕਸੀਅਨ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਹਾਜ਼ਰ ਸਨ। ਉਨ੍ਹਾਂ ਕਿਹਾ ਕਿ ਅੱਜ ਵਿਧਾਨ ਸਭਾ ਹਲਕਾ ਭੋਆ ਦੀਆਂ ਤਿੰਨ ਸੜਕਾਂ ਜਿਸ ਵਿੱਚ ਪਹਿਲੇ ਨੰਬਰ 'ਤੇ ਮਾਲਿਕਪੁਰ ਸੁੰਦਰ ਚੱਕ ਰੋਡ ਤੋਂ ਆਸ਼ਾਬਾਨੋ ਜਿਸ ਦੀ ਲੰਬਾਈ ਕਰੀਬ 1 ਕਿਲੋਮੀਟਰ ਅਤੇ ਇਸ ਤੇ ਕਰੀਬ 28.72 ਲੱਖ ਰੁਪਏ, ਦੂਸਰਾ ਰੋਡ ਮਲਕਪੁਰ ਸੁੰਦਰ ਚੱਕ ਰੋਡ ਤੋਂ ਗਤੋਰਾ ਜਿਸ ਦੀ ਲੰਬਾਈ ਕਰੀਬ 300 ਮੀਟਰ ਅਤੇ ਇਸ ਤੇ ਅਨੁਮਾਨਿਤ 15.42 ਲੱਖ ਰੁਪਏ ਖਰਚ ਕੀਤੇ ਜਾਣੇ ਹਨ ਇਸ ਤੋਂ ਇਲਾਵਾ ਤੀਸਰਾ ਰੋਡ ਮਲਕਪੁਰ ਸੁੰਦਰ ਚੱਕ ਰੋਡ ਤੋਂ ਮੁਰਾਦਪੁਰ ਰੋਡ ਜਿਸ ਦੀ ਲੰਬਾਈ ਕਰੀਬ 500 ਮੀਟਰ ਅਤੇ ਇਸ ਤੇ ਅਨੁਮਾਨਿਤ ਖਰਚ 20.71 ਲੱਖ ਰੁਪਏ ਖਰਚ ਆਉਣਗੇ । ਉਨ੍ਹਾਂ ਕਿਹਾ ਕਿ ਇਨ੍ਹਾਂ ਸੜਕਾਂ ਦਾ ਨਿਰਮਾਣ ਲੰਮੇ ਸਮੇਂ ਤੋਂ ਨਹੀਂ ਹੋਇਆ ਸੀ ਅਤੇ ਅੱਜ ਸੜਕਾਂ ਦੇ ਨਿਰਮਾਣ ਕਾਰਜ ਨਾਲ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।

# ਡਾ. ਉਬਰਾਏ ਵੱਲੋਂ ਹੜ੍ਹ ਪੀੜਤਾਂ ਦੀ ਬਿਹਤਰੀ ਲਈ ਰਾਹਤ ਕਾਰਜ ਨਿਰੰਤਰ ਜਾਰੀ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੁਖੀ ਅਤੇ ਸੰਸਾਰ ਪ੍ਰਸਿੱਧ ਸਮਾਜ ਸੇਵੀ ਸ਼ਖ਼ਸ਼ੀਅਤ ਡਾ. ਐਸ. ਪੀ. ਸਿੰਘ ਉਬਰਾਏ ਵੱਲੋਂ ਸੰਕਟ ਦੀ ਘੜੀ ਵਿੱਚ ਪੰਜਾਬ ਦੇ ਹੜ੍ਹ ਪੀੜਤਾਂ ਦੇ ਲਈ ਚਲਾਏ ਜਾ ਰਹੇ ਰਾਹਤ ਕਾਰਜ ਨਿਰੰਤਰ ਜਾਰੀ ਹਨ। ਜਿਸ ਦੇ ਤਹਿਤ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ, ਜਨਰਲ ਸਕੱਤਰ ਰਜਿੰਦਰ ਸਿੰਘ ਹੈਪੀ, ਐਡਵੋਕੇਟ ਹਰਸ਼ਮੀਤ ਸਿੰਘ, ਜੋਧਵੀਰ ਸਿੰਘ, ਰੋਹਿਤ ਕੁਮਾਰ ਤੇ ਹੋਰ ਟੀਮ ਮੈਂਬਰਾਂ ਵੱਲੋਂ ਡਾਕਟਰ ਐਸ. ਪੀ. ਸਿੰਘ ਉਬਰਾਏ ਦੀ ਯੋਗ ਰਹਿਨੁਮਾਈ ਹੇਠ ਅਤੇ ਟਰੱਸਟ ਦੇ ਕੌਮੀ ਪ੍ਰਧਾਨ ਜੱਸਾ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਹੱਦੀ ਜ਼ਿਲ੍ਹਾ ਗੁਰਦਾਸਪੁਰ ਬਲਾਕ ਡੇਰਾ ਬਾਬਾ ਨਾਨਕ ਦੇ ਵੱਖ-ਵੱਖ ਇਲਾਕਿਆਂ 'ਚ ਪਹੁੰਚ ਕੇ ਹੜ੍ਹ ਪੀੜਤ ਪਰਵਾਰਾਂ ਦੀ ਸਾਰ ਲੈਂਦਿਆਂ ਪਸ਼ੂ ਪਾਲਕਾਂ ਨੂੰ 22 ਟਨ ਪਸ਼ੂਆਂ ਦਾ ਸੁੱਕਾ ਚਾਰਾ ਵੰਡਿਆ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਮੌਜੂਦ ਐਸ.ਡੀ.ਐਮ. ਡੇਰਾ ਬਾਬਾ ਨਾਨਕ ਡਾ. ਅਦਿਤਿਆ ਸ਼ਰਮਾ (ਆਈ. ਏ.ਐਸ. ਅਧਿਕਾਰੀ) ਬੀ.ਡੀ.ਪੀ.ਓ. ਅਮਨਦੀਪ ਕੌਰ, ਸੀਨੀਅਰ ਵੈਟਨਰੀ ਅਫਸਰ ਡਾ. ਗੁਰਦੇਵ ਸਿੰਘ , ਵੈਟਰਨਰੀ ਅਫਸਰ ਡਾ. ਜੀਵਨ ਜੋਤ ਸਿੰਘ, ਵੈਟਰਨਰੀ ਅਫਸਰ ਡਾ. ਬਲਵਿੰਦਰ ਸਿੰਘ, ਵੈਟਰਨਰੀ ਅਫਸਰ ਡਾ. ਸੁੱਚਾ ਸਿੰਘ ਅਤੇ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਨੇ ਦੱਸਿਆ ਕਿ ਡਾ. ਐਸ. ਪੀ. ਸਿੰਘ ਉਬਰਾਏ ਵੱਲੋਂ ਮੁਢਲੇ ਤੌਰ 'ਤੇ ਹੜ੍ਹ ਪੀੜਤਾਂ ਲਈ ਰਾਹਤ ਕਾਰਜ ਚਲਾਉਂਦਿਆਂ ਢਾਈ ਕਰੋੜ ਰੁਪਏ ਦੀ ਰਾਸ਼ੀ ਰਾਖਵੀਂ ਰੱਖੀ ਗਈ ਹੈ। ਜਿਸ ਦੇ ਅੰਤਰਗਤ ਜਿੱਥੇ ਪਸ਼ੂਆਂ ਦੇ ਲਈ ਸੁੱਕਾ ਚਾਰਾ ਵੱਡੇ ਪੱਧਰ 'ਤੇ ਵੰਡਿਆ ਜਾ ਰਿਹਾ ਹੈ, ਉੱਥੇ ਨਾਲ ਹੀ ਹੜ੍ਹ ਪੀੜਤਾਂ ਨੂੰ ਸੁੱਕਾ ਰਾਸ਼ਨ, ਤਰਪਾਲਾਂ, ਮੱਛਰਦਾਨੀਆਂ, ਦਵਾਈਆਂ, ਫੋਗਿੰਗ ਮਸ਼ੀਨਾਂ ਅਤੇ ਹੋਰ ਵੀ ਸਹਾਇਤਾ ਸਮੱਗਰੀ ਵੰਡੀ ਜਾ ਰਹੀ ਹੈ। ਉਨਾ ਦੱਸਿਆ ਕਿ ਡਾ. ਐਸ. ਪੀ. ਸਿੰਘ ਉਬਰਾਏ ਵੱਲੋਂ ਹੜ੍ਹ ਪੀੜਤ ਪਰਵਾਰਾਂ ਦੇ ਨਾਲ ਵਾਅਦਾ ਕੀਤਾ ਗਿਆ ਹੈ ਕਿ ਪਸ਼ੂ ਪਾਲਕਾਂ ਨੂੰ ਹਰ ਹੀਲੇ ਸੁੱਕਾ ਚਾਰਾ ਦਿੱਤਾ ਜਾਵੇਗਾ। ਇਸ ਮੌਕੇ ਡੇਰਾ ਬਾਬਾ ਨਾਨਕ ਦੇ ਬਾਰਡਰ ਏਰੀਏ ਅਤੇ ਰਾਵੀ ਦਰਿਆ ਦੇ ਨੇੜਲੇ ਪਿੰਡਾਂ ਤੋਂ ਇਲਾਵਾ ਇਲਾਕੇ ਦੇ ਵੱਖ-ਵੱਖ ਪਿੰਡਾਂ ਤੋਂ ਪਹੁੰਚੇ ਕਿਸਾਨਾਂ ਅਤੇ ਪਸ਼ੂ ਪਾਲਕਾਂ ਨੂੰ ਵੱਡੇ ਪੱਧਰ 'ਤੇ ਸੁੱਕਾ ਚਾਰਾ ਵੰਡਿਆ ਗਿਆ। ਇਸ ਮੌਕੇ ਐਸ. ਡੀ.ਐਮ. ਡਾਕਟਰ ਅਦਿਤਿਆ ਸ਼ਰਮਾ (ਆਈ.ਏ.ਐਸ. ਅਧਿਕਾਰੀ) ਤੋਂ ਇਲਾਵਾ ਇਲਾਕੇ ਦੇ ਪੰਚਾਂ, ਸਰਪੰਚਾਂ ਅਤੇ ਕਿਸਾਨਾਂ ਤੋਂ ਇਲਾਵਾ ਪਸ਼ੂ ਪਾਲਕਾਂ ਨੇ ਡਾ. ਐਸ. ਪੀ. ਸਿੰਘ ਉਬਰਾਏ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਇਸ ਔਖੀ ਘੜੀ ਵਿੱਚ ਮੋਹਰੇ ਹੋ ਕੇ ਲਗਾਤਾਰ ਆਪਣੀਆਂ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ, ਜੋ ਕਿ ਬਹੁਤ ਹੀ ਨੇਕ ਅਤੇ ਸ਼ਲਾਘਾਯੋਗ ਕਾਰਜ ਹੈ। ਐਸ.ਡੀ.ਐਮ. ਡਾਕਟਰ ਅਦਿਤਿਆ ਸ਼ਰਮਾ ਨੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੀ ਟੀਮ ਦੀ ਹੌਸਲਾ ਫਜਾਈ ਕਰਦਿਆਂ ਜਿੱਥੇ ਸ਼ਲਾਘਾ ਕੀਤੀ, ਉੱਥੇ ਨਾਲ ਹੀ ਧੰਨਵਾਦ ਵੀ ਕੀਤਾ।



# ਸ੍ਰੀ ਗੁਰੂ ਰਾਮਦਾਸ ਜੀ ਦਾ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ



**ਸ੍ਰੀ ਅੰਮ੍ਰਿਤਸਰ ਸਾਹਿਬ (ਜਗਦੀਸ਼ ਕਮਲੇਸ਼)**- ਚੌਥੇ ਸਿੱਖ ਗੁਰੂ, ਸ਼੍ਰੀ ਰਾਮਦਾਸ ਦਾ ਜਨਮ ਦਿਹਾੜਾ ਡੀ.ਆਰ. ਮਾਡਰਨ ਸੀਨੀਅਰ ਸੈਕੰਡਰੀ ਸਕੂਲ ਅਤੇ ਡੀ.ਆਰ. ਜੂਨੀਅਰ ਕੈਂਪਸ ਵਿਖੇ ਬਹੁਤ ਸ਼ਰਧਾ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਨਰਸਰੀ ਅਤੇ ਕੇ ਜੀ ਦੇ ਵਿਦਿਆਰਥੀਆਂ ਦੁਆਰਾ ਮੂਲ ਮੰਤਰ ਦੇ ਜਾਪ ਨਾਲ ਹੋਈ। 12ਵੀਂ ਜਮਾਤ ਦੀ ਵਿਦਿਆਰਥਣ ਜਸ਼ਨਦੀਪ ਕੌਰ ਨੇ ਸ਼੍ਰੀ ਗੁਰੂ ਰਾਮਦਾਸ ਦੇ ਜੀਵਨ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਉਨ੍ਹਾਂ ਨੇ ਅੰਮ੍ਰਿਤਸਰ ਸ਼ਹਿਰ ਦੀ ਸਥਾਪਨਾ ਕੀਤੀ ਅਤੇ ਸਾਨੂੰ ਸੱਚ ਦੇ ਮਾਰਗ 'ਤੇ ਚੱਲਣ ਅਤੇ ਸੇਵਾ ਦੀ ਭਾਵਨਾ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਵਿਦਿਆਰਥੀਆਂ ਦੁਆਰਾ ਸ਼ਬਦ ਵੀ ਗਾਏ ਗਏ। ਪ੍ਰੋਗਰਾਮ ਦੇ ਅੰਤ ਵਿੱਚ, ਸਕੂਲ ਦੇ ਪ੍ਰਿੰਸੀਪਲ, ਸ਼੍ਰੀ ਰਵਿੰਦਰ ਪਠਾਨੀਆ, ਨੇ ਕਿਹਾ ਕਿ ਸ਼੍ਰੀ ਗੁਰੂ ਰਾਮਦਾਸ ਦੀਆਂ ਸਿੱਖਿਆਵਾਂ ਸਾਡੇ ਜੀਵਨ ਦਾ ਮਾਰਗ ਦਰਸ਼ਨ ਕਰਦੀਆਂ ਰਹਿੰਦੀਆਂ ਹਨ।

# ਰੋਟਰੀ ਕਲੱਬ ਨਾਰਥ ਵੱਲੋਂ ਹੜ੍ਹ ਪੀੜਤਾਂ ਲਈ ਬਿਸਤਰੇ, ਗੱਦੇ, ਕੰਬਲ ਤੇ ਰਾਸ਼ਨ ਸਮੱਗਰੀ ਦਾ ਟਰੱਕ ਰਵਾਨਾ

**ਅੰਮ੍ਰਿਤਸਰ (ਅਰੋੜਾ)**: ਰੋਟਰੀ ਕਲੱਬ ਨਾਰਥ ਵੱਲੋਂ ਦੇਸ਼ ਅਤੇ ਸਮਾਜ ਭਲਾਈ ਕੰਮਾਂ ਲਈ ਚਲਾਏ ਜਾ ਰਹੇ ਅਭਿਆਨ ਦੇ ਤਹਿਤ ਹੜ੍ਹ ਪ੍ਰਭਾਵਿਤ ਪਰਿਵਾਰਾਂ ਦੀ ਸਹਾਇਤਾ ਲਈ ਨਿੱਤ ਨਵੇਂ ਨਵੇਂ ਪ੍ਰਾਜੈਕਟ ਅਤੇ ਅਭਿਆਨ ਸ਼ੁਰੂ ਕੀਤੇ ਜਾ ਰਹੇ ਹਨ।ਇਸੇ ਪ੍ਰਾਜੈਕਟ ਦੇ ਚੱਲਦੇ ਰੋਟਰੀ ਨਾਰਥ ਦੇ ਪ੍ਰਧਾਨ ਵਰੁਣ ਕੱਕੜ, ਸਕੱਤਰ ਪਰਮੀਤ ਸਿੰਘ, ਪ੍ਰਾਜੈਕਟ ਚੇਅਰਪਰਸਨ ਡਾ. ਮਨਜੀਤਪਾਲ ਕੌਰ ਦੀ ਪ੍ਰਧਾਨਗੀ ਵਿੱਚ ਰਮਦਾਸ ਖੇਤਰ ਦੇ ਹੜ੍ਹ ਪ੍ਰਭਾਵਿਤ ਚਾਰ ਪਰਿਵਾਰਾਂ ਦੇ ਲਈ ਬਿਸਤਰ, ਗੱਦੇ, ਮਹਿਲਾ ਅਤੇ ਪੁਰਸ਼ਾਂ ਦੇ ਕੱਪੜੇ, ਕੰਬਲ, ਬੱਚਿਆਂ ਦੇ ਲਈ ਕੱਪੜੇ, ਹਰ ਤਰ੍ਹਾਂ ਦੀ ਰਾਸ਼ਨ ਸਮੱਗਰੀ ਅੰਮ੍ਰਿਤਸਰ ਤੋਂ ਰਮਦਾਸ ਦੇ ਵੱਲ ਇੱਕ ਛੋਟੇ ਟਰੱਕ ਰਾਹੀਂ ਰਵਾਨਾ ਕੀਤੀ ਗਈ। ਰੋਟਰੀ ਦੀ ਸਾਬਕਾ ਸਹਾਇਕ ਗਵਰਨਰ ਡਾ. ਮਨਜੀਤਪਾਲ ਕੌਰ ਅਤੇ ਜ਼ੋਨਲ ਚੇਅਰਮੈਨ ਵਿਜੇ ਭਸੀਨ ਅਤੇ ਸਾਬਕਾ ਸਹਾਇਕ ਗਵਰਨਰ ਰਸਜੀਤ ਸਿੰਘ ਖੇੜਾ ਨੇ ਦੱਸਿਆ ਕਿ ਇਸ ਭਿਅੰਕਰ ਹੜ੍ਹ ਦੇ ਕਾਰਨ ਇਨ੍ਹਾਂ ਪਰਿਵਾਰਾਂ ਦੇ ਘਰਾਂ ਵਿੱਚ ਕੁੱਝ ਵੀ ਨਹੀ ਬਚਿਆ ਸੀ, ਇਨ੍ਹਾਂ ਨੂੰ ਹਰ ਤਰ੍ਹਾਂ ਦੀ ਸਹਾਇਤਾ ਅਤੇ ਸਮੱਗਰੀ ਦੀ ਜ਼ਰੂਰਤ ਸੀ।ਇਸੇ ਦੁਬਿਧਾ ਨੂੰ ਧਿਆਨ ਵਿੱਚ ਰੱਖਣੇ ਹੋਏ ਰੋਟਰੀ ਕਲੱਬ ਨਾਰਥ ਦੇ ਵੱਲੋਂ ਇਸ ਪ੍ਰਾਜੈਕਟ ਨੂੰ ਅੰਜਾਮ ਦਿੱਤਾ ਗਿਆ। ਇਸ ਸੰਬੰਧ ਵਿੱਚ ਰੋਟਰੀ ਦੇ ਸਾਬਕਾ ਪ੍ਰਧਾਨ ਡਾ. ਜੀ. ਐੱਸ. ਮਦਾਨ ਨੇ ਦੱਸਿਆ ਕਿ ਹੜ੍ਹ ਪੀੜਤਾਂ ਦੀ ਸਹਾਇਤਾ ਦੇ ਲਈ ਰੋਟਰੀ ਵੱਲੋਂ ਵੱਖ ਵੱਖ ਪਿੰਡਾਂ ਅਤੇ ਖੇਤਰਾਂ ਦਾ ਨਿਰੀਖਣ ਕੀਤਾ ਜਾ ਰਿਹਾ ਹੈ।ਭਵਿੱਖ ਵਿੱਚ ਵੀ ਇਹ ਸਹਾਇਤਾ ਅਭਿਆਨ ਜਾਰੀ ਰਹੇਗਾ।ਇਸ ਮੌਕੇ ਰੋਟਰੀ ਦੇ ਪੈਟਰਨ ਡਾ. ਕੁਲਦੀਪ ਸਿੰਘ ਅਰੋੜਾ, ਸਾਬਕਾ ਪ੍ਰਧਾਨ ਰਮੇਸ਼ ਕੱਕੜ, ਰੋਟੇਰੀਅਨ ਰਜੇਸ਼ ਪ੍ਰਭਾਕਰ, ਐੱਮ. ਓ. ਸੀ. ਆਰ. ਐੱਸ. ਚੱਠਾ, ਸਾਬਕਾ ਪ੍ਰਧਾਨ ਯਸ਼ਪਾਲ ਅਰੋੜਾ, ਸੰਜੇ ਮਲਿਕ, ਨਿਰਮਲ ਸਿੰਘ, ਸੁਰਿੰਦਰ ਕੱਕੜ, ਵਿਪਨ ਲੂੰਬਾ, ਮਨਿੰਦਰ ਕੌਰ, ਰੋਟੇਰੀਅਨ ਸੋਖੀ ਸਹਿਤ ਰੋਟਰੀ ਕਲੱਬ ਨਾਰਥ ਦੇ ਹੋਰ ਮੈਂਬਰ ਮੌਜੂਦ ਸਨ।




# ਐੱਸ ਕੇ ਐੱਮ 'ਚ ਸ਼ਾਮਲ ਜ਼ਿਲ੍ਹਾ ਜਥੇਬੰਦੀਆਂ ਨੇ ਹੜ੍ਹ ਪੀੜਤਾਂ ਦੇ ਮੁੜ ਵਸੇਬੇ ਸੰਬੰਧੀ ਪ੍ਰਧਾਨ ਮੰਤਰੀ ਤੇ ਮੁੱਖ ਮੰਤਰੀ ਨੂੰ ਭੇਜੇ ਮੰਗ ਪੱਤਰ

**ਵਲਟੋਹਾ (ਰਣਜੀਤ ਸਿੰਘ)**- ਐਸ.ਕੇ.ਐਮ. (ਸੰਯੁਕਤ ਕਿਸਾਨ ਮੋਰਚਾ) 'ਚ ਸ਼ਾਮਲ ਤਰਨ ਤਾਰਨ ਜ਼ਿਲ੍ਹੇ ਦੀਆਂ ਜਥੇਬੰਦੀਆਂ ਦੇ ਵਫਦ ਵਲੋਂ ਕਿਸਾਨ ਆਗੂ ਸਤਪਾਲ ਸਿੰਘ ਨੱਥੋਕੇ ਕਿਰਤੀ ਕਿਸਾਨ ਯੂਨੀਅਨ, ਦਲਜੀਤ ਸਿੰਘ ਦਿਆਲਪੁਰ ਜਮਹੂਰੀ ਕਿਸਾਨ ਸਭਾ, ਬਾਜ਼ ਸਿੰਘ ਸੰਧਵਾਂ ਬੀ.ਕੇ.ਯੂ. ਏਕਤਾ ਉਗਰਾਹਾਂ, ਗੁਰਬਚਨ ਸਿੰਘ ਘੜਕਾ ਕਿਸਾਨ ਕਮੇਟੀ ਪੰਨੂ, ਗੁਰਸਾਬ੍ਹ ਸਿੰਘ ਬੀ.ਕੇ.ਯੂ. ਕਾਦੀਆਂ, ਅੰਮ੍ਰਿਤਪਾਲ ਸਿੰਘ ਜੌੜਾ ਬੀ.ਕੇ.ਯੂ. ਰਾਜੇਵਾਲ, ਮਹਾਵੀਰ ਸਿੰਘ ਗਿੱਲ ਕੁਲ ਹਿੰਦ ਕਿਸਾਨ ਸਭਾ, ਬਲਬੀਰ ਸਿੰਘ ਝਾਮਕਾ ਪੰਜਾਬ ਕਿਸਾਨ ਯੂਨੀਅਨ, ਗੁਰਚਰਨ ਸਿੰਘ ਸਭਰਾ ਕੌਮੀ ਕਿਸਾਨ ਯੂਨੀਅਨ, ਬਲਜੀਤ ਸਿੰਘ ਨਿੱਜਰ ਬੀ ਕੇ ਯੂ ਪੰਜਾਬ, ਨਿਰਵੈਰ ਸਿੰਘ ਡਾਲੇਕੇ ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਏਕਤਾ, ਹਰਜਿੰਦਰ ਸਿੰਘ ਟਾਂਡਾ, ਆਜ਼ਾਦ ਸੰਘਰਸ਼ ਕਮੇਟੀ ਟਾਂਡਾ, ਹਰਜੀਤ ਸਿੰਘ ਰਵੀ ਦੀ ਅਗਵਾਈ 'ਚ ਹੜ੍ਹ ਪੀੜਤਾਂ ਦੇ ਯੋਗ ਮੁਆਵਜ਼ੇ ਦੀ ਅਦਾਇਗੀ ਸਬੰਧੀ ਡਿਪਟੀ ਕਮਿਸ਼ਨਰ ਰਾਹੀਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੂੰ ਮੰਗ ਪੱਤਰ ਭੇਜੇ ਗਏ। ਇਸ ਮੌਕੇ ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਹੜ੍ਹਾਂ ਦੇ ਕਾਰਨਾਂ ਦੀ ਜਾਂਚ ਮੌਜੂਦਾ ਸੁਪਰੀਮ ਕੋਰਟ ਦੇ ਜੱਜ ਦੀ ਅਗਵਾਈ 'ਚ ਕਰਵਾ ਕੇ ਦੋਸ਼ੀ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ, ਭਵਿੱਖ 'ਚ ਸਮਾਂ ਰਹਿੰਦਿਆਂ ਕੌਮਾਂ ਤੇ ਨਹਿਰਾਂ ਦੀ ਡੀ-ਸਿਲਟਿੰਗ ਕਰਵਾਈ ਜਾਵੇ, ਦਰਿਆਵਾਂ ਦੀਆਂ ਧੁੱਸੀਆਂ ਦੇ ਬੰਨ੍ਹ ਮਜ਼ਬੂਤ ਕੀਤੇ ਜਾਣ, ਮੌਸਮ ਵਿਭਾਗ ਦੀਆਂ ਰਿਪੋਰਟਾਂ ਅਨੁਸਾਰ ਪਾਣੀ ਦੀ ਸਟੋਰੇਜ ਲੋਡ ਅਨੁਸਾਰ ਡੈਮਾਂ 'ਚ ਰੱਖੀ ਜਾਵੇ, ਕੇਂਦਰ ਵਲੋਂ ਹੜ੍ਹਾਂ ਦੇ ਨੁਕਸਾਨ ਅਤੇ ਮੁੜ ਵਸੇਬੇ ਲਈ ਭਵਿੱਖੀ ਰੋਕਥਾਮ ਕਰਨ ਦਾ ਪ੍ਰਬੰਧ ਕੀਤਾ ਜਾਵੇ ਅਤੇ ਬੁਨਿਆਦੀ ਢਾਂਚੇ ਦੀ ਮੁੜ ਉਸਾਰੀ ਲਈ 25 ਹਜ਼ਾਰ ਕਰੋੜ ਰੁਪਏ ਦਾ ਵਿਸ਼ੇਸ਼ ਵਿੱਤੀ ਪੈਕੇਜ ਦਿੱਤਾ ਜਾਵੇ, ਸਮਾਂ ਰਹਿੰਦਿਆਂ ਦਰਿਆਵਾਂ ਦੇ ਕਿਨਾਰਿਆਂ ਦੇ ਨੇੜੇ ਹੋ ਰਹੀ ਗੈਰ ਕਾਨੂੰਨੀ ਮਾਈਨਿੰਗ ਬੰਦ ਕਰਵਾਈ ਜਾਵੇ, ਦਰਿਆਵਾਂ ਅਤੇ ਡਰੇਨਾਂ ਦੀ ਸਫ਼ਾਈ ਕਰਵਾਈ ਜਾਵੇ, ਦਰਿਆਵਾਂ ਵਿਚ ਡਾਫ ਲੱਗਣ ਵਾਲੀਆਂ ਥਾਵਾਂ ਤੇ ਡਾਫ ਲੱਗਣ ਲਈ ਲੋੜੀਂਦੇ ਕਦਮ ਉਠਾਏ ਜਾਣ, ਕਾਸ਼ਤਕਾਰਾਂ ਨੂੰ ਹੜ੍ਹਾਂ ਕਾਰਨ ਤਬਾਹ ਹੋਈਆਂ ਫਸਲਾਂ ਦਾ ਮੁਆਵਜ਼ਾ 70000 ਰੁਪਏ ਪ੍ਰਤੀ ਏਕੜ ਅਤੇ ਮਜ਼ਦੂਰਾਂ ਨੂੰ ਇਸ ਦੇ 10 ਫ਼ੀਸਦੀ ਦੇ ਹਿਸਾਬ ਨਾਲ ਦਿੱਤਾ ਜਾਵੇ ਅਤੇ ਇਸ ਲਈ ਪੰਜ ਏਕੜ ਦੀ ਸ਼ਰਤ ਹਟਾਈ ਜਾਵੇ, ਮਜ਼ਦੂਰ ਪਰਿਵਾਰਾਂ ਨੂੰ 1 ਲੱਖ ਰੁਪਏ ਪ੍ਰਤੀ ਪਰਵਾਰ ਯਕਮੁਸ਼ਤ ਸਹਾਇਤਾ ਦਿੱਤੀ ਜਾਵੇ, ਗੰਨੇ ਦੀ ਨੁਕਸਾਨੀ ਫਸਲ ਦਾ 1 ਲੱਖ ਰੁਪਏ ਪ੍ਰਤੀ ਏਕੜ ਦਿੱਤਾ ਜਾਵੇ ਆਦਿ ਮੰਗਾਂ ਮੰਗਾਂ ਨੂੰ ਪੂਰਾ ਕੀਤਾ ਜਾਵੇ। ਇਸ ਮੌਕੇ ਮਨਜੀਤ ਸਿੰਘ ਬੱਗੂ, ਪਰਗਟ ਸਿੰਘ ਮਹਿਦੀਪੁਰ, ਦਲਬਾਗ ਸਿੰਘ ਲੱਖੋਕੇ, ਪੂਰਨ ਸਿੰਘ ਮਾੜੀਮੇਘਾ, ਗੁਰਪ੍ਰੀਤ ਸਿੰਘ ਗੰਡੀ ਵਿੰਡ, ਦਲਵਿੰਦਰ ਸਿੰਘ ਪੰਨੂ, ਕੰਵਲਪ੍ਰੀਤ ਸਿੰਘ ਪੰਨੂ, ਚਮਕੌਰ ਸਿੰਘ, ਰਣਜੀਤ ਸਿੰਘ ਬਹਾਦਰਨਗਰ, ਬਲਵੰਤ ਸਿੰਘ ਖਹਿਰਾ, ਬਾਬਾ ਸੁਲੱਖਣ ਸਿੰਘ ਮੰਡਾਲਾ ਹਾਜ਼ਰ ਸਨ। ਜ਼ਿਲ੍ਹਾ ਕਨਵੀਨਰ ਨਛੱਤਰ ਸਿੰਘ ਮੁਗਲਚੱਕ ਨੇ ਸਮੂਹ ਕਿਸਾਨ ਜਥੇਬੰਦੀਆਂ ਦੇ ਆਗੂਆਂ ਦਾ ਧੰਨਵਾਦ ਕੀਤਾ। ਡਿਪਟੀ ਕਮਿਸ਼ਨਰ ਤਰਨ ਤਾਰਨ ਦੇ ਰੁਝੇਵਿਆਂ ਕਾਰਨ ਉਹਨਾਂ ਦੇ ਸੁਪਰਡੈਂਟ ਨੇ ਮੁੱਖ ਮੰਤਰੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਾਮ ਮੰਗ ਪੱਤਰ ਪ੍ਰਾਪਤ ਕੀਤੇ।



# ਖ਼ਾਲਸਾ ਕਾਲਜ ਦੇ ਵਿਦਿਆਰਥੀ ਨੇ ਜ਼ਿਲ੍ਹਾ ਪੱਧਰੀ ਮਿੰਨੀ ਮੈਰਾਥਨ-2025 'ਚ ਹਾਸਲ ਕੀਤਾ ਪਹਿਲਾ ਇਨਾਮ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**— ਖ਼ਾਲਸਾ ਕਾਲਜ ਦੇ ਵਿਦਿਆਰਥੀ ਨੇ ਜ਼ਿਲ੍ਹਾ ਪੱਧਰ ਰੈੱਡ ਰਨ (ਮਿੰਨੀ ਮੈਰਾਥਨ) 'ਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਹ ਮੁਕਾਬਲਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਰੈੱਡ ਰੀਬਨ ਕਲੱਬ ਦੀ ਪਹਿਲ ਹੇਠ ਆਯੋਜਿਤ ਕੀਤਾ ਗਿਆ ਸੀ। ਜਿਸ 'ਚ ਵਿਦਿਆਰਥੀ ਨੂੰ ਸ਼ਾਨਦਾਰ ਪ੍ਰਦਰਸ਼ਨ ਲਈ 4,000 ਨਕਦ ਇਨਾਮ ਅਤੇ ਸਰਟੀਫਿਕੇਟ ਨਾਲ ਸਨਮਾਨਤ ਕੀਤਾ ਗਿਆ। ਇਸ ਉਪਲਬੱਧੀ 'ਤੇ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਗਗਨਦੀਪ ਸਿੰਘ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਸ ਮੈਰਾਥਨ ਦਾ ਆਯੋਜਨ ਸਿਹਤ, ਤੰਦਰੁਸਤੀ ਅਤੇ ਸਮਾਜਿਕ ਜ਼ਿੰਮੇਵਾਰੀ ਦਾ ਸੰਦੇਸ਼ ਦੇਣ ਲਈ ਕੀਤਾ ਗਿਆ ਸੀ, ਜਿਸ 'ਚ ਜ਼ਿਲ੍ਹੇ ਤੋਂ ਸੈਂਕੜਿਆਂ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਰਹਿਨੁਮਾਈ ਡਾ. ਰਣਦੀਪ ਸਿੰਘ ਅਤੇ ਡਾ. ਕਿਰਨਦੀਪ ਕੌਰ, ਨੋਡਲ ਅਫਸਰ ਰੈੱਡ ਰੀਬਨ ਕਲੱਬ ਨੇ ਕੀਤੀ, ਜਦਕਿ ਡਾ. ਦਲਜੀਤ ਸਿੰਘ, ਮੁਖੀ ਵਿਭਾਗ ਸਰੀਰਕ ਸਿੱਖਿਆ ਨੇ ਵਿਦਿਆਰਥੀਆਂ ਨੂੰ ਮਾਰਗਦਰਸ਼ਨ ਅਤੇ ਟ੍ਰੇਨਿੰਗ ਦਿੱਤੀ। ਉਨ੍ਹਾਂ ਕਿਹਾ ਕਿ ਉਕਤ ਕਾਰਜਕ੍ਰਮ ਦਾ ਸਮਾਪਨ ਟੀ-ਸ਼ਰਟਾਂ, ਸਰਟੀਫਿਕੇਟਾਂ ਅਤੇ ਇਨਾਮਾਂ ਦੇ ਵੰਡ ਨਾਲ ਹੋਇਆ।



ਨਵਾਂ ਜ਼ਮਾਨਾ
ਸ਼ਨੀਵਾਰ, 11 ਅਕਤੂਬਰ 2025

# ਕਿੱਥੇ ਗਏ ਘੁਸਪੈਠੀਏ?

*ਬੀਤੀ 7 ਅਕਤੂਬਰ ਨੂੰ ਬਿਹਾਰ ਅਸੰਬਲੀ ਚੋਣਾਂ ਦੀਆਂ ਤਰੀਕਾਂ ਦਾ ਐਲਾਨ ਕਰਨ ਵੇਲੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਤੋਂ ਜਦੋਂ ਪੁੱਛਿਆ ਗਿਆ ਕਿ ਸੂਬੇ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਡੂੰਘੀ ਸੁਧਾਈ (ਐੱਸ ਆਈ ਆਰ) ਦੌਰਾਨ ਕਿੰਨੇ ਵਿਦੇਸ਼ੀ ਘੁਸਪੈਠੀਏ ਫੜੇ ਗਏ ਤਾਂ ਉਹ ਭੇਦਭਰੇ ਅੰਦਾਜ਼ ਵਿੱਚ ਮੁਸਕਰਾ ਕੇ ਗੱਲ ਟਾਲ ਗਏ। ਭਾਜਪਾ ਤੇ ਆਰ ਐੱਸ ਐੱਸ ਵਰ੍ਹਿਆਂ ਤੋਂ ਬੰਗਲਾਦੇਸ਼ੀ, ਰੋਹਿੰਗਿਆ ਤੇ ਨੇਪਾਲੀ ਘੁਸਪੈਠੀਆਂ ਦਾ ਡਰ ਫੈਲਾ ਕੇ ਹਿੰਦੂ ਵੋਟਰਾਂ ਨੂੰ ਇੱਕਜੁਟ ਕਰਦੇ ਰਹੇ ਹਨ। ਬਿਹਾਰ ਵਿੱਚ ਵੀ ਇਹੀ ਕਹਿ ਕੇ ਐੱਸ ਆਈ ਆਰ ਮੁਹਿੰਮ ਚਲਾਈ ਗਈ। ਐੱਸ ਆਈ ਆਰ ਦਾ ਮਕਸਦ ਇਹ ਦੱਸਿਆ ਗਿਆ ਸੀ ਕਿ ਵਿਦੇਸ਼ੀ ਘੁਸਪੈਠੀਆਂ ਨੂੰ ਫੜਨਾ ਹੈ, ਪਰ ਅੰਤਮ ਰਿਪੋਰਟ 'ਚ ਨਿਕਲਿਆ ਕੀ? ਵੋਟਰ ਹਟਾਉਣ ਤੇ ਨਵੇਂ ਜੋੜਨ ਤੋਂ ਬਾਅਦ ਇੱਕ ਅਕਤੂਬਰ ਨੂੰ ਜਾਰੀ ਕੀਤੀ ਗਈ ਅੰਤਮ ਵੋਟਰ ਸੂਚੀ ਵਿੱਚ 7.42 ਲੱਖ ਕਰੋੜ ਵੋਟਰ ਬਚੇ, ਜਿਹੜੇ ਲੋਕ ਸਭਾ ਚੋਣਾਂ ਵੇਲੇ 7.89 ਕਰੋੜ ਸਨ। ਹਟਾਏ ਗਏ 52.9 ਲੱਖ ਨਾਵਾਂ ਵਿੱਚੋਂ 22.34 ਲੱਖ ਮ੍ਰਿਤਕ, 36.44 ਲੱਖ ਪ੍ਰਵਾਸੀ (ਦੇਸ਼ ਦੇ ਅੰਦਰ ਹੀ), 6.85 ਲੱਖ ਡੁਪਲੀਕੇਟ ਅਤੇ ਸਿਰਫ 11,484 ਨਾਮਾਲੂਮ ਹਨ। ਨੇਪਾਲੀ, ਬੰਗਲਾਦੇਸ਼ੀ ਤੇ ਰੋਹਿੰਗਿਆ ਦਾ ਨਾਮੋਨਿਸ਼ਾਨ ਨਹੀਂ। ਜਿਨ੍ਹਾਂ ਦਾ ਪਤਾ ਨਹੀਂ ਲੱਗਾ ਕੀ ਉਨ੍ਹਾਂ ਨੂੰ ਘੁਸਪੈਠੀਏ ਮੰਨਿਆ ਜਾਵੇ।*

*ਮੁੱਖ ਚੋਣ ਕਮਿਸ਼ਨਰ ਦਾ ਦਾਅਵਾ ਹੈ ਕਿ 22 ਸਾਲ ਬਾਅਦ ਬਿਹਾਰ ਦੀ ਵੋਟਰ ਸੂਚੀ ਸ਼ੁੱਧ ਕਰ ਦਿੱਤੀ ਗਈ ਹੈ। 'ਦੀ ਰਿਪੋਰਟਰਜ਼ ਕੁਲੈਕਟਿਵ' ਨਾਂਅ ਦੀ ਵੱਕਾਰੀ ਜਥੇਬੰਦੀ ਨੇ 6 ਅਕਤੂਬਰ ਨੂੰ ਜਾਰੀ ਕੀਤੀ ਆਪਣੀ ਰਿਪੋਰਟ ਵਿੱਚ ਕਿਹਾ ਕਿ ਸੂਚੀ ਵਿੱਚ 1.32 ਕਰੋੜ ਵੋਟਰਾਂ ਦੇ ਫਰਜ਼ੀ ਜਾਂ ਸ਼ੱਕੀ ਪਤੇ ਹਨ ਅਤੇ 14.35 ਲੱਖ ਡੁਪਲੀਕੇਟ ਹਨ। 3.42 ਲੱਖ ਮਾਮਲਿਆਂ ਵਿੱਚ ਨਾਂਅ, ਪਿਤਾ ਦਾ ਨਾਂਅ ਤੇ ਉਮਰ ਤੱਕ ਇੱਕੋ ਜਿਹੇ ਹਨ। ਵੱਖ-ਵੱਖ ਜਾਤਾਂ ਦੇ ਲੋਕ ਇੱਕ ਹੀ ਪਤੇ 'ਤੇ ਦਰਜ ਹਨ। ਸਿਆਸੀ ਵਿਸ਼ਲੇਸ਼ਕ ਇਸ ਨੂੰ 'ਚੋਣ ਘੁਟਾਲਾ' ਕਹਿ ਰਹੇ ਹਨ, ਜਦਕਿ ਆਪੋਜ਼ੀਸ਼ਨ ਪਾਰਟੀਆਂ ਸੱਤਾ ਦੀ ਸਾਜ਼ਿਸ਼ ਦੱਸ ਰਹੀਆਂ ਹਨ। ਅੰਕੜੇ ਦੱਸਦੇ ਹਨ ਕਿ ਸ਼ੁੱਧੀਕਰਨ ਦੇ ਨਾਂਅ 'ਤੇ ਸੂਚੀ ਹੋਰ ਗੰਧਲੀ ਕਰ ਦਿੱਤੀ ਗਈ ਹੈ। ਕਰੀਬ 20 ਸਾਲ ਤੋਂ ਬਿਹਾਰ ਵਿੱਚ ਸ਼ਾਸਨ ਕਰ ਰਿਹਾ ਭਾਜਪਾ ਤੇ ਜਨਤਾ ਦਲ (ਯੂ) ਦਾ ਗੱਠਜੋੜ ਕੋਈ ਘੁਸਪੈਠੀਆ ਨਹੀਂ ਲੱਭ ਸਕਿਆ। ਇਸ ਕਰਕੇ ਇਹ ਸਵਾਲ ਵਾਜਬ ਲੱਗਦਾ ਹੈ : ਐੱਸ ਆਈ ਆਰ ਦਾ ਅਸਲ ਮਕਸਦ ਕੀ ਸੀ? ਬਿਹਾਰ ਵਿੱਚ ਸਨਅਤੀ ਵਿਕਾਸ ਤੇ ਰੁਜ਼ਗਾਰ ਪੈਦਾ ਕਰਨ ਵਿੱਚ ਨਾਕਾਮ ਰਹੀ ਸਰਕਾਰ ਨੇ ਲੋਕਾਂ ਦਾ ਧਿਆਨ ਭਟਕਾਉਣ ਲਈ ਹੀ ਐੱਸ ਆਈ ਆਰ ਦੀ ਸਾਜ਼ਿਸ਼ ਘੜੀ ਤਾਂ ਜੋ ਦੂਜੀਆਂ ਪਾਰਟੀਆਂ ਦੇ ਹਮਾਇਤੀ ਵੋਟਰਾਂ ਦੇ ਨਾਂਅ ਕੱਟ ਦਿੱਤੇ ਜਾਣ, ਪਰ ਆਪੋਜ਼ੀਸ਼ਨ ਪਾਰਟੀਆਂ ਨੇ ਸੜਕਾਂ ਤੇ ਸੁਪਰੀਮ ਕੋਰਟ ਵਿੱਚ ਤਕੜੀ ਲੜਾਈ ਲੜ ਕੇ ਇਸ ਸਾਜ਼ਿਸ਼ ਨੂੰ ਕਾਫੀ ਹੱਦ ਤੱਕ ਨਾਕਾਮ ਬਣਾ ਦਿੱਤਾ। ਸੁਪਰੀਮ ਕੋਰਟ ਵਿੱਚ ਕੇਸ ਅਜੇ ਵੀ ਲੱਗਿਆ ਹੋਇਆ ਹੈ ਤੇ ਉਮੀਦ ਹੈ ਕਿ ਚੋਣ ਕਮਿਸ਼ਨ ਵੱਲੋਂ ਸ਼ੋਅ ਕੀਤੇ 'ਨਾਮਾਲੂਮ ਵੋਟਰ' ਵੀ ਲੱਭ ਪੈਣਗੇ।*

# ਜਲਵਾਯੂ ਪ੍ਰੀਵਰਤਨ : ਮੌਤ ਦੇ ਮੁਹਾਣ 'ਤੇ ਖੜ੍ਹਾ ਜੀਵਨ


ਗੁਰਚਰਨ ਸਿੰਘ ਨੂਰਪੁਰ

ਉਤਰੀ ਭਾਰਤ ਦੇ ਲੱਖਾਂ ਲੋਕ ਇਸ ਸਮੇਂ ਭਿਆਨਕ ਹੜ੍ਹਾਂ ਦਾ ਸੰਤਾਪ ਭੋਗ ਰਹੇ ਹਨ। ਇਸ ਦੇ ਕਾਰਨਾਂ ਦੀ ਆਪਣੇ-ਆਪਣੇ ਢੰਗ ਨਾਲ ਵਿਆਖਿਆ ਕੀਤੀ ਜਾ ਰਹੀ ਹੈ, ਪਰ ਇਸ ਭਿਆਨਕ ਸੰਤਾਪ ਦੀਆਂ ਜੜ੍ਹਾਂ ਕਿੱਥੇ ਹਨ? ਸਮਾਂ ਬਹੁਤ ਬੀਤ ਗਿਆ ਹੈ ਜੇਕਰ ਅੱਜ ਵੀ ਅਸੀਂ ਇਸ ਭਿਆਨਕ ਸੰਕਟ ਦੀਆਂ ਜੜ੍ਹਾਂ ਦੀ ਤਲਾਸ਼ ਨਾ ਕੀਤੀ ਤਾਂ ਮਾਨਵ ਜਾਤ ਦਾ ਭਵਿੱਖ ਹੋਰ ਵੀ ਖਤਰਿਆਂ ਭਰਿਆ ਹੋ ਸਕਦਾ ਹੈ। ਭਵਿੱਖ ਵਿੱਚ ਦੁਨੀਆ ਭਰ ਵਿੱਚ ਅੱਗਾਂ ਲੱਗਣ, ਬੱਦਲ ਫਟਣ, ਬਰਫਾਂ ਦੇ ਪਿਘਲਣ, ਹੜ੍ਹਾਂ ਵਰਗੇ ਭਿਆਨਕ ਦੁਖਾਂਤ ਏਨੇ ਵਧ ਜਾਣਗੇ ਕਿ ਮਨੁੱਖ ਦੁਆਰਾ ਧਰਤੀ 'ਤੇ ਕੀਤੇ ਇਸ ਵਿਕਾਸ ਦੀ ਹਾਲਤ ਤਰਸਯੋਗ ਬਣ ਜਾਵੇਗੀ। ਮਨੁੱਖ ਦੀ ਸਾਰੀ ਊਰਜਾ, ਤਾਕਤ, ਦੌਲਤ ਕੁਦਰਤੀ ਕਰੋਪੀਆਂ ਤੋਂ ਸੰਭਲਣ ਵਿੱਚ ਖਰਚ ਹੋਣ ਲੱਗ ਪਵੇਗੀ 'ਤੇ ਜੀਵਨ ਦਾ ਰੁਖ਼ ਬਦਲ ਜਾਵੇਗਾ। ਅਫਸੋਸ ਦੀ ਗੱਲ ਇਹ ਹੈ ਕਿ ਹਰ ਸਾਲ ਇਸ ਬੇਪ੍ਰਤੀਤੇ ਹੋ ਰਹੇ ਮੌਸਮੀ ਚੱਕਰ ਤੋਂ ਦੁਨੀਆ ਭਰ ਦੀਆਂ ਸਰਕਾਰਾਂ ਜਾਣਦੀਆਂ-ਬੁਝਦੀਆਂ ਹੋਣ ਦੇ ਬਾਵਜੂਦ ਘੇਸਲ ਵੱਟੀ ਬੈਠੀਆਂ ਹਨ।

ਸਾਡੀ ਧਰਤੀ ਦੁਆਲੇ ਹਵਾਵਾਂ ਦਾ ਵਾਯੂਮੰਡਲ ਹੈ। ਖਤਰਨਾਕ ਪਰਾਵੈਂਗਨੀ ਸੂਰਜੀ ਕਿਰਨਾਂ ਨੂੰ ਰੋਕਣ ਲਈ ਓਜ਼ੋਨ ਹਵਾ ਦੀ ਪਰਤ ਹੈ, ਜੋ ਇੱਥੇ ਜੀਵਨ ਦੀ ਰੱਖਿਆ ਕਰਦੀ ਹੈ। ਵਾਯੂਮੰਡਲ ਭਾਵ ਹਵਾਵਾਂ ਦੇ ਇਸ ਗਿਲਾਫ ਵਿੱਚ ਜੀਵਨ ਪਨਪਦਾ ਹੈ, ਹਵਾਵਾਂ ਚੱਲਦੀਆਂ ਹਨ, ਬਾਰਸ਼ਾਂ ਪੈਂਦੀਆਂ ਹਨ, ਪੰਛੀ ਚਹਿਕਦੇ ਹਨ। ਜੀਵ-ਜੰਤੂ, ਜਲ-ਜੀਵ, ਪਸ਼ੂ, ਪੰਛੀ, ਪਰਿੰਦੇ ਤੇ ਜੀਵਾਣੂ ਇਸੇ ਨਿੱਘ ਸਦਕਾ ਆਪਣੀਆਂ ਨਸਲਾਂ ਦਾ ਵਿਕਾਸ ਕਰਦੇ ਹਨ। ਇਸੇ ਜੀਵਨ ਰੱਖਿਅਕ ਵਾਤਾਵਰਨ ਸਦਕਾ ਮਨੁੱਖ ਦਿਨ-ਰਾਤ ਆਪਣੀ ਸਰਗਰਮੀ ਕਰ ਰਿਹਾ ਹੈ। ਡੈਮਾਂ ਤੋਂ ਪਾਣੀ ਨਾਲ ਬਿਜਲੀ ਪੈਦਾ ਹੁੰਦੀ ਹੈ, ਜਿਸ ਨਾਲ ਪਿੰਡਾਂ, ਸ਼ਹਿਰਾਂ ਤੱਕ ਰੌਸ਼ਨੀ, ਗਰਮੀ ਵਿੱਚ ਠੰਡਕ ਅਤੇ ਸਰਦੀ ਵਿੱਚ ਗਰਮਾਹਟ ਪੈਦਾ ਹੁੰਦੀ ਹੈ। ਧਰਤੀ 'ਤੇ ਜੀਵਨ ਲਈ ਢੁਕਵੇਂ ਵਾਤਾਵਰਨ ਦੀ ਬਦੌਲਤ ਇੱਥੇ ਜੀਵਨ ਵਿੱਚ ਸਰਗਰਮੀ ਹੈ। ਇਹ ਸਰਗਰਮੀ ਹਰ ਦਿਨ ਵਧ ਰਹੀ ਹੈ। ਦਿਨ-ਰਾਤ ਫੈਕਟਰੀਆਂ, ਗੱਡੀਆਂ, ਮੋਟਰਾਂ ਚਲਦੀਆਂ ਹਨ। ਬੜੀ ਤੇਜ਼ੀ ਨਾਲ ਬਹੁਤ ਕੁਝ ਨਸ਼ਟ ਕੀਤਾ ਜਾ ਰਿਹਾ ਹੈ, ਕਾਹਲੀ ਨਾਲ ਬਹੁਤ ਕੁਝ ਨਵਾਂ ਪੈਦਾ ਕੀਤਾ ਜਾ ਰਿਹਾ ਹੈ।

ਅਸੀਂ ਏ ਆਈ ਦੇ ਦੌਰ ਵਿੱਚ ਪ੍ਰਵੇਸ਼ ਕੀਤਾ ਹੈ, ਹੁਣ ਵੀ ਜੇਕਰ ਗਰੋਕ ਜਾਂ ਹੋਰ ਏ ਆਈ ਸਰੋਤਾਂ ਨੂੰ ਇਹ ਸਵਾਲ ਕਰੋਗੇ ਕਿ ਇਸ ਸਮੇਂ ਮਨੁੱਖ ਜਾਤ ਨੂੰ ਸਭ ਤੋਂ ਵੱਡਾ ਖਤਰਾ ਕਿਸ ਤੋਂ ਹੈ ਤਾਂ ਜਵਾਬ ਆਵੇਗਾ 'ਗਲੋਬਲ ਵਾਰਮਿੰਗ ਧਰਤੀ ਦੇ ਜੀਵਨ ਲਈ ਸਭ ਤੋਂ ਵੱਡਾ ਖਤਰਾ ਹੈ।' ਕੁਦਰਤ ਵਿਰੋਧੀ ਅਖੌਤੀ ਵਿਕਾਸ ਕਾਰਨ ਧਰਤੀ ਦੀ ਜੀਵਨ ਰੱਖਿਅਕ ਓਜ਼ੋਨ ਪਰਤ ਪਾਟ ਰਹੀ ਹੈ, ਕਿਤੋਂ-ਕਿਤੋਂ ਛਿੱਜ ਗਈ ਹੈ, ਜਿਸ ਕਾਰਨ ਖਤਰਨਾਕ ਪਰਾਵੈਂਗਨੀ ਕਿਰਨਾਂ ਧਰਤੀ ਦੇ ਜੀਵਨ ਲਈ ਵੱਡੇ ਖਤਰੇ ਲੈ ਕੇ ਆਈਆਂ ਹਨ। ਅਜਿਹੇ ਖਤਰੇ ਜਿਸ ਦਾ ਮਨੁੱਖ ਜਾਤੀ ਨੂੰ ਅਜੇ ਤੱਕ ਕਿਆਸ ਵੀ ਨਹੀਂ। ਆਸਟਰੇਲੀਆ ਵਰਗੇ ਦੇਸ਼ਾਂ ਵਿੱਚ ਵੱਡੀ ਪੱਧਰ 'ਤੇ ਲੋਕਾਂ ਨੂੰ ਚਮੜੀ ਅਤੇ ਬਲੱਡ ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਹੋਣ ਲੱਗੀਆਂ ਹਨ। ਪਿਛਲੇ ਕੁਝ ਅਰਸੇ ਤੋਂ ਧਰਤੀ ਦੇ 1.5 ਸੈਲਸੀਅਸ ਵਧੇ ਤਾਪਮਾਨ ਨਾਲ ਵਾਯੂਮੰਡਲ ਵਿੱਚ ਕਾਰਬਨਡਾਈਆਕਸਾਈਡ ਅਤੇ ਮੀਥੇਨ ਵਰਗੀਆ ਗੈਸਾਂ ਵਧਣ ਲੱਗੀਆਂ ਹਨ, ਗਰਮੀ ਦੀ ਰੁੱਤ ਲੰਮੀ ਹੋਣ ਲੱਗੀ ਹੈ, ਵਧੀ ਗਰਮੀ ਨਾਲ ਬਰਫ ਦੇ ਗਲੇਸ਼ੀਅਰ ਤੇਜ਼ੀ ਨਾਲ ਪਿਘਲਣ ਲੱਗੇ ਹਨ, ਜਿਸ ਕਰਕੇ ਹੜ੍ਹ, ਸੋਕਾ, ਤੂਫਾਨ ਅਤੇ ਅੱਗਾਂ ਦੀਆਂ ਘਟਨਾਵਾਂ ਵਿੱਚ ਅੱਥਰਾ ਵੇਗ ਆ ਗਿਆ ਹੈ। ਇਸ ਨਾਲ ਜੈਵ ਵਿਭਿੰਨਤਾਵਾਂ 'ਤੇ ਬੜਾ ਮਾੜਾ ਪ੍ਰਭਾਵ ਪਿਆ ਹੈ। ਕਈ ਜੀਵ ਜਾਤੀਆਂ, ਜਲ ਜੀਵਾਂ ਦੀਆਂ ਦੀਆਂ ਪ੍ਰਜਾਤੀਆਂ ਤੇਜ਼ੀ ਨਾਲ ਖਤਮ ਹੋਣ ਲੱਗੀਆਂ ਹਨ ਅਤੇ ਬਿਮਾਰੀਆਂ ਦਾ ਪ੍ਰਕੋਪ ਤੇਜ਼ੀ ਨਾਲ ਵਧਣ ਲੱਗਾ ਹੈ। ਹੜ੍ਹਾਂ ਦਾ ਪਾਣੀ ਜਦੋਂ ਸਮੁੰਦਰ ਵਿੱਚ ਜਾ ਕੇ ਡਿੱਗਦਾ ਹੈ ਤਾਂ ਇਸ ਪਾਣੀ ਦੀ ਐਸਿਡਿਟੀ ਕਾਰਨ ਸਮੁੰਦਰੀ ਜੀਵ ਖਾਸ ਕਰਕੇ ਮੱਛੀਆਂ ਮਰਨ ਲੱਗਦੀਆਂ ਹਨ।

ਕੁਦਰਤੀ ਆਫਤਾਂ ਹੜ੍ਹ, ਸੋਕਾ ਅਤੇ ਅੱਗਾਂ ਦੇ ਤਾਂਡਵ ਕਰਕੇ ਲੋਕਾਂ ਵਿੱਚ ਤਣਾਅ ਅਤੇ ਪੋਸਟ-ਟਰੌਮੈਟਿਕ ਸਟ੍ਰੈਸ ਡਿਸਆਰਡਰ ਵਰਗੀਆਂ ਮਾਨਸਿਕ ਸਮੱਸਿਆਵਾਂ ਪੈਦਾ ਹੁੰਦੀਆਂ ਹਨ। ਅੱਗਾਂ ਅਤੇ ਧੂੰਏਂ ਦੇ ਪ੍ਰਕੋਪ ਕਰਕੇ ਹਵਾ 2.5 ਕਣਾਂ ਦੇ ਵਧਣ ਕਾਰਨ ਹਾਰਟ ਅਟੈਕ, ਬਲੱਡ ਪ੍ਰੈਸ਼ਰ ਬਰੇਨ ਸਟਰੋਕ ਵਰਗੀਆਂ ਬਿਮਾਰੀਆਂ ਪੈਦਾ ਹੁੰਦੀਆਂ ਹਨ, ਜਿਸ ਨਾਲ ਲੋਕਾਂ ਦੀ ਉਮਰ ਘੱਟ ਹੁੰਦੀ ਹੈ ਅਤੇ ਲੋਕ ਤੇਜ਼ੀ ਨਾਲ ਮਰਨ ਲੱਗਦੇ ਹਨ।

ਬੇਸ਼ੱਕ ਅਸੀਂ ਹੜ੍ਹਾਂ ਦੇ ਸੰਤਾਪ ਨੂੰ ਹੰਡਾਅ ਰਹੇ ਹਾਂ, ਪਰ ਭਵਿੱਖ ਵਿੱਚ ਪੀਣ ਵਾਲੇ ਪਾਣੀ ਦਾ ਸੰਕਟ ਹੋਰ ਗਹਿਰਾ ਹੋ ਜਾਵੇਗਾ। ਜਿਹੜੇ ਇਲਾਕਿਆਂ ਵਿੱਚ ਹੜ੍ਹ ਆਉਂਦੇ ਹਨ, ਉੱਥੇ ਬਹੁਤ ਸਾਰਾ ਪਾਣੀ ਬੋਰਾਂ, ਟਿਊਬਵੈੱਲਾਂ, ਕੱਚੇ ਗਟਰਾਂ ਰਾਹੀਂ ਤੇਜ਼ੀ ਨਾਲ ਧਰਤੀ ਵਿੱਚ ਜਾਂਦਾ ਹੈ, ਇਹ ਬਿਨਾਂ ਟਰੀਟ ਕੀਤਾ ਪਾਣੀ ਜਦੋਂ ਧਰਤੀ ਵਿੱਚ ਜਾਂਦਾ ਹੈ ਤਾਂ ਇਸ ਨਾਲ ਭਵਿੱਖ ਵਿੱਚ ਕਈ ਬਿਮਾਰੀਆਂ ਹੋਣ ਦਾ ਖਤਰਾ ਵਧ ਜਾਂਦਾ ਹੈ। ਇਹ ਖਤਰਾ ਕੇਵਲ ਹੜ ਪ੍ਰਭਾਵਿਤ ਇਲਾਕਿਆਂ ਤੱਕ ਹੀ ਸੀਮਤ ਨਹੀਂ ਰਹਿੰਦਾ, ਬਲਕਿ ਇਹ ਹੋਰ ਅੱਗੇ ਉਹਨਾਂ ਇਲਾਕਿਆਂ ਲਈ ਖਤਰੇ ਪੈਦਾ ਕਰਦਾ ਹੈ, ਜਿੱਥੇ ਹੜ੍ਹ ਨਹੀਂ ਆਏ। ਇੱਥੇ ਵਿਚਾਰਨਯੋਗ ਗੱਲ ਇਹ ਹੈ ਕਿ ਵਾਤਾਵਰਨ ਦਾ ਸਭ ਤੋਂ ਵੱਧ ਘਾਣ ਵਿਕਸਤ ਤਰੱਕੀ ਯਾਫਤਾ ਦੇਸ਼ ਕਰ ਰਹੇ ਹਨ। ਅਮੀਰ ਲੋਕ ਪੈਟਰੋਲ, ਡੀਜ਼ਲ ਪੀਣ ਵਾਲੀਆਂ ਗੱਡੀਆਂ ਅਤੇ ਜੀਵਨ ਲਈ ਬੇਲੋੜੀਆਂ ਵਸਤਾਂ ਵਰਤ ਰਹੇ ਹਨ, ਪਰ ਇਸ ਦਾ ਖਮਿਆਜ਼ਾ ਸਭ ਤੋਂ ਵੱਧ ਗਰੀਬ ਦੇਸ਼ਾਂ ਦੇ ਲੋਕ ਭੁਗਤ ਰਹੇ ਹਨ।

ਮੌਸਮੀ ਤਬਦੀਲੀਆਂ ਹੁਣ ਸਾਡੀ ਆਰਥਿਕਤਾ ਨੂੰ ਪ੍ਰਭਾਵਿਤ ਕਰਨ ਲੱਗੀਆਂ ਹਨ। ਵਧੇ ਤਾਪਮਾਨ ਨਾਲ ਕਣਕ, ਝੋਨੇ, ਮੱਕੀ, ਗੰਨੇ, ਦਾਲਾਂ ਅਤੇ ਹੋਰ ਫਸਲਾਂ 'ਤੇ ਬੜੇ ਮਾੜੇ ਪ੍ਰਭਾਵ ਪੈਂਦੇ ਹਨ, ਜਿਸ ਨਾਲ ਕਿਸਾਨ ਦੀ ਆਰਥਕ ਹਾਲਤ ਤਾਂ ਖਰਾਬ ਹੁੰਦੀ ਹੈ। ਇਸ ਨਾਲ ਹੋਰ ਲੋਕ ਜੋ ਅਸਿੱਧੇ ਤੌਰ 'ਤੇ ਕਿਸਾਨੀ ਨਾਲ ਜੁੜੇ ਹੁੰਦੇ ਹਨ, ਉਹ ਵੀ ਪ੍ਰਭਾਵਤ ਹੁੰਦੇ ਹਨ। ਹੜ੍ਹਾਂ ਕਾਰਨ ਵਾਹੀਯੋਗ ਜ਼ਮੀਨਾਂ ਘਟਦੀਆਂ ਹਨ। ਵਾਤਾਵਰਨ ਨੂੰ ਤਬਾਹ ਕਰਕੇ ਜਿਸ ਜੀ ਡੀ ਪੀ ਨੂੰ ਉੱਪਰ ਚੁੱਕਣ ਅਸੀਂ ਤਰਲੋਮੱਛੀ ਹੋ ਰਹੇ ਹਾਂ, ਭਵਿੱਖ ਵਿੱਚ ਅਜਿਹੀਆਂ ਵਾਤਾਵਰਨਕ ਤਬਦੀਲੀਆਂ ਦਾ ਸਾਨੂੰ ਸਾਹਮਣਾ ਕਰਨਾ ਪੈ ਸਕਦਾ ਹੈ ਜਿਸ ਨਾਲ ਇਹ ਗੱਲਾਂ ਸਾਡੇ ਚੇਤਿਆਂ ਵਿੱਚੋਂ ਹੀ ਵਿਸਰ ਜਾਣਗੀਆਂ।

ਇਹ ਠੀਕ ਹੈ ਕਿ ਡੈਮਾਂ ਦੇ ਪਾਣੀਆਂ ਨੂੰ ਬਾਰਸ਼ਾਂ ਦੀ ਸੰਭਾਵਨਾਵਾਂ ਅਨੁਸਾਰ ਰੀਲੀਜ਼ ਕੀਤਾ ਜਾਣਾ ਚਾਹੀਦਾ। ਇਸ ਵਿੱਚ ਹੋਈ ਕੋਤਾਹੀ ਨਾਲ ਦਰਿਆਵਾਂ ਵਿੱਚ ਛੱਡਿਆ ਪਾਣੀ ਤਬਾਹੀ ਦਾ ਕਾਰਨ ਬਣ ਸਕਦਾ ਹੈ, ਪਰ ਜੇਕਰ ਅਸੀਂ ਸੋਚਦੇ ਹਾਂ ਕਿ ਭਵਿੱਖ ਵਿੱਚ ਪਾਣੀ ਰੀਲੀਜ਼ ਕਰਨ ਦੀ ਉਸਾਰੂ ਪਹੁੰਚ ਨਾਲ ਹੀ ਸਾਰੇ ਮਸਲੇ ਹੱਲ ਹੋ ਜਾਣਗੇ ਤਾਂ ਅਸੀਂ ਇੱਕ ਵੱਡੇ ਭਰਮ ਵਿੱਚ ਹਾਂ। ਸਾਨੂੰ ਇਹ ਨਹੀਂ ਭੁੱਲਣਾ ਚਾਹੀਦਾ ਕਿ 2023 ਵਿੱਚ ਹੜ੍ਹਾਂ ਦਾ ਪਾਣੀ ਦਿੱਲੀ ਦੇ ਲਾਲ ਕਿਲ੍ਹੇ ਤੱਕ ਪਹੁੰਚ ਗਿਆ ਸੀ ਤੇ ਇਸ ਨੇ ਸ਼ਹਿਰ ਦੇ ਇੱਕ ਵੱਡੇ ਇਲਾਕੇ ਨੂੰ ਆਪਣੀ ਲਪੇਟ ਵਿੱਚ ਲੈ ਲਿਆ ਸੀ। ਦੂਜਾ ਇਹ ਵੀ ਭਰਮ ਕਿ ਜਿੱਥੇ ਕਦੇ ਪਾਣੀ ਨਹੀਂ ਆਇਆ, ਉਹਨਾਂ ਪਿੰਡਾਂ, ਸ਼ਹਿਰਾਂ ਨੂੰ ਵੀ ਹੜ੍ਹਾਂ ਦੀ ਮਾਰ ਕਦੇ ਝੱਲਣੀ ਨਹੀਂ ਪਵੇਗੀ, ਇਹ ਭਰਮ ਵੀ ਸਾਨੂੰ ਤਿਆਗ ਦੇਣਾ ਚਾਹੀਦਾ ਹੈ। ਪਿਛਲੇ ਅਰਸੇ ਦੌਰਾਨ ਦੁਨੀਆਂ ਭਰ ਵਿੱਚ ਵਾਪਰੀਆਂ ਕੁਦਰਤੀ ਆਫਤਾਂ ਦੀਆਂ ਘਟਨਾਵਾਂ, ਜਿਵੇਂ ਅਮਰੀਕਾ ਦੇ ਸ਼ਹਾਨਾ ਸ਼ਹਿਰ ਲਾਸ ਏਂਜਲਸ ਵਿੱਚ ਕਈ ਦਿਨ ਲੱਗੀ ਅੱਗ ਅਤੇ ਇਸ ਨਾਲ ਅਰਬਾਂ ਦਾ ਨੁਕਸਾਨ, 2019-2020 ਵਿੱਚ ਆਸਟਰੇਲੀਆ ਵਿੱਚ ਲੱਗੀ ਅੱਗ, ਜਿਸ ਨੂੰ 'ਬਲੈਕ ਸਮਰ' ਨਾਂਅ ਦਿੱਤਾ ਗਿਆ, ਇਸ ਨਾਲ ਇੱਕ ਵੱਡਾ ਇਲਾਕਾ 18 ਮਿਲੀਅਨ ਹੈਕਟੇਅਰ, ਜਮੀਨ ਅਤੇ ਇਸ ਵਿੱਚ ਬਣੇ ਘਰ ਸੜ ਕੇ ਰਾਖ ਹੋ ਗਏ। ਕੈਨੇਡਾ, ਅਲਜੀਰੀਆ, ਪੁਰਤਗਾਲ, ਈਰਾਨ, ਬੰਗਲਾ, ਦੇਸ਼, ਭਾਰਤ ਵਿੱਚ ਪਿਛਲੇ ਅਰਸੇ ਦੌਰਾਨ ਲੱਗੀਆਂ ਅੱਗਾਂ ਦੀ ਘਟਨਾਵਾਂ ਨਾਲ ਅਰਬਾਂ ਦਾ ਨੁਕਸਾਨ ਹੋਇਆ। ਲੰਘੀ ਗਰਮੀ ਦੌਰਾਨ ਸਾਡੇ ਪੰਜਾਬ ਪ੍ਰਦੇਸ਼ ਵਿੱਚ ਅੱਗ ਦੀਆਂ ਕਈ ਘਟਨਾਵਾਂ ਵਾਪਰੀਆਂ, ਕਈ ਏਕੜ ਕਣਕ ਸੜੀ, ਕੁਝ ਲੋਕ ਵੀ ਇਸ ਦੀ ਲਪੇਟ ਵਿੱਚ ਆ ਕੇ ਮਾਰੇ ਗਏ। ਭਾਵ ਅੱਗਾਂ ਲੱਗਣ ਦੀਆਂ ਘਟਨਾਵਾਂ ਦੁਨੀਆ ਭਰ ਵਿੱਚ ਤੇਜ਼ੀ ਨਾਲ ਵਧ ਰਹੀਆਂ ਹਨ।

ਮੌਸਮੀ ਤਬਦੀਲੀਆਂ 'ਤੇ ਕੰਮ ਕਰ ਰਹੇ ਮਾਹਰਾਂ ਅਨੁਸਾਰ ਮਨੁੱਖ ਦਾ ਭਵਿੱਖ ਹਰ ਦਿਨ ਭਿਆਨਕ ਬਣ ਰਿਹਾ ਹੈ। ਇੰਟਰਨੈਸ਼ਨਲ ਡਿਜ਼ਾਸਟਰ ਡਾਟਾਬੇਸ ਅਨੁਸਾਰ ਮੌਸਮੀ ਤਬਦੀਲੀਆ ਵਿੱਚ ਹੋਰ ਤੇਜ਼ੀ ਨਾਲ ਵਧਣਗੀਆਂ। ਐਟਮੀ ਪ੍ਰੀਖਣ, ਜੰਗ-ਯੁੱਧ, ਸਾੜ-ਫੂਕ, ਕਾਰਾਂ, ਮੋਟਰਾਂ-ਗੱਡੀਆਂ ਅਤੇ ਫੈਕਟਰੀਅ ਦੇ ਧੂੰਏਂ, ਧੂੜ-ਮਿੱਟੀ ਨਾਲ ਧਰਤੀ ਦੀ ਗਰਮੀ ਵਧੀ ਹੈ, ਜਿਸ ਨਾਲ ਅਸੀਂ ਧਰਤੀ ਦੇ ਜਲ ਚੱਕਰ ਨੂੰ ਪ੍ਰਭਾਵਤ ਕਰ ਲਿਆ ਹੈ। ਵਿਸ਼ਵ-ਵਿਆਪੀ ਜਲਵਾਯੂ ਤਬਦੀਲੀਆਂ ਦਾ ਮੁਲਾਂਕਣ ਕਰਨ ਵਾਲੀ ਸੰਸਥਾ ਇੰਟਰਗਵਰਨਮੈਂਟਲ ਪੈਨਲ ਆਨ ਕਲਾਈਮੇਟ ਚੇਂਜ ਨੇ ਇਸ ਸੰਬੰਧੀ 2021 ਵਿੱਚ ਸੁਚੇਤ ਕਰਦਿਆਂ ਦੱਸ ਦਿੱਤਾ ਸੀ ਕਿ ਭਵਿੱਖ ਵਿੱਚ ਭਾਰੀ ਵਰਖਾ ਅਤੇ ਹੜ੍ਹਾਂ ਦੀ ਤੀਬਰਤਾ ਵਧਣ ਵਾਲੀ ਹੈ।

ਸਮਾਂ ਤਾਂ ਇੱਕ ਤਰ੍ਹਾਂ ਨਾਲ ਲੰਘ ਚੁੱਕਿਆ ਹੈ, ਪਰ ਅਜੇ ਵੀ ਅਸੀਂ ਧਰਤੀ ਦੇ ਲੋਕ ਜਾਗ ਜਾਈਏ ਤਾਂ ਕੁਝ ਹੱਦ ਤੱਕ ਬਚਾਅ ਹੋ ਸਕਦਾ ਹੈ। ਵਿਸ਼ਵ ਭਰ ਦੀਆਂ ਸਰਕਾਰਾਂ ਨੂੰ ਅਖੌਤੀ ਵਿਕਾਸ ਜੋ ਕੁਦਰਤ ਦਾ ਤੇਜ਼ੀ ਨਾਲ ਵਿਨਾਸ਼ ਕਰ ਰਿਹਾ ਹੈ, ਜਿਸ ਵਿੱਚ ਜੰਗਲ ਕੱਟੇ ਜਾ ਰਹੇ ਹਨ। ਪਹਾੜਾਂ ਨੂੰ ਤਬਾਹ ਕਰਕੇ ਉਸਾਰੀਆਂ ਤੇ ਸੜਕਾਂ ਦਾ ਨਿਰਮਾਣ ਹੋ ਰਿਹਾ ਹੈ ਕੁਦਰਤ ਦਾ ਵਿਨਾਸ਼ ਕਰਕੇ ਪੈਦਾ ਕੀਤੇ ਜਾ ਰਹੇ ਇਸ ਵਿਕਾਸ ਨੂੰ ਰੋਕੇ ਜਾਣ ਦੀ ਲੋੜ ਹੈ। ਪ੍ਰਦੂਸ਼ਣ ਫੈਲਾਉਣ ਵਾਲੀਆਂ, ਗੱਡੀਆਂ, ਫੈਕਟਰੀਆਂ, ਕਾਰਖਾਨਿਆਂ 'ਤੇ ਸ਼ਿਕੰਜਾ ਕੱਸੇ ਜਾਣ ਦੀ ਲੋੜ ਹੈ। ਦਰਿਆਵਾਂ ਦੇ ਪਾਣੀਆਂ ਵਿੱਚ ਗੰਦਾ ਜ਼ਹਿਰੀਲਾ ਪਾਣੀ ਪਾਉਣ ਵਾਲੇ ਯੂਨਿਟ ਬੰਦ ਹੋਣੇ ਚਾਹੀਦੇ ਹਨ। ਰੁੱਖਾਂ ਦੀ ਅੰਨ੍ਹੇਵਾਹ ਹੋ ਰਹੀ ਕਟਾਈ 'ਤੇ ਰੋਕ ਲੱਗਣੀ ਚਾਹੀਦੀ ਹੈ। ਨਵਿਆਉਣਯੋਗ ਊਰਜਾ ਦੇ ਢੁਕਵੇਂ ਸਾਧਨ ਲੱਭਣ ਲਈ ਵੱਡੇ ਪ੍ਰੋਗਰਾਮ ਬਣਾ ਕੇ ਇਹਨਾਂ 'ਤੇ ਕੰਮ ਕੀਤੇ ਜਾਣ ਦੀ ਲੋੜ ਹੈ। ਅਫਸੋਸ ਇਸ ਗੱਲ ਦਾ ਹੈ ਕਿ ਇਹ ਸਭ ਕੁਝ ਕਰੇ ਕੌਣ? ਸਾਡੀਆਂ ਸਰਕਾਰਾਂ ਸੁੱਤੀਆਂ ਹੋਈਆਂ ਹਨ, ਵੱਖ-ਵੱਖ ਦੇਸ਼ ਕਲਾਈਮੇਟ ਚੇਂਜ ਦੇ ਮਸਲੇ ਨੂੰ ਇੱਕ-ਦੂਜੇ ਦੇਸ਼ 'ਤੇ ਸੁੱਟ ਕੇ ਆਪ ਸੁਰਖਰੂ ਹੋਣਾ ਚਾਹੁੰਦੇ ਹਨ। ਗਲੋਬਲ ਵਾਰਮਿੰਗ 'ਤੇ ਹੋਣ ਵਾਲੀਆਂ ਵਿਸ਼ਵਵਿਆਪੀ ਬੈਠਕਾਂ 'ਤੇ ਅਰਬਾਂ ਰੁਪਏ ਖਰਚ ਹੋਏ, ਪਰ ਇਸ ਵਿੱਚੋਂ ਹਾਸਲ ਕੁਝ ਨਹੀਂ ਹੋਇਆ। ਧਰਤੀ ਦੇ ਜਲਵਾਯੂ ਨੂੰ ਬਚਾਉਣ ਲਈ ਵੱਡੀ ਸਿਆਣਪ ਭਰੀ ਸਮਝ ਦੀ ਲੋੜ ਹੈ, ਜੋ ਫਿਲਹਾਲ ਕਿਸੇ ਪਾਸੇ ਨਹੀਂ, ਅਜੇ ਤਾਂ ਵੱਖ-ਵੱਖ ਦੇਸ਼ਾਂ ਦੇ ਮਾਲਕ ਜੰਗਾਂ-ਯੁੱਧਾਂ ਵਿੱਚ ਆਪਣੀ ਧੌਂਸ ਜਮਾਉਣ, ਬੰਬਾਂ-ਬਰੂਦਾਂ ਨਾਲ ਫਲਸਤੀਨ ਵਰਗੇ ਖਿੱਤਿਆਂ ਨੂੰ ਤਬਾਹ ਕਰਨ ਅਤੇ ਆਪਣੇ ਆਪਣੇ ਮੁਲਕ ਦੀ ਜੀ ਡੀ ਪੀ ਵਧਾਉਣ ਲੱਗੇ ਹੋਏ ਹਨ। ਸੋਚਣ ਦਾ ਵੇਲਾ ਲੰਘ ਗਿਆ ਹੈ, ਕੁਝ ਕਰਨ ਦਾ ਵੇਲਾ ਵੀ ਲੰਘਦਾ ਜਾ ਰਿਹਾ ਹੈ, ਪਰ ਅਸੀਂ ਧਰਤੀ ਵਾਸੀ ਚੁੱਪ ਹਾਂ, ਸੁੱਤੇ ਹੋਏ ਹਾਂ, ਬਹੁਤ ਕੁਝ ਗਵਾ ਕੇ, ਤਬਾਹ ਕਰਕੇ ਜਾਗੇ ਤਾਂ ਕੀ ਜਾਗੇ?

**# ਸੰਪਰਕ : 98550-51099**

# ਸੰਘ ਦਾ ਸਿੱਕਾ ਜਾਰੀ ਕਰਨਾ ਸੰਵਿਧਾਨ ਦਾ ਅਪਮਾਨ


ਵਿਸ਼ਵਾ ਮਿੱਤਰ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰਾਸ਼ਟਰੀ ਸਵੈਮ ਸੇਵਕ ਸੰਘ ਦੀ ਸਥਾਪਨਾ ਦੇ ਸੌ ਸਾਲ ਪੂਰੇ ਹੋਣ, ਤੇ ਪਹਿਲੀ ਅਕਤੂਬਰ ਵਾਲੇ ਦਿਨ ਇੱਕ ਸੌ ਰੁਪੈ ਦਾ ਸਿੱਕਾ ਅਤੇ ਇੱਕ ਡਾਕ ਟਿਕਟ ਜਾਰੀ ਕੀਤਾ। ਇਸ ਸਿੱਕੇ ਦੇ ਇੱਕ ਪਾਸੇ ਅਸ਼ੋਕ ਦੇ ਤਿੰਨ ਸ਼ੇਰਾਂ ਵਾਲੀ ਤਸਵੀਰ ਦੇ ਹੇਠਾਂ ਸੌ ਰੁਪੈ ਲਿਖਿਆ ਹੋਇਆ ਹੈ ਅਤੇ ਦੂਸਰੇ ਪਾਸੇ ਰਾਸ਼ਟਰੀ ਸਵੈਮ ਸੇਵਕ ਸੰਘ 1925 ਤੋਂ 2025 ਲਿਖਿਆ ਹੈ ਅਤੇ ਭਾਰਤ ਮਾਤਾ ਦੀ ਤਸਵੀਰ ਹੈ, ਜਿਹੜੀ ਸ਼ੇਰ ਦੇ ਨਾਲ ਕਮਲ ਦੇ ਫੁੱਲ 'ਤੇ ਖੜੀ ਹੈ, ਉਸ ਦੇ ਹੱਥ ਵਿਚ ਆਰ ਐੱਸ ਐੱਸ ਦਾ ਝੰਡਾ ਹੈ ਅਤੇ ਨਾਲ ਹੀ ਸਵੈ ਸੇਵਕ ਖੜੇ ਹਨ। ਪੰਜ ਰੁਪਈਏ ਡਾਕ ਟਿਕਟ 'ਤੇ ਆਰ ਐੱਸ ਐੱਸ ਦੇ ਸਵੈ ਸੇਵਕ 1963 ਵਿਚ ਹੋਏ ਗਣਤੰਤਰ ਦਿਵਸ ਦੀ ਪਰੇਡ ਵਿਚ ਭਾਗ ਲੈਂਦੇ ਵਿਖਾਈ ਗਏ ਹਨ।

ਇਸ ਮੌਕੇ 'ਤੇ ਪ੍ਰਧਾਨ ਮੰਤਰੀ ਨੇ ਆਪਣੇ ਭਾਸ਼ਣ ਵਿਚ ਕਿਹਾ ਕਿ ਆਰ ਐੱਸ ਐੱਸ ਦਾ ਇਤਿਹਾਸ ਬੜਾ ਗੌਰਵਸ਼ਾਲੀ ਅਤੇ ਦੇਸ਼ ਭਗਤੀ ਦਾ ਰਿਹਾ ਹੈ ਅਤੇ ਇਸ ਦੇ ਨੇਤਾ ਅਜ਼ਾਦੀ ਦੀ ਲੜਾਈ ਵਿਚ ਜੇਲ੍ਹਾਂ ਵਿੱਚ ਗਏ, ਭਾਰਤ ਵਿਚ ਇਹ ਪਹਿਲੀ ਵਾਰ ਹੋਇਆ ਹੈ ਕਿ ਸਿੱਕੇ 'ਤੇ ਭਾਰਤ ਮਾਤਾ ਦੀ ਤਸਵੀਰ ਲੱਗੀ ਹੈ। ਇਸ ਸਿੱਕੇ ਦੇ ਜਾਰੀ ਹੋਣ 'ਤੇ ਭਾਜਪਾ ਨੂੰ ਛੱਡ ਕੇ ਭਾਰਤ ਦੀਆਂ ਬਾਕੀ ਸਾਰੀਆਂ ਪਾਰਟੀਆਂ, ਵਿਦਿਆਰਥੀਆਂ ਅਤੇ ਹੋਰ ਬੁੱਧੀਜੀਵੀਆਂ ਵਿਚ ਰੋਸ ਦੀ ਲਹਿਰ ਪੈਦਾ ਕਰ ਦਿੱਤੀ ਹੈ। ਰੋਸ ਦਾ ਪਹਿਲਾ ਕਾਰਨ ਇਹ ਹੈ ਕਿ ਸਿੱਕਾ ਆਰ ਐੱਸ ਐੱਸ ਨਾਂਅ ਦੀ ਉਸ ਸੰਸਥਾ ਦੇ ਨਾਂਅ 'ਤੇ ਜਾਰੀ ਕੀਤਾ ਗਿਆ, ਜਿਸ ਨੇ ਆਪਣੀ ਸਥਾਪਨਾ ਤੋਂ ਲੈ ਕੇ ਹੁਣ ਤੱਕ ਕੋਈ ਵੀ ਦੇਸ਼ ਹਿਤ ਕੰਮ ਨਹੀਂ ਕੀਤਾ ਅਤੇ ਇਸ ਦੇ ਉਲਟ ਦੇਸ਼ ਵਿਰੋਧੀ ਕੰਮ ਲਗਾਤਾਰ ਕਰਦਾ ਕਰਦਾ ਰਿਹਾ। ਇਸ ਦਾ ਕੋਈ ਵੀ ਮੈਂਬਰ ਆਜ਼ਾਦੀ ਲਈ ਸ਼ਹੀਦ ਨਹੀਂ ਹੋਇਆ, ਨਾ ਜੇਲ੍ਹ ਗਿਆ ਅਤੇ ਨਾ ਹੀ ਸ਼ਹੀਦਾਂ ਦੀ ਵਿਚਾਰਧਾਰਾ ਦਾ ਸਾਥ ਦਿੱਤਾ। ਦੇਸ਼ ਦੀ ਆਜ਼ਾਦੀ ਲਈ ਚੱਲੇ ਕਿਸੇ ਵੀ ਅੰਦੋਲਨ ਵਿਚ ਭਾਗ ਨਹੀਂ ਲਿਆ ਅਤੇ ਉਲਟਾ ਇਹਨਾਂ ਦਾ ਵਿਰੋਧ ਕਰਦੇ ਰਹੇ। ਆਰ ਐੱਸ ਐੱਸ ਦੇ ਥਿੰਕ ਟੈਂਕ ਸਾਵਰਕਰ ਨੇ ਦੋ ਰਾਸ਼ਟਰ ਦਾ ਸਿਧਾਂਤ ਦੇ ਕੇ ਬ੍ਰਿਟਿਸ਼ ਸਰਕਾਰ ਲਈ ਭਾਰਤ ਦੇ ਦੋ ਟੋਟੇ ਹਿੰਦ ਅਤੇ ਪਾਕਿਸਤਾਨ ਕਰਨਾ ਸੁਖਾਲਾ ਕਰ ਦਿੱਤਾ। ਜਦੋਂ ਭਾਰਤ ਅਜ਼ਾਦ ਹੋਣ ਵਾਲਾ ਸੀ ਤਾਂ ਇਸ ਨੇ ਕਸ਼ਮੀਰ ਦੇ ਹਿੰਦੂ ਰਾਜੇ ਅਤੇ ਟਰਾਵਨਕੋਰ ਦੇ ਹਿੰਦੂ ਨਵਾਬ ਨੂੰ ਕਿਹਾ ਕਿ ਕਾਂਗਰਸ ਭਾਰਤ ਨੂੰ ਧਰਮ ਨਿਰਪੱਖ ਬਣਾ ਰਹੀ ਹੈ, ਤੁਸੀ ਇਸ ਨਾਲ ਨਾ ਮਿਲਣਾ ਅਤੇ ਆਜ਼ਾਦ ਰਹਿਣਾ, ਨਹੀਂ ਤਾਂ ਹਿੰਦੂ ਧਰਮ ਖਤਰੇ ਵਿਚ ਪੈ ਜਾਵੇਗਾ। ਇਸੇ ਕਾਰਨ ਕਸ਼ਮੀਰ ਵਿਚ ਪਾਕਿਸਤਾਨ ਵੱਲੋਂ ਭੇਜੇ ਕਬਾਇਲੀਆਂ ਦਾ ਹਮਲਾ ਹੋਣ 'ਤੇ ਵੀ ਕਸ਼ਮੀਰ ਦਾ ਰਾਜਾ ਭਾਰਤ ਨਾਲ ਮਿਲਣ ਵਿਚ ਢਿੱਲਮੱਠ ਕਰਦਾ ਰਿਹਾ, ਜਦ ਤਕ ਭਾਰਤ ਨਾਲ ਮਿਲਣ ਦੀ ਸੰਧੀ ਤੇ ਕੁਝ ਸ਼ਰਤਾਂ ਨਾਲ ਹਸਤਾਖਰ ਕੀਤੇ, ਤਦ ਤੱਕ ਕਸ਼ਮੀਰ ਦਾ ਬਹੁਤ ਸਾਰਾ ਹਿੱਸਾ ਪਾਕਿਸਤਾਨ ਨੇ ਆਪਣੇ ਕਬਜ਼ੇ ਵਿਚ ਕਰ ਲਿਆ ਸੀ। ਸੰਘ ਦੇ ਸਰਵੇ ਸਰਵਾ ਗੁਰੂ ਗੋਲਵਲਕਰ ਨੇ ਆਪਣੀ ਕਿਤਾਬ 'ਬੰਚ ਆਫ ਥਾਟਸ' ਵਿਚ ਲਿਖਿਆ ਹੈ ਕਿ ਮੈਨੂੰ ਅਜਿਹੀ ਅਜ਼ਾਦੀ ਨਹੀਂ ਚਾਹੀਦੀ, ਜਿਸ ਵਿਚ ਸ਼ੂਦਰਾਂ ਨੂੰ ਵੀ ਸਾਡੇ ਵਰਗੇ ਅਧਿਕਾਰ ਮਿਲ ਜਾਣ। ਇੱਕ ਹੋਰ ਜਗ੍ਹਾ ਲਿਖਿਆ ਕਿ ਹਿੰਦੂਆਂ ਨੂੰ ਆਪਣੀ ਸਾਰੀ ਸ਼ਕਤੀ ਅੰਗਰੇਜ਼ਾਂ ਵਿਰੁੱਧ ਨਹੀਂ ਲਗਾਉਣੀ ਚਾਹੀਦੀ, ਇਹ ਸਾਡੇ ਦੁਸ਼ਮਣ ਨਹੀਂ ਹਨ, ਸਾਡੇ ਅਸਲ ਦੁਸ਼ਮਣ ਮੁਸਲਮਾਨ ਹਨ। ਗੋਲਵਲਕਰ ਦੇ ਅਜਿਹੇ ਬਿਆਨ ਭਾਰਤ ਦੀ ਏਕਤਾ ਅਤੇ ਅਖੰਡਤਾ ਲਈ ਖਤਰਾ ਹਨ। ਇਸ ਤੋਂ ਇਲਾਵਾ ਸੰਘ ਨੇ ਤਿਰੰਗੇ ਨੂੰ ਅਪਣਾਉਣ ਤੋਂ ਨਾਂਹ ਕਰ ਦਿੱਤੀ ਅਤੇ ਕਿਹਾ ਕਿ ਤਿੰਨ ਦਾ ਅੰਕ ਨਹਿਸ ਹੁੰਦਾ ਹੈ ਅਤੇ ਸਾਡਾ ਝੰਡਾ ਕੇਵਲ ਭਗਵਾ ਰੰਗ ਦਾ ਹੈ।

52 ਸਾਲ ਤਕ ਭਗਵਾ ਝੰਡਾ ਲਹਿਰਾਉਣ ਤੋਂ ਬਾਅਦ ਸੰਘ ਦੇ ਆਪਣੇ ਦਫਤਰ ਵਿਚ ਤਿਰੰਗਾ ਝੰਡਾ ਲਹਿਰਾਇਆ। ਸੰਘ ਅਜੇ ਤੱਕ ਭਾਰਤ ਦੇ ਸੰਵਿਧਾਨ ਨੂੰ ਨਹੀਂ ਮੰਨਦਾ ਅਤੇ ਇਸ ਅਨੁਸਾਰ ਭਾਰਤ ਵਿਚ ਮਨੁਸਮ੍ਰਿਤੀ ਲਾਗੂ ਹੋਣੀ ਚਾਹੀਦੀ ਹੈ। ਸੰਘ ਦੀ ਇੱਕ ਵੱਡੀ ਸ਼ਾਖ਼ ਭਾਰਤੀ ਜਨਤਾ ਪਾਰਟੀ ਦੀ ਇਸ ਵਕਤ ਸਰਕਾਰ ਹੋਣ ਕਾਰਣ ਉਸ ਨੂੰ ਤਿਰੰਗਾ ਝੰਡਾ ਲਹਿਰਾਉਣਾ ਪੈਂਦਾ ਹੈ, ਇਸ ਦੇ ਸਾਂਸਦਾਂ ਨੂੰ ਸੰਵਿਧਾਨ ਦੀ ਸਹੁੰ ਖਾਣੀ ਪੈਂਦੀ ਹੈ, ਪਰ ਫਿਰ ਵੀ ਇਸ ਦੇ ਸਾਂਸਦ ਕਦੇ-ਕਦਾਈਂ ਮਨੂ ਸਿਮਰਤੀ ਦਾ ਗੁਣਗਾਨ ਕਰਦੇ ਵੇਖੇ ਗਏ ਅਤੇ ਸੰਘ ਅਨੁਸਾਰ ਹਿੰਦੂ ਰਾਸ਼ਟਰ ਬਣਾਉਣ ਦੀ ਵਕਾਲਤ ਕਰਦੇ ਰਹਿੰਦੇ ਹਨ।

ਪ੍ਰਧਾਨ ਮੰਤਰੀ ਮੋਦੀ ਨੇ ਉਸ ਤਨਜ਼ੀਮ ਦੀ ਸਥਾਪਨਾ ਦੇ ਸੌ ਸਾਲ ਪੂਰੇ ਹੋਣ 'ਤੇ ਸਿੱਕਾ ਜਾਰੀ ਕੀਤਾ, ਜਿਹੜੀ ਧਰਮ ਨਿਰਪੱਖਤਾ ਤੋਂ ਕੋਹਾਂ ਦੂਰ ਕੇਵਲ ਹਿੰਦੂ ਧਰਮ ਨਾਲ ਜੁੜੀ ਹੋਈ ਹੈ, ਭਾਰਤੀ ਸੰਵਿਧਾਨ ਦਾ ਨਿਰਾਦਰ ਕਰਦੀ ਹੈ। ਡਾਕਟਰ ਅੰਬੇਡਕਰ ਵੱਲੋਂ ਬਣਾਏ ਗਏ ਸੰਵਿਧਾਨ ਦਾ ਨਿਰਾਦਰ ਵੀ ਦਿੱਲੀ ਦੇ ਅੰਬੇਡਕਰ ਭਵਨ ਵਿਚ ਸੰਘ ਦਾ ਸਿੱਕਾ ਜਾਰੀ ਕਰਕੇ ਕੀਤਾ। ਕੇਵਲ ਸਿੱਕਾ ਅਤੇ ਡਾਕ ਟਿਕਟ ਹੀ ਨਹੀਂ ਜਾਰੀ ਕੀਤਾ, ਬਲਕਿ ਪਬਲਿਕ ਵਿਚ ਭਾਸ਼ਣ ਵੀ ਦਿੱਤਾ, ਜਿਸ ਵਿਚ ਆਰ ਐੱਸ ਐੱਸ ਨੂੰ ਦੇਸ਼ ਭਗਤ ਕਿਹਾ ਗਿਆ। ਕਿਸੇ ਵੀ ਦੇਸ਼ ਦੇ ਪ੍ਰਧਾਨ ਮੰਤਰੀ ਜਾਂ ਰਾਸ਼ਟਰਪਤੀ ਨੇ ਅੱਜ ਤੱਕ ਕਦੇ ਵੀ ਕਿਸੇ ਧਾਰਮਿਕ ਸੰਸਥਾ ਜਾਂ ਤਨਜ਼ੀਮ ਨਾਲ ਸੰਬੰਧਿਤ ਸਿੱਕਾ ਜਾਂ ਨੋਟ ਜਾਰੀ ਨਹੀਂ ਕੀਤਾ, ਪਰ ਭਾਰਤ ਦੇ ਪ੍ਰਧਾਨ ਮੰਤਰੀ ਨੇ ਹਿੰਦੂ ਧਰਮ ਨਾਲ ਜੁੜੀ ਆਰ ਐੱਸ ਐੱਸ ਦੇ ਸੌ ਸਾਲ ਪੂਰੇ ਹੋਣ 'ਤੇ ਉਸ ਨਾਲ ਸੰਬੰਧਿਤ ਸਿੱਕਾ ਅਤੇ ਡਾਕ ਟਿਕਟ ਜਾਰੀ ਕੀਤੇ। ਸ਼ਾਇਦ ਪਾਠਕਾਂ ਨੂੰ ਯਾਦ ਹੋਵੇ ਕਿ ਇੱਕ ਵਾਰ ਭਾਰਤ ਦੇ ਪਹਿਲੇ ਰਾਸ਼ਟਰਪਤੀ ਸ਼੍ਰੀ ਰਜਿੰਦਰ ਪ੍ਰਸ਼ਾਦ ਨੇ ਸ਼ੰਕਰਾਚਾਰੀਆ ਦੇ ਪੈਰਾਂ ਨੂੰ ਹੱਥ ਲਗਾ ਦਿੱਤਾ ਸੀ ਤਾਂ ਪਹਿਲੇ ਪ੍ਰਧਾਨ ਮੰਤਰੀ ਪੰਡਤ ਜਵਾਹਰ ਲਾਲ ਨਹਿਰੂ ਨੇ ਰਾਜਿੰਦਰ ਪ੍ਰਸਾਦ ਨੂੰ ਬੜੇ ਗੁੱਸੇ ਨਾਲ ਕਿਹਾ ਸੀ, ਤੁਸੀ ਕੇਵਲ ਹਿੰਦੂਆਂ ਦੇ ਰਾਸ਼ਟਰਪਤੀ ਨਹੀਂ ਹੋ, ਬਲਕਿ ਸਾਰੇ ਭਾਰਤ ਦੇ ਰਾਸ਼ਟਰਪਤੀ ਹੋ ਅਤੇ ਤੁਸੀ ਸ਼ੰਕਰਾਚਾਰੀਆ ਦੇ ਪੈਰਾਂ ਨੂੰ ਹੱਥ ਲਗਾ ਕੇ ਬਹੁਤ ਗਲਤ ਕੰਮ ਕੀਤਾ ਹੈ। ਹੁਣ ਅਸੀਂ ਵੀ ਨਰਿੰਦਰ ਮੋਦੀ ਨੂੰ ਪੁੱਛਦੇ ਹਾਂ ਕਿ ਕੀ ਤੁਸੀ ਸਾਰੇ ਭਾਰਤ ਦੇ ਪ੍ਰਧਾਨ ਮੰਤਰੀ ਹੋ ਜਾਂ ਕੇਵਲ ਹਿੰਦੂਆਂ ਦੇ ਪ੍ਰਧਾਨ ਮੰਤਰੀ ਹੋ। ਵੈਸੇ ਇੱਕ ਵਾਰ ਨਰਿੰਦਰ ਮੋਦੀ ਨੇ ਇਹ ਵੀ ਕਿਹਾ ਸੀ ਕਿ ਮੈਂ ਹਿੰਦੂ ਰਾਸ਼ਟਰਵਾਦੀ ਹਾਂ। ਜਿਹੜਾ ਡਾਕ ਟਿਕਟ ਜਾਰੀ ਕੀਤਾ ਗਿਆ, ਉਸ ਵਿੱਚ ਵੀ ਇੱਕ ਬੜਾ ਵੱਡਾ ਝੂਠ ਲਿਖਿਆ ਗਿਆ ਹੈ। ਟਿਕਟ ਉੱਤੇ ਆਰ ਐੱਸ ਐੱਸ ਦੇ ਸਵੈ ਸੇਵਕ ਆਪਣੀ ਨਿੱਕਰ, ਕਮੀਜ਼ ਅਤੇ ਲਾਠੀ ਲੈ ਕੇ ਪਰੇਡ ਕਰਦੇ ਵਿਖਾਏ ਗਏ ਹਨ ਅਤੇ ਨਾਲ ਲਿਖਿਆ ਹੈ- 1963 ਦੀ ਗਣਤੰਤਰ ਪਰੇਡ ਵਿਚ ਸਵੈ ਸੇਵਕ ਹਿੱਸਾ ਲੈਂਦੇ ਹੋਏ, ਜਦ ਕਿ 1962 ਵਿਚ ਚੀਨ ਦਾ ਹਮਲਾ ਹੋਣ 'ਤੇ ਕੁਝ ਅਜਿਹੇ ਹਾਲਾਤ ਹੋ ਗਏ ਕਿ 1963 ਵਿਚ ਗਣਤੰਤਰ ਦਿਵਸ ਦੀ ਪਰੇਡ ਹੋਈ ਹੀ ਨਹੀਂ ਸੀ ਅਤੇ ਨਾ ਹੀ ਹਥਿਆਰਾਂ ਅਤੇ ਝਾਕੀਆਂ ਦਾ ਪ੍ਰਦਰਸ਼ਨ ਹੋਇਆ ਸੀ। ਇਸ ਦੀ ਥਾਂ ਆਮ ਪਬਲਿਕ ਮਾਰਚ ਹੋਇਆ ਸੀ। ਇਸ ਪਬਲਿਕ ਮਾਰਚ ਵਿੱਚ ਆਰ ਐੱਸ ਐੱਸ ਦੇ ਸਵੈ ਸੇਵਕ ਵੀ ਆਏ ਸਨ। ਇਸ ਤੋਂ ਇਲਾਵਾ 27 ਜੁਲਾਈ ਵਾਲੇ ਦਿਨ ਪ੍ਰਧਾਨ ਮੰਤਰੀ ਮੋਦੀ ਨੇ ਤਾਮਿਲਨਾਡੂ ਵਿਚ ਸਥਿਤ ਹਿੰਦੂ ਧਰਮ ਦੇ ਇੱਕ ਪ੍ਰਮੁੱਖ ਮੰਦਰ ਬ੍ਰਿਹਦੇਸ਼ਵਰ ਮੰਦਰ ਦੀ ਹਜ਼ਾਰਵੀਂ ਵਰ੍ਹੇਗੰਢ 'ਤੇ ਉਸ ਦਾ ਸਮਾਰਕ ਸਿੱਕਾ ਇੱਕ ਹਜ਼ਾਰ ਰੁਪਏ ਦਾ ਜਾਰੀ ਕੀਤਾ, ਪਰ ਇਹ ਆਮ ਪਬਲਿਕ ਨਹੀਂ ਸੀ।

ਬੀ ਬੀ ਸੀ ਲੰਡਨ ਦੇ ਭਾਰਤ ਦੀਆਂ ਵਿਰੋਧੀ ਪਾਰਟੀਆਂ ਦੇ ਬਿਆਨਾਂ ਨੂੰ ਦੁਹਰਾਇਆ ਹੈ ਅਤੇ ਕਿਹਾ ਹੈ ਕਿ ਆਰ ਐੱਸ ਐੱਸ ਆਪਣੇ ਆਪ ਨੂੰ ਕੇਵਲ ਇੱਕ ਸੱਭਿਆਚਾਰਕ ਸੰਸਥਾ ਕਹਿੰਦਾ ਹੈ, ਪਰ ਇਹ ਭਾਜਪਾ ਨਾਲ ਮਿਲ ਕੇ ਸਿਆਸਤ ਵਿੱਚ ਹਿੱਸਾ ਵੀ ਲੈਂਦਾ ਹੈ। ਬੀ ਬੀ ਸੀ ਨੇ ਨੋਟ ਕੀਤਾ ਕਿ ਸਮਾਗਮ ਨੂੰ ਸਖ਼ਤੀ ਨਾਲ ਕੰਟਰੋਲ ਕੀਤਾ ਗਿਆ ਸੀ, ਜਦੋਂ ਕਿ ਸ਼ਤਾਬਦੀ ਸਮਾਗਮ ਵਿਦੇਸ਼ੀ ਪੱਤਰਕਾਰਾਂ ਲਈ ਖੁੱਲ੍ਹਾ ਸੀ। ਪੱਤਰਕਾਰਾਂ ਨੂੰ ਹਾਜ਼ਰੀਨ ਜਾਂ ਵਲੰਟੀਅਰਾਂ ਨਾਲ ਗੱਲ ਕਰਨ ਦੀ ਇਜਾਜ਼ਤ ਨਹੀਂ ਸੀ।

**# ਸੰਪਰਕ : 94176-32228**

# ਧੀਆਂ ਦਾ ਵਿਗੜਦਾ ਅਨੁਪਾਤ


ਵਿਜੈ ਗਰਗ

ਇਹ ਇੱਕ ਅਜੀਬ ਵਿਡੰਬਨਾ ਹੈ ਕਿ ਪਿਛਲੇ ਕਈ ਦਹਾਕਿਆਂ ਤੋਂ ਮਰਦ-ਔਰਤ ਅਨੁਪਾਤ ਵਿੱਚ ਵਧ ਰਹੇ ਪਾੜੇ ਬਾਰੇ ਲਗਾਤਾਰ ਚਿੰਤਾ ਬਣੀ ਹੋਈ ਹੈ। ਇਸ ਮੁੱਦੇ ਨੂੰ ਹੱਲ ਕਰਨ ਲਈ ਕਈ ਜਾਗਰੂਕਤਾ ਮੁਹਿੰਮਾਂ ਅਤੇ ਸਰਕਾਰੀ ਪ੍ਰੋਗਰਾਮ ਸ਼ੁਰੂ ਕੀਤੇ ਗਏ ਹਨ। ਫਿਰ ਵੀ, ਅੱਜ ਵੀ ਮਰਦਾਂ ਦੇ ਮੁਕਾਬਲੇ ਔਰਤਾਂ ਦੀ ਘਟਦੀ ਗਿਣਤੀ ਬਾਰੇ ਚਿੰਤਾ ਦਾ ਪੱਧਰ ਘਟ ਗਿਆ ਜਾਪਦਾ ਹੈ, ਜਦੋਂ ਕਿ ਭਰੂਣ ਹੱਤਿਆ ਨੂੰ ਇੱਕ ਮੁੱਖ ਕਾਰਨ ਵਜੋਂ ਵਿਚਾਰਿਆ ਜਾਂਦਾ ਹੈ ਅਤੇ ਇਸ ਨੂੰ ਰੋਕਣ ਲਈ ਕਾਨੂੰਨ ਅਤੇ ਨਿਯਮ ਬਣਾਏ ਜਾਂਦੇ ਹਨ, ਇਹ ਅਜੇ ਵੀ ਧੀਆਂ ਨੂੰ ਕਦੇ ਵੀ ਪੈਦਾ ਹੋਣ ਤੋਂ ਰੋਕਣ ਲਈ ਇਸ 'ਤੇ ਨਿਰਭਰ ਕਰਦਾ ਹੈ।

ਭਾਰਤ ਵਿੱਚ ਭਰੂਣ ਹੱਤਿਆ ਇੱਕ ਆਮ ਪ੍ਰਥਾ ਹੈ। ਜਨਮ ਤੋਂ ਬਾਅਦ ਕੁੜੀਆਂ ਨੂੰ ਛੱਡ ਦਿੱਤੇ ਜਾਣ ਜਾਂ ਝਾੜੀਆਂ ਵਿੱਚ ਸੁੱਟ ਦਿੱਤੇ ਜਾਣ ਦੀਆਂ ਘਟਨਾਵਾਂ ਵੀ ਨਿਯਮਿਤ ਤੌਰ 'ਤੇ ਰਿਪੋਰਟ ਕੀਤੀਆਂ ਜਾਂਦੀਆਂ ਹਨ। ਸਾਰੀਆਂ ਕੋਸ਼ਿਸ਼ਾਂ ਦੇ ਬਾਵਜੂਦ ਭਰੂਣ ਹੱਤਿਆ ਅਤੇ ਬਾਲ ਹੱਤਿਆ ਨੂੰ ਰੋਕਿਆ ਨਹੀਂ ਗਿਆ। ਇਸ ਦੌਰਾਨ ਭਰੂਣ ਹੱਤਿਆ ਦੇਸ਼ ਵਿੱਚ ਲਿੰਗ ਅਨੁਪਾਤ ਨੂੰ ਲਗਾਤਾਰ ਵਿਗਾੜ ਰਹੀ ਹੈ, ਜੋ ਭਵਿੱਖ ਵਿੱਚ ਸਮਾਜਿਕ ਅਸੰਤੁਲਨ ਨੂੰ ਹੋਰ ਵਧਾਏਗੀ। ਭਰੂਣ ਹੱਤਿਆ ਇੱਕ ਅਜਿਹੀ ਸਮੱਸਿਆ ਹੈ, ਜਿਸ ਦੇ ਅੰਕੜੇ ਨਾ ਸਿਰਫ਼ ਡਰਾਉਣੇ ਹਨ, ਬਲਕਿ ਕਿਸੇ ਵੀ ਸੰਵੇਦਨਸ਼ੀਲ ਵਿਅਕਤੀ ਅਤੇ ਸਮਾਜ ਲਈ ਹੈਰਾਨ ਕਰਨ ਵਾਲੇ ਵੀ ਹਨ। ਸਰਕਾਰੀ ਡਾਟਾ ਇਸ ਦੇ ਆਧਾਰ 'ਤੇ ਪਿਊ ਰਿਸਰਚ ਸੈਂਟਰ ਦੀ ਇੱਕ ਰਿਪੋਰਟ ਦੱਸਦੀ ਹੈ ਕਿ 2000 ਤੋਂ 2019 ਤੱਕ ਭਾਰਤ ਵਿੱਚ ਘੱਟੋ-ਘੱਟ 90 ਲੱਖ ਮਾਦਾ ਭਰੂਣ ਹੱਤਿਆ ਦੇ ਮਾਮਲੇ ਸਾਹਮਣੇ ਆਏ। ਇਹਨਾਂ ਵਿੱਚੋਂ 186.7 ਪ੍ਰਤੀਸ਼ਤ ਹਿੰਦੂਆਂ (80 ਪ੍ਰਤੀਸ਼ਤ ਆਬਾਦੀ), 4.9 ਪ੍ਰਤੀਸ਼ਤ ਸਿੱਖਾਂ (1.7 ਪ੍ਰਤੀਸ਼ਤ ਆਬਾਦੀ) ਵਿੱਚ ਅਤੇ 6.6 ਪ੍ਰਤੀਸ਼ਤ ਮੁਸਲਮਾਨਾਂ (14 ਪ੍ਰਤੀਸ਼ਤ ਆਬਾਦੀ) ਵਿੱਚ ਦਰਜ ਕੀਤੇ ਗਏ ਸਨ। ਹਾਲਾਂਕਿ ਪੁੱਤਰ ਦੀ ਪਸੰਦ ਵਿੱਚ ਕਮੀ ਆਈ ਹੈ, ਦੇਸ਼ ਵਿੱਚ ਗਰਭਪਾਤ ਜਾਰੀ ਹੈ। 2011 ਦੀ ਮਰਦਮਸ਼ੁਮਾਰੀ ਦੇ ਅਨੁਸਾਰ 0-6 ਉਮਰ ਸਮੂਹ ਵਿੱਚ ਪ੍ਰਤੀ 1,000 ਮੁੰਡਿਆਂ ਵਿੱਚ 914 ਕੁੜੀਆਂ ਸਨ, ਜਦੋਂ ਕਿ 1991 ਵਿੱਚ ਇਹ ਗਿਣਤੀ 945 ਸੀ। ਭਾਰਤ ਵਿੱਚ ਲਿੰਗ ਅਨੁਪਾਤ ਚੰਗਾ ਨਹੀਂ ਹੈ। ਇਹ ਸਪੱਸ਼ਟ ਤੌਰ 'ਤੇ ਮਾਦਾ ਭਰੂਣ ਹੱਤਿਆ ਵੱਲ ਇਸ਼ਾਰਾ ਕਰਦਾ ਹੈ।

ਲੈਂਸੇਟ ਰਿਪੋਰਟ ਦੱਸਦੀ ਹੈ ਕਿ ਹਰ ਸਾਲ 2.39 ਲੱਖ ਵਾਧੂ ਮਾਦਾ ਭਰੂਣ ਹੱਤਿਆ (5 ਸਾਲ ਤੋਂ ਘੱਟ) ਮੌਤਾਂ ਦਰਜ ਕੀਤੀਆਂ ਜਾਂਦੀਆਂ ਹਨ, ਮੁੱਖ ਤੌਰ 'ਤੇ ਅਣਗਹਿਲੀ ਅਤੇ ਕੁਪੋਸ਼ਣ ਕਾਰਨ। ਇਸ ਦੌਰਾਨ ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਦੇ ਅੰਕੜਿਆਂ ਤੋਂ ਪਤਾ ਚੱਲਦਾ ਹੈ ਕਿ 2022 ਵਿੱਚ ਦੇਸ਼ ਵਿੱਚ ਭਰੂਣ ਹੱਤਿਆ ਦੇ 63 ਮਾਮਲੇ ਦਰਜ ਕੀਤੇ ਗਏ ਸਨ, ਜਿਨ੍ਹਾਂ ਵਿੱਚੋਂ ਸਭ ਤੋਂ ਵੱਧ 25 ਮਾਮਲੇ ਮਹਾਰਾਸ਼ਟਰ ਵਿੱਚ ਸਨ। ਮਾਦਾ ਭਰੂਣ ਹੱਤਿਆ ਦੇ ਖਾਸ ਅੰਕੜੇ ਵੱਖਰੇ ਤੌਰ 'ਤੇ ਨਹੀਂ ਦਿੱਤੇ ਗਏ। ਇਹ ਗਿਣਤੀ ਅਸਲ ਗਿਣਤੀ ਤੋਂ ਕਾਫ਼ੀ ਘੱਟ ਹੋ ਸਕਦੀ ਹੈ, ਕਿਉਂਕਿ ਬਹੁਤ ਸਾਰੇ ਮਾਮਲੇ ਅਣਗਹਿਲੀ ਜਾਂ ਭੁੱਖਮਰੀ ਦੇ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਰਿਪੋਰਟ ਨਹੀਂ ਕੀਤੇ ਜਾਂਦੇ। ਮਾਦਾ ਭਰੂਣ ਹੱਤਿਆ ਦੇ ਅੰਕੜਿਆਂ ਦਾ ਅੰਦਾਜ਼ਾ ਲਗਾਇਆ ਜਾਂਦਾ ਹੈ, ਕਿਉਂਕਿ ਸਾਰੇ ਗਰਭਪਾਤ ਦੇ ਮਾਮਲੇ ਅਕਸਰ ਰਿਪੋਰਟ ਨਹੀਂ ਕੀਤੇ ਜਾਂਦੇ। ਇਸ ਤੋਂ ਇਲਾਵਾ ਨਵਜੰਮੇ ਬੱਚਿਆਂ ਦੀਆਂ ਮੌਤਾਂ ਵੀ ਘੱਟ ਰਿਪੋਰਟ ਕੀਤੀਆਂ ਜਾਂਦੀਆਂ ਹਨ, ਅਕਸਰ ਗਲਤ ਰਿਪੋਰਟ ਕੀਤੀਆਂ ਜਾਂਦੀਆਂ ਹਨ, ਕਿਉਂਕਿ ਉਨ੍ਹਾਂ ਨੂੰ ਅਕਸਰ ਮ੍ਰਿਤ ਜਨਮ ਜਾਂ ਕੁਦਰਤੀ ਮੌਤ ਵਜੋਂ ਰਿਪੋਰਟ ਕੀਤਾ ਜਾਂਦਾ ਹੈ। ਹਰਿਆਣਾ, ਪੰਜਾਬ ਅਤੇ ਉੱਤਰਾਖੰਡ ਵਰਗੇ ਰਾਜ ਇੱਕ ਮਹੱਤਵਪੂਰਨ ਲਿੰਗ ਅਸੰਤੁਲਨ ਦਾ ਸਾਹਮਣਾ ਕਰ ਰਹੇ ਹਨ, ਇੱਕ ਗੰਭੀਰ ਸਥਿਤੀ। ਉੱਤਰਾਖੰਡ ਵਿੱਚ 2019 ਦੌਰਾਨ 132 ਪਿੰਡਾਂ ਵਿੱਚ ਤਿੰਨ ਮਹੀਨਿਆਂ ਤੱਕ ਇੱਕ ਵੀ ਕੁੜੀ ਪੈਦਾ ਨਹੀਂ ਹੋਈ। ਸਰਕਾਰ ਨੇ ਭਰੂਣ ਜਾਂਚ 'ਤੇ ਪਾਬੰਦੀ ਲਗਾਉਣ ਵਾਲਾ ਕਾਨੂੰਨ ਪਾਸ ਕੀਤਾ ਹੈ, ਪਰ ਇਸ ਦੇ ਬਾਵਜੂਦ ਸਥਿਤੀ ਨਹੀਂ ਬਦਲੀ। ਦੇਸ਼ ਭਰ ਵਿੱਚ ਹਜ਼ਾਰਾਂ ਕਲੀਨਿਕ ਗੁਪਤ ਰੂਪ ਵਿੱਚ ਭਰੂਣ ਜਾਂਚ ਦਾ ਅਭਿਆਸ ਜਾਰੀ ਰੱਖਦੇ ਹਨ। ਰਾਜ ਸਰਕਾਰਾਂ ਕੋਲ ਏਨੇ ਸਾਰੇ ਸਾਰੇ ਕਲੀਨਿਕਾਂ ਦੀ ਨਿਗਰਾਨੀ ਕਰਨ ਲਈ ਲੋੜੀਂਦੇ ਸਰੋਤ ਨਹੀਂ ਹਨ। ਇਸ ਲਈ ਆਮ ਨਾਗਰਿਕਾਂ ਤੋਂ ਜਾਗਰੂਕਤਾ ਅਤੇ ਸਰਕਾਰ ਦੇ ਸਮਰਥਨ ਦੀ ਲੋੜ ਹੈ। ਇਸ ਦੌਰਾਨ ਰਿਪੋਰਟਾਂ ਦੇ ਅਨੁਸਾਰ ਜਨਮ ਤੋਂ ਪਹਿਲਾਂ ਕੁੜੀਆਂ ਨੂੰ ਮਾਰਨ ਦੀ ਪ੍ਰਥਾ ਹੁਣ ਉਨ੍ਹਾਂ ਖੇਤਰਾਂ ਵਿੱਚ ਪ੍ਰਚੱਲਤ ਹੁੰਦੀ ਜਾ ਰਹੀ ਹੈ, ਜੋ ਪਹਿਲਾਂ ਬਚੇ ਹੋਏ ਸਨ। ਜੰਮੂ ਅਤੇ ਕਸ਼ਮੀਰ ਵਿੱਚ ਸਥਿਤੀ ਹੁਣ ਚਿੰਤਾਜਨਕ ਹੈ। ਸ੍ਰੀ ਨਗਰ ਸ਼ਹਿਰ ਪੰਜਾਬ, ਹਰਿਆਣਾ ਅਤੇ ਉੱਤਰਾਖੰਡ ਦੇ ਰਸਤੇ 'ਤੇ ਚੱਲ ਰਿਹਾ ਹੈ। ਕਈ ਹੋਰ ਸ਼ਹਿਰਾਂ ਵਿੱਚ ਵੀ ਅਜਿਹੀਆਂ ਸਥਿਤੀਆਂ ਵਿਕਸਤ ਹੋ ਰਹੀਆਂ ਹਨ। ਕੁੜੀਆਂ ਪ੍ਰਤੀ ਇਸ ਨਕਾਰਾਤਮਕ ਰਵੱਈਏ ਦੇ ਗੰਭੀਰ ਸਮਾਜਿਕ ਨਤੀਜੇ ਹੋ ਸਕਦੇ ਹਨ। ਇਹ ਗੰਭੀਰ ਚਿੰਤਾ ਦਾ ਵਿਸ਼ਾ ਹੈ। ਵਾਰ-ਵਾਰ ਗਰਭਪਾਤ ਔਰਤਾਂ ਦੀ ਸਿਹਤ 'ਤੇ ਵੀ ਮਾੜਾ ਪ੍ਰਭਾਵ ਪਾਉਂਦਾ ਹੈ। ਜੇਕਰ ਕੁੜੀਆਂ ਦੀ ਗਿਣਤੀ ਘਟਦੀ ਰਹੀ, ਤਾਂ ਔਰਤਾਂ ਵਿਰੁੱਧ ਹਿੰਸਾ ਵਧਣ ਦੀ ਸੰਭਾਵਨਾ ਹੈ। ਉਨ੍ਹਾਂ ਨੂੰ ਵਿਆਹ ਲਈ ਅਗਵਾ ਕੀਤਾ ਜਾਵੇਗਾ ਅਤੇ ਉਨ੍ਹਾਂ ਦੇ ਸਨਮਾਨ 'ਤੇ ਹਮਲਾ ਕੀਤਾ ਜਾਵੇਗਾ। ਇਹ ਇੱਕ ਗੰਭੀਰ ਸਥਿਤੀ ਹੋਵੇਗੀ। ਕੁੜੀਆਂ ਦੀ ਘਟਦੀ ਗਿਣਤੀ ਦਾ ਇੱਕ ਕਾਰਨ ਸਰਕਾਰ ਦੀਆਂ ਆਬਾਦੀ ਕੰਟਰੋਲ ਮੁਹਿੰਮਾਂ ਦੀਆਂ ਕਈ ਕਮੀਆਂ ਹਨ। ਆਂਧਰਾ ਪ੍ਰਦੇਸ਼, ਰਾਜਸਥਾਨ ਅਤੇ ਮੱਧ ਪ੍ਰਦੇਸ਼ ਵਰਗੇ ਰਾਜਾਂ ਵਿੱਚ ਸਰਕਾਰ ਨੇ ਦੋ ਤੋਂ ਵੱਧ ਬੱਚਿਆਂ ਵਾਲੇ ਮਾਪਿਆਂ ਨੂੰ ਕੁਝ ਅਧਿਕਾਰਾਂ ਤੋਂ ਇਨਕਾਰ ਕਰ ਦਿੱਤਾ ਹੈ। ਉਦਾਹਰਣ ਵਜੋਂ ਤਿੰਨ ਬੱਚਿਆਂ ਦੀ ਮਾਂ ਸਰਕਾਰੀ ਨੌਕਰੀ ਨਹੀਂ ਲੈ ਸਕਦੀ। ਜੇਕਰ ਉਹ ਇੱਕ ਕਰਮਚਾਰੀ ਹੈ ਤਾਂ ਉਸ ਨੂੰ ਬਹੁਤ ਸਾਰੇ ਲਾਭ ਨਹੀਂ ਮਿਲਣਗੇ। ਇਹ ਸਿੱਧੇ ਤੌਰ 'ਤੇ ਔਰਤਾਂ ਪ੍ਰਤੀ ਸਮਾਜਿਕ ਧਾਰਨਾਵਾਂ ਨੂੰ ਪ੍ਰਭਾਵਤ ਕਰਦਾ ਹੈ ਅਤੇ ਉਨ੍ਹਾਂ ਨੂੰ ਸੰਕੁਚਿਤ ਕਰਦਾ ਹੈ। ਇਹ ਇੱਕ ਦੁਖਦਾਈ ਸੱਚਾਈ ਹੈ ਕਿ ਕੁੜੀਆਂ ਦੇ ਅਨੁਪਾਤ ਵਿੱਚ ਗਿਰਾਵਟ ਦੇ ਕਾਰਨ ਬਹੁਤ ਸਾਰੇ ਰਾਜਾਂ ਵਿੱਚ ਨੌਜਵਾਨ ਮੁੰਡੇ, ਜਿਨ੍ਹਾਂ ਵਿੱਚ ਗਰੀਬ ਖੇਤਰਾਂ ਦੇ ਗਰੀਬ ਪਰਵਾਰ ਵੀ ਸ਼ਾਮਲ ਹਨ, ਵਿਆਹ ਲਈ ਕੁੜੀਆਂ ਲੱਭਣ ਵਿੱਚ ਅਸਮਰੱਥ ਹਨ। ਅਜਿਹੀਆਂ ਰਿਪੋਰਟਾਂ ਆਮ ਰਹੀਆਂ ਹਨ, ਜੋ ਵਿਆਹ ਲਈ ਕੁੜੀਆਂ ਦੀ ਖਰੀਦ ਬਾਰੇ ਚਿੰਤਾਵਾਂ ਪੈਦਾ ਕਰਦੀਆਂ ਹਨ।

ਦਲਾਲਾਂ ਰਾਹੀਂ ਖਰੀਦਣ-ਵੇਚਣ ਦਾ ਇਹ ਵਰਤਾਰਾ ਦਿਨੋ-ਦਿਨ ਵਧਦਾ ਜਾ ਰਿਹਾ ਹੈ। ਇਹ ਨਿਰਾਸ਼ਾਜਨਕ ਹੈ ਕਿ ਇਸ ਨੂੰ ਰੋਕਣ ਲਈ ਕਿਸੇ ਵੀ ਪੱਧਰ 'ਤੇ ਕੋਈ ਠੋਸ ਯਤਨ ਨਹੀਂ ਕੀਤੇ ਜਾ ਰਹੇ। ਇਹ ਨਾ ਸਿਰਫ਼ ਦੇਸ਼ ਲਈ ਖ਼ਤਰਾ ਪੈਦਾ ਕਰਦਾ ਹੈ, ਸਗੋਂ ਸਮਾਜ ਦੇ ਸੰਤੁਲਨ ਨੂੰ ਵੀ ਵਿਗਾੜਦਾ ਹੈ। ਇਸ ਨੂੰ ਰੋਕਣ ਲਈ ਹਰ ਪਰਵਾਰ ਨੂੰ ਧੀਆਂ ਨੂੰ ਬਰਾਬਰ ਅਧਿਕਾਰ ਅਤੇ ਸੁਰੱਖਿਆ ਦੇਣ ਦੀ ਮਹੱਤਤਾ ਤੋਂ ਜਾਣੂ ਕਰਵਾਉਣਾ ਚਾਹੀਦਾ ਹੈ। ਸਾਨੂੰ ਹਰ ਘਰ ਵਿੱਚ ਇਹ ਸੰਦੇਸ਼ ਫੈਲਾਉਣਾ ਚਾਹੀਦਾ ਹੈ ਕਿ ਧੀਆਂ ਇੱਕ ਬੋਝ ਨਹੀਂ ਹਨ, ਸਗੋਂ ਦੇਸ਼ ਅਤੇ ਸਮਾਜ ਲਈ ਇੱਕ ਤਾਕਤ ਹਨ। ਸਾਨੂੰ ਉਨ੍ਹਾਂ ਦੇ ਜਨਮ ਦਾ ਜਸ਼ਨ ਮਨਾਉਣਾ ਚਾਹੀਦਾ ਹੈ ਅਤੇ ਉਨ੍ਹਾਂ ਦੀ ਸਿੱਖਿਆ ਅਤੇ ਸਿਹਤ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ। ਇਸ ਵਿੱਚ ਕੋਈ ਸ਼ੱਕ ਨਹੀਂ ਕਿ ਭਰੂਣ ਹੱਤਿਆ ਲਿੰਗ ਅਨੁਪਾਤ ਨੂੰ ਵਿਗਾੜ ਰਹੀ ਹੈ, ਜੋ ਭਵਿੱਖ ਵਿੱਚ ਸਮਾਜਿਕ ਅਸੰਤੁਲਨ ਨੂੰ ਵਧਾਏਗਾ। ਕੁੜੀਆਂ ਦਾ ਸਵਾਗਤ ਕਰਨਾ ਅਤੇ ਉਨ੍ਹਾਂ ਦੀ ਪਰਵਰਿਸ਼ ਅਤੇ ਸਿੱਖਿਆ ਨੂੰ ਯਕੀਨੀ ਬਣਾਉਣਾ ਜ਼ਰੂਰੀ ਹੈ। ਇਸ ਤਰ੍ਹਾਂ ਦੀ ਸੋਚ ਨਾਲ ਹੀ ਅਸੀਂ ਸਮਾਜ ਵਿੱਚ ਬਦਲਾਅ ਲਿਆ ਸਕਦੇ ਹਾਂ। ਸਾਨੂੰ ਇਸ ਦਿਸ਼ਾ ਵਿੱਚ ਇਕੱਠੇ ਕੰਮ ਕਰਨਾ ਚਾਹੀਦਾ ਹੈ, ਤਾਂ ਜੋ ਹਰ ਧੀ ਇੱਕ ਸੁਰੱਖਿਅਤ ਵਾਤਾਵਰਣ ਅਤੇ ਤਰੱਕੀ ਵਿੱਚ ਵੱਡੀ ਹੋ ਸਕੇ।

## ਸ਼ਹਿਰ 'ਚ ਘੁੰਮਦੇ ਅਵਾਰਾ ਪਸ਼ੂ ਲੋਕਾਂ ਲਈ ਬਣੇ ਜੀਅ ਦਾ ਜੰਜਾਲ



**ਬੁਢਲਾਡਾ (ਅਸ਼ੋਕ ਲਾਕੜਾ)**
ਸਥਾਨਕ ਸ਼ਹਿਰ ਅੰਦਰ ਅਵਾਰਾ ਪਸ਼ੂਆਂ ਦੀ ਭਰਮਾਰ ਕਾਰਨ ਲੋਕਾਂ ਨੂੰ ਜਿੱਥੇ ਦੁਰਘਟਨਾਵਾਂ ਦਾ ਸ਼ਿਕਾਰ ਹੋਣਾ ਪੈ ਰਿਹਾ ਹੈ, ਉੱਥੇ ਬੱਸ ਸਟੈਂਡ ਰੋਡ 'ਤੇ ਹਰ ਰੋਜ਼ ਦੀਆਂ ਟਾਲਾਂ ਹੋਣ ਕਾਰਨ ਆਵਾਰਾ ਪਸ਼ੂਆਂ ਦੀ ਵੱਡੀ ਗਿਣਤੀ ਕਾਰਨ ਸਕੂਲੀ ਜਾਂਦੇ ਵਿਦਿਆਰਥੀਆਂ ਦੇ ਮਾਪੇ ਬੱਚੇ ਦੀ ਘਰ ਵਾਪਸੀ ਤੱਕ ਡਰ ਅਤੇ ਸਹਿਮ ਵਿੱਚ ਰਹਿੰਦੇ ਹਨ।ਅਜਿਹੀ ਸਥਿਤੀ ਵਿੱਚ ਵਾਰ ਵਾਰ ਇਸ ਦੇ ਹੱਲ ਲਈ ਸ਼ਹਿਰ ਦੇ ਲੋਕ ਸਮੇਂ ਸਮੇਂ ਦੀਆਂ ਸਰਕਾਰਾਂ, ਪ੍ਰਸ਼ਾਸਨਕ ਅਧਿਕਾਰੀਆਂ, ਨਗਰ ਕੌਂਸਲ ਨੂੰ ਬੇਨਤੀ ਕਰ ਚੁੱਕੇ ਹਨ।ਸ਼ਹਿਰ ਅੰਦਰ 2 ਗਊਸ਼ਾਲਾਂ ਹੋਣ ਦੇ ਬਾਵਜੂਦ ਬਾਜ਼ਾਰਾਂ 'ਚ ਆਵਾਰਾ ਪਸ਼ੂਆਂ ਦੀ ਤਦਾਦ ਬਹੁਤ ਵੱਧ ਚੁੱਕੀ ਹੈ।ਪੰਜਾਬ ਸਰਕਾਰ ਵੱਲੋਂ ਲੋਕਾਂ ਤੋਂ ਇਕੱਤਰ ਕੀਤਾ ਗਊਸੈੱਸ ਭਾਵੇਂ ਗਊਸ਼ਾਲਾ ਪ੍ਰਬੰਧਕ ਕਮੇਟੀਆਂ ਨੂੰ ਲੱਖਾਂ ਦੇ ਰੂਪ ਵਿੱਚ ਦਿੱਤੇ ਜਾ ਚੁੱਕੇ ਹਨ ਜਾਂ ਦੇਣੇ ਹਨ, ਪਰ ਅਵਾਰਾ ਪਸ਼ੂਆਂ ਦੀ ਸਾਂਭ ਸੰਭਾਲ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।ਇਕੱਤਰ ਕੀਤੀ ਜਾਣਕਾਰੀ ਅਨੁਸਾਰ ਸ਼ਹਿਰ ਦੀ ਇੱਕ ਸਮਾਜਸੇਵੀ ਸੰਸਥਾ ਵੱਲੋਂ ਦੱਸਿਆ ਗਿਆ ਕਿ ਬੁਢਲਾਡਾ ਸ਼ਹਿਰ ਦੇ ਵੱਖ ਵੱਖ ਹਿੱਸਿਆਂ ਵਿੱਚ 150 ਦੇ ਕਰੀਬ ਆਵਾਰਾ ਪਸ਼ੂ ਸ਼ਹਿਰ ਦੇ ਹਰ ਇੱਕ ਗਲੀ ਮੁਹੱਲੇ ਵਿੱਚ ਘੁੰਮਦੇ ਨਜ਼ਰ ਆਉਂਦੇ ਹਨ, ਜਿੱਥੇ ਅਕਸਰ ਬਜ਼ੁਰਗ ਲੋਕ ਇਨ੍ਹਾਂ ਦੇ ਚਪੇਟ ਵਿੱਚ ਆਉਣ ਦਾ ਖਤਰਾ ਬਣਿਆ ਰਹਿੰਦਾ ਹੈ।ਇਹ ਵੱਡੇ ਵੱਡੇ ਵਿਕਰਾਲ ਆਵਾਰਾ ਢੱਠੇ ਜਦੋਂ ਆਪਸ ਵਿੱਚ ਲੜਦੇ ਹਨ ਤਾਂ ਸਾਹਮਣੇ ਆ ਰਹੇ ਵਿਅਕਤੀਆਂ ਨੂੰ ਆਪਣੀ ਜਾਨ ਦੀ ਬਾਜ਼ ਜਾਂਦੀ ਹੈ।ਘਰ ਦੇ ਬਾਹਰ ਖੜ੍ਹੇ ਵਹੀਕਲਾਂ ਦਾ ਨੁਕਸਾਨ, ਰੇਹੜੀ ਛਾਬਿਆਂ ਦਾ ਨੁਕਸਾਨ ਬਜ਼ਾਰਾਂ ਵਿੱਚ ਆਮ ਵੇਖਣ ਨੂੰ ਮਿਲਦਾ ਹੈ।ਮੰਡੀ ਦੇ ਸੂਝਵਾਨ ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਪਾਸੇ ਵੱਲ ਫੌਰੀ ਧਿਆਨ ਦੇ ਕੇ ਸ਼ਹਿਰ ਲੋਕਾਂ ਨੂੰ ਇਸ ਸਮੱਸਿਆ ਤੋਂ ਨਿਜਾਤ ਦਵਾਈ ਜਾਵੇ।

## ਦੁਕਾਨ ਨੂੰ ਅੱਗ ਲਗਾਉਣ ਵਾਲੇ ਅਣਪਛਾਤੇ ਵਿਅਕਤੀਆਂ ਵਿਰੁੱਧ ਕੇਸ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਬੀਤੇ ਦਿਨ ਜਲਾਲਾਬਾਦ ਸ਼ਹਿਰ ਵਿੱਚ ਜਨਤਾ ਨੈਸ਼ਨਲ ਕਾਲਜ ਦੇ ਕੋਲ ਕੱਪੜੇ ਦੀ ਦੁਕਾਨ ਨੂੰ ਅੱਗ ਲਗਾਉਣ ਵਾਲੇ ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਅਮਨਦੀਪ ਕੌਰ ਨੇ ਦੱਸਿਆ ਕਿ ਸ਼ਿਕਾਇਤਕਰਤਾ ਰੋਸ਼ਨ ਲਾਲ ਪੁੱਤਰ ਜਮਨਾ ਦਾਸ ਵਾਸੀ ਗਲੀ ਨੰਬਰ 04 ਇੰਦਰ ਨਗਰੀ ਜਲਾਲਾਬਾਦ ਦੁਆਰਾ ਪੁਲਸ ਕੋਲ ਇਕ ਦਰਖਾਸਤ ਨੰਬਰ 1024-ਲੋਕਲ ਮਿਤੀ 9-10-2025 ਨੂੰ ਦਿੱਤੀ ਗਈ ਸੀ, ਜਿਸ ਵਿੱਚ ਉਸ ਨੇ ਬਿਆਨ ਦਿੱਤਾ ਕਿ 8 ਅਕਤੂਬਰ ਦੀ ਰਾਤ ਨੂੰ ਸਵੇਰੇ ਕਰੀਬ 2 ਵਜੇ 2 ਅਣਪਛਾਤੇ ਵਿਅਕਤੀਆਂ ਵੱਲੋਂ ਉਸ ਦੀ ਦੁਕਾਨ ਨੂੰ ਅੱਗ ਲਗਾ ਦਿੱਤੀ ਗਈ ਹੈ, ਜਿਸ ਨਾਲ ਦੁਕਾਨ ਅੰਦਰ ਪਏ ਕੱਪੜੇ ਸੜ ਕੇ ਸਵਾਹ ਹੋ ਗਏ ਹਨ। ਪੁਲਸ ਵੱਲੋਂ ਮੁਦੱਈ ਰੋਸ਼ਨ ਲਾਲ ਦੇ ਬਿਆਨਾਂ ਦੇ ਅਧਾਰ 'ਤੇ ਥਾਣਾ ਸਿਟੀ ਜਲਾਲਾਬਾਦ ਵਿਖੇ 2 ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ।

## ਹੈਰੋਇਨ ਸਣੇ ਔਰਤ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ 6 ਗ੍ਰਾਮ ਹੈਰੋਇਨ ਸਣੇ ਇਕ ਔਰਤ ਨੂੰ ਕਾਬੂ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੁਖਦੇਵ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਸਰਕਾਰੀ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਤੇ ਵਹੀਕਲਾਂ ਦੀ ਚੈਕਿੰਗ ਕਰਨ ਸਬੰਧੀ ਥਾਣਾ ਏਰੀਏ ਵਿੱਚ ਮੌਜੂਦ ਸੀ ਅਤੇ ਪੁਲਸ ਪਾਰਟੀ ਨੂੰ ਪਿੰਡ ਗਰੀਬਾਂ ਸਾਂਦੜ ਰੋਡ 'ਤੇ ਇਕ ਔਰਤ ਪੈਦਲ ਆਉਂਦੀ ਦਿਖਾਈ ਦਿੱਤੀ, ਜੋ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਗਈ ਤਾਂ ਪੁਲਸ ਪਾਰਟੀ ਨੇ ਇਸ ਔਰਤ ਨੂੰ ਕਾਬੂ ਕਰਕੇ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ 6 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ, ਇਸ ਔਰਤ ਦੀ ਪਹਿਚਾਣ ਮਨਪ੍ਰੀਤ ਕੌਰ ਪਤਨੀ ਵਿਕਰਮ ਸਿੰਘ ਵਾਸੀ ਚੱਕ ਗਰੀਬਾਂ ਸਾਂਦੜ ਵਜੋ ਹੋਈ ਹੈ। ਜਿਸ 'ਤੇ ਥਾਣਾ ਸਦਰ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

## ਲਿਬਰੇਸ਼ਨ ਵੱਲੋਂ ਚੀਫ਼ ਜਸਟਿਸ ਗਵਈ ਦੇ ਅਪਮਾਨ ਤੇ ਏਡੀਜੀਪੀ ਪੂਰਨ ਕੁਮਾਰ ਦੀ ਖੁਦਕੁਸ਼ੀ ਪਿੱਛੇ ਕੰਮ ਕਰਦੀ ਜਾਤੀਵਾਦੀ ਘ੍ਰਿਣਾ ਦੀ ਸਖ਼ਤ ਨਿੰਦਾ

### ਹਮ-ਖਿਆਲੀ ਧਿਰਾਂ ਦੀ ਸਹਿਮਤੀ ਉਪਰੰਤ ਘਿਨਾਉਣੇ ਵਰਤਾਰਿਆਂ ਖ਼ਿਲਾਫ਼ ਉਲੀਕਿਆ ਜਾਵੇਗਾ ਅਗਲਾ ਪ੍ਰੋਗਰਾਮ

**ਮਾਨਸਾ (ਆਤਮਾ ਸਿੰਘ ਪਮਾਰ)**-ਸੀਪੀਆਈ (ਐਮ ਐਲ) ਲਿਬਰੇਸ਼ਨ ਵੱਲੋਂ ਅਦਾਲਤ 'ਚ ਬੈਠੇ ਸੁਪਰੀਮ ਕੋਰਟ ਦੇ ਚੀਫ ਜਸਟਿਸ ਬੀ ਆਰ ਗਵਈ ਵੱਲ ਹਿੰਦੂਤਵੀ ਵਿਚਾਰਧਾਰਾ ਦੇ ਇੱਕ ਕੱਟੜਪੰਥੀ ਵਕੀਲ ਵੱਲੋਂ ਜੁੱਤਾ ਸੁੱਟਣ, ਹਰਿਆਣਾ ਪੁਲਸ ਦੇ ਏਡੀਜੀਪੀ ਵਾਈ ਪੂਰਨ ਕੁਮਾਰ ਵੱਲੋਂ ਡੀਜੀਪੀ ਤੇ ਹੋਰ ਸੀਨੀਅਰ ਪੁਲਸ ਅਧਿਕਾਰੀਆਂ ਵੱਲੋਂ ਉਸ ਨੂੰ ਲਗਾਤਾਰ ਜਾਤੀ ਆਧਾਰ 'ਤੇ ਪ੍ਰੇਸ਼ਾਨ ਤੇ ਅਪਮਾਨਤ ਕੀਤੇ ਜਾਣ 'ਤੋਂ ਤੰਗ ਆ ਕੇ ਖੁਦਕੁਸ਼ੀ ਕਰ ਲੈਣ ਅਤੇ ਰਾਏ ਬਰੇਲੀ ਵਿੱਚ ਹਰੀ ਓਮ ਨਾਮਕ ਇੱਕ ਦਲਿਤ ਨੌਜਵਾਨ ਨੂੰ ਭੀੜ ਵੱਲੋਂ ਮਾਰ ਕੁੱਟ ਕੇ ਕਤਲ ਕਰ ਦੇਣ ਨੂੰ ਬੇਹੱਦ ਗੰਭੀਰ ਮਾਮਲੇ ਕਰਾਰ ਦਿੰਦਿਆਂ ਅਤੇ ਇਨ੍ਹਾਂ ਵਾਰਦਾਤਾਂ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕੀਤੀ ਹੈ।ਪਾਰਟੀ ਦਾ ਕਹਿਣਾ ਹੈ ਕਿ ਇਹ ਘਟਨਾਵਾਂ ਸੰਘ ਬੀਜੇਪੀ ਦੀ ਦਲਿਤ ਵਿਰੋਧੀ ਉੱਚ ਜਾਤੀ ਮਾਨਸਿਕਤਾ ਨੂੰ ਸਰਪ੍ਰਸਤੀ ਦੇਣ ਦਾ ਨਤੀਜਾ ਹਨ ਅਤੇ ਦੇਸ਼ ਦੇ ਸਮੁੱਚੇ ਇਨਸਾਫ਼ ਪਸੰਦ ਤੇ ਜਮਹੂਰੀ ਲੋਕਾਂ ਵੱਲੋਂ ਅਜਿਹੀਆਂ ਘਟਨਾਵਾਂ ਦਾ ਜ਼ੋਰਦਾਰ ਵਿਰੋਧ ਕੀਤਾ ਜਾਣਾ ਚਾਹੀਦਾ ਹੈ। ਪਾਰਟੀ ਦੇ ਸੂਬਾਈ ਬੁਲਾਰੇ ਕਾਮਰੇਡ ਸੁਖਦਰਸ਼ਨ ਸਿੰਘ ਨੱਤ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਮੋਦੀ ਸਰਕਾਰ ਸੁਪਰੀਮ ਕੋਰਟ ਦੇ ਚੀਫ ਜਸਟਿਸ ਨੂੰ ਜਾਤੀ ਤੌਰ 'ਤੇ ਅਪਮਾਨਿਤ ਕਰਨ ਵਾਲੇ ਦੋਸ਼ੀ ਵਕੀਲ ਖ਼ਿਲਾਫ਼ ਕੋਈ ਕਾਰਵਾਈ ਨਾ ਕਰਕੇ ਖੁੱਲ੍ਹ ਮੁੱਲ੍ਹ ਦਲਿਤ ਵਰਗ ਦੇ ਲੋਕਾਂ ਦਾ ਅਪਮਾਨ ਹੀ, ਭਾਵੇਂ ਉਹ ਕਿੰਨੇ ਵੀ ਉੱਚ ਸੰਵਿਧਾਨਕ ਅਹੁਦੇ ਉੱਤੇ ਕਿਉਂ ਨਾ ਹੋਣ, ਪੂੰਜੀ ਛੁੱਟੀ ਦੇ ਰਹੀ ਹੀ।ਜੇਕਰ ਬੀਜੇਪੀ ਤੇ ਮੋਦੀ ਦੇ ਰਾਜ 'ਚ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਤੇ ਪੁਲਸ ਦੇ ਏਡੀਜੀਪੀ ਵਰਗੇ ਉੱਚੇ ਅਹੁਦਿਆਂ 'ਤੇ ਬਿਰਾਜਮਾਨ ਦਲਿਤ ਅਧਿਕਾਰੀਆਂ ਦਾ ਸਨਮਾਨ ਤੇ ਜਾਨ ਸੁਰਖਿਅਤ ਨਹੀਂ, ਤਾਂ ਕਿਸੇ ਹਰੀ ਓਮ ਵਰਗੇ ਕਤਲ ਕਰ ਦਿੱਤੇ ਗਏ ਗਰੀਬ ਦਲਿਤ ਦੇ ਪਰਿਵਾਰ ਨੂੰ ਇਨਸਾਫ ਮਿਲਣ ਦੀ ਕੀ ਉਮੀਦ ਕੀਤੀ ਜਾ ਸਕਦੀ ਹੈ? ਬਿਆਨ ਵਿੱਚ ਮੋਦੀ ਸਰਕਾਰ 'ਚ ਵਜ਼ੀਰ ਚਿਰਾਗ ਪਾਸਵਾਨ ਤੇ ਬੀਐੱਸਪੀ ਦੀ ਮੁੱਖੀ ਮਾਇਆਵਤੀ ਵਰਗੇ ਦਲਿਤ ਨੇਤਾਵਾਂ ਵੱਲੋਂ ਮਹਿਜ਼ ਦਲਿਤ ਹੋਣ ਦੇ ਨਾਤੇ ਗਵੱਈ ਤੇ ਪੂਰਨ ਕੁਮਾਰ ਵਰਗੇ ਪ੍ਰਮੁੱਖ ਲੋਕਾਂ ਨਾਲ ਹੋਏ ਸਲੂਕ ਬਾਰੇ ਇੱਕ ਸ਼ਬਦ ਤੱਕ ਨਾ ਬੋਲਣ ਦੀ ਵੀ ਨਿੰਦਾ ਕੀਤੀ ਗਈ ਹੈ।ਲਿਬਰੇਸ਼ਨ ਆਗੂ ਦਾ ਕਹਿਣਾ ਹੈ ਕਿ ਦਲਿਤ ਵਰਗ ਦੇ ਜਿਹੜੇ ਲੋਕ ਛੋਟੇ ਵੱਡੇ ਅਹੁਦਿਆਂ ਦੇ ਲਾਲਚ ਵਿੱਚ ਬੀਜੇਪੀ ਵਿੱਚ ਜਾ ਰਹੇ ਹਨ, ਇਨ੍ਹਾਂ ਘਟਨਾਵਾਂ ਸਦਕਾ ਉਨ੍ਹਾਂ ਦੀਆਂ ਵੀ ਅੱਖਾਂ ਖੁੱਲ੍ਹ ਜਾਣੀਆਂ ਚਾਹੀਦੀਆਂ ਹਨ। ਬਿਆਨ ਵਿੱਚ ਕਿਹਾ ਗਿਆ ਹੈ ਕਿ ਸੀਪੀਆਈ ਐਮ ਐਲ ਲਿਬਰੇਸ਼ਨ ਵੱਲੋਂ ਹਮਖਿਆਲ ਧਿਰਾਂ ਨਾਲ ਵਿਚਾਰ ਵਟਾਂਦਰਾ ਕਰਕੇ ਮੋਦੀ ਸਰਕਾਰ ਵੱਲੋਂ ਦਲਿਤਾਂ ਖ਼ਿਲਾਫ਼ ਪੈਦਾ ਕੀਤੇ ਇਸ ਅਪਮਾਨਜਨਕ ਮਾਹੌਲ ਖ਼ਿਲਾਫ਼ ਜਨਤਕ ਲਾਮਬੰਦੀ ਤੇ ਵਿਰੋਧ ਪ੍ਰਦਰਸ਼ਨ ਕਰਨ ਲਈ ਕੋਈ ਅਗਲਾ ਪ੍ਰੋਗਰਾਮ ਉਲੀਕਿਆ ਜਾਵੇਗਾ।

## 78ਵੇਂ ਨਿਰੰਕਾਰੀ ਸੰਤ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ 'ਤੇ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਵਿਆਰ ਸਿੰਘ ਬੱਲ)**-ਪਟਿਆਲਾ ਜ਼ੋਨ ਤੇ ਜ਼ੋਨਲ ਇੰਚਾਰਜ ਸ੍ਰੀ ਰਾਧੇ ਸ਼ਾਮ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿਛਲੇ ਸਾਲਾਂ ਦੀ ਦਿਵਯਤਾ ਤੇ ਮਾਣ ਨੂੰ ਧਿਆਨ ਵਿੱਚ ਰੱਖਦੇ ਹੋਏ ਸੰਤ ਨਿਰੰਕਾਰੀ ਮਿਸ਼ਨ ਦਾ 78ਵਾਂ ਸਾਲਾਨਾ ਸੰਤ ਸਮਾਗਮ ਇਸ ਸਾਲ 31 ਅਕਤੂਬਰ ਤੋਂ 3 ਨਵੰਬਰ 2025 ਤੱਕ ਹਰਿਆਣਾ ਦੇ ਸਮਾਲਖਾ ਸਥਿਤ ਸੰਤ ਨਿਰੰਕਾਰੀ ਅਧਿਆਤਮਿਕ ਕੇਂਦਰ ਵਿਖੇ ਬਹੁਤ ਹੀ ਸ਼ਾਨ, ਸ਼ਰਧਾ ਤੇ ਅਧਿਆਤਮਿਕ ਆਨੰਦ ਨਾਲ ਕੀਤਾ ਜਾਵੇਗਾ। ਇਹ ਬ੍ਰਹਮ ਸਮਾਗਮ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਤੇ ਨਿਰੰਕਾਰੀ ਰਾਜਪਿਤਾ ਰਮਿਤ ਜੀ ਦੀ ਪਵਿੱਤਰ ਹਜ਼ੂਰੀ ਵਿੱਚ ਆਯੋਜਿਤ ਕੀਤਾ ਜਾਵੇਗਾ, ਜਿਸ ਦੇ ਸ਼ੁੱਭ ਸਮਾਚਾਰ ਨੇ ਸਾਰੇ ਸ਼ਰਧਾਲੂਆਂ ਦੇ ਦਿਲਾਂ ਵਿੱਚ ਅਥਾਹ ਖੁਸ਼ੀ ਤੇ ਅਧਿਆਤਮਿਕ ਉਤਸ਼ਾਹ ਭਰ ਦਿੱਤਾ ਹੈ।'ਆਤਮ-ਮੰਥਨ' ਥੀਮ 'ਤੇ ਆਧਾਰਤ ਇਸ ਸਾਲ ਦਾ ਨਿਰੰਕਾਰੀ ਸੰਤ ਸਮਾਗਮ ਇੱਕ ਵਿਲੱਖਣ ਤੇ ਅਸਧਾਰਨ ਅਧਿਆਤਮਿਕ ਯਾਤਰਾ ਹੈ, ਜਿੱਥੇ ਭਗਤ ਬ੍ਰਹਮ ਗਿਆਨ ਦੀ ਅੰਦਰੂਨੀ ਰੋਸ਼ਨੀ ਵਿੱਚ ਸੇਵਾ, ਸਿਮਰਨ ਤੇ ਸਤਸੰਗ ਰਾਹੀਂ ਆਨੰਦ ਤੇ ਪਿਆਰ ਦਾ ਅਨੁਭਵ ਕਰਨਗੇ।ਇਸ ਬ੍ਰਹਮ ਤਿਉਹਾਰ ਦੀਆਂ ਤਿਆਰੀਆਂ ਪੂਰੀ ਸ਼ਰਧਾ, ਸਮਰਪਣ ਤੇ ਨਿਰਸਵਾਰਥਤਾ ਨਾਲ ਕੀਤੀਆਂ ਜਾ ਰਹੀਆਂ ਹਨ।ਸ਼ਰਧਾਲੂ, ਚਾਹੇ ਬੁੱਢੇ ਹੋਣ ਜਾਂ ਜਵਾਨ, ਮਰਦ ਹੋਣ ਜਾਂ ਔਰਤਾਂ, ਹਰ ਪਿਛੋਕੜ ਦੇ, ਪੂਰੀ ਤਰ੍ਹਾਂ ਸੇਵਾ ਵਿੱਚ ਲੱਗੇ ਹੋਏ ਹਨ।ਸਵੇਰ ਦੀ ਪਹਿਲੀ ਕਿਰਨ ਤੋਂ ਲੈ ਕੇ ਸ਼ਾਮ ਦੀ ਆਖਰੀ ਝਲਕ ਤੱਕ, ਹਰ ਸਕੂ ਸ਼ਰਧਾ ਤੇ ਸਮਰਪਣ ਸੇਵਾ ਦੀ ਇੱਕ ਵਿਲੱਖਣ ਚਮਕ ਦਿਖਾਈ ਦਿੰਦੀ ਹੈ। ਕੁਝ ਮਿੱਟੀ ਦੇ ਭਾਂਡੇ ਚੁੱਕ ਰਹੇ ਹਨ, ਕੁਝ ਤੰਬੂ ਲਗਾ ਰਹੇ ਹਨ, ਕੁਝ ਸਫਾਈ, ਪਾਣੀ ਪ੍ਰਬੰਧਨ ਜਾਂ ਭੋਜਨ ਪ੍ਰਬੰਧਾਂ ਵਿੱਚ ਲੱਗੇ ਹੋਏ ਹਨ।ਮੁੱਖ ਦਰਵਾਜ਼ਾ ਵੀ ਆਕਾਰ ਲੈ ਰਿਹਾ ਹੈ, ਜੋ 78ਵੇਂ ਸਾਲਾਨਾ ਸੰਤ ਸਮਾਗਮ ਦੀ ਸ਼ਾਨ ਨੂੰ ਪ੍ਰਗਟ ਕਰਦਾ ਹੈ, ਇੱਕ ਪ੍ਰਵੇਸ਼ ਦੁਆਰ ਜੋ ਪਿਆਰ, ਸਦਭਾਵਨਾ ਤੇ ਅਧਿਆਤਮਿਕ ਏਕਤਾ ਦੀ ਯਾਤਰਾ ਦਾ ਪ੍ਰਤੀਕ ਹੋਵੇਗਾ।ਇਹ ਸਭ ਸਤਿਗੁਰੂ ਦੇ ਗਿਆਨ ਤੋਂ ਪੈਦਾ ਹੋਣ ਵਾਲੀ ਸਮਰਪਣ ਦੀ ਭਾਵਨਾ ਦਾ ਪ੍ਰਮਾਣ ਹੈ।ਜਿਵੇਂ ਕਿ ਕਿਹਾ ਗਿਆ ਹੈ ਕਿ ਜਿੱਥੇ ਸਮਰਪਣ ਨੂੰ ਸੇਵਾ ਨਾਲ ਜੋੜਿਆ ਜਾਂਦਾ ਹੈ, ਹਰ ਪਲ ਇੱਕ ਜਸ਼ਨ ਬਣ ਜਾਂਦਾ ਹੈ। ਬਿਨਾਂ ਸ਼ੱਕ, ਇਹ ਇਕੱਠ ਸਿਰਫ਼ ਇੱਕ ਆਮ ਸਮਾਗਮ ਨਹੀਂ ਹੈ, ਸਗੋਂ ਮਨੁੱਖਤਾ ਦੇ ਉੱਥਾਨ ਤੇ ਸਦਭਾਵਨਾ ਦੇ ਜਾਗਰਣ ਦਾ ਇੱਕ ਵਿਲੱਖਣ ਤਿਉਹਾਰ ਹੈ, ਜਿੱਥੇ ਵਿਭਿੰਨ ਸੱਭਿਆਚਾਰਾਂ, ਭਾਸ਼ਾਵਾਂ ਤੇ ਪਿਛੋਕੜਾਂ ਦੇ ਸ਼ਰਧਾਲੂ, 'ਵਸੁਧੈਵ ਕੁਟੁੰਬਕਮ' ਦੀ ਭਾਵਨਾ ਨੂੰ ਗ੍ਰਹਿਣ ਕਰਦੇ ਹਨ ਤੇ ਸਤਿਗੁਰੂ ਦੇ ਅੰਮ੍ਰਿਤ ਸ਼ਬਦਾਂ ਨਾਲ ਆਪਣੀ ਅੰਤਰ ਆਤਮਾ ਨੂੰ ਜਗਾਉਂਦੇ ਹਨ।ਇਸ ਸ਼ੁਭ ਮੌਕੇ ਹਰ ਸੱਜਣ, ਭਰਾ ਤੇ ਭੈਣ ਜੋ ਪਿਆਰ, ਸ਼ਾਂਤੀ ਤੇ ਸਦਭਾਵਨਾ ਦੇ ਇਸ ਬ੍ਰਹਮ ਮਹਾਂਯੱਗ ਦਾ ਹਿੱਸਾ ਬਣਨਾ ਚਾਹੁੰਦਾ ਹੈ, ਦਾ ਦਿਲੋਂ ਸਵਾਗਤ ਹੈ।

## ਕਾਤਰਾਂ

### ਜਵਾਹਰ ਨਵੋਦਿਆ ਵਿਦਿਆਲਿਆ ਲਈ ਆਨਲਾਈਨ ਰਜਿਸਟ੍ਰੇਸ਼ਨ 21 ਤੱਕ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਪ੍ਰਿੰਸੀਪਲ ਜਵਾਹਰ ਨਵੋਦਿਆ ਵਿਦਿਆਲਿਆ ਕਿੱਕਰਵਾਲਾ ਰੂਪਾ ਨੇ ਦੱਸਿਆ ਕਿ ਸਾਲ 2026-27 ਲਈ 9ਵੀਂ ਤੇ 11ਵੀ ਜਮਾਤ ਵਿੱਚ ਦਾਖ਼ਲਾ ਲੈਣ ਲਈ ਵਿਦਿਆਰਥੀ/ਵਿਦਿਆਰਥਣ 21 ਅਕਤੂਬਰ 2025 ਤੱਕ ਆਨਲਾਈਨ ਰਜਿਸਟ੍ਰੇਸ਼ਨ ਕਰ ਸਕਦੇ ਹਨ, ਪ੍ਰੀਖਿਆ ਦਾ ਆਯੋਜਨ 7 ਫਰਵਰੀ 2026 ਦਿਨ ਸ਼ਨੀਵਾਰ ਨੂੰ ਹੋਵੇਗਾ। ਉਨ੍ਹਾਂ ਕਿਹਾ ਕਿ ਨੌਵੀਂ ਤੇ ਗਿਆਰਵੀਂ ਜਮਾਤ ਵਿੱਚ ਦਾਖ਼ਲਾ ਲੈਣ ਦੇ ਚਾਹਵਾਨ ਵਿਦਿਆਰਥੀ ਆਨਲਾਈਨ ਵੈੱਬਸਾਈਟ www.navodaya.gov.in 'ਤੇ ਮੁਫ਼ਤ ਅਪਲਾਈ ਕਰ ਸਕਦੇ ਹਨ।ਵਧੇਰੇ ਜਾਣਕਾਰੀ ਲਈ ਹੈਲਪਡੈਸਕ ਮੋਬਾਈਲ ਨੰ 93830-32160 'ਤੇ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਸੰਪਰਕ ਕੀਤਾ ਜਾ ਸਕਦਾ ਹੈ।

### ਕੁੱਟਮਾਰ ਕਰਨ ਦੇ ਦੋਸ਼ 'ਚ 4 ਵਿਰੁੱਧ ਮੁਕੱਦਮਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਵੱਲੋਂ ਪਿੰਡ ਮੀਨਿਆਂਵਾਲੀ ਵਿਖੇ ਬੀਤੇ ਦਿਨ ਇਕ ਵਿਅਕਤੀ ਦੀ ਕੁੱਟਮਾਰ ਕਰਨ ਦੇ ਦੋਸ਼ ਵਿੱਚ 4 ਲੋਕਾਂ ਦੇ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਲਖਵਿੰਦਰ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਜਸਵਿੰਦਰ ਸਿੰਘ ਪੁੱਤਰ ਇਕਬਾਲ ਸਿੰਘ ਵਾਸੀ ਮੀਨਿਆ ਵਾਲੀ ਦੁਆਰਾ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਆਸ਼ੂ ਮਿੱਡਾ ਪੁੱਤਰ ਸੰਜੀਵ ਮਿੱਡਾ, ਸੰਜੀਵ ਮਿੱਡਾ ਪੁੱਤਰਣ ਚਾਨਣ ਰਾਮ ਵਾਸੀਆਨ ਸਟੇਸ਼ਨ ਰੋਡ ਜਲਾਲਾਬਾਦ ਤੇ 2 ਅਣਪਛਾਤੇ ਵਿਅਕਤੀਆਂ ਦੇ ਨਾਲ ਖੇਡਦੇ ਸਮੇਂ ਮਮੂਲੀ ਬੋਲ-ਬੁਲਾਰਾ ਹੋਇਆ ਸੀ, ਜਿਸ 'ਤੇ 22-09-2025 ਨੂੰ ਆਸ਼ੂ ਮਿੱਡਾ ਵਗੈਰਾ ਨੇ ਉਸ ਦੀ ਕੁੱਟਮਾਰ ਕਰਕੇ ਸੱਟਾਂ ਮਾਰੀਆਂ ਹਨ, ਜਿਸ 'ਤੇ ਪੁਲਸ ਵੱਲੋਂ ਮੁਦੱਈ ਜਸਵਿੰਦਰ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਆਸ਼ੂ ਮਿੱਡਾ, ਸੰਜੀਵ ਮਿੱਡਾ ਤੇ 2 ਹੋਰ ਅਣਪਛਾਤੇ ਵਿਅਕਤੀਆਂ ਦੇ ਵਿਰੁੱਧ ਮੁਕੱਦਮਾ ਥਾਣਾ ਵੈਰੋਕੇ ਵਿਖੇ ਦਰਜ ਕੀਤਾ ਗਿਆ ਹੈ।

### ਲੁਟੇਰੇ ਸੈਰ ਕਰਦੇ ਦਾ ਮੋਬਾਇਲ ਖੋਹ ਕੇ ਹੋਏ ਫਰਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਸ਼ਹਿਰ ਬੇਦੀ ਕਾਲੋਨੀ ਵਿਖੇ ਸੈਰ ਕਰ ਰਹੇ ਇੱਕ ਵਿਅਕਤੀ ਕੋਲੋਂ ਲੁਟੇਰੇ ਮੋਬਾਇਲ ਫੋਨ ਖੋਹ ਕੇ ਫਰਾਰ ਹੋ ਗਏ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਇੱਕ ਮੋਟਰਸਾਈਕਲ ਸਵਾਰ ਅਣਪਛਾਤੇ ਵਿਅਕਤੀਆਂ ਖਿਲਾਫ 304 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸੁਨੀਲ ਮਹਿਤਾ ਪੁੱਤਰ ਸੁਭਾਸ਼ ਮਹਿਤਾ ਵਾਸੀ 61 ਬੇਦੀ ਕਾਲੋਨੀ ਵਾਰਡ ਨੰਬਰ 6 ਫਿਰੋਜ਼ਪੁਰ ਸ਼ਹਿਰ ਨੇ ਦੱਸਿਆ ਕਿ 7 ਅਕਤੂਬਰ 2025 ਦੀ ਰਾਤ ਸਮਾਂ ਕਰੀਬ 8.40 ਵਜੇ ਉਹ ਆਪਣੇ ਘਰ ਦੇ ਬਾਹਰ ਸੈਰ ਕਰ ਰਿਹਾ ਸੀ ਤਾਂ ਦੋ ਅਣਪਛਾਤੇ ਮੋਟਰਸਾਈਕਲ ਸਵਾਰ ਵਿਅਕਤੀ ਉਸ ਕੋਲੋਂ ਮੋਬਾਇਲ ਫੋਨ ਖੋਹ ਕੇ ਲੈ ਗਏ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਭੁਪਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਮੈਡੀਕਲ ਪ੍ਰੈਕਟੀਸ਼ਨਰਜ਼ ਨੇ ਬਾਬਾ ਬੁੱਢਾ ਸਾਹਿਬ ਜੋੜ ਮੇਲੇ ਨੂੰ ਸਮਰਪਤ ਮੈਡੀਕਲ ਕੈਂਪ ਲਾਇਆ




**ਜ਼ੀਰਾ (ਨਰਿੰਦਰ ਅਨੇਜਾ)**
ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਤੇ ਜ਼ਿਲ੍ਹਾ ਪ੍ਰਧਾਨ ਡਾਕਟਰ ਹਰਭਜਨ ਕੰਬੋਜ ਦੀ ਮਨੁੱਖਤਾ ਦੀ ਸੇਵਾ ਦੇ ਉਦੇਸ਼ ਤਹਿਤ ਜਥੇਬੰਦੀ ਦੇ ਬਲਾਕ ਘੱਲ ਖੁਰਦ ਤੇ ਬਲਾਕ ਜ਼ੀਰਾ ਵੱਲੋਂ ਸੂਬਾ ਕੈਸ਼ੀਅਰ ਡਾਕਟਰ ਰਾਕੇਸ਼ ਮਹਿਤਾ, ਜ਼ਿਲ੍ਹਾ ਸਕੱਤਰ ਡਾਕਟਰ ਸੰਤੋਖ ਸਿੰਘ ਦੀ ਦੇਖ ਰੇਖ ਤੇ ਪ੍ਰਧਾਨ ਡਾਕਟਰ ਆਤਮਾ ਸਿੰਘ ਦੀ ਪ੍ਰਧਾਨਗੀ ਹੇਠ ਬਾਬਾ ਬੁੱਢਾ ਸਾਹਿਬ ਜੀ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਤ ਦੋ ਵੱਖ ਵੱਖ ਸਥਾਨਾਂ 'ਤੇ ਤਿੰਨ ਦਿਨਾਂ ਫ੍ਰੀ ਮੈਡੀਕਲ ਕੈਂਪ ਦੇ ਤੀਜੇ ਦਿਨ ਇੱਕ ਕੈਂਪ ਅੰਮ੍ਰਿਤਸਰ ਬਠਿੰਡਾ ਹਾਈਵੇ (ਤਲਵੰਡੀ ਭਾਈ ਬਾਈਪਾਸ) ਉੱਤੇ ਲਗਾਇਆ ਗਿਆ।ਦੂਜਾ ਕੈਂਪ (ਅੰਮ੍ਰਿਤਸਰ ਬਠਿੰਡਾ ਹਾਈਵੇ ਬੰਗਾਲੀ ਵਾਲਾ ਪੁੱਲ ਮੱਖੂ ਨੇੜੇ) ਲਗਾਇਆ ਗਿਆ।ਸੇਵਾ ਨਿਭਾਉਂਦੇ ਹੋਏ ਸੂਬਾ ਕੈਸ਼ੀਅਰ ਨੇ ਕਿਹਾ ਕਿ ਸਾਡੀ ਜੱਥੇਬੰਦੀ ਵੱਲੋਂ ਮਾਨਵ ਸੇਵਾ ਪਰਮੋ ਧਰਮ ਦੇ ਉਦੇਸ਼ ਤਹਿਤ ਸੂਬਾ ਪੱਧਰ 'ਤੇ ਵੱਖ ਵੱਖ ਬਲਾਕਾਂ ਵੱਲੋਂ ਕਿਸਾਨਾਂ ਦੇ ਧਰਨਿਆਂ, ਧਾਰਮਿਕ ਪ੍ਰੋਗਰਾਮਾਂ, ਸਾਲਾਨਾ ਮੇਲਿਆਂ ਤੇ ਪਿਛਲੇ ਸਮੇਂ ਦੌਰਾਨ ਜਦੋਂ ਵੀ ਕੁਦਰਤੀ ਕਰੋਪੀਆਂ ਦੇ ਰੂਪ ਵਿੱਚ ਪੰਜਾਬ ਵਿੱਚ ਹੜ੍ਹ ਆਏ ਸਾਡੀ ਜਥੇਬੰਦੀ ਨੇ ਮਾਨਵਤਾ ਦੀ ਸੇਵਾ ਲਈ ਫ੍ਰੀ ਮੈਡੀਕਲ ਸੇਵਾਵਾਂ ਦਿੱਤੀਆਂ।ਅੱਜ ਦਾ ਇਹ ਕੈਂਪ ਪਿਛਲੇ ਲੰਮੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਦੋ ਬਲਾਕਾਂ ਘੱਲ ਖੁਰਦ ਤੇ ਜ਼ੀਰਾ ਵੱਲੋਂ ਲਗਾਇਆ ਗਿਆ।ਦੋਵਾਂ ਕੈਂਪਾਂ ਵਿੱਚ ਪਿਛਲੇ ਦੋ ਦਿਨਾਂ ਤੋਂ ਹੁਣ ਤੱਕ ਲਗਭਗ ਛੇ ਸੱਤ ਸੌ ਤੋਂ ਵੱਧ ਮਰੀਜ਼ਾਂ ਨੂੰ ਚੈੱਕਅਪ ਕਰਕੇ ਦਵਾਈਆਂ ਦਿੱਤੀਆਂ ਗਈਆਂ।ਕੈਂਪ ਵਿੱਚ ਤਿੰਨੇ ਦਿਨ ਉਪਰੋਕਤ ਸੀਨੀਅਰ ਆਗੂਆਂ ਤੋਂ ਇਲਾਵਾ ਵੱਖ ਵੱਖ ਡਾਕਟਰ ਸਾਥੀਆਂ ਬਲਾਕ ਘੱਲ ਖੁਰਦ ਦੇ ਸੀਨੀਅਰ ਆਗੂ ਡਾਕਟਰ ਰਾਜਿੰਦਰ ਸਿੰਘ ਢਿੱਲੋਂ ਤਿੰਨੇ ਦਿਨ, ਬਲਾਕ ਜ਼ੀਰਾ ਦੇ ਲਖਵਿੰਦਰ ਸਿੰਘ, ਸਰਪ੍ਰਸਤ ਡਾਕਟਰ ਗੁਰਦਿੱਤ ਸਿੰਘ, ਚੇਅਰਮੈਨ ਡਾਕਟਰ ਜਰਨੈਲ ਸਿੰਘ, ਕੈਸ਼ੀਅਰ ਡਾਕਟਰ ਗੁਰਪ੍ਰੀਤ ਸਿੰਘ ਤੇ ਜਨਰਲ ਸਕੱਤਰ ਡਾਕਟਰ ਸੁਰਜੀਤ ਸਿੰਘ, ਵਾਈਸ ਚੇਅਰਮੈਨ ਡਾਕਟਰ ਸਲਵਿੰਦਰ ਸਿੰਘ, ਸਲਾਹਕਾਰ ਡਾਕਟਰ ਪੂਰਨ ਸਿੰਘ, ਡਾਕਟਰ ਹਰਬੰਸ ਸਿੰਘ ਤੇ ਸੋਸ਼ਲ ਮੀਡੀਆ ਇੰਚਾਰਜ ਡਾਕਟਰ ਲਵਲੀ ਸਿੰਘ ਵੱਲੋਂ ਤਿੰਨੇ ਦਿਨ, ਡਾਕਟਰ ਕੁਲਵੀਰ ਸਿੰਘ, ਸੀਨੀਅਰ ਮੀਤ ਪ੍ਰਧਾਨ ਡਾਕਟਰ ਅਜ਼ਮੇਰ ਸਿੰਘ ਢੇਰੂ, ਡਾਕਟਰ ਜਸਵਿੰਦਰ ਸਿੰਘ ਸੋਢੀ ਵਾਲਾ,ਵਾਈਸ ਕੈਸ਼ੀਅਰ ਡਾਕਟਰ ਬੋਹੜ ਸਿੰਘ, ਵਾਈਸ ਸਟੇਜ਼ ਸਕੱਤਰ ਡਾਕਟਰ ਗੁਰਜੀਤ ਸਿੰਘ ਪੰਡੋਰੀ, ਵਾਈਸ ਸਕੱਤਰ ਡਾਕਟਰ ਜਗਮੀਤ ਸਿੰਘ, ਡਾਕਟਰ ਮਨਪ੍ਰੀਤ ਸਿੰਘ ਵੱਲੋਂ ਸੇਵਾ ਨਿਭਾਈ ਗਈ।

## ਕਾਰ ਤੇ ਇਲੈਕਟ੍ਰਿਕ ਸਕੂਟਰੀ ਦੀ ਟੱਕਰ 'ਚ ਇਕ ਦੀ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਜ਼ੀਰਾ ਰੋਡ 'ਤੇ ਇਕ ਆਲਟੋ ਕਾਰ ਤੇ ਇਲੈਕਟ੍ਰਿਕ ਸਕੂਟਰੀ ਦੀ ਟੱਕਰ ਵਿੱਚ ਇੱਕ ਵਿਅਕਤੀ ਦੀ ਮੌਤ ਹੋਣ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਕੁੱਲਗੜ੍ਹੀ ਪੁਲਸ ਨੇ ਆਲਟੋ ਕਾਰ ਚਾਲਕ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸੰਦੀਪ ਸਿੰਘ ਜੋਸਨ ਪੁੱਤਰ ਬਖਸ਼ੀਸ਼ ਸਿੰਘ ਵਾਸੀ ਪਿੰਡ ਭਾਲਾ ਫਰਾਇਆ ਮੱਲ ਨੇ ਦੱਸਿਆ ਕਿ 9 ਅਕਤੂਬਰ 2025 ਨੂੰ ਕਰੀਬ 10.50 ਏ ਐੱਮ ਨੂੰ ਉਸ ਦਾ ਪਿਤਾ ਬਖਸ਼ੀਸ਼ ਸਿੰਘ (48 ਸਾਲ) ਜੋ ਸਕੂਟਰੀ ਇਲੈਕਟ੍ਰਿਕ 'ਤੇ ਆਪਣੇ ਪਿੰਡ ਤੋਂ ਕਿਸੇ ਕੰਮ ਸਬੰਧੀ ਡੀਸੀ ਦਫਤਰ ਨੂੰ ਜਾ ਰਿਹਾ ਸੀ ਤੇ ਪਿੱਛੇ ਉਹ ਵੀ ਆਪਣੀ ਕਾਰ ਨੰਬਰ ਪੀਬੀ 05 ਡਬਲਯੂ 7232 'ਤੇ ਫਿਰੋਜ਼ਪੁਰ ਵਿਖੇ ਆਪਣੀ ਦੁਕਾਨ ਦਾ ਸਮਾਨ ਲੈਣ ਲਈ ਜਾ ਰਿਹਾ ਸੀ। ਜਦ ਉਹ ਗੁਦਰੁਆਰਾ ਬਖਸ਼ੀਸ਼ ਧਾਮ ਜ਼ੀਰਾ ਫਿਰੋਜ਼ਪੁਰ ਰੋਡ ਦੇ ਕਰੀਬ 50 ਮੀਟਰ ਪਿੱਛੇ ਸੀ, ਉਸ ਵਕਤ ਇਕ ਆਲਟੋ ਕਾਰ ਨੰਬਰ ਪੀਬੀ 29 ਜੀ 5623 ਜ਼ੀਰਾ ਸਾਇਡ ਤੋਂ ਤੇਜ਼ ਰਫਤਾਰ ਨਾਲ ਲਾਪ੍ਰਵਾਹੀ ਨਾਲ ਬਿਨਾਂ ਹਾਰਨ ਦਿੱਤੇ ਉਸ ਦੇ ਪਿਤਾ ਦੀ ਇਲੈਕਟ੍ਰਿਕ ਸਕੂਟਰੀ ਦੇ ਉਪਰ ਚੜ੍ਹ ਗਈ ਤੇ ਘਸੀਟ ਕੇ ਕਰੀਬ 15-20 ਕਦਮ ਦੂਰ ਲੈ ਗਈ। ਸੰਦੀਪ ਸਿੰਘ ਜੋਸਨ ਨੇ ਦੱਸਿਆ ਲੋਕਾਂ ਦੇ ਇਕੱਠ ਨੇ ਕਾਰ ਦੇ ਡਰਾਈਵਰ ਨੂੰ ਫੜ ਲਿਆ, ਜਿਸ ਦੀ ਪਛਾਣ ਨਵਦੀਪ ਸਿੰਘ ਉਰਫ ਕਾਲਾ ਪੁੱਤਰ ਧਰਮਿੰਦਰ ਸਿੰਘ ਵਾਸੀ ਚੱਕ ਸੁੱਕੜ ਥਾਣਾ ਜਲਾਲਾਬਾਦ ਜ਼ਿਲ੍ਹਾ ਫਾਜ਼ਿਲਕਾ ਵਜੋਂ ਹੋਈ ਹੈ। ਸੰਦੀਪ ਸਿੰਘ ਨੇ ਦੱਸਿਆ ਕਿ ਉਸ ਦੇ ਪਿਤਾ ਬਖਸ਼ੀਸ਼ ਸਿੰਘ ਨੂੰ ਸਿਵਲ ਹਸਪਤਾਲ ਫਿਰੋਜ਼ਪੁਰ ਦੇ ਡਾਕਟਰ ਵੱਲੋਂ ਮ੍ਰਿਤਕ ਘੋਸ਼ਿਤ ਕਰ ਦਿੱਤਾ ਗਿਆ। ਇਸ ਮਾਮਲੇ ਦੀ ਜਾਂਚ ਕਰ ਰਹੇ ਐੱਚਸੀ ਲਵ ਦੀਪ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਕਾਰ ਚਾਲਕ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਸ਼ੈਲਰ ਮਾਲਕਾਂ ਨੇ ਮੰਗਾਂ ਨੂੰ ਲੈ ਕੇ ਫੂਡ ਸੈਕਟਰੀ ਤੇ ਐੱਸ ਆਰ ਐੱਮ ਨਾਲ ਕੀਤੀ ਮੀਟਿੰਗ

### ਅਧਿਕਾਰੀਆਂ ਵੱਲੋਂ ਮੰਗਾਂ ਪੂਰੀਆਂ ਕਰਨ ਦਾ ਭਰੋਸਾ : ਜਿੰਦਲ, ਬਾਂਸਲ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਧੂਰੀ ਰਾਈਸ ਮਿੱਲਰਜ਼ ਐਸੋਸੀਏਸ਼ਨ ਦੇ ਇੱਕ ਵਫ਼ਦ ਨੇ ਪੰਜਾਬ ਦੇ ਫੂਡ ਸੈਕਟਰੀ ਤੇ ਐੱਫ.ਸੀ.ਆਈ. ਦੇ ਸੀਨੀਅਰ ਰੀਜਨਲ ਮੈਨੇਜਰ ਨਾਲ ਮੁਲਾਕਾਤ ਕਰਦਿਆਂ ਸ਼ੈਲਰ ਮਾਲਕਾਂ ਨੂੰ ਦਰਪੇਸ਼ ਮੁਸ਼ਕਲਾਂ ਤੇ ਮੰਗਾਂ ਸਬੰਧੀ ਮੰਗ ਪੱਤਰ ਸੌਂਪਿਆ।ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਸ਼ੈਲਰ ਮਾਲਕਾਂ ਦੇ ਇੱਕ ਵਫ਼ਦ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨਾਲ ਮੁਲਾਕਾਤ ਕਰਕੇ ਆਪਣੀਆਂ ਚਿੰਤਾਵਾਂ ਸਾਂਝੀਆਂ ਕੀਤੀਆਂ ਸਨ।ਉਨ੍ਹਾਂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਤੇ ਪੰਜਾਬ ਲਘੂ ਉਦਯੋਗ ਵਿਕਾਸ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਦੀ ਅਗਵਾਈ ਹੇਠ ਇਹ ਵਫ਼ਦ ਵੱਖ-ਵੱਖ ਅਧਿਕਾਰੀਆਂ ਨਾਲ ਮਿਲਿਆ।ਐਸੋਸੀਏਸ਼ਨ ਦੇ ਚੇਅਰਮੈਨ ਵਿਜੈ ਬਾਂਸਲ ਤੇ ਪ੍ਰਧਾਨ ਸੁਰੇਸ਼ ਜਿੰਦਲ ਨੇ ਮੰਗ ਪੱਤਰ ਵਿੱਚ ਸ਼ਾਮਲ ਮੁੱਖ ਮੰਗਾਂ ਬਾਰੇ ਦੱਸਦਿਆਂ ਕਿਹਾ ਕਿ ਜੀਰੀ ਦੀ ਸੁਕਾਈ (ਡਰਾਇਏਜ) ਦੀ ਮਾਤਰਾ ਪਹਿਲਾਂ 1% ਸੀ, ਜਿਸਨੂੰ ਬਾਅਦ ਵਿੱਚ ਘਟਾ ਕੇ 0.50% ਕੀਤਾ ਗਿਆ ਸੀ, ਪਰ ਮੌਜੂਦਾ ਸੀਜ਼ਨ 2025-26 ਲਈ ਇਸ ਨੂੰ ਹੋਰ ਘਟਾ ਕੇ 0.40% ਕਰ ਦਿੱਤਾ ਗਿਆ ਹੈ।ਉਨ੍ਹਾਂ ਨੇ ਮੰਗ ਕੀਤੀ ਕਿ ਡਰਾਇਏਜ ਦੀ ਮਾਤਰਾ ਦੁਬਾਰਾ 1% ਨਿਰਧਾਰਤ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਜ਼ੀਰੀ ਸੀਜ਼ਨ 2024-25 ਵਿੱਚ ਭੁਗਤਾਏ ਗਏ ਚਾਵਲ ਦੀ ਢੋਆ-ਢੁਆਈ (ਟਰਾਂਸਪੋਰਟੇਸ਼ਨ) ਦੇ ਚਾਰਜ ਅਜੇ ਤੱਕ ਅਦਾ ਨਹੀਂ ਕੀਤੇ ਗਏ।ਇਸ ਲਈ ਉਨ੍ਹਾਂ ਨੇ ਤੁਰੰਤ ਅਦਾਇਗੀ ਕਰਨ ਤੇ ਸੀਜ਼ਨ 2025-26 ਲਈ ਵੀ ਸਮੇਂ ਸਿਰ ਭੁਗਤਾਨ ਯਕੀਨੀ ਬਣਾਉਣ ਦੀ ਮੰਗ ਕੀਤੀ।ਇਸਦੇ ਨਾਲ ਹੀ, 2024-25 ਦੇ ਆਰ.ਓ. ਦੇ ਪੈਂਡਿੰਗ ਕਿਰਾਏ ਦੀ ਅਦਾਇਗੀ ਵੀ ਕਰਵਾਉਣ ਦੀ ਗੁਜ਼ਾਰਿਸ਼ ਕੀਤੀ।ਮੁਲਾਕਾਤ ਦੇ ਵੇਰਵਿਆਂ ਬਾਰੇ ਜਾਣਕਾਰੀ ਦਿੰਦਿਆਂ ਚੇਅਰਮੈਨ ਵਿਜੈ ਬਾਂਸਲ ਨੇ ਕਿਹਾ ਕਿ ਅਧਿਕਾਰੀਆਂ ਨੇ ਮੰਗਾਂ ਨੂੰ ਧਿਆਨ ਨਾਲ ਸੁਣਿਆ ਤੇ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ ਹੈ।ਉਨ੍ਹਾਂ ਨੇ ਇਹ ਵੀ ਆਖਿਆ ਕਿ ਬੰਦ ਪਿਆ ਰੇਲ ਹੈੱਡ ਜਲਦੀ ਚਾਲੂ ਕੀਤਾ ਜਾਵੇਗਾ।ਇਸ ਮੌਕੇ ਕੌਂਸਲਰ ਰਾਕੇਸ਼ ਚੌਧਰੀ, ਬਲਵਿੰਦਰ ਕੁਮਾਰ ਬਬਲੂ ਤੇ ਸ਼ਮੀਰ ਕੁਮਾਰ ਸ਼ੱਮੀ ਸਮੇਤ ਹੋਰ ਮੈਂਬਰ ਹਾਜ਼ਰ ਸਨ।

## ਦੇਸ਼ ਭਗਤ ਗਲੋਬਲ ਸਕੂਲ ਵਿਖੇ ਕਰਵਾਇਆ ਕਵਿਤਾ ਉਚਾਰਣ ਮੁਕਾਬਲਾ

### ਅਜਿਹੇ ਮੁਕਾਬਲੇ ਬੱਚਿਆਂ 'ਚ ਆਤਮ-ਵਿਸ਼ਵਾਸ, ਉਚਾਰਣ ਕਲਾ ਤੇ ਰਚਨਾਤਮਕਤਾ ਨੂੰ ਪ੍ਰੋਤਸਾਹਿਤ ਕਰਦੇ ਹਨ : ਪ੍ਰਿੰਸੀਪਲ ਜਿੰਦਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ-ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਵਿੱਚ ਕਵਿਤਾ ਉਚਾਰਣ ਮੁਕਾਬਲਾ ਕਰਵਾਇਆ ਗਿਆ।ਇਸ ਮੁਕਾਬਲੇ ਵਿੱਚ ਪਲੇਵੇ ਤੋਂ ਯੂਕੇਜੀ ਤੱਕ ਦੀਆਂ ਕਲਾਸਾਂ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ।ਬੱਚਿਆਂ ਨੇ ਦੇਸ਼ਭਗਤੀ, ਪ੍ਰਕ੍ਰਿਤੀ, ਮਾਂ ਤੇ ਸ਼ਾਂਤੀ ਵਰਗੇ ਵਿਸ਼ਿਆਂ 'ਤੇ ਸੁੰਦਰ ਕਵਿਤਾਵਾਂ ਪੇਸ਼ ਕੀਤੀਆਂ। ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਕਿਹਾ ਕਿ ਮੁਕਾਬਲੇ ਦਾ ਮਕਸਦ ਵਿਦਿਆਰਥੀਆਂ ਵਿੱਚ ਬੌਧਿਕ ਤੇ ਭਾਵਨਾਤਮਕ ਪ੍ਰਗਟਾਵਾ ਵਧਾਉਣਾ ਸੀ।ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਕਿਹਾ ਕਿ ਕਵਿਤਾ ਉਚਾਰਣ ਮੁਕਾਬਲੇ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਉਚਾਰਣ ਕਲਾ ਤੇ ਰਚਨਾਤਮਕਤਾ ਨੂੰ ਪ੍ਰੋਤਸਾਹਤ ਕਰਦੇ ਹਨ।ਇਸ ਤਰ੍ਹਾਂ ਦੇ ਮੁਕਾਬਲੇ ਬੱਚਿਆਂ ਨੂੰ ਆਪਣੇ ਵਿਚਾਰਾਂ ਤੇ ਭਾਵਨਾਵਾਂ ਨੂੰ ਸੁੰਦਰ ਢੰਗ ਨਾਲ ਪ੍ਰਗਟ ਕਰਨ ਦਾ ਮੌਕਾ ਦਿੰਦੇ ਹਨ।ਉਨ੍ਹਾਂ ਬੱਚਿਆਂ ਦੀ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ ਤੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਨੇ ਕਿਹਾ ਕਿ ਸਾਡੇ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਹਿੱਸਾ ਲਿਆ ਤੇ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ, ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਤੇ ਅਧਿਆਪਕਾਂ ਨੇ ਸਭ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਤੇ ਕਿਹਾ ਕਿ ਅਜਿਹੇ ਪ੍ਰੋਗਰਾਮ ਬੱਚਿਆਂ ਦੇ ਸਰਵਾਂਗੀਣ ਵਿਕਾਸ ਲਈ ਬਹੁਤ ਲਾਭਦਾਇਕ ਹੁੰਦੇ ਹਨ।ਅੰਤ ਵਿੱਚ ਉਨ੍ਹਾਂ ਨੇ ਸਭ ਹਿੱਸਾ ਲੈਣ ਵਾਲਿਆਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਬੱਚਿਆਂ ਦੀ ਆਤਮ-ਵਿਸ਼ਵਾਸ ਵਿੱਚ ਵਾਧਾ ਕਰਦੇ ਹਨ।

## ਕੇ ਕੇ ਯੂ ਵੱਲੋਂ ਵਿੱਢੇ ਸੰਘਰਸ਼ ਦੀ ਜਿੱਤ, ਧਰਨਾ ਸਮਾਪਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**
ਫਿਰੋਜ਼ਪੁਰ-ਮੁਕਤਸਰ ਫਿਰੋਜ਼ਪੁਰ ਸੜਕ ਦਾ ਰਹਿੰਦਾ ਕੰਮ ਜ਼ੋਰ ਸ਼ੋਰ ਨਾਲ ਸ਼ੁਰੂ ਹੋਣ 'ਤੇ ਕਿਰਤੀ ਕਿਸਾਨ ਯੂਨੀਅਨ ਵੱਲੋਂ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ 4 ਅਕਤੂਬਰ ਤੋਂ ਵਿੱਢਿਆ ਦਿਨ ਰਾਤ ਦਾ ਧਰਨਾ ਅੱਜ ਜਿੱਤ ਦੇ ਰੂਪ ਵਿੱਚ ਸਮਾਪਤ ਕਰ ਦਿੱਤਾ ਗਿਆ। ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ ਜਿਲਾ ਸਕੱਤਰ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ ਨੇ ਦੱਸਿਆ ਕਿ ਮੁਕਤਸਰ ਫਿਰੋਜ਼ਪੁਰ ਨੈਸ਼ਨਲ ਹਾਈਵੇ, ਜੋ ਕਿ ਤਿੰਨ ਜ਼ਿਲ੍ਹਿਆਂ ਮੁਕਤਸਰ, ਫਰੀਦਕੋਟ, ਫਿਰੋਜ਼ਪੁਰ ਨੂੰ ਆਪਸ ਵਿੱਚ ਜੋੜਦਾ ਹੈ, ਪਿਛਲੇ ਤਿੰਨ ਸਾਲਾਂ ਤੋਂ ਮੁਕੰਮਲ ਨਹੀਂ ਕੀਤਾ ਜਾ ਰਿਹਾ ਸੀ, ਸੜਕ ਵਿੱਚ ਵੱਡੇ ਵੱਡੇ ਟੋਏ ਪਏ ਹੋਏ ਸਨ, ਜਿਸ ਕਰਕੇ ਸੜਕ ਤੋਂ ਦੀ ਗੁਜ਼ਰਨ ਵਾਲੇ ਲੋਕ ਹਾਦਸਿਆਂ ਦਾ ਸ਼ਿਕਾਰ ਹੋ ਰਹੇ ਸੀ ਸ਼ਾਮ ਵੇਲੇ ਇਥੋਂ ਦੀ ਗੁਜ਼ਰਨ ਵਾਲੇ ਲੋਕਾਂ ਨਾਲ ਕਈ ਵਾਰ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਵੀ ਹੋ ਗਈਆਂ ਸਨ, ਪਰ ਸਰਕਾਰ ਦੇ ਕੰਨ ਤੇ ਜੂ ਨਹੀਂ ਸਰਕੀ। ਪਿਛਲੀ 14 ਅਗਸਤ ਨੂੰ ਕਿਰਤੀ ਕਿਸਾਨ ਯੂਨੀਅਨ ਨੇ ਪਿੰਡ ਲੁਬਾਣੀਆਂ ਵਾਲੀ ਵਿਖੇ ਸੜਕ 'ਤੇ ਧਰਨਾ ਲਾਇਆ ਸੀ। ਧਰਨੇ ਵਿੱਚ ਪਹੁੰਚ ਕੇ ਸੜਕ ਮਹਿਕਮੇ ਦੇ ਅਧਿਕਾਰੀਆਂ ਵੱਲੋਂ ਜਥੇਬੰਦੀ ਨੂੰ ਵਿਸ਼ਵਾਸ ਦਿਵਾਇਆ ਗਿਆ ਸੀ ਕਿ ਹਰ ਹਾਲ ਦੇ ਵਿੱਚ 45 ਦਿਨਾਂ ਵਿੱਚ ਸੜਕ ਬਣਾਉਣ ਦਾ ਕੰਮ ਮੁਕੰਮਲ ਕਰ ਦਿੱਤਾ ਜਾਵੇਗਾ, ਪਰ ਦਿੱਤੇ ਸਮੇਂ ਦੀ ਮਿਆਦ ਪੂਰੀ ਹੋਣ ਤੱਕ ਬਿਲਕੁਲ ਵੀ ਕੰਮ ਦੀ ਸ਼ੁਰੂਆਤ ਨਹੀਂ ਕੀਤੀ ਗਈ ਸੀ। ਸੜਕ ਦਾ ਕੰਮ ਸ਼ੁਰੂ ਨਾ ਹੋਣ ਕਾਰਨ ਚਾਰ ਅਕਤੂਬਰ ਤੋਂ ਦੁਬਾਰਾ ਜਥੇਬੰਦੀ ਵੱਲੋਂ ਦਿਨ-ਰਾਤ ਦਾ ਧਰਨਾ ਸ਼ੁਰੂ ਕਰ ਦਿੱਤਾ ਗਿਆ ਸੀ। ਜਥੇਬੰਦੀ ਵੱਲੋਂ 10 ਅਕਤੂਬਰ ਨੂੰ ਸੜਕ ਨੂੰ ਮੁਕੰਮਲ ਜਾਮ ਕਰਨ ਦਾ ਸੱਦਾ ਦਿੱਤਾ ਗਿਆ ਸੀ, ਆਖਰ ਨੂੰ ਜਥੇਬੰਦੀ ਤੇ ਇਲਾਕਾ ਨਿਵਾਸੀਆਂ ਦੇ ਦਬਾ ਕੇ ਅੱਗੇ ਝੁਕਦਿਆਂ ਸੜਕ ਮਹਿਕਮੇ ਵੱਲੋਂ 7 ਅਕਤੂਬਰ ਤੋਂ ਕੰਮ ਜ਼ੋਰ ਨਾਲ ਸ਼ੁਰੂ ਕਰ ਦਿੱਤਾ ਗਿਆ ਸੀ ਤੇ ਅੱਜ ਪੀ ਡਬਲੂ ਡੀ ਨੈਸ਼ਨਲ ਹਾਈਵੇ ਦੇ ਐਸਡੀਓ ਹਰਜਿੰਦਰ ਸਿੰਘ ਨੇ ਧਰਨੇ ਵਿੱਚ ਪਹੁੰਚ ਕੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਸੜਕ ਨੂੰ ਬਣਾਉਣ ਦਾ ਕੰਮ ਨਿਰਵਿਘਨ ਜਾਰੀ ਰੱਖਿਆ ਜਾਵੇਗਾ। ਆਗੂ ਨੇ ਕਿਹਾ ਕਿ ਕਿ ਇਹ ਸਮੁੱਚਾ ਇਲਾਕਾ ਨਿਵਾਸੀਆਂ ਤੇ ਜਥੇਬੰਦੀ ਦੀ ਵੱਡੀ ਜਿੱਤ ਹੈ। ਇਸ ਮੌਕੇ ਸੰਬੋਧਨ ਕਰਦਿਆਂ ਬਲਵਿੰਦਰ ਸਿੰਘ ਥਾਂਧੇਵਾਲਾ, ਬਲਵਿੰਦਰ ਸਿੰਘ ਕੋਟਲੀ ਸੰਘਰ, ਜਗਮੀਤ ਸਿੰਘ ਜੰਡੋਕੇ, ਦਵਿੰਦਰ ਸਿੰਘ ਲੁਬਾਨਿਆਂਵਾਲੀ, ਜਸਵੰਤ ਸਿੰਘ ਡੋਡਾਂਵਾਲੀ, ਗੁਰਸੇਵਕ ਸਿੰਘ ਸੰਗਰਾਣਾ, ਗੁਰਮੀਤ ਸਿੰਘ ਸੰਗਰਾਣਾ, ਜਗਸੀਰ ਸਿੰਘ ਸੱਕਾਂਵਾਲੀ ਤੇ ਪੰਜਾਬ ਸਟੂਡੈਂਟ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਰਵੀ ਕੁਮਾਰ ਨੇ ਕਿਹਾ ਕਿ ਲੋਕਾਂ ਨੂੰ ਸਰਕਾਰਾਂ 'ਤੇ ਝਾਕ ਰੱਖਣ ਦੀ ਬਜਾਏ ਜਥੇਬੰਦਕ ਤਾਕਤ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ ਤਾਂ ਜੋ ਲੋਕਾਂ ਦੇ ਮੰਗਾਂ ਮਸਲੇ ਹੱਲ ਕੀਤੇ ਜਾਣ। ਅੰਤ ਵਿੱਚ ਆਗੂਆਂ ਨੇ ਡੇਰਾ ਬਾਬਾ ਦਿਆਲ ਦਾਸ ਜੀ ਦੇ ਸਮੁੱਚੇ ਪ੍ਰਬੰਧਕਾਂ ਸਮੁੱਚਾ ਇਲਾਕਾ ਨਿਵਾਸੀਆਂ ਦਾ ਧਰਨੇ ਨੂੰ ਸਫਲ ਬਣਾਉਣ ਲਈ ਧੰਨਵਾਦ ਕੀਤਾ। ਇਸ ਮੌਕੇ ਲੱਖਾ ਸਿੰਘ ਬੜਿੰਗ, ਬੋਹੜ ਸਿੰਘ, ਸੁਖਪਾਲ ਸਿੰਘ, ਸੁਖਪ੍ਰੀਤ ਕੌਰ ਜ਼ਿਲ੍ਹਾ ਪ੍ਰਧਾਨ ਪੰਜਾਬ ਸਟੂਡੈਂਟ ਯੂਨੀਅਨ, ਮਮਤਾ ਕੌਰ, ਗੁਰਤੇਗ ਸਿੰਘ, ਗੁਰਮੇਲ ਸਿੰਘ, ਅੰਗਰੇਜ਼ ਸਿੰਘ, ਜਸਪਾਲ ਸਿੰਘ, ਹਰਮੀਤ ਸਿੰਘ, ਪ੍ਰਤਾਪ ਸਿੰਘ, ਜੰਗ ਸਿੰਘ,ਸ਼ਰਨ ਸਿੰਘ ਆਦਿ ਹਾਜ਼ਰ ਸਨ।

## ਕਬਜ਼ਾ ਵਰੰਟ ਲੈ ਕੇ ਆਏ ਅਫਸਰ ਲੋਕਾਂ ਦੇ ਰੋਹ ਨੂੰ ਦੇਖਦਿਆਂ ਬੇਰੰਗ ਮੁੜੇ



**ਦੋਰਾਹਾ (ਹਰਮਿੰਦਰ ਸੇਠ)**-ਪਿੰਡ ਬਿਲਾਸਪੁਰ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਮਹੰਤ ਕੇਸਰ ਦਾਸ ਜੋ ਕਿ 1879 ਤੋਂ ਜ਼ਮੀਨ ਤੇ ਖ਼ੁਦ ਕਾਸ਼ਤ ਪੀੜ੍ਹੀ ਦਰ ਪੀੜ੍ਹੀ ਖੇਤੀ ਕਰ ਰਹੇ ਹਨ, ਪਰ 1951 ਵਿੱਚ ਕਿਲ੍ਹੇ ਬੰਦੀ ਦੌਰਾਨ ਇਹ ਜ਼ਮੀਨ ਸ੍ਰੀ ਗੁਰੂ ਗ੍ਰੰਥ ਸਾਹਿਬ ਬਰਾਜਮਾਨ ਧਰਮਸ਼ਾਲਾ ਦੇ ਨਾ ਕਰ ਦਿੱਤੀ, ਪਰ ਕਾਸ਼ਤਕਾਰਾਂ ਦੇ ਨਾਂ 'ਤੇ ਹੀ ਜ਼ਮੀਨ ਚੱਲ ਰਹੀ ਹੈ, ਇਥੇ ਕੋਈ ਗੁਰਦੁਆਰਾ ਸਾਹਿਬ ਨਹੀਂ ਹੈ ਤੇ ਨਾ ਹੀ ਗੁਰਦੁਆਰੇ ਸਾਹਿਬ ਦੇ ਨਾ ਜ਼ਮੀਨ ਹੈ ਕੇਵਲ ਕੇਸਰ ਦਾਸ ਦਾ ਡੇਰਾ ਹੀ ਹੈ, ਇਨ੍ਹਾਂ ਕਾਸ਼ਤਕਾਰਾਂ ਕੋਲ ਸਭ ਡੇਰੇ ਦੀਆਂ ਲਿਖਤਾਂ ਹਨ, ਪਰ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜ਼ਮੀਨ 'ਤੇ ਕਬਜ਼ਾ ਵਾਰੰਟ ਲੈ ਕੇ ਪੁਲਸ ਪ੍ਰਸ਼ਾਸਨ ਨੂੰ ਆਉਣਾ ਸੀ, ਪਰ ਪਿੰਡ ਬਿਲਾਸਪੁਰ, ਗਿੱਦੜੀ ਦੇ ਲੋਕ ਰੋਹ ਨੂੰ ਵੇਖਦਿਆਂ ਕੋਈ ਵੀ ਪ੍ਰਸ਼ਾਸਨ ਨਹੀਂ ਅੱਪੜਿਆ।ਇਸ ਵੇਲੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ, ਪਰਮਵੀਰ ਸਿੰਘ ਘਲੋਟੀ, ਯੁਵਰਾਜ ਸਿੰਘ ਘੁਡਾਣੀ, ਸੁਖਵਿੰਦਰ ਸਿੰਘ ਬਿਲਾਸਪੁਰ, ਕਮਲਜੀਤ ਸਿੰਘ ਗਿਦੜੀ, ਯਾਦਵਿੰਦਰ ਸਿੰਘ, ਮਨਜੀਤ ਸਿੰਘ, ਬਹਾਦਰ ਸਿੰਘ, ਸੁਰਜੀਤ ਸਿੰਘ, ਨਿਰਮਲ ਸਿੰਘ ਤੇ ਕਿਸਾਨ ਵੀ ਸ਼ਾਮਲ ਸਨ।

## ਭਾਰਤੀਯ ਅੰਬੇਡਕਰ ਮਿਸ਼ਨ ਨੇ ਕਰਵਾਇਆ ਵਿਆਹ ਸਮਾਗਮ

- ਹਜ਼ਾਰਾਂ ਆਗੂਆਂ ਨੇ ਨਵ-ਜੋੜਿਆਂ ਨੂੰ ਦਿੱਤਾ ਅਸ਼ੀਰਵਾਦ
- ਅਜਿਹੇ ਕਾਰਜ ਕਰਨਾ ਮਿਸ਼ਨ ਦਾ ਸ਼ਲਾਘਾਯੋਗ ਕਦਮ : ਸਿੰਗਲਾ



**ਸੰਗਰੂਰ (ਪ੍ਰਵੀਨ ਸਿੰਘ)**-ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਵੱਲੋਂ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਦੇ ਸ਼ੁੱਭ ਦਿਹਾੜੇ 'ਤੇ ਮਿਸ਼ਨ ਦੇ ਮੁੱਖ ਸਰਪ੍ਰਸਤ ਮੈਡਮ ਪੂਨਮ ਕਾਂਗੜਾ ਤੇ ਕੌਮੀ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਕਾਂਗੜਾ ਦੀ ਅਗਵਾਈ ਹੇਠ ਅਤੇ ਪ੍ਰੀਤੀ ਮਹੰਤ ਉੱਘੇ ਸਮਾਜ ਸੇਵਿਕਾ ਦੇ ਸਹਿਯੋਗ ਨਾਲ ਜੈਜ਼ੀ ਪੈਲੇਸ ਸੰਗਰੂਰ ਵਿਖੇ ਵਿਆਹ ਸਮਾਗਮ ਕੀਤਾ ਗਿਆ, ਜਿਸ ਵਿੱਚ 7 ਲੋੜਵੰਦ ਪਰਵਾਰਾਂ ਦੀਆਂ ਲੜਕੀਆਂ ਦੇ ਵਿਆਹ ਕਰਵਾ ਕੇ ਉਨ੍ਹਾਂ ਨੂੰ ਫਰਨੀਚਰ ਤੇ ਜ਼ਰੂਰਤ ਦਾ ਸਾਮਾਨ ਦਿੱਤਾ ਗਿਆ। ਇਸ ਸਮਾਗਮ ਵਿੱਚ ਮੁੱਖ ਤੌਰ 'ਤੇ ਸ੍ਰੀ ਵਿਜੈ ਇੰਦਰ ਸਿੰਗਲਾ ਸਾਬਕਾ ਕੈਬਨਿਟ ਮੰਤਰੀ ਪੰਜਾਬ ਦੇ ਸਪੁੱਤਰ ਸ੍ਰੀ ਮੋਹਿਲ ਸਿੰਗਲਾ ਸ਼ਾਮਲ ਹੋਏ ਅਤੇ ਵਿਸ਼ੇਸ਼ ਮਹਿਮਾਨ ਵਜੋਂ ਸ੍ਰ. ਭੁਪਿੰਦਰ ਸਿੰਘ ਪ੍ਰਧਾਨ ਨਗਰ ਕੌਂਸਲ ਸੰਗਰੂਰ ਤੇ ਬਾਬਾ ਜੰਗ ਸਿੰਘ ਦੀਵਾਨਾ ਉੱਘੇ ਸਮਾਜ ਸੇਵੀ ਨੇ ਸ਼ਿਰਕਤ ਕੀਤੀ। ਇਸ ਵਿਆਹ ਸਮਾਗਮ ਵਿੱਚ ਰਾਜਨੀਤਕ, ਸਮਾਜ ਸੇਵੀ ਤੇ ਧਾਰਮਿਕ ਹਜ਼ਾਰਾਂ ਆਗੂਆਂ ਨੇ ਪਹੁੰਚ ਕੇ ਨਵ-ਵਿਆਹੇ ਜੋੜਿਆਂ ਨੂੰ ਆਪਣੀਆਂ ਸ਼ੁੱਭ ਕਾਮਨਾਵਾਂ ਦਿੱਤੀਆਂ। ਪੈਲੇਸ ਵਿੱਚ ਸਮਾਗਮ ਤੋਂ ਪਹਿਲਾਂ ਨੇੜਲੇ ਗੁਰਦੁਆਰਾ ਸ੍ਰੀ ਸਿਧਾਣਾ ਸਾਹਿਬ ਵਿਖੇ ਲੜਕੀਆਂ ਦੇ ਅਨੰਦ ਕਾਰਜ ਕਰਵਾਏ ਗਏ। ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਸਿੰਗਲਾ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਦੋਂ ਹਰ ਇਨਸਾਨ ਆਪਣੇ ਰੁਝੇਵਿਆਂ ਵਿੱਚ ਵਿਅਸਤ ਹੈ।ਉਨ੍ਹਾਂ ਰੁਝੇਵਿਆਂ ਵਿੱਚੋਂ ਸਮਾਂ ਕੱਢ ਕੇ ਅਜਿਹੇ ਮਹਾਨ ਕਾਰਜ ਕਰਨਾ ਇੱਕ ਸ਼ਲਾਘਾਯੋਗ ਕਦਮ ਹੈ, ਜਿਸ ਲਈ ਮਿਸ਼ਨ ਦੇ ਮੁੱਖ ਸਰਪ੍ਰਸਤ ਮੈਡਮ ਪੂਨਮ ਕਾਂਗੜਾ, ਕੌਮੀ ਪ੍ਰਧਾਨ ਦਰਸ਼ਨ ਸਿੰਘ ਕਾਂਗੜਾ ਸਣੇ ਸਮੂਹ ਟੀਮ ਵਧਾਈ ਦੀ ਪਾਤਰ ਹੈ।ਸ਼੍ਰੀਮਤੀ ਪੂਨਮ ਕਾਂਗੜਾ ਤੇ ਦਰਸ਼ਨ ਕਾਂਗੜਾ ਨੇ ਕੰਨਿਆ ਦਾਨ ਦੀ ਰਸਮ ਅਦਾ ਕਰਦਿਆਂ ਨਵ ਜੋੜੀਆਂ ਨੂੰ ਆਪਣੀਆਂ ਸ਼ੁੱਭ ਕਾਮਨਾਵਾਂ ਦਿੱਤੀਆਂ ਤੇ ਸਮਾਗਮ ਵਿੱਚ ਪਹੁੰਚੇ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਅਮਰਜੀਤ ਸਿੰਘ ਟੀਟੂ, ਰਵੀ ਚਾਵਲਾ ਪ੍ਰਧਾਨ, ਮੁਕੇਸ਼ ਰਤਨਾਕਰ ਸੂਬਾ ਪ੍ਰਧਾਨ, ਮੈਡਮ ਪਰਮਜੀਤ ਕੌਰ ਗੁੰਮਟੀ ਸੂਬਾ ਪ੍ਰਧਾਨ ਮਹਿਲਾ ਵਿੰਗ, ਜਗਸੀਰ ਸਿੰਘ ਖੈੜੀਚੰਦਵ ਕੌਮੀ ਜਨਰਲ ਸਕੱਤਰ, ਸੀਮਾ ਚਾਵਲਾ ਕੌਂਸਲਰ, ਸ਼ਸ਼ੀ ਚਾਵਰੀਆ ਪ੍ਰਧਾਨ ਵਾਲਮੀਕ ਸਭਾ, ਚਮਕੌਰ ਸਿੰਘ ਜੱਸੀ ਜ਼ਿਲ੍ਹਾ ਚੇਅਰਮੈਨ, ਸੀਮਾ ਕਲਿਆਣ, ਰਾਕੇਸ਼ ਪਰੋਚਾ ਪ੍ਰਧਾਨ, ਇਤਵਾਰ ਸਿੰਘ ਬੀ ਪੀ ਓ ਰਾਏਕੋਟ, ਸੰਦੀਪ ਬਾਲੀ ਸੂਬਾ ਪ੍ਰਧਾਨ ਮਹਾਂਸੰਘ, ਡਾ. ਰਾਜਿੰਦਰ ਕੁਮਾਰ ਸੂਬਾ ਜਨਰਲ ਸਕੱਤਰ ਸਮੇਤ ਹੋਰ ਵੀ ਆਗੂ ਹਾਜ਼ਰ ਸਨ।

## ਜਾਇਦਾਦਾਂ ਵੇਚਣ ਖ਼ਿਲਾਫ਼ ਮੁਲਾਜ਼ਮ ਜਥੇਬੰਦੀਆਂ ਨੇ ਸਰਕਾਰ ਵਿਰੁੱਧ ਚੁੱਕਿਆ ਝੰਡਾ

- ਸਮੂਹ ਮੁਲਾਜ਼ਮ ਜਥੇਬੰਦੀਆਂ ਨੇ ਸੀ ਐੱਮ ਡੀ ਨੂੰ ਦਿੱਤਾ ਮੰਗ ਪੱਤਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਪੰਜਾਬ ਸਰਕਾਰ ਵੱਲੋਂ ਪਾਵਰਕਾਮ ਦੀਆਂ ਕੀਮਤੀ ਜਾਇਦਾਦਾਂ ਵੇਚਣ ਖ਼ਿਲਾਫ਼ ਸਮੂਹ ਮੁਲਾਜ਼ਮ ਜਥੇਬੰਦੀਆਂ ਵੱਲੋਂ ਸਰਕਾਰ ਖ਼ਿਲਾਫ਼ ਝੰਡਾ ਚੁੱਕ ਲਿਆ ਗਿਆ ਹੈ। ਇਕ ਪਾਸੇ ਆਪ ਸਰਕਾਰ ਵੱਲੋਂ 'ਰੋਸ਼ਨ ਪੰਜਾਬ ਮੁਹਿੰਮ' ਦਾ ਅਗਾਜ਼ ਕੀਤਾ ਗਿਆ ਹੈ, ਦੂਜੇ ਪਾਸੇ ਪੰਜਾਬ ਨੂੰ ਰੁਸ਼ਨਾਉਣ ਵਾਲੇ ਪਾਵਰਕਾਮ ਦੇ ਅਧਿਕਾਰੀ ਤੇ ਮੁਲਾਜ਼ਮ ਆਪਣੀਆਂ ਸਰਕਾਰੀ ਜਾਇਦਾਦਾਂ ਨੂੰ ਬਚਾਉਣ ਲਈ ਸਰਕਾਰ ਖਿਲਾਫ਼ ਪ੍ਰਦਰਸ਼ਨ ਕਰਨ ਲੱਗੇ ਪਏ ਹਨ।ਮੁਲਾਜ਼ਮਾਂ ਵਿੱਚ ਇਸ ਗੱਲ ਦਾ ਡਰ ਪਾਇਆ ਜਾ ਰਿਹਾ ਹੈ ਕਿ ਪਾਵਰਕਾਮ ਤੇ ਟ੍ਰਾਂਸਕੋ ਦੀਆਂ ਜ਼ਮੀਨਾਂ ਤੇ ਜਾਇਦਾਦਾਂ ਨੂੰ ਸਰਕਾਰ ਵੱਲੋਂ ਵੇਚਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਦੱਸਣਯੋਗ ਹੈ ਕਿ ਪਾਵਰਕਾਮ ਤੇ ਟ੍ਰਾਂਸਕੋ ਦੀਆਂ ਕਈ ਜ਼ਮੀਨਾਂ ਤੇ ਜਾਇਦਾਦਾਂ ਨੂੰ ਸਰਕਾਰ ਵੱਲੋਂ ਵੇਚਣ ਜਾਂ ਲੀਜ਼ 'ਤੇ ਦੇਣ ਦੀ ਵਿਉਂਤਬੰਦੀ ਹੈ, ਜਿਸ ਦੀ ਭਿਣਕ ਲੱਗਣ ਕਾਰਨ ਪਾਵਰਕਾਮ ਤੇ ਟ੍ਰਾਂਸਕੋ ਦੀਆਂ ਸਮੂਹ ਜਥੇਬੰਦੀਆਂ ਨੇ ਇਸ ਖਿਲਾਫ ਝੰਡਾ ਚੁੱਕ ਲਿਆ ਹੈ।ਪੰਜਾਬ ਦੇ ਪ੍ਰਮੁੱਖ ਸ਼ਹਿਰਾਂ ਲੁਧਿਆਣਾ, ਜਲੰਧਰ, ਅੰਮ੍ਰਿਤਸਰ, ਮੋਹਾਲੀ ਆਦਿ 'ਚ ਸਥਿਤ ਪ੍ਰਮੁੱਖ ਜਾਇਦਾਦਾਂ, ਜਿਨ੍ਹਾਂ 'ਚ ਪਾਵਰ ਹਾਊਸ, ਦਫਤਰ, ਸਟੋਰ ਸਮੇਤ ਕੁਝ ਖਾਲੀ ਜ਼ਮੀਨਾਂ 'ਤੇ ਅੱਖ ਰੱਖੀ ਹੋਈ ਹੈ।ਇਨ੍ਹਾਂ ਜ਼ਮੀਨਾਂ ਨੂੰ ਪਾਵਰਕਾਮ ਦੇ ਭਵਿੱਖ ਸਬੰਧੀ ਵਰਤਿਆ ਜਾ ਸਕਦਾ ਹੈ, ਪਰ ਸਰਕਾਰ ਵੱਲੋਂ ਇਨ੍ਹਾਂ ਨੂੰ ਵੇਚ ਵੱਟ ਕੇ ਪੈਸੇ ਇਕੱਠੇ ਕਰਨ ਦੀ ਯੋਜਨਾ ਹੈ ਤਾਂ ਜੋ ਕੰਮ ਚਲਾਇਆ ਜਾ ਸਕੇ।ਪਾਵਰਕਾਮ ਪਹਿਲਾਂ ਹੀ ਮੁਲਾਜ਼ਮਾਂ ਦੀ ਥੋੜ੍ਹ ਨਾਲ ਜੂਝ ਰਿਹਾ ਹੈ ਤੇ ਲੋਕਾਂ ਨੂੰ ਬਿਜਲੀ ਦੀ ਸਪਲਾਈ ਪੱਖੋਂ ਨੁਕਸ ਪੈਣ 'ਤੇ ਸਮੇਂ ਸਿਰ ਸਹੂਲਤਾਂ ਹਾਸਲ ਨਹੀਂ ਹੋ ਰਹੀਆਂ। ਮੁਲਾਜ਼ਮ ਜਥੇਬੰਦੀਆਂ ਦਾ ਤਰਕ ਹੈ ਕਿ ਸਰਕਾਰ ਤੇ ਪ੍ਰਬੰਧਨ ਲੋੜੀਂਦੇ ਸਟਾਫ ਦੀ ਭਰਤੀ ਕਰਨ ਤਾਂ ਜੋ ਜਨਤਾ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ, ਨਾ ਕਿ ਵਿਭਾਗੀ ਜ਼ਮੀਨਾਂ ਵੇਚ ਕੇ ਵਿਭਾਗ ਨੂੰ ਕਮਜ਼ੋਰ ਕੀਤਾ ਜਾ ਸਕੇ।ਪਾਵਰਕਾਮ ਤੇ ਟ੍ਰਾਂਸਕੋ ਅੰਦਰ ਬਿਜਲੀ ਖੇਤਰ ਦੀ ਨੁਮਾਇੰਦਗੀ ਕਰਨ ਵਾਲੀਆਂ ਸਾਰੀਆਂ ਜਥੇਬੰਦੀਆਂ ਵੱਲੋਂ ਹੰਗਾਮੀ ਮੀਟਿੰਗ ਕੀਤੀ ਗਈ ਤੇ ਇਸ ਮਾਮਲੇ ਵਿੱਚ ਸਰਕਾਰ ਖਿਲਾਫ ਸੰਘਰਸ਼ ਕਰਨ ਦਾ ਤਹੱਈਆ ਕੀਤਾ ਗਿਆ।ਮੀਟਿੰਗ ਦੌਰਾਨ ਇੰਜ. ਜਤਿੰਦਰ ਗਰਗ, ਇੰਜ. ਦਵਿੰਦਰ ਗੋਇਲ, ਇੰਜ. ਅਜੇ ਪਾਲ ਸਿੰਘ ਅਟਵਾਲ, ਇੰਜ. ਅਮਨਦੀਪ ਜੇਹਲਵੀ, ਇੰਜ. ਚੰਚਲ ਕੁਮਾਰ, ਇੰਜ. ਵਿਕਾਸ ਗੁਪਤਾ, ਜੂਨੀਅਰ ਇੰਜੀਨੀਅਰਜ਼ ਕੌਂਸਲ ਤੋਂ ਕੁਲਦੀਪ ਸਿੰਘ ਉਧੋਕੇ, ਹਰਪ੍ਰੀਤ ਸਿੰਘ, ਅਵਤਾਰ ਸਿੰਘ ਕੈਂਥ, ਇੰਜ ਤੇਜਿੰਦਰ ਸਿੰਘ ਤੇ ਗੀਤਿੰਦਰ ਗਲਵੰਟੀ ਆਦਿ ਨੇ ਕਿਹਾ ਕਿ ਮੀਟਿੰਗ ਦੌਰਾਨ ਬਿਜਲੀ ਖੇਤਰ ਦੀਆਂ ਕੀਮਤੀ ਜ਼ਮੀਨਾਂ ਤੇ ਜਾਇਦਾਦਾਂ ਨੂੰ ਵੇਚਣ ਜਾਂ ਲੀਜ਼ 'ਤੇ ਦੇਣ ਦੇ ਕਦਮ ਦਾ ਵਿਰੋਧ ਕੀਤਾ ਗਿਆ ਹੈ।ਆਗੂਆਂ ਨੇ ਤਲਖ ਭਰੇ ਲਹਿਜੇ ਵਿੱਚ ਆਖਿਆ ਕਿ ਜੇਕਰ ਵਿਭਾਗ ਦੀਆਂ ਜਾਇਦਾਦਾਂ ਨੂੰ ਨੁਕਸਾਨ ਪਹੁੰਚਾਉਣ ਦੀ ਕੋਈ ਕੋਸ਼ਿਸ਼ ਕੀਤੀ ਗਈ ਤਾਂ ਪੰਜਾਬ ਭਰ ਦੀਆਂ ਸਾਰੀਆਂ ਯੂਨੀਅਨਾਂ ਤੁਰੰਤ ਰੋਸ ਪ੍ਰਦਰਸ਼ਨ ਕਰਨਗੀਆਂ।

## ਫਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਵਿਖੇ ਡਿਜੀਟਲ ਇੰਡੀਆ ਵਿਸ਼ੇ 'ਤੇ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਫਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਰਾਮਪੁਰਾ ਫੂਲ ਦੇ ਕੌਮੀ ਸੇਵਾ ਯੋਜਨਾ ਵਿਭਾਗ ਵੱਲੋਂ ਭਾਰਤ ਸਰਕਾਰ ਦੇ ਉੱਨਤ ਭਾਰਤ ਅਭਿਆਨ ਤਹਿਤ ਡਿਜੀਟਲ ਇੰਡੀਆ ਵਿਸ਼ੇ 'ਤੇ ਇੱਕ ਪੋਸਟਰ ਮੇਕਿੰਗ ਮੁਕਾਬਲਾ ਸ਼ਾਨਦਾਰ ਢੰਗ ਨਾਲ ਆਯੋਜਿਤ ਕੀਤਾ ਗਿਆ। ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਡਿਜੀਟਲ ਜਾਗਰੂਕਤਾ, ਨਵੀਂ ਸੋਚ ਤੇ ਰਚਨਾਤਮਕਤਾ ਨੂੰ ਪ੍ਰੋਤਸ਼ਾਹਤ ਕਰਨਾ ਸੀ।ਇਸ ਵਿੱਚ ਵਿਦਿਆਰਥੀਆਂ ਨੇ ਆਪਣੇ ਸੁਝਾਓ, ਕਲਾ ਤੇ ਵਿਚਾਰਾਂ ਰਾਹੀਂ ਡਿਜੀਟਲ ਇੰਡੀਆ ਦੇ ਸੁਪਨੇ ਨੂੰ ਕਾਗਜ਼ 'ਤੇ ਉਤਾਰਿਆ। ਵਿਦਿਆਰਥੀਆਂ ਨੇ ਤਕਨਾਲੋਜੀ, ਡਿਜੀਟਲ ਸ਼ਿਕਸ਼ਾ, ਆਨਲਾਈਨ ਸੇਵਾਵਾਂ ਤੇ ਆਤਮਨਿਰਭਰ ਭਾਰਤ ਦੇ ਸੁਨੇਹੇ ਨੂੰ ਆਪਣੇ ਰੰਗਾਂ ਨਾਲ ਜੀਵੰਤ ਕੀਤਾ।ਇਸ ਸਮਾਗਮ ਨੂੰ ਸਫਲ ਬਣਾਉਣ ਵਿੱਚ ਸਾਈਕਾਲੋਜੀ ਵਿਭਾਗ ਮੁਖੀ ਪ੍ਰੋ. ਮਨਦੀਪ ਕੌਰ ਤੇ ਖੇਡ ਵਿਭਾਗ ਦੀ ਪ੍ਰੋ. ਵਰਿੰਦਰ ਕੌਰ ਦਾ ਵਿਸ਼ੇਸ਼ ਯੋਗਦਾਨ ਰਿਹਾ, ਜਿਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਸਮੂਹ ਪ੍ਰਬੰਧਨ ਨੂੰ ਉੱਤਮ ਢੰਗ ਨਾਲ ਨਿਭਾਇਆ।

ਪੋਸਟਰ ਮੇਕਿੰਗ ਮੁਕਾਬਲੇ ਵਿੱਚ ਪਹਿਲੀ, ਦੂਜੀ ਤੇ ਤੀਜੀ ਪੁਜ਼ੀਸ਼ਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਲਈ ਵਿਸ਼ੇਸ਼ ਸਮਾਰੋਹ ਕੀਤਾ ਗਿਆ।ਇਸ ਮੌਕੇ ਡੀਨ ਅਕਾਦਮਿਕ ਡਾ. ਜਗਵਿੰਦਰ ਸਿੰਘ ਸਿੱਧੂ, ਸਹਾਇਕ ਡਾਇਰੈਕਟਰ ਜਸਵਿੰਦਰ ਸਿੰਘ ਤੇ ਪਬਲਿਕ ਰਿਲੇਸ਼ਨ ਅਫਸਰ ਪ੍ਰੋ. ਹਰਪ੍ਰੀਤ ਸ਼ਰਮਾ ਨੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਤੇ ਮੈਡਲ ਦੇ ਕੇ ਉਨ੍ਹਾਂ ਦਾ ਉਤਸ਼ਾਹ ਵਧਾਇਆ।ਫਤਿਹ ਗਰੁੱਪ ਦੇ ਚੇਅਰਮੈਨ ਸ੍ਰੀ ਐੱਸ. ਐੱਸ. ਚੱਠਾ ਨੇ ਕਿਹਾ ਕਿ ਡਿਜੀਟਲ ਇੰਡੀਆ ਦਾ ਸੁਪਨਾ ਤਦ ਹੀ ਸਫਲ ਹੋ ਸਕਦਾ ਹੈ, ਜਦੋਂ ਸਾਡੀ ਨਵੀਂ ਪੀੜ੍ਹੀ ਤਕਨਾਲੋਜੀ ਨੂੰ ਸਮਝ ਕੇ ਉਸ ਦਾ ਸਹੀ ਪ੍ਰਯੋਗ ਕਰੇ।ਅੰਤ ਵਿੱਚ ਪ੍ਰੋ. ਹਰਪ੍ਰੀਤ ਸ਼ਰਮਾ ਨੇ ਸਾਰੇ ਵਿਭਾਗਾਂ ਦੇ ਪ੍ਰੋਗਰਾਮ ਅਧਿਕਾਰੀਆਂ, ਅਧਿਆਪਕਾਂ ਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ, ਜਿਨ੍ਹਾਂ ਦੇ ਸਹਿਯੋਗ ਨਾਲ ਸਮਾਗਮ ਬਹੁਤ ਹੀ ਸੁਚਾਰੂ ਤੇ ਪ੍ਰੇਰਣਾਦਾਇਕ ਢੰਗ ਨਾਲ ਸੰਪੰਨ ਹੋਇਆ।

## ਦਸਮੇਸ਼ ਮਿਸ਼ਨ ਸਕੂਲ ਹਰੀ ਨੌ 'ਚ ਐੱਨ ਐੱਸ ਐੱਸ ਕੈਂਪ ਲਾਇਆ



ਕੋਟਕਪੂਰਾ (ਰਛਪਾਲ ਭੁੱਲਰ)-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਵਿਖੇ ਇਕਰੋਜ਼ਾ ਐਨ.ਐਸ.ਐਸ. ਕੈਂਪ ਲਾਇਆ ਗਿਆ।ਕੈਂਪ ਵਿੱਚ 50 ਵਾਲੰਟੀਅਰਜ਼ ਨੇ ਭਾਗ ਲਿਆ।ਲੜਕੀਆਂ ਨੇ ਸਕੂਲ ਕੈਂਪਸ ਦੀ ਸਫ਼ਾਈ ਕੀਤੀ ਤੇ ਲੜਕਿਆਂ ਨੇ ਸਕੂਲ ਕੈਂਪਸ ਦੇ ਬਾਹਰ ਸਕੂਲ ਨੂੰ ਆ ਰਹੇ ਰਸਤੇ ਦੀ ਸਫ਼ਾਈ ਕੀਤੀ।ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਤੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਨੇ ਐਨ.ਐਸ.ਐਸ. ਵਾਲੰਟੀਅਰਜ਼ ਨੂੰ ਕਿਹਾ ਕਿ ਸਕੂਲ ਅਤੇ ਸਕੂਲ ਨੂੰ ਆ ਰਹੇ ਰਾਸਤੇ ਦੀ ਸਫ਼ਾਈ ਦੇ ਨਾਲ-ਨਾਲ ਆਪਣੇ ਆਪ ਨੂੰ, ਘਰ ਤੇ ਸਮਾਜ ਨੂੰ ਸਵੱਛ ਬਣਾਉਣ ਦੀ ਲੋੜ ਹੈ।ਉਨ੍ਹਾਂ ਵਲੰਟੀਅਰਜ਼ ਨੂੰ ਸਮਾਜ ਸੇਵਾ ਤੇ ਅਨੁਸ਼ਾਸਨ ਦੀ ਭਾਵਨਾ ਨੂੰ ਦ੍ਰਿੜ ਕਰਵਾਉਣ ਤੇ ਭਵਿੱਖ ਦੇ ਬਿਹਤਰੀਨ ਨਾਗਰਿਕ ਬਣਨ ਲਈ ਪ੍ਰੇਰਤ ਕੀਤਾ।ਸਕੂਲ ਦੇ ਵਲੰਟੀਅਰਜ਼ ਨੇ ਸਮਾਜ ਭਲਾਈ ਦਾ ਕੰਮ ਕਰਕੇ ਬਹੁਤ ਖੁਸ਼ੀ ਮਹਿਸੂਸ ਕੀਤੀ।ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਸੀਮਾ ਦੇਵੀ ਨੇ ਕੰਮ ਕਰ ਰਹੇ ਵਲੰਟੀਅਰਜ਼ ਦੀ ਬਹੁਤ ਸਲਾਘਾ ਕੀਤੀ ਅਤੇ ਉਨ੍ਹਾਂ ਨੂੰ ਹੌਂਸਲਾ ਦਿੱਤਾ।ਸ੍ਰੀਮਤੀ ਸੀਮਾ ਦੇਵੀ ਨੇ ਕਿਹਾ ਕਿ ਇਸ ਤਰਾਂ ਦੇ ਕੈਂਪ ਲਾਉਣ ਨਾਲ ਵਿਦਿਆਰਥੀਆਂ ਵਿੱਚ ਆਪਸੀ ਸਹਿਯੋਗ, ਲੀਡਰਸ਼ਿਪ ਤੇ ਸੇਵਾ ਭਾਵਨਾ ਜਿਹੇ ਗੁਣਾ ਦਾ ਵਿਕਾਸ ਹੁੰਦਾ ਹੈ।

## ਕਬਜ਼ਾ ਵਰੰਟ ਲੈ ਕੇ ਆ ਰਹੇ ਲੋਕ ਰੋਹ ਨੂੰ ਦੇਖਦਿਆਂ ਵਾਪਸ ਮੁੜੇ



ਦੋਰਾਹਾ (ਰਣਮਿੰਦਰ ਸੋਹ)-ਪਿੰਡ ਬਿਲਾਸਪੁਰ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਮਹੰਤ ਕੇਸਰ ਦਾਸ, ਜੋ 1879 ਤੋਂ ਜ਼ਮੀਨ ਤੇ ਖੁਦ ਕਾਸ਼ਤ ਪੀੜ੍ਹੀ ਦਰ ਪੀੜ੍ਹੀ ਖੇਤੀ ਕਰ ਰਹੇ ਹਨ, ਪਰ 1951 ਵਿੱਚ ਕਿਲੇਬੰਦੀ ਦੌਰਾਨ ਇਹ ਜ਼ਮੀਨ ਸ੍ਰੀ ਗੁਰੂ ਗ੍ਰੰਥ ਸਾਹਿਬ ਬਰਾਜਮਾਨ ਧਰਮਸ਼ਾਲਾ ਦੇ ਨਾਂਅ ਕਰ ਦਿੱਤੀ। ਕਾਸ਼ਤਕਾਰਾਂ ਦੇ ਨਾਂਅ 'ਤੇ ਹੀ ਜ਼ਮੀਨ ਚੱਲ ਰਹੀ ਹੈ। ਇਥੇ ਕੋਈ ਗੁਰਦੁਆਰਾ ਸਾਹਿਬ ਨਹੀਂ ਹੈ ਤੇ ਨਾ ਹੀ ਗੁਰਦੁਆਰਾ ਸਾਹਿਬ ਦੇ ਨਾ ਜ਼ਮੀਨ ਹੈ। ਕੇਵਲ ਕੇਸਰ ਦਾਸ ਦਾ ਡੇਰਾ ਹੀ ਹੈ। ਇਨ੍ਹਾਂ ਕਾਸ਼ਤਕਾਰਾਂ ਕੋਲ ਸਭ ਡੇਰੇ ਦੀਆਂ ਲਿਖਤਾਂ ਹਨ, ਪਰ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜ਼ਮੀਨ 'ਤੇ ਕਬਜ਼ਾ ਵਾਰੰਟ ਲੈ ਕੇ ਪੁਲਸ ਪ੍ਰਸ਼ਾਸਨ ਨੂੰ ਆਉਣਾ ਸੀ, ਪਰ ਪਿੰਡ ਬਿਲਾਸਪੁਰ, ਗਿਦੜੀ ਦੇ ਲੋਕ ਰੋਹ ਨੂੰ ਵੇਖਦਿਆਂ ਕੋਈ ਵੀ ਪ੍ਰਸ਼ਾਸਨ ਨਹੀਂ ਅੱਪੜਿਆ।ਇਸ ਵੇਲੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ, ਪਰਮਵੀਰ ਸਿੰਘ ਘਲੋਟੀ, ਜੁਗਰਾਜ ਸਿੰਘ ਘੁਡਾਣੀ, ਸੁਖਵਿੰਦਰ ਸਿੰਘ ਬਿਲਾਸਪੁਰ, ਕਮਲਜੀਤ ਸਿੰਘ ਗਿਦੜੀ, ਯਾਦਵਿੰਦਰ ਸਿੰਘ, ਮਨਜੀਤ ਸਿੰਘ, ਬਹਾਦਰ ਸਿੰਘ, ਸੁਰਜੀਤ ਸਿੰਘ, ਨਿਰਮਲ ਸਿੰਘ ਤੇ ਕਿਸਾਨ ਵੀ ਸ਼ਾਮਲ ਸਨ

## ਤਲਵੰਡੀ ਸਾਬੋ ਪਾਵਰ ਲਿਮ: ਦੇ ਗੇਟ ਤੋਂ 500 ਮੀਟਰ ਦੇ ਘੇਰੇ ਅੰਦਰ ਧਰਨਾ ਪ੍ਰਦਰਸ਼ਨ ਕਰਨ 'ਤੇ ਪਾਬੰਦੀ




ਮਾਨਸਾ (ਆਤਮਾ ਸਿੰਘ ਪਮਾਰ)-ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਨਵਜੋਤ ਕੌਰ ਆਈ.ਏ.ਐਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਤਲਵੰਡੀ ਸਾਬੋ ਪਾਵਰ ਲਿਮ: ਪਿੰਡ ਬਣਾਂਵਾਲੀ ਦੇ ਗੇਟ ਤੋਂ 500 ਮੀਟਰ ਦੇ ਘੇਰੇ ਅੰਦਰ ਧਰਨਾ ਜਾਂ ਰੋਸ ਪ੍ਰਦਰਸ਼ਨ ਕਰਨ 'ਤੇ ਪੂਰਨ ਤੌਰ ਤੇ ਪਾਬੰਦੀ ਦੇ ਹੁਕਮ ਲਾ ਦਿੱਤੇ ਹਨ।ਉਨ੍ਹਾਂ ਕਿਹਾ ਕਿ ਸੀਨੀਅਰ ਕਪਤਾਨ ਪੁਲਿਸ ਮਾਨਸਾ ਵੱਲੋਂ ਪੱਤਰ ਰਾਹੀਂ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਅਕਸਰ ਹੀ ਵੱਖ-ਵੱਖ ਜਥੇਬੰਦੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਤਲਵੰਡੀ ਸਾਬੋ ਪਾਵਰ ਲਿਮ: ਪਿੰਡ ਬਣਾਂਵਾਲੀ ਦੇ ਮੇਨ ਗੇਟ 'ਤੇ ਰੋਸ ਧਰਨਾ ਪ੍ਰਦਰਸ਼ਨ ਕੀਤਾ ਜਾਂਦਾ ਹੈ, ਜਿਸ ਨਾਲ ਜਿੱਥੇ ਤਲਵੰਡੀ ਸਾਬੋ ਪਾਵਰ ਲਿਮ: ਵਿੱਚ ਕੰਮ ਕਰਦੇ ਅਧਿਕਾਰੀਆਂ ਅਤੇ ਕ੍ਰਮਚਾਰੀਆਂ ਦੀ ਆਵਾਜਾਈ ਵਿੱਚ ਵਿਘਨ ਪੈਂਦਾ ਹੈ, ਉਥੇ ਹੀ ਥਰਮਲ ਪਲਾਂਟ ਦਾ ਕੰਮਕਾਜ ਵੀ ਪ੍ਰਭਾਵਤ ਹੁੰਦਾ ਹੈ।ਉਨ੍ਹਾਂ ਕਿਹਾ ਕਿ ਤਲਵੰਡੀ ਸਾਬੋ ਪਾਵਰ ਲਿਮਟਿਡ ਪੰਜਾਬ ਰਾਜ ਦੇ ਮਹੱਤਵਪੂਰਨ ਥਰਮਲ ਪਲਾਂਟਾਂ ਵਿੱਚੋਂ ਇੱਕ ਹੋਣ ਕਰਕੇ ਭਵਿੱਖ ਵਿੱਚ ਜੇਕਰ ਕਿਸੇ ਵੀ ਜਥੇਬੰਦੀ ਵੱਲੋਂ ਤਲਵੰਡੀ ਸਾਬੋ ਪਾਵਰ ਲਿਮਟਿਡ ਪਿੰਡ ਬਣਾਂਵਾਲੀ ਵਿਖੇ ਰੋਸ ਮੁਜ਼ਾਹਰਾ ਜਾਂ ਧਰਨਾ ਪ੍ਰਦਰਸ਼ਨ ਕਰਨਾ ਹੈ ਤਾਂ ਉਹ ਆਪਣਾ ਰੋਸ ਮੁਜ਼ਾਹਰਾ ਜਾਂ ਧਰਨਾ ਪ੍ਰਦਰਸ਼ਨ ਥਰਮਲ ਪਲਾਂਟ ਤੋਂ 500 ਮੀਟਰ ਦੀ ਦੂਰੀ 'ਤੇ ਹੀ ਕਰਨ ਤਾਂ ਜੁ ਥਰਮਲ ਪਲਾਂਟ ਦਾ ਕੰਮ ਪ੍ਰਭਾਵਤ ਨਾ ਹੋਵੇ।

## ਅੰਤਰਰਾਸ਼ਟਰੀ ਬਿਰਧ ਦਿਵਸ ਨੂੰ ਸਮਰਪਤ ਸਿਹਤ ਕੈਂਪ ਲਾਇਆ




ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ ਦੇ ਦਿਸ਼ਾ-ਨਿਰਦੇਸ਼ਾਂ ਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪਰਮਜੀਤ ਸਿੰਘ ਬਰਾੜ ਦੀ ਅਗਵਾਈ ਹੇਠ ਬਜ਼ੁਰਗਾਂ ਦੀ ਸਿਹਤ ਸੰਭਾਲ ਸਬੰਧੀ ਅੰਤਰਰਾਸ਼ਟਰੀ ਬਿਰਧ ਦਿਵਸ ਨੂੰ ਸਮਰਪਤ ਸਿਵਲ ਹਸਪਤਾਲ ਵਿਖੇ ਜਾਗਰੂਕਤਾ ਕੈਂਪ ਲਾਇਆ ਗਿਆ।ਕੈਂਪ 'ਚ ਬਜ਼ੁਰਗਾਂ ਦੀ ਚੰਗੀ ਦੇਖਭਾਲ ਸੰਬਧੀ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ।ਡਾ. ਪਰਮਜੀਤ ਸਿੰਘ ਬਰਾੜ ਨੇ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਸਰਕਾਰੀ ਹਸਪਤਾਲਾਂ ਵਿਖੇ ਬਜ਼ੁਰਗਾਂ ਲਈ ਰਜਿਸਟ੍ਰੇਸ਼ਨ ਲਈ ਵੱਖਰਾ ਕਾਊਂਟਰ, ਮੁਫਤ ਪਰਚੀ, ਮੁਫ਼ਤ ਐਕਸਰੇ, ਈਸੀਜੀ ਤੇ ਲੈਬਾਰਟਰੀ ਟੈਸਟ ਦੀ ਸਹੂਲਤ ਦਿੱਤੀ ਜਾ ਰਹੀ ਹੈ।ਇਸ ਤੋਂ ਇਲਾਵਾ ਐਨ.ਸੀ.ਡੀ. ਕਲੀਨਕ ਵਿੱਚ ਮੁਫ਼ਤ ਫਿਜ਼ੀਓਥੈਰੇਪੀ, ਵਾਰਡਾਂ 'ਚ ਰਾਖਵੇਂ ਬੈੱਡ ਤੇ ਡਾਕਟਰਾਂ ਕੋਲ ਪਹਿਲ ਦੇ ਅਧਾਰ 'ਤੇ ਜਾਂਚ ਕਰਾਉਣ ਦੀ ਸਹੂਲਤ ਉਪਲੱਬਧ ਹੈ ਤਾਂ ਜੁ ਇਲਾਜ ਲਈ ਹਸਪਤਾਲ ਆਏ ਬਜ਼ੁਰਗਾਂ ਦੀ ਖੱਜਲ ਖੁਆਰੀ ਨਾ ਹੋਵੇ।ਡਿਪਟੀ ਮਾਸ ਮੀਡੀਆ ਅਫਸਰ ਸੁਧੀਰ ਧੀਰ ਤੇ ਡਾ. ਪ੍ਰਭਦੀਪ ਸਿੰਘ ਚਾਵਲਾ ਨੇ ਦੱਸਿਆ ਕਿ ਇਸ ਦਿਵਸ ਨੂੰ ਸਮਰਪਿਤ ਜ਼ਿਲ੍ਹੇ ਦੀਆਂ ਸਾਰੀਆਂ ਸਰਕਾਰੀ ਸਿਹਤ ਸੰਸਥਾਵਾਂ ਤੇ ਬਜ਼ੁਰਗਾਂ ਦੀ ਸਿਹਤ ਸੰਭਾਲ ਲਈ ਮੁਫਤ ਚੈਕਅੱਪ ਕੈਂਪ ਵੀ ਲਾਏ ਜਾ ਰਹੇ ਹਨ।ਉਨ੍ਹਾਂ ਆਖਿਆ ਕਿ ਬਜ਼ੁਰਗਾਂ ਦੀਆਂ ਹਰ ਕਿਸਮ ਦੀਆਂ ਸਮੱਸਿਆਵਾਂ ਸਬੰਧੀ ਸਰਕਾਰ ਵੱਲੋਂ ਇੱਕ ਹੈਲਪ ਲਾਈਨ ਨੰਬਰ 14567 ਜਾਰੀ ਕੀਤਾ ਗਿਆ, ਜੋ ਬਜ਼ੁਰਗਾਂ ਲਈ ਬਹੁਤ ਲਾਭਦਾਇਕ ਹੈ।ਇਸਦਾ ਮਕਸਦ ਘਰਾਂ, ਬਿਰਧ ਆਸ਼ਰਮਾਂ ਤੇ ਜਾਂ ਕਿਤੇ ਵੀ ਲਵਾਰਿਸ ਹਾਲਾਤਾਂ ਵਿੱਚ ਰਹਿ ਰਹੇ ਬਜ਼ੁਰਗਾਂ ਦੀ ਸਿਹਤ ਸੰਭਾਲ ਅਤੇ ਸਮਾਜਿਕ ਸੁਰੱਖਿਆ ਨੂੰ ਯਕੀਨੀ ਬਨਾਉਣਾ ਹੈ।

## ਸਰਕਾਰ ਬਜ਼ੁਰਗਾਂ ਦੇ ਸਤਿਕਾਰ ਤੇ ਸਾਂਭ-ਸੰਭਾਲ ਲਈ ਸਕੂਲਾਂ 'ਚ ਬੱਚਿਆਂ ਨੂੰ ਦੇਵੇ ਸਿੱਖਿਆ : ਕਾਮਰਾ



ਮੋਗਾ (ਇਕਬਾਲ ਸਿੰਘ ਖਹਿਰਾ)-ਸੀਨੀਅਰ ਸਿਟੀਜਨ ਕੌਂਸਲ ਮੋਗਾ ਕਾਰਜਕਾਰਨੀ ਦੀ ਮੀਟਿੰਗ ਫੈਡਰੇਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਤੇ ਕੌਂਸਲ ਦੇ ਪ੍ਰਧਾਨ ਸਰਦਾਰ ਦੀ ਪ੍ਰਧਾਨਗੀ ਹੇਠ ਦੇ ਰੈੱਡ ਕਰਾਸ ਡੇ ਕੇਅਰ ਸੈਂਟਰ ਪ੍ਰਬੰਧਕੀ ਕੰਪਲੈਕਸ ਮੋਗਾ ਵਿਖੇ ਹੋਈ।ਇਸ ਮੌਕੇ ਸੰਬੋਧਨ ਕਰਦਿਆਂ ਪ੍ਰਧਾਨ ਸਰਦਾਰੀ ਲਾਲ ਕਾਮਰਾ ਨੇ ਕਿਹਾ ਕਿ ਕੌਂਸਲ ਆਪਣੀਆਂ ਗਤੀਵਿਧੀਆਂ ਰਾਹੀਂ ਸਮਾਜ ਵਿੱਚ ਬਜ਼ੁਰਗਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਪ੍ਰਸ਼ਾਸਨ ਰਾਹੀਂ ਆਪਣੇ ਪੁਰਜ਼ੋਰ ਜਤਨ ਕਰਦੀ ਰਹਿੰਦੀ ਹੈ। ਜਿਵੇਂ ਬਜ਼ੁਰਗਾਂ ਨੂੰ ਉਨ੍ਹਾਂ ਦੀਆਂ ਪਰਿਵਾਰਕ ਸਮੱਸਿਆਵਾਂ, ਮੈਡੀਕਲ ਸਹੂਲਤਾਂ ਜਾਂ ਸਮਾਜਿਕ ਸਮੱਸਿਆਵਾਂ ਆਦਿ ਲਈ ਯਤਨਸ਼ੀਲ ਰਹਿੰਦੀ ਹੈ। ਸੀਨੀਅਰ ਸਿਟੀਜਨ ਕੌਂਸਲ ਵੱਲੋਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਬੱਚਿਆਂ ਨੂੰ ਉਨ੍ਹਾਂ ਦੀ ਸਕੂਲਾਂ ਵਿੱਚ ਬਜ਼ੁਰਗਾਂ ਪ੍ਰਤੀ ਸਮਾਜ ਵਿੱਚ ਇੱਜਤ ਤੇ ਸਤਿਕਾਰ ਕਰਨ ਲਈ ਸਬੰਧੀ ਪੜ੍ਹਾਈ ਦਾ ਵਿਸ਼ਾ ਹੋਣਾ ਚਾਹੀਦਾ ਹੈ।ਕੌਂਸਲ ਆਗੂਆਂ ਨੇ ਅਪੀਲ ਕੀਤੀ ਕਿ ਸ਼ਹਿਰ ਵਿੱਚ ਬੇਤਹਾਸ਼ਾ ਅਵਾਰਾ ਪਸ਼ੂ ਘੁੰਮ ਰਹੇ ਹਨ, ਜੋ ਬਜ਼ੁਰਗਾਂ ਦਾ ਨੁਕਸਾਨ ਕਰਦੇ ਹਨ।ਜ਼ਿਲ੍ਹਾ ਪ੍ਰਸ਼ਾਸਨ ਤੇ ਨਗਰ ਨਿਗਮ ਉਨ੍ਹਾਂ ਦੀ ਸਮੱਸਿਆ ਵੱਲ ਧਿਆਨ ਦੇਵੇ।ਮੀਟਿੰਗ ਦਾ ਸੰਚਾਲਨ ਕੌਂਸਲ ਸੈਕਟਰੀ ਅਵਤਾਰ ਸਿੰਘ ਵੱਲੋਂ ਕੀਤਾ ਗਿਆ।ਇਸ ਮੀਟਿੰਗ ਵਿੱਚ ਦਰਬਾਰਾ ਸਿੰਘ ਗਿੱਲ, ਗੁਰਚਰਨ ਸਿੰਘ, ਵਿਜੇ ਕੁਮਾਰ ਸ਼ਰਮਾ, ਜੋਗਿੰਦਰ ਸਿੰਘ ਲੋਹਾਮ ਆਦਿ ਸਾਥੀਆਂ ਨੇ ਆਪੋ ਆਪਣੇ ਤਜਰਬੇ ਸਾਂਝੇ ਕੀਤੇ ਤਾਂ ਜੋ ਨਰੋਏ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ।ਉਪਰੰਤ ਸਰਦਾਰੀ ਲਾਲ ਕਾਮਰਾ ਵੱਲੋਂ ਮੀਟਿੰਗ ਚ ਪੁੱਜੇ ਸਾਥੀਆਂ ਦਾ ਧੰਨਵਾਦ ਕੀਤਾ ਗਿਆ।ਮੀਟਿੰਗ ਵਿੱਚ ਇਕਬਾਲ ਸਿੰਘ ਲੋਹਾਮ, ਭੁਪਿੰਦਰ ਸਿੰਘ ਮਹਿਣਾ, ਅਮਰ ਸਿੰਘ ਵਿਰਦੀ, ਜਗਦੀਪ ਸਿੰਘ, ਦਲਜੀਤ ਸਿੰਘ ਭੁੱਲਰ, ਪ੍ਰੇਮ ਕੁਮਾਰ, ਜਸਵੀਰ ਸਿੰਘ, ਬਲਬੀਰ ਸਿੰਘ ਸੱਗੂ, ਅਮਰ ਸਿੰਘ ਸੁਪਰਡੈਂਟ, ਸੁਰਿੰਦਰ ਸਿੰਘ, ਲਾਲ ਚੰਦ, ਗੁਰਬੀਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ।

## ਰਾਈਸ ਸ਼ੈਲਰ ਇੰਪਲਾਈਜ਼ ਐਸੋਸੀਏਸ਼ਨ ਦੀ ਚੋਣ



ਧੂਰੀ (ਮਨੋਹਰ ਸਿੰਘ ਸੱਗੂ)-ਰਾਈਸ ਸ਼ੈਲਰ ਇੰਪਲਾਈਜ਼ ਐਸੋਸੀਏਸ਼ਨ ਧੂਰੀ ਦੀ ਮੀਟਿੰਗ ਗੁਰਮੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਸ਼ੈਲਰ ਮੁਲਾਜ਼ਮਾਂ ਦੀ ਗਠਨ ਕੀਤੀ ਗਈ ਕਮੇਟੀ 'ਚ ਸਰਬਸੰਮਤੀ ਨਾਲ ਹਰਭਜਨ ਸਿੰਘ ਦੋਹਲਾ ਨੂੰ ਪ੍ਰਧਾਨ, ਅਮਰਜੀਤ ਸਿੰਘ ਭੁੱਲਰ ਨੂੰ ਸੀਨੀਅਰ ਮੀਤ ਪ੍ਰਧਾਨ, ਬਲਵਿੰਦਰ ਕੁਮਾਰ ਖਜ਼ਾਨਚੀ, ਬਲਵਿੰਦਰ ਸਿੰਘ ਲੱਡਾ ਜਨਰਲ ਸਕੱਤਰ, ਸੋਨੀ ਭਸੌੜ ਪ੍ਰੈੱਸ ਸਕੱਤਰ, ਜੀਤ ਸਿੰਘ ਔਲਖ ਸਰਪ੍ਰਸਤ, ਰਣਜੀਤ ਸਿੰਘ ਅਮਰਗੜ੍ਹ ਤੇ ਦਿਆਲ ਸ਼ਰਮਾ (ਦੋਵੇਂ ਨੂੰ) ਮੁੱਖ ਸਲਾਹਕਾਰ, ਪੰਕਜ ਸਿੰਗਲਾ, ਪਵਨ ਸਿੰਗਲਾ, ਹਰਜਿੰਦਰ ਸਿੰਘ, ਅਮਨਦੀਪ ਖਾਨ, ਮੰਗਾ ਖਾਨ ਤੇ ਹਰਦੀਪ ਸਿੰਘ ਭੁੱਲਰ ਕਮੇਟੀ ਮੈਂਬਰ ਚੁਣੇ ਗਏ।

## ਸੈਂਟਰ ਪੱਧਰੀ ਖੇਡਾਂ ਕਾਤਰੋਂ ਵਿਖੇ ਹੋਈਆਂ ਸ਼ਾਨੋ-ਸ਼ੌਕਤ ਨਾਲ ਸਮਾਪਤ



ਸ਼ੇਰਪੁਰ (ਰਵੀ ਟਿੱਬਾ)-ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸਰਦਾਰ ਗੁਰਦਰਸ਼ਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੈਂਟਰ ਹੈੱਡ ਟੀਚਰ ਸ੍ਰੀ ਸੁਭਾਸ਼ ਚੰਦ ਦੀ ਅਗਵਾਈ ਵਿੱਚ ਸੈਂਟਰ ਸ਼ੇਰਪੁਰ ਦੀਆਂ ਪ੍ਰਾਇਮਰੀ ਸਕੂਲ ਖੇਡਾਂ ਸਰਕਾਰੀ ਪ੍ਰਾਇਮਰੀ ਸਕੂਲ ਕਾਤਰੋਂ ਵਿਖੇ ਕਰਵਾਈਆਂ ਗਈਆਂ ਇਨ੍ਹਾਂ ਖੇਡ ਮੁਕਾਬਲਿਆਂ ਦਾ ਉਦਘਾਟਨ ਪ੍ਰਸਿੱਧ ਸਮਾਜ ਸੇਵੀ ਸ੍ਰੀ ਹੰਸ ਰਾਜ ਬਾਵਾ ਪ੍ਰਿੰਸੀਪਲ ਅਮਨਦੀਪ ਪਾਠਕ ਸੀਨੀਅਰ ਲੈਕਚਰਾਰ ਬਲਜਿੰਦਰ ਸਿੰਘ ਸੈਂਟਰ ਹੈੱਡ ਟੀਚਰ ਸੁਭਾਸ਼ ਚੰਦ ਖੇੜੀ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਸਕੂਲ ਮੁਖੀ ਕੁਲਵਿੰਦਰ ਸਿੰਘ ਖੇੜੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਫੁੱਟਬਾਲ ਮੁੰਡੇ-ਕੁੜੀਆਂ ਕਾਤਰੋਂ ਸਕੂਲ ਫਸਟ ਤੇ ਸ਼ੇਰਪੁਰ ਵਨ ਸਕੂਲ ਸੈਕਿੰਡ ਰਿਹਾ। ਯੋਗਾ 'ਚ ਸੈਂਟਰ ਸਕੂਲ ਫਸਟ ਤੇ ਕਾਲਾਬੂਲਾ ਸੈਕਿੰਡ ਰਿਹਾ, ਸਰਕਲ ਕਬੱਡੀ ਮੁੰਡੇ ਕਾਤਰੋਂ ਸਕੂਲ ਫਸਟ ਤੇ ਸ਼ੇਰਪੁਰ ਵਨ ਦੂਜੇ ਸਥਾਨ 'ਤੇ ਰਿਹਾ, ਸ਼ਤਰੰਜ ਮੁੰਡੇ-ਕੁੜੀਆਂ 'ਚ ਅਲੀਪੁਰ ਸਕੂਲ ਪਹਿਲੇ ਤੇ ਰਾਮ ਨਗਰ ਛੰਨਾ ਸਕੂਲ ਦੂਜੇ ਸਥਾਨ 'ਤੇ ਰਿਹਾ, 100 ਮੀਟਰ ਮੁੰਡੇ 'ਚ ਅਰਸ਼ਦੀਪ ਸਿੰਘ ਅਲੀਪੁਰ ਫਸਟ ਤੇ ਰਿਵਾਨ ਕਾਤਰੋਂ ਸੈਕਿੰਡ, 100 ਮੀਟਰ ਕੁੜੀਆਂ 'ਚ ਤਮੰਨਾ ਫਸਟ ਤੇ ਨਵਨੀਤ ਕੌਰ ਕਾਤਰੋਂ ਸੈਕਿੰਡ, 200 ਮੀਟਰ ਮੁੰਡੇ 'ਚ ਸਹਿਜਦੀਪ ਸਿੰਘ ਕਾਲਾਬੂਲਾ ਫਸਟ ਤੇ ਲਖਵਿੰਦਰ ਸਿੰਘ ਕਾਤਰੋਂ ਸੈਕਿੰਡ, 200 ਮੀਟਰ ਕੁੜੀਆਂ 'ਚ ਸਬਾਨਾ ਰਾਮ ਨਗਰ ਛੰਨਾ ਨੇ ਪਹਿਲਾ ਤੇ ਪੂਨਮ ਰਾਮ-ਮਨਜੋਤ ਸਿੰਘ ਡਾਕਟਰ ਬੀ ਆਰ ਅੰਬੇਡਕਰ ਪ੍ਰਾਇਮਰੀ ਸਕੂਲ ਰਾਮ ਨਗਰ ਛੰਨਾ ਨੇ ਦੂਜਾ ਸਥਾਨ ਪ੍ਰਾਪਤ ਕੀਤਾ, 400 ਮੀਟਰ ਮੁੰਡੇ 'ਚ ਅੰਸ਼ਦੀਪ ਸਿੰਘ ਕਾਤਰੋਂ ਫਸਟ ਤੇ ਮਨਜੋਤ ਸਿੰਘ ਡਾਕਟਰ ਬੀ ਆਰ ਅੰਬੇਡਕਰ ਪ੍ਰਾਇਮਰੀ ਸਕੂਲ ਸ਼ੇਰਪੁਰ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ, 400 ਮੀਟਰ ਕੁੜੀਆਂ 'ਚ ਪੂਨਮ ਰਾਮ ਨਗਰ ਛੰਨਾ ਨੇ ਪਹਿਲਾ ਤੇ ਖੁਸ਼ਪ੍ਰੀਤ ਕੌਰ ਡਾ. ਬੀ ਆਰ ਅੰਬੇਡਕਰ ਸਕੂਲ ਸ਼ੇਰਪੁਰ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ।ਲੰਬੀ ਛਾਲ ਮੁੰਡੇ 'ਚ ਅਰਸ਼ਦੀਪ ਸਿੰਘ ਨੇ ਪਹਿਲਾ ਤੇ ਰਿਵਾਨ ਨੇ ਦੂਸਰਾ, ਜਦਕਿ ਲੰਬੀ ਛਾਲ ਕੁੜੀਆਂ 'ਚ ਨਵਨੀਤ ਕੌਰ ਨੇ ਪਹਿਲਾ ਤੇ ਆਲੀਆ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਗੋਲਾ ਸੁੱਟਣ (ਮੁੰਡੇ) 'ਚ ਅਰਸ਼ਦੀਪ ਸਿੰਘ ਨੇ ਪਹਿਲਾ ਤੇ ਬਲਰਾਜ ਦੀਪ ਨੇ ਦੂਸਰਾ ਸਥਾਨ, ਜਦਕਿ ਕੁੜੀਆਂ 'ਚ ਰੁਪਿੰਦਰਜੀਤ ਕੌਰ ਨੇ ਪਹਿਲਾ ਤੇ ਕੋਮਲਪ੍ਰੀਤ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਰੱਸਾਕਸ਼ੀ ਮੁੰਡੇ 'ਚ ਕਾਤਰੋਂ ਸਕੂਲ ਨੇ ਪਹਿਲਾ ਤੇ ਸ਼ੇਰਪੁਰ ਵਨ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਜੇਤੂ ਖਿਡਾਰੀਆਂ ਨੂੰ ਇਨਾਮ ਵੰਡਣ ਦੀ ਰਸਮ ਗੁਰਵਿੰਦਰ ਸਿੰਘ ਗੋਸਲ, ਚੇਅਰਮੈਨ ਰਸ਼ਪਾਲ ਸਿੰਘ, ਅਮਨਦੀਪ ਸਿੰਘ ਪਾਠਕ, ਬਲਜਿੰਦਰ ਸਿੰਘ, ਕੈਪਟਨ ਜਤਿੰਦਰ ਸਿੰਘ ਤੇ ਅਮਰ ਸਿੰਘ ਵੱਲੋਂ ਅਦਾ ਕੀਤੀ ਗਈ। ਇਨ੍ਹਾਂ ਖੇਡ ਮੁਕਾਬਲਿਆਂ ਨੂੰ ਸਫਲ ਬਣਾਉਣ ਲਈ ਹੈੱਡ ਟੀਚਰ ਨਾਇਬ ਸਿੰਘ, ਮੇਜਰ ਸਿੰਘ, ਬਲਜਿੰਦਰਜੀਤ ਸਿੰਘ ਤੇ ਜਸਵਿੰਦਰ ਸਿੰਘ ਦਾ ਵਿਸ਼ੇਸ਼ ਯੋਗਦਾਨ ਰਿਹਾ।

## ਵਿਵੇਕ ਆਸ਼ਰਮ ਵਿਖੇ ਅੱਖਾਂ ਦਾ ਮੁਫ਼ਤ ਕੈਂਪ ਅੱਜ

ਜੈਤੋ (ਸਤੀਸ਼ ਕੁਮਾਰ ਭੈਰੀ)-ਬ੍ਰਹਮਲੀਨ ਸੰਤ ਕਰਨੈਲ ਦਾਸ ਦੇ ਅਸ਼ੀਰਵਾਦ ਨਾਲ ਮੌਜੂਦਾ ਗੱਦੀ ਨਸ਼ੀਨ ਸੁਆਮੀ ਬ੍ਰਹਮਮੁਨੀ ਦੀ ਅਗਵਾਈ ਹੇਠ ਤੇ ਸੰਸਥਾ ਦੇ ਮੁੱਖ ਪ੍ਰਬੰਧਕ ਬਾਬਾ ਗੰਗਾ ਰਾਮ ਦੇ ਯਤਨਾਂ ਸਦਕਾ 259ਵਾਂ ਅੱਖਾਂ ਦਾ ਮੁਫ਼ਤ ਲੈਂਜ਼ ਕੈਂਪ ਵਿਵੇਕ ਚੈਰੀਟੇਬਲ ਅੱਖਾਂ ਦਾ ਹਸਪਤਾਲ ਜਲਾਲ ਵਿਖੇ 11 ਅਕਤੂਬਰ ਸ਼ਨਿੱਚਰਵਾਰ ਨੂੰ ਲਗਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮਾਤਾ ਅਮਰ ਕੌਰ ਵਿਵੇਕ ਚੈਰੀਟੇਬਲ ਸੁਸਾਇਟੀ (ਰਜਿ:) ਚੈਨਾ ਰੋਡ ਜੈਤੋ ਦੇ ਪ੍ਰਬੰਧਕ ਮਾਤਾ ਅਮਰ ਕੌਰ ਅੱਖਾਂ ਦਾ ਹਸਪਤਾਲ ਚੈਨਾ ਰੋਡ ਜੈਤੋ ਦੇ ਸੰਚਾਲਕ, ਨਿਊ ਗੰਗਸਰ ਸਪੋਰਟਸ ਕਲੱਬ ਜੈਤੋ ਦੇ ਸਰਪ੍ਰਸਤ ਤੇ ਮਾਨਵ ਕਲਿਆਣ ਸੇਵਾ ਸੰਮਤੀ ਦੇ ਸਰਪ੍ਰਸਤ ਸੰਤ ਬਾਬਾ ਰਿਸ਼ੀ ਰਾਮ ਜੀ ਜਲਾਲ ਵਾਲਿਆਂ ਨੇ ਦੱਸਿਆ ਕਿ ਉੱਚ ਕੋਟੀ ਦੇ ਡਾ. ਰਵੀਕਾਂਤ ਖੰਨੇਵਾਲ, ਡਾ. ਮਿਨਾਕਸ਼ੀ ਸਿੱਧੂ ਤੇ ਡਾ. ਸੁਧੀਰ ਕੱਦ ਮਰੀਜ਼ਾਂ ਦਾ ਚੈੱਕਅਪ ਕਰਨਗੇ।ਚੁਣੇ ਗਏ ਮਰੀਜ਼ਾਂ ਦੇ ਯੋਗ ਮਰੀਜ਼ਾਂ ਦੇ ਮੁਫ਼ਤ ਲੈਂਜ਼ ਪਾਏ ਜਾਣਗੇ।ਇਸ ਮੌਕੇ ਲੋੜ ਅਨੁਸਾਰ ਦਵਾਈਆਂ ਵੀ ਦਿੱਤੀਆਂ ਜਾਣਗੀਆਂ।ਸੰਤ ਰਿਸ਼ੀ ਰਾਮ ਜੀ ਜਲਾਲ ਵਾਲਿਆਂ ਨੇ ਹਰ ਮਰੀਜ਼ ਨੂੰ ਆਪਣੇ ਨਾਲ ਅਧਾਰ ਕਾਰਡ, ਵੋਟ ਕਾਰਡ ਤੇ ਪੈਨ ਕਾਰਡ ਦੀ ਫੋਟੋ ਕਾਪੀ ਅਤੇ ਇਕ ਵਾਰਿਸ ਨੂੰ ਜ਼ਰੂਰ ਲੈ ਕੇ ਆਉਣ।ਕੈਂਪ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

## ਜਨਹਿੱਤ ਸਮਿਤੀ ਨੇ ਪੋਲੋ ਗਰਾਊਂਡ 'ਚ ਡਸਟਬਿਨ ਲਗਾਏ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਜਨਹਿਤ ਸਮਿਤੀ ਵੱਲੋਂ ਗਰਾਊਂਡ ਦੀ ਸਫਾਈ ਲਈ ਪੋਲੋ ਗਰਾਊਂਡ ਵਿੱਚ ਦਸ ਡਸਟਬਿਨ ਲਗਾਏ ਗਏ।ਹੁਣ ਤੱਕ ਸਮਿਤੀ ਵੱਲੋਂ ਸ਼ਹਿਰ ਵਿੱਚ 500 ਤੋਂ ਵੱਧ ਵਿਦਿਆਰਥੀ ਇੱਥੇ ਖੇਡ ਅਭਿਆਸ ਲਈ ਆਉਂਦੇ ਹਨ।ਇਸ ਮੌਕੇ ਕੁੰਦਨ ਗੋਗੀਆ (ਮੇਅਰ), ਨਵਜੋਤ ਧਾਲੀਵਾਲ (ਡੀਐਸਪੀ), ਸਰਦਾਰ ਮਨਜੀਤ ਸਿੰਘ ਬਰਾੜ (ਸੇਵਾਮੁਕਤ, ਐਸ.ਐਸ.ਪੀ), ਬਹਾਦਰ ਸਿੰਘ, ਚਮਨ ਸਿੰਘ (ਵਾਲੀਬਾਲ ਕੋਚ), ਗੁਰਪਾਲ ਸਿੰਘ (ਐਥਲੈਟਿਕ ਕੋਚ), ਮਨਜੀਤ ਸਿੰਘ ਬਰਾੜ (ਪ੍ਰਧਾਨ, ਐੱਨਜੀਓ-ਦੇਸ਼ਤ), ਐੱਸ. ਪੀ. ਸਿੰਘ, ਡਾ. ਕੁਨਰ, ਐਡਵੋਕੇਟ ਕੇ. ਐੱਸ. ਔਲਖ (ਰੋਟਰੀ ਕਲੱਬ), ਜਗਤਾਰ ਸਿੰਘ ਜੱਗੀ, ਐੱਸ. ਪੀ. ਪ੍ਰਾਸ਼ਰ, ਹਰਪਾਲ ਮਾਨ ਮੌਜੂਦ ਸਨ।ਇਸ ਮੌਕੇ ਸੰਬੋਧਨ ਕਰਦਿਆਂ ਕੁੰਦਨ ਗੋਗੀਆ (ਮੇਅਰ) ਨੇ ਕਿਹਾ ਕਿ ਜਨਹਿੱਤ ਸੰਮਤੀ ਵੱਲੋਂ ਪਟਿਆਲਾ ਸ਼ਹਿਰ ਵਿੱਚ ਸਮਾਜ ਭਲਾਈ ਦੀ ਸਾਂਭ-ਸੰਭਾਲ ਕਰਨੀ, ਲੋੜਵੰਦ ਲੜਕੀਆਂ ਦੇ ਵਿਆਹਾਂ ਵਿਚ ਮਦਦ, ਲੋੜਵੰਦ ਪਰਵਾਰਾਂ ਨੂੰ ਰਾਸ਼ਨ, ਲੋੜਵੰਦਾਂ ਦੀ ਮਦਦ ਲਈ ਪੰਜ ਫਰੀ ਐਂਬੂਲੈਂਸ ਚਲਾਉਣੀਆਂ, ਰਾਜਿੰਦਰਾ ਹਸਪਤਾਲ ਵਿੱਚ ਲੋੜਵੰਦ ਮਰੀਜ਼ਾਂ ਲਈ ਵ੍ਹੀਲਚੇਅਰ, ਟਰਾਈਸਾਈਕਲ, ਮੁਫ਼ਤ ਦਵਾਈਆਂ ਦੇਣੀਆਂ, ਲੋੜਵੰਦ ਔਰਤਾਂ ਤੇ ਲੜਕੀਆਂ ਲਈ ਫਰੀ ਸਿਲਾਈ ਕਢਾਈ, ਕੰਪਿਊਟਰ ਸੈਂਟਰ ਖੋਲ੍ਹਣੇ ਬਹੁਤ ਪ੍ਰਸ਼ੰਸਾਯੋਗ ਹੈ। ਉਨ੍ਹਾਂ ਕਿਹਾ ਕਿ ਜਨਹਿੱਤ ਸੰਮਤੀ ਵਰਗੀ ਸਮਾਜ ਸੇਵੀ ਸੰਸਥਾ ਤੋਂ ਸੇਧ ਲੈ ਕੇ ਹੋਰਨਾਂ ਸੰਸਥਾਵਾਂ ਨੂੰ ਵੀ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ।

## ਸੀਨੀਅਰ ਸਿਟੀਜ਼ਨ ਦਾ ਵਫ਼ਦ ਓ ਐੱਸ ਡੀ ਨੂੰ ਮਿਲਿਆ

ਧੂਰੀ (ਮੋਹਿਤ ਗਰਗ, ਬਿੰਨੀ ਗਰਗ)-ਸੀਨੀਅਰ ਸਿਟੀਜ਼ਨ ਵੈਲਫੇਅਰ ਐਸੋਸੀਏਸ਼ਨ (ਰਜਿ:) ਦਾ ਵਫ਼ਦ ਪ੍ਰਧਾਨ ਜਗਦੀਸ਼ ਸ਼ਰਮਾ, ਸੀਨੀਅਰ ਉਪ-ਪ੍ਰਧਾਨ ਗੁਰਦੀਪ ਸਿੰਘ ਤੇ ਸਕੱਤਰ ਚਰਨਜੀਤ ਸਿੰਘ ਕੈਂਥ ਦੀ ਅਗਵਾਈ ਹੇਠ ਮੁੱਖ ਮੰਤਰੀ ਪੰਜਾਬ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੂੰ ਮਿਲਿਆ।ਵਫ਼ਦ ਨੇ ਸੀਨੀਅਰ ਸਿਟੀਜ਼ਨਾਂ ਤੇ ਆਮ ਨਾਗਰਿਕਾਂ ਦੀਆਂ ਲੰਬੇ ਸਮੇਂ ਤੋਂ ਲਟਕੀਆਂ ਸਮੱਸਿਆਵਾਂ ਦੇ ਛੇਤੀ ਨਿਬੇੜੇ ਬਾਰੇ ਵਿਸਥਾਰ ਨਾਲ ਗੱਲਬਾਤ ਕੀਤੀ।ਐਸੋਸੀਏਸ਼ਨ ਵੱਲੋਂ 26 ਜੂਨ 2025 ਨੂੰ ਮੁੱਖ ਮੰਤਰੀ ਦਫ਼ਤਰ ਵਿੱਚ ਦਿੱਤੇ 10 ਸੂਤਰੀ ਮੰਗ ਪੱਤਰ ਉੱਤੇ ਕਾਰਵਾਈ ਕਰਨ ਦੀ ਮੰਗ ਕਰਦਿਆ ਕਿਹਾ ਕਿ ਜਨਤਾ ਨਗਰ, ਧਰਮਪੁਰਾ, ਸੰਗਤਪੁਰਾ, ਬਾਗੜੀਆਂ ਰੋਡ ਤੇ ਰੇਲਵੇ ਫਾਟਕ ਪਾਰ ਵਾਲੇ ਖੇਤਰਾਂ ਵਿੱਚ ਪੰਪਿੰਗ ਸਟੇਸ਼ਨ ਤੇ ਟ੍ਰੀਟਮੈਂਟ ਪਲਾਂਟ ਅਜੇ ਤੱਕ ਅਧੂਰੇ ਹਨ।ਤੋਤਾਪੁਰੀ ਰੋਡ ਤੇ ਬੱਸ ਸਟੈਂਡ ਨੇੜੇ ਟਿਊਬਵੈਲ ਚਾਲੂ ਨਾ ਹੋਣ ਕਾਰਨ ਨਾਗਰਿਕ ਪਾਣੀ ਦੀ ਭਾਰੀ ਕਮੀ ਨਾਲ ਜੂਝ ਰਹੇ ਹਨ।ਰੇਲਵੇ ਓਵਰ ਬਰਿੱਜ ਦੀ ਮੰਗ ਹਾਲੇ ਵੀ ਰਾਜਨੀਤਿਕ ਰੱਸਾਕਸ਼ੀ ਦੀ ਭੇਟ ਚੜ੍ਹੀ ਹੋਈ ਹੈ।ਸ਼ਹਿਰ ਦਾ ਸੀਵਰੇਜ ਪ੍ਰਣਾਲੀ ਢਹਿ ਚੁੱਕੀ ਹੈ, ਜਦਕਿ ਧੂਰੀ ਪਿੰਡ ਦੀਆਂ ਸੜਕਾਂ ਤੇ ਨਿਕਾਸੀ ਪ੍ਰਬੰਧਨ ਦੀ ਬੇਹੱਦ ਦੁਰਗਤੀ ਹੈ।ਸ਼ਹਿਰੀ ਪਾਰਕ, ਪਟਵਾਰਖਾਨਾ, ਹਸਪਤਾਲ ਦੀ ਪੁਰਾਣੀ ਇਮਾਰਤ ਤੇ ਸੰਗਰੂਰ ਵਾਲੀ ਕੋਠੀ ਖੰਡਰ ਬਣ ਚੁੱਕੀਆਂ ਹਨ।ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਦੀ ਘਾਟ ਤੇ ਦਵਾਈਆਂ ਦੀ ਅਣਉਪਲਬਧਤਾ ਨੇ ਜਨਤਾ ਨੂੰ ਤੰਗ ਕਰ ਰੱਖਿਆ ਹੈ।ਓ.ਐੱਸ.ਡੀ. ਨੇ ਸਾਰੀਆਂ ਮੰਗਾਂ 'ਤੇ ਗੰਭੀਰਤਾ ਨਾਲ ਵਿਚਾਰ ਕਰਕੇ ਜਲਦ ਹੱਲ ਦਾ ਭਰੋਸਾ ਦਿਵਾਇਆ।

## ਭਾਰਤੀਆ ਸਾਬਕਾ ਸੈਨਿਕ ਲੀਗ ਦੀ ਮਹੀਨਾਵਾਰ ਮੀਟਿੰਗ



ਸ਼ੇਰਪੁਰ (ਰਵੀ ਟਿੱਬਾ)-ਭਾਰਤੀਆ ਸਾਬਕਾ ਸੈਨਿਕ ਲੀਗ (ਪੰਜਾਬ ਤੇ ਚੰਡੀਗੜ੍ਹ) ਬਲਾਕ ਸ਼ੇਰਪੁਰ ਦੀ ਮਹੀਨਾਵਾਰ ਇਕੱਤਰਤਾ ਲੀਗ ਪ੍ਰਧਾਨ ਸੂਬੇਦਾਰ ਮੇਜਰ ਹਰਜੀਤ ਸਿੰਘ ਦੀ ਅਗਵਾਈ ਹੇਠ ਲੀਗ ਦਫਤਰ ਪੁਰਾਣੀ ਤਹਿਸੀਲ ਵਿਖੇ ਹੋਈ।ਸਭ ਤੋਂ ਪਹਿਲਾਂ ਲੀਗ ਦੇ ਸੀਨੀਅਰ ਮੈਂਬਰ ਸੂਬੇਦਾਰ ਜਰਨੈਲ ਸਿੰਘ ਦੇ ਸਪੁੱਤਰ ਸਬ ਇੰਸਪੈਕਟਰ ਕੁਲਵੰਤ ਸਿੰਘ ਦੀ ਬੇ-ਵਕਤੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ ਗਈ।ਉਪਰੰਤ ਸਾਬਕਾ ਸੈਨਿਕਾਂ ਨਾਲ ਮਹੀਨੇ ਭਰ ਦੀਆਂ ਗਤੀ ਵਿਧੀਆਂ 'ਤੇ ਚਰਚਾ ਕੀਤੀ ਤੇ ਸੈਨਿਕਾਂ ਦੀਆਂ ਸਮੱਸਿਆਵਾਂ ਸੁਣੀਆਂ।ਸੈਨਿਕ ਆਗੂ ਸੂਬੇਦਾਰ ਮੇਜਰ ਹਰਜੀਤ ਸਿੰਘ ਨੇ ਬਲਾਕ ਦੇ ਸਮੂਹ ਸਾਬਕਾ ਸੈਨਿਕਾਂ ਨੂੰ ਹਰ ਮਹੀਨੇ 8 ਤਰੀਖ਼ ਨੂੰ ਹੁੰਦੀ ਮੀਟਿੰਗ ਵਿੱਚ ਸ਼ਾਮਲ ਹੋਣ ਲਈ ਅਪੀਲ ਕੀਤੀ। ਸਾਬਕਾ ਸੈਨਿਕਾਂ ਨੇ ਕਿਹਾ ਕਿ ਸੂਬੇ ਅੰਦਰ ਆਏ ਦਿਨ ਹੋ ਰਹੀਆਂ ਮਾਰ ਧਾੜ ਦੀਆਂ ਘਟਨਾਵਾਂ ਅਤਿ ਨਿੰਦਣਯੋਗ ਹਨ, ਜਿਨ੍ਹਾਂ ਦੀ ਗਹਿਰਾਈ ਨਾਲ ਜਾਂਚ ਹੋਣੀ ਜ਼ਰੂਰੀ ਹੈ।ਸਾਬਕਾ ਸੈਨਿਕਾਂ ਨੇ ਅੱਠਵੇਂ ਪੇ ਕਮਿਸ਼ਨ ਸਬੰਧੀ ਸਰਕਾਰੀ ਤੌਰ ਉੱਤੇ ਸਮੇਂ-ਸਮੇਂ ਜਾਣਕਾਰੀ ਦੇਣ ਦੀ ਅਪੀਲ ਵੀ ਕੀਤੀ ਤੇ ਦੀਵਾਲੀ ਤੋਂ ਪਹਿਲਾਂ ਵਧਿਆ ਮਹਿੰਗਾਈ ਭੱਤਾ ਜਾਰੀ ਕਰਨ ਲਈ ਕਿਹਾ।ਅਖ਼ੀਰ ਵਿੱਚ 26 ਜਨਵਰੀ ਦੇ ਸਮਾਗਮ ਸਬੰਧੀ ਵਿਚਾਰ ਚਰਚਾ ਕੀਤੀ।ਇਸ ਮੌਕੇ ਸੂਬੇਦਾਰ ਜੰਗ ਸਿੰਘ ਗਿੱਲ, ਸੂਬੇਦਾਰ ਬਲਵੰਤ ਸਿੰਘ ਬਦੇਸ਼ਾ, ਕੈਪਟਨ ਬੁੱਧ ਸਿੰਘ, ਕਰਮ ਸਿੰਘ ਬਦੇਸ਼ਾ, ਸੂਬੇਦਾਰ ਬਲਬੀਰ ਸਿੰਘ, ਨਾਇਬ ਸੂਬੇਦਾਰ ਵਿਸ਼ਨੂ ਭਗਵਾਨ, ਹੌਲਦਾਰ ਪ੍ਰੀਤਮ ਸਿੰਘ ਗਰੇਵਾਲ, ਹੌਲਦਾਰ ਅਮਰਜੀਤ ਸਿੰਘ ਖਹਿਰਾ, ਬਲਕਾਰ ਸਿੰਘ ਖੇੜੀ, ਹੌਲਦਾਰ ਮਨਜੀਤ ਸਿੰਘ ਘਨੌਰੀ, ਹੌਲਦਾਰ ਸੁਰਜੀਤ ਸਿੰਘ ਕਾਲਾਬੂਲਾ, ਅੰਮ੍ਰਿਤ ਸਿੰਘ ਘਨੌਰੀ ਕਲਾਂ ਤੋਂ ਇਲਾਵਾ ਹੋਰ ਵੀ ਸਾਬਕਾ ਸੈਨਿਕ ਹਾਜ਼ਰ ਸਨ।

## ਰਮਿੰਦਰ ਆਵਲਾ ਦੀ ਟੀਮ ਵੱਲੋਂ 'ਵੋਟ ਚੋਰ ਗੱਦੀ ਛੋੜ' ਤਹਿਤ ਭਰੇ ਫਾਰਮ ਚੰਡੀਗੜ੍ਹ ਕਾਂਗਰਸ ਭਵਨ ਰਵਾਨਾ




ਜਲਾਲਾਬਾਦ (ਜੀਤ ਕੁਮਾਰ)-'ਵੋਟ ਚੋਰੀ' ਖਿਲਾਫ਼ ਰਾਹੁਲ ਗਾਂਧੀ ਵੱਲੋਂ ਚਲਾਏ ਗਏ ਅਭਿਆਨ ਤਹਿਤ ਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਆਦੇਸ਼ਾਂ ਤਹਿਤ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਦੀ ਟੀਮ ਵੱਲੋਂ ਇਸ ਨੂੰ ਅੱਗੇ ਵਧਾਉਂਦੇ ਹੋਏ ਹਲਕਾ ਜਲਾਲਾਬਾਦ ਤੋਂ ਅੱਜ ਵੱਖ ਵੱਖ ਪਿੰਡਾਂ ਦੇ ਲੋਕਾਂ ਤੇ ਸ਼ਹਿਰ ਦੇ ਵਾਰਡਾਂ ਨੂੰ 'ਵੋਟ ਚੋਰੀ' ਬਾਰੇ ਜਾਣੂ ਕਰਵਾਉਂਦੇ ਹੋਏ ਹਸਤਾਖ਼ਰ ਮੁਹਿੰਮ ਦਾ ਫਾਰਮ ਅੱਜ ਹਲਕਾ ਜਲਾਲਾਬਾਦ ਤੋਂ ਫਾਰਮ ਵੱਡੀ ਮਾਤਰਾ ਕਾਂਗਰਸ ਪਾਰਟੀ ਦਫਤਰ ਕਾਂਗਰਸ ਭਵਨ ਰਵਾਨਾ ਕੀਤਾ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆ ਨਗਰ ਕੌਂਸਲ ਜਲਾਲਾਬਾਦ ਦੇ ਪ੍ਰਧਾਨ ਵਿਕਾਸਦੀਪ ਚੋਧਰੀ, ਯੂਥ ਪ੍ਰਧਾਨ ਮਨਪ੍ਰੀਤ ਕਮਰਾ, ਕੁਲਦੀਪ ਧਵਨ, ਪੀ.ਏ ਅੰਮ੍ਰਿਤਪਾਲ ਸਿੰਘ, ਮੋੜਾ ਭੁੱਲਰ, ਵਿੱਕੀ ਧਵਨ ਨੇ ਕਿਹਾ ਕਿ ਵੋਟ ਚੋਰ-ਗੱਦੀ ਛੋੜ ਅਭਿਆਨ ਇੱਕ ਲਹਿਰ ਬਣ ਚੁੱਕੀ ਹੈ। ਅੱਜ ਜਲਾਲਾਬਾਦ ਹਲਕੇ ਦੇ ਵੱਖ ਵੱਖ ਪਿੰਡਾਂ ਤੋਂ ਸ਼ਹਿਰ, ਕਸਬਿਆਂ, ਮੁਹੱਲੇ ਤੱਕ ਇਹ ਅਭਿਆਨ ਲੈ ਕੇ ਗਏ ਹਾਂ ਤੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਇਸ ਅਭਿਆਨ ਦਾ ਹਿੱਸਾ ਬਣਨ ਲਈ ਅਪੀਲ ਕੀਤੀ ਗਈ। ਇਸ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਤੇ ਵੋਟ ਚੋਰੀ ਖਿਲਾਫ਼ ਲੋਕਾਂ ਤੋਂ ਹਸਤਾਖ਼ਰ ਵੀ ਲਏ। ਆਮ ਲੋਕ ਹੁਣ ਇਸ ਗੱਲ ਨੂੰ ਚੰਗੀ ਤਰ੍ਹਾਂ ਸਮਝ ਗਏ ਹਨ ਕਿ ਜੇਕਰ ਇਸੇ ਤਰੀਕੇ ਵੋਟ ਚੋਰੀ ਹੁੰਦੀ ਰਹੀ ਤਾਂ ਲੋਕਤੰਤਰ ਮਰ ਜਾਵੇਗਾ। ਹੁਣ ਉਹ ਦਿਨ ਦੂਰ ਨਹੀਂ ਜਦੋਂ ਲੱਖਾਂ ਲੋਕ ਇਸ ਤਹਿਤ ਦਸਤਖ਼ਤ ਕਰਕੇ ਚੋਣ ਕਮਿਸ਼ਨ ਨੂੰ ਦੇਣਗੇ ਅਤੇ ਉਹਨਾਂ ਨੂੰ ਲੋਕਤੰਤਰ ਲਈ ਦੋਸ਼ੀਆਂ 'ਤੇ ਕਾਰਵਾਈ ਕਰਨੀ ਹੀ ਪਵੇਗੀ। ਆਗੂਆਂ ਨੇ ਦੱਸਿਆ ਕਿ ਇਸ ਲਹਿਰ ਨੂੰ ਪਿੰਡ ਪੱਧਰ ਹਰ ਕਸਬੇ ਅਤੇ ਹਰ ਮਹੁੱਲੇ ਵਿੱਚ ਇੱਕ ਇੱਕ ਘਰ ਨੂੰ ਵੋਟ ਚੋਰੀ ਬਾਥਮਰੇ ਦੱਸਿਆ ਜਾਵੇਗਾ। ਇਸ ਮੌਕੇ ਜਗਨ ਨਾਥ, ਧਰਮਪਾਲ, ਰਾਜੂ ਉਪਨੇਜਾ, ਕੇਵਲ ਸੁਖੀਜਾ ਆਦਿ ਕਾਂਗਰਸ ਵਰਕਰ ਹਾਜ਼ਰ ਹੋਏ।

## ਜੀ ਜੀ ਐੱਨ ਖਾਲਸਾ ਕਾਲਜ 'ਚ 'ਪ੍ਰਵਾਸ' ਦਾ 45ਵਾਂ ਅੰਕ ਲੋਕ ਅਰਪਣ



ਸਮਰਾਲਾ (ਸੁਰਜੀਤ ਸਿੰਘ)-ਪਰਵਾਸੀ ਸਾਹਿਤ ਅਧਿਐਨ ਕੇਂਦਰ ਗੁਜਰਾਂਵਾਲਾ ਗੁਰੂ ਨਾਨਕ ਖ਼ਾਲਸਾ ਕਾਲਜ ਵੱਲੋਂ 'ਪਰਵਾਸ' ਪੱਤ੍ਰਿਕਾ ਦਾ 45ਵਾਂ ਅੰਕ ਲੋਕ ਅਰਪਿਤ ਕੀਤਾ ਗਿਆ, ਜਿਸ ਵਿੱਚ ਪੰਜਾਬ ਭਵਨ, ਸਰੀ ਦੇ ਸੰਸਥਾਪਕ ਤੇ ਉੱਘੇ ਸਮਾਜ-ਸੇਵੀ ਸੁੱਖੀ ਬਾਠ ਤੇ ਪ੍ਰੋ. ਗੁਰਭਜਨ ਸਿੰਘ ਗਿੱਲ ਪ੍ਰਧਾਨ ਲੋਕ ਵਿਰਾਸਤ ਅਕਾਡਮੀ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਪ੍ਰੋਗਰਾਮ ਦੇ ਆਰੰਭ ਵਿੱਚ ਡਾ. ਸ. ਪ. ਸਿੰਘ, ਸਾਬਕਾ ਵਾਈਸ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਤੇ ਪ੍ਰਧਾਨ ਗੁਜਰਾਂਵਾਲਾ ਖ਼ਾਲਸਾ ਐਜੂਕੇਸ਼ਨਲ ਕੌਂਸਲ ਨੇ ਸਭ ਨੂੰ ਰਸਮੀ ਤੌਰ 'ਤੇ ਜੀ ਆਇਆਂ ਕਿਹਾ ਤੇ ਉਨ੍ਹਾਂ ਅਜੋਕੇ ਸੰਦਰਭ ਵਿੱਚ ਪਰਵਾਸੀਆਂ ਦੇ ਰੁਜ਼ਗਾਰ ਵਸੇਬੇ ਤੇ ਸਾਹਿਤ ਨਾਲ ਜੁੜੇ ਮਸਲਿਆਂ ਬਾਰੇ ਵਿਚਾਰ ਸਾਂਝੇ ਕੀਤੇ।ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਸਾਹਿਤ ਤੇ ਸਮਾਜ ਦੀ ਇਹ ਜ਼ਿੰਮੇਵਾਰੀ ਹੈ ਕਿ ਉਹ ਆਪਣੇ ਬੱਚਿਆਂ ਨੂੰ ਚੰਗੀਆਂ ਕਦਰਾਂ ਕੀਮਤਾਂ ਨਾਲ ਜੋੜਨ।ਉਨ੍ਹਾਂ ਕਿਹਾ ਕਿ ਜੇਕਰ ਵਿਦਿਆਰਥੀ ਆਪਣੇ ਵਿੱਦਿਆ ਮੰਦਰ ਵਿੱਚ ਕੋਈ ਕੰਮ ਕਰਦੇ ਹਨ ਤਾਂ ਮੀਡੀਆ ਇਸ ਨੂੰ ਨਕਾਰਤਮਕਤਾ ਨਾਲ ਪੇਸ਼ ਕਰਦਾ ਹੈ।ਉਨ੍ਹਾਂ ਪੰਜਾਬ ਭਵਨ ਸਰੀ ਦੇ ਮਿਸ਼ਨ 'ਨਵੀਆਂ ਕਲਮਾਂ, ਨਵੀਂ ਉਡਾਣ' ਦੀ ਸ਼ਲਾਘਾ ਵੀ ਕੀਤੀ।ਪੰਜਾਬ ਭਵਨ ਸਰੀ ਦੇ ਸੰਸਥਾਪਕ ਸੁੱਖੀ ਬਾਠ ਨੇ ਇਸ ਮੌਕੇ ਆਪਣੇ ਇਸ ਮਿਸ਼ਨ ਬਾਰੇ ਤੇ ਭਵਿੱਖ ਦੀਆਂ ਸਾਹਿਤ ਨੂੰ ਲੈ ਕੇ ਕੁਝ ਯੋਜਨਾਵਾਂ ਵੀ ਸਾਂਝੀਆਂ ਕੀਤੀਆਂ।ਇਸ ਮੌਕੇ 'ਨਵੀਆਂ ਕਲਮਾਂ, ਨਵੀਂ ਉਡਾਣ' ਮਿਸ਼ਨ ਤਹਿਤ ਲੁਧਿਆਣੇ ਜ਼ਿਲ੍ਹੇ ਬਾਲ ਕਵੀ ਹਰਮੋਹਨ ਭੱਟੀ, ਗੁਰਸਵਰਨ ਕੌਰ, ਮਨਦੀਪ ਕੌਰ, ਤਰਨਜੀਤ ਕੌਰ, ਅਰਸ਼ਦੀਪ ਕੌਰ, ਨੀਲਮ ਤੇ ਸਹਿਜ ਨੇ ਆਪਣੀਆਂ ਲਿਖੀਆਂ ਕਵਿਤਾਵਾਂ ਸ੍ਰੋਤਿਆਂ ਨਾਲ ਸਾਂਝੀਆਂ ਕੀਤੀਆਂ।ਡਾ. ਗੁਰਇਕਬਾਲ ਸਿੰਘ ਨੇ ਵੀ ਵਿਚਾਰ ਸਾਂਝੇ ਕੀਤੇ। ਪ੍ਰੋ. ਸ਼ਰਨਜੀਤ ਕੌਰ ਮੁਖੀ ਪੰਜਾਬੀ ਵਿਭਾਗ ਨੇ ਲੋਕ ਅਰਪਨ ਹੋਏ 'ਪਰਵਾਸ' ਦੇ ਅੰਕ ਦੀ ਸਮੱਗਰੀ ਬਾਰੇ ਜਾਣਕਾਰੀ ਦਿੱਤੀ।ਬਾਲ ਲੇਖਕਾਂ ਵਿੱਚ ਪੀਐੱਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਸਮਰਾਲਾ ਦੀਆਂ ਤਿੰਨ ਵਿਦਿਆਰਥਣਾਂ ਨੀਲਮ, ਨੀਲਮ ਕੁਮਾਰੀ, ਸਹਿਜਪ੍ਰੀਤ ਕੌਰ ਸ਼ਾਮਲ ਸਨ, ਨੇ ਆਪਣੀਆਂ ਕਵਿਤਾਵਾਂ ਰਾਹੀਂ ਇਸ ਸਮਾਗਮ ਵਿੱਚ ਆਪਣੀ ਹਾਜ਼ਰੀ ਲਵਾਈ। ਇਸ ਮੌਕੇ 'ਨਵੀਆਂ ਕਲਮਾਂ, ਨਵੀਂ ਉਡਾਣ' ਪ੍ਰੋਜੈਕਟ ਦੀ ਜ਼ਿਲ੍ਹਾ ਲੁਧਿਆਣਾ ਦੀ ਟੀਮ ਵਿੱਚ ਡਾ. ਸੁਖਪਾਲ ਕੌਰ ਸਮਰਾਲਾ, ਨਰਿੰਦਰ ਸਿੰਘ ਬਿਜਲੀਪੁਰ, ਗੁਰਪ੍ਰੀਤ ਸਿੰਘ ਬੀੜ ਕਿਸ਼ਨ, ਪਰਮਿੰਦਰ ਕੌਰ ਤੇ ਸੁਪਰਜੀਤ ਕੌਰ ਵੀ ਸ਼ਾਮਲ ਹੋਏ।ਪ੍ਰੋ. ਰਜਿੰਦਰ ਕੌਰ ਮਲਹੋਤਰਾ ਨੇ ਪ੍ਰੋਗਰਾਮ ਦੇ ਅਖੀਰ 'ਤੇ ਸਭ ਦਾ ਰਸਮੀ ਤੌਰ 'ਤੇ ਧੰਨਵਾਦ ਕੀਤਾ ਤੇ ਬਾਲ ਕਵੀਆਂ ਨੂੰ ਸ਼ੁਭ-ਕਾਮਨਾਵਾਂ ਦਿੱਤੀਆਂ।


## ਰਾਇਟਵੇ ਏਅਰਲਿੰਕਸ ਨੇ ਲਵਾਇਆ ਮਨਦੀਪ ਸਿੰਘ ਦਾ ਆਸਟ੍ਰੇਲੀਆ ਵੀਜ਼ਾ



ਮੋਗਾ (ਇਕਬਾਲ ਸਿੰਘ ਖਹਿਰਾ)-ਮਾਲਵਾ ਖੇਤਰ ਦੀ ਪ੍ਰਸਿੱਧ ਰਾਇਟ ਵੇ ਏਅਰਲਿੰਕਸ ਇੰਮੀਗ੍ਰੇਸ਼ਨ ਤੇ ਆਈਲਟਸ ਸੰਸਥਾ, ਜੋ ਪੰਜਾਬ ਦੇ ਇਲਾਵਾ ਪੂਰੇ ਭਾਰਤ ਵਿੱਚ ਕੰਮ ਕਰ ਰਹੀ ਹੈ।ਇਸ ਸੰਸਥਾ ਨੇ ਹਜ਼ਾਰਾਂ ਹੀ ਵਿਦਿਆਰਥੀਆਂ ਦੇ ਵਿਦੇਸ਼ 'ਚ ਪੜ੍ਹਾਈ ਕਰਨ ਦੇ ਸੁਪਨਿਆਂ ਨੂੰ ਪੂਰਾ ਕੀਤਾ ਹੈ।ਅੱਜ ਸੰਸਥਾ ਨੇ ਮਨਦੀਪ ਸਿੰਘ ਪੁੱਤਰ ਰੋਹੀ ਸਿੰਘ ਵਾਸੀ ਪਿੰਡ ਸੰਗੜੀ, ਸੰਗਰੂਰ ਦਾ ਆਸਟ੍ਰੇਲੀਆ ਦਾ ਡਿਪੇਂਡੈਂਟ ਵੀਜ਼ਾ ਲਗਵਾ ਕੇ ਦਿੱਤਾ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਅ ਤਿਆਗੀ ਨੇ ਕਿਹਾ ਕਿ ਅਫਵਾਹਾਂ 'ਤੇ ਧਿਆਨ ਨਾ ਦਿਉ। ਉਨ੍ਹਾਂ ਕਿਹਾ ਕਿ ਜਿਨ੍ਹਾਂ ਬੱਚਿਆਂ ਦੇ ਕੈਨੇਡਾ ਤੇ ਯੂ ਕੇ ਦੇ ਸਟੱਡੀ ਕੇਸ ਰੀਫਿਊਜ਼ ਹੋ ਚੁੱਕੇ ਹਨ, ਉਹ ਆਸਟ੍ਰੇਲੀਆ ਲਈ ਅਪਲਾਈ ਕਰ ਸਕਦੇ ਹਨ ਤੇ ਜੇਕਰ ਕੋਈ ਵੀ ਵਿਜ਼ਟਰ ਜਾਂ ਟੂਰਿਸਟ ਵੀਜ਼ੇ 'ਤੇ ਯੂ ਕੇ, ਕੈਨੇਡਾ ਜਾਂ ਆਸਟ੍ਰੇਲੀਆ ਜਾਣਾ ਚਾਹੁੰਦਾ ਹੋਵੇ ਤਾਂ ਉਹ ਵੀ ਅਪਲਾਈ ਕਰ ਸਕਦਾ ਹੈ।ਉਨ੍ਹਾਂ ਕਿਹਾ ਕਿ ਹੁਣ ਬੱਚੇ ਕਾਲਜ ਤੇ ਅੰਬੈਸੀ ਦੀ ਫੀਸ ਵੀਜ਼ਾ ਲੱਗਣ ਤੋਂ ਬਾਅਦ ਦੇ ਸਕਦੇ ਹੈ।ਰਾਇਟਵੇ ਏਅਰਲਿੰਕਸ ਬੈਂਕ ਦੇ ਜ਼ਰੀਏ ਬੱਚਿਆਂ ਨੂੰ ਐਜੂਕੇਸ਼ਨ ਲੋਨ ਦੀ ਸੁਵਿਧਾ ਲੈ ਕੇ ਦਿੰਦਾ ਹੈ, ਜਿਨ੍ਹਾਂ ਪੈਸਿਆ ਨੂੰ ਬੱਚੇ ਅਪਣੇ ਖਰਚੇ ਲਈ ਵਰਤ ਸਕਦੇ ਹਨ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਅ ਤਿਆਗੀ ਨੇ ਮਨਦੀਪ ਸਿੰਘ ਨੂੰ ਵਧਾਈ ਦਿੱਤੀ।

## 'ਵੋਟ ਚੋਰ, ਗੱਦੀ ਛੋੜ' ਮੁਹਿੰਮ ਨੂੰ ਮਿਲ ਰਿਹੈ ਜਨ-ਸਮਰਥਨ : ਜਗਸੀਰ ਕਾਲੇਕੇ

### ਸੂਬਾ ਪ੍ਰਧਾਨ ਰਾਜਾ ਵੜਿੰਗ ਨਾਲ ਮਿਲ ਕੇ ਹਲਕੇ 'ਚੋਂ ਭਰੇ 12,600 ਫਾਰਮ ਕਰਵਾਏ ਜਮ੍ਹਾਂ



ਬਾਘਾ ਪੁਰਾਣਾ (ਮਨੀ ਸਿੰਗਲਾ)-ਕਾਂਗਰਸ ਦੇ ਕੌਮੀ ਆਗੂ ਰਾਹੁਲ ਗਾਂਧੀ ਵੱਲੋਂ ਚਲਾਈ ਗਈ 'ਵੋਟ ਚੋਰ ਗੱਦੀ ਛੋੜ' ਮੁਹਿੰਮ ਨੂੰ ਪੰਜਾਬ ਸਮੇਤ ਪੂਰੇ ਦੇਸ਼ 'ਚ ਜ਼ਬਰਦਸਤ ਜਨ ਸਮਰਥਨ ਮਿਲ ਰਿਹਾ ਹੈ।ਇਸ ਮੁਹਿੰਮ ਦਾ ਮਕਸਦ ਲੋਕਾਂ ਨੂੰ ਮੌਜੂਦਾ ਸਰਕਾਰ ਦੀਆਂ ਨਾਕਾਮ ਨੀਤੀਆਂ ਤੋਂ ਜਾਗਰੂਕ ਕਰਨਾ ਤੇ ਲੋਕਤੰਤਰ ਦੀ ਰੱਖਿਆ ਲਈ ਆਵਾਜ਼ ਬੁਲੰਦ ਕਰਨਾ ਹੈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਕਾਂਗਰਸ ਭਵਨ ਚੰਡੀਗੜ੍ਹ ਵਿਖੇ ਕਾਂਗਰਸ ਕਮੇਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਉਸ ਸਮੇਂ ਕੀਤਾ, ਜਦੋਂ ਮੋਗਾ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੇ ਕਾਂਗਰਸ ਪਾਰਟੀ ਦੇ ਮੁੱਖ ਸੇਵਾਦਾਰ ਜਗਸੀਰ ਸਿੰਘ ਕਾਲੇਕੇ ਉਨ੍ਹਾਂ ਨੂੰ ਹਲਕਾ ਬਾਘਾ ਪੁਰਾਣਾ ਅੰਦਰ ਚਲਾਈ ਗਈ 'ਵੋਟ ਚੋਰ ਗੱਦੀ ਛੋੜ' ਮੁਹਿੰਮ ਦੌਰਾਨ ਭਰੇ ਗਏ 12,600 ਫਾਰਮ ਜਮ੍ਹਾਂ ਕਰਵਾਉਣ ਲਈ ਚੰਡੀਗੜ੍ਹ ਪੁੱਜੇ ਸਨ।ਇਸ ਮੌਕੇ ਉਨ੍ਹਾਂ ਨਾਲ ਕਾਂਗਰਸ ਪਾਰਟੀ ਦੇ ਯੂਥ ਆਗੂ ਗਗਨ ਨਿਗਾਹਾ, ਚੇਅਰਮੈਨ ਸੀਪਾ ਰਾਜਿਆਣਾ, ਸੁੱਖਾ ਲੰਗੇਆਣਾ ਵੀ ਹਾਜ਼ਰ ਸਨ।ਕਾਂਗਰਸ ਪਾਰਟੀ ਲੋਕਾਂ ਦੇ ਅਸਲੀ ਹੱਕਾਂ ਦੀ ਲੜਾਈ ਲੜ ਰਹੀ ਹੈ ਤੇ ਹਰ ਜ਼ਿਲ੍ਹੇ, ਹਲਕੇ ਤੇ ਪਿੰਡ ਤੱਕ ਪਹੁੰਚ ਕੇ ਸੱਚਾਈ ਦਾ ਸੰਦੇਸ਼ ਦੇ ਰਹੀ ਹੈ।ਮੁਹਿੰਮ ਤਹਿਤ ਕਾਂਗਰਸੀ ਵਰਕਰ ਘਰ-ਘਰ ਜਾ ਕੇ ਲੋਕਾਂ ਨੂੰ ਰਾਹੁਲ ਗਾਂਧੀ ਦੀ ਸੋਚ ਨਾਲ ਜੋੜ ਰਹੇ ਹਨ।ਹਲਕਾ ਬਾਘਾ ਪੁਰਾਣਾ ਦੇ ਮੁੱਖ ਸੇਵਾਦਾਰ ਜਗਸੀਰ ਸਿੰਘ ਕਾਲੇਕੇ ਨੇ ਦੱਸਿਆ ਕਿ ਇਸ ਮੁਹਿੰਮ ਨੇ ਵਰਕਰਾਂ ਵਿੱਚ ਨਵੀਂ ਊਰਜਾ ਭਰੀ ਹੈ ਤੇ ਲੋਕਾਂ ਵਿਚ ਕਾਂਗਰਸ ਪ੍ਰਤੀ ਵਿਸ਼ਵਾਸ ਹੋਰ ਵਧ ਰਿਹਾ ਹੈ।ਉਨ੍ਹਾਂ ਕਿਹਾ ਕਿ ਇਹ ਮੁਹਿੰਮ ਸਿਰਫ਼ ਰਾਜਨੀਤਕ ਨਹੀਂ, ਸਗੋਂ ਲੋਕਤੰਤਰ ਦੀ ਆਵਾਜ਼ ਨੂੰ ਬਚਾਉਣ ਲਈ ਇਕ ਜਨ ਅੰਦੋਲਨ ਬਣ ਚੁੱਕੀ ਹੈ।ਕਾਲੇਕੇ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕ ਕਾਂਗਰਸ ਨੂੰ ਪੂਰੀ ਬਹੁਮਤ ਨਾਲ ਸੱਤਾ ਵਿੱਚ ਲਿਆਉਣਗੇ।ਇਸ ਮੌਕੇ ਜਗਸੀਰ ਸਿੰਘ ਕਾਲੇਕੇ ਨੇ ਕਿਹਾ ਕਿ ਪੰਜਾਬ ਵਿਚ ਕਾਂਗਰਸ ਪਾਰਟੀ ਨੂੰ ਮੁੜ ਮਜ਼ਬੂਤ ਕਰਨ ਲਈ ਪੂਰੇ ਹਲਕੇ ਦੇ ਵਰਕਰ ਇਕਜੁੱਟ ਹੋ ਕੇ ਕੰਮ ਕਰ ਰਹੇ ਹਨ।

## ਕੇਂਦਰੀ ਮੰਤਰੀ ਨਿਤਿਨ ਗਡਕਰੀ ਨਾਲ ਰਾਣਾ ਸੋਢੀ ਦੀ ਮੁਲਾਕਾਤ

ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਭਾਜਪਾ ਦੇ ਕੇਂਦਰੀ ਕਾਰਜਕਾਰਨੀ ਮੈਂਬਰ ਰਾਣਾ ਗੁਰਮੀਤ ਸਿੰਘ ਸੋਢੀ ਨੇ ਕੇਂਦਰੀ ਟਰਾਂਸਪੋਰਟ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕੀਤੀ ਤੇ ਜ਼ਿਲ੍ਹੇ ਦੇ ਕਈ ਮੁੱਦੇ ਚੁੱਕੇ। ਰਾਣਾ ਸੋਢੀ ਨੇ ਫਿਰੋਜ਼ਪੁਰ, ਫਾਜ਼ਿਲਕਾ ਤੇ ਧਰਮਕੋਟ ਰੋਡ ਨੂੰ ਜਲਦ ਤੋਂ ਜਲਦ ਚੌ-ਮਾਰਗੀ (ਫੋਰ ਲੇਨ) ਬਣਾਉਣ ਦੀ ਮੰਗ ਨੂੰ ਪ੍ਰਮੁੱਖਤਾ ਨਾਲ ਉਠਾਇਆ ਹੈ। ਇਸ ਸਬੰਧੀ ਮੰਤਰਾਲੇ ਨੇ ਵਿਭਾਗ ਤੋਂ ਡੀਪੀਆਰ ਵਿਸਤ੍ਰਿਤ ਪ੍ਰੋਜੈਕਟ ਰਿਪੋਰਟ ਮੰਗੀ ਹੈ ਤਾਂ ਜੋ ਪ੍ਰੋਜੈਕਟ ਨੂੰ ਪਾਸ ਕਰਕੇ ਜਲਦੀ ਹੀ ਕੰਮ ਸ਼ੁਰੂ ਕਰਵਾਇਆ ਜਾ ਸਕੇ। ਸੋਢੀ ਨੇ ਦੱਸਿਆ ਕਿ ਵੱਧਦੇ ਯਾਤਾਯਾਤ ਨੂੰ ਦੇਖਦੇ ਹੋਏ ਉਨ੍ਹਾਂ ਵੱਲੋਂ ਲਗਾਤਾਰ ਇਹ ਮੁੱਦਾ ਉਠਾਇਆ ਜਾ ਰਿਹਾ ਸੀ ਕਿ ਫਾਜ਼ਿਲਕਾ ਰੋਡ ਅਤੇ ਜ਼ੀਰਾ ਰੋਡ ਨੂੰ ਚੌੜਾ ਕੀਤਾ ਜਾਵੇ ਤਾਂ ਜੋ ਹੋਣ ਵਾਲੀਆਂ ਦੁਰਘਟਨਾਵਾਂ ਨੂੰ ਰੋਕਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਕੇਂਦਰੀ ਆਵਾਜਾਈ ਮੰਤਰੀ ਨੇ ਉਨ੍ਹਾਂ ਦੀ ਮੰਗ 'ਤੇ ਗੌਰ ਕਰਦਿਆਂ ਸਬੰਧਤ ਵਿਭਾਗ ਨੂੰ ਪੱਤਰ ਭੇਜ ਕੇ ਪ੍ਰੋਜੈਕਟ ਰਿਪੋਰਟ ਬਣਾ ਕੇ ਭੇਜਣ ਦੇ ਹੁਕਮ ਜਾਰੀ ਕੀਤੇ ਸਨ। ਰਾਣਾ ਸੋਢੀ ਨੇ ਦੱਸਿਆ ਕਿ ਫਿਰੋਜ਼ਪੁਰ ਤੋਂ ਫਾਜ਼ਿਲਕਾ ਅਤੇ ਫਿਰੋਜ਼ਪੁਰ ਤੋਂ ਜ਼ੀਰਾ ਵਾਇਆ ਧਰਮਕੋਟ ਦੀ ਸੜਕ ਨੂੰ ਫੋਰ ਲੇਨ ਬਣਾਉਣ 'ਤੇ 1700 ਕਰੋੜ ਰੁਪਏ ਖਰਚ ਹੋਣਗੇ। ਇਹ ਸੜਕ 15 ਮੀਟਰ ਚੌੜੀ ਹੋਵੇਗੀ ਅਤੇ ਜਿੱਥੇ ਓਵਰ ਬ੍ਰਿਜ ਹੋਵੇਗਾ, ਉੱਥੇ ਹੇਠਾਂ 3 ਮੀਟਰ ਦੀ ਸਰਵਿਸ ਰੋਡ ਵੀ ਤਿਆਰ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਨਾਲ ਆਮ ਲੋਕਾਂ ਨੂੰ ਬਹੁਤ ਲਾਭ ਮਿਲੇਗਾ ਤੇ ਲੋਕਾਂ ਨੂੰ ਆਪਣੇ ਵਾਹਨ ਇਸ ਸੜਕ ਤੋਂ ਲੰਘਾਉਣ ਵਿੱਚ ਆਸਾਨੀ ਹੋਵੇਗੀ। ਰਾਣਾ ਸੋਢੀ ਨੇ ਦੱਸਿਆ ਕਿ ਇਸ ਸੜਕ ਤੋਂ ਅੰਮ੍ਰਿਤਸਰ, ਰਾਜਸਥਾਨ, ਹਰਿਆਣਾ, ਗੁਜਰਾਤ ਤੱਕ ਦਾ ਟਰੈਫਿਕ ਚੱਲਦਾ ਹੈ। ਸੜਕ ਤੰਗ ਹੋਣ ਕਾਰਨ ਕਈ ਵਾਰ ਹਾਦਸੇ ਵੀ ਵਾਪਰ ਜਾਂਦੇ ਹਨ ਤੇ ਲੋਕਾਂ ਨੂੰ ਕਾਫੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਰਾਣਾ ਸੋਢੀ ਨੇ ਕਿਹਾ ਕਿ ਫੋਰ ਲੇਨ ਬਣਨ ਨਾਲ ਜ਼ਿਲ੍ਹੇ ਦੇ ਵਿਕਾਸ ਵਿਚ ਵੀ ਤੇਜ਼ੀ ਆਵੇਗੀ। ਉਨ੍ਹਾਂ ਕੋਟ ਬੁੱਢਾ ਸੜਕ ਦੀ ਸੁੰਦਰਤਾ ਦਾ ਮੁੱਦਾ ਵੀ ਚੁੱਕਿਆ। ਉਨ੍ਹਾਂ ਦੱਸਿਆ ਕਿ ਜਨਤਾ ਦੀਆਂ ਸਮੱਸਿਆਵਾਂ ਨੂੰ ਦਿੱਲੀ ਦਰਬਾਰ ਵਿੱਚ ਉਠਾਉਣ ਲਈ ਉਹ ਪੂਰੀ ਕੋਸ਼ਿਸ਼ ਕਰਦੇ ਹਨ। ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਉਨ੍ਹਾਂ ਦੀ ਜਨਮ ਤੇ ਕਰਮ ਭੂਮੀ ਹੈ ਅਤੇ ਇੱਥੋਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਵਾਉਣਾ ਉਨ੍ਹਾਂ ਲਈ ਹਮੇਸ਼ਾ ਪਹਿਲ ਰਹਿੰਦੀ ਹੈ।


ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਸ./ ਉੱਤਰ ਰੇਲਵੇ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜਨ ਲਾਗਤ ਰੁ. | ਬਿਆਨਾ ਰਾਸ਼ੀ (ਰੁ.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|
| 251-J-ਬਿਜਲੀ-T-13-2025-26 | ਐਮ ਸੀ ਟੀ ਐਮ (ਉਧਮਪੁਰ) ਡਿਪੋ ਵਿਚ ਆਰ ਪੀ ਐਫ / ਆਰ ਪੀ ਐਸ ਐਫ ਭਵਨਾਂ ਵਿਚ ਆਨ ਗ੍ਰਿਡ ਸੌਰ ਊਰਜਾ ਸੰਯੰਤਰ ਦਾ ਪ੍ਰਾਵਧਾਨ। | 1,83,80,072.52 | 2,41,900.00 | 6 ਮਹੀਨੇ | 04.11.2025 15:00 Hrs ਦੇ ਬਾਅਦ | www.ireps.gov.in |

ਨੰ. 251-J-ਬਿਜਲੀ ਟੈਂਡਰ ਨੋਟਿਸ ਨੰ. 13/2025-26 ਮਿਤੀ 10.10.2025 3144/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਉੱਤਰ ਰੇਲਵੇ

ਈ-ਟੈਂਡਰ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ - ਤੀਸਰੀ, ਫ਼ਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ ਆਖਰੀ ਮਿਤੀ 03.11.2025 ਵਕਤ 15.00 ਵਜੇ ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ |
| 09.10.2025 | 20.10.2025 | 03.11.2025/ 15:00 ਵਜੇ |

| ਲੜੀ ਨੰਬਰ | ਟੈਂਡਰ ਨੰਬਰ | ਟੈਂਡਰ ਦਾ ਵੇਰਵਾ |
|---|---|---|
| 1. | 158-2025-26-ADEN-LDH | ਸਹਾਇਕ ਮੰਡਲ ਇੰਜੀਨੀਅਰ - ਲੁਧਿਆਣਾ ਦੇ ਅੰਤਰਗਤ ਸਾਨੇਵਾਲ - ਜਲੰਧਰ ਸਿਟੀ ਸੈਕਸ਼ਨ ਉਤੇ ਏਕਲ ਹੁਕ ਵਿਚ ਰੇਕ ਦੀ ਪਲੇਸਮੇਂਟ ਦੀ ਸੁਵਿਧਾ ਦੇ ਲਈ ਫਗਵਾੜਾ ਵਿਚ ਪੂਰੀ ਲੰਬਾਏ. ਵਾਲੀ ਲਾਇਨ ਦਾ ਪ੍ਰਾਵਧਾਨ ਅਤੇ ਫਿਲੌਰ ਵਿਚ ਲਾਇਨ ਨੰਬਰ 4 ਦਾ ਵਿਸਤਾਰ ਦਾ ਕੰਮ। |

| ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|
| 3,08,05,048.36/- | 3,04,000.00/- | 60 ਦਿਨ | 10 ਮਹੀਨੇ |

ਸਮਾਨ ਪ੍ਰਕ੍ਰਿਤੀ ਦਾ ਕੰਮ - "ਸੀਟੀਆਰ/ਟੀਆਰਆਰ/ਟੀਐਫਆਰ/ਟੀਐਫਆਰ/ਟੀਟੀਆਰ ਜਿਸ ਵਿਚ ਟ੍ਰੈਕ ਨੂੰ ਉਪਰ ਉਠਾਨਾ, ਸਕਰੀਨਿੰਗ, ਟ੍ਰੈਕ ਨੂੰ ਡਿਸਟ੍ਰੇਸ ਕਰਨਾ, ਟ੍ਰੈਕ ਰੱਖ-ਰੱਖਾਵ ਮਸ਼ੀਨ ਜਿਸ ਤਰ੍ਹਾਂ ਟੈਮਪਿੰਗ ਮਸ਼ੀਨ / ਬੈਲਾਸਟ ਸਕਰੀਨਿੰਗ / ਰੇਗੁਲੇਟਿੰਗ ਮਸ਼ੀਨ ਅਤੇ ਟੀਟੀਆਰ ਦੇ ਲਈ ਪੂਰਵ ਅਤੇ ਬਾਦ ਦਾ ਕੰਮ ਸ਼ਾਮਿਲ ਹੈ, ਟੀ-28 ਦੁਵਾਰਾ।"

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ। ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।

ਨੰ: 158-2025-26-ADEN-LDH ਮਿਤੀ : 10.10.2025 3138/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



YES BANK

Registered Office: Yes Bank House, Western Express Highway, Santacruz (E), Mumbai-400 055
Also At :- SCO No. 129-130 2nd Floor, Sector 9-C, Madhya Marg, Chandigarh -160009.
Also At :- B-XX 2427-928, 1st Floor, Gobind Nagar, Ferozepur Road, Ludhiana-141001.

[(ਰੂਲ-8 (1)] ਕਬਜ਼ਾ ਨੋਟਿਸ

ਜਦੋਂਕਿ, ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਸਕਿਓਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰੈੱਸਟ ਐਕਟ, 2002 (2002 ਦਾ 54) ਅਤੇ ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰ ਨੂੰ ਹੇਠਾਂ ਦਿੱਤੇ ਖਾਤਿਆਂ 'ਚ ਹੇਠਾਂ ਵਰਣਿਤ ਰਕਮ ਅਤੇ ਇਸ ਉਪਰ ਵਿਆਜ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਅਤੇ ਗਰੰਟਰ ਪੂਰੀ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਵਿਰੁੱਧ ਦਰਸਾਈ ਮਿਤੀ 'ਤੇ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਹਨਾਂ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ, ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਹੇਠ ਦਰਸਾਈ ਬਕਾਇਆ ਰਕਮ ਅਤੇ ਇਸ ਉੱਪਰ ਵਿਆਜ ਸਮੇਤ ਯੈੱਸ ਬੈਂਕ ਲਿਮ: ਦੀ ਵਸੂਲੀ ਹੇਠ ਹੋਵੇਗੀ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰ ਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਐੱਨ ਪੀ ਏ ਖਾਤੇ ਦਾ ਨਾਂਅ | 13 (2) ਨੋਟਿਸ ਮਿਤੀ | ਬਕਾਇਆ ਰਕਮ |
|---|---|---|
| (1) ਮਨੋਜ ਕੁਮਾਰ ਪੁੱਤਰ ਤਰਸੇਮ ਲਾਲ ਪਤਾ ਮਕਾਨ ਨੰ. 134, ਨਿਊ ਰਸੀਲਾ ਨਗਰ, ਬਸਤੀ ਦਾਨਿਸ਼ਮੰਦਾਂ, ਜਲੰਧਰ-1, ਜਲੰਧਰ-144002 (2) ਬਿਮਲਾ ਰਾਣੀ ਪਤਨੀ ਤਰਸੇਮ ਲਾਲ ਪਤਾ : ਮਕਾਨ ਨੰ. 134, ਨਿਊ ਰਸੀਲਾ ਨਗਰ, ਬਸਤੀ ਦਾਨਿਸ਼ਮੰਦਾਂ, ਜਲੰਧਰ-1, ਜਲੰਧਰ-144002 | 21-Sep-2024 ਕਬਜ਼ੇ ਦੀ ਮਿਤੀ 09-Oct-2025 | ਰੁਪਏ 17,66,790.02/- (ਸਤਾਰਾਂ ਲੱਖ ਛਿਆਹਠ ਹਜ਼ਾਰ ਸੱਤ ਸੌ ਨੱਬੇ ਰੁਪਏ ਅਤੇ 2 ਪੈਸੇ ਕੇਵਲ) |
| ਅਚੱਲ ਜਾਇਦਾਦ ਦਾ ਵੇਰਵਾ : ਸਮੁੱਚਾ ਗੈਰ-ਖੇਤੀਬਾੜੀ ਜਾਇਦਾਦ ਦਾ ਹਿੱਸਾ ਰਕਬਾ 5 ਮਰਲੇ, ਖਸਰਾ ਨੰ. 613, 618, 616, 617 ਹੱਦਬਸਤ ਨੰ. 312, ਜਮ੍ਹਾਂਬੰਦੀ 2017-18 ਅਨੁਸਾਰ ਵਾਕਿਆ ਬਸਤੀ ਦਾਨਿਸ਼ਮੰਦਾਂ, ਜਲੰਧਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ। ਹੱਦਬੰਦੀ ਪੂਰਬ : ਕ੍ਰਿਸ਼ਨ, ਪੱਛਮ : ਗਲੀ ਤੇ ਰਜਨੀ, ਉੱਤਰ : ਹੋਰ, ਦੱਖਣ : ਮੱਖਣ, ਰਹਿਣਕਾਰ: ਮਨੋਜ ਕੁਮਾਰ ਪੁੱਤਰ ਤਰਸੇਮ ਲਾਲ। | | |
| (1) ਸੁਸ਼ੀਲ ਕੁਮਾਰ ਪਾਲ ਪੁੱਤਰ ਸੋਮਪਾਲ ਪਤਾ : ਬਾਵਾ ਕਾਲੋਨੀ, ਵਿਸ਼ਾਲ ਨਗਰ, ਸਾਹਮਣੇ ਧਾਮੀ ਮੋਟਰ ਕਾਕੋਵਾਲ ਰੋਡ, ਜ਼ਿਲ੍ਹਾ ਲੁਧਿਆਣਾ। ਇਹ ਵੀ : ਮਕਾਨ ਨੰ. 9227-1/2, ਗਲੀ ਨੰ. 9, ਨੇੜੇ ਬਾਬਾ ਦੀਪ ਸਿੰਘ ਗੁਰਦੁਆਰਾ, ਚੰਦਰ ਲੋਕ ਕਾਲੋਨੀ, ਰਾਹੋਂ ਰੋਡ, ਵਾਰਡ ਨੰ. 8, ਲੁਧਿਆਣਾ, ਪੰਜਾਬ-141007 (2) ਪੂਜਾ ਪਤਨੀ ਸੁਸ਼ੀਲ ਕੁਮਾਰ ਪਤਾ : ਮਕਾਨ ਨੰ. 9227-1/2, ਗਲੀ ਨੰ. 9, ਚੰਦਰ ਲੋਕ ਕਾਲੋਨੀ, ਬਾਜਰਾ ਬਸਤੀ, ਜੋਧੇਵਾਲ, ਲੁਧਿਆਣਾ (ਪੂਰਬ), ਲੁਧਿਆਣਾ, ਪੰਜਾਬ-141007 | 20-Feb-2024 ਕਬਜ਼ੇ ਦੀ ਮਿਤੀ 08-Oct-2025 | ਰੁਪਏ : 19,82,603.74/- (ਉਨੀ ਲੱਖ ਬਿਆਸੀ ਹਜ਼ਾਰ ਛੇ ਸੌ ਤਿੰਨ ਰੁਪਏ ਤੇ ਚੁਹੱਤਰ ਪੈਸੇ ਕੇਵਲ) 20 ਫਰਵਰੀ 2024 ਤੱਕ ਅਤੇ ਵਿਆਜ ਤੇ ਲਾਗਤ ਜੋ ਵੀ ਹੋਵੇ। |
| ਅਚੱਲ ਜਾਇਦਾਦ ਦਾ ਵੇਰਵਾ : ਗੈਰ-ਖੇਤੀਬਾੜੀ ਜਾਇਦਾਦ ਦਾ ਸਮੁੱਚਾ ਹਿੱਸਾ, ਜੋ ਕਿ ਵਾਰਡ ਨੰ. 29 ਸਾਲਮ ਅਤੇ 30 ਮਿੰਨ ਜਾਇਦਾਦ ਰਕਬਾ 77 ਵਰਗ ਗਜ਼, ਖਸਰਾ ਨੰ. 15//3/2-1/1-2-10/1-6//21/2/2-22/2-23/2-23/3 ਖਾਤਾ ਨੰ. 46/46 ਪੇਜ਼ ਨੰ. 72, ਜਮ੍ਹਾਂਬੰਦੀ ਸਾਲ 2005-06 ਅਨੁਸਾਰ ਪਿੰਡ ਕਾਕੋਵਾਲ, ਐੱਚ ਬੀ ਨੰ. 80, ਅਬਾਦੀ ਵਿਸ਼ਾਲ ਨਗਰ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ। ਹੱਦਬੰਦੀ ਪੂਰਬ : ਗੁਆਂਢੀ ਐਡਮ 21, ਪੱਛਮ : ਗਲੀ 20 ਚੌੜੀ ਐਡਮ 21ਫੁੱਟ, ਉਤਰ : ਗੁਆਂਢੀ : ਐਡਮ 33 ਫੁੱਟ, ਦੱਖਣ : ਗੁਆਂਢੀ ਐਡਮ 33 ਫੁੱਟ, ਰਹਿਣਕਾਰ : ਸੁਸ਼ੀਲ ਕੁਮਾਰ ਪਾਲ ਪੁੱਤਰ ਸੋਮਪਾਲ। | | |
| (1) ਵਿਜੇ ਕੁਮਾਰ ਮਾਰਫਤ ਸਾਦਿਕ ਪਤਾ : # ਪਿੰਡ ਢੁਲੇਵਾਲ, ਡਾਕਖਾਨਾ ਲੱਖਣ ਕਲਾਂ, ਕਪੂਰਥਲਾ, ਪੰਜਾਬ-144601 (ਕਰਜ਼ਦਾਰ) (2) ਮਧੂ ਪਤਨੀ ਵਿਜੇ ਕੁਮਾਰ ਪਤਾ : ਮੁਰੀਦਵਾਲ, ਜਲੰਧਰ, ਪੰਜਾਬ-144701 (ਸਹਿ-ਕਰਜ਼ਦਾਰ ਤੇ ਰਹਿਣਕਾਰ) | 17-Jan-2025 ਕਬਜ਼ੇ ਦੀ ਮਿਤੀ 10-Oct-2025 | ਰੁਪਏ :17,29,748.22/- (ਸਤਾਰਾਂ ਲੱਖ ਉਨੱਤੀ ਹਜ਼ਾਰ ਸੱਤ ਸੌ ਅਠਤਾਲੀ ਰੁਪਏ ਤੇ ਬਾਈ ਪੈਸੇ ਕੇਵਲ) 17 ਜਨਵਰੀ 2025 ਤੱਕ ਤੇ ਵਿਆਜ ਅਤੇ ਲਾਗਤ, ਜੋ ਵੀ ਹੋਵੇ। |
| ਅਚੱਲ ਜਾਇਦਾਦ ਦਾ ਵੇਰਵਾ : ਗੈਰ-ਖੇਤੀਬਾੜੀ ਜਾਇਦਾਦ ਦਾ ਸਮੁੱਚਾ ਹਿੱਸਾ ਖੇਵਟ ਖਾਤਾ ਨੰ. 16/40, ਖਸਰਾ ਨੰ. 24//21/7-4 ਕਿੱਤੇ 1, ਰਕਬਾ 7 ਕਨਾਲ 4 ਮਰਲੇ 1/48 ਹਿੱਸਾ 3 ਮਰਲਾ ਵਾਕਿਆ ਪਿੰਡ ਸੀਨਪੁਰ, ਕਪੂਰਥਲਾ, ਤਹਿਸੀਲ ਤੇ ਜ਼ਿਲ੍ਹਾ ਕਪੂਰਥਲਾ, ਹੱਦਬੰਦੀ : ਉੱਤਰ : ਮਾਲਕ ਪਰਮਜੀਤ ਸਿੰਘ, ਦੱਖਣ : ਰਸਤਾ, ਪੂਰਬ : ਹੋਰ, ਪੱਛਮ : ਰਸਤਾ, ਰਹਿਣਕਾਰ : ਮਧੂ ਪਤਨੀ ਵਿਜੇ ਕੁਮਾਰ। | | |
| (1) ਰਾਮ ਪਾਲ ਪੁੱਤਰ ਗੁਰੂ ਦਾਸ ਪਤਾ : ਐੱਸ/ਓ : ਗੁਰੂ ਦਾਸ, ਵਾਰਡ ਨੰ. 4, ਗੁਰੂ ਨਾਨਕ ਨਗਰ, ਭੋਗਪੁਰ, ਜਲੰਧਰ, ਜਲੰਧਰ, ਪੰਜਾਬ-144201, ਇਹ ਵੀ : ਆਦਮਪੁਰ ਰੋਡ, ਬੀ ਡੀ ਓ ਬਲਾਕ ਦੁਕਾਨ ਨੰ. 12, ਜਲੰਧਰ, ਪੰਜਾਬ-144201 (ਕਰਜ਼ਦਾਰ) (2) ਕਮਲਜੀਤ ਕੌਰ ਪਤਨੀ ਰਾਮ ਪਾਲ ਪਤਾ : ਵਾਰਡ ਨੰ. 4, ਗੁਰੂ ਨਾਨਕ ਨਗਰ ਭੋਗਪੁਰ, ਜਲੰਧਰ, ਜਲੰਧਰ, ਪੰਜਾਬ-144201 (ਸਹਿ-ਕਰਜ਼ਦਾਰ ਤੇ ਰਹਿਣਕਾਰ) | 01-Jul-2025 ਕਬਜ਼ੇ ਦੀ ਮਿਤੀ 09-Oct-2025 | ਰੁਪਏ : 753,576.11 (ਸੱਤ ਲੱਖ ਤਰਵੰਜਾ ਹਜ਼ਾਰ ਪੰਜ ਸੌ ਛਿਹੱਤਰ ਰੁਪਏ ਤੇ ਗਿਆਰਾਂ ਪੈਸੇ ਕੇਵਲ) 2.07.2025 ਤੱਕ ਅਤੇ ਵਿਆਜ ਤੇ ਲਾਗਤ ਜੋ ਵੀ ਹੋਵੇ। |
| ਅਚੱਲ ਜਾਇਦਾਦ ਦਾ ਵੇਰਵਾ : ਅਚੱਲ ਜਾਇਦਾਦ ਦਾ ਸਮੁੱਚਾ ਹਿੱਸਾ ਨੰਗਲ ਖੁਰਦ, ਐੱਚ ਬੀ ਨੰ. 88, ਜਮ੍ਹਾਂਬੰਦੀ 2010-11, ਖਾਤਾ ਨੰ. 132/154, ਖਸਰਾ ਨੰ. 9//1/2 (4-0), 2 (8-0), 3(8-0), 4 (8-0), 7(8-0), 9 (8-0) 10/1 (4-0) ਕਿੱਤੇ 7 (48 ਕਨਾਲ 0 ਮਰਲਾ) ਰਕਬਾ (5 ਮਰਲੇ 2.50 ਸਰਸਾਈ) ਹੱਦਬੰਦੀ : ਪੂਰਬ : ਪ੍ਰਵੀਨ ਕੁਮਾਰ, ਪੱਛਮ : ਰਸਤਾ, ਉੱਤਰ : ਰਸਤਾ, ਰਹਿਣਕਾਰ : ਕਮਲਜੀਤ ਕੌਰ । | | |

ਮਿਤੀ : 11.10.2025
ਸਥਾਨ : ਪੰਜਾਬ

ਵਾਸਤੇ ਯੈੱਸ ਬੈਂਕ ਲਿਮਟਿਡ,
ਸ੍ਰੀ ਅਮਿਤ ਸ਼ਰਮਾ (ਅਧਿਕਾਰਤ ਅਫਸਰ)

# ਕਲਾਸੀਫਾਈਡ ਇਸ਼ਤਿਹਾਰ

## Change of Name

I am Jasvir Kaur. My name in my father's house was Kiranjit Kaur. Therefore, now I am known by both names as Jasvir Kaur alias Kiranjit Kaur wife of Amrik Singh, resident of Bir Khurd, District Mansa. My Aadhar card number is 2903 0593 2309.

I, Ranjit Kaur W/o Jaskaran Singh Saggu R/o B-XI/1234 Gali No. 4, Ajit Nagar Jalandhar, Pb. have changed my name from Ranjit Kaur to Ranjit Kaur Saggu. Please note. (12626)

I Hardev Singh S/O Santokh Singh Residence of VPO Shahpur Goraya, Tehsil Dera Baba Nanak, Distt. Gurdaspur Punjab India Pin code 143604 I Have changed my name from Hardev Singh to Singh Hardev Surname as Singh and given name as Hardev.

I, Love Preet W/o Hardeep Singh R/o Village Malluwal, PO Kathunangal, Amritsar have changed my name from Love Preet to Lovepreet Kaur

I, Dharampreet Singh S/o Sitara singh R/o Vill Tola Nangal, PO Raja Sansi, Teh Ajnala, Amritsar have changed my name from Dharampreet Singh to Singh is my surname and Given name is Dharampreet.

I, Gurvinder Singh S/O Baldev Singh R/O Vill. Hadaitpur PO Bhilowal Distt. Amritsar have changed my name from Gurvinder Singh to Given Name Gurvinder Surname Singh

I, Kanwaljit Kaur W/o Malkeet Singh R/o VPO Kaleke Tehsil Baba Bakala District Amritsar have changed my name from Kanwaljit Kaur to Kawaljeet Kaur

I, Rupinder Kaur W/o Bagicha Singh R/o Vill Alfooke, PO Hamad, Ferozepur have changed my name from Rupinder Kaur to Satwinder Kaur

I, Lovepreet Singh son of Manjit Singh resident of House No. AAH, Gali No. A, Near SDM School, Bhalla Colony, Chheharta, Amritsar, Punjab, have changed my name to Lovepreet as my Given name and Singh as my Surname.

I Hardev Singh S/O Santokh Singh Residence Of VPO Shahpur Goraya Tehsil Dera Baba Nanak Distt. Gurdaspur Punjab India Pin code 143604 I Have changed my name from Hardev Singh to Singh Hardev Surname as Singh and given name as Hardev.

I, Mahinder Singh S/O Bhola Singh R/O VPO Bhakna Kalan, Distt. Amritsar,Punjab have changed my name from Mahinder Singh to Mohinder Singh. Concerned note.

I, Prabhjit Singh S/o Darshan Singh R/o 4120, Baba Jagoana Road, Amritsar-143105 have changed my name from Prabhjit Singh to Singh is my surname and Prabhjit is my given name.

I, Kulwinder Singh S/O Teja Singh R/O Vill Manawali, PO. Chachoki, Distt. Kapurthala, Punjab, India have changed my name from Kulwinder Singh to Kulwinder Singh Johal. All note.

I, Sukhwinder Kaur W/O Kulwinder Singh Johal R/O Vill Manawali, PO. Chachoki, Distt. Kapurthala, Punjab, India have changed my name from Sukhwinder Kaur to Sukhwinder Kaur Johal. All note.

I, Usha Rani W/o Sukhwinder Singh , R/o H.No. 166, Vill. Nahal, PO. Basti Baba Khel, Jalandhar have changed my name from USHA RANI to SANDEEP KAUR.All concerned may note.

I, Monika Arora daughter of Bhag Singh wife of Gurpreet Singh resident of 15, Greater Kailash, Opposite Lal Kothi, Batala, District Gurdaspur, Punjab-143505, have changed my name from Monika Arora to Manjit Kaur. Concerned Note.

I, Harmeet Singh S/o Gurbhej Singh R/o Vill Vero Nangal, Po. Rangar Nangal, Teh. Batala, Distt. Gurdaspur, Punjab have changed my name from Harmeet Singh to Given Name as Harmeet and Surname as Singh. Concerned Note.

I, Dharminder Singh S/o Surjan Singh R/o Village Shezada Kalan, District Gurdaspur, Punjab have changed my name from Dharminder Singh to Singh Dharminder. That Singh is my Surname & Dharminder is my Given Name. Concerned Note.

I, Mandeep Kumar S/O Guruparkash, R/o Bhoa, Bhagwansar, Pathankot, Punjab-145025, have changed my name from Mandeep Kumar to Mandeep Singh. shall hereafter be Known as Mandeep Singh Sonu.

I, Sukhdev Kumar S/O Shiv Kumar, R/o W No- 04, Miani, Hoshiarpur, Punjab- 144202, I have changed the name of my daughter Ashpreet aged about 15 Years and She shall hereafter be known as Ashpreet Kaur.

I, Surjeet Singh S/O Kulwant Singh, R/o Jama Rakhia Hithar, Mamdot, Fozepur, Punjab- 152023. have changed my name and shall hereafter be Known as Philip.

I, Rinka Kalra W/O Tejpal Singh Bhatia, D/O Rupinder Singh Kalra R/o H.No- 24-A, Kamal Park, Aman Nagar, Jalandhar- 1, Punjab- 144004. have changed my name and shall here after be Known as Jasleen Kaur Bhatia.

I, Pupesh Kumar s/o Bihari Lal r/o H.No.92, Surat Nagar Maqsudan, Jalandhar, Punjab have changed my minor daughter name from Jasnoor to Jusnur. All Please Note.

I, Akash s/o Husan Lal r/o Aman Nagar, Dhilwan, Po. Dakoha, Jalandhar, Punjab have changed my name from Akash to Akash Mehmi. All Please Note.

I, Prabjot Kaur w/o Baljinder Singh r/o Vill.Sheikhupur Kalan, Po.Dhugga Kalan, Hoshiarpur have changed my name to Kaur Prabjot. All Please Note.

I, Harpreet Singh s/o Balwinder Singh r/o Vill. Gambhowal, Po. Khudda, Tehsil Dasuya, Distt. Hoshiarpur have changed my name to Singh Harpreet. All Please Note.

## Change of Name

I, Nisha d/o Surjit Lal r/o Vill. Khun Khun, Po. Kang Sahbu, Distt. Jalandhar, Punjab have changed my name from Nisha to Nisha Heer (Surname as Heer) All Please Note.

I, Mohinder Lal s/o Om Parkash r/o Village Puranpur, Po. Paras Rampur, Jalandhar, Punjab-144101 have changed my name to Mohinder Pal. All Please Note.

I, Jatinder s/o Butta Ram r/o Plot No. 50/2, Kadian Road, Near Rang Wali Factory, Lasuri Mohalla, Basti Danishmandan, Jalandhar have changed my name to Jatinder Kumar. All Please Note.

I, Suman Devi w/o Maninder Kumar r/o Kot Ram Dass, Po.Chugitti, University Road, Street No. 2, Jalandhar, Punjab have changed my name to Given name as Suman & Surname as Devi. All Please Note.

I, Mahinga Mohamd S/o Mehar Deen R/o Village Bhatija, Distt. Jalandhar, Punjab have changed my name to Mohamd Mahinga (Mohamd as Surname). All Please Note.

I, Sukhminder Kaur W/o Udham Singh R/o VPO.Gandhran, Tehsil Nakodar, Distt. Jalandhar have change the spelling of my name from Sukhminder Kaur to Sukhwinder Kaur. All Please Note.

I, hither to known as Mohan Lal S/o Darshan Ram R/o H.No. 413 A, Near Railway Crossing Baba Ishar Singh Nagar Phoriwal, P.o. Garha, Jalandhar, Punjab have changed my minor daughter name Shashi Nar and shall hereafter be known as Shashipreet Kaur.

I, Khushia S/o Tufail Mohamad R/o H.No. 678, Ward No.03, Adampur Doaba, Distt.Jalandhar, Punjab have changed my name from Khushia to Khushi Mohamad. All Please Note.

I, Balvir Singh Alias Balbir Singh S/o Dogar Singh R/o Desalpur, Jalandhar, Punjab declare that Balvir Singh and Balbir Singh is one and the same person. All Please Note.

## PUBLIC NOTICE

I, Davinder kaur W/O JC-264084K Ex.Sub. Daljit Singh R/O Village Bulenangal P/O Cheema Bath, Tehsil Baba Bakala Sahib, Distt: Amritsar Declare that I have changed my name from Devinder kaur to Davinder kaur and also change my correct date of birth as 15/03/1971 instead of 26/11/1970 with immediate effect due to variation in services documents record of my husband.

I, Sucha Lal S/o Fakir Chand R/o Village Bulandpur, PO. Nurpoor, Distt. Jalandhar, Punjab declare that my son Jaspreet Kaler and his wife Sonika Singh are out of my control. I disown both of them from my all moveable and immovable property. If anybody deal with both of them, I shall note be responsible for any kind of act. Please note.

## ਆਮ ਸੂਚਨਾ

[illegible]

## ਬੇਦਖਲੀ ਨੋਟਿਸ

[illegible]

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਇਨੋਸੈਂਟ ਹਾਰਟਸ ਕਾਲਜ ਨੇ ਮਨਾਇਆ ਕਰਵਾ ਚੌਥ ਦਾ ਤਿਉਹਾਰ



ਜਲੰਧਰ ( ਸ਼ੈਲੀ ਐਲਬਰਟ)-ਇਨੋਸੈਂਟ ਹਾਰਟਸ ਕਾਲਜ ਆਫ ਐਜੂਕੇਸ਼ਨ ਦੇ ਕਲਚਰਲ ਕਲੱਬ ਵੱਲੋਂ 'ਏਕ ਭਾਰਤ ਸ੍ਰੇਸ਼ਠ ਭਾਰਤ' ਵਿਸ਼ੇ 'ਤੇ ਮਹਿੰਦੀ ਡਿਜ਼ਾਈਨ ਅਤੇ ਨੇਲ ਆਰਟ ਮੁਕਾਬਲੇ ਕਰਵਾਏ ਗਏ। ਵਿਦਿਆਰਥੀਆਂ-ਅਧਿਆਪਕਾਂ ਨੇ ਇੱਕ-ਦੂਜੇ ਦੀਆਂ ਹਥੇਲੀਆਂ 'ਤੇ ਮਹਿੰਦੀ ਕਲਾ ਦੇ ਪ੍ਰਤੀਕਾਤਮਕ ਡਿਜ਼ਾਈਨ ਬਣਾਏ ਅਤੇ ਨਹੁੰਆਂ ਦੀ ਪੇਂਟਿੰਗ, ਸਜਾਵਟ, ਵਿਸਤਾਰ ਅਤੇ ਸ਼ਿੰਗਾਰਨ ਦੁਆਰਾ ਨੇਲ ਆਰਟ ਦੀ ਰਚਨਾਤਮਕ ਗਤੀਵਿਧੀ ਦਾ ਅਨੰਦ ਲਿਆ।ਮਹਿੰਦੀ ਡਿਜ਼ਾਈਨ ਮੁਕਾਬਲੇ ਵਿੱਚ ਅਨਮੋਲ ਨੇ ਪਹਿਲਾ, ਨੀਤਿਕਾ ਨੇ ਦੂਜਾ ਅਤੇ ਗੁਰਪ੍ਰੀਤ ਨੇ ਤੀਜਾ ਸਥਾਨ ਹਾਸਲ ਕੀਤਾ। ਸੋਨਮ ਨੇ ਨੇਲ ਆਰਟ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਡਾ: ਅਰਜਿੰਦਰ ਸਿੰਘ ਨੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਉਤਸ਼ਾਹਿਤ ਕੀਤਾ

## ਨਾਂਅ ਦੀ ਬਦਲੀ

ਮੈਂ ਜਸਵੀਰ ਕੌਰ ਹਾਂ ਮੇਰਾ ਪੇਕੇ ਘਰ ਮੇਰਾ ਨਾਮ ਕਿਰਨਜੀਤ ਕੌਰ ਸੀ ਇਸ ਲਈ ਹੁਣ ਮੈਨੂੰ ਜਸਵੀਰ ਕੌਰ ਉਰਫ ਕਿਰਨਜੀਤ ਕੌਰ ਪਤਨੀ ਅਮਰੀਕ ਸਿੰਘ ਵਾਸੀ ਬੀਰ ਖੁਰਦ ਜ਼ਿਲਾ ਮਾਨਸਾ ਦੋਵਾਂ ਨਾਂਵਾਂ ਨਾਲ ਜਾਣਿਆ ਜਾਵੇ ਮੇਰਾ ਅਧਾਰ ਕਾਰਡ ਨੰਬਰ 2903 0593 2309 ਇਹ ਸਹੀ ਹੈ।

## ਬੇਦਖਲੀ ਨੋਟਿਸ

ਮੈਂ ਕਿਰਪਾਲ ਚੰਦ ਪੁੱਤਰ ਭਗਤ ਰਾਮ ਵਾਸੀ ਸ਼ੇਖੂਪੁਰ, ਕਪੂਰਥਲਾ ਘੋਸ਼ਣਾ ਕਰਦਾ ਹਾਂ ਕਿ ਮੇਰਾ ਲੜਕਾ ਗੌਰਵ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਆਪਣੇ ਲੜਕੇ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਮੈਂ ਪੂਰਨ ਸਿੰਘ ਪੁੱਤਰ ਮੁਹਿੰਦਰ ਸਿੰਘ ਵਾਸੀ ਭੁਸਲੇਵਡ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ । ਮੇਰਾ ਪੁੱਤਰ ਰਸਾਲ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ । ਮੈਂ ਆਪਣੇ ਪੁੱਤਰ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ । ਇਸ ਨਾਲ ਲੈਣ-ਦੇਣ ਕਰਨ ਵਾਲਾ ਖ਼ੁਦ ਜ਼ੁੰਮੇਵਾਰ ਹੋਵੇਗਾ ।

ਮੈਂ ਚੰਚਲਾ ਦੇਵੀ ਉਮਰ 69 ਸਾਲ ਪਤਨੀ ਲੇਟ ਸ਼੍ਰੀ ਬਾਬੂ ਰਾਮ ਵਾਸੀ ਬਹਿਦਰਿਆ, ਤਹਿਸੀਲ ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ ਪਤੇ ਦੀ ਪੱਕੀ ਵਸਨੀਕ ਹਾਂ ਮੇਰਾ ਲੜਕਾ ਸੰਜੀਵ ਕੁਮਾਰ ਅਤੇ ਮੇਰੀ ਨੂੰਹ ਅਨੀਤਾ ਕੁਮਾਰੀ ਜੋ ਕੇ ਮੇਰੇ ਕਹਿਣੇ ਤੋਂ ਬਾਹਰ ਹਨ ਇਹ ਅਕਸਰ ਘਰ ਵਿਚ ਲੜਾਈ ਝਗੜਾ ਤੇ ਕਲੇਸ਼ ਰੱਖਦੇ ਹਨ ਮੇਰੇ ਨਾਲ ਕੁੱਟ ਮਾਰ ਕਰਦੇ ਹਨ। ਮੈਂ ਲੜਕੇ ਸੰਜੀਵ ਕੁਮਾਰ ਅਤੇ ਨੂੰਹ ਅਨੀਤਾ ਕੁਮਾਰੀ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ। ਜੇਕਰ ਇਹ ਕਿਸੇ ਨਾਲ ਕੋਈ ਵੀ ਲੈਣ ਦੇਣ ਕਰਦੇ ਹਨ ਤਾਂ ਇਸ ਵਿਚ ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਗੁਰਚਰਨ ਸਿੰਘ ਪੁੱਤਰ ਅਰਜਨ ਸਿੰਘ, ਵਾਸੀ ਕਾਲ ਬੰਜਾਰਾ, ਤਹਿਸੀਲ ਲਹਿਰਾ, ਜ਼ਿਲ੍ਹਾ ਸੰਗਰੂਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਗਸੀਰ ਸਿੰਘ ਅਤੇ ਉਸ ਦੀ ਪਤਨੀ ਸੁਮਨਦੀਪ ਕੌਰ ਅਤੇ ਉਨ੍ਹਾਂ ਦੇ ਬੱਚੇ ਮਨਵੀਰ ਕੌਰ ਅਤੇ ਖੁਸ਼ਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ, ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਦਰਸ਼ਨ ਲਾਲ ਪੁੱਤਰ ਸ੍ਰੀ ਕਰਮ ਚੰਦ, ਵਾਸੀ ਪਿੰਡ ਰਾਮ ਟਟਵਾਲੀ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਤਪਾਲ ਸਿੰਘ ਅਤੇ ਮੇਰੀ ਪੁੱਤਰੀ ਸੰਦੇਸ਼ ਕੁਮਾਰੀ ਹਰ ਵੇਲੇ ਘਰ ਵਿਚ ਲੜਾਈ ਰੱਖਦੇ ਹਨ। ਮੈਂ ਇਨ੍ਹਾਂ ਨੂੰ ਬਹੁਤ ਸਮਝਾਉਣ ਦੀ ਕੋਸ਼ਿਸ਼ ਕੀਤੀ, ਪਰ ਉਹ ਨਹੀਂ ਸਮਝੇ। ਮੈਂ ਆਪਣੇ ਪੁੱਤਰ ਸਤਪਾਲ ਸਿੰਘ ਅਤੇ ਪੁੱਤਰੀ ਸੰਦੇਸ਼ ਕੁਮਾਰੀ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੈਂ ਉਨ੍ਹਾਂ ਦੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦਾ ਜ਼ਿੰਮੇਵਾਰ ਨਹੀਂ ਹਾਂ। ਉਹ ਆਪਣੇ ਕੀਤੇ ਦੇ ਖੁਦ ਜ਼ਿੰਮੇਵਾਰ ਹੋਣਗੇ। ਸੰਬੰਧਤ ਨੋਟ ਕਰਨ।

ਮੈਂ, ਨਿਰਮਲ ਸਿੰਘ ਪੁੱਤਰ ਮੇਜਰ ਸਿੰਘ, ਵਾਸੀ ਬਿਲਾਸਪੁਰ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਰਮਨਦੀਪ ਕੌਰ (ਸ਼ਾਦੀਸ਼ੁਦਾ) ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਸ਼ਰਨਜੀਤ ਕੌਰ ਪਤਨੀ ਗੁਰਮੀਤ ਇੰਦਰ ਸਿੰਘ , ਵਾਸੀ ਮਕਾਨ ਨੰਬਰ 83 , A.S. ਵਿਲਾ ਕਲੋਨੀ , ਨੇੜੇ ਡੱਲੀ ਪੈਲਸ , ਕਾਲਾ ਸੰਘਾਂ ਰੋਡ , ਜਲੰਧਰ ਇਹ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਸਰਾਜ ਸਿੰਘ ਅਤੇ ਉਸਦੀ ਪਤਨੀ ਮਨਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ।ਇਸ ਲਈ ਮੈਂ ਇਹਨਾਂ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ ਰਾਣੋ ਪਤਨੀ ਸਵਰਗਵਾਸੀ ਜਸਵਿੰਦਰ ਸਿੰਘ , ਵਾਸੀ ਪਿੰਡ ਕਾਦੀਆਂਵਾਲੀ , ਡਾਖਾਨਾ ਜਮਸ਼ੇਰ ਖਾਸ , ਤਹਿਸੀਲ ਤੇ ਜਿਲਾ ਜਲੰਧਰ ਇਹ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗਗਨ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ ।ਇਸ ਲਈ ਮੈਂ ਇਸ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਅਸੀਂ ਅਨੰਦ ਪ੍ਰਕਾਸ਼ ਪੁੱਤਰ ਕਰਨ ਸਿੰਘ ਅਤੇ ਬਿਮਲਾ ਸ਼ਰਮਾ ਪਤਨੀ ਅਨੰਦ ਪ੍ਰਕਾਸ਼ , ਵਾਸੀਆਨ ਮਕਾਨ ਨੰਬਰ 311, ਅਸ਼ੋਕ ਵਿਹਾਰ , ਜਲੰਧਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕੀ ਭਾਰਤੀ ਸ਼ਰਮਾ ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਲਈ ਅਸੀਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ ।

ਮੈਂ ਬਲਦੇਵ ਸਿੰਘ ਪੁੱਤਰ ਸ਼ੰਗਾਰਾ ਸਿੰਘ ਵਾਸੀ ਪਿੰਡ ਰੁਪੋਵਾਲੀ ਕਲਾਂ,ਕੱਥੂਨੰਗਲ,ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਹਰਪ੍ਰੀਤ ਕੌਰ ਜੋ ਕਿ ਮੇਰੇ ਕਹਿਣੇ,ਸੁਣਨੇ ਤੋਂ ਬਾਹਰ ਹੈ, ਆਪਣੀ ਮਨ ਮਰਜ਼ੀ ਕਰਦੀ ਹੈ। ਮੈਂ ਉਸਨੂੰ ਆਪਣੀ ਹਰ ਕਿਸਮ ਦੀ ਚੱਲ,ਅਚੱਲ ਜਇਦਾਦ ਤੋਂ ਬੇਦਖਲ ਕਰਦਾ ਹਾਂ।ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜਿੰਮੇਵਾਰ ਹੋਵੇਗੀ। ਮੇਰਾ ਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਤਲਕਵਾਸਤਾ ਨਹੀਂ ਹੈ।

ਮੈਂ ਪ੍ਰਤਾਪ ਸਿੰਘ ਪੁੱਤਰ ਹਰਬੰਸ ਸਿੰਘ ਵਾਸੀ ਪਿੰਡ ਰੂਪੋਵਾਲੀ ਕਲਾਂ ਤਹਿਸੀਲ ਮਜੀਠਾ,ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਲਵਪ੍ਰੀਤ ਸਿੰਘ ਅਤੇ ਉਸਦੀ ਪਤਨੀ ਨੇਹਾ ਜੋ ਕਿ ਮੇਰੇ ਕਹਿਣੇ,ਸੁਣਨੇ ਤੋਂ ਬਾਹਰ ਹਨ, ਆਪਣੀ ਮਨ ਮਰਜੀ ਕਰਦੇ ਹਨ ਅਤੇ ਲੜਾਈ ਝਗੜਾ ਕਰਦੇ ਰਹਿੰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਹਰ ਕਿਸਮ ਦੀ ਚੱਲ,ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ ਹੈ।

ਮੈਂ, ਅਸ਼ੋਕ ਕੁਮਾਰ ਪੁੱਤਰ ਕੇਵਲ ਕ੍ਰਿਸ਼ਨ ਵਾਸੀ ਮਕਾਨ ਨੰਬਰ 148, ਗਲੀ ਨੰਬਰ 17, ਗੁਰੂ ਨਾਨਕ ਪੁਰਾ, ਵੈਸਟ ਜਲੰਧਰ-1, ਜ਼ਿਲ੍ਹਾ ਜਲੰਧਰ, ਪੰਜਾਬ-144001 ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੰਜੇ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਦਿਲਬਾਗ ਸਿੰਘ ਪੁੱਤਰ ਗੁਰਮੇਜ ਸਿੰਘ ਵਾਸੀ ਪਿੰਡ ਮਹਿਸਮਪੁਰ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਲਕੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਹਰਮੇਸ਼ ਲਾਲ ਪੁੱਤਰ ਸ਼੍ਰੀ ਮਨੀ ਰਾਮ ਵਾਸੀ ਪਿੰਡ ਭੱਟਲਾਂ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਦਿਆਲ ਵਾ ਉਸਦੀ ਪਤਨੀ ਜਸਵੀਰ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ, ਬਿੱਟੂ ਮਸੀਹ ਪੁੱਤਰ ਦਾਰ ਮਸੀਹ ਅਤੇ ਪਰਮਜੀਤ ਪਤਨੀ ਬਿੱਟੂ ਮਸੀਹ, ਵਾਸੀ ਵਾਰਡ ਨੰ: 21, ਨਾਬੀਪੁਰ ਕਾਲੋਨੀ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਸਾਡਾ ਪੁੱਤਰ ਜੋਰਜ, ਜੋ ਸਾਡੇ ਕਹਿਣੇ ਤੋਂ ਬਾਹਰ ਹੋਣ ਕਰਕੇ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

# ਹੜ੍ਹ ਪ੍ਰਭਾਵਤ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਸੰਬੰਧੀ ਡੀ ਟੀ ਐੱਫ ਦਾ ਵਫ਼ਦ ਬੋਰਡ ਚੇਅਰਮੈਨ ਨੂੰ ਮਿਲਿਆ



ਮੋਹਾਲੀ (ਗੁਰਜੀਤ ਬਿੱਲਾ)-ਪੰਜਾਬ ਦੇ ਹੜ੍ਹ ਪ੍ਰਭਾਵਤ ਖੇਤਰਾਂ ਦੇ ਵਿਦਿਆਰਥੀਆਂ ਨੂੰ ਅੱਠਵੀਂ ਅਤੇ ਦਸਵੀਂ ਸ਼੍ਰੇਣੀਆਂ ਦੀ ਪ੍ਰੀਖਿਆ ਫੀਸ ਭਰਨ ਤੋਂ ਛੋਟ ਦੇਣ, ਕਿਤਾਬਾਂ ਦੇ ਹੋਏ ਨੁਕਸਾਨ ਦੀ ਪੂਰਤੀ ਅਤੇ ਪੰਜਵੀਂ ਤੋਂ ਬਾਰ੍ਹਵੀਂ ਤੱਕ ਦੀ ਸਰਟੀਫਿਕੇਟ ਫੀਸ ਰੱਦ ਕਰਨ ਦੀ ਮੰਗ ਨੂੰ ਲੈ ਕੇ ਡੈਮੋਕ੍ਰੈਟਿਕ ਟੀਚਰਜ਼ ਫ਼ਰੰਟ ਵੱਲੋਂ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ ਦੀ ਅਗਵਾਈ ਵਿੱਚ ਚੇਅਰਮੈਨ ਡਾ. ਅਮਰਪਾਲ ਸਿੰਘ ਨਾਲ ਮੀਟਿੰਗ ਕੀਤੀ ਗਈ। ਇਸ ਮੀਟਿੰਗ ਮੌਕੇ ਸਕੱਤਰ ਪੰਜਾਬ ਸਕੂਲ ਸਿੱਖਿਆ ਬੋਰਡ ਗੁਰਿੰਦਰ ਸਿੰਘ ਸੋਢੀ ਵੀ ਸ਼ਾਮਲ ਹੋਏ। ਚੇਅਰਮੈਨ ਵੱਲੋਂ ਸਾਰੇ ਮਾਮਲੇ 'ਤੇ ਬਣੀ ਪੰਜਾਬ ਸਰਕਾਰ ਦੀ ਹੜ੍ਹਾਂ ਸਬੰਧੀ ਉੱਚ ਪੱਧਰੀ ਕਮੇਟੀ ਨਾਲ ਰਾਬਤਾ ਕਰਕੇ ਵਿਦਿਆਰਥੀਆਂ ਨੂੰ ਬਣਦੀ ਰਾਹਤ ਦੇਣ ਦਾ ਭਰੋਸਾ ਦਿੱਤਾ। ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਗੁਰਪਿਆਰ ਸਿੰਘ ਕੋਟਲੀ ਨੇ ਦੱਸਿਆ ਕਿ ਬੀਤੀ ਅਗਸਤ-ਸਤੰਬਰ ਦਰਮਿਆਨ ਪੰਜਾਬ ਦਾ ਇੱਕ ਵੱਡਾ ਹਿੱਸਾ ਹੜ੍ਹਾਂ ਦੀ ਮਾਰ ਹੇਠ ਆਇਆ ਹੈ। ਹੜ੍ਹ ਪ੍ਰਭਾਵਤ ਇਲਾਕਿਆਂ ਵਿੱਚ ਲੋਕਾਂ ਦਾ ਬੇਸ਼ਕੀਮਤੀ ਜਾਨੀ ਅਤੇ ਮਾਲੀ ਨੁਕਸਾਨ ਹੋਇਆ ਹੈ। ਜਿੱਥੇ ਇਨ੍ਹਾਂ ਪਿੰਡਾਂ ਵਿੱਚ ਰਹਿ ਰਹੇ ਕਿਸਾਨ ਵਰਗ ਦੀਆਂ ਫ਼ਸਲਾਂ ਤਬਾਹ ਹੋ ਗਈਆਂ ਹਨ ਉੱਥੇ ਹੀ ਮਜ਼ਦੂਰ ਤੇ ਬਾਕੀ ਨਿਮਨ ਵਰਗਾਂ ਲਈ ਵੀ ਨਿਕਟ ਭਵਿੱਖ ਵਿੱਚ ਰੁਜ਼ਗਾਰ ਮਿਲਣ ਵਾਲੀ ਸਥਿਤੀ ਨਹੀਂ । ਇਨ੍ਹਾਂ ਇਲਾਕਿਆਂ ਦੇ ਲੋਕਾਂ ਦੀ ਜ਼ਿੰਦਗੀ ਨੂੰ ਪਟੜੀ 'ਤੇ ਆਉਣ ਵਿੱਚ ਵੀ ਹਾਲੇ ਲੰਬਾਂ ਸਮਾਂ ਲੱਗੇਗਾ। ਇਸ ਵੱਡੀ ਤਰਾਸਦੀ ਦੀ ਮਾਰ ਵਿਦਿਆਰਥੀ ਵਰਗ 'ਤੇ ਵੀ ਪਈ ਹੈ। ਹੜ੍ਹ ਪ੍ਰਭਾਵਤ ਖੇਤਰਾਂ ਵਿੱਚ ਲੋਕਾਂ ਦਾ ਭਾਰੀ ਆਰਥਿਕ ਨੁਕਸਾਨ ਹੋਇਆ ਹੋਣ ਕਾਰਨ ਇੱਥੋਂ ਦੇ ਵਿਦਿਆਰਥੀ ਵਰਗ ਨੂੰ ਪ੍ਰੀਖਿਆ ਫੀਸਾਂ ਭਰਨ ਵਿੱਚ ਗੰਭੀਰ ਸਮੱਸਿਆ ਦਰਪੇਸ਼ ਹੈ। ਵੱਡੀ ਗਿਣਤੀ ਸਕੂਲਾਂ ਅਤੇ ਘਰਾਂ ਦੇ ਲੰਬਾ ਸਮਾਂ ਪਾਣੀ ਦੀ ਮਾਰ ਹੇਠ ਰਹਿਣ ਕਾਰਨ ਵਿਦਿਆਰਥੀਆਂ ਦੀਆਂ ਕਿਤਾਬਾਂ ਦਾ ਨੁਕਸਾਨ ਵੀ ਹੋਇਆ ਹੈ।ਡੈਮੋਕ੍ਰੈਟਿਕ ਟੀਚਰਜ਼ ਫਰੰਟ ਨੇ ਮੰਗ ਪੱਤਰ ਸੌਂਪਦਿਆਂ ਪੰਜਾਬ ਸਕੂਲ ਸਿੱਖਿਆ ਬੋਰਡ ਪਾਸੋਂ ਮੰਗ ਕੀਤੀ ਕਿ ਪੰਜਾਬ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਮਾਰਚ-2026 (ਰੈਗੂਲਰ) ਦੇ ਸਮੂਹ ਵਿਦਿਆਰਥੀਆਂ ਦੀ ਪ੍ਰੀਖਿਆ ਫੀਸ ਮੁਆਫ਼ ਕੀਤੀ ਜਾਵੇ। ਹੜ੍ਹ ਪ੍ਰਭਾਵਿਤ ਖੇਤਰਾਂ ਨਾਲ ਸਬੰਧਤ ਸਾਰੀਆਂ ਸ਼੍ਰੇਣੀਆਂ ਦੇ ਵਿਦਿਆਰਥੀਆਂ ਦੀ ਕਿਤਾਬਾਂ ਦੀ ਉਪਲਬਧਤਾ ਬਾਰੇ ਰਿਪੋਰਟ ਇਕੱਤਰ ਕੀਤੀ ਜਾਵੇ ਅਤੇ ਹੋਏ ਨੁਕਸਾਨ ਦਾ ਮੁਲਾਂਕਣ ਕਰਕੇ ਤੁਰੰਤ ਵਿਦਿਆਰਥੀਆਂ ਨੂੰ ਲੋੜੀਂਦੀਆਂ ਕਿਤਾਬਾਂ ਮੁਹਈਆ ਕਰਵਾਈਆਂ ਜਾਣ। ਪੰਜਵੀਂ, ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਜਮਾਤਾਂ ਦੇ ਪੰਜਾਬ ਦੇ ਸਮੂਹ ਵਿਦਿਆਰਥੀਆਂ 'ਤੇ ਸਰਟੀਫਿਕੇਟ ਦੀ ਹਾਰਡ ਕਾਪੀ ਲੈਣ 'ਤੇ ਲਗਾਈ ਗੈਰ ਵਾਜਬ ਫੀਸ ਰੱਦ ਕੀਤੀ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗਿਆਨ ਚੰਦ (ਜ਼ਿਲ੍ਹਾ ਪ੍ਰਧਾਨ ਰੂਪਨਗਰ), ਸ਼ਿਵ ਸ਼ੰਕਰ ਸ਼ਰਮਾ (ਡੀ ਟੀਐੱਫ ਮੋਹਾਲੀ), ਸੁਖਜੀਤ ਸਿੰਘ (ਡੀ ਟੀ ਐੱਫ ਮਾਲੇਰਕੋਟਲਾ) ਅਤੇ ਦਿਲਬਾਗ ਸਿੰਘ ਰਈਆ (ਸ੍ਰੀ ਅੰਮ੍ਰਿਤਸਰ) ਸ਼ਾਮਿਲ ਰਹੇ।

# ਨੰਗਲ ਵਾਸੀਆਂ ਨੂੰ ਸ਼ੁੱਧ ਪੀਣ ਵਾਲੇ ਪਾਣੀ ਦੀ ਮਿਲੇਗੀ ਸੌਗਾਤ : ਹਰਜੋਤ ਬੈਂਸ



ਨੰਗਲ ਭਲਾਣ (ਹਰਭਜਨ ਢਿੱਲੋਂ, ਸੁਰਜੀਤ ਢੇਰ)-ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਨੇ ਦੱਸਿਆ ਕਿ ਵਿਧਾਨ ਸਭਾ ਹਲਕੇ ਦੇ ਪ੍ਰਮੁੱਖ ਸ਼ਹਿਰ ਨੰਗਲ ਵਾਸੀਆਂ ਦੀ ਲੰਮੇ ਅਰਸੇ ਤੋਂ ਲੰਬਿਤ ਪਈ ਸਾਫ ਪਾਣੀ ਦੀ ਮੰਗ ਨੂੰ ਬੂਰ ਪਾਉਂਦੇ ਹੋਏ 16 ਕਰੋੜ ਦੀ ਲਾਗਤ ਨਾਲ ਸਤਲੁਜ ਦਰਿਆ ਤੋਂ ਟ੍ਰੀਟ ਕੀਤਾ ਪਾਣੀ ਨੰਗਲ ਸ਼ਹਿਰ ਦੇ ਕੋਨੇ ਕੋਨੇ ਤੱਕ ਪਹੁੰਚਾਉਣ ਦੇ ਪ੍ਰੋਜੈਕਟ ਦਾ ਕੰਮ ਸ਼ੁਰੂ ਕਰਵਾ ਦਿੱਤਾ ਹੈ। ਇਸ ਇਲਾਕੇ ਦੇ ਲੋਕਾਂ ਦੀ ਪਾਣੀ ਦੀ ਥੁੜ ਇਸ ਨਾਲ ਬਿਲਕੁਲ ਖਤਮ ਹੋ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਅਸੀ ਪਿਛਲੀਆ ਸਰਕਾਰਾ ਦੀਆਂ ਗਲਤੀਆਂ ਸੁਧਾਰਨ ਵਿਚ ਲੱਗੇ ਹੋਏ ਹਾਂ। ਬੈਂਸ ਨੇ ਕਿਹਾ ਕਿ ਇਸ ਇਲਾਕੇ ਲਈ ਇਹ ਬਹੁਤ ਵੱਡੀ ਤਰਾਸਦੀ ਹੈ ਕਿ ਭਾਖੜਾ ਡੈਮ ਅਤੇ ਸਤਲੁਜ ਦਰਿਆ ਤੇ ਨਹਿਰਾਂ ਦੇ ਨਾਲ ਘਿਰੇ ਹੋਏ ਨੰਗਲ ਵਰਗੇ ਸ਼ਹਿਰ ਵਿੱਚ ਲੋਕ ਪਾਣੀ ਦੀ ਸਹੂਲਤ ਤੋਂ ਤਰਸ ਰਹੇ ਹਨ। ਉਨ੍ਹਾਂ ਕਿਹਾ ਕਿ ਉਦਯੋਗਿਕ ਇਕਾਈਆਂ ਹੋਣ ਕਾਰਨ ਜ਼ਮੀਨ ਹੇਠਲਾ ਪਾਣੀ ਦੂਸ਼ਿਤ ਹੋ ਰਿਹਾ ਹੈ ਅਤੇ ਬੋਰ ਬੰਦ ਹੋ ਰਹੇ ਹਨ, ਪ੍ਰੰਤੂ ਕੁਦਰਤੀ ਮਨਮੋਹਕ ਇਸ ਹਰੇ ਭਰੇ ਇਲਾਕੇ ਵਿੱਚ ਸਮੇਂ ਦੀਆਂ ਸਰਕਾਰਾਂ ਨੇ ਪਾਣੀ ਦੀ ਸਹੂਲਤ ਲਈ ਕੋਈ ਵਿਸ਼ੇਸ਼ ਉਪਰਾਲੇ ਨਹੀ ਕੀਤੇ, ਜਿਸ ਕਾਰਨ ਇਸ ਇਲਾਕੇ ਵਿਚ ਰਹਿ ਰਹੇ ਲੋਕ ਪਾਣੀ ਦੀ ਬੁਨਿਆਦੀ ਸਹੂਲਤ ਨੂੰ ਤਰਸ ਰਹੇ ਹਨ।ਕੈਬਨਿਟ ਮੰਤਰੀ ਨੇ ਕਿਹਾ ਕਿ ਅੱਜ ਨੰਗਲ ਡੈਮ ਵਿਖੇ ਨੰਗਲ ਸ਼ਹਿਰ ਨੂੰ ਜਲਦੀ ਹੀ ਸਤਲੁਜ ਦਰਿਆ ਦਾ ਸਾਫ ਤੇ ਟਾਕਸਿਕ-ਫਰੀ ਪਾਣੀ ਮਿਲੇਗਾ। ਇਸ ਮਹੱਤਵਪੂਰਨ ਪ੍ਰੋਜੈਕਟ ਲਈ 16 ਕਰੋੜ ਰੁਪਏ ਦਾ ਟੈਂਡਰ ਲੱਗ ਚੁੱਕਿਆ ਹੈ, ਜਿਸ ਤਹਿਤ ਪੂਰੇ ਨੰਗਲ ਸ਼ਹਿਰ ਨੂੰ ਨਹਿਰੀ ਪਾਣੀ ਦੀ ਸਪਲਾਈ ਨਾਲ ਜੋੜਿਆ ਜਾਵੇਗਾ।ਉਨ੍ਹਾਂ ਕਿਹਾ ਕਿ ਹੁਣ ਸਤਲੁਜ ਦਰਿਆ ਦਾ ਪਵਿੱਤਰ ਤੇ ਪਹਾੜਾਂ ਤੋਂ ਆਉਣ ਵਾਲਾ ਸ਼ੁੱਧ ਪਾਣੀ ਨੰਗਲ ਦੇ ਹਰ ਘਰ ਤੱਕ ਪਹੁੰਚਾਇਆ ਜਾਵੇਗਾ। ਬੈਂਸ ਨੇ ਕਿਹਾ, ਇਹ ਪ੍ਰੋਜੈਕਟ ਨੰਗਲ ਸ਼ਹਿਰ ਲਈ ਇਕ ਵੱਡੀ ਸੌਗਾਤ ਹੈ।ਇਸ ਮੌਕੇ ਡਾ.ਸੰਜੀਵ ਗੌਤਮ ਚੇਅਰਮੈਨ ਗੁਰੂ ਰਵਿਦਾਸ ਆਯੁਰਵੈਦਿਕ ਯੂਨੀਵਰਸਿਟੀ ਤੇ ਜ਼ਿਲ੍ਹਾ ਪ੍ਰਧਾਨ ਰੂਪਨਗਰ ਹਾਜ਼ਰ ਸਨ।

## ਨੋਟਿਸ

ਮੈਸਰਜ਼ ਐੱਸ ਸਤਨਾਮ ਸਿੰਘ ਮੈਮੋਰੀਅਲ ਇਨੋਸੈਂਟ ਹਾਰਟਸ ਮਲਟੀਸਪੈਸਿਲਟੀ ਹਸਪਤਾਲ ਨੇੜੇ ਟੀ. ਵੀ. ਟਾਵਰ ਅੱਡਾ ਖਾਂਬੜਾ, ਨਕੋਦਰ, ਰੋਡ ਜਲੰਧਰ, ਪੰਜਾਬ ਵੱਲੋਂ ਸੂਚਿਤ ਕੀਤਾ ਜਾਂਦਾ ਹੈ ਕਿ ਮੈਡੀਕਲ ਰਿਕਾਰਡ ਫਾਇਲਜ਼/ਆਈ ਪੀ ਡੀ ਰਿਕਾਰਡਜ਼ 1.09.2016 ਤੋਂ 31.03.2021 ਤੱਕ ਐੱਮ.ਆਰ. ਡੀ. ਤੋਂ 15.11.2025 ਨੂੰ ਨਸ਼ਟ ਕੀਤਾ ਜਾ ਰਿਹਾ ਹੈ। ਜੇਕਰ ਕਿਸੇ ਨੇ ਇਨ੍ਹਾਂ ਰਿਕਾਰਡਾਂ ਸੰਬੰਧੀ ਕੋਈ ਜਾਣਕਾਰੀ ਲੈਣੀ ਹੈ ਤਾਂ ਉਹ ਸਾਰੇ ਪ੍ਰਸ਼ਾਸਕ (7730800300) ਨੂੰ ਹਸਪਤਾਲ ਵਿਚ 12.11.2025 ਤੋਂ ਪਹਿਲਾਂ ਮਿਲ ਸਕਦਾ ਹੈ। ਨੋਟਿਸ 'ਚ ਦਿੱਤੇ ਸਮੇਂ ਤੋਂ ਬਾਅਦ ਹਸਪਤਾਲ ਕਿਸੇ ਵੀ ਦਾਅਵੇ ਲਈ ਜ਼ਿੰਮੇਵਾਰ ਨਹੀਂ ਹੋਵੇਗਾ।

## COURT NOTICE

(U/o 5 Rule 20 CPC)
In the Court of Arun Thapa
Civil Judge (Junior Division), Amritsar
CNR No. PBAS02-001819-2025
Next Date :- 03-11-2025
Manoj Kumar
Vs
Baldev Raj and brothers
RENT

Publication Issued to :

Baldev Raj and brothers at shop part of Building Bearing No. 2853/2 and another 3327/2 Khana Shimari at Partap Bazar Near Partap Gali, Tehsil and Distt. Amritsar its Partner Hari Chand and Baldev Raj through their heirs.

2 :- Hari Chand S/o Nihal Chand through Lrs. :- (1) Santosh Rani Wd/o Hari Chand, (2) Anjana (Daughter) (3) Ranjana (Daughter)

3 :- Baldev Raj through Lrs :- (1) Sudesh Rani Wd/o Baldev Raj (2) Rakesh Kumar S/o Late Baldev Raj (3) Sweety D/o Late Baldev Raj (4) Rosy D/o Late Baldev. All R/o 20-A Garden Colony near Chhachi Hospital, Amritsar-1.

In the above titled the defendant(s)/respondent(s) could not be served. It is ordered that the defendant(s) /respondent(s) should appear in person or through counsel on 03.11.2025 at 10 a.m.

For details logon to https://highcourtchd.gov.in/?trs=district_notice&district=Amritsar

Civil Judge (Junior Division), Amritsar
Dated, this day of 03-10-2025

## PUBLIC NOTICE

Under the instruction of Adhaar Housing Finance Ranjeet Avenue. Amritsar I hereby informed the general public that I Avtar Singh s/o Joginder Singh R/o Wadala Granthian, PO Govt. Poly. Tech Batala, DisttGurdaspur A DDR has also been got registered in this respect having details Sr no 637367 dated 09/10/2025 PS SekhwanBatala, DisttGurdaspur I Inform you. I have Lost Original Previous Sale Deed, and Correction deed I came from my house to Village Sekhwan Tehsil BatalaDistt. Gurdaspur dated 10/02/2025, I had my handbag in which my Original Registry was lost, I tried a lot to find it but could not find it, which is as follows.1.Sale deed from Bhupinder Singh s/o Karam Singh in favour of Sukhbir Singh s/o Jagir Singh, Total Area 0-5 Marle, Khasra No.112//7, Situated at WadalaGranthian, Tehsil BatalaDistt. Gurdaspur.Registered Document No.95 Bahi No.1 JildNo.0 Page No.0 Dated 21/04/2005.2. Correction deed from Bhupinder Singh s/o Karam Singh in favour of Sukhbir Singh s/o Jagir Singh, Total Area 0-5 Marle, Khasra No.112//7, Situated at WadalaGranthian, Tech Tehsil BatalaDistt. Gurdaspur Registered Document No.2019-20/151/1/ 880 Dated 21/08/2019 Anybody having claim or claiming any prior rights or interest in any manner in this property or has raised loan by depositing the aforesaid Transfer Deed to any person/ bank/ corporation/ financial institution may approach the undersigned in writing and may submit objections within 7 days from the date of this public notice in writing. After the expiry of the period of this notice, no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law. It shall also be deemed that nobody has any objection for mortgaging the aforesaid property with Adhaar Housing Finance, Ranjeet Avenue. Amritsar. VikasVerma (Advocate) House No. 264 Basant Avenue NearL.M. A House Amritsar Ph: 9815156302

## NOTICE

(U/o 5 Rule 20 CPC)
In the Court of Shivani
Civil Judge (Junior Division), Amritsar
CNR No. PBAS02-005667-2023
Next Date :- 14-10-2025
Punjab National Bank
Vs
Jarnail Singh
CS Recovery

Publication Issued to :

1. Jarnail Singh S/o Ajit Singh
2. Ninder Kaur W/o Jarnail Singh. Both R/o Village Jathole, Tehsil and Distt. Amritsar.

In the above titled case the defendant(s)/respondent(s) could not be served. It is ordered that defendant(s)/respondent(s) should appear in person or through counsel on 14.10.2025 at 10 a.m.

For details logon to https://highcourtchd.gov.in/?trs=district_notice&district=Amritsar

Civil Judge (Junior Division), Amritsar
Dated, this day of 10-10-2025

## NOTICE

In the Court of Shivani
Judicial Magistrate First Class, Amritsar
CNR No. PBAS03-008715-2023
Next Date :- 24-10-2025
Rukmani
Vs
Ajay Kumar

Publication Issued to :

1. Ajay Kumar
S/o Rohtash Kumar R/o Bahli (136/1) Rampur, Shimla, Himachal Pradesh-172022, 2nd Address H. No. 165, Street No. 6, Near Shiv Mandir Bank Colony, Haibowal Kalan, Ludhiana, 96906-88135, 62397-67738
2. Rohtash s/o Raghubir Singh
H. No. 136/1, Bahli, Rampur, Shimla, Himachal Pradesh-172022, Working as Safai Karmachari at Civil Hospital Bahili, Rampur, Shimla H.P. (M.No. 85808-28343, 94959-72756)
3. Manju W/o Rohtash s/o Raghubir Singh
136/1, Bahli, Rampur, Shimla, Himachal Pradesh 172022,

In the above titled case the accused could not be served. It is ordered that accused should appear in person or through counsel on 24.10.2025 at 10 a.m.

For d0etails logon to https://highcourtchd.gov.in/?trs=district_notice&district=Amritsar

Judicial Magistrate First Class, Amritsar
Dated, this day of 10-10-2025

## COURT NOTICE

(U/o 5 Rule 20 CPC)
In the Court of Shivani
Civil Judge (Junior Division), Amritsar
CNR No. PBAS02-003950-2025
Next Date :- 01-11-2025
Suraj Mehta
Vs
Rohini Mehra
PER INJ

Publication Issued to :
Rohini Mehra
W/o Suraj Mehra D/o Late Subash Arora, R/o Banarsi Di Hatti, Main Bazar, Gartoli Mohalla, Pathankot.

In the above titled case the defendant(s)/respondent(s) could not be served. It is ordered that defendant(s)/respondent(s) should appear in person or through counsel on 01.11.2025 at 10 a.m.

For details logon to https://highcourtchd.gov.in/?trs=district_notice&district=Amritsar

Civil Judge (Junior Division), Amritsar
Dated, this day of 10-10-2025

## ਨਿਲਾਮੀ ਸੂਚਨਾ

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਸਲੀਣਾ ਵਿਖੇ ਪੰਜ ਕਮਰਿਆਂ ਨੂੰ ਢਾਹੁਣ ਅਤੇ ਬਾਲੇ, ਗਾਡਰ, ਦਰਵਾਜ਼ੇ, ਖਿੜਕੀਆਂ ਦੀ ਬੋਲੀ ਮਿਤੀ 11.10.2025 ਨੂੰ ਸਵੇਰੇ 9.00 ਵਜੇ। ਘੱਟੋ-ਘੱਟ ਰਾਖਵੀਂ ਕੀਮਤ 1.90 ਲੱਖ ਰੁਪਏ।

## PUBLIC NOTICE

It is inform to General Public that Jagdeep Kaur Gill wife of Sh. Amardeep Singh Gill, resident of House No. 11, B/S. Dhingra Filling Station, Moon Avenue, Majitha Road, Amritsarhas represented to the Bank that the original previous General Power of Attorney Dated 06.09.2006 bearing Document No.9793 executed by Smt. Harinder Kaur wife of S. Amar Bikram Singh in favour of Smt. NishaKaher wife of Sh. Sweet Kumar is lost. The above mentioned General Power of Attorney in the chain of property owned by herself is lost and further Jagdeep Kaur entered into an agreement and agreed to sold the property to Smt. Satinder Dusanjh wife of Sh. Rajbir Singh and said Smt. Satinder Dusanjh has applied for a loan from Punjab & Sind Bank and said captioned mortgagor have approached the Bank to tender such property as security. If anyone has any objection or any claim over such property, he/she may inform within 15 days in writing to Punjab & Sind Bank, Branch Mudhal, Amritsar along with proof of his/her objection/claim, within the given period.

# ਆਰਜ਼ੀ ਲਾਇਸੰਸ ਧਾਰਕਾਂ ਲਈ ਪਟਾਕੇ ਵੇਚਣ ਲਈ ਥਾਵਾਂ ਦੀ ਸੂਚੀ ਕੀਤੀ ਜਾਰੀ

ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)- ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਪਟਾਕਿਆਂ ਦੀ ਵਿੱਕਰੀ ਲਈ ਆਰਜ਼ੀ ਲਾਈਸੰਸ ਧਾਰਕਾਂ ਲਈ ਪਟਾਕੇ ਵੇਚਣ ਲਈ ਥਾਵਾਂ ਨਿਰਧਾਰਤ ਕਰ ਦਿੱਤੀਆਂ ਗਈਆਂ ਹਨ।ਡਿਪਟੀ ਕਮਿਸ਼ਨਰ ਅਨੁਸਾਰ ਸੰਬੰਧਤ ਲਾਇਸੰਸ ਧਾਰਕ ਨੂੰ ਜਿਸ ਇਲਾਕੇ ਲਈ ਆਰਜ਼ੀ ਲਾਈਸੰਸ ਜਾਰੀ ਕੀਤਾ ਗਿਆ ਹੈ, ਉਹ ਕੇਵਲ ਉਸ ਇਲਾਕੇ ਵਿੱਚ ਨਿਰਧਾਰਤ ਥਾਂ 'ਤੇ, ਮਿੱਥੇ ਸਮੇਂ ਅਤੇ ਮਿੱਥੀਆਂ ਤਰੀਕਾਂ ਅਨੁਸਾਰ ਮੁਤਾਬਕ ਪਟਾਕੇ ਵੇਚ ਸਕੇਗਾ। ਇਨ੍ਹਾਂ ਵਿੱਚ ਸਬ ਡਵੀਜ਼ਨ ਮੋਹਾਲੀ ਵਿੱਚ ਫੇਸ 8 ਸਬਜ਼ੀ ਮੰਡੀ ਗਰਾਊਂਡ ਸਾਹਮਣੇ ਗੁਰਦੁਆਰਾ ਅੰਬ ਸਾਹਿਬ ਮੋਹਾਲੀ, ਸੈਕਟਰ 88 ਸਾਰਸ ਮੇਲਾ ਗਰਾਊਂਡ ਮੋਹਾਲੀ ਅਤੇ ਸ਼ਹੀਦ ਊਧਮ ਸਿੰਘ ਸਟੇਡੀਅਮ ਬਨੂੜ ਸ਼ਾਮਲ ਹਨ। ਸਬ ਡਵੀਜ਼ਨ ਖਰੜ ਵਿੱਚ ਨਗਰ ਕੌਂਸਲ ਖਰੜ ਅਧੀਨ ਸਾਹਮਣੇ ਮਿਊਂਸਪਲ ਪਾਰਕ ਪੁਰਾਣੀ ਮੋਰਿੰਡਾ ਰੋਡ ਖਰੜ, ਦੁਸਹਿਰਾ ਗਰਾਊਂਡ ਟਾਊਨ ਰੋਡ ਖਰੜ ਅਤੇ ਟੈਨਿਸ ਕੋਰਟ ਦੇ ਸਾਹਮਣੇ ਖਾਲੀ ਜਗ੍ਹਾ ਵਿੱਚ ਨਿਊ ਸਨੀ ਇਨਕਲੇਵ ਖਰੜ ਸ਼ਾਮਲ ਹਨ। ਨਗਰ ਕੌਂਸਲ ਕੁਰਾਲੀ ਤਹਿਤ ਸ਼ਹੀਦ ਬੇਅੰਤ ਸਿੰਘ ਸਟੇਡੀਅਮ ਸਿਸਵਾਂ ਰੋਡ ਅਤੇ ਸਟੇਡੀਅਮ ਸਿੰਘਪੁਰਾ ਰੋਡ ਕੁਰਾਲੀ ਜਦਕਿ ਨਗਰ ਕੌਂਸਲ, ਨਿਆਂ ਗਾਓ ਅਧੀਨ ਆਦਰਸ਼ ਨਗਰ ਨਵਾਂ ਗਾਉਂ ਸ਼ਾਮਲ ਹਨ।ਸਬ ਡਵੀਜ਼ਨ ਡੇਰਾਬੱਸੀ ਵਿੱਚ ਦੁਸਹਿਰਾ ਗਰਾਊਂਡ ਪਿੰਡ ਲੋਹਗੜ੍ਹ ਜ਼ੀਰਕਪੁਰ, ਇੰਸਟਨ ਕੋਰਟ ਕੰਪਲੈਕਸ (ਸਾਹਮਣੇ ਡੀ.ਐਸ.ਅਸਟੇਟ) ਪੁਰਾਣੀ ਕਾਲਕਾ ਰੋਡ ਢਕੋਲੀ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੇਰਾਬੱਸੀ ਤੇ ਖੇਡ ਸਟੇਡੀਅਮ ਲਾਲੜੂ ਸ਼ਾਮਿਲ ਹਨ।

## ਪਬਲਿਕ ਨੋਟਿਸ

ਇੱਛੁਕ ਪਾਰਟੀਆਂ/ਫਰਮਾਂ ਪਾਸੋਂ ਸੀ. ਐੱਚ. ਸੀ. ਸ਼ਾਮਚੁਰਾਸੀ, ਜ਼ਿਲ੍ਹਾ ਹੁਸ਼ਿਆਰਪੁਰ ਵਾਸਤੇ ਲੈਬ ਰੇਜਟ, ਡੈਂਟਲ ਮਟੀਰੀਅਲ, ਦਵਾਈਆਂ, ਐਕਸਰੇ ਫਿਲਮਾਂ, ਕੰਜ਼ਿਊਮੇਬਲਜ਼ ਮੈਟੀਰੀਅਲ, ਹੋਮੀਓਪੈਥਿਕ ਦਵਾਈਆਂ, ਦਫਤਰੀ ਫਰਨੀਚਰ, ਕੰਪਿਊਟਰ ਹਾਰਡਵੇਅਰ, ਕਰੈਸ਼ ਕਾਰਟ, ਸਕਸ਼ਨ ਮਸ਼ੀਨ ਵਾਸਤੇ ਸੀਲਡ ਟੈਂਡਰ ਦੀ ਮੰਗ ਕੀਤੀ ਜਾਂਦੀ ਹੈ। ਇਹ ਟੈਂਡਰ ਮਿਤੀ 23.10.2025 ਤੱਕ ਨਿਮਨਹਸਤਾਖਰ ਦੇ ਦਫ਼ਤਰ ਵਿਚ ਪਹੁੰਚ ਜਾਣੇ ਚਾਹੀਦੇ ਹਨ। ਆਈਮਜ਼ ਦੀ ਲਿਸਟ ਅਤੇ ਸਪੈਸੀਫਿਕੇਸ਼ਨ ਨਿਮਨਹਸਤਾਖਰ ਪਾਸੋਂ ਕਿਸੇ ਵੀ ਕੰਮ ਵਾਲੇ ਦਿਨ ਲਈ ਜਾ ਸਕਦੀ ਹੈ। ਇਹ ਟੈਂਡਰ ਮਿਤੀ 27.10.2025 ਨੂੰ ਦਿਨ ਦੇ 12 ਵਜੇ ਟੈਂਡਰਕਾਰਾਂ ਦੇ ਸਾਹਮਣੇ ਖੋਲ੍ਹੇ ਜਾਣਗੇ।

ਸਹੀ/-ਸੀਨੀਅਰ ਮੈਡੀਕਲ ਅਫਸਰ
ਸੀ.ਐੱਚ.ਸੀ. ਸ਼ਾਮ ਚੁਰਾਸੀ,
ਜ਼ਿਲ੍ਹਾ ਹੁਸ਼ਿਆਰਪੁਰ।

ਫਾਰਮ ਨੰ. 3
[ਦੇਖੋ ਰੈਗੂਲੇਸ਼ਨ -13 (1) (ਏ) (3)]

## DEBTS RECOVERY TRIBUNAL CHANDIGARH (DRT-1)

2ND FLOOR, SCO 33-34-35, SECTOR 17-A, CHANDIGARH

ਮੁਕੱਦਮਾ ਨੰ. ਓ ਏ/1079/2025 ਈ ਐੱਕਸ ਐੱਚ ਨੰ.30750

ਕਰਜ਼ਾ ਵਸੂਲੀ ਟ੍ਰਿਬਿਊਨਲ (ਅਮਲ) ਰੂਲਜ਼, 1993 ਦੇ ਨਿਯਮ 5 ਦੇ ਸਬ-ਨਿਯਮ (2-ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ

### ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ

ਬਨਾਮ

### ਸ੍ਰੀ ਗੁਰਪ੍ਰੀਤ ਸਿੰਘ ਬੱਲ ਉਰਫ਼ ਗੁਰਪ੍ਰੀਤ ਸਿੰਘ

ਸੇਵਾ 'ਚ

(1) ਸ੍ਰੀ ਗੁਰਪ੍ਰੀਤ ਸਿੰਘ ਬੱਲ ਉਰਫ਼ ਗੁਰਪ੍ਰੀਤ ਸਿੰਘ ਪੁੱਤਰ ਸ੍ਰੀ ਕੁਲਵੰਤ ਸਿੰਘ ਵਾਸੀ ਮਕਾਨ ਨੰ. 110, ਪਿੰਡ ਛੱਜਲਵੱਡੀ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ-143149

(2) ਸ੍ਰੀ ਕੁਲਵੰਤ ਸਿੰਘ ਪੁੱਤਰ ਸ੍ਰੀ ਰਾਮ ਸਿੰਘ ਵਾਸੀ ਪਿੰਡ ਛੱਜਲਵੱਡੀ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ-143149

(3) ਸ੍ਰੀ ਯਾਦਵਿੰਦਰ ਸਿੰਘ ਪੁੱਤਰ ਸ੍ਰੀ ਨਰਿੰਦਰ ਸਿੰਘ ਵਾਸੀ ਪਿੰਡ ਛੱਜਲਵੱਡੀ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ-143149

ਸੰਮਨ

ਜਦੋਂ ਕਿ ਓ ਏ/1079/2025 ਮਾਣਯੋਗ ਪ੍ਰਜ਼ਾਇਡਿੰਗ ਅਫਸਰ/ਰਜਿਸਟਰਾਰ ਸਨਮੁੱਖ 12.09.2025 ਨੂੰ ਸੂਚੀਬੱਧ ਕੀਤਾ ਗਿਆ ਸੀ।

ਜਦੋਂ ਕਿ ਤੁਹਾਡੇ ਵਿਰੁੱਧ ਰੁਪਏ 28,98,137.81/- ਦੀ ਕਰਜ਼ਾ ਵਸੂਲੀ ਲਈ ਉਕਤ ਅਰਜ਼ੀ 'ਤੇ ਐਕਟ ਦੇ ਸੈਕਸ਼ਨ 19 (4) (ਓ ਏ) ਤਹਿਤ (ਅਰਜ਼ੀ ਸਮੇਤ ਦਸਤਾਵੇਜ਼ਾਂ ਆਦਿ ਦੀਆਂ ਨਕਲਾਂ, ਨੱਥੀ) ਇਹ ਮਾਣਯੋਗ ਟ੍ਰਿਬਿਊਨਲ ਸੰਮਨ/ਨੋਟਿਸ ਜਾਰੀ ਕਰਨ ਦੀ ਖੁਸ਼ੀ ਪ੍ਰਾਪਤ ਕਰ ਰਿਹਾ ਹੈ।

ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ, ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :

(i) ਸੰਮਨ ਪ੍ਰਾਪਤੀ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਦਿੱਤੀ ਗਈ ਰਾਹਤ ਮਨਜ਼ੂਰ ਕਿਉਂ ਨਾ ਕੀਤੀ ਜਾਵੇ।

(ii) ਅਸਲ ਅਰਜ਼ੀ ਦੇ ਲੜੀ ਨੰ. 3 ਏ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਗਈਆਂ ਜਾਇਦਾਦਾਂ ਅਤੇ ਐੱਸਟਸ ਤੋਂ ਇਲਾਵਾ ਹੋਰ ਜਾਇਦਾਦਾਂ ਜਾਂ ਐੱਸਟਸ ਦੇ ਵੇਰਵਿਆਂ ਦਾ ਖੁਲਾਸਾ ਕਰਨਾ।

(iii) ਅਸਲ ਅਰਜ਼ੀ ਦੇ ਲੜੀ ਨੰ. 3 ਏ ਤਹਿਤ ਖੁਲਾਸਾ ਕੀਤੇ ਗਏ ਸਕਿਉਰਡ ਐੱਸਟਸ ਜਾਂ ਅਜਿਹੇ ਹੋਰ ਐੱਸਟਸ, ਲੰਬਿਤ ਸੁਣਵਾਈ ਅਤੇ ਜਾਇਦਾਦਾਂ ਦੀ ਕੁਰਕੀ ਲਈ ਅਰਜ਼ੀ ਦੇ ਨਿਪਟਾਰੇ ਸੰਬੰਧੀ ਤੁਹਾਡੇ 'ਤੇ ਪਾਬੰਦੀ ਹੈ।

(iv) ਜਿਹੜੀ ਸਕਿਉਰਟੀ 'ਤੇ ਹਿੱਤ ਲਾਗੂ ਹਨ ਜਾਂ ਹੋਰ ਐੱਸਟਸ ਅਤੇ ਅਸਲ ਅਰਜ਼ੀ ਦੇ ਲੜੀ ਨੰ. 3 ਏ 'ਚ ਖੁਲਾਸਾ ਕੀਤੀਆਂ ਗਈਆਂ ਜਾਇਦਾਦਾਂ ਟ੍ਰਿਬਿਊਨਲ ਦੀ ਅਗਾਊਂ ਮਨਜ਼ੂਰੀ ਤੋਂ ਬਿਨਾਂ, ਬਿਜ਼ਨਸ ਦੇ ਸਧਾਰਨ ਕੋਰਸ ਤੋਂ ਇਲਾਵਾ ਤੁਸੀਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ ਤਬਦੀਲ ਨਹੀਂ ਕਰ ਸਕਦੇ।

(v) ਸਕਿਉਰਡ ਐੱਸਟਸ ਦੀ ਵਿਕਰੀ ਜਾਂ ਬਿਜ਼ਨਸ ਦੇ ਸਧਾਰਨ ਕੋਰਸ 'ਚ ਹੋਰ ਐੱਸਟਸ ਅਤੇ ਜਾਇਦਾਦਾਂ ਅਤੇ ਅਜਿਹੇ ਐੱਸਟਸ 'ਤੇ ਸਕਿਉਰਟੀ ਰੱਖਦੇ ਬੈਂਕ ਜਾਂ ਵਿੱਤੀ ਸੰਗਠਨਾਂ ਦੇ ਖਾਤਿਆਂ 'ਚ ਵਿਕਰੀ ਰਾਹੀਂ ਜਮ੍ਹਾਂ ਅਜਿਹੀ ਆਮਦਨ ਸਾਕਾਰ ਵਿਕਰੀ ਆਮਦਨ ਦਾ ਹਿਸਾਬ ਦੇਣ ਲਈ ਤੁਸੀਂ ਜਵਾਬਦੇਹ ਹੋਵੇਗੇ।

ਤੁਹਾਨੂੰ ਲਿਖਤੀ ਬਿਆਨ ਸਮੇਤ ਬਿਨੈਕਾਰ ਨੂੰ ਉਸ ਦੀ ਨਕਲ ਦੇਣ ਦਾਇਰ ਕਰਨ ਨਾਲ ਰਜਿਸਟਰਾਰ ਦੇ ਸਨਮੁੱਖ 05-01-2026 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਨਿਰਦੇਸ਼ ਦਿੱਤੇ ਜਾਂਦੇ ਹਨ। ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਕੀਤੀ ਜਾਵੇਗੀ ਅਤੇ ਤੁਹਾਡੀ ਗੈਰ-ਹਾਜ਼ਰੀ 'ਚ ਫੈਸਲਾ ਦੇ ਦਿੱਤਾ ਜਾਵੇਗਾ।

ਮੇਰੇ ਦਸਤਖਤਾਂ ਤੇ ਟ੍ਰਿਬਿਊਨਲ ਦੀ ਮੋਹਰ ਨਾਲ 18-09-2025 ਨੂੰ ਜਾਰੀ ਕੀਤਾ ਗਿਆ।

ਸੰਮਨ ਜਾਰੀ ਕਰਨ ਦੇ ਅਧਿਕਾਰਤ ਅਫਸਰ ਦੇ ਦਸਤਖਤ

## YES BANK

YES BANK Limited
Registered and Corporate Office: Yes Bank House, Off Western Express Highway, Santacruz East, Mumbai – 400055 India. Website: www.yesbank.in Email: communications@yesbank.in CIN: L65190MH2003PLC143249

### ਸਰਫੇਸੀ ਐਕਟ ਦੇ ਸੈਕਸ਼ਨ 13 (2) ਅਧੀਨ ਨੋਟਿਸ ਦੀ ਪ੍ਰਕਾਸ਼ਨਾ

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ (ਕਰਜ਼ਦਾਰਾਂ)/ਗਰੰਟਰ/(ਗਰੰਟਰਾਂ)/ਨਿਰਦੇਸ਼ਕਾਂ/ਗਿਰਵੀਕਾਰ (ਗਿਰਵੀਕਾਰਾਂ), ਜਿਨ੍ਹਾਂ ਨੇ ਬੈਂਕ ਤੋਂ ਲਈ ਕਰਜ਼ਾ ਸਹੂਲਤ ਦਾ ਮੂਲ ਅਤੇ ਵਿਆਜ ਵਾਪਸ ਮੋੜਨ 'ਚ ਅਸਫਲਤਾ ਦਿਖਾਈ ਅਤੇ ਜਿਨ੍ਹਾਂ ਦੇ ਕਰਜ਼ਾ ਖਾਤੇ ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ 'ਐੱਸਟ ਕਲਾਸੀਫਿਕੇਸ਼ਨ ਗਾਈਡਲਾਈਨਜ਼' ਦੀਆਂ ਸ਼ਰਤਾਂ ਤੋਂ ਬਾਹਰੀ ਹੋਣ ਕਾਰਨ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਦੇ ਸੈਕਸ਼ਨ 13 (2) ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਤਹਿਤ ਉਨ੍ਹਾਂ ਦੇ ਜਾਣਕਾਰੀ ਵਾਲੇ ਆਖਰੀ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ, ਪਰੰਤੂ ਇਹ ਅਣਵੰਡੇ ਵਾਪਿਸ ਆ ਗਏ, ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਜਾਣਕਾਰੀ ਦਿੱਤੀ ਗਈ ਹੈ।

| ਲੜੀ ਨੰ. | ਖਾਤਾ ਨੰ. | ਕਰਜ਼ੇ ਦੀ ਕਿਸਮ | ਕਰਜ਼ਦਾਰ ਦਾ ਨਾਂਅ, ਸਹਿ-ਕਰਜ਼ਦਾਰ, ਰਹਿਣਕਾਰ | ਓ/ਐੱਸ 13 (2) ਨੋਟਿਸ ਅਨੁਸਾਰ | ਐੱਨ ਪੀ ਏ ਮਿਤੀ / ਨੋਟਿਸ ਦੀ ਮਿਤੀ |
|---|---|---|---|---|---|
| 1. | ਖਾਤਾ ਨੰ. MOR0071 01571103 | ਮੋਰ ਲੋਨ | 1. ਮੈਸਰਜ਼ ਬੀ ਆਰ ਸ਼ਰਮਾ ਕਨਫੈਕਸ਼ਨਰੀ ਰਾਹੀਂ ਇਸ ਦੇ ਮਾਲਕ ਸ੍ਰੀ ਸੰਜੀਵ ਕੁਮਾਰ (ਕਰਜ਼ਦਾਰ) 2. ਸ੍ਰੀ ਸੰਜੀਵ ਕੁਮਾਰ (ਸਹਿ-ਕਰਜ਼ਦਾਰ ਤੇ ਗਰੰਟਰ) 3. ਸ੍ਰੀਮਤੀ ਅਨੂੰ ਸ਼ਰਮਾ (ਸਹਿ-ਕਰਜ਼ਦਾਰ ਤੇ ਰਹਿਣਕਾਰ) | ਰੁ. 2,547,110.35/- (ਪੱਚੀ ਲੱਖ ਸੰਤਾਲੀ ਹਜ਼ਾਰ ਇੱਕ ਸੌ ਦਸ ਰੁਪਏ ਅਤੇ ਪੈਂਤੀ ਪੈਸੇ ਕੇਵਲ) 04 ਸਤੰਬਰ 2025 ਤੱਕ | 31-08-2025 / 04-09-2025 |

ਸਕਿਉਰਡ ਐਸਟਸ ਦਾ ਵੇਰਵਾ :- ਦੁਕਾਨ ਨੰ. -ਐੱਮ-ਜੇ-502 ਰਕਬਾ 154 ਵਰਗ ਫੁੱਟ ਅਬਾਦੀ ਵਾਲਮਿਕੀ ਗੇਟ, ਅੰਦਰ ਰੈਡ ਲਾਈਨ, ਤਹਿਸੀਲ ਤੇ ਜ਼ਿਲ੍ਹਾ ਜਲੰਧਰ, ਦਸਤਾਵੇਜ਼ ਨੰ. 2022/2023/186/1/9000 ਮਿਤੀ 02.12.2022, ਦਸਤਾਵੇਜ਼ ਨੰ. 2022/2023/186/1/3365 ਮਿਤੀ 10.03.2023, ਹੱਦ ਬੰਦੀ : ਪੂਰਬ : ਗਲੀ, ਪੱਛਮ : ਹੋਰ, ਉੱਤਰ : ਹੋਰ, ਦੱਖਣ : ਦੇਸਰਾਜ ਰਹਿਣਕਾਰ, ਸ੍ਰੀਮਤੀ ਅਨੂੰ ਸ਼ਰਮਾ ਪਤਨੀ ਸੰਜੀਵ ਕੁਮਾਰ।

ਉਪਰੋਕਤ ਕਰਜ਼ਦਾਰ ਅਤੇ/ਜਾਂ ਉਨ੍ਹਾਂ ਦੇ ਗਰੰਟਰ(ਗਰੰਟਰਾਂ)/ਰਹਿਣਕਾਰ (ਰਹਿਣਕਾਰਾਂ) (ਜਦੋਂ ਵੀ ਲਾਗੂ ਹੋਵੇ) ਨੂੰ ਬਕਾਇਆ ਰਕਮ, ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ 60 ਦਿਨ ਗੁਜਰ ਜਾਣ ਤੋਂ ਬਾਅਦ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਇਸ ਤੋਂ ਅੱਗੇ ਇਹ ਵੀ ਤੁਹਾਡੇ ਧਿਆਨ 'ਚ ਲਿਆਂਦਾ ਜਾਂਦਾ ਹੈ ਕਿ ਉਕਤ ਸਰਫੇਸੀ ਐਕਟ ਦੇ ਸੈਕਸ਼ਨ 13 (8) ਤਹਿਤ, ਜੇਕਰ ਸਾਡੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਤੈਅ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕਰ ਦਿੱਤੇ ਜਾਂਦੇ ਹਨ ਤਾਂ ਸਾਡੇ ਵੱਲੋਂ ਸਕਿਉਰਡ ਐੱਸਟ ਵਿਕਰੀ ਜਾਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ ਸਾਡੇ ਵੱਲੋਂ ਸਕਿਉਰਡ ਐੱਸਟ ਨੂੰ ਤਬਦੀਲ ਜਾਂ ਵਿਕਰੀ ਕਰਨ ਸੰਬੰਧੀ ਅਗਲੇ ਕਦਮ ਨਹੀਂ ਉਠਾਏ ਜਾਣਗੇ।

ਮਿਤੀ : 11.10.2025 ਸਥਾਨ : ਜਲੰਧਰ | ਸਹੀ/- ਅਧਿਕਾਰਤ ਅ.ਫ਼ਸਰ, ਯੈੱਸ ਬੈਂਕ ਲਿਮਟਿਡ

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਨੰਬਰ:- ਸੰਖਿਆ No 770-W/01/WA/JAT/2025-26-25-2025-26-DRM-JAT, 27-2025-26-DRM-JAT, 28-2025-26-DRM-JAT, 31-2025-26-DRM-JAT & 32-2025-26-DRM-JAT (to be opened on 31.10.2025) ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਕੰਮ ਕਰਦੇ ਹੋਏ ਹੇਠਾਂ ਦਿਤੇ ਗਏ ਟਾਈਟਲ ਵਾਲੀਆਂ ਨਿਵਿਦਾਵਾਂ ਦੇ ਵਿਰੁਧ ਖੁਲ੍ਹੀਆਂ ਨਿਵਿਦਾਵਾਂ (ਈ-ਨਿਵਿਦਾਵਾਂ) ਮੰਗ ਕਰਦੇ ਹਨ ਅਤੇ www.ireps.gov.in 'ਤੇ ਉਪਲਬਧ ਹਨ ਜਿਨ੍ਹਾਂ ਦੀ ਅੰਤਿਮ ਮਿਤੀ 31.10.2025 ਨੂੰ 15:00 ਵਜੇ ਤਕ ਹੈ। ਬੋਲੀਦਾਤਾ ਆਪਣੀ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਜਮ੍ਹਾ ਕਰ ਸਕਦੇ ਹਨ। ਇਨਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਆਫਰ ਨੂੰ ਅਣਦੇਖਾ ਕਰ ਦਿਤਾ ਜਾਵੇਗਾ। ਠੇਕੇਦਾਰ ਨੂੰ ਇਸ ਨਿਵਿਦਾ ਦੇ ਵਿਰੁਧ ਨਿਵਿਦਾ ਦਸਤਾਵੇਜ਼ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ ਪੋਰਟਲ ਤੇ ਉਪਲਬਧ ਭੁਗਤਾਨ ਵਿਧੀਆਂ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਕਰੈਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ।

| ਲ.ਨੰ. | ਨਿਵਿਦਾ ਸੰਖਿਆ | ਨਿਵਿਦਾ ਦਾ ਵੇਰਵਾ | ਵਿਗਿਆਪਨ ਮੁੱਲ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|---|---|---|
| 1. | 25-2025-26-DRM-JAT | ਸਹਾਇਕ ਮੰਡਲ ਇੰਜੀਨੀਅਰ-II ਜੰਮੂ ਤਵੀ ਅਤੇ ਸਹਾਇਕ ਮੰਡਲ ਪਠਾਨਕੋਟ ਦੇ ਅਧਿਕਾਰ ਖੇਤਰ ਵਿਚCTR(P) 7.857 ਕਿ.ਮੀ.(64/809 - 68/498 DN), 68/902 - 73/107 DN) ਕਿ.ਮੀ. BHRL-JAT ਖੰਡ, TRR(P) 20/307 (51/441 - 52/934 DN, 74/937 - 86/404 DN, 87/477 - 87/6 DNਅਤੇ 88/62- 95/844 DN BHRL-JATਖੰਡ 'ਚADEN-JAT ਦੇ ਤਹਿਤ) ਅਤੇ TSR (P) 16.187 ਕਿ.ਮੀ.(30-34/187 DN, 36/5 - 48/5 DN) JRC-PTK ਸੈਕਸ਼ਨ ਵਿਚ ਕੰਮ। | 6,35,45,417.91 | 60 ਦਿਨ | 09 ਮਹੀਨੇ |
| 2. | 27-2025-26-DRM-JAT | ਸਹਾਇਕ ਮੰਡਲ ਇੰਜੀਨੀਅਰ-II ਜੰਮੂ ਤਵੀ ਦੇ ਅਧਿਕਾਰ ਖੇਤਰ ਦੇ ਤਹਿਤ ਪੁਲ ਨੰਬਰ 81 ਦੇ JAT ਪਾਸੇ ਉਤੇ ਅਪਸਟ੍ਰੀਮ ਸਾਈਡ ਵਿਚ ਗਾਈਡ ਬੰਡ ਅਤੇ ਪਾਯਰਸ ਦੇ ਚਾਰੇ ਪਾਸੇ ਕਟਾਅ-ਰੋਧੀ ਕੰਮ ਅਤੇ ਵਿਕਾਸ ਕੰਮ। | 3,26,42,231.98 | 60 ਦਿਨ | 06 ਮਹੀਨੇ |
| 3. | 28-2025-26-DRM-JAT | ਸਹਾਇਕ ਮੰਡਲ ਇੰਜੀਨੀਅਰ ਪਾਲਮਪੁਰ ਦੇ ਅਧਿਕਾਰ ਖੇਤਰ ਦੇ ਪੁਲ ਨੰਬਰ23, 29, 59/7, 86, 92, 117, 119, 123, 179, 206, 251, 252, 254, 336, 341, 388, 357, 407ਅਤੇ422 ਆਦਿ ਦੇ ਮਜ਼ਬੂਤੀਕਰਨ ਅਤੇ ਸੁਰੱਖਿਆ ਦਾ ਕੰਮ | 5,29,49,363.20 | 60 ਦਿਨ | 06 ਮਹੀਨੇ |
| 4. | 31-2025-26-DRM-JAT | ਸਹਾਇਕ ਮੰਡਲ ਇੰਜੀਨੀਅਰ ਪਠਾਨਕੋਟ ਦੇ ਤਹਿਤ ਸੀਨੀਅਰ ਅਨੁਭਾਗ ਇੰਜੀਨੀਅਰ ਮੁਕੇਰਿਆਂ ਦੇ ਸੈਕਸ਼ਨ ਵਿਚ ਰੇਲ ਪਥ ਦੇ ਰਖਰਖਾਅ ਦੇ ਲਈ ਵਖ-ਵਖ ਕੰਮ। | 89,99,998.11 | 60 ਦਿਨ | 12 ਮਹੀਨੇ |
| 5. | 32-2025-26-DRM-JAT | ਸਹਾਇਕ ਮੰਡਲ ਇੰਜੀਨੀਅਰ ਪਠਾਨਕੋਟ ਦੇ ਤਹਿਤ ਸੀਨੀਅਰ ਅਨੁਭਾਗ ਇੰਜੀਨੀਅਰ ਧਾਰੀਵਾਲ ਦੇ ਸੈਕਸ਼ਨ ਵਿਚ ਰੇਲ ਪਥ ਦੇ ਰਖਰਖਾਅ ਦੇ ਲਈ ਵਖ-ਵਖ ਕੰਮ। | 40,77,558.43 | 60 ਦਿਨ | 12 ਮਹੀਨੇ |

ਨੋਟ : 1. ਠੇਕੇਦਾਰਾਂ ਨੂੰ ਸਲਾਹ ਦਿਤੀ ਜਾਂਦੀ ਹੈ ਕਿ ਉਹ ਬੋਲੀਆਂ ਪੇਸ਼ ਕਰਨ ਤੋਂ ਪਹਿਲਾਂ ਇਸ ਨਿਵਿਦਾ ਦੇ ਵਿਰੁਧ ਜਾਰੀ ਕਿਸੇ ਵੀ ਸ਼ੁਧੀ ਪੱਤਰ ਦੇ ਲਈ ਆਈਆਰਈਪੀਐਸ ਵੈਬਸਾਈਟ ਵੇਖਣ। 2. ਜੇਕਰ ਹਿੰਦੀ ਇਸ਼ਤਿਹਾਰ ਵਿਚ ਕੋਈ ਗਲਤੀ ਪਾਈ ਜਾਂਦੀ ਹੈ ਤਾਂ ਅੰਗ੍ਰੇਜ਼ੀ ਇਸ਼ਤਿਹਾਰ ਮਾਨਯ ਹੋਵੇਗਾ। 3134/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

**ਕਾਲਾ ਸੰਘਿਆਂ (ਮਨਜੀਤ ਮਾਨ)**- ਕਪੂਰਥਲਾ ਦੇ ਥਾਣਾ ਸਦਰ ਅਧੀਨ ਆਉਂਦੀ ਪੁਲਸ ਚੌਕੀ ਕਾਲਾ ਸੰਘਿਆਂ ਦੀ ਪੁਲਸ ਨੇ ਨਸ਼ੀਲੀਆਂ ਗੋਲੀਆਂ ਸਮੇਤ ਇਕ ਨੌਜਵਾਨ ਨੂੰ ਕਾਬੂ ਕਰਨ ਵਿਚ ਸਫ਼ਲਤਾ ਪ੍ਰਾਪਤ ਕੀਤੀ ਹੈ। ਪੁਲਸ ਚੌਕੀ ਕਾਲਾ ਸੰਘਿਆਂ ਦੇ ਇੰਚਾਰਜ ਏ ਐਸ ਆਈ ਅਮਰਜੀਤ ਸਿੰਘ ਨੇ ਦੱਸਿਆ ਕਿ ਮੇਰੀ ਪੁਲਸ ਪਾਰਟੀ ਨੇ ਗਸ਼ਤ ਦੌਰਾਨ ਚੈਕਿੰਗ ਕਰਦਿਆਂ ਪਿੰਡ ਸਥਾਨਕ ਕਸਬੇ ਦੇ ਨਜ਼ਦੀਕੀ ਪਿੰਡ ਚੱਕ ਦੋਨਾ ਨੇੜਿਓਂ ਇਕ ਨੌਜਵਾਨ ਨੂੰ ਰੋਕ ਕੇ ਚੈਕਿੰਗ ਕੀਤੀ ਤਾਂ ਉਸ ਤੋਂ 65 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਚੌਕੀ ਇੰਚਾਰਜ ਨੇ ਦੱਸਿਆ ਕਿ ਪੁਲਸ ਵੱਲੋਂ ਕਾਬੂ ਕੀਤੇ ਨੌਜਵਾਨ ਦਾ ਨਾਂਅ ਗੁਰਪ੍ਰੀਤ ਸਿੰਘ ਉਰਫ ਗੋਰਾ ਪੁੱਤਰ ਰਾਮੂ ਪਿੰਡ ਸੁੰਨੜਵਾਲ ਥਾਣਾ ਸਦਰ ਕਪੂਰਥਲਾ ਹੈ । ਉਨ੍ਹਾਂ ਕਿਹਾ ਕਿ ਗ੍ਰਿਫ਼ਤਾਰ ਕੀਤੇ ਨੌਜਵਾਨ 'ਤੇ ਮੁਕੱਦਮਾ ਦਰਜ ਕੀਤਾ ਗਿਆ ਹੈ ਅਤੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

## ਸੂਬੇ ਦੇ ਸਰਬਪੱਖੀ ਵਿਕਾਸ ਲਈ ਬਸਪਾ ਹੀ ਇਕਮਾਤਰ ਵਿਕਲਪ : ਕਰੀਮਪੁਰੀ

**ਫਿਲੌਰ (ਨਿਰਮਲ)**- ਬਹੁਜਨ ਸਮਾਜ ਪਾਰਟੀ ਦੇ ਸੰਸਥਾਪਕ ਸਾਹਿਬ ਕਾਂਸ਼ੀ ਰਾਮ ਦੇ ਮਹਾਂ ਪ੍ਰੀਨਿਰਵਾਣ ਦਿਵਸ ਮੌਕੇ ਸੂਬਾ ਪੱਧਰੀ ਰੈਲੀ ਵਿਧਾਨ ਸਭਾ ਹਲਕਾ ਫਿਲੌਰ ਵਿਖੇ ਕੀਤੀ ਗਈ ਜਿਸ ਵਿੱਚ ਮੁੱਖ ਮਹਿਮਾਨ ਵਜੋਂ ਅਵਤਾਰ ਸਿੰਘ ਕਰੀਮਪੁਰੀ ਨੇ ਸ਼ਿਰਕਤ ਕੀਤੀ। ਇਸ ਮੌਕੇ ਪੰਜਾਬ ਭਰ ਤੋਂ ਪੁੱਜੇ ਠਾਠਾਂ ਮਾਰਦੇ ਜਨ ਸੈਲਾਬ ਨੂੰ ਸੰਬੋਧਨ ਕਰਦਿਆਂ ਐਡਵੋਕੇਟ ਕਰੀਮਪੁਰੀ ਨੇ ਕਿਹਾ ਕਿ ਬਹੁਜਨਾਂ ਦੇ ਮਸੀਹਾ ਸਾਹਿਬ ਕਾਂਸ਼ੀ ਰਾਮ ਨੇ ਆਪਣਾ ਪੂਰਾ ਜੀਵਨ ਬਹੁਜਨ ਸਮਾਜ ਦੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਅਤੇ ਸਦੀਆਂ ਤੋਂ ਲਿਤਾੜੇ ਵਰਗ ਨੂੰ ਸੱਤਾ 'ਤੇ ਕਾਬਜ਼ ਕਰਨ ਲਈ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਅੱਜ ਸਾਹਿਬ ਕਾਂਸ਼ੀ ਰਾਮ ਨੂੰ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਸੂਬੇ ਅੰਦਰ 2027 ਵਿੱਚ ਬਸਪਾ ਨੂੰ ਸੱਤਾ ਦੇ ਭਾਗੀਦਾਰ ਬਣਾਈਏ ਤਾਂ ਜੋ ਸਾਹਿਬ ਕਾਂਸ਼ੀ ਰਾਮ ਜੀ ਦੇ ਸੁਪਨਿਆਂ ਦਾ ਭਾਰਤ ਸਿਰਜਿਆ ਜਾ ਸਕੇ। ਕਰੀਮਪੁਰੀ ਨੇ ਕਿਹਾ ਕਿ ਸੂਬੇ ਦੇ ਸਰਬਪੱਖੀ ਵਿਕਾਸ ਲਈ ਬਸਪਾ ਹੀ ਇਕਮਾਤਰ ਵਿਕਲਪ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਤੋਂ ਲੈ ਕੇ ਅੱਜ ਤੱਕ ਸਿਆਸੀ ਪਾਰਟੀਆਂ ਚਾਹੇ ਉਹ ਕਾਂਗਰਸ ਹੋਵੇ, ਅਕਾਲੀ ਭਾਜਪਾ ਹੋਵੇ ਜਾਂ ਫਿਰ ਹੁਣ ਆਮ ਆਦਮੀ ਪਾਰਟੀ ਇਨ੍ਹਾਂ ਨੇ ਸਿਰਫ ਤੇ ਸਿਰਫ ਪੰਜਾਬ ਨੂੰ ਲੁੱਟਣ ਦਾ ਹੀ ਕੰਮ ਕੀਤਾ। ਇਹੀ ਕਾਰਨ ਹੈ ਕਿ ਸੂਬੇ ਦੇ ਨੌਜਵਾਨ ਸੂਬੇ ਅੰਦਰ ਆਪਣਾ ਭਵਿੱਖ ਸੁਰੱਖਿਅਤ ਨਾ ਸਮਝਦੇ ਹੋਏ ਵੱਡੀ ਗਿਣਤੀ ਵਿੱਚ ਕਰਜ਼ਾ ਚੁੱਕ ਚੁੱਕ ਕੇ ਵਿਦੇਸ਼ਾਂ ਵਿੱਚ ਜਾਂ ਰਹੇ ਹਨ, ਸੂਬੇ ਦੀ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ, ਚਾਰੇ ਪਾਸੇ ਜੰਗਲ ਰਾਜ ਵਿਖਾਈ ਦੇ ਰਿਹਾ ਹੈ, ਸ਼ਰੇਆਮ ਲੋਕਾਂ ਨੂੰ ਗੋਲੀਆਂ ਦੇ ਸ਼ਿਕਾਰ ਬਣਾਇਆ ਜਾ ਰਿਹਾ ਹੈ, ਸੂਬਾ ਸਰਕਾਰ ਵਲੋਂ ਇੱਕ ਗਿਣੀ ਮਿਥੀ ਸਾਜ਼ਿਸ਼ ਤਹਿਤ ਪੰਜਾਬ ਦੇ ਵੱਖ ਵੱਖ ਹਿੱਸਿਆਂ ਅੰਦਰ ਬਹੁਜਨ ਸਮਾਜ ਦੇ ਰਹਿਬਰਾਂ ਦੇ ਗੁਰੂ ਘਰਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਕਰੀਮਪੁਰੀ ਨੇ ਅੱਗੇ ਕਿਹਾ ਕਿ ਗੁਰੂ ਰਵਿਦਾਸ ਨਾਮਲੇਵਾ ਸੰਗਤਾਂ ਨੂੰ 2027 ਵਿੱਚ ਪੂਰੀ ਲਾਮਬੰਦੀ ਕਰਦੇ ਹੋਏ ਗੁਰੂ ਘਰ ਦੀਆਂ ਦੀਵਾਰਾਂ ਤੇ ਬਲਡੋਜ਼ਰ ਚਲਾਉਣ ਵਾਲਿਆਂ ਨੂੰ ਸਿਰੇ ਤੋਂ ਨਕਾਰਦੇ ਹੋਏ ਬਹੁਜਨ ਸਮਾਜ ਪਾਰਟੀ ਨੂੰ ਆਸ਼ੀਰਵਾਦ ਦੇਣਾ ਚਾਹੀਦਾ ਹੈ ਤਾਂ ਜੋ ਬਹੁਜਨ ਸਮਾਜ ਸਮੇਤ ਸਰਵ ਸਮਾਜ ਦੇ ਧਾਰਮਿਕ ਹਿੱਤ ਸੁਰੱਖਿਅਤ ਰਹਿ ਸਕਣ। ਇਸ ਮੌਕੇ ਹਲਕਾ ਨਵਾਂਸ਼ਹਿਰ ਦੇ ਵਿਧਾਇਕ ਤੇ ਬਸਪਾ ਪੰਜਾਬ ਦੇ ਕੋਆਰਡੀਨੇਟਰ ਡਾ. ਨਛੱਤਰ ਪਾਲ ਨੇ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਆਉ ਅਗਾਮੀ ਵਿਧਾਨ ਸਭਾ ਚੋਣਾਂ ਵਿੱਚ ਬਹੁਜਨ ਸਮਾਜ ਪਾਰਟੀ ਨੂੰ ਸੱਤਾ 'ਤੇ ਕਾਬਜ਼ ਕਰਨ ਲਈ ਹੰਭਲਾ ਮਾਰੀਏ ਅਤੇ ਇੱਕ ਖ਼ੁਸ਼ਹਾਲ ਪੰਜਾਬ ਦੀ ਸਿਰਜਣਾ ਲਈ ਆਪਣਾ ਯੋਗਦਾਨ ਅਦਾ ਕਰੀਏ। ਇਸ ਮੌਕੇ ਕੁਲਵੰਤ ਕੌਰ ਭੈਣ ਸਾਹਿਬ ਕਾਂਸ਼ੀ ਰਾਮ, ਮੈਡਮ ਹਰਜਿੰਦਰ ਕੌਰ ਕਰੀਮਪੁਰੀ, ਮਨਜੀਤ ਸਿੰਘ ਭੈਣੀ ਕੋਆਰਡੀਨੇਟਰ, ਤੀਰਥ ਰਾਜਪੁਰਾ ਕੋਆਰਡੀਨੇਟਰ, ਕੁਲਦੀਪ ਸਿੰਘ ਸਰਦੂਲਗੜ੍ਹ ਕੋਆਰਡੀਨੇਟਰ, ਚੌਧਰੀ ਗੁਰਨਾਮ ਸਿੰਘ ਕੋਆਰਡੀਨੇਟਰ, ਐਡਵੋਕੇਟ ਬਲਵਿੰਦਰ ਕੁਮਾਰ, ਲਾਲ ਚੰਦ ਔਜਲਾ, ਖ਼ੁਸ਼ੀ ਰਾਮ ਰਿਟਾਇਰਡ ਆਈ ਏ ਐਸ, ਡਾ. ਮੱਖਣ, ਜਗਦੀਸ਼ ਸ਼ੇਰਪੁਰੀ ਜ਼ਿਲ੍ਹਾ ਪ੍ਰਧਾਨ, ਇੰਜੀਨੀਅਰ ਜਸਵੰਤ ਰਾਏ, ਖ਼ੁਸ਼ੀ ਰਾਮ ਜ਼ਿਲ੍ਹਾ ਪ੍ਰਭਾਰੀ, ਸੁਸ਼ੀਲ ਬਿਰਦੀ, ਸੁਖਵਿੰਦਰ ਬਿੱਟੂ, ਜਸਵਿੰਦਰ ਝੱਲੀ, ਹੈਪੀ ਰੁੜਕਾ, ਮਹਿੰਦਰ ਪਾਲ ਤੇ ਵੱਡੀ ਗਿਣਤੀ ਵਿਚ ਬਸਪਾ ਸਮਰਥਕ ਹਾਜ਼ਰ ਸਨ।



## ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਸਮਾਗਮ ਲਈ ਤਿਆਰੀਆਂ ਤੇਜ਼ : ਬੈਂਸ

**ਸ੍ਰੀ ਅਨੰਦਪੁਰ ਸਾਹਿਬ/ਚੰਡੀਗੜ੍ਹ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਚੰਡੀਗੜ੍ਹ ਸਥਿਤ ਸਿਵਲ ਸਕੱਤਰੇਤ ਵਿੱਚ ਉੱਚ ਪੱਧਰੀ ਮੀਟਿੰਗ ਦੀ ਅਗਵਾਈ ਕਰਦੇ ਹੋਏ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਇਹ ਸਮਾਗਮ ਅਗਲੇ ਮਹੀਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਮਨਾਇਆ ਜਾਵੇਗਾ।ਮੀਟਿੰਗ ਦੌਰਾਨ ਮੰਤਰੀ ਨੇ ਸਾਰੇ ਸੰਬੰਧਤ ਵਿਭਾਗਾਂ ਨੂੰ ਆਦੇਸ਼ ਦਿੱਤੇ ਕਿ ਲੱਖਾਂ ਦੀ ਗਿਣਤੀ ਵਿੱਚ ਆਉਣ ਵਾਲੀਆਂ ਸੰਗਤਾਂ ਅਤੇ ਯਾਤਰੀਆਂ ਲਈ ਹਰ ਬੁਨਿਆਦੀ ਸੁਵਿਧਾ ਦਾ ਕੰਮ ਸਮੇਂ ਸਿਰ ਪੂਰਾ ਕੀਤਾ ਜਾਵੇ। ਸ੍ਰੀ ਅਨੰਦਪੁਰ ਸਾਹਿਬ ਵੱਲ ਜਾਣ ਵਾਲੀਆਂ ਸਾਰੀਆਂ ਸੜਕਾਂ ਨੂੰ ਮੱਧ-ਨਵੰਬਰ ਤੱਕ ਪੂਰੀ ਤਰ੍ਹਾਂ ਸੁਚਾਰੂ ਅਤੇ ਸੁਰੱਖਿਅਤ ਬਣਾਇਆ ਜਾਵੇ।ਬੈਂਸ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਟਰੀਟ ਲਾਈਟਾਂ ਚਾਲੂ ਹਾਲਤ ਵਿੱਚ ਰਹਿਣ, ਸਫ਼ਾਈ ਅਤੇ ਪੀਣ ਵਾਲੇ ਪਾਣੀ ਦੀ ਪ੍ਰਚੁਰ ਵਿਵਸਥਾ ਕੀਤੀ ਜਾਵੇ ਅਤੇ ਮੁੱਖ ਰਸਤਿਆਂ ਤੇ ਭੀੜ ਵਾਲੇ ਸਥਾਨਾਂ ਉੱਤੇ ਪਬਲਿਕ ਟਾਇਲਟਾਂ ਦੀ ਸੰਖਿਆ ਵਧਾਈ ਜਾਵੇ। ਉਨ੍ਹਾਂ ਨੇ ਸੰਗਤਾਂ ਦੀ ਸੁਵਿਧਾ ਲਈ ਸਪੱਸ਼ਟ ਸਾਈਨੇਜ, ਪ੍ਰਕਾਸ਼ ਵਿਵਸਥਾ ਅਤੇ ਮੈਡੀਕਲ ਸਹੂਲਤਾਂ ਨਾਲ ਪਾਰਕਿੰਗ ਸਾਈਟਾਂ ਤਿਆਰ ਕਰਨ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਕਿਹਾ ਕਿ ਵੱਖ-ਵੱਖ ਮਹੱਤਵਪੂਰਨ ਸਥਾਨਾਂ 'ਤੇ ਐਲ ਈ ਡੀ ਸਕ੍ਰੀਨਾਂ ਲਗਾਈਆਂ ਜਾਣ ਤਾਂ ਜੋ ਸੰਗਤਾਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਅਤੇ ਉਪਦੇਸ਼ਾਂ ਨਾਲ ਨਾਲ ਖਾਲਸਾ ਪੰਥ ਦੀਆਂ ਇਤਿਹਾਸਕ ਧਰੋਹਰਾਂ ਬਾਰੇ ਜਾਣਕਾਰੀ ਪ੍ਰਾਪਤ ਹੋ ਸਕੇ।ਉਨ੍ਹਾਂ ਨੇ ਪੀ.ਡਬਲਿਊ.ਡੀ., ਸਥਾਨਕ ਸਰਕਾਰ, ਟੂਰਿਜ਼ਮ, ਪੁਲਸ, ਸਿਹਤ ਅਤੇ ਬਿਜਲੀ ਸਮੇਤ ਸਾਰੇ ਵਿਭਾਗਾਂ ਨੂੰ ਮਿਲਜੁਲ ਕੇ ਕੰਮ ਕਰਨ ਅਤੇ ਤਿਆਰੀਆਂ ਸਮੇਂ ਸਿਰ ਪੂਰੀਆਂ ਕਰਨ ਦੇ ਨਿਰਦੇਸ਼ ਦਿੱਤੇ। ਸੰਗਤਾਂ ਦੀ ਸਹੂਲਤ ਲਈ ਸਾਫ਼-ਸੁਥਰਾ ਮਾਹੌਲ, ਅਨੁਸ਼ਾਸਨ ਅਤੇ ਸ਼ਰਧਾਲੂ ਪ੍ਰਬੰਧਨ ਯਕੀਨੀ ਬਣਾਉਣ ਦੀ ਅਪੀਲ ਵੀ ਕੀਤੀ।ਮੀਟਿੰਗ ਵਿੱਚ ਮੌਜੂਦ ਅਧਿਕਾਰੀਆਂ ਵਿੱਚ ਏ.ਡੀ.ਸੀ. ਪੂਜਾ ਸੈਲ, ਐਸ.ਡੀ.ਐਮ. ਜਸਪ੍ਰੀਤ ਸਿੰਘ, ਆਰ.ਟੀ.ਏ. ਗੁਰਵਿੰਦਰ ਸਿੰਘ ਜੌਹਲ, ਬੀ.ਬੀ.ਐਮ.ਬੀ. ਚੀਫ ਇੰਜੀਨੀਅਰ ਸੀ.ਪੀ. ਸਿੰਘ, ਐਕਸੀਅਨ ਹਰਜੋਤ ਵਾਲੀਆ, ਐਕਸਈਐਨ ਹਰਜੀਤ ਸਿੰਘ, ਐਕਸੀਅਨ ਐਸ.ਐਸ. ਭੁੱਲਰ ਅਤੇ ਹੋਰ ਵਿਭਾਗੀ ਅਧਿਕਾਰੀ ਸ਼ਾਮਲ ਸਨ।



## ਸਾਇੰਸ ਮੁਕਾਬਲਿਆਂ 'ਚ ਕੰਨਿਆ ਸਕੂਲ ਦੀ ਵਿਦਿਆਰਥਣ ਨੂੰ ਤੀਜਾ ਸਥਾਨ ਹਾਸਲ

**ਅਲਾਵਲਪੁਰ (ਮਦਨ ਬੰਗੜ)**- ਸਰਕਾਰ ਵੱਲੋਂ ਰਾਸ਼ਟਰੀ ਅਵਿਸ਼ਕਾਰ ਅਭਿਆਨ ਦੇ ਤਹਿਤ ਸਟੇਟ ਪੱਧਰ 'ਤੇ ਸਾਇੰਸ ਸੈਮੀਨਾਰ 2025 ਸ੍ਰੀ ਹੇਮਕੁੰਡ ਸੀਨੀਅਰ ਸੈਕੰਡਰੀ ਸਕੂਲ ਕੋਟ ਈਸੇ ਖਾਂ ਜ਼ਿਲ੍ਹਾ ਮੋਗਾ ਵਿੱਚ 9 ਅਕਤੂਬਰ ਨੂੰ ਕਰਵਾਇਆ ਗਿਆ। ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਜਗਜੀਤ ਸਿੰਘ ਨੇ ਦੱਸਿਆ ਕਿ ਇਸ ਮੁਕਾਬਲੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਲਾਵਲਪੁਰ ਦੀ ਵਿਦਿਆਰਥਣ ਜਸਮੀਨ ਜਮਾਤ ਦਸਵੀਂ ਨੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਸਟੇਟ ਵਿੱਚੋਂ ਤੀਸਰਾ ਸਥਾਨ ਹਾਸਲ ਕੀਤਾ ਹੈ। ਉਹਨਾਂ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਅਫਸਰ ਗੁਰਿੰਦਰਜੀਤ ਕੌਰ ਨੈਸ਼ਨਲ ਐਵਾਰਡੀ ਅਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਰਾਜੀਵ ਜੋਸ਼ੀ ਦੀ ਯੋਗ ਅਗਵਾਈ ਵਿੱਚ ਸਕੂਲ ਵਿਦਿਆਰਥਣ ਜਸਮੀਨ ਨੂੰ ਡੀ ਟੀ ਓ ਮੈਡਮ ਅਤੇ ਡਿਪਟੀ ਡੀ ਟੀ ਓ ਜਲੰਧਰ ਨੇ ਵਿਦਿਆਰਥਣ ਨੂੰ ਮੌਕੇ 'ਤੇ ਵਧਾਈ ਦਿੰਦਿਆਂ ਅੱਗੇ ਹੋਰ ਵੀ ਵਧੀਆ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਵਿਦਿਆਰਥਣ ਜਸਮੀਨ ਦੇ ਗਾਈਡ ਅਧਿਆਪਕਾ ਅਮਨਜੋਤ ਕੌਰ ਸਾਇੰਸ ਟੀਚਰ ਨੇ ਵੀ ਬਹੁਤ ਮਿਹਨਤ ਨਾਲ ਵਿਦਿਆਰਥਣ ਦੀ ਤਿਆਰੀ ਕਰਵਾਈ ਜਿਨ੍ਹਾਂ ਸਦਕਾ ਜਸਮੀਨ ਨੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।



## ਆਮ ਆਦਮੀ ਪਾਰਟੀ ਦੀ ਹਾਈ ਕਮਾਂਡ ਨੇ ਵਰਕਰਾਂ ਨੂੰ ਦਿੱਤੀਆਂ ਅਹਿਮ ਜ਼ਿੰਮੇਵਾਰੀਆਂ

**ਮਹਿਤਪੁਰ (ਰਾਜਾ)**- ਆਮ ਆਦਮੀ ਪਾਰਟੀ ਦੀ ਹਾਈ ਕਮਾਂਡ ਨੇ ਪਾਰਟੀ ਪ੍ਰਤੀ ਤਨਦੇਹੀ ਤੇ ਇਮਾਨਦਾਰੀ ਨਾਲ ਕੰਮ ਕਰਨ ਵਾਲੇ ਤੇ ਵਧੀਆ ਸੇਵਾਵਾਂ ਨਿਭਾਉਣ ਵਾਲੇ ਰੂਪ ਲਾਲ ਸ਼ਰਮਾ ਤੇ ਨਵਦੀਪ ਮਹੇ ਮਹਿਤਪੁਰ ਨੂੰ ਵੱਡੀਆਂ ਅਤੇ ਅਹਿਮ ਜ਼ਿੰਮੇਵਾਰੀਆਂ ਦਿੱਤੀਆਂ ਗਈਆਂ। ਇਸ ਮੌਕੇ ਅੱਜ ਹਲਕਾ ਇੰਚਾਰਜ ਪਰਮਿੰਦਰ ਸਿੰਘ ਪਿੰਦਰ ਪੰਡੋਰੀ ਹਲਕਾ ਇੰਚਾਰਜ ਸ਼ਾਹਕੋਟ ਵੱਲੋਂ ਹਲਕਾ ਸ਼ਾਹਕੋਟ ਦੇ ਨਵ ਨਿਯੁਕਤ ਸੋਸ਼ਲ ਮੀਡੀਆ ਹਲਕਾ ਕੋਆਰਡੀਨੇਟਰ ਰੂਪ ਲਾਲ ਸ਼ਰਮਾ ਤੇ ਵਾਈਸ ਕੋਆਰਡੀਨੇਟਰ ਨਵਦੀਪ ਮਹੇ ਦਾ ਸਨਮਾਨ ਕੀਤਾ ਗਿਆ ਤੇ ਮੂੰਹ ਮਿੱਠਾ ਕਰਕੇ ਮੁਬਾਰਕਾਂ ਦਿੱਤੀਆਂ ਗਈਆਂ। ਇਸ ਮੌਕੇ ਨਵ ਨਿਯੁਕਤ ਅਹੁਦੇਦਾਰਾਂ ਨੇ ਪਾਰਟੀ ਹਾਈ ਕਮਾਂਡ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ, ਪੰਜਾਬ ਪ੍ਰਧਾਨ ਅਮਨ ਅਰੋੜਾ ਤੇ ਹਲਕਾ ਸ਼ਾਹਕੋਟ ਦੇ ਇੰਚਾਰਜ ਪਰਮਿੰਦਰ ਸਿੰਘ ਪਿੰਦਰ ਪੰਡੋਰੀ ਦਾ ਧੰਨਵਾਦ ਕਰਦਿਆਂ ਇਹ ਵਿਸ਼ਵਾਸ ਦਿਵਾਇਆ ਕਿ ਪਾਰਟੀ ਨੇ ਜੋ ਭਰੋਸਾ ਤੇ ਵਿਸ਼ਵਾਸ ਉਹਨਾਂ 'ਤੇ ਜਤਾਇਆ ਹੈ ਉਹ ਉਸ ਭਰੋਸੇ ਨੂੰ ਹਰ ਹੀਲੇ ਕਾਇਮ ਰੱਖਣਗੇ ਤੇ ਪਾਰਟੀ ਵੱਲੋਂ ਦਿੱਤੀਆਂ ਹੋਈਆਂ ਜ਼ਿੰਮੇਵਾਰੀਆਂ ਨੂੰ ਬਾਖੂਬੀ ਤੇ ਤਨਦੇਹੀ ਨਾਲ ਨਿਭਾਉਣਗੇ। ਪਾਰਟੀ ਹਾਈ ਕਮਾਂਡ ਵੱਲੋਂ ਨਵਦੀਪ ਮਹੇ ਮਹਿਤਪੁਰ ਨੂੰ ਦਿੱਤੀ ਗਈ ਇਸ ਅਹਿਮ ਜ਼ਿੰਮੇਵਾਰੀ ਦੀ ਖਬਰ ਸੁਣਦੇ ਹੀ ਨਵਦੀਪ ਮਹੇ ਦੇ ਘਰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ ਅਤੇ ਇਲਾਕੇ ਮਹਿਤਪੁਰ ਵਿੱਚ ਖੁਸ਼ੀ ਦੀ ਲਹਿਰ ਸਾਫ ਦੇਖੀ ਜਾ ਸਕਦੀ ਹੈ। ਇਸ ਮੌਕੇ ਪਿੰਦਰ ਪੰਡੋਰੀ ਤੇ ਹੋਰਾਂ ਤੋਂ ਇਲਾਵਾ ਸੋਸ਼ਲ ਮੀਡੀਆ ਜ਼ਿਲ੍ਹਾ ਪ੍ਰਧਾਨ ਮਨੋਜ ਅਰੋੜਾ, ਬਲਾਕ ਪ੍ਰਧਾਨ ਕ੍ਰਿਸ਼ਨ ਕੁਮਾਰ ਬਿੱਟੂ, ਓਮ ਪ੍ਰਕਾਸ਼, ਵਿਪਨ ਰੱਤੂ, ਪਰਮਿੰਦਰ ਰੱਤੂ, ਰਜਿੰਦਰ ਚੌਹਾਨ ਤੇ ਚੰਦਨ ਚੌਹਾਨ ਆਦਿ ਮੌਜੂਦ ਸਨ।



## ਜ਼ਿਲ੍ਹਾ ਪ੍ਰਸ਼ਾਸਨ ਨੇ ਹੀਟ ਵੇਵ ਪ੍ਰਬੰਧਨ ਲਈ 95 ਲੱਖ ਦੀ ਫੰਡਿੰਗ ਕੀਤੀ ਹਾਸਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਹੁਸ਼ਿਆਰਪੁਰ ਜ਼ਿਲ੍ਹਾ ਪ੍ਰਸ਼ਾਸਨ ਨੇ ਇੱਕ ਸ਼ਾਨਦਾਰ ਪ੍ਰਾਪਤੀ ਦਰਜ ਕਰਦੇ ਹੋਏ ਹੀਟ ਵੇਵ (ਗਰਮੀ ਦੀ ਲਹਿਰ) ਪ੍ਰਬੰਧਨ ਲਈ 95 ਲੱਖ ਰੁਪਏ ਦੀ ਫੰਡਿੰਗ ਹਾਸਲ ਕੀਤੀ ਹੈ। ਇਹ ਮਾਣ ਵਾਲੀ ਗੱਲ ਹੈ ਕਿ ਹੁਸ਼ਿਆਰਪੁਰ ਪੰਜਾਬ ਦਾ ਇਕਲੌਤਾ ਜ਼ਿਲ੍ਹਾ ਹੈ ਜਿਸ ਨੂੰ ਇਹ ਫੰਡਿੰਗ ਪ੍ਰਾਪਤ ਹੋਈ ਹੈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਇਸ ਨੂੰ ਸਹਾਇਕ ਕਮਿਸ਼ਨਰ ਓਇਸ਼ੀ ਮੰਡਲ, ਰੈੱਡ ਕਰਾਸ ਸੋਸਾਇਟੀ ਦੇ ਸਕੱਤਰ ਮੰਗੇਸ਼ ਸੂਦ ਤੇ ਉਨ੍ਹਾਂ ਦੀ ਪੂਰੀ ਟੀਮ ਦੇ ਸਮੂਹਿਕ ਯਤਨਾਂ ਅਤੇ ਦੂਰਦਰਸ਼ੀ ਸੋਚ ਦਾ ਨਤੀਜਾ ਦੱਸਿਆ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਵੱਲੋਂ ਤਿਆਰ ਪ੍ਰਸਤਾਵ ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ ਵਿਭਾਗ ਪੰਜਾਬ ਨੂੰ ਭੇਜਿਆ ਗਿਆ ਸੀ, ਇਸਨੂੰ ਸਵੀਕਾਰ ਕਰਦੇ ਹੋਏ ਵਿਭਾਗ ਨੇ ਪ੍ਰਸਤਾਵ ਨੂੰ ਮਨਜ਼ੂਰੀ ਦੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲ ਜਲਵਾਯੂ ਪਰਿਵਰਤਨ ਦੇ ਪ੍ਰਭਾਵਾਂ ਨਾਲ ਨਜਿੱਠਣ ਅਤੇ ਲੋਕ ਹਿੱਤ ਵਿੱਚ ਰਾਹਤ ਪ੍ਰਦਾਨ ਕਰਨ ਵੱਲ ਇੱਕ ਬਿਹਤਰੀਨ, ਨਵੀਨ ਅਤੇ ਪ੍ਰੇਰਨਾਦਾਇਕ ਕਦਮ ਹੈ।

## ਗ੍ਰੀਨ ਸਕੂਲ ਪ੍ਰੋਗਰਾਮ ਤੇ ਸੈਮੀਨਾਰ ਕਰਵਾਇਆ



**ਹੁਸ਼ਿਆਰਪੁਰ (ਓ ਪੀ ਰਾਣਾ)**- ਦਸਮੇਸ਼ ਗਰਲਜ਼ ਕਾਲਜ, ਮੁਕੇਰੀਆਂ ਵਿੱਚ ਪੰਜਾਬ ਸਟੇਟ ਕੌਂਸਲ ਫੌਰ ਸਾਇੰਸ ਐਂਡ ਟੈਕਨੋਲੋਜੀ ਦੇ ਅਧੀਨ ਡਾ. ਕੇ.ਐਸ. ਬਾਠ (ਜਾਇੰਟ ਡਾਇਰੈਕਟਰ) ਅਤੇ ਡਾ. ਮੰਦਾਕਨੀ (ਪ੍ਰੋਜੈਕਟ ਸਾਇੰਟਿਸਟ, ਗ੍ਰੀਨ ਸਕੂਲ ਪ੍ਰੋਗ੍ਰਾਮ) ਦੇ ਹੁਕਮਾਂ ਅਨੁਸਾਰ ਅਤੇ ਜ਼ਿਲ੍ਹਾ ਸਿੱਖਿਆ ਅਧਿਕਾਰੀ (ਸੀਨੀਅਰ ਸੈਕੰਡਰੀ) ਲਲਿਤਾ ਅਰੋੜਾ ਦੀ ਰਹਿਨੁਮਾਈ ਵਿੱਚ ਮੁਕੇਰੀਆਂ ਬਲੌਕ ਦੇ ਸਕੂਲ ਮੁਖੀ ਅਤੇ ਅਧਿਆਪਕਾਂ ਲਈ ਗ੍ਰੀਨ ਸਕੂਲ ਪ੍ਰੋਗ੍ਰਾਮ ਤੇ ਇੱਕ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਉੱਤੇ ਮੁੱਖ ਵਕਤਾ ਵਜੋਂ ਉਪ-ਜ਼ਿਲ੍ਹਾ ਸਿੱਖਿਆ ਅਧਿਕਾਰੀ ਅਮਨਦੀਪ ਸ਼ਰਮਾ ਮੌਜੂਦ ਰਹੇ। ਪ੍ਰੋਗਰਾਮ ਵਿੱਚ ਹੁਸ਼ਿਆਰਪੁਰ ਜ਼ਿਲ੍ਹਾ ਕੋਆਰਡੀਨੇਟਰ ਅਸ਼ੋਕ ਆਲੀਆ, ਰਿਸੋਰਸ ਪਰਸਨ ਜਗਜੀਤ ਸਿੰਘ, ਰਮਨਦੀਪ ਸਿੰਘ, ਅਨੁਜ ਵਾਸੁਦੇਵਾ, ਹਰਦੀਪ ਕੁਮਾਰ ਆਦਿ ਮੌਜੂਦ ਸਨ। ਇਸ ਸੈਮੀਨਾਰ ਵਿੱਚ ਮੁਕੇਰੀਆਂ ਅਤੇ ਦਸੂਹਾ ਤਹਿਸੀਲ ਦੇ 355 ਈਕੋ ਕਲੱਬ ਇੰਚਾਰਜ ਨੇ ਭਾਗ ਲਿਆ ਅਤੇ ਗ੍ਰੀਨ ਸਕੂਲ ਪ੍ਰੋਗ੍ਰਾਮ ਸਬੰਧੀ ਮਹੱਤਵਪੂਰਨ ਜਾਣਕਾਰੀਆਂ ਪ੍ਰਾਪਤ ਕੀਤੀਆਂ।

## ਬੰਗਾ ਪੁਲਸ ਵਲੋਂ ਨੌਜਵਾਨ ਹੈਰੋਇਨ ਸਮੇਤ ਕਾਬੂ

**ਬੰਗਾ (ਅਵਤਾਰ ਕਲੇਰ)** - ਥਾਣਾ ਸਿਟੀ ਬੰਗਾ ਪੁਲਿਸ ਨੇ 2 ਗ੍ਰਾਮ ਹੈਰੋਇਨ ਸਮੇਤ ਇੱਕ ਨੌਜਵਾਨ ਨੂੰ ਕਾਬੂ ਕੀਤਾ ਹੈ। ਐਸ.ਐਚ.ਓ ਚੌਧਰੀ ਵਰਿੰਦਰ ਕੁਮਾਰ ਨੇ ਦੱਸਿਆ ਕਿ ਪੁਲਿਸ ਪਾਰਟੀ ਜਦੋਂ ਬੰਗਾ ਤੋਂ ਹੱਪੋਵਾਲ ਰੋਡ 'ਤੇ ਕੋਲ ਪੈਂਦੇ ਸੂਏ ਨੂੰ ਜਾਂਦੀ ਸੜਕ ਵੱਲ ਨੂੰ ਜਾ ਰਹੀ ਸੀ ਤਾਂ ਉੱਥੇ ਪੁਲੀ ਕੋਲ ਇਕ ਸ਼ੱਕੀ ਨੌਜਵਾਨ ਦਿਖਾਈ ਦਿੱਤਾ । ਸ਼ੱਕ ਦੇ ਆਧਾਰ 'ਤੇ ਜਦ ਉਸ ਨੌਜਵਾਨ ਦੀ ਤਲਾਸ਼ੀ ਲਈ ਤਾਂ ਉਸ ਕੋਲੋਂ 2 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਮੁਖੀ ਨੇ ਆਖਿਆ ਕਿ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਹੈ ਤੇ ਦੋਸ਼ੀ ਦੀ ਪਹਿਚਾਣ ਗੁਰਪ੍ਰੀਤ ਸਿੰਘ ਨਿਵਾਸੀ ਖਮਾਚੋਂ ਵਜੋਂ ਹੋਈ ਹੈ। ਇਸ ਮੌਕੇ ਐਸ.ਐਚ.ਓ ਵਰਿੰਦਰ ਕੁਮਾਰ ਨਾਲ ਏ ਐਸ ਆਈ ਵਿਜੇ ਕੁਮਾਰ ਸ਼ਰਮਾ ਅਤੇ ਹੋਰ ਪੁਲਿਸ ਮੁਲਾਜ਼ਮ ਹਾਜ਼ਰ ਸਨ।



## ਜਗਤਾਰ ਪ੍ਰਵਾਨਾ ਯਾਦਗਾਰੀ ਮੇਲਾ 16 ਨਵੰਬਰ ਨੂੰ

**ਕਾਲਾ ਸੰਘਿਆਂ (ਮਨਜੀਤ ਮਾਨ)** - ਜਗਤਾਰ ਪ੍ਰਵਾਨਾ ਸਭਿਆਚਾਰਕ ਮੰਚ ਵੱਲੋਂ ਗ੍ਰਾਮ ਪੰਚਾਇਤ ਅਠੋਲਾ ਦੇ ਸਹਿਯੋਗ ਨਾਲ ਮਰਹੂਮ ਪ੍ਰਸਿੱਧ ਸੂਫ਼ੀ ਗਾਇਕ ਜਗਤਾਰ ਪ੍ਰਵਾਨਾ ਯਾਦਗਾਰੀ ਸਲਾਨਾ ਮੇਲਾ 16 ਨਵੰਬਰ ਨੂੰ ਭਾਰੀ ਉਤਸ਼ਾਹ ਨਾਲ ਕਰਵਾਉਣ ਦਾ ਫੈਸਲਾ ਕੀਤਾ ਗਿਆ ਹੈ। ਮੇਲੇ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਫਤਿਹ ਸਿੰਘ ਸੋਹਲ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਪ੍ਰਬੰਧਕਾਂ ਵੱਲੋਂ ਮੇਲੇ ਦੀਆਂ ਤਿਆਰੀਆਂ ਜ਼ੋਰਾਂ ਸ਼ੋਰਾਂ ਨਾਲ ਅਰੰਭ ਕਰ ਦਿੱਤੀਆਂ ਗਈਆਂ ਹਨ। ਸੋਹਲ ਨੇ ਕਿਹਾ ਕਿ ਪਦਮਸ੍ਰੀ ਰਾਜ ਗਾਇਕ ਹੰਸ ਰਾਜ ਹੰਸ ਅਤੇ ਚਿੰਤਕ ਸ਼ਾਇਰ ਮਨਜੀਤ ਸਿੰਘ ਸੋਹਲ ਦੀ ਸਰਪ੍ਰਸਤੀ 'ਚ ਕਰਵਾਏ ਜਾ ਰਹੇ ਮੇਲੇ 'ਚ ਪ੍ਰਸਿੱਧ ਗਾਇਕ ਅਤੇ ਹਾਸਰਸ ਕਲਾਕਾਰ ਸ਼ਿਰਕਤ ਕਰਨਗੇ।

## 9.62 ਲੱਖ ਮੀਟ੍ਰਿਕ ਟਨ ਝੋਨੇ ਦੀ ਹੋਈ ਆਮਦ : ਬਰਸਟ

**ਐਸ.ਏ.ਐਸ. ਨਗਰ (ਮੋਹਾਲੀ) (ਗੁਰਜੀਤ ਬਿੱਲਾ)**- ਪੰਜਾਬ ਰਾਜ ਦੀਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਚੱਲ ਰਹੀ ਹੈ। ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆਵਾਂ ਪੇਸ਼ ਨਹੀਂ ਆਉਣ ਦਿੱਤੀਆਂ ਜਾਣਗੀਆਂ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸਾਉਣੀ ਖਰੀਦ ਸੀਜ਼ਨ 2025-26 ਦੌਰਾਨ 8 ਅਕਤੂਬਰ ਤੱਕ ਸੂਬੇ ਦੀਆਂ ਮੰਡੀਆਂ ਵਿੱਚ 9.62 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ ਅਤੇ 9.02 ਲੱਖ ਮੀਟ੍ਰਿਕ ਟਨ ਝੋਨੇ ਦੀ ਫ਼ਸਲ ਦੀ ਖਰੀਦ ਹੋ ਚੁੱਕੀ ਹੈ। ਮੰਡੀਆਂ ਵਿੱਚ ਆਪਣੀ ਫ਼ਸਲ ਲੈ ਕੇ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ, ਇਸਦੇ ਲਈ ਪੁਖੱਤਾ ਪ੍ਰਬੰਧ ਕੀਤੇ ਗਏ ਹਨ ਤਾਂ ਕਿ ਕਿਸਾਨ ਆਪਣੀ ਫਸਲ ਨੂੰ ਬਿਨਾਂ ਕਿਸੇ ਦੇਰੀ ਤੋਂ ਵੇਚ ਸਕਣ। ਉਨ੍ਹਾਂ ਦੱਸਿਆ ਕਿ ਮੰਡੀ ਬੋਰਡ ਦੇ ਮੁੱਖ ਦਫ਼ਤਰ ਪੱਧਰ ਦੇ ਅਧਿਕਾਰੀਆਂ ਵੱਲੋਂ ਮੰਡੀਆਂ ਵਿੱਚ ਜਾ ਕੇ ਚੈਕਿੰਗ ਕੀਤੀ ਜਾ ਰਹੀ ਹੈ।

## ਰਾਜਾ ਨੇ ਹੈੱਲਥ ਵੈਲਨੈੱਸ ਸੈਂਟਰ ਦਾ ਨੀਂਹ ਪੱਥਰ ਰੱਖਿਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪੰਜਾਬ ਦੀ ਮੌਜੂਦਾ ਸਰਕਾਰ ਸੂਬੇ ਦੇ ਲੋਕਾਂ ਨੂੰ ਮਿਆਰੀ ਅਤੇ ਵਧੀਆ ਸਿਹਤ ਸਹੂਲਤਾਂ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਪਿੰਡ ਖੁੱਡਾ ਵਿਖੇ ਹੋਏ ਇੱਕ ਸਮਾਗਮ ਵਿੱਚ ਕੀਤਾ। ਇਸ ਮੌਕੇ ਉਨ੍ਹਾਂ ਪੰਜਾਬ ਸਰਕਾਰ ਦੇ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵੱਲੋਂ ਕਰੀਬ 34 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਜਾ ਰਹੇ ਹੈਲਥ ਐਂਡ ਵੈਲਨੈਸ ਸੈਂਟਰ ਦੀ ਇਮਾਰਤ ਦੇ ਨਿਰਮਾਣ ਕਾਰਜ ਦਾ ਨੀਹ ਪੱਥਰ ਡੇਰਾ ਗੁਰੂਸਰ ਖੁੱਡਾ ਦੇ ਮੁੱਖ ਸੰਤ ਬਾਬਾ ਤੇਜਾ ਸਿੰਘ , ਸੰਤ ਸੁਖਜੀਤ ਸਿੰਘ ਖੁੱਡਾ, ਜ਼ਿਲ੍ਹਾ ਯੋਜਨਾ ਬੋਰਡ ਹੁਸ਼ਿਆਰਪੁਰ ਗੁਰਵਿੰਦਰ ਸਿੰਘ ਪਾਬਲਾ, ਸੰਗਠਨ ਇੰਚਾਰਜ ਕੇਸ਼ਵ ਸਿੰਘ ਸੈਣੀ, ਸਰਪੰਚ ਹਰਬੰਸ ਸਿੰਘ ਖੁੱਡਾ, ਸੀਨੀਅਰ ਮੈਡੀਕਲ ਅਫਸਰ ਟਾਂਡਾ ਡਾ. ਕਰਨ ਸੈਣੀ, ਸਰਪੰਚ ਪਰਮਜੀਤ ਸਿੰਘ ਜੌਹਲ ਤੇ ਹੋਰਨਾਂ ਦੀ ਹਾਜ਼ਰੀ ਵਿੱਚ ਰੱਖਿਆ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿੱਚ ਸੂਬੇ ਅੰਦਰ ਜਿੱਥੇ ਇਤਿਹਾਸਕ ਵਿਕਾਸ ਹੋ ਰਹੇ ਹਨ ਉੱਥੇ ਲੋਕਾਂ ਦੀਆਂ ਸਿਹਤ ਸਹੂਲਤਾਂ ਦਾ ਵੀ ਪੂਰਨ ਤੌਰ ਤੇ ਖਿਆਲ ਰੱਖਿਆ ਜਾ ਰਿਹਾ ਹੈ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ ਮੁੱਖ ਹੁਣ ਪੰਜਾਬ ਵਿੱਚ ਲੋਕਾਂ ਨੂੰ ਨਵੀਂ ਸਿਹਤ ਸਹੂਲਤ ਪ੍ਰਦਾਨ ਕਰਦੇ ਹੋਏ 10 ਲੱਖ ਰੁਪਏ ਦੀ ਸਿਹਤ ਰਾਸ਼ੀ ਪ੍ਰਧਾਨ ਕੀਤੀ ਜਾ ਰਹੀ ਹੈ ਜੋ ਕਿ ਲੋੜਵੰਦਾਂ ਵਾਸਤੇ ਵਰਦਾਨ ਸਾਬਿਤ ਹੋਵੇਗੀ। ਇਸ ਮੌਕੇ ਸਰਪੰਚ ਹਰਬੰਸ ਸਿੰਘ ਖੁੱਡਾ ਸਮੁੱਚੀ ਪੰਚਾਇਤ ਨੇ ਪੰਜਾਬ ਸਰਕਾਰ ਅਤੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਇਸ ਮੌਕੇ ਪੰਚ ਵਰਿੰਦਰ ਸਿੰਘ, ਪੰਚ ਗੁਰਦੀਪ ਸਿੰਘ, ਪੰਚ ਸੁਖਵਿੰਦਰ ਸਿੰਘ, ਪੰਚ ਰੂਪ ਕ੍ਰਿਸ਼ਨ, ਪੰਚ ਸੁਖਵਿੰਦਰ ਕੌਰ, ਪੰਚ ਪਰਮਿੰਦਰ ਕੌਰ, ਪੰਚ ਮਨਜੀਤ ਕੌਰ, ਪੰਚ ਤਜਿੰਦਰ ਕੌਰ, ਜਸਪਾਲ ਸਿੰਘ ਜੱਸੀ, ਤਰਲੋਕ ਸਿੰਘ, ਜਗਜੀਤ ਸਿੰਘ ਨਿਹੰਗ, ਗੁਰਮੀਤ ਸਿੰਘ, ਜੋਗਿੰਦਰ ਸਿੰਘ, ਰੂਪ ਲਾਲ, ਮਨਮੋਹਨ ਸਿੰਘ, ਸਾਹਿਬ ਸਿੰਘ ਸਾਬੀ, ਮਲਕੀਅਤ ਸਿੰਘ, ਬਲਵੀਰ ਸਿੰਘ ਸੁਰਜੀਤ ਸਿੰਘ, ਨਿਰਮਲ ਸਿੰਘ, ਗੁਰਪ੍ਰੀਤ ਸਿੰਘ, ਪ੍ਰਦੀਪ ਸਿੰਘ, ਲਖਵਿੰਦਰ ਸਿੰਘ ਵੀ ਹਾਜ਼ਰ ਸਨ ।



## ਪ੍ਰਿੰਸੀਪਲ ਪ੍ਰੇਮ ਕੁਮਾਰ ਵੱਲੋਂ ਸੜਕਾਂ ਬਣਾਉਣ ਦੇ ਕੰਮ ਦੀ ਸ਼ੁਰੂਆਤ



**ਗੁਰਾਇਆ (ਬਿੰਦਰ ਸੁਮਨ)**- ਪ੍ਰਿੰਸੀਪਲ ਪ੍ਰੇਮ ਕੁਮਾਰ ਵਲੋਂ ਬਲਾਕ ਰੁੜਕਾ ਕਲਾਂ ਦੇ ਵੱਖ ਵੱਖ ਪਿੰਡਾਂ 'ਚ 1 ਕਰੋੜ 37 ਲੱਖ ਦੀ ਲਾਗਤ ਨਾਲ ਬਣਨ ਵਾਲੀਆਂ ਸੜਕਾਂ ਸੰਗ ਢੇਸੀਆ ਤੋਂ ਬੀੜ ਬੰਸੀਆ, ਜੰਡ ਤੋਂ ਗੁਰਾਇਆ ਰੋਡ, ਸੰਗ ਢੇਸੀਆਂ ਤੋਂ ਗੁਰਦੁਆਰਾ ਸਿੰਘਾਂ ਸ਼ਹੀਦਾਂ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਬੋਲਦਿਆ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਇਹ ਪਹਿਲੀ ਵਾਰ ਹੋਇਆ ਕਿ ਸੜਕਾਂ ਬਣਾਉਣ ਤੋਂ ਬਾਦ ਉਨ੍ਹਾਂ ਦੀ ਮੁਰੰਮਤ ਲਈ ਪੰਜ ਸਾਲ ਵਾਸਤੇ ਪਹਿਲਾਂਹੀ ਗ੍ਰਾਂਟ ਜਾਰੀ ਕਰ ਦਿੱਤੀ ਹੈ । ਇਸ ਮੌਕੇ ਉਨ੍ਹਾਂ ਨਾਲ ਬਲਾਕ ਪ੍ਰਧਾਨ ਅਵਤਾਰ ਸਿੰਘ, ਬਲਾਕ ਪ੍ਰਧਾਨ ਮਨਦੀਪ ਸਿੰਘ, ਐਸ ਡੀ ਓ ਅਵਤਾਰ ਸਿੰਘ, ਜੇ ਈ ਹਰਮਨਦੀਪ ਸਿੰਘ.ਅੰਜੂ ਬਾਲਾ ਸਰਪੰਚ, ਡਾ ਹਰਮੇਸ਼ ਚੰਦ ਪੰਚ, ਕੁਲਦੀਪ ਸਿੰਘ, ਕੇਵਲ ਸਿੰਘ, ਹਰਬੰਸ ਸੰਧੂ ਸਾਬਕਾ ਸਰਪੰਚ, ਮੇਜਰ ਸਿੰਘ, ਅਮਰਜੀਤ ਸਿੰਘ ਤੋਂ ਇਲਾਵਾ ਪਿੰਡਾਂ ਦੀਆਂ ਪੰਚਾਇਤਾਂ ਹਾਜ਼ਰ ਸਨ।

## ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਨੇ ਮੰਗ ਪੱਤਰ ਦਿੱਤਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** - ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਵਲੋਂ ਲਏ ਗਏ ਫੈਸਲੇ ਅਨੁਸਾਰ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਸਮੂਹ ਟੀਮ ਵੱਲੋਂ ਮਨਿਸਟੀਰੀਅਲ ਸਟਾਫ਼ ਦੀਆਂ ਮੰਗਾਂ ਬਾਬਤ ਮਾਣਯੋਗ ਮੁੱਖ ਮੰਤਰੀ ਪੰਜਾਬ ਦੇ ਨਾਮ ਮੰਗ ਪੱਤਰ ਮਾਣਯੋਗ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਰਾਜੀਵ ਵਰਮਾ ਨੂੰ ਸੌਂਪਿਆ ਗਿਆ। ਵਧੀਕ ਡਿਪਟੀ ਕਮਿਸ਼ਨਰ ਵੱਲੋਂ ਜਥੇਬੰਦੀ ਦੇ ਆਗੂਆਂ ਨਾਲ ਮੰਗਾਂ ਬਾਰੇ ਵਿਸਥਾਰ ਪੂਰਵਕ ਚਰਚਾ ਕਰਨ ਉਪਰੰਤ ਸਿਫਾਰਿਸ਼ ਸਹਿਤ ਮੰਗ ਪੱਤਰ ਮੁੱਖ ਮੰਤਰੀ ਪੰਜਾਬ ਦੇ ਦਫਤਰ ਨੂੰ ਤੁਰੰਤ ਭੇਜਣ ਦੀ ਗੱਲ ਆਖੀ ਗਈ। ਇਸ ਮੌਕੇ ਜਿਲ੍ਹਾ ਪ੍ਰਧਾਨ ਅਜੇ ਕੁਮਾਰ, ਜਿਲਾ ਮੁਖ ਸਲਾਹਕਾਰ ਤਰੁਨਦੀਪ ਦੁਗਲ, ਜਿਲ੍ਹਾ ਪ੍ਰੈਸ ਸਕੱਤਰ ਸੁਰਜੀਤ ਕੁਮਾਰ, ਜਿਲ੍ਹਾ ਮੀਤ ਪ੍ਰਧਾਨ ਗੁਰਚਰਨ ਸਿੰਘ, ਜਿਲ੍ਹਾ ਵਿਤ ਸਕੱਤਰ ਕੁਲਵੀਰ ਸਿੰਘ, ਹਰਪਾਲ ਸਿੰਘ, ਲਵਪ੍ਰੀਤ, ਸੰਜੀਵ ਕੁਮਾਰ ਮੈਂਬਰ ਆਦਿ ਆਗ ਸ਼ਾਮਲ ਸਨ।



## ਸ੍ਰੀ ਗੁਰੂ ਰਵਿਦਾਸ ਸਭਾ ਵੱਲੋਂ ਚੀਫ ਜਸਟਿਸ 'ਤੇ ਹੋਏ ਹਮਲੇ ਵਿਰੁੱਧ ਮਾਰਚ

**ਖਰੜ (ਹਰਨਾਮ ਸਿੰਘ ਡੱਲਾ)**- ਸ਼ਾਮ ਸ੍ਰੀ ਗੁਰੂ ਰਵਿਦਾਸ ਸਭਾ ਰਜਿ: ਖਰੜ ਵੱਲੋਂ ਭਾਰਤੀ ਸੁਪਰੀਮ ਕੋਰਟ ਦੇ ਚੀਫ ਜਸਟਿਸ ਉੱਤੇ ਇੱਕ ਵਕੀਲ ਵੱਲੋਂ ਅਪਮਾਨਜਨਕ ਹਮਲੇ ਦੇ ਵਿਰੋਧ ਵਿੱਚ ਇੱਕ ਰੋਸ ਮਾਰਚ ਕੀਤਾ ਗਿਆ। ਇਸ ਪ੍ਰਦਰਸ਼ਨ ਦੀ ਅਗਵਾਈ ਸ੍ਰੀ ਗੁਰੂ ਰਵਿਦਾਸ ਸਭਾ ਰਜਿ: ਖਰੜ ਦੇ ਪ੍ਰਧਾਨ ਮਦਨ ਲਾਲ ਜਨਾਗਲ ਨੇ ਕੀਤੀ। ਪ੍ਰਦਰਸ਼ਨਕਾਰੀਆਂ ਪਹਿਲਾਂ ਝੁੰਗੀਆਂ ਰੋਡ ਸਥਿਤ ਐੱਨ ਆਰ ਆਈ ਇਨਕਲੇਵ ਵਿਖੇ ਇਕੱਠੇ ਹੋਏ ਅਤੇ ਅਕਾਸ਼ ਗੁੰਜਾਊ ਨਾਅਰੇ ਮਾਰਦੇ ਹੋਏ ਬੱਸ ਸਟੈਂਡ ਖਰੜ ਵਿਖੇ ਪਹੁੰਚੇ। ਉਨ੍ਹਾਂ ਦੇ ਹੱਥਾਂ ਵਿੱਚ ਬੈਨਰ ਅਤੇ ਮਾਟੋ ਫੜੇ ਹੋਏ ਸਨ। ਇਸ ਰੋਹ ਭਰੇ ਪ੍ਰਦਰਸ਼ਨ ਨੂੰ ਗਦਰੀ ਬਾਬੇ ਵਿਚਾਰਧਾਰਕ ਮੰਚ (ਪੰਜਾਬ) ਖਰੜ ਦੇ ਜਨਰਲ ਸਕੱਤਰ ਸੁਖਵਿੰਦਰ ਸਿੰਘ ਦੁੱਮਣਾ, ਲਖਬੀਰ ਸਿੰਘ ਰੁਪਾਲਹੇੜੀ, ਜਮਹੂਰੀ ਕਿਸਾਨ ਸਭਾ ਦੇ ਆਗੂ ਰਾਮ ਕਿਸ਼ਨ ਧੁਨਕੀਆ, ਨੰਬਰਦਾਰ ਹਰਚੰਦ ਸਿੰਘ ਅਤੇ ਸਭਾ ਦੇ ਪ੍ਰਧਾਨ ਮਦਨ ਲਾਲ ਜਨਾਗਲ ਨੇ ਸੰਬੋਧਨ ਕੀਤਾ। ਵੱਖ-ਵੱਖ ਬੁਲਾਰਿਆਂ ਨੇ ਭਾਰਤੀ ਸੁਪਰੀਮ ਕੋਰਟ ਦੇ ਚੀਫ ਜਸਟਿਸ ਬੀ ਆਰ ਗਵੱਈ ਉੱਤੇ ਇੱਕ ਜਾਤਪਾਤੀ ਅਤੇ ਮੰਨੂੰਵਾਦੀ ਵਕੀਲ ਵੱਲੋਂ ਭਰੀ ਅਦਾਲਤ ਵਿੱਚ ਅਪਮਾਨਤ ਕਰਨ ਦੀ ਘਟਨਾ ਨੂੰ ਦੇਸ਼ ਦੇ ਸੰਵਿਧਾਨ ਉੱਤੇ ਕੀਤਾ ਹਮਲਾ ਦੱਸਿਆ। ਬੁਲਾਰਿਆਂ ਕਿਹਾ ਕਿ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਦੀ ਸਭ ਤੋਂ ਵੱਡੀ ਅਦਾਲਤ ਦੇ ਮੁਖੀ ਉੱਤੇ ਜੇਕਰ ਫਿਰਕੂ ਨੀਅਤ ਨਾਲ ਹਮਲਾ ਕੀਤਾ ਜਾਂਦਾ ਹੈ ਤਾਂ ਆਮ ਆਦਮੀ ਦੀ ਸੁਰੱਖਿਆ ਕੌਣ ਕਰੇਗਾ। ਇਹ ਹਮਲਾ ਸੋਚੀ ਸਮਝੀ ਸਾਜ਼ਿਸ਼ ਦਾ ਹਿੱਸਾ ਹੈ ਕਿਉਂਕਿ ਕਿ ਚੀਫ ਜਸਟਿਸ ਗਵੱਈ ਦਲਿਤ ਭਾਈਚਾਰੇ ਨਾਲ ਸਬੰਧਤ ਹਨ ਜਿਸ ਕਰਕੇ ਕਰਕੇ ਆਰ ਐੱਸ ਐੱਸ ਅਤੇ ਬੀ ਜੇ ਪੀ ਦੇ ਲੋਕ ਤੰਗੀ ਮਹਿਸੂਸ ਕਰਦੇ ਸਨ। ਇਸ ਜਾਤੀਵਾਦੀ ਅਤੇ ਫਿਰਕੂ ਹਮਲੇ ਨੇ ਦਲਿਤਾਂ, ਘੱਟ-ਗਿਣਤੀਆਂ ਅਤੇ ਇਨਸਾਫ਼ ਪਸੰਦ ਲੋਕਾਂ ਨੂੰ ਨਿਰਾਸ਼ ਕੀਤਾ ਹੈ। ਬੁਲਾਰਿਆਂ ਨੇ ਕੇਂਦਰੀ ਗ੍ਰਹਿ ਮੰਤਰਾਲੇ ਤੋਂ ਮੰਗ ਕੀਤੀ ਕਿ ਉੱਚ ਸਦਨ ਦੀ ਮਾਣ ਮਰਿਆਦਾ ਨੂੰ ਕਾਇਮ ਰੱਖਣ ਲਈ ਦੋਸ਼ੀ ਵਕੀਲ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਇਸ ਸਮੇਂ ਹੋਰਾਂ ਤੋਂ ਇਲਾਵਾ ਹਰਭਜਨ ਸਿੰਘ, ਜਸਪਾਲ ਸਿੰਘ, ਹਾਕਮ ਸਿੰਘ, ਬਲਵਿੰਦਰ ਸਿੰਘ, ਜੀਤ ਰਾਮ, ਅਵਤਾਰ ਸਿੰਘ ਚੱਕਲਾਂ, ਕੁਲਦੀਪ ਕੁਮਾਰ, ਜੰਗ ਸਿੰਘ, ਪੀਟਰ, ਦੀਵਾਨ ਸਿੰਘ, ਸੁਰਿੰਦਰ ਸਿੰਘ ਬਡਾਲਾ, ਦੀਵਾਨ ਸਿੰਘ, ਸੋਨੀ ਤਰਕਸ਼ੀਲ, ਧਰਮਪਾਲ ਸਿੰਘ, ਹਰਨਾਮ ਸਿੰਘ ਡੱਲਾ, ਹਰਬੰਸ ਸਿੰਘ ਭੱਟੀ, ਬਚਿੱਤਰ ਸਿੰਘ, ਐੱਸ ਆਰ ਮੱਲ, ਚਰਨ ਸਿੰਘ ਕੰਗ, ਜਗਪਾਲ ਸਿੰਘ, ਸੋਹਣ ਸਿੰਘ, ਹਰਚਰਨ ਸਿੰਘ, ਹਰਪ੍ਰੀਤ ਸਿੰਘ, ਬਲਬੀਰ ਸਿੰਘ ਚੰਡੀਗੜ੍ਹ, ਸੁਖਵਿੰਦਰ ਦੁਮਨਾ, ਪਰਮਜੀਤ ਸਿੰਘ, ਮੋਹਨ ਲਾਲ ਰਾਹੀ, ਲਖਬੀਰ ਸਿੰਘ ਰੁਪਾਲਹੇੜੀ, ਨੰਬਰਦਾਰ ਹਰਚੰਦ ਸਿੰਘ, ਕਾਮਰੇਡ ਦਿਨੇਸ਼ ਪ੍ਰਸਾਦ, ਰਾਮ ਕਿਸ਼ਨ ਧੁਨਕੀਆ, ਤਰਲੋਚਨ ਸਿੰਘ ਭੱਟੀ ਨੇ ਇਸ ਪ੍ਰਦਰਸ਼ਨ ਵਿੱਚ ਸ਼ਮੂਲੀਅਤ ਕੀਤੀ।



## 19 ਹਜ਼ਾਰ ਕਿਲੋਮੀਟਰ ਸੜਕਾਂ ਦਾ ਨਵੀਨੀਕਰਨ ਹੋਵੇਗਾ : ਐਡਵੋਕੇਟ ਚੰਦੀ

**ਕਾਲਾ ਸੰਘਿਆਂ (ਮਨਜੀਤ ਮਾਨ)** ਸ੍ਰ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਸੂਬੇ ਨੂੰ ਖੁਸ਼ਹਾਲ ਬਣਾਉਣ ਲਈ ਸੂਬੇ ਅੰਦਰ ਵਿਕਾਸ ਕਾਰਜਾਂ ਨੂੰ ਜੰਗੀ ਪੱਧਰ 'ਤੇ ਨੇਪਰੇ ਚਾੜ੍ਹਿਆ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਕਪੂਰਥਲਾ ਦੇ ਇੰਚਾਰਜ ਐਡਵੋਕੇਟ ਕਰਮਵੀਰ ਸਿੰਘ ਚੰਦੀ ਨੇ ਕਰਦਿਆਂ ਕਿਹਾ ਕਿ ਸੂਬੇ ਅੰਦਰ ਮਾਨ ਸਰਕਾਰ ਵੱਲੋਂ 19 ਹਜ਼ਾਰ ਕਿਲੋਮੀਟਰ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ ਜਿਸ ਵਿੱਚ ਹਲਕਾ ਕਪੂਰਥਲਾ ਦੀਆਂ 27 ਸੜਕਾਂ ਦਾ ਨਵੀਨੀਕਰਨ ਕਰਕੇ ਉਦਘਾਟਨ ਕੀਤੇ ਜਾ ਰਹੇ ਹਨ । ਉਨ੍ਹਾਂ ਕਿਹਾ ਕਿ ਗੁਰੂ ਘਰ ਨੂੰ ਜਾਣ ਵਾਲੀ ਗੁਰਦੁਆਰਾ ਛੇਵੀਂ ਪਾਤਿਸ਼ਾਹੀ ਗੁਰਦੁਆਰਾ ਟਾਂਵੀ ਸੜਕ ਜੋ 16 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗੀ ਜਿਸ 'ਤੇ ਦੋ,ਚਾਰ ਦਿਨਾਂ ਵਿੱਚ ਪ੍ਰੀਮੈਕਸ ਪਾਇਆ ਜਾਵੇਗਾ । ਇਸ ਮੌਕੇ ਮਾਰਕੀਟ ਕਮੇਟੀ ਕਪੂਰਥਲਾ ਦੇ ਚੇਅਰਮੈਨ ਜਗਜੀਤ ਸਿੰਘ ਬਿੱਟੂ, ਨਰਿੰਦਰ ਸਿੰਘ ਸੰਘਾ ਹਲਕਾ ਕੋਆਰਡੀਨੇਟਰ ਕਿਸਾਨ ਵਿੰਗ ਕਪੂਰਥਲਾ, ਵਿਜੇ ਕੁਮਾਰ ਅਰੋੜਾ ਬਲਾਕ ਪ੍ਰਧਾਨ ਕਪੂਰਥਲਾ, ਉੱਘੇ ਨੌਜੁਆਨ ਆਗੂ ਦੇਬੀ ਸੁਨੜਵਾਲ, ਮਨਦੀਪ ਸਿੰਘ ਬਲਾਕ ਪ੍ਰਧਾਨ ਸੁਨੜਵਾਲ, ਰੇਸ਼ਮ ਸਿੰਘ ਮਾਨ ਪ੍ਰਧਾਨ ਪੈਨਸ਼ਨਰਜ਼ ਐਸੋਸੀਏਸ਼ਨ ਕਪੂਰਥਲਾ,ਕੁਲਵੰਤ ਸਿੰਘ ਕਾਂਤੂ,ਸਾਬੀ ਚੱਕ ਦੋਨਾਂ,ਦੀਪਾ ਸੰਘਾ, ਹਰਜਿੰਦਰ ਸਿੰਘ ਸਰਪੰਚ ਮੱਲੂ ਕਾਦਰਾਬਾਦ, ਪਰਮਜੀਤ ਸਿੰਘ ਸੰਧੂ ਚੱਠਾ ਬਲਾਕ ਪ੍ਰਧਾਨ, ਜਗਰੂਪ ਸਿੰਘ ਸੋਸ਼ਲ ਮੀਡੀਆ ਹਲਕਾ ਕੋਆਰਡੀਨੇਟਰ, ਡਾਕਟਰ ਬਲਰਾਮ ਸ਼ਰਮਾ ਉਰਫ਼ ਡਾਕਟਰ ਕਿੰਦੀ,ਲੂਗਾ ਆਲਮਗੀਰ,ਜੱਸੀ ਡੱਬ, ਹਰਵਿੰਦਰ ਸਿੰਘ ਸੰਘਾ ਕਿਸਾਨ ਆਗੂ ਤੇ ਨਵਰਾਜ ਸਿੰਘ ਸੰਘਾ ਹਾਜਰ ਸਨ।




## ਨੌਜਵਾਨ ਦੀ ਬਾਂਹ ਦੇ ਅਪਰੇਸ਼ਨ ਲਈ ਐਨ ਜੀ ਓ ਵੱਲੋਂ ਸਹਿਯੋਗ ਸ਼ਲਾਘਾਯੋਗ

**ਫਿਲੌਰ (ਨਿਰਮਲ)**- ਜਗਤਾਰ ਵਾਸੀ ਅਕਲਪੁਰ ਰੋਡ ਮਹੱਲਾ ਰਾਮਗੜ੍ਹ ਜੋ ਕਈ ਦਿਨਾਂ ਤੋਂ ਟੁੱਟੀ ਬਾਂਹ ਕਾਰਨ ਪ੍ਰੇਸ਼ਾਨ ਸੀ। ਜਿਸ ਲਈ ਨੌਜਵਾਨ ਜਗਤਾਰ ਦੀ ਮਾਤਾ ਵੱਲੋਂ ਫਿਲੌਰ ਦੀਆਂ ਸੰਸਥਾ ਚੜ੍ਹਦੀ ਕਲਾ ਅਤੇ ਸਰਬੱਤ ਦਾ ਭਲਾ ਨਾਲ ਸੰਪਰਕ ਕੀਤਾ। ਜਿਸ ਤੋਂ ਬਾਅਦ ਚੜ੍ਹਦੀ ਕਲਾ ਐਨ ਜੀ ਓ ਦੇ ਡਾਕਟਰ ਕੁਲਦੀਪ ਰਾਏ ਅਤੇ ਡਾਕਟਰ ਵਰਿੰਦਰ ਸੈਣੀ ਵੱਲੋਂ ਸਿਵਲ ਹਸਪਤਾਲ ਫਿਲੌਰ ਦੇ ਹੱਡੀਆਂ ਦੇ ਮਾਹਰ ਡਾਕਟਰ ਸਾਹਿਲ ਨਾਲ ਸੰਪਰਕ ਕੀਤਾ ਅਤੇ ਡਾਕਟਰ ਸਾਹਿਲ ਵੱਲੋਂ ਬਿਨਾਂ ਸ਼ਰਤ ਨੌਜਵਾਨ ਦਾ ਆਪ੍ਰੇਸ਼ਨ ਕਰਨ ਦਾ ਭਰੋਸਾ ਦਿੱਤਾ। ਜਿਸ ਤੋਂ ਬਾਅਦ ਨੌਜਵਾਨ ਜਗਤਾਰ ਅਤੇ ਉਸ ਦੀ ਮਾਤਾ ਵੱਲੋਂ ਡਾਕਟਰ ਸਾਹਿਲ, ਐਨ ਜੀ ਓ ਚੜ੍ਹਦੀ ਕਲਾ ਅਤੇ ਐਨ ਜੀ ਓ ਸਰਬੱਤ ਦਾ ਭਲਾ ਦਾ ਧੰਨਵਾਦ ਕੀਤਾ। ਇਸ ਮੌਕੇ ਡਾਕਟਰ ਕੁਲਦੀਪ ਰਾਏ, ਸੁਰਜੀਤ ਸਿੰਘ ਬਰਨਾਲਾ, ਵਰਿੰਦਰ ਸੈਣੀ, ਪਰਮਿੰਦਰ ਸਿੰਘ ਮਾਹਲ, ਮਨੀ ਧਾਲੀਵਾਲ ਅਤੇ ਹੋਰਾਂ ਨੇ ਵਿੱਤੀ ਸਹਾਇਤਾ 'ਚ ਮਦਦ ਕੀਤੀ।



## ਕਿਸਾਨਾਂ ਨੂੰ ਕੋਈ ਮੁਸ਼ਕਿਲ ਪੇਸ਼ ਨਹੀਂ ਆਵੇਗੀ : ਪ੍ਰਿੰ. ਪ੍ਰੇਮ ਕੁਮਾਰ

**ਗੁਰਾਇਆ (ਬਿੰਦਰ ਸੁਮਨ)**- ਪੰਜਾਬ ਸਰਕਾਰ ਵਲੋਂ ਝੋਨੇ ਦੀ ਫਸਲ ਦੀ ਖ੍ਰੀਦ ਨੂੰ ਲੈ ਕੇ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ, ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਤਰਾ ਦੀ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ, ਇਹ ਪ੍ਰਗਟਾਵਾ ਵਿਧਾਨ ਸਭਾ ਹਲਕਾ ਫਿਲੌਰ ਦੇ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਵਲੋਂ ਦਾਨਾ ਮੰਡੀ ਗੁਰਾਇਆ 'ਚ ਝੋਨੇ ਦੀ ਸਰਕਾਰੀ ਖ੍ਰੀਦ ਸ਼ੁਰੂ ਕਰਵਾਉਣ ਮੌਕੇ ਕੀਤਾ ਗਿਆ। ਉਨ੍ਹਾਂ ਕਿਹਾ ਕਿ ਮਾਰਕਿਟ ਕਮੇਟੀ ਗੁਰਾਇਆ ਦੇ ਅਧੀਨ ਚਾਰ ਮੰਡੀਆਂ ਆਉਂਦੀਆਂ ਹਨ, ਜਿੰਨਾਂ 'ਚ ਪ੍ਰਬੰਧ ਮੁਕੰਮਲ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸੁੱਕਾ ਝੋਨਾ ਲੈ ਕੇ ਹੀ ਮੰਡੀਆਂ ਵਿੱਚ ਆਉਣ ਤਾਂ ਜੋ ਉਨ੍ਹਾਂ ਦੀ ਖੱਜਰ ਖੁਵਾਰੀ ਨਾ ਹੋਵੇ।



## ਸਤਵੰਤ ਸਿੰਘ ਭੁੰਗਰਨੀ ਨੂੰ ਸਦਮਾ, ਪੁੱਤਰ ਦੀ ਅਚਾਨਕ ਮੌਤ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਭੁੰਗਰਨੀ ਦੇ ਉਘੇ ਸਮਾਜ ਸੇਵਕ, ਪ੍ਰਧਾਨ ਸ਼੍ਰੀ ਗੁਰੂ ਹਰਿ ਰਾਇ ਸਪੋਰਟਸ ਕਲੱਬ ਭੁੰਗਰਨੀ, ਸਾਬਕਾ ਪੰਚ ਸਤਵੰਤ ਸਿੰਘ ਭੁੰਗਰਨੀ ਨੂੰ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਇਕਲੌਤੇ ਪੱਤਰ ਹਰਵਿੰਦਰ ਸਿੰਘ ਵਿੱਕੀ ਦਾ ਅਚਾਨਕ ਦੇਹਾਂਤ ਹੋ ਗਿਆ। ਇਸ ਮੌਕੇ ਦੁੱਖ ਦੀ ਘੜੀ ਵਿੱਚ ਇਲਾਕੇ ਭਰ ਤੋਂ ਵੱਖ ਵੱਖ ਰਾਜਨੀਤਿਕ ਪਾਰਟੀਆਂ, ਧਾਰਮਿਕ ਜਥੇਬੰਦੀਆਂ, ਸਮਾਜਿਕ ਸੰਸਥਾਵਾਂ, ਪੱਤਰਕਾਰ ਭਾਈਚਾਰਾ ਅਤੇ ਸਿਆਸੀ ਆਗੂਆਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।ਹਰਵਿੰਦਰ ਸਿੰਘ ਵਿੱਕੀ ਦਾ ਪਿੰਡ ਭੁੰਗਰਨੀ ਦੇ ਸ਼ਮਸ਼ਾਨਘਾਟ ਵਿਖੇ ਅੰਤਿਮ ਸੰਸਕਾਰ ਕਰ ਦਿੱਤਾ ਗਿਆ।



## ਗੁਰੂ ਨਾਨਕ ਕਾਲਜ ਨਰਸਿੰਗ ਢਾਹਾਂ ਕਲੇਰਾਂ ਦਾ ਸ਼ਾਨਦਾਰ ਨਤੀਜਾ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਦੀ ਕਲਾਸ ਬੀ.ਐਸ.ਸੀ. ਨਰਸਿੰਗ ਬੈਚ 2021-2025 (ਸੱਤਵਾਂ ਸਮੈਸਟਰ) ਦਾ ਸ਼ਾਨਦਾਰ 100% ਫੀਸਦੀ ਨਤੀਜਾ ਆਉਣ ਦਾ ਸਮਾਚਾਰ ਹੈ। ਮੈਡਮ ਰਮਨਦੀਪ ਕੌਰ ਕੰਗ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਨੇ ਕਾਲਜ ਵਿਦਿਆਰਥੀਆਂ ਦੀ ਇਸ ਸ਼ਾਨਾਮੱਤੀ ਪ੍ਰਾਪਤੀ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ 100% ਫੀਸਦੀ ਨਤੀਜਾ ਆਉਣ ਦੇ ਨਾਲ ਹੀ ਇਸ ਕਲਾਸ ਦੇ ਸਮੂਹ ਵਿਦਿਆਰਥੀਆ ਵਧੀਆ ਅੰਕ ਪ੍ਰਾਪਤ ਕਰਕੇ ਫਸਟ ਡਵੀਜ਼ਨ ਵਿਚ ਪਾਸ ਹੋਏ ਹਨ । ਹਰਨੀਤ ਕੌਰ ਪੁੱਤਰੀ ਰਾਜਵਿੰਦਰ ਸਿੰਘ ਤੇ ਸੁਨੀਤਾ ਰਾਣੀ ਚੱਕ ਬਿਲਗਾ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ, ਦੂਸਰਾ ਸਥਾਨ ਹੇਮਨਜੋਤ ਕੌਰ ਪੁੱਤਰੀ ਭਗਤ ਸਿੰਘ - ਗੁਰਦੀਪ ਕੌਰ ਅਨੰਦਪੁਰ ਸਾਹਿਬ ਅਤੇ ਤੀਸਰਾ ਸਥਾਨ ਬਬਨਪ੍ਰੀਤ ਕੌਰ ਪੁੱਤਰੀ ਕਰਨੈਲ ਸਿੰਘ - ਪ੍ਰਦੀਪ ਕੌਰ, ਸ੍ਰੀ ਅਨੰਦਪੁਰ ਸਾਹਿਬ ਨੇ ਪ੍ਰਾਪਤ ਕੀਤਾ । ਇਸ ਮੌਕੇ ਕਾਲਜ ਦੇ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਡਾ. ਕੁਲਵਿੰਦਰ ਸਿੰਘ ਢਾਹਾਂ ਨੇ ਸਮੂਹ ਟਰੱਸਟ ਮੈਂਬਰਾਂ ਵੱਲੋਂ ਬੀ.ਐਸ.ਸੀ. ਨਰਸਿੰਗ ਦੇ ਸ਼ਾਨਦਾਰ ਨਤੀਜੇ ਲਈ ਸਮੂਹ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਮੈਡਮ ਰਾਬੀਆ ਹਾਟਾ, ਮੈਡਮ ਮਨਪ੍ਰੀਤ ਕੌਰ, ਮੈਡਮ ਕਿਰਨ ਬੇਦੀ, ਮੈਡਮ ਹਰਲੀਨ ਕੌਰ ਅਤੇ ਕਲਾਸ ਦੇ ਟੌਪਰ ਨਰਸਿੰਗ ਵਿਦਿਆਰਥੀ ਹਾਜ਼ਰ ਸਨ।



## ਸੰਤ ਬਾਬਾ ਚਰਨ ਦਾਸ ਦੀ 17ਵੀਂ ਬਰਸੀ ਮੌਕੇ ਧਾਰਮਿਕ ਸਮਾਗਮ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- 108 ਸੰਤ ਬਾਬਾ ਚਰਨ ਦਾਸ ਮਹਾਰਾਜ ਦਾ 17ਵਾਂ ਬਰਸੀ ਸਮਾਗਮ ਡੇਰਾ ਸੰਤਪੁਰੀ ਪਿੰਡ ਮਹਿਦੂਦ ਨਜ਼ਦੀਕ ਜੇਜੋਂ ਦੋਆਬਾ ਵਿਖੇ ਬੜੀ ਸ਼ਰਧਾ ਨਾਲ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਰਾਗੀ ਸਿੰਘਾਂ ਨੇ ਕੀਰਤਨ ਅਤੇ ਸੰਤਾਂ ਮਹਾਂਪੁਰਸ਼ਾਂ ਨੇ ਧਾਰਮਿਕ ਪ੍ਰਵਚਨ ਕੀਤੇ। ਇਸ ਮੌਕੇ ਆਪਣੀ ਰਸਭਿੰਨੀ ਆਵਾਜ਼ ਵਿੱਚ ਕੀਰਤਨ ਕਰਦਿਆਂ 108 ਸੰਤ ਸਤਨਾਮ ਦਾਸ ਨੇ ਕਿਹਾ ਕਿ ਸਾਨੂੰ ਸਭਨਾਂ ਨੂੰ ਸੰਤ ਬਾਬਾ ਚਰਨ ਦਾਸ ਮਹਾਰਾਜ ਵੱਲੋਂ ਦਰਸਾਏ ਸਚਿਆਈ ਦੇ ਮਾਰਗ 'ਤੇ ਚੱਲ ਕੇ ਆਪਣਾ ਜੀਵਨ ਬਤੀਤ ਕਰਨਾ ਚਾਹੀਦਾ ਹੈ। ਇਸ ਮੌਕੇ ਸੰਤ ਹਰੀ ਓਮ ਮਾਹਿਲਪੁਰ, ਸੰਤ ਰਮੇਸ਼ ਦਾਸ ਸ਼ੇਰਪੁਰ ਢੱਕੋ, ਸੰਤ ਮੱਖਣ ਸਿੰਘ ਟੂਟੋਮਜਾਰਾ, ਸੰਤ ਬਲਬੀਰ ਸਿੰਘ ਸ਼ਾਸਤਰੀ ਟੂਟੋਮਜਾਰਾ, ਸੰਤ ਮੇਜਰ ਦਾਸ ਹੱਲੂਵਾਲ, ਸੰਤ ਸਰਵਣ ਦਾਸ ਸਲੇਮ ਟਾਬਰੀ ਲੁਧਿਆਣਾ, ਸੰਤ ਜਸਵਿੰਦਰ ਸਿੰਘ ਡਾਂਡੀਆਂ, ਸੰਤ ਪਰਮਜੀਤ ਸਿੰਘ ਨਗਰ ਵਾਲੇ, ਸੰਤ ਬਾਬਾ ਵਡਭਾਗੀ ਜੀ ਉਨੇ ਵਾਲੇ, ਸੰਤ ਮਹਿੰਦਰ ਪਾਲ ਸਿੰਘ, ਸੰਤ ਗੁਰਮੀਤ ਦਾਸ, ਸੰਤ ਸੀਤਲ ਦਾਸ ਕਾਲੇਵਾਲ ਭਗਤਾਂ, ਸੰਤ ਕਪੂਰ ਦਾਸ ਜੀ ਜਲੰਧਰ, ਸੰਤ ਬਾਬਾ ਹਰਮੀਤ ਸਿੰਘ ਬਣਾ ਸਾਹਿਬ, ਬਾਬਾ ਚਰਨਜੀਤ ਸਿੰਘ ਲੰਗੇਰੀ, ਭਗਤ ਗੁਰਬਖਸ਼ ਰਾਮ, ਬਾਬਾ ਸੁਰਿੰਦਰ ਸਿੰਘ ਕੁੱਕੜਾ, ਸੰਤ ਰਿਸ਼ੀ ਰਾਜ ਨਵਾਂਸ਼ਹਿਰ, ਸੰਤ ਬਾਬਾ ਸੁੱਚਾ ਸਿੰਘ ਖੁਰਾਲਗੜ੍ਹ ਵਾਲੇ, ਸੰਤ ਮੰਗਲ ਦਾਸ, ਸੰਤ ਬਾਬਾ ਕੁਲਵੰਤ ਰਾਮ ਭਰੋਮਜਾਰਾ, ਸੰਤ ਰਣਜੀਤ ਦਾਸ,ਬਾਬਾ ਕੁਕੂ ਗੁਲਪੁਰ, ਬਾਬਾ ਮਹਿਤਾਬ ਕਾਦਰੀ ਨਵਾਂਸ਼ਹਿਰ, ਬਾਬਾ ਹਰਵਿੰਦਰ ਦਾਸ ਖਾਨਪੁਰ, ਸੰਤ ਹਰਵਿੰਦਰ ਸਿੰਘ ਪੱਲੀਆਂ, ਸੰਤ ਬੇਲਾ ਦਾਸ, ਸੰਤ ਸੇਵਾ ਦਾਸ ਝੰਜੋਵਾਲ, ਸੰਤ ਨਿਰਮਲ ਸਿੰਘ ਡਗਾਣਾ, ਸੰਤ ਅਰਜਨ ਦਾਸ ਮੰਨਣਹਾਨਾ, ਸੰਤ ਬਲਵੰਤ ਸਿੰਘ ਡੀਂਗਰੀਆਂ, ਸੰਤ ਦਿਆਲ ਨਾਥ ਸਮੁੰਦੜਾ, ਸੰਤ ਜਗਦੀਪ ਦਾਸ ਜੇਠੂ ਮਜਾਰਾ, ਸੰਤ ਜਗਦੀਸ ਸੁਮਨ ਚੂਹੜਪੁਰ, ਸੰਤ ਦਲਜੀਤ ਸਿੰਘ ਸੋਢੀ, ਬਾਬਾ ਨਿਤਨ ਨੂਰਪੁਰ, ਬਾਬਾ ਰਾਮ ਜੀ ਘਾਗੋ ਸਮੇਤ ਵੱਖ-ਵੱਖ ਧਾਰਮਿਕ ਅਸਥਾਨਾਂ ਤੋਂ ਸੰਤ ਮਹਾਂਪੁਰਸ਼ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਸਮਾਗਮ ਵਿੱਚ ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ । ਇਸ ਮੌਕੇ ਵਿਧਾਇਕ ਸੁਖਵਿੰਦਰ ਕੋਟਲੀ ਆਦਮਪੁਰ, ਸੁਰਿੰਦਰ ਜੀ ਇੰਚਾਰਜ ਪ੍ਰਦੇਸ਼ ਕਾਂਗਰਸ, ਐਡਵੋਕੇਟ ਪੰਕਜ ਕਿਰਪਾਲ ਗੜ੍ਹਸ਼ੰਕਰ, ਜ਼ੈਲਦਾਰ ਦਵਿੰਦਰ ਸਿੰਘ, ਬਸਪਾ ਆਗੂ ਬਾਬੂ ਪਿਆਰੇ ਲਾਲ, ਰਕੇਸ਼ ਕਿੱਟੀ, ਪਿਆਰੇ ਲਾਲ ਜੀਵਨਪੁਰ ਸਮੇਤ ਰਾਜਨੀਤਿਕ ਸ਼ਖਸੀਅਤਾਂ ਹਾਜ਼ਰ ਸਨ। ਇਸ ਮੌਕੇ ਰਾਉ ਮੋਹਨ ਮੈਮੋਰੀਅਲ ਹਸਪਤਾਲ ਗੜ੍ਹਸ਼ੰਕਰ ਵੱਲੋਂ ਡਾਕਟਰ ਹਰਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਮੁਫਤ ਮੈਡੀਕਲ ਕੈਂਪ ਲਗਾਇਆ ਗਿਆ। ਡਾਕਟਰੀ ਟੀਮ ਵਿੱਚ ਰਾਜਵੀਰ ਸਿੰਘ, ਰਮਨਦੀਪ ਕੌਰ, ਮੈਡਮ ਮੀਨੂ ਆਦਿ ਹਾਜ਼ਰ ਸਨ। ਸਮਾਗਮ ਵਿੱਚ ਡਾਕਟਰ ਨਿਰਮਲ ਕੁਮਾਰ ਐਸ.ਐਮ.ਓ ਸਿਵਲ ਹਸਪਤਾਲ ਬੀਣੇਵਾਲ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਗੁਰੂ ਕਾ ਲੰਗਰ ਅਟੁੱਟ ਚੱਲਿਆ। ਸੰਤ ਸਤਨਾਮ ਦਾਸ ਮਹਾਰਾਜ ਵੱਲੋਂ ਸੰਤਾਂ ਮਹਾਂਪੁਰਸ਼ਾਂ, ਡਾਕਟਰੀ ਕੈਂਪ ਵਿੱਚ ਸ਼ਾਮਿਲ ਡਾਕਟਰੀ ਟੀਮ ਦੇ ਸਮੁੱਚੇ ਮੈਂਬਰਾਂ, ਵੱਖ ਵੱਖ ਰਾਜਨੀਤਿਕ ਪਾਰਟੀ ਦੇ ਆਗੂਆਂ ਅਤੇ ਸਮਾਗਮ ਦੀਆਂ ਹੋਰ ਸਹਿਯੋਗੀ ਸੰਗਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।





## ਬਿਜਲੀ ਬੋਰਡ ਕਰਮਚਾਰੀਆਂ ਵੱਲੋਂ ਗੇਟ ਰੈਲੀ

**ਨੰਗਲ (ਸੁਰਜੀਤ ਸਿੰਘ ਢੇਰ)**- ਟੈਕਨੀਕਲ ਸਰਵਿਸ ਯੂਨੀਅਨ ਸੂਬਾ ਕਮੇਟੀ ਜੁਆਇੰਟ ਫੋਰਮ ਦੇ ਸੱਦੇ 'ਤੇ ਸ਼ੁੱਕਰਵਾਰ ਬਿਜਲੀ ਬੋਰਡ ਕਰਮਚਾਰੀਆਂ ਵੱਲੋਂ ਸਬ ਡਵੀਜ਼ਨ ਨੰਗਲ ਵਿਖੇ ਗੇਟ ਰੈਲੀ ਕੀਤੀ ਗਈ।ਇਸ ਰੈਲੀ ਦੀ ਪ੍ਰਧਾਨਗੀ ਬਹਾਦੁਰ ਸਿੰਘ ਪ੍ਰਧਾਨ ਸਬ ਡਵੀਜ਼ਨ ਨੰਗਲ ਸਕੱਤਰ ਸ਼ਿਵ ਕੁਮਾਰ ਵਲੋਂ ਕੀਤੀ ਗਈ। ਜਿਸ ਵਿੱਚ ਮੁੱਖ ਤੌਰ 'ਤੇ ਪੰਜਾਬ ਸਰਕਾਰ ਵੱਲੋਂ ਬਿਜਲੀ ਬੋਰਡ ਦੀ ਕੀਮਤੀ ਸੰਪਤੀ ਕਾਰਪੋਰੇਟ ਘਰਾਣਿਆਂ ਨੂੰ ਵੇਚਣ ਅਤੇ ਬਿਜਲੀ ਕਰਮਚਾਰੀਆਂ ਦੀ ਡਿਊਟੀ ਪਰਾਲੀ ਨੂੰ ਸਾੜਨ ਦੇ ਰੋਕਣ ਲਈ ਲਗਾਈ ਗਈ ਹੈ ਦੇ ਵਿਰੋਧ ਵਿੱਚ ਕੀਤੀ ਗਈ ਰੋਸ ਰੈਲੀ ਵਿੱਚ ਸਕੱਤਰ ਦੀ ਕਾਰਵਾਈ ਸ਼ਿਵ ਕੁਮਾਰ ਵਲੋਂ ਕੀਤੀ ਗਈ। ਇਸ ਮੌਕੇ ਬੁਲਾਰੇ ਸਾਥੀ ਰਕੇਸ਼ ਬਾਲੀ ਕਲਸੇੜਾ ਪ੍ਰਧਾਨ ਪੈਨਸ਼ਨ ਐਸੋਸੀਏਸ਼ਨ, ਬਹਾਦੁਰ ਸਿੰਘ ਪ੍ਰਧਾਨ ਸਬ ਡਿਵੀਜ਼ਨ ਨੰਗਲ, ਸ਼ਿਵ ਕੁਮਾਰ ਸਕੱਤਰ ਸਬ ਡਵੀਜ਼ਨ ਨੰਗਲ, ਵਲਭ ਸਿੰਘ ਝੱਜ ਪ੍ਰਧਾਨ ਡਵੀਜ਼ਨ ਅਨੰਦਪੁਰ ਸਾਹਿਬ, ਸੁਖਵਿੰਦਰ ਸਿੰਘ, ਦੀਪਕ ਕੁਮਾਰ, ਪਰਵੀਨ, ਜਤਿਨ ਉੱਪਲ, ਅਜੈ ਕੁਮਾਰ, ਜਗਤਾਰ ਸਿੰਘ, ਕੇਵਲ ਕ੍ਰਿਸ਼ਨ, ਗਗਨ ਘਈ ਯਸ਼ਪਾਲ, ਸਾਥੀ ਹਾਜ਼ਰ ਸਨ।

## ਡਾਇਟ ਸ਼ੇਖੂਪੁਰ ਨੇ ਕਰਵਾਇਆ ਲੀਡਰਸ਼ਿਪ ਰੀਟਰੀਟ ਪ੍ਰੋਗਰਾਮ

**ਕਪੂਰਥਲਾ** : ਪਿਛਲੇ ਦਿਨੀਂ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਸ਼ੇਖੂਪੁਰ (ਕਪੂਰਥਲਾ) ਨੇ ਸੰਸਥਾ ਦੀ ਪ੍ਰਿੰਸੀਪਲ ਸ੍ਰੀਮਤੀ ਸਪਨਾ ਗੁਪਤਾ ਦੀ ਅਗਵਾਈ ਵਿੱਚ



ਜ਼ਿਲ੍ਹਾ ਸਿੱਖਿਆ ਅਫਸਰ ਕਪੂਰਥਲਾ, ਪ੍ਰਾਇਮਰੀ ਅਤੇ ਸੈਕੰਡਰੀ ਦੇ ਸਹਿਯੋਗ ਨਾਲ ਜ਼ਿਲ੍ਹੇ ਦੇ ਸਕੂਲ ਮੁਖੀਆਂ ਅਤੇ ਬਲਾਕ ਸਿੱਖਿਆ ਅਫਸਰਾਂ ਲਈ ਇੱਕ ਰੋਜ਼ਾ 'ਲੀਡਰਸ਼ਿਪ ਰੀਟਰੀਟ' ਪ੍ਰੋਗਰਾਮ ਦਾ ਆਯੋਜਨ ਨਿਊ ਅਹੂਜਾ ਰੈਸਟੋਰੈਂਟ ਦੇ ਹਾਲ ਵਿੱਚ ਕੀਤਾ। ਇਸ ਪ੍ਰੋਗਰਾਮ ਵਿੱਚ ਡਾਇਟ ਫੈਕਲਟੀ ਅਤੇ ਸਿਖਿਆਰਥੀਆਂ ਤੋਂ ਇਲਾਵਾ 42 ਸਕੂਲ ਪ੍ਰਿੰਸੀਪਲ, ਹੈੱਡਮਾਸਟਰ ਅਤੇ ਬਲਾਕ ਸਿੱਖਿਆ ਅਫਸਰਾਂ ਨੇ ਸ਼ਮੂਲੀਅਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਸਿੱਖਿਆ ਵਿਭਾਗ ਦੇ ਪ੍ਰੋਫੈਸਰ ਅਤੇ ਡਿਪਟੀ ਡੀਨ ਡਾ. ਵਿਜੇ ਕੁਮਾਰ ਚੇਚੀ ਨੇ 'ਨਵੀਂ ਵਿੱਦਿਆ ਨੀਤੀ- ਸਕੂਲਾਂ ਲਈ ਇਸ ਦੇ ਲਾਭ' ਵਿਸ਼ੇ 'ਤੇ ਆਪਣੀ ਪੇਸ਼ਕਾਰੀ ਦਿੱਤੀ ਅਤੇ ਸਿੱਖਿਆ ਨੀਤੀ ਦੇ ਹਵਾਲੇ ਅਧਿਕਾਰੀਆਂ ਨਾਲ ਇਸ ਦੇ ਵੱਖ ਵੱਖ ਪੱਖਾਂ ਬਾਰੇ ਚਰਚਾ ਕੀਤੀ। ਸੰਸਥਾ ਦੇ ਸੀਨੀਅਰ ਲੈਕਚਰਾਰ ਸੁਰਜੀਤ ਕੌਰ ਔਜਲਾ ਨੇ ਸੰਸਥਾ ਵਿੱਚ ਚੱਲ ਰਹੇ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ। ਲੈਕਚਰਾਰ ਹਰਵਿੰਦਰ ਭੰਡਾਲ ਨੇ ਸੰਸਥਾ ਵਿੱਚ ਸਾਲ 2009 ਤੋਂ ਚੱਲ ਰਹੇ ਐਕਸ਼ਨ ਰਿਸਰਚ ਪ੍ਰੋਜੈਕਟਾਂ ਬਾਰੇ ਜਾਣਕਾਰੀ ਦੇਣ ਦੇ ਨਾਲ ਨਾਲ ਇਸ ਸਾਲ ਤੋਂ ਸ਼ੁਰੂ ਹੋ ਰਹੀ ਜਨਰਲ ਰਿਸਰਚ ਨਾਲ ਜੁੜੇ ਨੁਕਤਿਆਂ ਬਾਰੇ ਦੱਸਿਆ। ਲੈਕਚਰਾਰ ਨੀਲਮ ਵਰਮਾ ਨੇ ਬਾਲਗ ਸਿੱਖਿਆ ਦੇ ਪ੍ਰੋਗਰਾਮ 'ਉਲਾਸ' ਲਈ ਜ਼ਿਲ੍ਹਾ ਕਪੂਰਥਲਾ ਨੂੰ ਮਿਲੇ ਟੀਚੇ ਬਾਰੇ ਅੰਕੜੇ ਸਾਂਝੇ ਕੀਤੇ। ਜ਼ਿਲ੍ਹਾ ਰਿਸੋਰਸ ਪਰਸਨ ਦਵਿੰਦਰ ਸ਼ਰਮਾ ਨੇ ਪਿਛਲੇ ਸਾਲ ਹੋਏ ਰਾਸ਼ਟਰੀ ਸਰਵੇ 'ਪਰਖ' ਵਿੱਚ ਕਪੂਰਥਲਾ ਜ਼ਿਲ੍ਹੇ ਦੇ ਸੰਤੁਲਨਾਤਮਿਕ ਪ੍ਰਦਰਸ਼ਨ ਬਾਰੇ ਅੰਕੜੇ ਸਾਂਝੇ ਕੀਤੇ। ਜ਼ਿਲ੍ਹਾ ਸਿੱਖਿਆ ਅਫਸਰ (ਪ੍ਰਾਇਮਰੀ) ਮਮਤਾ ਬਜਾਜ ਨੇ ਇਸ ਪ੍ਰੋਗਰਾਮ ਦੇ ਮੰਤਵ ਦੀ ਸ਼ਲਾਘਾ ਕਰਦਿਆਂ ਸਾਰੇ ਸਕੂਲ ਮੁਖੀਆਂ ਨੂੰ ਸਿੱਖਿਆ ਦੇ ਖੇਤਰ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਤ ਕੀਤਾ। ਪ੍ਰਿੰਸੀਪਲ ਸਪਨਾ ਗੁਪਤਾ ਨੇ ਸਾਰਿਆਂ ਦਾ ਧੰਨਵਾਦ ਕਰਨ ਦੇ ਨਾਲ ਨਾਲ ਸਿੱਖਿਆ ਸ਼ਾਸਤਰ ਨਾਲ ਸੰਬੰਧਤ ਨੁਕਤੇ ਵੀ ਸਰੋਤਿਆਂ ਨੂੰ ਦੱਸੇ। ਪ੍ਰੋਗਰਾਮ ਦੌਰਾਨ ਬੀ ਆਰ ਪੀ ਜਤਿੰਦਰ ਕੌਰ ਨੇ ਮੰਚ ਸੰਚਾਲਨ ਕਰਨ ਦੇ ਨਾਲ ਨਾਲ ਹਾਜ਼ਰੀਨ ਨੂੰ ਪ੍ਰੋਗਰਾਨ ਦੌਰਾਨ ਚੁਸਤ ਰੱਖਣ ਲਈ ਇੱਕ ਪ੍ਰੇਰਨਾਮਈ ਗਤੀਵਿਧੀ ਵੀ ਕਰਵਾਈ ਗਈ।

## ਖਾਲਸਾ ਸਕੂਲ ਦੇ ਐੱਨ ਸੀ ਸੀ ਕੈਡਿਟਾਂ ਨੇ ਪਾਇਆ ਸਵੱਛ ਭਾਰਤ ਅਭਿਆਨ ਯੋਗਦਾਨ



**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਕਮਾਂਡਿੰਗ ਅਫ਼ਸਰ ਕਰਨਲ ਰਾਜੇਸ਼ਵਰ ਸਿੰਘ ਦੇ ਦਿਸ਼ਾ ਨਿਰਦੇਸ਼ ਅਧੀਨ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਦੀ ਅਗਵਾਈ ਦੇ ਵਿੱਚ ਐਸ. ਜੀ. ਐਸ ਖਾਲਸਾ ਸੀ. ਸੈ. ਸਕੂਲ ਸ੍ਰੀ ਅਨੰਦਪੁਰ ਸਾਹਿਬ ਦੇ ਕੈਡਟਾਂ ਨੇ ਸਵੱਛ ਭਾਰਤ ਅਭਿਆਨ 'ਚ ਆਪਣਾ ਯੋਗਦਾਨ ਪਾਇਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਚੀਫ਼ ਅਫ਼ਸਰ ਰਣਜੀਤ ਸਿੰਘ ਨੇ ਦੱਸਿਆ ਕਿ ਸਵੱਛ ਭਾਰਤ ਮੁਹਿੰਮ ਦੇ ਵਿੱਚ ਖਾਲਸਾ ਸਕੂਲ ਦੇ ਕੈਡਿਟਾਂ ਵੱਲੋਂ ਸਫ਼ਾਈ ਕਰਕੇ ਵਿਸ਼ੇਸ਼ ਯੋਗਦਾਨ ਦਿੱਤਾ ਗਿਆ। ਚੀਫ਼ ਅਫ਼ਸਰ ਰਣਜੀਤ ਸਿੰਘ ਨੇ ਦੱਸਿਆ ਕਿ ਕੈਡਿਟਾਂ ਵੱਲੋਂ ਸਕੂਲ ਦੇ ਮੁੱਖ ਗੇਟ ਤੋਂ ਲੈ ਕੇ ਚਰਨ ਗੰਗਾ ਦੇ ਪੁਲ ਤੱਕ ਸੜਕ ਦੇ ਕਿਨਾਰਿਆਂ ਦੀ ਸਾਫ ਸਫਾਈ ਕੀਤੀ ਗਈ। ਇਸ ਮੌਕੇ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਨੇ ਕਿਹਾ ਕਿ ਸਾਡਾ ਸਭ ਦਾ ਫ਼ਰਜ਼ ਬਣਦਾ ਹੈ ਕਿ ਅਸੀਂ ਆਪਣਾ ਆਲਾ ਦੁਆਲਾ ਸਾਫ ਰੱਖੀਏ। ਜੇਕਰ ਸਾਡਾ ਆਲਾ ਦੁਆਲਾ ਸਾਫ ਹੋਵੇਗਾ ਤਾਂ ਅਸੀਂ ਬਹੁਤ ਸਾਰੀਆਂ ਬਿਮਾਰੀਆਂ ਤੋਂ ਬਚੇ ਰਹਾਂਗੇ। ਇਸ ਮੌਕੇ ਤੇ ਕੈਡਿਟਾਂ ਵੱਲੋਂ ਆਪਣੇ ਆਲੇ ਦੁਆਲੇ ਨੂੰ ਸਾਫ ਰੱਖਣ ਦੇ ਲਈ ਸਹੁੰ ਵੀ ਚੁੱਕੀ ਗਈ।

## ਰਾਕੇਸ਼ ਸੂਦ ਦੀ ਰੋਟਰੀ ਕਲੱਬ ਦੇ ਆਨਰੇਰੀ ਸਕੱਤਰ ਵਜੋਂ ਦੁਬਾਰਾ ਹੋਈ ਨਿਯੁਕਤੀ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਰੋਟਰੀ ਕਲੱਬ ਫਗਵਾੜਾ ਜੈਮਸ ਦੇ ਪ੍ਰਧਾਨ ਸੀ.ਏ. ਰੋਟੇਰੀਅਨ ਰਾਕੇਸ਼ ਚਾਵਲਾ ਨੇ ਇੱਕ ਵਾਰ ਫਿਰ ਸੀਨੀਅਰ ਕਲੱਬ ਮੈਂਬਰ ਰਾਕੇਸ਼ ਸੂਦ ਨੂੰ ਸਾਲ 2025-26 ਲਈ ਕਲੱਬ ਦਾ ਆਨਰੇਰੀ ਸਕੱਤਰ ਨਿਯੁਕਤ ਕੀਤਾ ਹੈ। ਰਾਕੇਸ਼ ਸੂਦ ਨੇ ਕਲੱਬ ਦੇ ਪ੍ਰਧਾਨ ਸੀ ਏ ਰਾਕੇਸ਼ ਚਾਵਲਾ ਦਾ ਦਿਲੋਂ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਉਹ ਇਸ ਵੱਕਾਰੀ ਅਹੁਦੇ ਦੀ ਸ਼ਾਨ ਨੂੰ ਬਰਕਰਾਰ ਰੱਖਣਗੇ ਅਤੇ ਸੀਨੀਅਰ ਰੋਟੇਰੀਅਨਾਂ ਦੀ ਸੇਧ ਹੇਠ ਰੋਟਰੀ ਦੇ ਉਦੇਸ਼ਾਂ ਨੂੰ ਪੂਰਾ ਕਰਨ ਲਈ ਤਨਦੇਹੀ ਨਾਲ ਕੰਮ ਕਰਦੇ ਰਹਿਣਗੇ। ਜ਼ਿਕਰਯੋਗ ਹੈ ਕਿ ਰਾਕੇਸ਼ ਸੂਦ ਨੇ ਪਿਛਲੇ ਸਾਲ 2024-25 ਵਿੱਚ ਪ੍ਰਧਾਨ ਪਵਨ ਕੁਮਾਰ ਕਾਲੜਾ ਦੀ ਅਗਵਾਈ ਹੇਠ ਵੀ ਆਨਰੇਰੀ ਸਕੱਤਰ ਵਜੋਂ ਸੇਵਾ ਨਿਭਾਈ ਸੀ। ਕਲੱਬ ਪ੍ਰਤੀ ਉਨ੍ਹਾਂ ਦੇ ਸਮਰਪਣ ਨੂੰ ਮਾਨਤਾ ਦਿੰਦੇ ਹੋਏ, ਉਨ੍ਹਾਂ ਨੂੰ ਰੋਟਰੀ ਗਵਰਨਰ ਪੀ ਐੱਸ ਗਰੇਵਰ ਦੁਆਰਾ ਸਾਲ 2024-25 ਲਈ ਰੋਟਰੀ ਡਿਸਟ੍ਰਿਕਟ 3070 ਵਿੱਚ ਆਊਟਸਟੈਂਡਿੰਗ ਰੋਟੇਰੀਅਨ ਪੁਰਸਕਾਰ ਨਾਲ ਨਵਾਜਿਆ ਗਿਆ ਸੀ।



## ਅਧਿਕਾਰੀ ਸਲੱਮ ਬਸਤੀਆਂ 'ਚ ਬੱਚਿਆਂ ਦੇ ਜਨਮ ਰਜਿਸਟ੍ਰੇਸ਼ਨ ਲਈ ਵਿਸ਼ੇਸ਼ ਮੁਹਿੰਮ ਸ਼ੁਰੂ ਕਰਨ : ਸੁਧੀਰ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਸਿਹਤ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਸੁਧੀਰ ਰਾਜਪਾਲ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਸੂਬੇ ਦੀ ਸਲੱਮ ਬਸਤੀਆਂ ਅਤੇ ਵਾਂਝੇ ਖੇਤਰਾਂ ਵਿੱਚ ਰਜਿਸਟ੍ਰੇਸ਼ਨ ਤੋਂ ਛੁਟੇ ਹੋਏ ਬੱਚਿਆਂ ਦੇ ਜਨਮ-ਰਜਿਸਟ੍ਰੇਸ਼ਨ ਲਈ ਇੱਕ ਵਿਸ਼ੇਸ਼ ਮੁਹਿੰਮ ਸ਼ੁਰੂ ਕਰਨ। ਸਿਵਲ ਸਰਜਨ ਇੰਨ੍ਹਾ ਖੇਤਰਾਂ ਦਾ ਦੌਰਾ ਕਰਣਗੇ ਅਤੇ ਨਿਜੀ ਰੂਪ ਨਾਲ ਗਤੀਵਿਧੀਆਂ ਦੀ ਨਿਗਰਾਨੀ ਕਰਣਗੇ। ਨਾਲ ਹੀ, ਉਨ੍ਹਾਂ ਨੇ ਉਨ੍ਹਾਂ ਜਿਲ੍ਹਿਆਂ ਦੇ ਮੁੱਖ ਮੈਡੀਕਲ ਅਧਿਕਾਰੀਆਂ ਨੂੰ ਵੀ ਸਖਤ ਕਾਰਵਾਈ ਦੀ ਚੇਤਾਵਨੀ ਦਿੱਤੀ ਜਿਨ੍ਹਾਂ ਦੇ ਜ਼ਿਲ੍ਹਾ ਵਿੱਚ ਪਿਛਲੇ ਸਾਲ ਦੀ ਇਸੇ ਸਮੇਂ ਦੀ ਤੁਲਨਾ ਵਿੱਚ ਘੱਟ ਲਿੰਗਅਨੁਪਾਤ ਆਇਆ ਹੈ। ਸ੍ਰੀ ਸੁਧੀਰ ਰਾਜਪਾਲ ਲਿੰਗਨੁਪਾਤ ਨੂੰ ਕੰਟਰੋਲ ਕਰਨ ਨਾਲ ਸਬੰਧਿਤ ਗਠਨ ਸਪੈਸ਼ਲ ਟਾਸਕ ਫੋਬਸ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਵਧੀਕ ਮੁੱਖ ਸਕੱਤਰ ਨੇ ਕੁੱਝ ਜਿਲ੍ਹਿਆਂ ਵਿੱਚ ਲਿੰਗਨੁਪਾਤ ਵਿੱਚ ਜਰੂਰੀ ਸੁਧਾਰ ਨਾ ਹੋਣ ਤੇ ਨਾਰਾਜਗੀ ਜਾਹਰ ਕੀਤੀ ਅਤੇ ਕਿਹਾ ਕਿ ਜਿਸ ਸੀਐਮਓ ਦੇ ਖੇਤਰ ਵਿੱਚ ਪਿਛਲੇ ਸਾਲ ਦੀ ਤੁਲਨਾ ਵਿੱਚ ਨਿਰਧਾਰਿਤ ਸਮੇਂ ਦੌਰਾਨ ਲਿੰਗਨੁਪਾਤ ਘੱਟ ਪਾਇਆ ਗਿਆ ਤਾਂ ਉਸ ਦੇ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

## ਸ੍ਰੀ ਗੁਰੂ ਰਾਮਦਾਸ ਜੀ ਦਾ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ

**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**- ਗੁਰੂ ਰਾਮਦਾਸ ਜੀ ਵੈਲਫੇਅਰ ਸੋਸਾਇਟੀ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ) ਵਲੋਂ ਰਾਮਗੜ੍ਹੀਆ ਸਭਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ) ਦੇ ਸਹਿਯੋਗ ਨਾਲ ਸੋਸਾਇਟੀ ਦੇ ਪ੍ਰਧਾਨ ਕਰਮ ਸਿੰਘ ਬਬਰਾ ਦੀ ਅਗਵਾਈ ਹੇਠ ਰਾਮਗੜ੍ਹੀਆ ਸਭਾ ਮੋਹਾਲੀ ਵਿਖੇ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਅਤੇ ਉਤਸ਼ਾਹ ਪੂਰਵਕ ਧੂਮ ਧਾਮ ਨਾਲ ਮਨਾਇਆ ਗਿਆ। ਜਨਮ ਦਿਹਾੜੇ ਦੀ ਖੁਸ਼ੀ ਵਿੱਚ ਸ਼ਾਮ ਨੂੰ ਸ੍ਰੀ ਰਹਿਰਾਸ ਸਾਹਿਬ ਜੀ ਦੇ ਪਾਠ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿੱਚ ਭਾਈ ਪੁਰਸ਼ੋਤਮ ਸਿੰਘ ਹਜ਼ੂਰੀ ਰਾਗੀ ਰਾਮਗੜ੍ਹੀਆ ਸਭਾ, ਭਾਈ ਜਸਵੀਰ ਸਿੰਘ ਹੈੱਡ ਗ੍ਰੰਥੀ ਸ੍ਰੀ ਚਮਕੌਰ ਸਾਹਿਬ ਨੇ ਆਪਣੇ ਪ੍ਰਵਚਨਾ ਰਾਹੀਂ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ ਬ੍ਰਿਤਾਂਤ ਤੇ ਸੰਗਤਾਂ ਨੂੰ ਜਾਣੂ ਕਰਵਾਇਆ। ਭਾਈ ਭੁਪਿੰਦਰ ਸਿੰਘ ਖਾਲਸਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਇਸ ਮੌਕੇ ਤੇ ਗੁਰੂ ਰਾਮਦਾਸ ਜੀ ਸੋਸਾਇਟੀ ਵਲੋਂ ਬੂਟਿਆਂ ਦਾ ਲੰਗਰ ਵੀ ਲਗਾਇਆ ਜਿਸ ਵਿੱਚ ਵਾਤਾਵਰਨ ਦੀ ਸ਼ੁੱਧਤਾ ਲਈ ਵੱਖ ਵੱਖ ਕਿਸਮ ਦੇ ਬੂਟੇ ਸੰਗਤਾਂ ਨੂੰ ਵੰਡੇ ਗਏ ਅਤੇ ਸੰਗਤਾਂ ਨੂੰ ਵੱਧ ਤੋਂ ਵੱਧ ਗੁਰਬਾਣੀ ਨਾਲ ਜੋੜਨ ਲਈ ਸੁੰਦਰ ਗੁਰਬਾਣੀ ਦੇ ਗੁਟਕਾ ਸਾਹਿਬ ਵੀ ਵੰਡੇ ਗਏ। ਇਸ



ਧਾਰਮਿਕ ਸਮਾਗਮ ਵਿੱਚ ਕਈ ਧਾਰਮਿਕ ਅਤੇ ਉੱਘੇ ਸਿਆਸੀ ਆਗੂਆਂ ਨੇ ਵਿਸ਼ੇਸ਼ ਤੌਰ ਤੇ ਹਾਜਰੀ ਭਰੀ ਜਿਨਾਂ ਵਿੱਚ ਮੋਹਾਲੀ ਦੇ ਮੇਅਰ ਸ ਅਮਰਜੀਤ ਸਿੰਘ ਜਿੱਤੀ ਸਿੱਧੂ, ਸੀਨੀਅਰ ਡਿਪਟੀ ਮੇਅਰ ਸ ਅਮਰੀਕ ਸਿੰਘ ਸੋਮਲ, ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ, ਸ ਮਨਜੀਤ ਸਿੰਘ ਸੇਠੀ (ਕੌਂਸਲਰ), ਬੀਬੀ ਪਰਮਜੀਤ ਕੌਰ ਲਾਂਡਰਾ (ਮੈਂਬਰ ਐੱਸ ਜੀ ਪੀ ਸੀ), ਸੁਖਵਿੰਦਰ ਗੋਲਡੀ (ਬੀ ਜੇ ਪੀ), ਕੰਵਲਜੀਤ ਸਿੰਘ ਰੂਬੀ, ਹਰਮਨਪ੍ਰੀਤ ਸਿੰਘ ਪ੍ਰਿੰਸ (ਸ਼੍ਰੋਮਣੀ ਅਕਾਲੀ ਦਲ), ਰਾਜਾ ਮੋਹਾਲੀ, ਸਰਬਜੀਤ ਸਿੰਘ ਪਾਰਸ, ਗੁਰਦੁਆਰਾ ਤਾਲਮੇਲ ਕਮੇਟੀ ਦੇ ਪ੍ਰਧਾਨ ਜੋਗਿੰਦਰ ਸਿੰਘ ਸੋਂਧੀ, ਸਰਬਜੀਤ ਸਿੰਘ ਬਾਜਵਾ, ਪ੍ਰੀਤਮ ਸਿੰਘ, ਜਸਪਾਲ ਸਿੰਘ, ਸੁਰਜੀਤ ਸਿੰਘ ਮਠਾੜ ਆਦਿ ਪਤਵੰਤੇ ਸੱਜਣ ਹਾਜ਼ਰ ਸਨ। ਉਪਰੋਕਤ ਸਾਰੀ ਜਾਣਕਾਰੀ ਸੋਸਾਇਟੀ ਦੇ ਜਨਰਲ ਸਕੱਤਰ ਸ੍. ਬਿਕਰਮਜੀਤ ਸਿੰਘ ਹੂੰਝਣ ਵਲੋ ਦਿੱਤੀ ਗਈ।

## ਸਰਕਾਰ ਦੀਵਾਲੀ ਤੋਂ ਪਹਿਲਾਂ ਮਹਿੰਗਾਈ ਭੱਤੇ ਦੀ ਕਿਸ਼ਤ ਜਾਰੀ ਕਰੇ : ਰਾਜੀਵ ਸ਼ਰਮਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੀ ਡਬਲਿਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਬ੍ਰਾਂਚ ਜਲ ਸਪਲਾਈ ਐਂਡ ਸੈਨੀਟੇਸ਼ਨ ਵਿਭਾਗ ਤਲਵਾੜਾ ਦੀ ਮੀਟਿੰਗ ਬ੍ਰਾਂਚ ਪ੍ਰਧਾਨ ਰਾਜੀਵ ਸ਼ਰਮਾ ਦੀ ਅਗਵਾਈ ਹੇਠ ਉਪ ਮੰਡਲ ਦਫਤਰ ਤਲਵਾੜਾ ਵਿੱਖੇ ਕੀਤੀ ਗਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਕਰਮਚਾਰੀਆਂ ਨੇ ਹਿਸਾ ਲਿਆ। ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦੇ ਹੋਏ ਜਨਰਲ ਸਕੱਤਰ ਸ਼ਾਮ ਸਿੰਘ ਨੇ ਕਿਹਾ ਕੀ ਪਿਛਲੇ ਸਮੇ ਵਿੱਚ ਕਰਮਚਾਰੀਆਂ ਨੂੰ ਕੇਂਦਰ ਦੀ ਤਰਜ ਤੇ ਮਹਿਗਾਈ ਭੱਤੇ ਦੀਆਂ ਸਾਲ ਵਿੱਚ ਦੋ ਕਿਸ਼ਤਾ ਮਿਲਦੀਆਂ ਹੁੰਦੀਆਂ ਸੀ ਪਰ ਹੁਣ ਸਰਕਾਰ ਵੱਲੋਂ ਮਹਿੰਗਾਈ ਭੱਤੇ ਦੀ ਸਾਲ ਵਿੱਚ ਇਕ ਕਿਸ਼ਤ ਦਿਤੀ ਜਾ ਰਹੀ ਹੈ। ਇਸ ਲਈ ਸਰਕਾਰ ਤੋ ਮੰਗ ਕੀਤੀ ਜਾਂਦੀ ਹੈ ਕੀ ਦਿਵਾਲੀ ਤੇ ਪੰਜਾਬ ਸਰਕਾਰ ਆਪਣੇ ਕਰਮਚਾਰੀਆ ਤੇ ਪੈਨਸ਼ਨਰਾ ਨੂੰ ਪਿਛਲੀਆਂ ਸਾਰੀਆਂ ਕਿਸ਼ਤਾਂ ਜਾਰੀ ਕਰੇ । ਮੀਟਿੰਗ ਵਿੱਚ ਜਗਦੀਸ਼ ਸਿੰਘ, ਮਿਲਾਪ ਚੰਦ, ਰਾਜੇਸ਼ ਕੁਮਾਰ, ਸੁਰਿੰਦਰ ਕੁਮਾਰ, ਅਮਰੀਕ ਸਿੰਘ ਅਕਸ਼ੇ ਕੁਮਾਰ, ਰਾਜ ਕੁਮਾਰ, ਸ਼ਮਸ਼ੇਰ ਸਿੰਘ, ਦਲੀਪ ਸਿੰਘ, ਅਵਤਾਰ ਸਿੰਘ, ਨਰਿੰਦਰ ਸਿੰਘ, ਮੈਡਮ ਮਮਤਾ ਕੁਮਾਰੀ, ਸੀਮਾ ਦੇਵੀ ਆਦਿ ਹਾਜ਼ਰ ਸਨ।

## ਭਗਵਾਨ ਵਾਲਮੀਕਿ ਨੇ ਸਾਨੂੰ ਸੱਚਾਈ ਤੇ ਨੇਕੀ ਦੇ ਰਸਤੇ 'ਤੇ ਚੱਲਣ ਦੀ ਦਿੱਤੀ ਪ੍ਰੇਰਣਾ : ਹਰਮੇਸ਼

**ਬਲਾਚੌਰ (ਜਸਵਿੰਦਰ ਬੈਂਸ)**- ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਦੇ ਵਾਰਡ ਨੰਬਰ 12 ਵਿੱਚ ਭਗਵਾਨ ਵਾਲਮੀਕ ਨੌਜਵਾਨ ਵੈਲਫੇਅਰ ਸਭਾ ਵੱਲੋਂ ਭਗਵਾਨ ਸ਼੍ਰੀ ਵਾਲਮੀਕਿ ਦਾ ਪ੍ਰਗਟ ਦਿਵਸ ਮਨਾਇਆ ਗਿਆ। ਇਸ ਮੌਕੇ ਹਰਮੇਸ਼ ਰੰਗੀਲਾ ਅਤੇ ਓਂਕਾਰ ਵਾਲੀਆ ਨੇ ਸਤਸੰਗ ਕਰਦਿਆਂ ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਭਗਵਾਨ ਸ਼੍ਰੀ ਵਾਲਮੀਕਿ ਜੀ ਨੇ ਸਾਨੂੰ ਸੱਚਾਈ ਤੇ ਨੇਕੀ ਦੇ ਰਸਤੇ ਤੇ ਚੱਲਣ ਲਈ ਪ੍ਰੇਰਣਾ ਦਿੱਤੀ ਹੈ। ਭਗਵਾਨ ਵਾਲਮੀਕਿ ਮਹਾਕਵਿ ਰਮਾਇਣ ਦੇ



ਰਚੇਤਾ ਸਨ, ਜਿਨ੍ਹਾਂ ਆਪਣੇ ਉਪਦੇਸ਼ ਰਾਹੀਂ ਹਰੇਕ ਇਨਸਾਨ ਨੂੰ ਸੇਵਾ, ਭਗਤੀ, ਸਤਿਕਾਰ ਕਰਨ ਦਾ ਅਤੇ ਸਾਦਾ ਜੀਵਨ ਜਿਊਣ ਦਾ ਸੁਨੇਹਾ ਦਿੱਤਾ ਕਿਉਂਕਿ ਵੱਡੇ-ਵੱਡੇ ਹੰਕਾਰੀ ਵੀ ਹੰਕਾਰ ਦੀ ਭਾਵਨਾ ਛੱਡ ਤੇ ਪਾਪੀ ਵੀ ਭਗਤੀ ਤੇ ਸੇਵਾ ਨਾਲ ਆਪਣਾ ਜੀਵਨ ਬਦਲ ਸਕਦੇ ਹਨ। ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਇਸ ਮੌਕੇ 'ਤੇ ਨਗਰ ਕੌਂਸਲ ਦੇ ਪ੍ਰਧਾਨ ਸੁਨੀਲ ਕੌਸ਼ਲ ਲਾਡੀ, ਸੇਠੀ ਥੋਪੀਆ ਸਰਪੰਚ, ਸੁਰਿੰਦਰ ਭੱਟੀ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ ਬਲਾਚੌਰ,ਦਿਨੇਸ਼ ਬੈਂਸ ,ਪਰਮਿੰਦਰ ਕੌਂਸਲਰ, ਮਨਜੀਤ ਬਾਬਾ, ਸੋਹਣ ਭੱਟੀ ,ਪਰਵੀਨ ਬੈਂਸ ਹੋਰ ਸ਼ਹਿਰ ਦੇ ਬਹੁਤ ਪਤਵੰਤੇ ਸੱਜਣ ਹਾਜ਼ਰ ਹੋਏ।

## ਬੱਚੇ ਤੇ ਮਾਪੇ ਫੈਮਿਲੀ ਵਾਕ ਪ੍ਰਤੀ ਉਤਸ਼ਾਹਿਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਫਿੱਟ ਬਾਈਕਰ ਕਲੱਬ, ਜੋ ਕਿ 2 ਨਵੰਬਰ, 2025 ਨੂੰ 5 ਕਿਲੋਮੀਟਰ ਦੀ ਸੱਚਦੇਵਾ ਸਟਾਕਸ ਹੁਸ਼ਿਆਰਪੁਰ ਫੈਮਿਲੀ ਵਾਕ ਕਰਵਾ ਰਿਹਾ ਹੈ ਪ੍ਰਤੀ ਸ਼ਹਿਰ ਵਾਸੀਆਂ, ਖਾਸ ਕਰਕੇ ਵਿਦਿਆਰਥੀਆਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਮੁਹਿੰਮ ਵੀ ਚਲਾ ਰਿਹਾ ਹੈ ਜਿਸ ਦੇ ਤਹਿਤ ਕਲੱਬ ਦੀ ਟੀਮ ਸਥਾਨਕ ਜੈਮਸ ਕੈਂਬਰਿਜ ਪਬਲਿਕ ਸਕੂਲ ਪਹੁੰਚੀ। ਸਕੂਲ ਦੇ ਆਡੀਟੋਰੀਅਮ ਵਿੱਚ ਕਲੱਬ ਦੇ ਪ੍ਰਧਾਨ ਪਰਮਜੀਤ ਸਿੰਘ ਸੱਚਦੇਵਾ ਨੇ ਵਿਦਿਆਰਥੀਆਂ ਅਤੇ ਸਟਾਫ ਨੂੰ ਫੈਮਿਲੀ ਵਾਕ



ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਇਸ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ। ਪਰਮਜੀਤ ਸੱਚਦੇਵਾ ਨੇ ਕਿਹਾ ਕਿ ਹੁਸ਼ਿਆਰਪੁਰ ਵਿੱਚ ਕਰਵਾਈ ਜਾ ਰਹੀ ਇਹ ਫੈਮਿਲੀ ਵਾਕ ਇਤਿਹਾਸਕ ਹੋਣ ਜਾ ਰਹੀ ਹੈ, ਕਿਉਂਕਿ ਬੱਚੇ ਅਤੇ ਉਨ੍ਹਾਂ ਦੇ ਮਾਪੇ ਦੋਵੇਂ ਇਸ ਬਾਰੇ ਉਤਸ਼ਾਹਿਤ ਹਨ। ਇਸ ਮੌਕੇ ਉੱਤਮ ਸਿੰਘ ਸਾਬੀ, ਗੁਰਮੇਲ ਸਿੰਘ, ਤਰਲੋਚਨ ਸਿੰਘ, ਸੰਜੀਵ ਸੋਹਲ, ਸੌਰਭ ਸ਼ਰਮਾ, ਦੌਲਤ ਸਿੰਘ, ਓਕਾਰ ਸਿੰਘ ਚੱਬੇਵਾਲ, ਗੁਰਵਿੰਦਰ ਸਿੰਘ ਵੀ ਮੌਜੂਦ ਸਨ।

## ਵਿਦਿਆਰਥਣਾਂ ਨੂੰ ਸਟੇਸ਼ਨਰੀ ਭੇਟ ਕੀਤੀ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਇਲਾਕੇ ਦੀ ਮਾਨਮੱਤੀ ਸੰਸਥਾ ਪੀਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਹੋਂ ਲੜਕੀਆਂ ਵਿਖੇ ਵਿਦਿਆਰਥਣਾਂ ਦੀ ਭਲਾਈ ਨੂੰ ਮੁੱਖ ਰੱਖਦਿਆਂ ਹੋਇਆਂ ਪਹਿਲਾਂ ਦੀ ਤਰ੍ਹਾਂ ਐਨ ਆਰ ਆਈ ਭਰਾਵਾਂ ਵੱਲੋਂ ਸਟੇਸ਼ਨਰੀ ਭੇਟ ਕੀਤੀ ਗਈ। ਪ੍ਰਿੰਸੀਪਲ ਬਲਜਿੰਦਰ ਸਿੰਘ ਨੇ ਦੱਸਿਆ ਕਿ ਐਨ ਆਰ ਆਈ ਪਵਨ ਕੁਮਾਰ ਸ਼ਰਮਾ ਵੱਲੋਂ ਸਵੇਰ ਦੀ ਸਭਾ ਦੌਰਾਨ ਵਿਦਿਆਰਥਣਾਂ ਨੂੰ 500 ਕਾਪੀਆਂ ਭੇਟ ਕੀਤੀਆਂ ਗਈਆਂ। ਉਹਨਾਂ ਕਿਹਾ ਕਿ ਪਵਨ ਕੁਮਾਰ ਸ਼ਰਮਾ ਵੱਲੋਂ ਇਹ ਕਿਹਾ ਗਿਆ ਕਿ ਜੇਕਰ ਕਿਸੇ ਵੀ ਲੋੜਵੰਦ ਵਿਦਿਆਰਥਣ ਨੂੰ ਕਿਸੇ ਵੀ ਤਰ੍ਹਾਂ ਦੀ ਮਦਦ ਦੀ ਲੋੜ ਹੋਵੇ ਤਾਂ ਮੈਂ ਤੇ ਮੇਰਾ ਪਰਿਵਾਰ ਹਮੇਸ਼ਾ ਇਸ ਸੰਸਥਾ ਲਈ ਹਾਜ਼ਰ ਹੈ। ਸਮੂਹ ਸਟਾਫ ਵੱਲੋਂ ਪਵਨ ਕੁਮਾਰ ਸ਼ਰਮਾ ਦਾ ਸਨਮਾਨ ਕੀਤਾ ਗਿਆ। ਦਵਿੰਦਰ ਕੌਰ, ਸਤਨਾਮ ਸਿੰਘ, ਗੁਰਸ਼ਰਨ ਦੀਪ, ਅਜੀਤ ਸਿੰਘ, ਚਰਨਜੀਤ ਸਿੰਘ, ਹਰਜਿੰਦਰ ਲਾਲ, ਰਾਜਨ ਰਾਣਾ, ਸਤਿੰਦਰ ਕੌਰ, ਗਗਨਪ੍ਰੀਤ ਕੌਰ, ਬਲਦੇਵ ਕ੍ਰਿਸ਼ਨ, ਹਰਜੀਤ ਕੌਰ, ਮਨਜੀਤ ਕੌਰ, ਰੇਨੂੰ, ਰਣਜੀਤ ਕੌਰ, ਸੋਨਾ ਸ਼ਰਮਾ, ਰਵਦੀਪ ਕੌਰ, ਸਤਿੰਦਰਪਾਲ ਕੌਰ, ਸੰਦੀਪ ਕੌਰ, ਜਸਵਿੰਦਰ ਕੌਰ ਆਦਿ ਹਾਜ਼ਰ ਸਨ।

## ਨਗਰ ਕੌਂਸਲ ਨੰਗਲ 'ਚ ਦਰਜਾ-4 ਕਰਮਚਾਰੀ ਯੂਨੀਅਨ ਦੀ ਹੰਗਾਮੀ ਮੀਟਿੰਗ

**ਨੰਗਲ/ਭਲਾਣ (ਹਰਭਜਨ ਢਿੱਲੋਂ, ਸੁਰਜੀਤ ਢੇਰ)**- ਨਗਰ ਕੌਂਸਲ ਨੰਗਲ ਦੇ ਮੇਨ ਦਫਤਰ ਵਿਖੇ ਦਰਜਾ-4 ਕੰਟਰੈਕਟ/ਆਊਟਸੋਰਸ ਕਰਮਚਾਰੀਆਂ ਦੀ ਹੰਗਾਮੀ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਦੌਰਾਨ ਕਰਮਚਾਰੀਆਂ ਦੀਆਂ ਵੱਖ-ਵੱਖ ਮੰਗਾਂ ਅਤੇ ਸਮੱਸਿਆਵਾਂ 'ਤੇ ਵਿਸਤਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ 'ਤੇ ਸਮੂਹ ਕਰਮਚਾਰੀਆਂ ਨੇ ਸਰਵਸੰਮਤੀ ਨਾਲ ਰੇਸ਼ਮਾ ਦੇਵੀ ਨੂੰ ਦਰਜਾ-4 ਕੰਟਰੈਕਟ/ਆਊਟਸੋਰਸ

**● ਰੇਸ਼ਮਾ ਦੇਵੀ ਪ੍ਰਧਾਨ ਚੁਣੀ ਗਈ**

ਕਰਮਚਾਰੀਆਂ ਦੀ ਯੂਨੀਅਨ ਦੀ ਪ੍ਰਧਾਨ ਚੁਣਿਆ ਨਾਲ ਹੀ ਯੂਨੀਅਨ ਦੇ ਹੋਰ ਮੈਂਬਰਾਂ ਦੀ ਨਿਯੁਕਤੀ ਦਾ ਅਧਿਕਾਰ ਵੀ ਰੇਸ਼ਮਾ ਦੇਵੀ ਨੂੰ ਸੌਂਪਿਆ ਗਿਆ। ਮੀਟਿੰਗ ਵਿੱਚ ਸਫਾਈ ਸੇਵਕ, ਮਾਲੀ, ਕੀ ਮੈਨ, ਬੇਲਦਾਰ, ਪੰਪ ਓਪਰੇਟਰ ਸਮੇਤ ਸਾਰੇ ਦਰਜਾ-4 ਕਰਮਚਾਰੀ ਮੌਜੂਦ ਸਨ। ਇਸ ਮੌਕੇ ਸ੍ਰੀ ਅਸ਼ੀਸ਼ ਕਾਲੀਆ (ਪ੍ਰਧਾਨ ਦਰਜਾ-3), ਮੁਕੇਸ਼ ਸ਼ਰਮਾ (ਚੀਫ ਸੁਪਰਡੰਟ), ਜਸਵਿੰਦਰ ਸਿੰਘ (ਸੈਨਟਰੀ ਇੰਸਪੈਕਟਰ), ਰਕੇਸ਼ ਕੁਮਾਰ, ਮੁਨੀਸ਼ ਕੁਮਾਰ, ਦੀਪਕ ਕੁਮਾਰ, ਦਿਲਦਾਰ ਸਿੰਘ (ਟੋਨੀ), ਵਿਦਿਆ ਦੇਵੀ, ਕੁਲਦੀਪ, ਬਲਵੀਰ ਚੰਦ, ਐਜਿਕ ਮਸੀਹ, ਜਤਿੰਦਰ ਸਿੰਘ, ਲਲਿਤ ਪ੍ਰਧਾਨ, ਮੈਂਟੂ ਪੰਪ ਓਪਰੇਟਰ, ਚਰਨਜੀਤ ਕੌਰ, ਨੀਲਮ, ਅੰਜਨਾ, ਵਿਜੇ ਕੁਮਾਰ ਸਹੋਤਾ, ਸੰਦੀਪ ਕੁਮਾਰ (ਛੋਟੂ), ਲਾਡੀ ਘਈ, ਦੀਪਕ ਕੁਮਾਰ (ਸੈਨੀਟੇਸ਼ਨ ਕਲਰਕ), ਗੁਲਜਾਰ, ਯੋਧਾ ਸਿੰਘ, ਦਰਸ਼ਨ ਕੁਮਾਰ (ਮਾਲੀ), ਕਮਲ, ਅਜੇ ਕੁਮਾਰ, ਦੀਪਕ ਖੰਡੂ, ਸ਼ਮਾ, ਮਮਤਾ, ਅੰਜੂ, ਰਿਟਾ, ਰੀਨਾ, ਅਮਿਤ, ਅੰਕੁਸ਼, ਕਾਲੂ ਆਦਿ ਕਰਮਚਾਰੀ ਹਾਜ਼ਰ ਰਹੇ। ਇਸ ਮੌਕੇ ਆਸ਼ੀਸ਼ ਕਾਲੀਆ ਪ੍ਰਧਾਨ , ਮੁਕੇਸ਼ ਸ਼ਰਮਾ ਸੁਪ੍., ਐਸਆਈ



ਜਸਵਿੰਦਰ ਸਿੰਘ, ਦਿਲਦਾਰ ਸਿੰਘ ਟੋਨੀ, ਰਾਕੇਸ਼, ਮੁਨੀਸ਼, ਦੀਪਕ,ਵਿਦਿਆ ਦੇਵੀ, ਚਰਨਜੀਤ ਕੌਰ, ਨੀਲਮ, ਅੰਜਨਾ, ਵਿਜੇ ਸਹੋਤਾ, ਸੰਦੀਪ (ਛੋਟੂ), ਗੁਲਜਾਰ,ਜੋਧਾ ਸਿੰਘ, ਦਰਸ਼ਨ ਮਾਲੀ, ਕਮਲ, ਅਜੈ, ਦੀਪਕ ਖਾਡੂ, ਸ਼ਮਾ, ਮਮਤਾ, ਅੰਜੂ, ਰੀਟਾ, ਰੀਨਾ, ਸੁਨੀਲ ਪ੍ਰਧਾਨ, ਲਲਿਤ ਪ੍ਰਧਾਨ ਇਲੈਕਟੀਕਲ, ਜਤਿੰਦਰ ਸਿੰਘ, ਮੋਹਿਤ, ਅਮਿਤ ਬਾਲਮੀਕੀ, ਦਵਿੰਦਰ ਮਧੂ, ਸੇਵਕ, ਇਲੈਕਟ੍ਰਿਕ, ਮਾਲੀ, ਕੀਮੈਨ, ਬੇਲਦਾਰ ਅਤੇ ਪੰਪ ਆਪਰੇਟਰ ਆਦਿ ਹਾਜ਼ਰ ਸਨ।

## ਸਥਾਨਕ ਸਰਕਾਰ ਮੰਤਰੀ ਦੀ ਨਗਰ ਪਾਲਿਕਾ ਕਰਮਚਾਰੀ ਸੰਘ ਨਾਲ ਮੀਟਿੰਗ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਸ਼ਹਿਰੀ ਸਥਾਨਕ ਸਰਕਾਰ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਅੱਜ ਹਰਿਆਣਾ ਸਕੱਤਰੇਤ ਵਿੱਚ ਨਗਰ ਪਾਲਿਕਾ ਕਰਮਚਾਰੀ ਸੰਘ, ਹਰਿਆਣਾ ਦੇ ਵਫਦ ਦੇ ਨਾਲ ਉਨ੍ਹਾਂ ਦੀ ਮੰਗਾਂ ਨੂੰ ਲੈ ਕੇ ਇੱਕ ਮਹਤੱਵਪੂਰਣ ਮੀਟਿੰਗ ਕੀਤੀ। ਮੀਟਿੰਗ ਵਿੱਚ ਉਨ੍ਹਾਂ ਨੇ ਨਗਰ ਪਾਲਿਕਾ ਕਰਮਚਾਰੀ ਸੰਘ ਦੇ ਰਾਜ ਪ੍ਰਧਾਨ ਸ੍ਰੀ ਨਰੇਸ਼ ਸ਼ਾਸਤਰੀ ਦੀ ਅਗਵਾਈ ਹੇਠ ਆਏ ਵਫਦ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਮੰਗਾਂ ਦੇ ਸਬੰਧ ਵਿੱਚ ਜਾਣਕਾਰੀ ਲਈ। ਸ੍ਰੀ ਵਿਪੁਲ ਗੋਇਲ ਨੇ ਦਸਿਆ ਕਿ ਮੀਟਿੰਗ ਵਿੱਚ ਸੁਹਿਰਦ ਮਾਹੌਲ ਵਿੱਚ ਕਰਮਚਾਰੀ ਸੰਘ ਦੀ ਸਾਰੀ ਮੰਗਾਂ 'ਤੇ ਸਕਾਰਾਤਮਕ ਅਤੇ ਵਿਸਤਾਰ ਚਰਚਾ ਹੋਈ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਰਿਆਣਾ ਸਰਕਾਰ ਕਰਮਚਾਰੀ ਹਿੱਤਾਂ ਦੇ ਪ੍ਰਤੀ ਪੂਰੀ ਤਰ੍ਹਾ ਨਾਲ ਪ੍ਰਤੀਬੱਧ ਹੈ। ਉਨ੍ਹਾਂ ਨੇ ਕਿਹਾ ਕਿ ਕਰਮਚਾਰੀਆਂ ਦੀ ਜਿਨ੍ਹਾਂ ਜਾਇਜ ਮੰਗਾਂ 'ਤੇ ਸਹਿਮਤੀ ਬਣੀ ਹੈ, ਉਨ੍ਹਾਂ ਨੂੰ ਜਲਦੀ ਪੂਰਾ ਕੀਤਾ ਜਾਵੇਗਾ।

## ਪੰਜਾਬ ਸਟੇਟ ਮਨਿਸਟਰੀਅਲ ਸਰਵਿਸ ਯੂਨੀਅਨ ਨੇ ਡਿਪਟੀ ਕਮਿਸ਼ਨਰ ਨੂੰ ਦਿੱਤਾ ਮੰਗ ਪੱਤਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਸੂਬਾ ਕਮੇਟੀ ਦੀ ਕਾਲ ਤੇ 9 ਅਕਤੂਬਰ ਨੂੰ ਪੰਜਾਬ ਭਰ ਦੇ ਸਮੂਹ ਡਿਪਟੀ ਕਮਿਸ਼ਨਰਜ਼ ਨੂੰ ਜਥੇਬੰਦੀ ਦੇ ਮੰਗ ਪੱਤਰ ਦਿੱਤੇ ਗਏ, ਹੁਸ਼ਿਆਰਪੁਰ ਵਿੱਚ ਇਹ ਮੰਗ ਪੱਤਰ ਸ੍ਰੀ ਅਨੀਰੁਧ ਮੋਦਗਿਲ ਜ਼ਿਲ੍ਹਾ ਪ੍ਰਧਾਨ ਤੇ ਸ੍ਰੀ ਬਲਕਾਰ ਸਿੰਘ ਵਧੀਕ ਜਨਰਲ ਸਕੱਤਰ, ਦੀਪਕ ਤੇਹਨ ਸੀਨੀਅਰ ਮੀਤ ਪ੍ਰਧਾਨ ਅਤੇ ਦੀਪਕ ਆਦੀਆ ਮੁੱਖ ਸਲਾਹਕਾਰ ਜ਼ਿਲ੍ਹਾ ਕਮੇਟੀ ਦੀ ਅਗਵਾਈ ਵਿੱਚ ਸਹਾਇਕ ਕਮਿਸ਼ਨਰ (ਜ) ਮਿਸ ਓਇਸ਼ੀ ਮੰਡਲ ਆਈ ਏ ਐਸ ਜੀ



ਨੂੰ ਦਿੱਤਾ ਗਿਆ। ਇਸ ਮੌਕੇ ਤੇ ਵੱਖ ਵੱਖ ਵਿਭਾਗਾਂ ਦੇ ਮਨਿਸਟੀਰੀਅਲ ਕਰਮਚਾਰੀ ਵੀ ਹਾਜਰ ਸਨ। ਜ਼ਿਲ੍ਹਾ ਪ੍ਰਧਾਨ ਅਨੀਰੁਧ ਮੋਦਗਿਲ ਵੱਲੋਂ ਸਮੁੱਚੇ ਮਨਿਸਟੀਰੀਅਲ ਮੁਲਾਜ਼ਮਾਂ ਨੂੰ ਤਿੱਖੇ ਸੰਘਰਸ਼ ਲਈ ਤਿਆਰ ਰਹਿਣ ਲਈ ਕਿਹਾ ਗਿਆ।

## ਹਰਜੀ ਮਾਨ ਨੇ ਸ਼ੁਰੂ ਕਰਵਾਈ 4 ਲਿੰਕ ਸੜਕਾਂ ਦੀ ਉਸਾਰੀ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 19 ਹਜ਼ਾਰ ਕਿਲੋਮੀਟਰ ਲੰਮੀਆਂ ਪੇਂਡੂ ਲਿੰਕ ਸੜਕਾਂ ਦੀ ਉਸਾਰੀ ਲਈ ਸ਼ੁਰੂ ਕੀਤੀ ਮੁਹਿੰਮ ਤਹਿਤ ਫਗਵਾੜਾ ਵਿਧਾਨ ਸਭਾ ਹਲਕੇ ਦੀਆਂ ਚਾਰ ਲਿੰਕ ਸੜਕਾਂ ਦੀ



ਉਸਾਰੀ ਦੇ ਕੰਮ ਦੀ ਸ਼ੁਰੂਆਤ ਆਮ ਆਦਮੀ ਪਾਰਟੀ ਦੇ ਸੂਬਾ ਸਪੋਕਸਪਰਸਨ ਹਰਨੂਰ ਸਿੰਘ (ਹਰਜੀ) ਮਾਨ ਇੰਚਾਰਜ ਹਲਕਾ ਫਗਵਾੜਾ ਵਲੋਂ ਕਰਵਾਈ ਗਈ। ਇਸ ਦੌਰਾਨ ਗੱਲਬਾਤ ਕਰਦਿਆਂ ਹਰਜੀ ਮਾਨ ਨੇ ਦੱਸਿਆ ਕਿ ਕੁੱਲ 3 ਕਰੋੜ 20 ਲੱਖ 9 ਹਜਾਰ ਰੁਪਏ ਦੀ ਲਾਗਤ ਨਾਲ ਲਿੰਕ ਸੜਕਾਂ ਦੀ ਉਸਾਰੀ ਦੇ ਕੰਮ ਸ਼ੁਰੂ ਕਰਵਾਏ ਗਏ ਹਨ। ਜਿਹਨਾਂ ਵਿੱਚ 1.38 ਕਰੋੜ ਦੀ ਲਾਗਤ ਨਾਲ 5.55 ਕਿਲੋਮੀਟਰ ਲੰਮੇ ਫਗਵਾੜਾ-ਹੁਸ਼ਿਆਰਪੁਰ ਰੋਡ ਤੋਂ ਜਗਪਾਲਪੁਰ ਵਾਇਆ ਦੁੱਗ, 62.71 ਲੱਖ ਦੀ ਲਾਗਤ ਨਾਲ 3 ਕਿਲੋਮੀਟਰ ਲੰਮੇ ਫਗਵਾੜਾ-ਹੁਸ਼ਿਆਰਪੁਰ ਰੋਡ ਤੋਂ ਜਗਪਾਲਪੁਰ ਵਾਇਆ ਸਿਕਰੀ, 89.96 ਲੱਖ ਦੀ ਲਾਗਤ ਨਾਲ 4.08 ਕਿਲੋਮੀਟਰ ਲੰਮੇ ਭਾਖੜੀਆਣਾ ਤੋਂ ਰਾਣੀਪੁਰ ਰੋਡ ਅਤੇ 29.42 ਲੱਖ ਦੀ ਲਾਗਤ ਨਾਲ 1.40 ਕਿਲੋਮੀਟਰ ਲੰਮੇ ਭਾਖੜੀਆਣਾ ਤੋਂ ਕੋਟਲੀ ਥਾਨ ਸਿੰਘ ਮਾਰਗ ਸ਼ਾਮਲ ਹਨ। ਉਹਨਾਂ ਭਰੋਸਾ ਦਿੱਤਾ ਕਿ ਹੋਰ ਰਹਿੰਦੀਆਂ ਲਿੰਕ ਸੜਕਾਂ ਦੀ ਉਸਾਰੀ ਦੇ ਕੰਮ ਵੀ ਜਲਦੀ ਸ਼ੁਰੂ ਕਰਵਾਏ ਜਾਣਗੇ। ਹਰਜੀ ਮਾਨ ਨੇ ਫਗਵਾੜਾ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਹਲਕੇ ਦੇ ਚੌਤਰਫਾ ਵਿਕਾਸ ਵਿੱਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਇਸ ਮੌਕੇ ਬਲਬੀਰ ਚੰਦ ਸਰਪੰਚ ਜਗਪਾਲਪੁਰ, ਮਮਤਾ ਕੌਰ ਸਰਪੰਚ ਸੀਕਰੀ, ਪਲਵਿੰਦਰ ਸਿੰਘ ਰਾਮਗੜ੍ਹ, ਹਰਮੇਸ਼ ਪਾਲ ਸਿੰਘ, ਸੁਖਦੇਵ ਪਾਲ ਸਿੰਘ, ਅੰਮ੍ਰਿਤਪਾਲ ਸਿੰਘ, ਗੁਰਦੇਵ ਸਿੰਘ, ਸੁਰਜੀਤ ਸਿੰਘ ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੇ ਹੋਰ ਪਤਵੰਤੇ ਵੀ ਹਾਜ਼ਰ ਸਨ।

## ਮਨੋਹਰ ਲਾਲ ਨੇ ਦੁਬਈ ਸਥਿਤ ਗੁਰੂਦੁਆਰਾ ਗੁਰੂ ਨਾਨਕ ਦਰਬਾਰ ਜੈਬੇਲ ਅਲੀ 'ਚ ਕੀਤੀ ਅਰਦਾਸ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਕੇਂਦਰੀ ਆਵਾਸ ਅਤੇ ਸ਼ਹਿਰੀ ਮਾਮਲੇ ਅਤੇ ਉਰਜਾ ਮੰਤਰੀ ਸ੍ਰੀ ਮਨੋਹਰ ਲਾਲ ਨੇ ਵਿਦੇਸ਼ ਦੌਰੇ ਦੌਰਾਨ ਦੁਬਈ ਸਥਿਤ ਗੁਰੂਦੁਆਰਾ ਗੁਰੂ ਨਾਨਕ ਦਰਬਾਰ, ਜੈਬੇਲ ਅਲੀ ਵਿੱਚ ਅਰਦਾਸ ਕਰ ਦੇਸ਼ਵਾਸੀਆਂ ਦੀ ਸੁੱਖ-ਖੁਸ਼ਹਾਲੀ ਦੀ ਕਾਮਨਾ ਕੀਤੀ। ਸ੍ਰੀ ਮਨੋਹਰ ਲਾਲ ਨੇ ਕਿਹਾ ਕਿ ਗੁਰੂਆਂ ਦੀ ਬਾਣੀ ਅੱਜ ਵੀ ਮਨੁੱਖ ਜਾਤੀ ਦਾ ਮਾਰਗਦਰਸ਼ਨ ਕਰ ਰਹੀ ਹੈ। ਸਾਨੂੰ ਸਾਰਿਆਂ ਨੂੰ ਗੁਰੂਆਂ ਦੇ ਸੰਦੇਸ਼ ਨੂੰ ਘਰ-ਘਰ ਤੱਕ ਪਹੁੰਚਾਉਣਾ ਚਾਹੀਦਾ ਹੈ ਤਾਂ ਜੋ ਆਉਣ ਵਾਲੀ ਪੀੜੀਆਂ ਉਨ੍ਹਾਂ ਤੋਂ ਪ੍ਰੇਰਣਾ ਲੈਂਦੀਆਂ ਰਹਿਣ।ਕੇਂਦਰੀ ਮੰਤਰੀ ਦਾ ਦੁਬਹੀ ਸਥਿਤ ਗੁਰੂਦੁਆਰਾ ਗੁਰੂ ਨਾਨਕ ਦਰਬਾਰ, ਜੈਬੇਲ ਅਲੀ ਵਿੱਚ ਪਹੁੰਚਣ 'ਤੇ ਗੁਰੂਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸਰਦਾਰ ਸੁਰਿੰਦਰ ਸਿੰਘ ਕੰਧਾਰੀ ਅਤੇ ਪ੍ਰਬੰਧਕ ਸੇਵਕ ਐਸਪੀ ਸਿੰਘ ਓਬਰਾਏ ਨੇ ਉਨ੍ਹਾਂ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ। ਇਸ ਮੌਕੇ 'ਤੇ ਉਨ੍ਹਾਂ ਦੇ ਨਾਲ ਕਾਊਂਸਲੇਟ ਜਨਰਲ ਸਤੀਸ਼ ਕੌਸ਼ਿਕ ਨਾਲ ਮੌਜੂਦ ਸਨ। ਡਾ. ਪ੍ਰਭਲੀਨ ਸਿੰਘ ਨੇ ਹਰਿਆਣਾ ਸੂਬੇ ਵਿੱਚ ਸਿੱਖ ਸਮਾਜ ਲਈ ਕੀਤੇ ਜਾ ਰਹੇ ਕੰਮਾਂ ਅਤੇ ਯੋਜਨਾਵਾਂ ਦੀ ਵਿਸਤਾਰ ਨਾਲ ਜਾਣਕਾਰੀ ਦਿੱਤੀ।

## ਸ੍ਰੀ ਗੁਰੂ ਰਾਮਦਾਸ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਹੇਠ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿੱਚ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ, ਨਿਮਰਤਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਪਵਿੱਤਰ ਦਿਹਾੜੇ ਮੌਕੇ ਸਕੂਲ ਵਿਦਿਆਰਥੀਆਂ ਵੱਲੋਂ ਧਾਰਮਿਕ ਸਮਾਗਮ ਕੀਤਾ ਗਿਆ ਜਿਸ ਵਿੱਚ ਵਿਦਿਆਰਥੀਆਂ ਨੇ ਸ਼ਬਦ ਗਾਇਨ, ਕਵਿਤਾਵਾਂ, ਲੈਕਚਰ ਆਦਿ ਪੇਸ਼ ਕੀਤੇ।ਸਕੂਲ ਦੇ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਗੁਰੂ ਸਾਹਿਬ ਜੀ ਦੇ ਜੀਵਨ ਸਬੰਧੀ ਜਾਣਕਾਰੀ ਦਿੱਤੀ। ਉਹਨਾਂ ਵਿਦਿਆਰਥੀਆਂ ਨੂੰ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦੀ ਬਾਣੀ ਸਾਨੂੰ ਸੇਵਾ, ਨਿਮਰਤਾ ਸਿਖਾਉਂਦੀ ਹੈ। ਉਹਨਾਂ ਵਿਦਿਆਰਥੀਆਂ ਅਤੇ ਸਟਾਫ ਨੂੰ ਗੁਰੂ ਸਾਹਿਬ ਜੀ ਦੁਆਰਾ ਦਰਸਾਏ ਹੋਏ ਮਾਰਗ ਤੇ ਚੱਲਣ ਲਈ ਪ੍ਰੇਰਿਤ ਕੀਤਾ।ਉਹਨਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਆਤਮਕ ਸਮਾਗਮ ਵਿਦਿਆਰਥੀਆਂ ਦੇ ਚਰਿੱਤਰ ਨਿਰਮਾਣ ਲਈ ਪ੍ਰੇਰਣਾਦਾਇਕ ਹੁੰਦੇ ਹਨ ਅਤੇ ਇਹਨਾਂ ਰਾਹੀਂ ਬੱਚਿਆਂ ਵਿੱਚ ਗੁਰਬਾਣੀ ਪ੍ਰਤੀ ਰੁਚੀ ਤੇ ਸ਼ਰਧਾ ਵੱਧਦੀ ਹੈ।ਇਸ ਮੌਕੇ ਬਲਦੀਪ ਕੌਰ,ਰਣਜੋਧ ਸਿੰਘ, ਸਤਿੰਦਰ ਕੌਰ, ਜਸਪ੍ਰੀਤ ਕੌਰ, ਰਜਿੰਦਰ ਕੌਰ, ਕੰਵਲਜੀਤ ਕੌਰ, ਨਰਿੰਦਰ ਕੌਰ, ਮਮਤਾ ਦੇਵੀ, ਸਪਨਾ ਰਾਣੀ, ਸੰਦੀਪ ਕੌਰ, ਨਿਸ਼ਾ ਦੇਵੀ, ਸ਼ਾਂਤੀ ਦੇਵੀ, ਅਮਰਜੀਤ ਕੌਰ, ਮਨਜੀਤ ਕੌਰ, ਕਰਮਜੀਤ ਕੌਰ ਅਤੇ ਵਿਦਿਆਰਥੀ ਹਾਜ਼ਰ ਸਨ।

## ਜਸਪਾਲ ਸਿੰਘ ਫੌਜੀ ਨੂੰ ਗਹਿਰਾ ਸਦਮਾ, ਮਾਤਾ ਅਕਾਲ ਚਲਾਣਾ ਕਰ ਗਈ

**ਨੰਗਲ (ਨ ਜ ਸ)**- ਇਲਾਕਾ ਸੰਘਰਸ਼ ਕਮੇਟੀ ਅਤੇ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਜਸਪਾਲ ਸਿੰਘ ਫੌਜੀ ਵਾਸੀ ਹਰਸਾ ਬੇਲਾ ਪੱਤੀ ਦੁਲੱਚੀ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋਂ ਉਹਨਾਂ ਦੀ ਮਾਤਾ ਸੁਰਿੰਦਰ ਕੌਰ 65 ਪਤਨੀ ਸਵਰਗੀ ਸਰਦਾਰ ਸਰੂਪ ਸਿੰਘ ਸਾਬਕਾ ਸਰਪੰਚ ਬੀਤੀ ਰਾਤ ਅਕਾਲ ਚਲਾਣਾ ਕਰ ਗਈ। ਉਹਨਾਂ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਉਹ ਪਿਛਲੇ ਸਮੇਂ ਤੋਂ ਕੁਝ ਢਿੱਲੇ ਮੱਠੇ ਚੱਲੇ ਆ ਰਹੇ ਸਨ। ਬੀਤੇ ਕੱਲ੍ਹ ਦੇਰ ਸ਼ਾਮ ਹਾਰਟ ਅਟੈਕ ਕਾਰਨ ਸਦੀਵੀ ਵਿਛੋੜਾ ਦੇ ਗਏ।ਉਹ ਇਕ ਨਿੱਜੀ ਹਸਪਤਾਲ ਵਿੱਚ ਦਾਖ਼ਲ ਸਨ। ਇਸ ਮੌਕੇ ਤੇ ਇਲਾਕਾ ਸੰਘਰਸ਼ ਕਮੇਟੀ ਦੇ ਪ੍ਰਧਾਨ ਹਰਦੇਵ ਸਿੰਘ, ਟਿੱਕਾ ਯਸਵੀਰ ਚੰਦ, ਕਾਮਰੇਡ ਤਰਸੇਮ ਸਿੰਘ ਭੱਲੜੀ, ਮਾਸਟਰ ਤਰਸੇਮ ਲਾਲ,ਐਡਵੋਕੇਟ ਵਿਸ਼ਾਲ ਸੈਣੀ ਭਨਾਮ, ਕਾਮਰੇਡ ਸੁਰਜੀਤ ਸਿੰਘ ਢੇਰ, ਗਿਆਨੀ ਰਾਮਪਾਲ ਸਿੰਘ ਭਲਾਣ,ਸੂਬੇਦਾਰ ਕੁਲਵੰਤ ਸਿੰਘ, ਗੁਰਦੇਵ ਸਿੰਘ, ਗੁਰਦਿਆਲ ਸਿੰਘ ਸੈਸੋਂਵਾਲ, ਦਿਲਬਾਗ ਸਿੰਘ,ਅਮਰੀਕ ਸਿੰਘ, ਜਸਵੰਤ ਸਿੰਘ ਬੇਲਾ, ਕੁਲਦੀਪ ਸਿੰਘ, ਸਰਪੰਚ ਰਘਬੀਰ ਸਿੰਘ ਬੇਲਾ,ਦਲਜੀਤ ਸਿੰਘ ਐਲਗਰਾ, ਗਿਆਨੀ ਕੇਸਰ ਸਿੰਘ ਨੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਇਥੇ ਇਹ ਦੱਸਣਯੋਗ ਹੈ ਕਿ ਜਸਪਾਲ ਸਿੰਘ ਦੇ ਪਿਤਾ ਸਰੂਪ ਸਿੰਘ ਇਲਾਕਾ ਸੰਘਰਸ਼ ਕਮੇਟੀ ਦੇ ਲੰਬਾ ਸਮਾਂ ਪ੍ਰਧਾਨ ਰਹੇ ਅਤੇ ਉਹਨਾਂ ਨੇ ਗੈਰ ਕਾਨੂੰਨੀ ਮਾਈਨਿੰਗ ਖਿਲਾਫ ਹਮੇਸ਼ਾ ਹੀ ਆਵਾਜ਼ ਬੁਲੰਦ ਕੀਤੀ। ਸੋ ਸਮੂਹ ਇਲਾਕਾ ਦੇ ਲੋਕਾਂ ਨੇ ਮਾਤਾ ਸੁਰਿੰਦਰ ਕੌਰ ਦੇ ਅਚਾਨਕ ਵਿਛੋੜੇ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਪਰਿਵਾਰ ਨਾਲ ਕੀਤਾ। ਮਾਤਾ ਦੀ ਅੰਤਿਮ ਅਰਦਾਸ 19 ਅਕਤੂਬਰ ਦਿਨ ਐਤਵਾਰ ਨੂੰ ਹੋਵੇਗੀ।



## ਸਿਵਲ ਸੁਸਾਇਟੀ ਤਲਵਾੜਾ ਵੱਲੋਂ ਚੀਫ਼ ਜਸਟਿਸ ਵੱਲ ਜੁੱਤੀ ਸੁੱਟਣ ਦੇ ਵਿਰੋਧ 'ਚ ਰੋਸ ਮੁਜ਼ਾਹਰਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਿਵਲ ਸੁਸਾਇਟੀ ਤਲਵਾੜਾ ਵੱਲੋਂ ਵਾਤਾਵਰਣ ਪ੍ਰੇਮੀ ਸੋਨਮ ਵਾਂਗਚੁੱਕ ਦੀ ਰਿਹਾਈ ਅਤੇ ਕੋਰਟ ਰੂਮ 'ਚ ਦੇਸ਼ ਦੇ ਚੀਫ਼ ਜਸਟਿਸ ਬੀ ਆਰ ਗਵਈ ਵੱਲ ਜੁੱਤੀ ਸੁੱਟਣ ਦੇ ਮਾਮਲੇ ਦੇ ਵਿਰੋਧ 'ਚ ਰੋਸ ਮੁਜ਼ਾਹਰਾ ਕੀਤਾ ਗਿਆ। ਸਥਾਨਕ ਮਾਹਾਰਾਣਾ ਪ੍ਰਤਾਪ ਚੌਂਕ 'ਤੇ ਇੱਕਤਰ ਸਿਵਲ

**● ਘਟਨਾ ਨੂੰ ਭਾਜਪਾ ਦੀ ਫਿਰਕੂ ਰਾਜਨੀਤੀ ਦਾ ਨਤੀਜਾ ਦੱਸਿਆ**

ਸੁਸਾਇਟੀ ਮੈਂਬਰਾਂ ਨੇ ਦੋਵੇਂ ਘਟਨਾਵਾਂ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ ਹੈ। ਸੁਸਾਇਟੀ ਨੇ ਸੋਨਮ ਵਾਂਗਚੁੱਕ ਦੀ ਤੁਰੰਤ ਰਿਹਾਈ ਅਤੇ ਮੁਲਜ਼ਮ ਵਕੀਲ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ। ਇਸ ਮੌਕੇ ਬੋਲਦਿਆਂ ਬੋਧ ਰਾਜ, ਜਸਵੀਰ ਤਲਵਾੜਾ, ਵਰਿੰਦਰ ਵਿੱਕੀ, ਰਾਜੀਵ ਸ਼ਰਮਾ, ਦੀਪਕ ਠਾਕੁਰ, ਕੁੰਦਨ ਲਾਲ, ਸੁਮੇਸ਼ ਭਾਟੀਆ, ਜਸਵਿੰਦਰ ਸਿੰਗਲਾ, ਮਨੋਜ ਕੁਮਾਰ ਆਦਿ ਨੇ ਦੇਸ਼ ਦੇ ਪ੍ਰਸਿੱਧ ਸਿੱਖਿਆ ਸ਼ਾਸਤਰੀ, ਵਿਗਿਆਨਕ ਅਤੇ ਵਾਤਾਵਰਣ ਪ੍ਰੇਮੀ ਸੋਨਮ ਵਾਂਗ ਚੁੱਕ ਦੇ ਹੱਕ 'ਚ ਹਾਅ ਦਾ ਨਾਅਰਾ ਮਾਰਿਆ। ਵਾਂਗਚੁੱਕ ਪਿਛਲੇ ਲੰਮੇ ਸਮੇਂ ਤੋਂ ਲੱਦਾਖ ਦੀ ਭੂਗੋਲਿਕ ਸਥਿਤੀ ਦੇ ਮੱਦੇਨਜ਼ਰ ਰਾਜ ਦਾ ਦਰਜਾ ਬਹਾਲ ਕਰਨ ਅਤੇ ਸਪੈਸ਼ਲ ਦਰਜੇ ਦੀ ਮੰਗ ਕਰ ਰਹੇ ਹਨ। ਪਰ ਸਰਕਾਰ ਨੇ ਵਾਂਗਚੁੱਕ 'ਤੇ ਰਾਸ਼ਟਰੀ ਸੁਰੱਖਿਆ ਐਕਟ ਐਨਐਸਏ ਦੀਆਂ ਸਖ਼ਤ ਧਾਰਾਵਾਂ



ਲਗਾ ਕੇ ਗ੍ਰਿਫ਼ਤਾਰ ਕਰ ਲਿਆ ਹੈ। ਸਰਕਾਰ ਦੀ ਇਸ ਕਾਰਵਾਈ ਤੋਂ ਦੇਸ਼ ਵਿਦੇਸ਼ ਵਿੱਚ ਰਹਿੰਦੇ ਵਾਤਾਵਰਣ ਪ੍ਰੇਮੀਆਂ, ਮਨੁੱਖੀ ਅਧਿਕਾਰਾਂ ਤੇ ਸਮਾਜਿਕ ਕਾਰਕੁੰਨਾਂ 'ਚ ਰੋਸ ਹੈ। ਬੀਤੇ ਦਿਨੀਂ ਕੋਰਟ ਰੂਮ 'ਚ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਵੱਲੋਂ ਜੁੱਤੀ ਸੁੱਟਣ ਦੇ ਮਾਮਲੇ ਦੀ ਬੁਲਾਰਿਆਂ ਨੇ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ ਹੈ। ਇਸ ਕਾਰਵਾਈ ਨੂੰ ਆਰਐਸਐਸ ਭਾਜਪਾ ਦੀ ਨਫ਼ਰਤੀ ਰਾਜਨੀਤੀ ਦਾ ਨਤੀਜਾ ਦੱਸਿਆ ਹੈ।

## ਐੱਸ ਏ ਐੱਸ ਨਗਰ 'ਚ ਪਟਾਕਿਆਂ ਦੀ ਵਿਕਰੀ ਲਈ 44 ਲਾਇਸੰਸ ਜਾਰੀ

**● ਦਿਵਾਲੀ ਤੇ ਗੁਰਪੁਰਬ ਮੌਕੇ ਕੇਵਲ ਦੋ ਘੰਟਿਆਂ ਲਈ ਚਲਾਏ ਜਾ ਸਕਣਗੇ ਪਟਾਕੇ**

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**- ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਪਟਾਕਿਆਂ ਦੀ ਵਿੱਕਰੀ ਲਈ ਅਰਜ਼ੀਆਂ ਦੇਣ ਵਾਲੇ ਲੋਕਾਂ ਨੂੰ 44 ਆਰਜ਼ੀ ਲਾਇਸੰਸ ਜਾਰੀ ਕਰਨ ਲਈ ਗਠਿਤ ਕੀਤੀ ਗਈ ਕਮੇਟੀ ਵੱਲੋਂ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸੈਕਟਰ-76 ਵਿੱਚ ਲਾਇਸੰਸ ਜਾਰੀ ਕਰਨ ਲਈ ਡਰਾਅ ਡਿਪਟੀ ਕਮਿਸ਼ਨਰ, ਸ੍ਰੀਮਤੀ ਕੋਮਲ ਮਿੱਤਲ, ਵਧੀਕ ਡਿਪਟੀ ਕਮਿਸ਼ਨਰ, (ਜਨਰਲ) ਗੀਤਿਕਾ ਸਿੰਘ, ਐੱਸ ਡੀ ਐੱਮ ਦਮਨਦੀਪ ਕੌਰ, ਸਹਾਇਕ ਕਮਿਸ਼ਨਰ (ਜ) ਡਾ. ਅੰਕਿਤਾ ਕਾਂਸਲ, ਤਹਿਸੀਲਦਾਰ, ਖਰੜ, ਗੁਰਵਿੰਦਰ ਕੌਰ ਤੇ ਹੋਰ ਅਧਿਕਾਰੀਆਂ, ਕਰਮਚਾਰੀਆਂ ਤੇ ਆਮ ਪਬਲਿਕ ਦੀ ਹਾਜ਼ਰੀ ਵਿਚ ਮੁਕੰਮਲ ਵੀਡੀਓਗ੍ਰਾਫੀ ਹੇਠ ਕੱਢਿਆ ਗਿਆ।ਪਾਰਦਰਸ਼ੀ ਤੇ ਨਿਰਪੱਖ ਪਹੁੰਚ ਅਪਣਾਉਂਦਿਆਂ, ਡਰਾਅ ਕੱਢਣ ਦੀ ਪ੍ਰਕਿਰਿਆ ਆਮ ਜਨਤਾ ਦੀ ਹਾਜ਼ਰੀ ਵਿੱਚ ਨੇਪਰੇ ਚਾੜ੍ਹੀ ਗਈ। ਜ਼ਿਕਰਯੋਗ ਹੈ ਕਿ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਆਪਣੇ ਹੁਕਮ ਅਤੇ ਪੰਜਾਬ ਸਰਕਾਰ ਇੰਡਸਟਰੀ ਅਤੇ ਕਮਰਸ ਵਿਭਾਗ ਵਲੋਂ ਸਮੇਂ ਸਮੇਂ ਤੇ ਜਾਰੀ ਹਦਾਇਤਾਂ ਅਨੁਸਾਰ ਸਾਲ 2016 ਵਿੱਚ ਜਾਰੀ ਹੋਏ ਲਾਇਸੈਂਸਾਂ ਦੇ ਮੁਕਾਬਲੇ ਸਿਰਫ਼ 20 ਫੀਸਦੀ ਲਾਇਸੰਸ



ਜਾਰੀ ਕਰਨ ਦੇ ਨਿਰਦੇਸ਼ ਦਿੱਤੇ ਹੋਏ ਹਨ। ਜ਼ਿਲ੍ਹੇ ਵਿੱਚ ਪਟਾਕਿਆਂ ਦੀ ਵਿੱਕਰੀ ਨੂੰ ਸੁਚਾਰੂ ਕਰਨ ਦੀ ਆਪਣੀ ਵਚਨਬੱਧਤਾ ਦੁਹਰਾਉਂਦਿਆਂ ਸ੍ਰੀਮਤੀ ਕੋਮਲ ਮਿੱਤਲ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਪਟਾਕਿਆਂ ਦੀ ਵਿੱਕਰੀ ਲਈ ਸਿਰਫ਼ 13 ਥਾਵਾਂ ਨਿਰਧਾਰਤ ਹਨ। ਇਨ੍ਹਾਂ ਥਾਵਾਂ ਤੋਂ ਇਲਾਵਾ ਕਿਤੇ ਵੀ ਹੋਰ ਪਟਾਕਿਆਂ ਦੀ ਵਿੱਕਰੀ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

## ਵੈਦ ਕਰਾਸਫਿੱਟ ਕਲੱਬ ਦੇ ਖਿਡਾਰੀ ਰਾਸ਼ਟਰੀ ਮੁਕਾਬਲਿਆਂ 'ਚ ਹਿੱਸਾ ਲੈਣ ਲਈ ਰਵਾਨਾ

**ਅੱਡਾ ਸਰਾਂ/ ਟਾਂਡਾ ਉੜਮੁੜ (ਜਸਵੀਰ ਕਾਜਲ , ਉਂਕਾਰ ਸਿੰਘ)**- ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ ਦੁਆਰਾ ਚਲਾਏ ਜਾ ਰਹੇ ਵੈਦ ਕਰਾਸਫਿੱਟ ਕਲੱਬ ਦੇ ਖਿਡਾਰੀਆਂ ਨੇ ਮਾਨਸਾ ਵਿਚ ਹੋਈਆਂ 69ਵੀਆਂ ਪੰਜਾਬ ਰਾਜ ਸਕੂਲ ਖੇਡਾਂ ਦੇ ਵੁਸ਼ੂ ਮੁਕਾਬਲਿਆਂ ਵਿਚ ਤਗਮੇ ਜਿੱਤ ਕੇ ਕਲੱਬ ਦਾ ਮਾਣ ਵਧਾਇਆ ਸੀ । ਇਸ ਤੋਂ ਬਾਅਦ, ਕਲੱਬ ਦੇ ਰਾਜ ਜੇਤੂ ਖਿਡਾਰੀ ਹੁਣ ਰਾਸ਼ਟਰੀ ਮੁਕਾਬਲਿਆਂ ਵਿਚ ਹਿੱਸਾ ਲੈਣ ਲਈ ਰਵਾਨਾ ਹੋ ਗਏ ਹਨ।ਸਕੂਲ ਅਤੇ ਕਲੱਬ ਪ੍ਰਧਾਨ ਗਗਨ ਵੈਦ ਦੇ ਦਿਸ਼ਾ-ਨਿਰਦੇਸ਼ਾਂ ਹੇਠ ਹੋਏ ਇਕ ਸਮਾਰੋਹ ਦੌਰਾਨ, ਸਕੂਲ ਦੀ ਉਪ-ਚੇਅਰਪਰਸਨ ਨੇਹਾ ਵੈਦ ਨੇ ਜੇਤੂ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਅਤੇ ਉਨ੍ਹਾਂ ਨੂੰ ਰਵਾਨਾ ਕੀਤਾ, ਉਨ੍ਹਾਂ ਨੂੰ ਰਾਸ਼ਟਰੀ ਖੇਡਾਂ ਲਈ ਵੀ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਕੋਚ ਰੋਹਿਤ ਕੁਮਾਰ ਨੇ ਦੱਸਿਆ ਕਿ ਕਲੱਬ ਦੇ ਰਾਜ ਜੇਤੂ ਐਥਲੀਟ, ਵਿਵੇਕ ਸਿੰਘ, ਜਸ਼ਮੀਤ ਭਾਟੀਆ, ਪ੍ਰਭਜੋਤ ਕੌਰ ਅਤੇ ਜਸਨੂਰ ਕੌਰ, 17 ਸਾਲ ਤੋਂ ਘੱਟ ਉਮਰ ਦੇ ਸ਼੍ਰੀਨਗਰ ਵਿੱਚ ਹੋਣ ਵਾਲੀਆਂ ਐੱਸ. ਜੀ. ਐੱਫ. ਆਈ. ਰਾਸ਼ਟਰੀ ਵੁਸ਼ੂ ਖੇਡਾਂ ਵਿਚ ਹਿੱਸਾ ਲੈਣਗੇ। ਅੰਡਰ-19 ਵਰਗ ਵਿਚ , ਆਯੁਸ਼ ਕੇ.ਸੀ. ਅਤੇ ਮਨਪ੍ਰੀਤ ਕੌਰ ਮਨੀਪੁਰ ਵਿਚ ਹੋਣ ਵਾਲੇ ਰਾਸ਼ਟਰੀ ਮੁਕਾਬਲਿਆਂ ਵਿਚ ਆਪਣੀ ਖੇਡ ਦਾ ਪ੍ਰਦਰਸ਼ਨ ਕਰਨਗੇ ।



11-OCT-PAGE-10.qxd 10/10/2025 10:24 PM Page 1



## ਪਰਾਲੀ ਸਾੜਨ 'ਤੇ ਪਰਚੇ ਦਰਜ ਕਰਨਾ ਮੰਦਭਾਗਾ : ਹਿੰਦਰੀ ਬਰਾੜ



**ਬੱਧਨੀ ਕਲਾਂ (ਲਵਲੀ ਕੁਮਾਰ)**-ਭਾਰਤੀ ਕਿਸਾਨ ਯੂਨੀਅਨ ਖੋਸਾ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਹਿੰਦਰੀ ਬਰਾੜ ਪੱਤੋ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੂੰ ਪਰਾਲ਼ੀ ਦਾ ਪੱਕੇ ਤੌਰ 'ਤੇ ਪਹਿਲਾਂ ਹੱਲ ਕਰਨਾ ਚਾਹੀਦਾ ਸੀ, ਜੇਕਰ ਕਿਸਾਨਾਂ 'ਤੇ ਪਰਾਲੀ ਸਾੜਨ ਦੇ ਪਰਚੇ ਦਰਜ ਕਰਦੀ ਹੈ ਤਾਂ ਇਹ ਬਹੁਤ ਹੀ ਮੰਦਭਾਗਾ ਹੈ। ਉਨ੍ਹਾ ਕਿਹਾ ਕਿ ਕਿਸਾਨ ਪਹਿਲਾਂ ਹੀ ਔਖੇ ਦੌਰ ਵਿੱਚ ਆਪਣਾ ਗੁਜ਼ਾਰਾ ਕਰ ਰਿਹਾ ਹੈ।ਪੰਜਾਬ ਸਰਕਾਰ ਨੂੰ ਕਿਸਾਨਾਂ ਦੀਆਂ ਪਰਾਲੀ ਸਾੜਨ ਦੀਆਂ ਮੁਸ਼ਕਲਾਂ ਨੂੰ ਪਹਿਲਾਂ ਹੀ ਪੱਕੇ ਤੌਰ 'ਤੇ ਹੱਲ ਕੱਢਣਾ ਚਾਹੀਦਾ ਸੀ।

## ਡੀ ਸੀ ਵੱਲੋਂ ਬਖ਼ਸ਼ੀਵਾਲ ਮੰਡੀ ਦਾ ਅਚਨਚੇਤ ਦੌਰਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਦੀਆਂ ਮੰਡੀਆਂ 'ਚ ਵੇਚਣ ਲਈ ਪੁੱਜ ਰਹੇ ਝੋਨੇ ਦੀ ਨਾਲੋ-ਨਾਲ ਖਰੀਦ, ਕਿਸਾਨਾਂ ਨੂੰ ਅਦਾਇਗੀ ਤੇ ਲਿਫਟਿੰਗ ਵੀ ਨਾਲੋ-ਨਾਲ ਹੋ ਰਹੀ ਹੈ।ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਪਿੰਡ ਬਖ਼ਸ਼ੀਵਾਲਾ ਦੀ ਮੰਡੀ ਦਾ ਅਚਨਚੇਤ ਦੌਰਾ ਕਰਕੇ ਸਮੁੱਚੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਮੌਕੇ ਕੀਤਾ।ਇਸ ਮੌਕੇ ਐਸ.ਡੀ.ਐਮ ਹਰਜੋਤ ਕੌਰ ਮਾਵੀ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ।ਡਿਪਟੀ ਕਮਿਸ਼ਨਰ ਨੇ ਇਸ ਦੌਰਾਨ ਕਿਸਾਨਾਂ ਤੇ ਆੜ੍ਹਤੀਆਂ ਨਾਲ ਗੱਲਬਾਤ ਕੀਤੀ ਅਤੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਯਤਨਾਂ ਸਦਕਾ ਪਟਿਆਲਾ ਜ਼ਿਲ੍ਹੇ ਦੀਆਂ ਮੰਡੀਆਂ 'ਚ ਝੋਨੇ ਦੀ ਖਰੀਦ ਤੇ ਲਿਫਟਿੰਗ ਦੀ ਕੋਈ ਸਮੱਸਿਆ ਨਹੀਂ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਸਾਡੇ ਅੰਨਦਾਤਾ ਹਨ ਇਸ ਲਈ ਕਿਸੇ ਵੀ ਕਿਸਾਨ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾ ਰਹੀ।ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਜਿਣਸ ਦੀ ਤੁਰੰਤ ਖਰੀਦ ਲਈ ਸੁੱਕਾ ਝੋਨਾ ਹੀ ਮੰਡੀਆਂ 'ਚ ਲਿਆਉਣ।ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ 'ਚ ਖਰੀਦ ਕੀਤੇ ਝੋਨੇ ਦੀ ਕਿਸਾਨਾਂ ਨੂੰ ਹੁਣ ਤੱਕ 387.44 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ ਤੇ ਇਹ ਅਦਾਇਗੀ ਵੀ ਖਰੀਦ ਦੇ 48 ਘੰਟਿਆਂ ਦੇ ਅੰਦਰ-ਅੰਦਰ ਯਕੀਨੀ ਬਣਾਈ ਗਈ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅੰਦਰ ਝੋਨੇ ਦੀ 1 ਲੱਖ 79 ਹਜ਼ਾਰ 265 ਮੀਟ੍ਰਿਕ ਟਨ ਆਮਦ ਹੋਈ ਹੈ, ਜਿਸ ਵਿੱਚੋਂ 1 ਲੱਖ 68 ਹਜ਼ਾਰ 704 ਮੀਟ੍ਰਿਕ ਟਨ ਦੀ ਖਰੀਦ ਕੀਤੀ ਗਈ ਹੈ।

## ਸਰਸਵਤੀ ਸਕੂਲ ਵਿਖੇ ਕਰਵਾ ਚੌਥ ਦਾ ਤਿਉਹਾਰ ਮਨਾਇਆ



**ਜੈਤੋ (ਸਤੀਸ਼ ਕੁਮਾਰ ਭੀਰੀ)**-ਸਥਾਨਕ ਸਰਸਵਤੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਕਰਵਾ ਚੌਥ ਦਾ ਤਿਉਹਾਰ ਪ੍ਰਿੰ. ਮੈਡਮ ਕੁਸਮ ਕਾਲੜਾ ਦੀ ਯੋਗ ਅਗਵਾਈ ਹੇਠ ਮਨਾਇਆ ਗਿਆ। ਇਸ ਮੌਕੇ ਸਕੂਲ ਦੀ ਪ੍ਰਬੰਧਕੀ ਕਮੇਟੀ ਦੇ ਪਰਿਵਾਰਕ ਮੈਂਬਰ ਸ਼ਮਾ ਗੋਇਲ, ਸਪਨਾ ਰੋਮਾਣਾ, ਨੀਰਾ ਗੋਇਲ, ਚਾਰੂ ਗੋਇਲ, ਅੰਜੂ ਰੋਮਾਨਾ, ਸ਼ੀਤਲ ਸਿੰਗਲਾ, ਕਮਲੇਸ਼ ਰਾਣੀ, ਰਿੰਪੀ ਬਾਂਸਲ, ਪ੍ਰਿਯੰਕਾ ਗੋਇਲ ਤੇ ਰੁਚੀ ਸਿੰਗਲਾ ਪਹੁੰਚੇ ਹੋਏ ਸਨ। ਉਨ੍ਹਾਂ ਦਾ ਸਕੂਲ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਫਿਰ ਵਨ ਮਿੰਟ ਗੇਮਜ਼ ਕਰਵਾਈਆਂ, ਮਹਿੰਦੀ ਲਗਵਾਈ ਤੇ ਸਰਘੀ ਗਿਫਟ ਦਿੱਤੇ ਗਏ। ਸਭ ਨੇ ਡਾਂਸ ਕਰਕੇ ਖੂਬ ਆਨੰਦ ਮਾਣਿਆ।

## ਨਗਰ ਕੌਂਸਲ ਦੇ ਖੰਭਿਆਂ ਨੂੰ ਲੋਕ ਵਰਤ ਰਹੇ ਨੇ ਮਸ਼ਹੂਰੀ ਲਈ



**ਧੂਰੀ (ਮਨੋਹਰ ਸਿੰਘ ਸੱਗੂ)**-ਸ਼ਹਿਰ ਨੂੰ ਸੁੰਦਰ ਬਣਾਉਣ ਅਤੇ ਹਾਦਸਿਆਂ ਦੇ ਖਦਸ਼ਿਆਂ ਨੂੰ ਠੱਲ੍ਹਣ ਲਈ ਜਿੱਥੇ ਪ੍ਰਸ਼ਾਸਨ ਵੱਲੋਂ ਸ਼ਹਿਰ ਦੀ ਅੰਦਰੂਨੀ ਸੜਕ 'ਤੇ ਡਿਵਾਈਡਰ ਬਣਾਇਆ ਜਾ ਰਿਹਾ ਹੈ, ਉੱਥੇ ਲੋਕਾਂ ਵੱਲੋਂ ਹੁਣ ਤੋਂ ਹੀ ਡਿਵਾਈਡਰ 'ਤੇ ਲੱਗ ਰਹੇ ਖੰਭਿਆਂ ਦੀ ਦੁਰਵਰਤੋਂ ਸ਼ੁਰੂ ਕਰ ਦਿੱਤੀ ਗਈ ਹੈ।ਦੱਸਣਯੋਗ ਹੈ ਕਿ ਨਗਰ ਕੌਂਸਲ ਦੀ ਹਦੂਦ ਅੰਦਰ ਆਉਂਦੀ ਅੰਦਰੂਨੀ ਸੜਕ ਨੂੰ ਪ੍ਰਸ਼ਾਸਨ ਵੱਲੋਂ ਮਲੇਰਕੋਟਲਾ ਬਾਈਪਾਸ ਤੋਂ ਸੰਗਰੂਰ ਬਾਈਪਾਸ ਤੱਕ ਚੌੜੀ ਕਰਕੇ ਡਿਵਾਈਡਰ ਬਣਾਇਆ ਜਾ ਰਿਹਾ ਹੈ ਤਾਂ ਜੁ ਜਿੱਥੇ ਸ਼ਹਿਰ ਨੂੰ ਸੁੰਦਰ ਬਣਾਇਆ ਜਾ ਸਕੇ ਤੇ ਆਵਾਜਾਈ ਦੀ ਸਮੱਸਿਆ ਦੇ ਸਾਰਥਿਕ ਹੱਲ ਲਈ ਹਾਦਸੇ ਵਾਪਰਨ ਦੇ ਖਦਸ਼ਿਆਂ ਨੂੰ ਟਾਲਿਆ ਜਾ ਸਕੇ, ਪਰ ਪ੍ਰਸ਼ਾਸਨ ਵੱਲੋਂ ਰੌਸ਼ਨੀ ਕਰਨ ਲਈ ਡਿਵਾਈਡਰ 'ਤੇ ਲਾਏ ਜਾ ਰਹੇ ਖੰਭਿਆਂ ਉੱਪਰ ਹਾਲੇ ਭਾਵੇਂ ਨਗਰ ਕੌਂਸਲ ਵੱਲੋਂ ਸਟਰੀਟ ਲਾਈਟਾਂ ਦਾ ਕੰਮ ਕੀਤਾ ਜਾਣਾ ਹੈ, ਪਰ ਇਸ ਦੇ ਬਾਵਜੂਦ ਵਪਾਰਕ ਸੰਸਥਾਵਾਂ ਤੇ ਸਿਆਸੀ ਆਗੂਆਂ ਵੱਲੋਂ ਇਨ੍ਹਾਂ ਖੰਭਿਆਂ ਉੱਪਰ ਕਥਿਤ ਤਰੀਕੇ ਨਾਲ ਆਪੋ ਆਪਣੇ ਬੋਰਡ ਲਾ ਕੇ ਮਸ਼ਹੂਰੀ ਲਈ ਸਰਕਾਰੀ ਖੰਭਿਆਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ। ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਗੁਰਬਖਸ਼ੀਸ਼ ਸਿੰਘ ਨੇ ਸੰਪਰਕ ਕਰਨ 'ਤੇ ਕਿਹਾ ਕਿ ਉਨ੍ਹਾਂ ਵੱਲੋਂ ਇੰਸਪੈਕਟਰ ਨੂੰ ਖੰਭਿਆਂ 'ਤੇ ਲਾਏ ਗਏ ਬੋਰਡਾਂ ਦੀ ਜਾਂਚ ਕਰਨ ਲਈ ਕਿਹਾ ਗਿਆ ਹੈ, ਜਿਸ ਤੋਂ ਬਾਅਦ ਬਣਦੀ ਕਾਰਵਾਈ ਕੀਤੀ ਜਾਵੇਗੀ।

## ਸੁਖਵਿੰਦਰ ਔਲਖ ਬਣੇ ਅਕਾਲੀ ਦਲ ਦੇ ਜਥੇਬੰਦਕ ਸਕੱਤਰ




**ਭੀਖੀ (ਗੁਰਿੰਦਰ ਸਿੰਘ ਔਲਖ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਅੱਜ ਪਾਰਟੀ ਦੇ ਅਹੁਦੇਦਾਰਾਂ ਦੀ ਲਿਸਟ ਜਾਰੀ ਕੀਤੀ ਗਈ, ਜਿਸ ਵਿੱਚ ਸ: ਸੁਖਵਿੰਦਰ ਸਿੰਘ ਔਲਖ (ਸਾਬਕਾ ਵਿਧਾਇਕ) ਨੂੰ ਜਥੇਬੰਦਕ ਸਕੱਤਰ ਬਣਾਇਆ ਗਿਆ।ਇਸ 'ਤੇ ਸਰਕਲ ਭੀਖੀ ਦੀ ਜਥੇਬੰਦੀ ਨੇ ਗਿਆਨੀ ਹਰਪ੍ਰੀਤ ਸਿੰਘ ਦਾ ਧੰਨਵਾਦ ਕੀਤਾ ਤੇ ਸ: ਸੁਖਵਿੰਦਰ ਸਿੰਘ ਔਲਖ ਸਾਹਿਬ ਨੂੰ ਵਧਾਈਆਂ ਦਿੱਤੀਆਂ।ਇਸ ਨਿਯੁਕਤੀ 'ਤੇ ਖੁਸ਼ੀ ਜ਼ਾਹਰ ਕਰਨ ਵਾਲਿਆਂ 'ਚ ਜਥੇਦਾਰ ਮਨਜੀਤ ਸਿੰਘ ਬੱਪੀਆਣਾ ਵਰਕਿੰਗ ਮੈਂਬਰ, ਸ: ਦਰਸ਼ਨ ਸਿੰਘ ਕੋਟੜਾ ਸਟੇਟ ਡੈਲੀਗੇਟ, ਜਥੇਦਾਰ ਪਰਮਜੀਤ ਸਿੰਘ ਭੀਖੀ ਸਟੇਟ ਡੈਲੀਗੇਟ, ਜਥੇਦਾਰ ਜਗਸੀਰ ਸਿੰਘ ਜੱਗਾ (ਬਾਬੇਕਾ) ਸਰਕਲ ਜਥੇਦਾਰ ਭੀਖੀ, ਜਥੇਦਾਰ ਮਲਕ ਸਿੰਘ ਹੀਰੋ ਕਲਾਂ ਜ਼ਿਲ੍ਹਾ ਡੈਲੀਗੇਟ, ਨੰਬਰਦਾਰ ਜਗਸੀਰ ਸਿੰਘ ਚਹਿਲ ਜੀਵਨ ਭੀਖੀ ਜ਼ਿਲ੍ਹਾ ਡੈਲੀਗੇਟ, ਜਥੇਦਾਰ ਹਰਦੇਵ ਸਿੰਘ ਬਾਦਲ ਫਫੜੇ ਭਾਈਕੇ ਜ਼ਿਲਾ ਡੈਲੀਗੇਟ, ਜਥੇਦਾਰ ਜਗਸੀਰ ਸਿੰਘ ਲੀਲਾ ਮਿਰਗ, ਭਾਈ ਜੀਵਨ ਸਿੰਘ ਝੱਬਰ ਬਾਬਾ, ਬਲਵਿੰਦਰ ਸਿੰਘ, ਰਾਜ ਸਿੰਘ ਹੀਰੋ ਵਾਲੇ, ਮਨਜੀਤ ਸਿੰਘ ਫਫੜੇ ਭਾਈਕੇ, ਮੇਜਰ ਸਿੰਘ ਬੱਪੀਆਣਾ, ਬਹਾਦਰ ਸਿੰਘ ਸਮਾਓਂ ਆਦਿ ਸ਼ਾਮਲ ਸਨ।

## ਪ੍ਰਾਇਮਰੀ ਵਿੰਗ ਦੇ ਖਿਡਾਰੀਆਂ ਸੈਂਟਰ ਪੱਧਰੀ ਖੇਡਾਂ 'ਚ ਮਾਰੀਆਂ ਮੱਲਾਂ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਸਥਾਨਕ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਨੇ ਹਾਲ ਹੀ ਵਿੱਚ ਸੰਪੰਨ ਹੋਈਆਂ ਸੈਂਟਰ ਪੱਧਰੀ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਂਅ ਰੌਸ਼ਨ ਕੀਤਾ।ਖਿਡਾਰੀਆਂ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਤਿੰਨ ਤੀਜੇ ਸਥਾਨ ਪ੍ਰਾਪਤ ਕੀਤੇ।ਸਕੂਲ ਦੇ ਪ੍ਰਿੰਸੀਪਲ ਬਿਕਰਮਜੀਤ ਸਿੰਘ ਤੇ ਮੈਨੇਜਰ ਰਣਜੀਤ ਸਿੰਘ ਮਲਕਾਣਾ ਨੇ ਇਸ ਉਪਲਬਧੀ 'ਤੇ ਖ਼ੁਸ਼ੀ ਜ਼ਾਹਰ ਕੀਤੀ ਤੇ ਖਿਡਾਰੀਆਂ ਨੂੰ ਵਧਾਈ ਦਿੱਤੀ।ਸੈਂਟਰ ਪੱਧਰ ਦੀਆਂ ਪ੍ਰਾਇਮਰੀ ਖੇਡਾਂ ਦੇ ਅੰਡਰ-11 ਈਵੈਂਟਸ ਵਿੱਚ ਸਾਡੇ ਹੋਰ ਛੇ ਖਿਡਾਰੀਆਂ ਨੇ ?100 ਮੀਟਰ ਦੌੜ, ਫੁੱਟਬਾਲ ਤੇ ?ਰੱਸਾਕਸ਼ੀ ਮੁਕਾਬਲੇ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਸਕੂਲ ਪ੍ਰਾਇਮਰੀ ਦੀ ਇੰਚਾਰਜ ਸ੍ਰੀਮਤੀ ਸੁਖਪਾਲ ਕੌਰ, ਡੀ ਪੀ ਈ ਹਰਪਾਲ ਸਿੰਘ, ਖੇਡ ਇੰਚਾਰਜ ਹਰਿੰਦਰ ਸਿੰਘ ਤੇ ਪਵਨਦੀਪ ਸਿੰਘ ਨੇ ਵਿਦਿਆਰਥੀਆਂ ਦੀ ਤਿਆਰੀ ਅਤੇ ਮਿਹਨਤ ਦੀ ਸ਼ਲਾਘਾ ਕੀਤੀ।ਸਮੂਹ ਸਟਾਫ਼ ਨੇ ਕਿਹਾ ਕਿ ਇਹ ਪ੍ਰਾਪਤੀਆਂ ਵਿਦਿਆਰਥੀਆਂ ਦੀ ਮਿਹਨਤ, ਲਗਨ ਤੇ ਸਹੀ ਸੇਧ ਦਾ ਨਤੀਜਾ ਹਨ।ਸਕੂਲ ਦੀ ਸਮੂਹ ਪ੍ਰਬੰਧਕ ਕਮੇਟੀ ਤੇ ?ਪ੍ਰਿੰਸੀਪਲ ਬਿਕਰਮਜੀਤ ਸਿੰਘ ਨੇ ਕਿਹਾ ਕਿ ਸਕੂਲ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਖੇਡਾਂ ਨੂੰ ਵੀ ਬਰਾਬਰ ਮਹੱਤਵ ਦਿੰਦਾ ਹੈ ਤਾਂ ਜੋ ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਹੋ ਸਕੇ।ਉਨ੍ਹਾਂ ਖਿਡਾਰੀਆਂ ਤੇ ਕੋਚਿੰਗ ਸਟਾਫ਼ ਨੂੰ ਭਵਿੱਖ ਦੇ ਮੁਕਾਬਲਿਆਂ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਵਿਸ਼ਵ ਦ੍ਰਿਸ਼ਟੀ ਦਿਵਸ ਮੌਕੇ ਲੋਕਾਂ ਨੂੰ ਕੀਤਾ ਜਾਗਰੂਕ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸੀ.ਐੱਚ.ਸੀ. ਮਾਛੀਵਾੜਾ ਸਾਹਿਬ ਤੇ ਇਸ ਅਧੀਨ ਆਉਂਦੇ ਸਿਹਤ ਕੇਂਦਰਾਂ ਵਿੱਚ ਵਿਸ਼ਵ ਦ੍ਰਿਸ਼ਟੀ ਦਿਵਸ ਮੌਕੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਐੱਸ.ਐੱਮ.ਓ. ਡਾ. ਜਸਦੇਵ ਸਿੰਘ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਹਰ ਵਿਅਕਤੀ ਨੂੰ ਆਪਣੀਆਂ ਅੱਖਾਂ ਦਾ ਵਿਸ਼ੇਸ਼ ਧਿਆਨ ਰੱਖਣਾ ਚਾਹੀਦਾ ਹੈ ਅਤੇ ਕੋਈ ਵੀ ਸਮੱਸਿਆ ਹੋਣ 'ਤੇ ਡਾਕਟਰੀ ਜਾਂਚ ਕਰਵਾਉਣੀ ਚਾਹੀਦੀ ਹੈ। ਅਪਥਾਲਮਿਕ ਅਫ਼ਸਰ ਸਿਮਰਨਦੀਪ ਕੌਰ ਨੇ ਦੱਸਿਆ ਕਿ ਸ਼ੂਗਰ ਦੇ ਮਰੀਜ਼ਾਂ ਨੂੰ ਅੱਖਾਂ ਦੇ ਪਰਦੇ ਦੀ ਜਾਂਚ ਹਰ ਛੇ ਮਹੀਨੇ ਬਾਅਦ ਕਰਵਾਉਣੀ ਚਾਹੀਦੀ ਹੈ। ਪਰਦੀਪ ਸਿੰਘ ਬਲਾਕ ਐਜੂਕੇਟਰ ਨੇ ਕਿਹਾ ਕਿ ਸਾਨੂੰ ਅੱਖਾਂ ਦੇ ਇਲਾਜ ਤੇ ਪਰਹੇਜ਼ ਸਬੰਧੀ ਜਾਗਰੂਕ ਰਹਿਣਾ ਚਾਹੀਦਾ ਹੈ। ਇਸ ਮੌਕੇ ਡਾ. ਹਿਤੇਸ਼, ਹਰਪ੍ਰੀਤ ਕੌਰ ਰੇਡੀਓਗ੍ਰਾਫਰ, ਜਗਦੇਵ ਸਿੰਘ ਰਾਮਜ਼ਨੀ ਅਫ਼ਸਰ, ਮਨਜੀਤ ਸਿੰਘ, ਜਗਤਾਰ ਸਿੰਘ, ਸਰਬਜੀਤ ਸਿੰਘ, ਮਨਿੰਦਰ ਸਿੰਘ ਆਦਿ ਹਾਜ਼ਰ ਸਨ।

# ਸੀਵਰੇਜ ਸਫ਼ਾਈ ਦੌਰਾਨ ਨਸ਼ੇ ਵਾਲੀਆਂ ਸ਼ੀਸ਼ੀਆਂ ਦਾ ਨਿਕਲਣਾ ਚਰਚਾ ਦਾ ਵਿਸ਼ਾ ਬਣਿਆ

### ਕੁਝ ਕੁ ਮੈਡੀਕਲ ਸਟੋਰਾਂ ਵਾਲੇ ਬਿਨਾਂ ਡਾਕਟਰੀ ਪਰਚੀ ਤੋਂ ਦੇ ਰਹੇ ਦਵਾਈਆਂ




**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਸ਼ਹਿਰ ਵਿੱਚ ਮੈਡੀਕਲ ਨਸ਼ਾ ਖੁੱਲ੍ਹੇਆਮ ਵਿਕ ਰਿਹਾ ਹੈ, ਜਿਸ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਅੱਜ ਜਦੋਂ ਨਗਰ ਕੌਂਸਲ ਦੇ ਸਫ਼ਾਈ ਸੇਵਕ ਸੀਵਰੇਜ ਦੀ ਸਫ਼ਾਈ ਕਰਨ ਆਏ ਤਾਂ ਉੱਥੇ ਗੰਦਗੀ ਘੱਟ ਤੇ ਮੈਡੀਕਲ ਨਸ਼ੇ ਦੀਆਂ ਖਾਲੀ ਸ਼ੀਸ਼ੀਆਂ ਵੱਧ ਨਿਕਲ ਰਹੀਆਂ ਹਨ। ਮਾਛੀਵਾੜਾ ਸ਼ਹਿਰ ਦੀ ਸੰਘਣੀ ਅਬਾਦੀ, ਜਿੱਥੇ ਇੱਕ ਮੈਡੀਕਲ ਸਟੋਰ ਵੀ ਨੇੜੇ ਹੈ, ਜਦੋਂ ਉੱਥੇ ਸਫ਼ਾਈ ਸੇਵਕਾਂ ਨੇ ਸੀਵਰੇਜ ਦੀ ਸਫ਼ਾਈ ਕੀਤੀ ਤਾਂ ਸੈਂਕੜੇ ਗਿਣਤੀ ਵਿੱਚ ਮੈਡੀਕਲ ਨਸ਼ੇ ਵਾਲੀਆਂ ਸ਼ੀਸ਼ੀਆਂ ਨਿਕਲੀਆਂ। ਮਾਛੀਵਾੜਾ ਇਲਾਕੇ ਦੇ ਕੁਝ ਮੈਡੀਕਲ ਸਟੋਰਾਂ 'ਤੇ ਨਸ਼ੇ ਦੇ ਤੌਰ 'ਤੇ ਵਰਤੋਂ ਕਰਨ ਵਾਲੀਆਂ ਸ਼ੀਸ਼ੀਆਂ ਤੇ ਕੈਪਸੂਲ ਨਸ਼ੇੜੀਆਂ ਵੱਲੋਂ ਖੁੱਲ੍ਹੇਆਮ ਖਰੀਦੇ ਜਾ ਰਹੇ ਹਨ, ਪਰ ਇਸ ਸਬੰਧੀ ਸਿਹਤ ਵਿਭਾਗ ਦੇ ਅਧਿਕਾਰੀ, ਜਿਨ੍ਹਾਂ ਦੀ ਡਿਊਟੀ ਮੈਡੀਕਲ ਨਸ਼ੇ ਨੂੰ ਨੱਥ ਪਾਉਣਾ ਹੈ, ਉਨ੍ਹਾਂ ਵੱਲੋਂ ਕੋਈ ਸਰਗਰਮੀ ਦਿਖਾਈ ਨਹੀਂ ਦੇ ਰਹੀ। ਨਸ਼ੇੜੀ ਮੈਡੀਕਲ ਸਟੋਰ ਤੋਂ ਨਸ਼ੇ ਵਾਲੀ ਸ਼ੀਸ਼ੀ ਲੈ ਕੇ ਇਸ ਦਾ ਸੇਵਨ ਕਰ ਨਾਲ ਹੀ ਖਾਲੀ ਸ਼ੀਸ਼ੀ ਨੂੰ ਸੀਵਰੇਜ ਹੌਦੀ ਵਿੱਚ ਸੁੱਟ ਦਿੰਦੇ ਹਨ।

ਹੈਰਾਨੀ ਦੀ ਗੱਲ ਤਾਂ ਇਹ ਹੈ ਕਿ ਸਰਕਾਰ ਦੀਆਂ ਹਦਾਇਤਾਂ ਹਨ ਕਿ ਕੋਈ ਵੀ ਮੈਡੀਕਲ ਸਟੋਰ ਬਿਨਾਂ ਡਾਕਟਰ ਦੀ ਪਰਚੀ ਤੋਂ ਦਵਾਈ ਨਾ ਦੇਵੇ, ਖਾਸ ਕਰ ਖੰਘ ਦੀ ਰੋਕਥਾਮ ਲਈ ਵਰਤੀਆਂ ਜਾਣ ਵਾਲੀਆਂ ਸ਼ੀਸ਼ੀਆਂ, ਜਿਸ ਨੂੰ ਨਸ਼ੇੜੀ ਨਸ਼ੇ ਵਜੋਂ ਵਰਤਦੇ ਹਨ, ਉਹ ਸ਼ਰੇਆਮ ਕੁਝ ਕੁ ਮੈਡੀਕਲ ਸਟੋਰ ਵਾਲੇ ਨਸ਼ੇੜੀਆਂ ਨੂੰ ਬਿਨਾਂ ਪਰਚੀ ਤੋਂ ਦੇ ਰਹੇ ਹਨ। ਜਾਣਕਾਰੀ ਅਨੁਸਾਰ ਮੈਡੀਕਲ ਨਸ਼ਾ ਵੇਚਣ ਵਿੱਚ ਸਟੋਰ ਮਾਲਕਾਂ ਨੂੰ ਕਈ ਗੁਣਾਂ ਜ਼ਿਆਦਾ ਕਮਾਈ ਹੈ ਤੇ ਉਹ ਆਪਣੀਆਂ ਜੇਬਾਂ ਭਰਨ ਲਈ ਇਹ ਨਸ਼ਾ ਨਸ਼ੇੜੀਆਂ ਨੂੰ ਵੰਡ ਕੇ ਉਨ੍ਹਾਂ ਦੀ ਜ਼ਿੰਦਗੀ ਤਬਾਹ ਕਰ ਰਹੇ ਹਨ। ਛਾਪੇਮਾਰੀ ਤੋਂ ਕੁਝ ਦਿਨ ਬਾਅਦ ਤਾਂ ਸਖ਼ਤਾਈ ਰਹਿੰਦੀ ਹੈ, ਪਰ ਬਾਅਦ ਵਿੱਚ ਮੁੜ ਮੈਡੀਕਲ ਸਟੋਰਾਂ 'ਤੇ ਖੁੱਲ੍ਹੇਆਮ ਨਸ਼ਾ ਵਿਕਦਾ ਹੈ। ਜੇਕਰ ਪੁਲਸ ਸਖ਼ਤੀ ਕਰ ਚਿੱਟਾ ਵੇਚਣ ਵਾਲੇ ਨਸ਼ਾ ਤਸਕਰਾਂ ਨੂੰ ਨੱਥ ਪਾ ਸਕਦੀ ਹੈ ਤਾਂ ਸਿਹਤ ਵਿਭਾਗ ਗਿਣਵੇਂ ਮੈਡੀਕਲ ਸਟੋਰਾਂ 'ਤੇ ਨੱਥ ਪਾਉਣ ਵਿੱਚ ਕਿਉਂ ਪੱਛੜ ਰਹੀ ਹੈ, ਜੋ ਕਿ ਲੋਕਾਂ ਵਿਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਜਦੋਂ ਇਸ ਸਬੰਧੀ ਡਰੱਗ ਇੰਸਪੈਕਟਰ ਅਮਰਜੀਤ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਮੈਡੀਕਲ ਸਟੋਰਾਂ 'ਤੇ ਜਲਦ ਹੀ ਛਾਪੇਮਾਰੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਮੈਡੀਕਲ ਸਟੋਰ ਮਾਲਕ ਨਸ਼ੀਲੀਆਂ ਤੇ ਪਾਬੰਦੀਸ਼ੁਦਾ ਦਵਾਈਆਂ ਡਾਕਟਰੀ ਪਰਚੀ ਤੋਂ ਬਿਨਾਂ ਵੇਚਦਾ ਪਾਇਆ ਗਿਆ ਤਾਂ ਉਸ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।


## ਘੱਗਾ ਦੇ ਅੱਪਗ੍ਰੇਡ ਕੀਤੇ ਬਿਜਲੀ ਗਰਿੱਡ ਦਾ ਵਿਧਾਇਕ ਵੱਲੋਂ ਉਦਘਾਟਨ

### 13.80 ਕਰੋੜ ਖਰਚ ਕੇ ਬਿਜਲੀ ਸਪਲਾਈ 'ਚ ਵੱਡੇ ਪੱਧਰ 'ਤੇ ਸੁਧਾਰ ਕਰਾਂਗੇ : ਬਾਜ਼ੀਗਰ




**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**
ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਕਸਬਾ ਘੱਗਾ ਦੇ 66 ਕੇਵੀ ਗਰਿੱਡ ਵਿੱਚ ਵੀਸੀਵੀ ਦੇ ਨਵੀਂ ਤਕਨੀਕ ਦੇ ਬਰੇਕਰ ਲਾ ਕੇ ਤੇ ਹੋਰ ਸੁਧਾਰ ਕਰਕੇ ਇਸ ਨੂੰ ਅੱਪਗਰੇਡ ਕੀਤਾ ਗਿਆ ਹੈ, ਜਿਸ ਦੀ ਸਪਲਾਈ ਚਾਲੂ ਕਰਨ ਲਈ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਇਸ ਦਾ ਉਦਘਾਟਨ ਕੀਤਾ ਗਿਆ। ਉਦਘਾਟਨ ਉਪਰੰਤ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਬਿਜਲੀ ਬੋਰਡ ਵੱਲੋਂ ਰੌਸ਼ਨ ਪੰਜਾਬ ਤਹਿਤ ਹੁਣ ਪਾਵਰ ਕੱਟ ਤੋਂ ਮੁਕਤੀ ਮੁਹਿੰਮ ਆਰੰਭੀ ਗਈ ਹੈ।ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਘੱਗਾ ਗਰਿੱਡ ਵਿੱਚ 40 ਲੱਖ ਦੀ ਲਾਗਤ ਨਾਲ ਵੀਸੀਵੀ ਬਰੇਕਰ ਲਗਾਏ ਗਏ ਹਨ, ਜਿਸ ਨਾਲ ਘੱਗਾ ਤੇ ਇਸ ਦੇ ਆਸ-ਪਾਸ ਦੇ ਇਲਾਕਿਆਂ ਨੂੰ 24 ਘੰਟੇ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਜਾਵੇਗੀ ਅਤੇ ਇਨ੍ਹਾਂ ਨਾਲ ਵੋਲਟਜ਼ ਦੀ ਸਮੱਸਿਆ ਵੀ ਦੂਰ ਹੋਵੇਗੀ ਅਤੇ ਵੱਖ-ਵੱਖ ਫੀਡਰਾਂ ਨੂੰ ਫਾਇਦਾ ਹੋਵੇਗਾ।ਇਸ ਤੋਂ ਪਹਿਲਾਂ ਹਰਿਆਊ ਖੁਰਦ ਵਿਖੇ ਇੱਕ ਨਵਾਂ ਬਿਜਲੀ ਗਰਿੱਡ, ਜਿੱਥੇ ਸਥਾਪਤ ਕੀਤਾ ਗਿਆ ਹੈ, ਉਥੇ ਹੀ ਪਹਿਲਾਂ ਚੱਲ ਰਹੇ ਬਿਜਲੀ ਗਰਿੱਡਾਂ ਨੂੰ ਅੱਪਗਰੇਡ ਕਰਕੇ ਹਲਕੇ ਸ਼ੁਤਰਾਣਾ ਦੇ ਲੋਕਾਂ ਨੂੰ ਬਿਜਲੀ ਸਪਲਾਈ ਦਿੱਤੀ ਹੈ ਜਾ ਰਹੀ ਹੈ।ਉਨ੍ਹਾਂ ਦਿੱਤੀ ਜਾ ਰਹੀ ਹੈ ਸਹੂਲਤਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਹਿਲਾਂ ਹੀ ਘਰਾਂ ਨੂੰ 600 ਯੂਨਿਟ ਬਿਜਲੀ ਮੁਆਫ ਕੀਤੀ ਗਈ ਹੈ, ਜਦੋਂਕਿ ਕਿਸਾਨਾਂ ਨੂੰ ਖੇਤਾਂ ਲਈ 24 ਘੰਟੇ ਬਿਜਲੀ ਸਪਲਾਈ ਮੁਹੱਈਆ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਿਜਲੀ ਬੋਰਡ ਨੂੰ 13 ਕਰੋੜ 88 ਲੱਖ ਰੁਪਏ ਹੋਰ ਮੁਹੱਈਆ ਕੀਤੇ ਜਾ ਰਹੇ ਹਨ, ਜਿਨ੍ਹਾਂ ਨਾਲ ਸਾਰੀਆਂ ਕਮੀਆਂ ਦੂਰ ਕਰਕੇ ਹੋਰ ਚੁਸਤ ਤੇ ਦਰੁਸਤ ਕੀਤਾ ਜਾਵੇਗਾ।ਇਸ ਮੌਕੇ ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ, ਟਰੱਕ ਯੂਨੀਅਨ ਦੇ ਪ੍ਰਧਾਨ ਰਣਜੀਤ ਸਿੰਘ ਵਿਰਕ, ਇੰਜਨੀਅਰ ਦੀਪਕ ਗੋਇਲ, ਇੰਜੀਨੀਅਰ ਸੋਨੂੰ ਸ਼ਰਮਾ ਐੱਸ ਡੀ ਓ, ਇੰਜਨੀਅਰ ਹਰਬੰਸ ਸਿੰਘ ਐੱਸ ਡੀ ਓ ਦਿਹਾਤੀ, ਇੰਜੀਨੀਅਰ ਭਗਵਾਨ ਸ਼ਰਮਾ ਐੱਸ ਡੀ ਓ ਸਿਟੀ, ਇੰਜੀਨੀਅਰ ਇੰਦਰਜੀਤ ਸਿੰਘ ਜੇ ਈ, ਇੰਜੀਨੀਅਰ ਜਗਦੇਵ ਸਿੰਘ ਜੇ ਈ, ਹਰਪਾਲ ਕੌਰ ਐੱਮ ਸੀ, ਤੇ ਗੁਰੀ ਘੱਗਾ, ਇੰਜੀਨੀਅਰ ਇੰਦਰਜੀਤ ਸਿੰਘ, ਹਰਪਾਲ ਲਾਡੀ, ਸ਼ਹਿਰੀ ਪ੍ਰਧਾਨ ਨੰਦ ਲਾਲ ਸ਼ਰਮਾ, ਨਗਰ ਪੰਚਾਇਤ ਘੱਗਾ ਦੇ ਪ੍ਰਧਾਨ ਮਿੱਠੂ ਸਿੰਘ, ਸੀਨੀਅਰ ਮੀਤ ਪ੍ਰਧਾਨ ਸ਼ਕਤੀ ਗੋਇਲ ਆਦਿ ਹਾਜ਼ਰ ਸਨ।

## ਸੁਰਜੀਤ ਸਿੰਘ ਰਣਸ਼ੀਂਹ ਖੁਰਦ ਬਲਾਕ ਪ੍ਰਧਾਨ ਬਣੇ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰਣਸੀਂਹ ਖੁਰਦ ਨੂੰ 'ਆਪ' ਵੱਲੋਂ ਬਲਾਕ ਪ੍ਰਧਾਨ ਬਣਾਇਆ ਗਿਆ ਹੈ। ਜ਼ਿਕਰਯੋਗ ਹੈ ਕਿ ਸੁਰਜੀਤ ਸਿੰਘ ਰਣਸੀਂਹ ਖੁਰਦ ਉਨ੍ਹਾਂ ਪੁਰਾਣੇ ਵੰਲਟੀਅਰਾਂ ਵਿੱਚੋਂ ਇੱਕ ਹੈ, ਜਿਸ ਨੇ ਆਮ ਆਦਮੀ ਪਾਰਟੀ ਨੂੰ ਖੜੀ ਕਰਨ 'ਚ ਅਹਿਮ ਭੂਮਿਕਾ ਨਿਭਾਈ ਸੀ। ਸੁਰਜੀਤ ਸਿੰਘ ਰਣਸੀਂਹ ਖੁਰਦ ਨੇ ਕਿਹਾ ਕਿ ਪਾਰਟੀ ਜ਼ਿੰਮੇਵਾਰੀ ਉਹ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਪਾਰਟੀ ਹਾਈਕਮਾਂਡ ਹਲਕਾ ਨਿਹਾਲ ਸਿੰਘ ਵਾਲਾ ਦੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਜ਼ਿਲ੍ਹਾ ਪ੍ਰਧਾਨ ਤੇ ਯੋਜਨਾ ਬੋਰਡ ਦੇ ਚੇਅਰਮੈਨ ਬਰਿੰਦਰ ਕੁਮਾਰ ਮਧੇਕੇ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਹਮੇਸ਼ਾ ਪਾਰਟੀ ਦੇ ਨਾਲ ਜੁੜੇ ਰਹੇ ਹਨ ਤੇ ਪਾਰਟੀ ਆਗੂਆਂ ਵੱਲੋਂ ਬਲਾਕ ਪ੍ਰਧਾਨ ਬਣਾਇਆ ਹੈ ਤੇ ਉਹ ਪਾਰਟੀ ਦੀ ਹਰ ਨੀਤੀ ਨੇ ਲੋਕਾਂ ਵਿੱਚ ਲਿਜਾਣ ਲਈ ਤਤਪਰ ਰਹਿਣਗੇ।

## ਕਪੂਰ ਚੰਦ ਬਾਂਸਲ ਬਣੇ ਸੂਬਾ ਵਪਾਰ ਮੰਡਲ ਦੇ ਸਕੱਤਰ



**ਸਮਾਣਾ (ਇਕਬਾਲ ਸਿੰਘ ਬੱਲ)**-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵੱਲੋਂ ਨਗਰ ਕੌਂਸਲ ਸਮਾਣਾ ਦੇ ਸਾਬਕਾ ਪ੍ਰਧਾਨ ਕਪੂਰ ਚੰਦ ਬਾਂਸਲ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਵੇਖਦੇ ਹੋਏ ਵਪਾਰ ਮੰਡਲ ਪੰਜਾਬ ਦਾ ਸਕੱਤਰ ਥਾਪਿਆ ਗਿਆ ਹੈ।ਕਪੂਰ ਚੰਦ ਬਾਂਸਲ ਨੇ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਤੇ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਤਨਦੇਹੀ ਨਾਲ ਨਿਭਾਉਣਗੇ। ਵਰਣਨਯੋਗ ਹੈ ਕਿ ਕਪੂਰ ਚੰਦ ਬਾਂਸਲ 10 ਸਾਲ ਗਲਾਤਾਰ ਨਗਰ ਕੌਂਸਲ ਸਮਾਣਾ ਦੇ ਪ੍ਰਧਾਨਗੀ ਅਹੁਦੇ 'ਤੇ ਸੇਵਾਵਾਂ ਨਿਭਾਅ ਚੁੱਕੇ ਹਨ।

## ਸੀ ਐੱਚ ਸੀ ਮਮਦੋਟ ਵਿਖੇ ਵਿਸ਼ਵ ਦ੍ਰਿਸ਼ਟੀ ਦਿਵਸ ਮਨਾਇਆ

### ਅੱਖਾਂ ਸਾਡੇ ਜੀਵਨ ਦਾ ਸਭ ਤੋਂ ਕੀਮਤੀ ਤੋਹਫ਼ਾ : ਡਾ. ਰੇਖਾ ਭੱਟੀ



**ਮਮਦੋਟ (ਜਸਬੀਰ ਸਿੰਘ ਕੰਬੋਜ, ਹਰਪਾਲ ਸਿੰਘ ਸੋਢੀ)**-ਮੁੱਖ ਮੰਤਰੀ ਸ੍ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਅਗਵਾਈ ਹੇਠ ਰਾਜ ਦੇ ਹਰ ਨਾਗਰਿਕ ਤੱਕ ਬਿਹਤਰ ਸਿਹਤ ਸਹੂਲਤਾਂ ਪਹੁਚਾਉਣ ਲਈ ਵਚਨਬੱਧ ਹੈ।ਇਸ ਤਹਿਤ ਸਿਵਲ ਸਰਜਨ ਫਿਰੋਜ਼ਪੁਰ ਡਾ. ਰਾਜਵਿੰਦਰ ਕੌਰ ਤੇ ਸੀਨੀਅਰ ਮੈਡੀਕਲ ਅਫ਼ਸਰ ਮਮਦੋਟ ਡਾ. ਰੇਖਾ ਭੱਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਮਿਊਨਿਟੀ ਹੈਲਥ ਸੈਂਟਰ ਮਮਦੋਟ ਵਿੱਚ ਵਿਸ਼ਵ ਦ੍ਰਿਸ਼ਟੀ ਦਿਵਸ ਮਨਾਇਆ ਗਿਆ।

ਇਸ ਮੌਕੇ ਸੀਨੀਅਰ ਮੈਡੀਕਲ ਆਫਸਰ ਡਾ. ਰੇਖਾ ਭੱਟੀ ਨੇ ਲੋਕਾਂ ਨੂੰ ਅੱਖਾਂ ਦੀ ਸਹੀ ਦੇਖਭਾਲ ਬਾਰੇ ਉਪਯੋਗੀ ਸਲਾਹਾਂ ਦਿੰਦਿਆਂ ਕਿਹਾ ਕਿ ਅੱਖਾਂ ਸਾਡੇ ਜੀਵਨ ਦਾ ਸਭ ਤੋਂ ਕੀਮਤੀ ਤੋਹਫ਼ਾ ਹਨ। ਇਸ ਵਾਸਤੇ ਹਰ ਵਿਅਕਤੀ ਨੂੰ ਚਾਹੀਦਾ ਹੈ ਕਿ ਉਹ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਆਪਣੀਅੰ ਅੱਖਾਂ ਦੀ ਜਾਂਚ ਜ਼ਰੂਰ ਕਰਵਾਏ।ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅੱਖਾਂ ਦੀ ਸਿਹਤ ਪ੍ਰਤੀ ਖ਼ਾਸ ਧਿਆਨ ਦਿੱਤਾ ਜਾ ਰਿਹਾ ਹੈ ਅਤੇ ਹਰ ਪੱਧਰ 'ਤੇ ਮੁਫ਼ਤ ਜਾਂਚ ਤੇ ਇਲਾਜ ਦੀ ਸੁਵਿਧਾ ਉਪਲਬਧ ਕਰਵਾਈ ਜਾ ਰਹੀ ਹੈ।ਇਸ ਮੌਕੇ ਬਲਾਕ ਐਕਸਟੈਂਸ਼ਨ ਐਜੂਕੇਟਰ ਅਮਨ ਕੰਬੋਜ ਨੇ ਤਿਉਹਾਰਾਂ ਦੇ ਸਮੇਂ ਖ਼ਾਸ ਤੌਰ 'ਤੇ ਦੀਵਾਲੀ ਦੌਰਾਨ ਅੱਖਾਂ ਦੀ ਸੁਰੱਖਿਆ ਲਈ ਜ਼ਰੂਰੀ ਸਾਵਧਾਨੀਆਂ ਜਿਵੇਂ ਕਿ ਪਟਾਕਿਆਂ ਨਾਲ ਸੁਰੱਖਿਅਤ ਦੂਰੀ ਰੱਖਣਾ, ਅੱਖਾਂ ਨੂੰ ਧੂੰਏ ਜਾਂ ਰੌਸ਼ਨੀ ਤੋਂ ਬਚਾਉਣਾ ਤੇ ਐਨਕ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ।ਇਸ ਮੌਕੇ ਡੈਂਟਲ ਸਰਜਨ ਡਾ. ਪਲਵੀ, ਆਸ਼ਾ ਫੈਸਿਲੀਟੇਟਰ ਸੁਨੀਤਾ, ਸਵਰਨਾ ਤੇ ਵੱਡੀ ਗਿਣਤੀ ਵਿੱਚ ਆਸ਼ਾ ਵਰਕਰਾਂ ਮੌਜੂਦ ਸਨ।

## ਜ਼ਿਲ੍ਹੇ 'ਚ 135 ਕਰੋੜ ਦੀ ਲਾਗਤ ਨਾਲ ਬਿਜਲੀ ਦਾ ਬੁਨਿਆਦੀ ਢਾਂਚਾ ਹੋਵੇਗਾ ਅਪਗ੍ਰੇਡ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਿਕਾਸ ਪੱਖੀ ਸੋਚ ਸਦਕਾ ਸੂਬੇ ਦੇ ਲੋਕਾਂ ਨੂੰ 24 ਘੰਟੇ ਬਿਨਾਂ ਕੱਟ ਬਿਜਲੀ ਸਪਲਾਈ ਦੇਣ ਦੇ ਮੰਤਵ ਨਾਲ 5000 ਕਰੋੜ ਰੁਪਏ ਦੇ ਨਿਵੇਸ਼ ਕਰਨ ਦਾ ਫੈਸਲਾ ਕੀਤਾ ਗਿਆ ਹੈ, ਜਿਸ ਨਾਲ ਬਿਜਲੀ ਦੇ ਬੁਨਿਆਦੀ ਢਾਂਚੇ ਦੀ ਉਸਾਰੀ, ਵਾਧੇ ਤੇ ਨਵੀਨੀਕਰਨ ਕੀਤਾ ਜਾਵੇਗਾ।ਇਹ ਪ੍ਰਗਟਾਵਾ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਬਸੀ ਪਠਾਣਾ ਦੇ ਵਿਧਾਇਕ ਰੁਪਿੰਦਰ ਸਿੰਘ ਹੈਪੀ ਦੇ ਨਾਲ 66 ਕੇ ਵੀ ਗਰਿੱਡ ਅੱਤੇਵਾਲੀ ਵਿਖੇ ਪ੍ਰੋਜੈਕਟ ਦਾ ਸ਼ੁੱਭ ਆਰੰਭ ਕਰਨ ਮੌਕੇ ਕੀਤਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿੱਚ 135 ਕਰੋੜ ਰੁਪਏ ਦੀ ਲਾਗਤ ਨਾਲ ਬਿਜਲੀ ਦੇ ਬੁਨਿਆਦੀ ਢਾਂਚੇ ਦੀ ਉਸਾਰੀ, ਵਾਧੇ ਤੇ ਨਵੀਨੀਕਰਨ ਨੂੰ ਯਕੀਨੀ ਬਣਾਇਆ ਜਾਵੇਗਾ।ਵਿਧਾਇਕ ਰਾਏ ਤੇ ਹੈਪੀ ਨੇ ਕਿਹਾ ਕਿ ਮੌਜੂਦਾ ਸੂਬਾ ਸਰਕਾਰ ਨੇ ਸੱਤਾ ਸੰਭਾਲਦੇ ਹੀ ਲੋਕਾਂ ਨੂੰ 300 ਯੂਨਿਟ ਮੁਫਤ ਬਿਜਲੀ ਦੇਣ ਦਾ ਫੈਸਲਾ ਕੀਤਾ ਸੀ, ਜਿਸ ਦਾ ਸੂਬੇ ਦੇ 90 ਫੀਸਦੀ ਘਰਾਂ ਨੂੰ ਲਾਭ ਪਹੁੰਚ ਰਿਹਾ ਹੈ।ਉਨ੍ਹਾਂ ਕਿਹਾ ਕਿ ਅੱਜ ਸ਼ੁਰੂ ਹੋਏ ਇਸ ਪ੍ਰੋਜੈਕਟ ਦੇ ਨਾਲ ਨਵੇਂ ਸਬ ਸਟੇਸ਼ਨਾਂ ਦੀ ਉਸਾਰੀ, ਪੁਰਾਣੇ ਸਬ ਸਟੇਸ਼ਨਾਂ ਦੀ ਅਪਗ੍ਰੇਡੇਸ਼ਨ, ਨਵੇਂ ਟਰਾਂਸਫਾਰਮਰ ਲਗਾਉਣ ਦੇ ਨਾਲ ਕਈ ਮਹੱਤਵਪੂਰਨ ਕੰਮ ਕੀਤੇ ਜਾਣਗੇ ਤਾਂ ਜੋ ਲੋਕਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮਿਲ ਸਕੇ।

ਇਸ ਮੌਕੇ ਪੀ.ਐੱਸ.ਪੀ.ਸੀ.ਐੱਲ. ਦੇ ਐੱਸ. ਈ. ਇੰਜ: ਸੁਖਜੀਤ ਸਿੰਘ ਨੇ ਦੱਸਿਆ ਕਿ ਇਸ ਪ੍ਰੋਜੈਕਟ ਦੇ ਸ਼ੁਰੂ ਹੋਣ ਨਾਲ ਲੋਕਾਂ ਨੂੰ ਕਾਫੀ ਰਾਹਤ ਮਿਲੇਗੀ ਤੇ ਜ਼ਿਲ੍ਹੇ ਵਿੱਚ ਸਥਿਤ ਉਦਯੋਗਾਂ, ਕਿਸਾਨਾਂ ਤੇ ਘਰੇਲੂ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮਿਲਣ ਦੇ ਨਾਲ-ਨਾਲ ਲਟਕਦੀਆਂ ਬਿਜਲੀ ਦੀਆਂ ਤਾਰਾਂ ਤੋਂ ਵੀ ਛੁਟਕਾਰਾ ਮਿਲੇਗਾ।ਇਸ ਮੌਕੇ ਵਧੀਕ ਨਿਗਰਾਨ ਇੰਜੀਨੀਅਰ ਸੁਰਿੰਦਰ ਸਿੰਘ ਬੈਂਸ ਤੇ ਸੀਨੀਅਰ ਐਕਸੀਅਨ ਅਮਲੋਹ ਗੁਰਪ੍ਰੀਤ ਸਿੰਘ, 'ਆਪ' ਦੇ ਮਹਿਲਾ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਗੀਨਾ ਰਾਣੀ, ਪਾਰਟੀ ਆਗੂ ਕੁਲਵਿੰਦਰ ਸਿੰਘ ਡੇਰਾ, ਰਾਜਦੀਪ ਸਿੰਘ ਰਾਜੂ, ਪ੍ਰਿਤਪਾਲ ਸਿੰਘ ਜੱਸੀ, ਪਵੇਲ ਹਾਂਡਾ ਸਮੇਤ ਹੋਰ ਪਤਵੰਤੇ ਮੌਜੂਦ ਸਨ।


## ਵਿਧਾਇਕ ਨੇ ਸੜਕ ਦੇ ਨਵੀਨੀਕਰਨ ਦਾ ਰੱਖਿਆ ਨੀਂਹ ਪੱਥਰ

**ਫ਼ਾਜ਼ਿਲਕਾ (ਨਿਸਾ ਸ਼ਰਮਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਤੇ ਚੇਅਰਮੈਨ ਪੰਜਾਬ ਮੰਡੀ ਬੋਰਡ ਹਰਚੰਦ ਸਿੰਘ ਬਰਸਟ ਦੀ ਅਗਵਾਈ ਹੇਠ ਜਲਾਲਾਬਾਦ ਹਲਕੇ ਵਿੱਚ ਸੜਕਾਂ ਦੀ ਰਿਪੇਅਰ/ਨਵੀਨੀਕਰਨ ਲਈ 31 ਕਰੋੜ 20 ਲੱਖ ਰੁਪਏ ਦਿੱਤੇ ਗਏ ਹਨ।ਇਹ ਪ੍ਰਗਟਾਵਾ ਜਲਾਲਾਬਾਦ ਦੇ ਵਿਧਾਇਕ ਸ੍ਰੀ. ਜਗਦੀਪ ਕੰਬੋਜ ਗੋਲਡੀ ਨੇ 74.45 ਲੱਖ ਦੀ ਲਾਗਤ ਨਾਲ 4.65 ਕਿਲੋਮੀਟਰ ਲੰਬੀ ਚੱਕ ਪੱਖੀ ਤੋਂ ਮੀਨੇਆਲੀ ਸੜਕ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਣ ਮੌਕੇ ਕੀਤਾ।ਉਨ੍ਹਾ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਧੰਨਵਾਦੀ ਹਨ, ਜਿਨ੍ਹਾਂ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਕਰਨ ਵਿੱਚ ਲੱਗੀ ਹੋਈ ਹੈ ਤੇ ਪਿੰਡਾਂ ਦੀਆਂ ਸੜਕਾਂ ਤੋਂ ਇਲਾਵਾ ਗਲੀਆਂ, ਨਾਲੀਆਂ ਤੇ ਛੱਪੜਾਂ ਨੂੰ ਵੀ ਪੱਕਾ ਕੀਤਾ ਜਾ ਰਿਹਾ ਹੈ ਤੇ ਪਿੰਡਾਂ ਨੂੰ ਵੀ ਸ਼ਹਿਰੀ ਦਿੱਖ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ ਹਲਕੇ ਦਾ ਕੋਈ ਵੀ ਪਿੰਡ ਵਿਕਾਸ ਪੱਖੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕੋਲ ਫੰਡਾਂ ਦੀ ਕੋਈ ਘਾਟ ਨਹੀਂ ਹੈ ਤੇ ਜਲਾਲਬਾਦ ਹਲਕੇ ਵਿੱਚ ਅੱਜ ਉਹ ਅਲੱਗ-ਅਲੱਗ ਪਿੰਡਾਂ ਵਿੱਚ 5 ਕਰੋੜ 13 ਲੱਖ 85 ਹਜ਼ਾਰ ਦੀ ਲਾਗਤ ਨਾਲ ਸੜਕਾਂ ਦੇ ਨਵੀਨੀਕਰਨ/ਰਿਪੇਅਰ ਦੇ ਨੀਂਹ ਪੱਥਰ ਰੱਖਣਗੇ।

## 13 ਕਰੋੜ ਦੀ ਲਾਗਤ ਨਾਲ ਬਿਜਲੀ ਸੁਧਾਰ ਦੇ ਹੋਣਗੇ ਕੰਮ : ਘੁੱਲੀ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਮੁੱਖ ਮੰਤਰੀ ਭਗਵੰਤ ਮਾਨ ਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਵੱਲੋਂ ਸ਼ਹਿਰ ਵਿੱਚ ਬਿਜਲੀ ਸਪਲਾਈ ਗੁਣਵੱਤਾ ਨੂੰ ਬਿਹਤਰ ਬਣਾਉਣ ਲਈ ਕੀਤੇ ਜਾ ਰਹੇ ਕੰਮਾਂ ਦੀ ਸਮੀਖਿਆ ਕਰਨ ਲਈ ਮੁੱਖ ਮੰਤਰੀ ਕੈਂਪਸ ਦਫ਼ਤਰ ਵਿਖੇ ਹੋਈ। ਮੀਟਿੰਗ ਵਿੱਚ ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਪਾਵਰਕਾਮ ਦੇ ਐਕਸੀਅਨ ਮਨੋਜ ਗਰਗ, ਉਪ ਮੰਡਲ ਅਫਸਰ ਸ਼ਹਿਰੀ ਗੁਰਦੀਪਇੰਦਰ ਸਿੰਘ, ਵਧੀਕ ਐੱਸ.ਡੀ.ਓ ਮਨਪ੍ਰੀਤ ਸਿੰਘ ਅਤੇ ਐੱਸ.ਡੀ.ਓ ਭਲਵਾਨ ਰੋਹਨ ਥਾਪਰ ਨੇ ਸ਼ਮੂਲੀਅਤ ਕੀਤੀ।ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਪਾਵਰਕਾਮ ਦੇ ਐਕਸੀਅਨ ਮਨੋਜ ਗਰਗ ਨੇ ਦੱਸਿਆ ਕਿ ਪੰਜਾਬ ਅੰਦਰ ਬਿਜਲੀ ਦੇ ਬੁਨਿਆਦੀ ਢਾਂਚੇ ਨੂੰ ਸਹੀ ਕਰਨ ਲਈ 4801 ਕਰੋੜ ਰੁਪਏ ਦੇ ਕੰਮ ਕਰਾਏ ਜਾ ਰਹੇ ਹਨ, ਜਿਸ ਵਿੱਚੋਂ ਸੰਗਰੂਰ ਸਰਕਲ ਵਿੱਚ 149 ਕਰੋੜ ਰੁਪਏ ਦੇ ਕੰਮ ਕਰਾਏ ਜਾ ਰਹੇ ਹਨ ਅਤੇ ਧੂਰੀ ਸ਼ਹਿਰ ਅਧੀਨ 13 ਕਰੋੜ ਰੁਪਏ ਦੀ ਲਾਗਤ ਦਾ ਨਾਲ 130 ਵੱਖ-ਵੱਖ ਬਿਜਲੀ ਸੁਧਾਰ ਦੇ ਕੰਮ ਕਰਾਏ ਜਾ ਰਹੇ ਹਨ।ਇਨ੍ਹਾਂ ਵਿੱਚ 4 ਨੰਬਰ ਨਵੇਂ ਫੀਡਰਾਂ ਨੂੰ ਡੀਲੋਡ ਕਰਨ ਲਈ ਨਵੇਂ 11 ਕੇਵੀ ਫੀਡਰ ਖਿੱਚਣ ਦੇ ਨਵੇਂ ਕੰਮ ਸ਼ਾਮਿਲ ਹਨ ,ਜਿਸ ਵਿੱਚੋਂ 22 ਨੰਬਰ ਨਵੇਂ ਟਰਾਂਫਾਰਮਰ ਲਾਏ ਜਾਣੇ ਹਨ ਤੇ 18 ਨੰਬਰ ਟ੍ਰਾਂਸਫਾਰਮਰ ਨੂੰ ਆਰਗੂਮੈਂਟ ਕੀਤਾ ਜਾਣਾ ਹੈ।ਉਨ੍ਹਾਂ ਅੱਗੇ ਦੱਸਿਆ ਕਿ .5 ਕਰੋੜ ਦੀ ਲਾਗਤ ਨਾਲ 1 ਨੰਬਰ ਨਵਾਂ ਸਬ ਸਟੇਸ਼ਨ ਲਾਇਆ ਜਾਵੇਗਾ, ਜਿਸ ਨਾਲ ਮੌਜੂਦਾ ਗਰੀਡਾਂ ਦੀ ਲੋਡ ਰਾਹਤ ਮਿਲੇਗੀ ਤੇ ਵੰਡ ਸਿਸਟਮ ਦੀ ਸਪਲਾਈ ਸਮਰੱਥਾ ਮਹੱਤਵਪੂਰਨ ਵਾਧਾ ਹੋਵੇਗਾ। ਉਨ੍ਹਾ ਅੱਗੇ ਦੱਸਿਆ ਕਿ ਧੂਰੀ ਸ਼ਹਿਰ ਵਿੱਚ 18 ਕਰੋੜ ਦੀ ਲਾਗਤ ਨਾਲ 145 ਕੰਮ ਕਰਾਏ ਗਏ, ਜਿਸ ਵਿੱਚ 1 ਨੰਬਰ ਨਵਾਂ ਗ੍ਰਿਡ ਲਾਇਆ ਗਿਆ ਅਤੇ 2 ਗਰਿੱਡਾਂ ਉੱਤੇ ਲੱਗੇ ਪਾਵਰ ਟਰਾਂਸਫਾਰਮਰ ਵੱਡੇ ਕੀਤੇ ਗਏ ਅਤੇ 2 ਨੰਬਰ ਨਵੇਂ ਫੀਡਰ ਖਿੱਚੇ ਗਏ ਤੇ ਹੋਰ ਸੁਧਾਰ ਦੇ ਕੰਮ ਕਰਾਏ ਗਏ ।

## ਤਰਨ ਤਾਰਨ ਜ਼ਿਮਨੀ ਚੋਣ 'ਚ ਸੰਦੀਪ ਸਿੰਘ ਦੀ ਮਦਦ ਕਰੇਗਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ : ਇਮਾਨ ਸਿੰਘ ਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਮੋਗਾ ਵਿਖੇ ਗੁਰੂ ਨਾਨਕ ਡੇਅਰੀ ਵਿਖੇ ਮੋਗਾ ਜ਼ਿਲ੍ਹਾ ਦੇ ਪ੍ਰਧਾਨ ਬਲਰਾਜ ਸਿੰਘ ਖਾਲਸਾ ਦੀ ਪ੍ਰਧਾਨਗੀ ਹੇਠ ਹੋਈ। ਜਿਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਮਾਨ ਸਿੰਘ ਮਾਨ ਨੇ ਕਿਹਾ ਕਿ ਤਰਨ ਤਾਰਨ ਵਿਧਾਨ ਸਭਾ ਦੀ ਜ਼ਿਮਨੀ ਚੋਣ ਲਈ ਜੇਲ੍ਹ ਵਿੱਚ ਬੰਦ ਸੰਦੀਪ ਸਿੰਘ ਸੰਨੀ ਜੋ ਕਿ ਆਜ਼ਾਦ ਉਮੀਦਵਾਰ ਵਜੋਂ ਚੋਣ ਲੜ ਰਹੇ ਹਨ।ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਉਸ ਦੀ ਡੱਟ ਕੇ ਮਦਦ ਕਰੇਗਾ ਤੇ ਹੋਰਨਾਂ ਪਾਰਟੀਆਂ ਨੂੰ ਵੀ ਮਦਦ ਲਈ ਅਪੀਲ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ 30 ਸਾਲ ਜੇਲ੍ਹ ਵਿਚ ਰੱਖ ਕੇ ਭਾਈ ਬਲਵੰਤ ਸਿੰਘ ਰਾਜੋਵਾਲ ਨੂੰ ਹੁਣ ਫਾਂਸੀ ਦੇਣ ਦੀ ਗੱਲ ਜੋ ਸੁਪਰੀਮ ਕੋਰਟ ਕਰ ਰਹੀ ਹੈ। ਉਹ ਮਨੁੱਖੀ ਅਧਿਕਾਰਾਂ ਦੀ ਵੱਡੀ ਉਲੰਘਣਾ ਹੈ, ਕਿਉਂਕਿ ਭਾਈ ਰਾਜੋਵਾਲ ਪਹਿਲਾਂ ਹੀ ਆਪਣੀ ਸਜ਼ਾ ਪੂਰੀ ਕਰ ਚੁੱਕੇ ਹਨ।ਇਸ ਲਈ ਉਨ੍ਹਾਂ ਦੀ ਫਾਂਸੀ ਨੂੰ ਰੁਕਵਾਉਣ ਲਈ 13 ਅਕਤੂਬਰ ਨੂੰ ਪੰਜਾਬ ਭਰ 'ਚ ਸੁਪਰੀਮ ਕੋਰਟ ਤੇ ਕੇਂਦਰ ਸਰਕਾਰ ਦੇ ਨਾਂਅ ਮੰਗ ਪੱਤਰ ਦਿੱਤੇ ਜਾਣਗੇ।ਉਨ੍ਹਾਂ ਕਿਹਾ ਕਿ ਦਿੱਲੀ ਦੇ ਚਾਂਦਨੀ ਚੌਕ ਵਿੱਚ ਉਸ ਸਮੇਂ ਦੇ ਮੁਗਲ ਰਾਜ ਨੂੰ ਵੰਗਾਰ ਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਵੱਲੋਂ ਹਿੰਦ ਦੀ ਚਾਦਰ ਬਣ ਕੇ ਆਪਣਾ ਬਲੀਦਾਨ ਦਿੱਤਾ ਸੀ, ਅੱਜ ਉਹੀ ਹਿੰਦ ਹਕੂਮਤ ਸਿੱਖਾਂ ਦੀ ਨਸਲ ਨਸਲਕੁਸ਼ੀ ਕਰਨ 'ਤੇ ਉਤਾਰੂ ਹੈ, ਜੋ ਅਤਿਅੰਤ ਮੰਦਭਾਗਾ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਮੋਗਾ ਦੇ ਨਗਰ ਦੀਨਾ ਸਾਹਿਬ ਜਿੱਥੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਔਰੰਗਜ਼ੇਬ ਨੂੰ ਇਕ ਫਤਿਹ ਪੱਤਰ ਜ਼ਫਰਨਾਮਾ ਦੇ ਰੂਪ ਵਿੱਚ ਲਿਖਿਆ ਸੀ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਇਸ ਨੂੰ ਨਵੰਬਰ ਮਹੀਨੇ ਵਿੱਚ ਮਨਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਤੇਜਿੰਦਰ ਸਿੰਘ ਦਿਉਲ, ਜਤਿੰਦਰ ਸਿੰਘ ਥਿੰਦ, ਜਸਵੀਰ ਸਿੰਘ ਬਚੜੇ, ਹਰਪਾਲ ਸਿੰਘ ਦਲੇਰ, ਹਰਭਜਨ ਸਿੰਘ ਕਸ਼ਮੀਰੀ, ਅੰਮ੍ਰਿਤਪਾਲ ਸਿੰਘ ਸੰਦਲਾ, ਗੁਰਜੰਟ ਸਿੰਘ ਕੱਟੂ, ਬਲਦੇਵ ਸਿੰਘ ਗਗੜਾ ਆਦਿ ਹਾਜ਼ਰ ਸਨ।

## ਵਿਜ਼ਡਮ ਇੰਟਰਨੈਸ਼ਨਲ ਸਕੂਲ ਲੀਲਾਂ ਮੇਘ ਸਿੰਘ ਵਿਖੇ ਕਰਾਏ ਸੁਖਮਨੀ ਸਾਹਿਬ ਦੇ ਪਾਠ



**ਜਗਰਾਉਂ (ਅਮਿਤ ਖੰਨਾ)**-ਵਿਜਡਮ ਇੰਟਰਨੈਸ਼ਨਲ ਸਕੂਲ ਦੀ ਹੋਣਹਾਰ ਵਿਦਿਆਰਥਣ ਅਵਸਿਮਰਨ ਕੌਰ ਪੁੱਤਰੀ ਸ਼੍ਰੀਮਤੀ ਕੁਲਵੀਰ ਕੌਰ, ਜੋ ਬਹੁਤ ਆਗਿਆਕਾਰੀ ਤੇ ਹਰ ਖੇਤਰ ਵਿੱਚ ਅੱਵਲ ਆਉਣ ਵਾਲੀ ਵਿਦਿਆਰਥਣ ਸੀ, ਤੇ ਇਸ ਨੇ ਆਪਣੀ ਛੋਟੇ ਜਿਹੇ ਜੀਵਨ ਕਾਲ ਵਿੱਚ ਨਾ ਕੇਵਲ ਆਪਣੀ ਮਾਪਿਆਂ ਬਲਕਿ ਸਕੂਲ ਅਤੇ ਅਧਿਆਪਕਾਂ ਦਾ ਵੀ ਖੂਬ ਨਾਂਅ ਰੌਸ਼ਨ ਕੀਤਾ, ਅਚਾਨਕ ਸਾਨੂੰ ਸਦੀਵੀ ਵਿਛੋੜਾ ਦੇ ਕੇ ਵਾਹਿਗੁਰੂ ਦੇ ਚਰਨਾਂ ਵਿੱਚ ਜਾ ਬਿਰਾਜੀ ਹੈ।ਇਸ ਵਿਛੜੀ ਹੋਈ ਰੂਹ ਦੀ ਆਤਮਾ ਦੀ ਸ਼ਾਂਤੀ ਲਈ ਵਿਜਡਮ ਇੰਟਰਨੈਸ਼ਨਲ ਸਕੂਲ ਲੀਲਾ ਵਿੱਚ ਸਕੂਲ ਦੀ ਮੈਨੇਜਮੈਂਟ, ਪ੍ਰਿੰਸੀਪਲ ਮੈਡਮ ਅਨੀਤਾ ਕਾਲੜਾ ਅਤੇ ਚੇਅਰਮੈਨ ਸ੍ਰੀ ਸਤੀਸ਼ ਕਾਲੜਾ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਤੇ ਅਰਦਾਸ ਕਰਾਈ ਗਈ, ਜਿਸ ਵਿੱਚ ਸਕੂਲ ਦੇ ਸਾਰੇ ਬੱਚਿਆਂ ਤੇ ਅਧਿਆਪਕਾਂ ਨੇ ਮਿਲ ਕੇ ਸਤਿਨਾਮ ਵਾਹਿਗੁਰੂ ਜੀ ਦੇ ਜਾਪ ਕੀਤੇ ਤੇ ਬਾਅਦ ਵਿੱਚ ਸੁਖਮਨੀ ਸਾਹਿਬ ਜੀ ਦਾ ਪਾਠ ਕੀਤਾ ਗਿਆ। ਪਾਠ ਕਰਨ ਉਪਰੰਤ ਬੱਚਿਆਂ ਵੱਲੋਂ ਕੀਰਤਨ ਵੀ ਕੀਤਾ ਗਿਆ। ਸਾਰਿਆਂ ਦੇ ਚਿਹਰੇ ਬਹੁਤ ਨਮ ਸਨ।ਪ੍ਰਿੰਸੀਪਲ ਮੈਡਮ ਅਨੀਤਾ ਕਾਲੜਾ ਸ਼ਰਧਾਂਜਲੀ ਦੇਣ ਸਮੇਂ ਬਹੁਤ ਹੀ ਭਾਵੁਕ ਹੋ ਗਏ ਅਤੇ ਸ੍ਰੀ ਸਤੀਸ਼ ਕਾਲੜਾ ਨੇ ਬੱਚੀ ਨੂੰ ਸ਼ਰਧਾਂਜਲੀ ਦਿੱਤੀ ਤੇ ਭਾਵੁਕ ਹੁੰਦਿਆਂ ਉਹਨਾਂ ਨੇ ਕਿਹਾ ਕਿ ਕਿਸੇ ਵੀ ਮਾਂ ਬਾਪ ਉੱਪਰ ਇਹੋ ਜਿਹਾ ਟਾਈਮ ਨਾ ਆਵੇ ਕਿ ਬੱਚੇ ਨੂੰ ਆਪਣੇ ਹੱਥੀ ਤੋਰਨਾ ਪਵੇ।ਇਸ ਮੌਕੇ ਸਾਰੇ ਸਕੂਲ ਦੀ ਮੈਨੇਜਮੈਂਟ ਤੇ ਅਧਿਆਪਕਾਂ ਦੀਆਂ ਅੱਖਾਂ ਨਮ ਸਨ।

## ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਦਾ ਵਫ਼ਦ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਨੂੰ ਮਿਲਿਆ



**ਮਾਨਸਾ (ਆਤਮਾ ਸਿੰਘ ਪਮਾਰ)**-ਅਧਿਆਪਕ ਮੰਗਾਂ ਮਸਲਿਆਂ ਨੂੰ ਲੈ ਕੇ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਦਾ ਇੱਕ ਵਫਦ ਜ਼ਿਲ੍ਹਾ ਪ੍ਰਧਾਨ ਕਰਮਜੀਤ ਤਾਮਕੋਟ ਤੇ ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਬੈਹਣੀਵਾਲ ਦੀ ਅਗਵਾਈ 'ਚ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ (ਪ੍ਰਾਇਮਰੀ ਤੇ ਸੈਕੰਡਰੀ) ਨੂੰ ਮਿਲਿਆ। ਕਰਮਜੀਤ ਤਾਮਕੋਟ ਨੇ ਦੱਸਿਆ ਕਿ ਅਧਿਆਪਕਾਂ ਨੇ ਆਪਣੇ ਕੋਲੋਂ ਪੈਸੇ ਖਰਚ ਕੇ ਸਕੂਲਾਂ ਵਿੱਚ ਵੱਖ-ਵੱਖ ਉਸਾਰੀ ਦੇ ਕੰਮ ਕਰਵਾਏ, ਜਿਸ ਨੂੰ ਲਗਭਗ ਇੱਕ ਸਾਲ ਹੋ ਚੁੱਕਿਆ ਹੈ, ਪ੍ਰੰਤੂ ਅਜੇ ਤੱਕ ਸਰਕਾਰ ਵੱਲੋਂ ਗ੍ਰਾਂਟਾਂ ਜਾਰੀ ਨਹੀਂ ਕੀਤੀਆਂ ਗਈਆਂ। ਉਨ੍ਹਾਂ ਅੱਗੇ ਦੱਸਿਆ ਕਿ ਸਿੱਖਿਆ ਕ੍ਰਾਂਤੀ ਦੇ ਉਦਘਾਟਨਾ ਲਈ ਬਣਵਾਏ ਨੀਂਹ ਪੱਥਰਾਂ ਦੇ ਪੈਸੇ ਵੀ ਅਜੇ ਤੱਕ ਅਧਿਆਪਕਾਂ ਨੂੰ ਨਹੀਂ ਮਿਲੇ।ਉਨ੍ਹਾਂ ਵਿਭਾਗ ਤੋਂ ਮੰਗ ਕੀਤੀ ਕਿ ਕੱਚੇ ਅਧਿਆਪਕਾਂ ਦੇ ਇਨਕਰੀਮੈਂਟ ਦਾ ਬਕਾਇਆ ਤੁਰੰਤ ਜਾਰੀ ਹੋਵੇ, ਸਫ਼ਾਈ ਸੇਵਕਾਂ ਦੀ ਪੈਂਡਿੰਗ ਤਨਖਾਹ ਦਿੱਤੀ ਜਾਵੇ, ਸਾਰੇ ਸਕੂਲਾਂ ਨੂੰ ਵਾਈ-ਫਾਈ ਦੀ ਸਹੂਲਤ ਦਿੱਤੀ ਜਾਵੇ, ਮਾਸਟਰ ਕਾਡਰ ਦੇ ਅਧਿਆਪਕਾਂ ਦੀਆਂ ਡਿਊਟੀਆਂ ਜ਼ਿਲਾ ਸਿੱਖਿਆ ਦਫਤਰ ਦੇ ਕਰਮਚਾਰੀ ਲਾਉਣ, ਸਰਵਿਸ ਬੁੱਕਾਂ ਸਮੇਂ ਸਿਰ ਪੂਰੀਆਂ ਕੀਤੀਆਂ ਜਾਣ, ਕੁੱਝ ਅਧਿਆਪਕਾਂ ਦਾ ਪੈਂਡਿੰਗ ਪਿਆ ਉੱਚ ਜ਼ਿੰਮੇਵਾਰੀ ਦਾ ਇਨਕਰੀਮੈਂਟ ਤੁਰੰਤ ਦਿੱਤਾ ਜਾਵੇ, ਈ ਪੰਜਾਬ ਤੇ ਸਕੂਲਾਂ ਦੀਆਂ ਪੋਸਟਾਂ ਸਹੀ ਤਰੀਕੇ ਨਾਲ ਦਿਖਾਈਆਂ ਜਾਣ ਆਦਿ ਮਸਲਿਆਂ ਤੇ ਦੋਵੇਂ ਜ਼ਿਲ੍ਹਾ ਸਿੱਖਿਆ ਅਫਸਰਾਂ ਨੇ ਛੇਤੀ ਇਨ੍ਹਾਂ ਮਸਲਿਆਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ।

## ਸਨਮਤੀ ਵਿਮਲ ਜੈਨ ਸਕੂਲ 'ਚ ਰਾਜਵੀਰ ਜਵੰਧਾ ਨੂੰ ਬੱਚਿਆਂ ਵੱਲੋਂ ਸ਼ਰਧਾਂਜਲੀ




**ਜਗਰਾਉਂ (ਅਮਿਤ ਖੰਨਾ)**-ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਵਿਖੇ ਸਵੇਰ ਦੀ ਸਭਾ ਵੇਲੇ ਵਿਦਿਆਰਥੀਆਂ ਅਤੇ ਸਟਾਫ ਵੱਲੋਂ ਨਮ ਅੱਖਾਂ ਨਾਲ ਰਾਜਵੀਰ ਜਵੰਦਾ ਨੂੰ ਸ਼ਰਧਾਂਜਲੀ ਦਿੱਤੀ ਗਈ।ਸਕੂਲ ਦੇ ਪ੍ਰਧਾਨ ਰਮੇਸ਼ ਜੈਨ, ਸੈਕਟਰੀ ਮਹਾਵੀਰ ਜੈਨ ਤੇ ਪ੍ਰਿੰਸੀਪਲ ਸੁਪ੍ਰਿਆ ਖੁਰਾਣਾ ਨੇ ਦੱਸਿਆ ਕਿ ਰਾਜਵੀਰ ਸਿੰਘ ਜਵੰਧਾ ਪੁੱਤਰ ਸ਼੍ਰੀ ਕਰਮ ਸਿੰਘ ਵਾਸੀ ਪੋਨਾ, ਜਿਸ ਨੇ ਨੌਵੀਂ ਕਲਾਸ ਵਿੱਚ ਸਕੂਲ 'ਚ ਦਾਖਲਾ ਲਿਆ ਸੀ ਅਤੇ ਆਪਣੀ ਪੜ੍ਹਾਈ ਇਸ ਸਕੂਲ ਵਿੱਚੋਂ ਪੂਰੀ ਕੀਤੀ। ਜਦੋਂ ਪਤਾ ਲੱਗਾ ਕਿ ਰਾਜਵੀਰ ਜਵੰਦਾ ਸਾਡੇ ਵਿਚਕਾਰ ਨਹੀਂ ਰਹੇ ਤਾਂ ਸਕੂਲ 'ਚ ਸੋਗ ਦੀ ਲਹਿਰ ਦੌੜ ਪਈ। ਜਵੰਦਾ ਨੇ ਛੋਟੀ ਜਿਹੀ ਉਮਰ ਵਿੱਚ ਵੱਡੀਆਂ ਉਪਲਬਧੀਆਂ ਹਾਸਲ ਕੀਤੀਆਂ ਅਤੇ ਇੱਕ ਮਸ਼ਹੂਰ ਸਿੰਗਰ ਵਜੋਂ ਜਾਣੇ ਜਾਣਨ ਲੱਗੇ।ਇਸ ਮੌਕੇ ਸਰਿਤਾ ਅਗਰਵਾਲ, ਅੰਜੂ ਕੌਸ਼ਲ, ਮਹਿਕ ਜਗੋਤਾ, ਪ੍ਰਭਜੋਤ ਕੌਰ, ਰਿਸ਼ੂ ਬੰਸਲ, ਵੀਰਪਾਲ ਕੌਰ, ਆਂਚਲ ਰਾਣੀ, ਜਸਵੀਰ ਕੌਰ, ਸੁਖਦੀਪ ਕੌਰ, ਸਨੀ ਪਾਸੀ, ਸਰਬਜੀਤ ਸਿੰਘ ਤੇ ਬੇਅੰਤ ਸਿੰਘ ਆਦਿ ਹਾਜ਼ਰ ਸਨ।

## ਨੰਬਰਦਾਰਾ ਐਸੋਸ਼ੀਏਸ਼ਨ (ਗਾਲਿਬ) ਦੀ ਮੀਟਿੰਗ ਹੋਈ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਨੰਬਰਦਾਰਾ ਐਸੋਸੀਏਸ਼ਨ ਗਾਲਿਬ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਗਜੀਤ ਸਿੰਘ ਡੰਡੋਆ, ਤਹਿਸੀਲ ਪ੍ਰਧਾਨ ਜਗਤਾਰ ਸਿੰਘ ਬਾਰਨ ਦੀ ਅਗਵਾਈ ਹੇਠ ਗੁਰੂਦੁਆਰਾ ਸ੍ਰੀ ਦੁਖਨਿਵਾਰਨ ਸਾਹਿਬ ਮਾਤਾ ਨਾਨਕੀ ਨਿਵਾਸ ਵਿਖੇ ਹੋਈ। ਮੀਟਿੰਗ ਵਿੱਚ ਮਤਾ ਪਾਸ ਕੀਤਾ ਗਿਆ, ਜਿਸ ਵਿੱਚ ਨੰਬਰਦਾਰੀ ਜੱਦੀ ਪੁਸ਼ਤੀ ਕਰਨਾ, ਮਾਣਭੱਤਾ ਪੰਜ ਹਜ਼ਾਰ ਰੁਪਏ ਕਰਨਾ, ਬੱਸ ਕਿਰਾਇਆ ਅਤੇ ਟੋਲ ਟੈਕਸ ਮੁਆਫ਼ ਕਰਨਾ, ਬਾਕੀ ਰਹਿੰਦੀਆਂ ਤਹਿਸੀਲਾਂ ਵਿੱਚ ਬੈਠਣ ਲਈ ਕਮਰੇ ਅਲਾਟ ਕਰਨਾ ਮੁੱਖ ਸੀ। ਇਸ ਮੌਕੇ ਨੰਬਰਦਾਰ ਐਸੋਸੀਏਸ਼ਨ ਗ਼ਾਲਿਬ ਨੇ ਪੰਜਾਬ ਸਰਕਾਰ ਤੋਂ ਨੰਬਰਦਾਰਾਂ ਦੀਆਂ ਮੰਗਾਂ ਨੂੰ ਜਲਦੀ ਪੂਰੀਆ ਕਰਨ ਬਾਰੇ ਕਿਹਾ। ਪੰਜਾਬੀ ਗਾਇਕ ਰਾਜਵੀਰ ਜਵੰਦਾ ਅਤੇ ਸਾਡੇ ਸਾਥੀ ਨੰਬਰਦਾਰ ਮਹਿੰਦਰ ਸਿੰਘ ਤੂਰ ਜ਼ਿਲ੍ਹਾ ਪ੍ਰਧਾਨ ਸੰਗਰੂਰ ਦੇ ਅਚਾਨਕ ਅਕਾਲ ਚਲਾਣਾ ਕਰ ਜਾਣ 'ਤੇ ਅਫ਼ਸੋਸ ਪ੍ਰਗਟ ਕੀਤਾ। ਇਸ ਮੌਕੇ ਨੰਬਰਦਾਰ ਗੁਰਪ੍ਰੀਤ ਸਿੰਘ ਡਕਾਲਾ, ਬਲਦੇਵ ਸਿੰਘ ਸੁਰਾਜਪੁਰ, ਜਸਵਿੰਦਰ ਸਿੰਘ ਅਜਨੌਦ ਕਲਾਂ, ਬਲਵਿੰਦਰ ਸਿੰਘ ਡਕਾਲਾ, ਹਰਦੀਪ ਸਿੰਘ ਬਾਰਨ, ਬਲਕਾਰ ਸਿੰਘ ਡੰਡੋਆ, ਗੁਰਜੀਤ ਸਿੰਘ ਭੱਠਲਾ, ਚਮਕੌਰ ਸਿੰਘ ਸੇਖੂਪੁਰ, ਦਲਵੀਰ ਸਿੰਘ ਕਰਹਾਲੀ, ਅਮਰੀਕ ਸਿੰਘ ਕਰਹਾਲੀ, ਗੁਰਮੇਲ ਸਿੰਘ ਮਜਾਲੀਆ, ਫਤਿਹ ਸਿੰਘ ਲਚਕਾਣੀ, ਰਾਮ ਸਿੰਘ ਹਸਨਪੁਰ, ਲਛਮਣ ਸਿੰਘ ਬਦਨਪੁਰ, ਮਲਕੀਤ ਸਿੰਘ ਜੱਸੋਵਾਲ, ਸੁਖਵਿੰਦਰ ਸਿੰਘ ਰੌੜਗੜ੍ਹ ਆਦਿ ਹਾਜ਼ਰ ਹੋਏ।

## ਅਕਾਲ ਅਕੈਡਮੀ ਨੇ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ



**ਚੀਮਾ ਮੰਡੀ (ਰਵਿੰਦਰ ਚੀਮਾ)**-ਧੰਨ ਧੰਨ ਸ਼੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਕਲਗੀਧਰ ਟਰਸਟ ਬੜੂ ਸਾਹਿਬ ਅਧੀਨ ਚੱਲ ਰਹੀ ਅਕਾਲ ਅਕੈਡਮੀ ਚੀਮਾਂ ਸਾਹਿਬ (ਇੰਗਲਿਸ਼ ਮਾਧਿਅਮ) ਵੱਲੋਂ ਬੜੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ।ਇਸ ਪਵਿੱਤਰ ਮੌਕੇ 'ਤੇ ਵਿਦਿਆਰਥੀਆਂ ਵੱਲੋਂ ਨਿਤਨੇਮ, ਧਾਰਮਿਕ ਭਾਸ਼ਣ ਤੇ ਗੁਰਬਾਣੀ ਕੀਰਤਨ ਕੀਤਾ ਗਿਆ।ਸਮਾਗਮ ਦੌਰਾਨ ਵਿਦਿਆਰਥੀਆਂ ਨੇ ਗੁਰੂ ਸਾਹਿਬ ਦੇ ਜੀਵਨ ਤੇ ਉਪਦੇਸ਼ਾਂ ਉੱਤੇ ਭਾਸ਼ਣ, ਕਵਿਤਾਵਾਂ ਅਤੇ ਗੁਰਬਾਣੀ ਰਾਹੀਂ ਆਪਣੇ ਵਿਚਾਰ ਪ੍ਰਗਟ ਕੀਤੇ। ਵਿਦਿਆਰਥੀਆਂ ਨੂੰ ਗੁਰੂ ਜੀ ਦੀਆਂ ਸਿੱਖਿਆਵਾਂ ਨਿਮਰਤਾ, ਸੇਵਾ ਤੇ ਭਗਤੀ ਨੂੰ ਜੀਵਨ ਵਿੱਚ ਅਪਣਾਉਣ ਦੀ ਪ੍ਰੇਰਣਾ ਦਿੱਤੀ ਗਈ। ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਟੁੱਟ ਵਿਸ਼ਵਾਸ ਰੱਖਣ ਅਤੇ ਧਾਰਮਿਕ ਤੇ ਆਧਿਆਤਮਿਕ ਜੀਵਨ ਜਿਊਣ ਲਈ ਉਤਸ਼ਾਹਤ ਕੀਤਾ।ਅਕਾਲ ਅਕੈਡਮੀ ਚੀਮਾ ਸਾਹਿਬ ਦੇ ਪ੍ਰਿੰਸੀਪਲ ਨੀਨਾ ਸ਼ਰਮਾ ਨੇ ਆਪਣੇ ਸੰਬੋਧਨ ਦੌਰਾਨ ਸਭ ਨੂੰ ਗੁਰੂ ਜੀ ਦੇ ਉਪਦੇਸ਼ਾਂ 'ਤੇ ਅਮਲ ਕਰਨ ਦੀ ਅਪੀਲ ਕੀਤੀ ਅਤੇ ਵਿਦਿਆਰਥੀਆਂ ਨੂੰ ਉੱਚ ਆਦਰਸ਼ਾਂ ਵਾਲੀ ਜ਼ਿੰਦਗੀ ਬਤੀਤ ਕਰਨ ਲਈ ਪ੍ਰੇਰਿਤ ਕੀਤਾ। ਅੰਤ ਤੇ ਅਰਦਾਸ ਕਰਨ ਉਪਰੰਤ ਇਸ ਸਮਾਗਮ ਦੀ ਸਮਾਪਤੀ ਕੀਤੀ ਗਈ।

## ਗੌਰਵ ਕੱਕੜ ਨੇ ਰਾਜਨਾਥ ਸਿੰਘ ਨਾਲ ਮੁਲਾਕਾਤ ਕੀਤੀ



**ਫ਼ਰੀਦਕੋਟ (ਅਲੈਗਜ਼ੈਂਡਰ ਡਿਸੂਜਾ)**-ਜ਼ਿਲ੍ਹਾ ਪ੍ਰਧਾਨ ਗੌਰਵ ਕੱਕੜ ਨੇ ਹਾਲ ਹੀ ਵਿੱਚ ਰੱਖਿਆ ਮੰਤਰੀ ਸ਼੍ਰੀ ਰਾਜਨਾਥ ਸਿੰਘ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ।ਇਹ ਮੀਟਿੰਗ ਨਵੀਂ ਦਿੱਲੀ ਵਿੱਚ ਹੋਈ, ਜਿੱਥੇ ਗੌਰਵ ਕੱਕੜ ਨੇ ਰੱਖਿਆ ਮੰਤਰੀ ਨਾਲ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਤੇ ਸੰਗਠਨਾਤਮਕ ਮਾਮਲਿਆਂ 'ਤੇ ਚਰਚਾ ਕੀਤੀ।ਮੀਟਿੰਗ ਦੌਰਾਨ ਉਨ੍ਹਾਂ ਨੇ ਰੱਖਿਆ ਮੰਤਰੀ ਦਾ ਧਿਆਨ ਜ਼ਿਲ੍ਹੇ ਨਾਲ ਸਬੰਧਤ ਕੁਝ ਮਹੱਤਵਪੂਰਨ ਮੁੱਦਿਆਂ ਤੇ ਪ੍ਰੋਜੈਕਟਾਂ ਵੱਲ ਵੀ ਖਿੱਚਿਆ।ਗੌਰਵ ਕੱਕੜ ਨੇ ਕਿਹਾ ਕਿ ਇਹ ਇੱਕ ਲਾਭਕਾਰੀ ਮੀਟਿੰਗ ਸੀ ਅਤੇ ਉਨ੍ਹਾਂ ਨੂੰ ਰੱਖਿਆ ਮੰਤਰੀ ਤੋਂ ਮਾਰਗਦਰਸ਼ਨ ਮਿਲਿਆ।ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਇਹ ਚਰਚਾਵਾਂ ਜ਼ਿਲ੍ਹੇ ਦੇ ਵਿਕਾਸ ਨੂੰ ਨਵੀਂ ਗਤੀ ਪ੍ਰਦਾਨ ਕਰਨਗੀਆਂ।

## ਸੰਯੁਕਤ ਕਿਸਾਨ ਮੋਰਚੇ ਨਾਲ ਸੰਬੰਧਤ ਜਥੇਬੰਦੀਆਂ ਨੇ ਡੀ ਸੀ ਦਫਤਰ ਅੱਗੇ ਲਾਇਆ ਧਰਨਾ

ਛੇਹਰਟਾ, ਚੇਤਨਪੁਰਾ (ਮਨੋਜ ਕੁਮਾਰ, ਸੁਖਵੰਤ ਚੇਤਨਪੁਰੀ)-ਸੰਯੁਕਤ ਕਿਸਾਨ ਮੋਰਚੇ ਦੇ ਸੂਬਾਈ ਸੱਦੇ 'ਤੇ ਸਥਾਨਕ ਡਿਪਟੀ ਕਮਿਸ਼ਨਰ ਦਫਤਰ ਸਾਹਮਣੇ ਪੰਜਾਬ ਅੰਦਰ ਆਏ ਹੜ੍ਹਾਂ ਦੀ ਜੁਡੀਸ਼ੀਅਲ ਜਾਂਚ ਅਤੇ ਹੜ੍ਹ ਪੀੜਤਾਂ ਨੂੰ ਢੁੱਕਵੀਂ ਸਹਾਇਤਾ ਦੇਣ ਆਦਿ ਮੰਗਾਂ ਦੀ ਪ੍ਰਾਪਤੀ ਲਈ ਹਜ਼ਾਰਾਂ ਕਿਸਾਨਾਂ ਨੇ ਰੋਸ ਪ੍ਰਦਰਸ਼ਨ ਕੀਤਾ।ਪ੍ਰਦਰਸ਼ਨਕਾਰੀ ਕੇਂਦਰ ਅਤੇ ਪੰਜਾਬ ਸਰਕਾਰ ਖ਼ਿਲਾਫ਼ ਅਕਾਸ਼ ਗੁੰਜਾਊ ਨਾਅਰੇ ਲਗਾ ਰਹੇ ਸਨ।ਇਸ ਮੌਕੇ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਡਾਕਟਰ ਸਤਨਾਮ ਸਿੰਘ ਅਜਨਾਲਾ, ਮੀਤ ਪ੍ਰਧਾਨ ਰਤਨ ਸਿੰਘ ਰੰਧਾਵਾ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਜਤਿੰਦਰ ਸਿੰਘ ਛੀਨਾ, ਬੀਕੇਯੂ ਉਗਰਾਹਾਂ ਦੇ ਆਗੂ ਡਾਕਟਰ ਪਰਮਿੰਦਰ ਸਿੰਘ ਪੰਡੋਰੀ, ਬਘੇਲ ਸਿੰਘ, ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੂਬਾਈ ਆਗੂ ਧਨਵੰਤ ਸਿੰਘ ਖਤਰਾਏ ਕਲਾਂ, ਪ੍ਰਭਜੀਤ ਸਿੰਘ ਤਿੰਮੋਵਾਲ, ਕੁੱਲ ਹਿੰਦ ਕਿਸਾਨ ਸਭਾ ਅਜੇ ਭਵਨ ਦੇ ਸੂਬਾਈ ਸਕੱਤਰ ਲਖਬੀਰ ਸਿੰਘ ਨਿਜ਼ਾਮਪੁਰਾ, ਬਲਦੇਵ ਸਿੰਘ ਵੇਰਕਾ, ਆਲ ਇੰਡੀਆ ਕਿਸਾਨ ਸਭਾ ਦੇ ਆਗੂ ਸੁੱਚਾ ਸਿੰਘ ਅਜਨਾਲਾ, ਸਵਿੰਦਰ ਸਿੰਘ ਮੀਰਾਂਕੋਟ, ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਦੇ ਸੂਬਾ



ਸਕੱਤਰ ਦਲਬੀਰ ਸਿੰਘ ਬੇਦਾਦਪੁਰ, ਹਰਜੀਤ ਸਿੰਘ ਝੀਤੇ, ਬੀਕੇਯੂ ਰਾਜੇਵਾਲ ਦੇ ਆਗੂ ਸੁਖਰਾਜਬੀਰ ਸਿੰਘ ਲੁਹਾਰਕਾ, ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਆਗੂ ਬਲਬੀਰ ਸਿੰਘ ਮੂਧਲ ਆਦਿ ਨੇ ਕਿਹਾ ਕਿ ਪੰਜਾਬ ਅੰਦਰ ਆਏ ਹੜ੍ਹ ਕੁਦਰਤੀ ਕਰੋਪੀ ਨਹੀਂ ਸਗੋਂ ਪੰਜਾਬ ਅਤੇ ਕੇਂਦਰ ਦੀ ਸਰਕਾਰ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਅਤੇ ਥੀਨ ਡੈਮ ਦੀ ਮੈਨੇਜਮੈਂਟ ਮੁੱਖ ਤੌਰ 'ਤੇ ਜ਼ਿੰਮੇਵਾਰ ਹਨ। ਉਨ੍ਹਾਂ ਕਿਹਾ ਕਿ ਹੜ੍ਹ ਪੀੜਤ ਲੋਕਾਂ ਦੀ ਮਦਦ ਲਈ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਕੀਤੇ ਐਲਾਨ ਨਾ ਮਾਤਰ ਸਹਾਇਤਾ ਵੀ ਪ੍ਰਦਾਨ ਨਹੀਂ ਕਰਦੇ।ਆਗੂਆਂ ਨੇ ਪੁਰਜ਼ੋਰ ਸ਼ਬਦਾਂ ਵਿੱਚ ਮੰਗ ਕੀਤੀ ਕਿ ਹੜ੍ਹ ਪੀੜਤਾਂ ਨੂੰ ਮੁੜ ਪੈਰਾਂ ਸਿਰ ਖੜ੍ਹਾ ਕਰਨ ਲਈ ਫਸਲਾਂ ਦੇ ਖਰਾਬੇ ਲਈ ਪ੍ਰਤੀ ਏਕੜ 70 ਹਜ਼ਾਰ ਰੁਪਏ, ਕਮਾਦ ਦੀ ਫਸਲ ਲਈ ਇਕ ਲੱਖ ਰੁਪਏ ਪ੍ਰਤੀ ਏਕੜ , ਮਜ਼ਦੂਰਾਂ ਨੂੰ 10 ਹਜ਼ਾਰ ਰੁਪਏ ਪ੍ਰਤੀ ਏਕੜ ਦਿੱਤੇ ਜਾਣ, ਮੁਆਵਜ਼ਾ ਕਾਸ਼ਤਕਾਰ ਕਿਸਾਨਾਂ ਨੂੰ ਦਿੱਤਾ ਜਾਵੇ, ਜਿਸ ਤਰ੍ਹਾਂ ਇਕ ਲੱਖ ਰੁਪਏ ਦੀ ਗਰਾਂਟ ਹਰੇਕ ਪੀੜਤ ਪਰਿਵਾਰ ਨੂੰ ਦਿੱਤੀ ਜਾਵੇ, ਹੜਾਂ ਵਿੱਚ ਮਾਰੇ ਵਿਅਕਤੀਆਂ ਦੇ ਪਰਿਵਾਰਾਂ ਨੂੰ 25 ਲੱਖ ਰੁਪਏ ਪ੍ਰਤੀ ਵਿਅਕਤੀ, ਪਰਿਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ, ਮਾਰੇ ਗਏ ਦੁਧਾਰੂ ਪਸ਼ੂਆਂ ਦਾ ਇੱਕ ਲੱਖ ਰੁਪਏ ਪ੍ਰਤੀ ਪਸ਼ੂ , ਭੇਡਾਂ ਬੱਕਰੀਆਂ ਆਦਿ ਦਾ 20 ਹਜ਼ਾਰ ਰੁਪਏ ਪ੍ਰਤੀ ਜਾਨਵਰ ਮੁਆਵਜ਼ਾ ਦਿੱਤਾ ਜਾਵੇ।ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਵੱਲੋਂ ਜਲਦੀ ਉਕਤ ਮੰਗਾਂ ਦੀ ਪੂਰਤੀ ਨਾ ਕੀਤੀ ਗਈ ਤਾਂ ਸੰਯੁਕਤ ਕਿਸਾਨ ਮੋਰਚਾ ਹੋਰ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਵੇਗਾ।

## ਵਿਧਾਨ ਸਭਾ ਹਲਕਾ ਤਰਨ ਤਾਰਨ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨ ਬੁਰਜ ਨੇ ਵਜਾਇਆ ਚੋਣ ਬਿਗੁਲ

ਝਬਾਲ (ਹਰਜਿੰਦਰ ਸਿੰਘ ਸੋਨੀ)-ਕਾਂਗਰਸ ਪਾਰਟੀ ਵੱਲੋਂ ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਟਿਕਟ ਦੇ ਕੇ ਨਿਵਾਜੇ ਉਮੀਦਵਾਰ ਕਰਨਬੀਰ ਸਿੰਘ ਬੁਰਜ ਨੇ ਆਪਣੇ ਫਾਰਮ ਹਾਊਸ ਖੇਰਦੀ ਤੋਂ ਚੋਣ ਬਿਗਲ ਵਜਾ ਕੇ ਮੈਦਾਨ ਵਿੱਚ ਉਤਰ ਆਏ ਹਨ।ਇਕ ਪ੍ਰੈੱਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਪਾਰਟੀ ਨੇ ਮੇਰੇ ਤੇ ਜੋ ਭਰੋਸਾ ਜਤਾਇਆ ਹੈ ਮੈਂ ਉਸ ਭਰੋਸੇ ਨੂੰ ਹਰ ਹਾਲਤ ਵਿੱਚ ਕਾਇਮ ਰੱਖਾਂਗਾ ਅਤੇ ਪਾਰਟੀ ਦੀ ਜਿੱਤ ਯਕੀਨੀ ਬਣਾਵਾਂਗਾ।ਉਨ੍ਹਾਂ ਆਮ ਆਦਮੀ ਪਾਰਟੀ ਨੂੰ ਨਿਸ਼ਾਨਾ ਬਣਾਉਂਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਨੂੰ ਚਾਰ ਸਾਲ ਹੋ ਜਾ ਰਹੇ ਹਨ ਪਰ ਪੰਜਾਬ ਦੇ ਭਲੇ ਦਾ ਇੱਕ ਵੀ ਕੰਮ ਨਹੀਂ ਕੀਤਾ।ਉਨ੍ਹਾਂ ਕਿਹਾ ਕਿ ਅਜੇ ਇਸ ਇੱਕ ਮਹੀਨਾ ਵੀ ਚੰਗੀ ਤਰਾਂ ਨਹੀਂ ਹੋਇਆ ਕਿ ਪੰਜਾਬ ਵਿੱਚ ਹੜ੍ਹਾਂ ਨੇ ਕਿਸ ਤਰਾਂ ਤਬਾਹ ਕਰਕੇ ਰੱਖਿਆ ਸੀ ਪੰਜਾਬ ਨੂੰ ਤੇ ਜਿਨ੍ਹਾਂ ਕਿਸਾਨਾਂ ਦੇ ਨਾ ਘਰ ਰਹੇ ਤੇ ਨਾ ਫਸਲ ਰਹੀ ਹੈ ਉਨ੍ਹਾਂ ਵੱਲ ਕਿਸੇ ਦਾ ਧਿਆਨ ਨਹੀਂ ਗਿਆ ਤੇ ਸਿਰਫ ਜ਼ਿਮਨੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਗ੍ਰਾਂਟਾਂ ਦੇ ਗੱਫੇ ਵੰਡਣ ਤੇ ਲੱਗੀ ਹੋਈ ਹੈ ਉਹ ਵੀ ਆਪਣੇ ਚਹੇਤਿਆਂ ਨੂੰ, ਜਦ ਕਿ ਪਹਿਲਾਂ ਬਰਬਾਦ ਹੋਏ ਕਿਸਾਨਾਂ ਨੂੰ ਰਾਹਤ ਦੇਣ ਦੀ ਲੋੜ ਸੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਿਰਫ ਰਾਜਨੀਤੀ ਦੇ ਨਾਂਅ ਤੇ ਡਰਾਮੇ ਹੀ ਕਰ ਰਹੀ ਹੈ। ਪਿਛਲੇ ਚਾਰ ਸਾਲਾਂ ਤੋਂ ਜਿਸ ਦਾ ਖਮਿਆਜ਼ਾ ਹੁਣ ਪਹਿਲਾਂ ਜ਼ਿਮਨੀ ਚੋਣਾਂ ਤੇ ਆਉਣ ਵਾਲੀ 2027 ਦੀਆਂ



ਵਿਧਾਨ ਸਭਾ ਚੋਣਾਂ ਵਿੱਚ ਇਨ੍ਹਾਂ ਨੂੰ ਭੁਗਤਣਾ ਪਵੇਗਾ।ਇਸ ਮੌਕੇ ਉਨ੍ਹਾਂ ਨਾਲ ਪੰਜਾਬ ਕਾਂਗਰਸ ਦੇ ਮੀਡੀਆ ਇੰਚਾਰਜ ਨਰਿੰਦਰ ਸਿੰਘ ਸੰਧੂ, ਅਸ਼ਵਰਣ ਜਸਕਰਨ ਸਿੰਘ ਕਾਹਲੋਂ, ਨੌਨਿਹਾਲ ਸਿੰਘ ਕਸੇਲ, ਸਰਪੰਚ ਗੁਰਪਾਲ ਸਿੰਘ ਜਗਤਪੁਰਾ, ਸਾਬਕਾ ਸਰਪੰਚ ਸੁੱਚਾ ਸਿੰਘ ਖੇਰਦੀਨ ਕੇ, ਸਰਪੰਚ ਕੰਵਲਜੀਤ ਸਿੰਘ ਠੱਠਾ, ਗੁਰਦੇਵ ਸਿੰਘ ਰਿੰਟੂ ਸੋਹਲ, ਬਿੰਦਰ ਸੋਹਲ, ਗੁਰਭਾਗ ਸਿੰਘ ਸੋਹਲ, ਕੰਵਲਨੈਣ ਸਿੰਘ ਸੋਹਲ, ਸਰਪੰਚ ਗੁਰਚਰਨ ਸਿੰਘ ਖੈਰਦੀ, ਦਿਲਬਾਗ ਸਿੰਘ ਠੱਠਗੜ, ਬਹਾਲ ਸਿੰਘ ਰਾਮਰੌਣੀ, ਕੁਲਵਿੰਦਰ ਸਿੰਘ ਕਿੰਟੀ ਸੋਹਲ, ਇੰਦਰਜੀਤ ਸਿੰਘ ਲਾਲੀ ਪਲਾਈ ਵਾਲੇ, ਗੁਰਜੀਤ ਸਿੰਘ ਬਿੱਟੂ ਸੋਹਲ ਅਤੇ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਹਾਜ਼ਰ ਸਨ।

## ਮੰਡੀਆਂ 'ਚ ਰੁਲ ਰਹੀ ਝੋਨੇ ਦੀ ਫ਼ਸਲ ਨੂੰ ਲੈ ਕੇ ਕਿਸਾਨ ਜਥੇਬੰਦੀ ਦੀ ਮੀਟਿੰਗ

ਪੱਟੀ (ਬਲਦੇਵ ਸਿੰਘ ਸੰਧੂ)-ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਦੀ ਮੀਟਿੰਗ ਹੋਈ ਜਿਸ ਦੀ ਪ੍ਰਧਾਨਗੀ ਬਾਬਾ ਪ੍ਰਗਟ ਸਿੰਘ ਪਿੰਗਗੀ, ਦਿਲਬਾਗ ਸਿੰਘ ਚੰਬਲੀਆ, ਸੁਖਜਿੰਦਰ ਸਿੰਘ, ਮਾਸਟਰ ਬੂੜੀ ਵਾਲਾ ਨੇ ਕੀਤੀ ਅਤੇ ਸੂਬਾ ਪ੍ਰਧਾਨ ਇੰਦਰਜੀਤ ਸਿੰਘ ਕੋਟ ਬੁੱਢਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਜਥੇਬੰਦੀ ਦੇ ਪੁਰਾਣੇ ਲੀਡਰ ਕਾਰਜ ਸਿੰਘ ਘਰਿਆਲਾ ਨੂੰ ਜਥੇਬੰਦੀ ਦੇ ਮੁੱਖ ਸੁਲਾਹਕਾਰ ਨਿਯੁਕਤ ਕੀਤਾ ਗਿਆ ਅਤੇ ਪੰਜਾਬ ਅੰਦਰ ਆਏ ਭਿਆਨਕ ਹੜ੍ਹਾਂ ਨਾਲ ਵੱਡੇ ਪੱਧਰ ਤੇ ਜਨਤਕ ਲੋਕਾਂ ਦੀ ਜਾਨ ਮਾਲ ਦਾ ਨੁਕਸਾਨ ਹੋਇਆ। ਪੰਜਾਬ ਸਰਕਾਰ ਵੱਲੋਂ ਕਿਹਾ ਗਿਆ ਸੀ ਕਿ ਦੀਵਾਲੀ ਤੋਂ ਪਹਿਲਾਂ ਪਹਿਲਾਂ ਕਿਸਾਨਾਂ ਦੀ ਜਾਨ ਮਾਲ ਦੇ ਨੁਕਸਾਨ ਦੀ ਭਰਪਾਈ ਕਰੇਗੀ। ਸਰਕਾਰ ਜਲਦ ਤੋਂ ਜਲਦ ਲੋਕਾਂ ਦੀ ਭਰਪਾਈ ਕਰੇ।

ਵਿੱਤ ਸਕੱਤਰ ਸਾਹਿਬ ਸਿੰਘ ਸਭਰਾ ਨੇ ਕਿਹਾ ਕਿ ਮੰਡੀਆਂ 'ਚ ਦਸ-ਦਸ ਦਿਨ ਤੋਂ ਝੋਨੇ ਦੀਆਂ ਢੇਰੀਆਂ ਰੁਲ ਰਹੀਆਂ। ਸਰਕਾਰ ਜਲਦ ਤੋਂ ਜਲਦ ਮੰਡੀਆਂ ਵਿੱਚੋਂ ਝੋਨਾ ਚੁਕਵਾਏ। ਇਸ ਮੌਕੇ ਸੁੱਚਾ ਸਿੰਘ ਲੱਧੂ, ਸੁਖਵੰਤ ਸਿੰਘ ਦੁਬਲੀ ਨੇ ਕਿਹਾ ਕਿ ਪਰਾਲੀ ਦੀ ਰਹਿੰਦ ਖੂੰਹਦ ਸੰਭਾਲਣ ਵਾਸਤੇ ਸਰਕਾਰ 6 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ



ਦੇਵੇ। ਮੀਟਿੰਗ ਵਿੱਚ ਗੁਰਸਾਹਿਬ ਸਿੰਘ,ਅੰਗਰੇਜ਼ ਸਿੰਘ ਬੂਟੇ ਵਾਲਾ, ਰਣਜੀਤ ਸਿੰਘ ਜਲੰਧਰ, ਦਲਜੀਤ ਸਿੰਘ ਵਿਰਕ ਖਨੇਰੀ, ਮਨਜੀਤ ਸਿੰਘ ਮੁਕਤਸਰ, ਸਤਨਾਮ ਸਿੰਘ ਸਨੂ ਸਭਰਾ, ਸੁਖਦੇਵ ਸਿੰਘ ਸੀਤੋ, ਸੁਖਦੇਵ ਸਿੰਘ ਸਰਹਾਲੀ ਮੰਡ, ਗੁਰਬੀਰ ਸਿੰਘ, ਦੀਦਾਰ ਸਿੰਘ ਲਾਖਣਾ, ਕਾਬਲ ਸਿੰਘ ਵਰਿਆਂ, ਹਰਜੀਤ ਸਿੰਘ ਜੌਹਲ, ਬਲੀ ਸਿੰਘ ਤਲਵੰਡੀ, ਹਰਭਾਲ ਸਿੰਘ ਘਰਿਆਲਾ, ਸ਼ਿੰਦਰਪਾਲ ਸਿੰਘ ਰਸੂਲਪੁਰ ਅਤੇ ਜੁਗਿੰਦਰ ਸਿੰਘ ਗੱਟੀ ਹਰੀਕੇ ਹਾਜ਼ਰ ਸਨ।

## ਆਈ ਪੀ ਐੱਸ ਅਧਿਕਾਰੀ ਸੁਸਾਈਡ ਮਾਮਲੇ 'ਚ ਤੁਰੰਤ ਕਾਨੂੰਨੀ ਕਾਰਵਾਈ ਹੋਵੇ : ਡਾ. ਇੰਦਰਪਾਲ, ਸੰਧੂ

ਛੇਹਰਟਾ (ਮਨੋਜ ਕੁਮਾਰ)-ਆਮ ਆਦਮੀ ਪਾਰਟੀ ਜ਼ਿਲ੍ਹਾ ਅੰਮ੍ਰਿਤਸਰ ਦੇ ਐੱਸ. ਸੀ. ਵਿੰਗ ਦੇ ਪ੍ਰਧਾਨ ਡਾ. ਇੰਦਰਪਾਲ ਤੇ ਜ਼ਿਲ੍ਹਾ ਮੀਡੀਆ ਸਕੱਤਰ ਰੋਸ਼ਨ ਸਿੰਘ ਸੰਧੂ ਨੇ ਹਰਿਆਣਾ ਦੇ ਦਲਿਤ ਆਈਪੀਐੱਸ ਅਧਿਕਾਰੀ ਪੂਰਨ ਕੁਮਾਰ ਵੱਲੋਂ ਜਾਤੀਗਤ ਭੇਦਭਾਵ ਤੋਂ ਤੰਗ ਆ ਕੇ ਕੀਤੀ ਗਈ ਆਤਮਹੱਤਿਆ 'ਤੇ ਗਹਿਰਾ ਦੁੱਖ ਪ੍ਰਗਟ ਕਰਦਿਆਂ ਇਸ ਨੂੰ ਭਾਰਤੀ ਪ੍ਰਸ਼ਾਸਨਿਕ ਤੰਤਰ 'ਤੇ ਇਕ ਕਾਲਾ ਦਾਗ ਕਰਾਰ ਦਿੱਤਾ ਹੈ।



ਦੋਵਾਂ ਆਗੂਆਂ ਨੇ ਰਾਸ਼ਟਰਪਤੀ ਕੋਲੋਂ ਮੰਗ ਕੀਤੀ ਹੈ ਕਿ ਹਰਿਆਣਾ ਦੇ ਡੀਜੀਪੀ ਸਮੇਤ ਪੁਲਸ ਅਤੇ ਪ੍ਰਸ਼ਾਸਨ ਦੇ ਉਹ ਸਾਰੇ ਅਫ਼ਸਰ ਜਿਨ੍ਹਾਂ ਦੇ ਨਾਮ ਸੁਸਾਈਡ ਨੋਟ ਵਿਚ ਦਰਜ ਹਨ, ਨੂੰ ਤੁਰੰਤ ਨੌਕਰੀ ਤੋਂ ਡਿਸਮਿਸ ਕੀਤਾ ਜਾਵੇ ਅਤੇ ਨਾ ਹੀ ਇਨ੍ਹਾਂ ਦੀ ਭਵਿੱਖ ਵਿੱਚ ਕੋਈ ਅਪੀਲ ਸੁਣੀ ਜਾਵੇ। ਡਾ. ਇੰਦਰਪਾਲ ਨੇ ਮੀਡੀਆ ਨਾਲ ਗੱਲਬਾਤ ਦੌਰਾਨ ਕਿਹਾ ਕਿ ਪਿਛਲੇ 10 ਸਾਲਾਂ ਵਿਚ ਭਾਜਪਾ ਸ਼ਾਸਿਤ ਸੂਬਿਆਂ ਵਿਚ ਦਲਿਤਾਂ ਖ਼ਿਲਾਫ਼ ਅੱਤਿਆਚਾਰਾਂ ਵਿਚ ਬੇਹੱਦ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਕਿ ਐੱਨਸੀਆਰਬੀ ਦੀ ਹਾਲ ਹੀ ਜਾਰੀ ਕੀਤੀ ਰਿਪੋਰਟ ਮੁਤਾਬਕ ਉੱਤਰ ਪ੍ਰਦੇਸ਼ ਦਲਿਤਾਂ ਖ਼ਿਲਾਫ਼ ਅੱਤਿਆਚਾਰ ਦੇ ਮਾਮਲਿਆਂ ਵਿਚ ਦੇਸ਼ ਵਿਚ ਪਹਿਲੇ ਸਥਾਨ 'ਤੇ ਹੈ, ਜੋ ਕਿ ਬਹੁਤ ਹੀ ਗੰਭੀਰ ਚਿੰਤਾ ਦਾ ਵਿਸ਼ਾ ਹੈ।ਉਨ੍ਹਾਂ ਨੇ ਕਿਹਾ ਕਿ ਜੇਕਰ ਦੇਸ਼ ਵਿਚ ਉੱਚ ਅਹੁਦਿਆਂ 'ਤੇ ਬੈਠੇ ਦਲਿਤ ਅਧਿਕਾਰੀਆਂ ਨਾਲ ਇਸ ਤਰ੍ਹਾਂ ਦਾ ਭੇਦਭਾਵ ਹੁੰਦਾ ਰਹੇਗਾ ਤਾਂ ਆਮ ਦਲਿਤ ਵਰਗ ਦੇ ਲੋਕਾਂ ਲਈ ਨਿਆਂ ਦੀ ਉਮੀਦ ਕਰਨੀ ਬੇਅਰਥ ਹੋ ਜਾਵੇਗੀ। ਇਸ ਲਈ ਇਸ ਮਾਮਲੇ ਵਿਚ ਤੁਰੰਤ ਕਾਨੂੰਨੀ ਤੇ ਪ੍ਰਸ਼ਾਸਨਿਕ ਕਾਰਵਾਈ ਕਰਨੀ ਲਾਜ਼ਮੀ ਹੈ ਤਾਂ ਜੋ ਭਵਿੱਖ ਵਿੱਚ ਕਿਸੇ ਨਾਲ ਇਸ ਤਰ੍ਹਾਂ ਦਾ ਜਾਤੀਗਤ ਭੇਦਭਾਵ ਨਾ ਹੋਵੇ।

## ਮਿਸ਼ਨ ਚੜ੍ਹਦੀ ਕਲਾ ਤਹਿਤ ਸਮਾਜ ਸੇਵੀ ਸੰਸਥਾਵਾਂ ਹੜ੍ਹ ਪ੍ਰਭਾਵਤ ਪਰਵਾਰਾਂ ਦਾ ਮੁੜ ਵਸੇਬਾ ਕਰਨ 'ਚ ਰੁੱਝੀਆਂ : ਡੀ ਸੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਮਿਸ਼ਨ ਚੜ੍ਹਦੀਕਲਾ ਤਹਿਤ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵਲੋਂ ਚਲਾਏ ਗਏ ਮਿਸ਼ਨ ਸਾਂਝਾ ਉਪਰਾਲਾ ਅਧੀਨ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਕਰਨ ਦੇ ਸੱਦੇ ਨੂੰ ਕਬੂਲਦਿਆਂ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਪ੍ਰੀੜਤਾਂ ਦੇ ਮੁੜ ਵਸੇਬੇ ਵਿਚ ਰੁੱਝ ਗਈਆਂ ਹਨ ਅਤੇ ਲੋਕਾਂ ਦੇ ਮੁੜ ਵਸੇਬੇ ਲਈ ਦਿਨ ਰਾਤ ਕੰਮ ਕਰ ਰਹੀਆਂ ਹਨ।

ਡੀਸੀ ਨੇ ਦੱਸਿਆ ਕਿ ਅਜਨਾਲਾ ਦੇ 9 ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਸਵੈ ਸੇਵੀ ਸੰਸਥਾਵਾਂ ਵਲੋਂ ਹੜ੍ਹਾਂ ਦੌਰਾਨ ਸਕੂਲੀ ਬੱਚਿਆਂ ਦੀਆਂ ਕਿਤਾਬਾਂ ਅਤੇ ਸਕੂਲੀ ਬੈਗ ਖਰਾਬ ਹੋ ਗਏ ਸਨ, ਨੂੰ ਸਬੰਧਤ ਸਕੂਲਾਂ ਵਿੱਚ ਜਾ ਕੇ ਸਕੂਲੀ ਬੈਗ, ਕਿਤਾਬਾਂ-ਕਾਪੀਆਂ ਅਤੇ ਸਟੇਸ਼ਨਰੀ ਦੀ ਵੰਡ ਵੀ ਕੀਤੀ ਗਈ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਨਵੀਂ ਦਿੱਲੀ ਤੋਂ ਇਕ ਸਵੈ ਸੇਵੀ ਸੰਸਥਾ ਵੱਲੋਂ ਪਿੰਡ ਕੋਟ ਗੁਰਬਖ਼ਸ਼, ਰਮਦਾਸ ਵਿਖੇ 200 ਪਰਿਵਾਰਾਂ ਨੂੰ ਘਰ ਦਾ ਸਾਮਾਨ, ਜਿਸ ਵਿੱਚ ਗੱਦੇ, ਬੈੱਡ ਸ਼ੀਟਾਂ, ਕੰਬਲ, ਤੌਲੀਆ, ਮਾਸਕਿਟੋ ਆਇਲ, ਬਾਲਟੀਆਂ, ਮੱਗ, ਚੱਕਲਾ ਬੇਲਨ, ਜਗ ਸਟੀਲ, ਪਲੇਟਾਂ, ਗਿਲਾਸ, ਚਮਚੇ ਤੋਂ ਇਲਾਵਾ ਸਿਵਲ ਸਰਜਨ ਅੰਮ੍ਰਿਤਸਰ ਨੂੰ ਹੜ੍ਹ ਪੀੜ੍ਹਤ ਪਰਿਵਾਰਾਂ ਦੀ ਸਹਾਇਤਾ ਲਈ, ਆਕਸੋਮੀਟਰ, ਥਰਮਾਮੀਟਰ ਅਤੇ ਅਕਸੀਜਨ ਕਨੈਕਟਰ ਵੀ ਦਿੱਤੇ ਗਏ ਹਨ।

ਡਿਪਟੀ ਕਮਿਸ਼ਨਰ ਨੇ ਇਸ ਕੰਮ ਲਈ ਪੰਜਾਬ ਸਰਕਾਰ ਦੇ ਨਾਲ ਨਾਲ ਸਮਾਜ ਸੇਵੀ ਸੰਸਥਾਵਾਂ, ਜਥੇਬੰਦੀਆਂ ਅਤੇ ਹੋਰ ਦਾਨੀ ਪੁਰਸ਼ਾਂ ਦਾ ਸਾਥ ਲੈ ਕੇ ਸਾਂਝਾ ਉਪਰਾਲਾ ਸ਼ੁਰੂ ਕੀਤਾ ਗਿਆ ਹੈ, ਜਿਸ ਦਾ ਮੁੱਖ ਮਕਸਦ ਅਜਿਹੇ ਪਰਿਵਾਰਾਂ



ਦੀ ਸਹਾਇਤਾ ਕਰਨਾ ਹੈ, ਜੋ ਹੜ੍ਹਾਂ ਨਾਲ ਪ੍ਰਭਾਵਿਤ ਹੋਏ ਸਨ ਅਤੇ ਜਿਨਾਂ ਦੇ ਘਰ ਅਤੇ ਕਾਰੋਬਾਰ ਪੂਰੀ ਤਰ੍ਹਾਂ ਨੁਕਸਾਨੇ ਗਏ ਹਨ।ਅਜਿਹੇ ਪਰਿਵਾਰਾਂ ਦੀ ਮਦਦ ਕਰਨ ਵਾਸਤੇ ਸ਼ੁਰੂ ਕੀਤਾ ਗਿਆ ਸਾਂਝਾ ਉਪਰਾਲਾ ਪੀੜਤ ਪਰਿਵਾਰਾਂ ਲਈ ਇੱਕ ਵੱਡਾ ਵਰਦਾਨ ਸਾਬਿਤ ਹੋ ਰਿਹਾ ਹੈ, ਉਥੇ ਇਸ ਵਿੱਚ ਸਹਿਯੋਗ ਕਰਨ ਲਈ ਵੱਡੀਆਂ ਐੱਨਜੀਓ ਅਤੇ ਦਾਨੀ ਪੁਰਸ਼ ਅੱਗੇ ਆ ਰਹੇ ਹਨ।ਡੀਸੀ ਨੇ ਇਸ ਨੇਕ ਕੰਮ ਦੀ ਜ਼ਿੰਮੇਵਾਰੀ ਲਈ ਨੋਡਲ ਅਧਿਕਾਰੀ ਵਧੀਕ ਡਿਪਟੀ ਕਮਿਸ਼ਨਰ ਅਮਨਦੀਪ ਕੌਰ ਨੂੰ ਬਣਾਇਆ ਹੈ।ਇਸ ਮੌਕੇ ਸੁਪਰਡੈਂਟ ਦਿਨੇਸ਼ ਸੂਰੀ ਵੀ ਹਾਜ਼ਰ ਸਨ।

## ਮੋਟਰਸਾਈਕਲ ਤੇ ਹੈਰੋਇਨ ਸਮੇਤ ਦੋ ਕਾਬੂ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਪੁਲਸ ਕਪਤਾਨ ਤਰਨ ਤਾਰਨ ਰਵਜੋਤ ਗਰੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਤੇ ਡੀਐੱਸਪੀ ਗੋਇੰਦਵਾਲ ਸਾਹਿਬ ਅਤੁਲ ਸੋਨੀ ਦੇ ਗਤੀਸ਼ੀਲ ਅਗਵਾਈ ਹੇਠ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਉਣ ਦੇ ਹੁਕਮਾਂ ਤਹਿਤ ਪੁਲਸ ਚੌਕੀ ਫਤਿਹਾਬਾਦ ਦੇ ਇੰਚਾਰਜ ਕਿਰਪਾਲ ਸਿੰਘ ਤੇ ਉਨ੍ਹਾਂ ਦੀ ਟੀਮ ਵੱਲੋਂ ਦੋ ਮੁਲਜ਼ਮਾਂ ਨੂੰ 10 ਗ੍ਰਾਮ ਹੈਰੋਇਨ ਅਤੇ ਬਿਨਾ ਨੰਬਰੀ ਮੋਟਰਸਾਈਕਲ ਸਮੇਤ ਗ੍ਰਿਫਤਾਰ ਕੀਤਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਚੌਕੀ ਇੰਚਾਰਜ ਕਿਰਪਾਲ ਸਿੰਘ ਨੇ ਦੱਸਿਆ ਕਿ ਐੱਫਆਈਆਰ ਨੰਬਰ 501 ਐੱਨਡੀਪੀਐੱਸ ਐਕਟ ਥਾਣਾ ਗੋਇੰਦਵਾਲ ਸਾਹਿਬ ਦੇ ਤਹਿਤ ਅਰਮਾਨ ਸਿੰਘ ਉਰਫ ਮੰਨਾ ਪੁੱਤਰ ਕੁਲਦੀਪ ਸਿੰਘ, ਉਰਫ ਕਾਲੀ ਨਿਵਾਸੀ ਖਵਾਸਪੁਰ ਅਤੇ ਰਵਿੰਦਰ ਸਿੰਘ ਉਰਫ ਸੰਨੀ ਪੁੱਤਰ ਬਲਦੇਵ ਸਿੰਘ ਨਿਵਾਸੀ ਫਤਿਹਾਬਾਦ ਨੂੰ 10 ਗ੍ਰਾਮ ਹੈਰੋਇਨ ਅਤੇ ਬਿਨਾਂ ਨੰਬਰੀ ਹੀਰੋ ਸਪਲੈਂਡਰ ਪਲੱਸ ਮੋਟਰਸਾਈਕਲ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਤੇ ਅਗਲੀ ਜਾਂਚ ਜਾਰੀ ਹੈ।



## ਔਰਤਾਂ ਨੂੰ ਹਜ਼ਾਰ ਰੁਪਏ ਦੇਣ ਦਾ ਵਾਅਦਾ ਪੁਗਾਉਣ ਦੀ ਮੰਗ

ਬਟਾਲਾ (ਤਰਲੋਕ ਬੱਗਾ)-ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਪੰਜਾਬ ਦੀ ਇਕ ਮੀਟਿੰਗ ਯੂਨੀਅਨ ਦਫਤਰ ਬਟਾਲਾ ਵਿਖੇ ਹੋਈ ਜਿਸ ਨੂੰ ਸੰਬੋਧਨ ਕਰਦਿਆਂ ਕਾਮਰੇਡ ਮਨਜੀਤ ਰਾਜ ਨੇ ਕਿਹਾ ਕਿ ਔਰਤਾਂ ਨਾਲ ਵੱਡੇ-ਵੱਡੇ ਵਾਅਦੇ ਕਰਕੇ ਆਮ ਆਦਮੀ ਪਾਰਟੀ ਦੀ ਸਰਕਾਰ ਸੱਤਾ ਵਿੱਚ ਆਈ ਸੀ। ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਕੀਤਾ ਸੀ ਪਰ ਸਰਕਾਰ ਨੂੰ ਚਾਰ ਸਾਲ ਬੀਤ ਜਾਣ ਤੇ ਵੀ ਪੰਜਾਬ ਸਰਕਾਰ ਦੇ ਵਾਅਦੇ ਖੋਖਲੇ ਨਿਕਲੇ।



ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪੰਜਾਬ ਦੀਆਂ ਔਰਤਾਂ ਮੰਗ ਕਰਦੀਆਂ ਹਨ ਕਿ ਸਾਨੂੰ ਜਦੋਂ ਦੀ ਸਰਕਾਰ ਬਣੀ ਹੈ ਸਾਡਾ ਬਣਦਾ ਬਕਾਇਆ 40,000 ਰੁਪਏ ਸਰਕਾਰ ਦਵੇ ਨਹੀਂ ਤਾਂ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਵਿੱਚ 'ਆਪ' ਨੂੰ ਵੱਡੀ ਹਾਰ ਦਾ ਸਾਹਮਣਾ ਕਰਨਾ ਪੈ ਸਕਦਾ। ਉਨ੍ਹਾਂ ਨੇ ਕਿਹਾ ਕਿ ਪਿੰਡਾਂ ਵਿੱਚ ਮਨਰੇਗਾ ਰੁਜ਼ਗਾਰ ਬੰਦ ਕਰਕੇ ਕੇਂਦਰ ਅਤੇ ਪੰਜਾਬ ਸਰਕਾਰ ਨੇ ਮਜ਼ਦੂਰਾਂ ਦੇ ਨਾਲ ਧੋਖਾ ਕੀਤਾ ਹੈ।ਕੇਂਦਰ ਅਤੇ ਪੰਜਾਬ ਸਰਕਾਰ ਮਨਰੇਗਾ ਕੰਮ ਬਹਾਲ ਕਰੇ ਨਹੀਂ ਤਾਂ ਪੂਰੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੇ ਐੱਮਐੱਲਏ ਅਤੇ ਹਲਕਾ ਇੰਚਾਰਜਾਂ ਦੇ ਘਿਰਾਓ ਕੀਤੇ ਜਾਣਗੇ। ਇਸ ਮੌਕੇ ਸਾਬੂ, ਪੂਜਾ, ਨਿੰਮੋ, ਪਿੰਕੀ, ਰਾਜ ਕੌਰ, ਇੰਦਰਜੀਤ ਕੌਰ, ਕੁਲਦੀਪ ਕੌਰ ਅਤੇ ਸਰੂਪ ਸਿੰਘ ਪ੍ਰਧਾਨ ਚਾਹਲ ਕਲਾਂ ਹਾਜ਼ਰ ਸਨ।

## ਟਰੈਫਿਕ ਐਜੂਕੇਸ਼ਨ ਸੈੱਲ ਵੱਲੋਂ ਸੈਮੀਨਾਰ ਆਯੋਜਿਤ

**ਬਟਾਲਾ (ਡਾ. ਮਲਵਿੰਦਰ ਸਿੰਘ)**-ਸਥਾਨਕ ਮੈਥੋਡਿਸਟ ਕੋ ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਵਿਖੇ ਟਰੈਫਿਕ ਸੈੱਲ ਦੇ ਇੰਚਾਰਜ ਸਵਰਨ ਸਿੰਘ ਏ. ਐੱਸ. ਆਈ. ਵੱਲੋਂ ਰੋਡ ਸੇਫਟੀ ਨਿਯਮਾਂ ਦੇ ਸਬੰਧ ਵਿੱਚ ਇੱਕ ਸੈਮੀਨਾਰ ਲਗਾਇਆ ਗਿਆ ।ਇਸ ਸੈਮੀਨਾਰ ਵਿੱਚ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਨੇ ਰੋਡ ਸੇਫਟੀ ਨਿਯਮਾਂ ਦੀ ਪਾਲਣਾ ਕਰਨਾ ਸਾਡਾ ਸਭ ਦਾ ਫਰਜ਼ ਹੈ।ਉਨ੍ਹਾਂ ਕਿਹਾ ਕਿ ਦੋਪਹੀਆ ਵਿਹੀਕਲ ਚਲਾਉਂਦੇ ਸਮੇਂ ਕਦੀ ਵੀ ਟਰਿਪਲ ਸਵਾਰੀ ਨਾਲ ਸਫਰ ਨਾ ਕੀਤਾ ਜਾਵੇ। ਹੈਲਮਟ ਦੀ ਵਰਤੋਂ ਨੂੰ ਅਤਿ ਜ਼ਰੂਰੀ ਸਮਝਿਆ ਜਾਵੇ ।ਬੁਲਟ ਮੋਟਰਸਾਈਕਲ ਜਾਂ ਹੋਰ ਕਿਸੇ ਵੀ ਦੋਪਹੀਆਂ ਨੂੰ ਮੋਡੀਫਾਈ ਨਾ ਕੀਤਾ ਜਾਵੇ ।ਮੋਟਰਸਾਈਕਲ ਚਲਾਉਂਦੇ ਸਮੇਂ ਪਟਾਕੇ ਨਾ ਚਲਾਏ ਜਾਣ।ਗੱਡੀ ਚਲਾਉਂਦੇ ਸਮੇਂ ਹਮੇਸ਼ਾ ਸੀਟ ਬੈਲਟ ਦੀ ਵਰਤੋਂ ਕੀਤੀ ਜਾਵੇ ।ਉਨ੍ਹਾਂ ਨੇ ਹਰੇਕ ਪ੍ਰਕਾਰ ਦੇ ਨਸ਼ਿਆਂ ਦੇ ਸੇਵਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਕੋਈ ਵੀ ਨਸ਼ਾ ਕਰਕੇ ਕਦੀ ਵੀ ਸਫਰ ਨਾ ਕੀਤਾ ਜਾਵੇ ।ਸਪੀਡ ਲਿਮਟ ਬਣਾ ਕੇ ਰੱਖੀ ਜਾਵੇ।



ਲੜਕੀਆਂ ਨੂੰ 112 ਨੰਬਰ ਹੈਲਪ ਲਾਈਨ ਬਾਰੇ ਜਾਣਕਾਰੀ ਦਿੱਤੀ ।ਉਨ੍ਹਾਂ ਨੇ ਕਿਹਾ ਕਿ ਕੋਈ ਵਿਦਿਆਰਥੀ ਜਿਸ ਦੀ ਉਮਰ 18 ਸਾਲ ਤੋਂ ਘੱਟ ਹੈ ਵ੍ਹੀਕਲ ਨਾ ਚਲਾਵੇ ।ਪ੍ਰਿੰਸੀਪਲ ਮੁਸ਼ਤਾਕ ਮਸੀਹ ਨੇ ਆਈ ਟੀਮ ਦਾ ਧੰਨਵਾਦ ਕੀਤਾ। ਇਸ ਸਮੇਂ ਸਕੂਲ ਦਾ ਸਮੂਹ ਸਟਾਫ ਮੌਜੂਦ ਸੀ।

## ਬਲਾਕ ਪੱਧਰੀ ਵਿਗਿਆਨ ਸੈਮੀਨਾਰ 'ਚ ਸਰਕਾਰੀ ਹਾਈ ਸਕੂਲ ਕੋਟ ਟੋਡਰ ਮੱਲ ਦੀ ਵਿਦਿਆਰਥਣ ਦੋਇਮ

ਧਾਰੀਵਾਲ/ਕਾਹਨੂੰਵਾਨ (ਮਨਦੀਪ ਸਿੰਘ ਵਿੱਕੀ)-ਸਰਕਾਰੀ ਹਾਈ ਸਕੂਲ ਕੋਟ ਟੋਡਰ ਮੱਲ ਦੀ ਵਿਦਿਆਰਥਣ ਨਵਜੋਤ ਕੌਰ ਨੇ ਬਲਾਕ ਪੱਧਰੀ ਵਿਗਿਆਨ ਸੈਮੀਨਾਰ ਵਿੱਚ ਦੂਜਾ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਂ ਰੌਸ਼ਨ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਸਕੂਲ ਦੇ ਸਾਇੰਸ ਅਧਿਆਪਕ ਬਲਜੀਤ ਸਿੰਘ ਨੇ ਦੱਸਿਆ ਕਿ ਸਿੱਖਿਆ ਵਿਭਾਗ ਪੰਜਾਬ ਅਤੇ ਐੱਸਸੀਈਆਰਟੀ ਦੀਆਂ ਹਦਾਇਤਾਂ ਅਨੁਸਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੈਨੇਕੋਟ ਵਿੱਚ ਪ੍ਰਿੰਸੀਪਲ-ਕਮ-ਬਲਾਕ ਨੋਡਲ ਅਫਸਰ (ਬੀਐੱਨਓ) ਗੱਜਣ ਸਿੰਘ ਦੀ ਅਗਵਾਈ ਹੇਠ ਸੰਭਾਵਨਾਵਾਂ ਅਤੇ ਚਿੰਤਾਵਾਂ ਵਿਸ਼ੇ 'ਤੇ ਅਧਾਰਿਤ ਬਲਾਕ ਪੱਧਰ ਦਾ ਵਿਗਿਆਨ ਸੈਮੀਨਾਰ ਕਰਵਾਇਆ। ਸੈਮੀਨਾਰ ਵਿੱਚ ਬਲਾਕ ਕਾਹਨੂੰਵਾਨ-2 ਦੇ ਵੱਖ-ਵੱਖ 17 ਸਕੂਲਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਸੈਮੀਨਾਰ ਦੌਰਾਨ ਸਰਕਾਰੀ ਹਾਈ ਸਕੂਲ ਕੋਟ ਟੋਡਰ ਮੱਲ ਦੀ ਵਿਦਿਆਰਥਣ ਨਵਜੋਤ ਕੌਰ (9ਵੀਂ ਜਮਾਤ) ਨੇ ਸੰਭਾਵਨਾਵਾਂ ਅਤੇ ਚਿੰਤਾਵਾਂ



ਵਿਸ਼ੇ 'ਤੇ ਅਧਾਰਿਤ ਸ਼ਾਨਦਾਰ ਕਾਰਗੁਜ਼ਾਰੀ ਵਿਖਾਉਂਦੇ ਹੋਏ ਦੂਸਰਾ ਸਥਾਨ ਸਥਾਨ ਹਾਸਿਲ ਕੀਤਾ।

ਸੈਮੀਨਾਰ ਦੌਰਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਹਨੂੰਵਾਨ ਦੇ ਲੈਕਚਰਾਰ ਗੁਰਪ੍ਰੀਤ ਸਿੰਘ ਅਤੇ ਲੈਕਚਰਾਰ ਤਨੂੰ ਬਾਲਾ ਨੇ ਬਤੌਰ ਜੱਜ ਦੀ ਭੂਮਿਕਾ ਨਿਭਾਈ। ਇਸ ਮੌਕੇ ਪੁਜੀਸ਼ਨਾਂ ਪ੍ਰਾਪਤ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੀ. ਆਰ. ਸੀ. ਅਸ਼ਵਨੀ ਕੁਮਾਰ, ਬੀ. ਆਰ. ਸੀ. ਹਰੀ ਸਿੰਘ, ਨਰਿੰਦਰ ਕੁਮਾਰ ਸਮੇਤ ਵੱਖ-ਵੱਖ ਸਕੂਲਾਂ ਦੇ ਅਧਿਆਪਕ ਹਾਜ਼ਰ ਸਨ।

## ਪੀ ਐੱਸ ਐੱਮ ਐੱਸ ਯੂ ਨੇ ਮੁੱਖ ਮੰਤਰੀ ਦੇ ਨਾਂਅ ਭੇਜਿਆ ਮੰਗ ਪੱਤਰ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪੀਐੱਸਐੱਮਐੱਸਯੂ ਸੂਬਾ ਕਮੇਟੀ ਦੇ ਸੱਦੇ 'ਤੇ ਜ਼ਿਲਾ ਇਕਾਈ ਅੰਮ੍ਰਿਤਸਰ ਸਾਹਿਬ ਵੱਲੋਂ ਮੰਗਾਂ ਦੀ ਪੂਰਤੀ ਲਈ ਮੰਗ ਪੱਤਰ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਮੈਡਮ ਸਾਕਸ਼ੀ ਸਾਹਨੀ, ਰਾਹੀਂ ਮੁੱਖ ਮੰਤਰੀ ਪੰਜਾਬ ਸਰਕਾਰ ਨੂੰ ਭੇਜਿਆ ਗਿਆ।ਇਸ ਮੌਕੇ ਮਨਜਿੰਦਰ ਸਿੰਘ ਸੰਧੂ ਜ਼ਿਲਾ ਪ੍ਰਧਾਨ, ਜਗਦੀਸ਼ ਠਾਕੁਰ ਜ਼ਿਲਾ ਜਨਰਲ ਸਕੱਤਰ, ਤੇਜਿੰਦਰ ਸਿੰਘ ਢਿੱਲੋਂ ਮੁੱਖ ਬੁਲਾਰਾ, ਅਸ਼ਨੀਲ ਕੁਮਾਰ ਸ਼ਰਮਾ ਮੁੱਖ ਸਲਾਹਕਾਰ, ਗੁਰਮੁੱਖ ਸਿੰਘ ਚਾਹਲ ਜ਼ਿਲਾ ਵਿੱਤ ਸਕੱਤਰ, ਅਮਨ ਥਰੀਏਵਾਲ ਸੀਨੀਅਰ ਮੀਤ ਪ੍ਰਧਾਨ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਤੋਂ ਅਤੁਲ ਸ਼ਰਮਾ, ਲਖਵਿੰਦਰ ਸਿੰਘ ਗਿੱਲ, ਵਿਕਾਸ ਜੋਸ਼ੀ, ਅਜੇ ਸ਼ਰਮਾ, ਮਲਕੀਅਤ ਸਿੰਘ, ਦਿਲਬਾਗ ਸਿੰਘ, ਬਿਕਰਮਜੀਤ ਸਿੰਘ, ਜਿੰਮੀ ਬਧਵਾਰ, ਜਗਜੀਤ ਸਿੰਘ, ਬਲਜਿੰਦਰ ਸਿੰਘ, ਪਰਵਿੰਦਰ ਸਿੰਘ, ਬਲਦੀਪ ਸਿੰਘ, ਪਵਨ ਕੁਮਾਰ, ਰਕੇਸ਼ ਬਾਬੋਵਾਲ, ਕਮਲਜੀਤ ਸਿੰਘ, ਰਣਜੀਤ ਸਿੰਘ ਰਾਣਾ, ਗੁਰਦੇਵ ਸਿੰਘ, ਕੁਲਦੀਪ ਸਿੰਘ, ਜਗਜੀਵਨ ਸ਼ਰਮਾ, ਮਨਦੀਪ ਸਿੰਘ ਅਹੁਦੇਦਾਰ ਅਤੇ ਬਹੁਤ ਸਾਰੇ ਸਾਥੀ ਹਾਜ਼ਰ ਸਨ।



## ਸ਼ਰਨਦੀਪ ਕੌਰ ਅਤੇ ਪੂਜਾ ਬੈਸਟ ਟੀਚਰ ਐਵਾਰਡ ਨਾਲ ਸਨਮਾਨਤ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਦੇ ਅਧਿਆਪਕ ਮਿਸ ਸ਼ਰਨਦੀਪ ਕੌਰ ਅਤੇ ਮਿਸਿਜ ਪੂਜਾ ਨੂੰ ਉਨ੍ਹਾਂ ਦੀ ਵਧੀਆ ਕਾਰਗੁਜ਼ਾਰੀ ਦੇਖਦੇ ਹੋਏ ਬੈਸਟ ਟੀਚਰ ਲਈ ਚੁਣਿਆ ਗਿਆ।



ਇਸ ਦੌਰਾਨ ਉਹਨਾਂ ਨੂੰ ਸੀ.ਬੀ.ਐਸ.ਈ.ਸਹੋਦਿਆ ਸਕੂਲ ਕੰਪਲੈਕਸ ਗੁਰਦਾਸਪੁਰ ਵਿਖੇ ਡਾਕਟਰ ਰਾਜਾ ਕ੍ਰਿਸ਼ਨ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਵਿੱਚ ਡਾਕਟਰ ਐੱਸ. ਕੇ. ਮਿਸ਼ਰਾ ਵਾਈਸ ਕੌਂਸਲਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ ਅਤੇ ਸਕੂਲ ਦੇ ਹੋਰ ਮੈਂਬਰ ਵੀ ਸ਼ਾਮਿਲ ਸਨ। ਸਕੂਲ ਵਿਖੇ ਸਕੂਲ ਪ੍ਰਿੰਸੀਪਲ ਕਿਰਨ ਕੇਸਰ ਨੇ ਸਮੂਹ ਸਟਾਫ ਵੱਲੋਂ ਅਧਿਆਪਕਾ ਮਿਸ ਸ਼ਰਨਜੀਤ ਕੌਰ ਅਤੇ ਮਿਸਿਜ ਪੂਜਾ ਨੂੰ ਮੁਬਾਰਕਬਾਦ ਦਿੱਤੀ ਅਤੇ ਸਵੇਰ ਦੀ ਸਭਾ ਵਿੱਚ ਉਨ੍ਹਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਕਿਰਨ ਕੇਸਰ ਨੇ ਕਿਹਾ ਕਿ ਅਧਿਆਪਕ ਤੋਂ ਬਿਨਾਂ ਦੁਨੀਆ ਕੁੱਝ ਵੀ ਨਹੀਂ ਬਸ ਅੰਧਕਾਰ ਹੁੰਦਾ, ਨਮਨ ਕਰੀਏ ਉਨ੍ਹਾਂ ਅਧਿਆਪਕਾਂ ਨੂੰ ਜਿਨ੍ਹਾਂ ਨਾਲ ਰੌਸ਼ਨ ਸਾਰਾ ਜਹਾਨ ਹੁੰਦਾ। ਉਨ੍ਹਾਂ ਨੇ ਕਿਹਾ ਕਿ ਅਧਿਆਪਕ ਗਿਆਨ ਦਾ ਦੀਪਕ ਹੁੰਦੇ ਹਨ, ਜਿਹੜੇ ਕਿ ਅਗਿਆਨ ਦਾ ਹਨੇਰਾ ਮਿਟਾਉਂਦੇ ਹਨ। ਅਧਿਆਪਕ ਇੱਕ ਮਹਾਨ ਸਲਾਹਕਾਰ ਅਤੇ ਮਾਰਗ ਦਰਸ਼ਨ ਹੁੰਦੇ ਹਨ ਜੋ ਕਿ ਵਿਦਿਆਰਥੀਆਂ ਨੂੰ ਵਧੀਆ ਦਿਸ਼ਾ ਦਿੰਦੇ ਹਨ।

## ਆਜ਼ਾਦ ਉਮੀਦਵਾਰ ਮਨਦੀਪ ਸਿੰਘ ਖਾਲਸਾ ਨੇ ਸਾਥੀਆਂ ਸਮੇਤ ਆਪਣੀ ਚੋਣ ਮੁਹਿੰਮ ਆਰੰਭੀ

ਪੱਟੀ (ਸ਼ਮਸ਼ੇਰ ਸਿੰਘ ਯੋਧਾ)-ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਜ਼ਿਮਨੀ ਚੋਣ ਲੜਨ ਜਾ ਰਹੇ ਭਾਈ ਸੰਦੀਪ ਸਿੰਘ ਸੰਨੀ ਖਾਲਸਾ ਦੇ ਭਰਾਤਾ ਆਜ਼ਾਦ ਉਮੀਦਵਾਰ ਵਜੋਂ ਉੱਭਰ ਰਹੇ ਭਾਈ ਮਨਦੀਪ ਸਿੰਘ ਖਾਲਸਾ ਉਨ੍ਹਾਂ ਦੇ ਛੋਟੇ ਭਰਾਤਾ ਭਾਈ ਹਰਦੀਪ ਸਿੰਘ ਖਾਲਸਾ ਸਮੇਤ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਮਾਨ ਦਲ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਦੇ ਸਪੁੱਤਰ ਈਮਾਨ ਸਿੰਘ ਮਾਨ, ਜਨਰਲ ਸਕੱਤਰ ਜਥੇਦਾਰ ਹਰਪਾਲ ਸਿੰਘ ਬਲੇਰ ਅਤੇ ਚੇਅਰਮੈਨ ਕੁਲਵਿੰਦਰ ਸਿੰਘ ਗੰਡੀਵਿੰਡ ਆਦਿ ਹੋਰ ਆਗੂਆਂ ਨੇ ਸਵੇਰੇ 9:30 ਵਜੇ ਸਵੇਰੇ ਆਪਣੇ ਘਰ ਤੋਂ ਸਮੂਹ ਸਮਰਥਕਾਂ ਅਤੇ ਸਮੂਹ ਸਾਥੀਆਂ ਸਮੇਤ ਸ਼੍ਰੀ ਅਕਾਲ ਤਖ਼ਤ ਸਾਹਿਬ ਲਈ ਰਵਾਨਾ ਹੋਏ ਅਤੇ ਸ਼੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕੜਾਹ ਪ੍ਰਸ਼ਾਦ ਦੀ ਦੇਗ ਕਰਵਾ ਕੇ ਗੁਰੂ ਸਾਹਿਬ ਦੇ ਚਰਨਾਂ 'ਚ ਅਰਦਾਸ ਬੇਨਤੀ ਕੀਤੀ ਕਿ ਗੁਰੂ ਸਾਹਿਬ ਚੜ੍ਹਦੀਕਲਾ ਬਖਸ਼ਣ ਤੇ ਤਰਨਤਾਰਨ ਦੀ ਜ਼ਿਮਨੀ ਚੋਣ ਵੱਡੀ ਲੀਡ ਨਾਲ ਜਿੱਤਾਂ ਤਾਂ ਜੋ ਆਪਣੇ ਪੰਜਾਬ ਅਤੇ ਪੰਜਾਬੀਅਤ ਦੀ ਸੇਵਾ ਕਰ ਸਕਾਂ। ਕਾਫਲਾ ਗੁਰੂ ਸਾਹਿਬ ਦਾ ਓਟ ਆਸਰਾ ਲੈਣ ਉਪਰੰਤ ਤਰਨਤਾਰਨ ਸਾਹਿਬ ਨੂੰ ਰਵਾਨਾ ਹੋਇਆ। ਇਸ ਮੌਕੇ ਚੇਅਰਮੈਨ ਕੁਲਵਿੰਦਰ ਸਿੰਘ ਗੰਡੀਵਿੰਡ ਨੇ ਸਮੂਹ ਹਲਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਭਾਈ ਮਨਦੀਪ ਸਿੰਘ ਖਾਲਸਾ ਨੂੰ 11 ਨਵੰਬਰ ਨੂੰ ਹੋਣ ਜਾ ਰਹੀ ਇਲੈਕਸ਼ਨ ਵਿੱਚ ਵੱਧ ਤੋਂ ਵੱਧ ਵੋਟਾਂ ਪਾ ਕੇ ਵੱਡੀ ਲੀਡ ਨਾਲ ਜਿਤਾਇਆ



ਜਾਵੇ ਜਿਸ ਨਾਲ ਸਿੱਖ ਕੌਮ ਵਿੱਚ ਖੁਸ਼ੀ ਦੀ ਲਹਿਰ ਦੌੜੇਗੀ।

ਇਸ ਮੌਕੇ ਭਾਈ ਮਨਦੀਪ ਸਿੰਘ ਖਾਲਸਾ, ਭਾਈ ਹਰਦੀਪ ਸਿੰਘ ਖਾਲਸਾ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਮਾਨ ਦਲ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਦੇ ਸਪੁੱਤਰ ਈਮਾਨ ਸਿੰਘ ਮਾਨ, ਜਨਰਲ ਸਕੱਤਰ ਹਰਪਾਲ ਸਿੰਘ ਬਲੇਰ, ਚੇਅਰਮੈਨ ਕੁਲਵਿੰਦਰ ਸਿੰਘ ਗੰਡੀਵਿੰਡ, ਸੁਖਚੈਨ ਸਿੰਘ ਗੰਡੀਵਿੰਡ, ਭਾਈ ਸੰਦੀਪ ਸਿੰਘ ਸੰਨੀ ਖਾਲਸਾ ਦੀ ਧਰਮ ਸੁਪਤਨੀ ਅਤੇ ਉਨ੍ਹਾਂ ਦੇ ਸਮੂਹ ਪਰਿਵਾਰਕ ਮੈਂਬਰ ਹਾਜ਼ਰ ਸਨ।

## ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਦੀਨਾਨਗਰ ਹਲਕੇ ਦੀਆਂ ਵੱਖ-ਵੱਖ ਸੜਕਾਂ ਦੇ ਨੀਂਹ ਪੱਥਰ ਰੱਖੇ

ਦੀਨਾਨਗਰ-(ਬਲਵਿੰਦਰ ਸਿੰਘ ਬਿੱਲਾ)-ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਵਿਧਾਨਸਭਾ ਹਲਕਾ ਦੀਨਾਨਗਰ ਅੰਦਰ ਕਰੀਬ 5.54 ਕਰੋੜ ਰੁਪਏ ਦੀ ਲਾਗਤ ਨਾਲ ਉਸਾਰੀਆਂ ਜਾਣ ਵਾਲੀਆਂ 19.54 ਕਿਲੋਮੀਟਰ ਲੰਮੀਆਂ ਵੱਖ-ਵੱਖ ਲਿੰਕ ਸੜਕਾਂ ਦੇ ਨੀਂਹ ਪੱਥਰ ਰੱਖੇ ਗਏ।ਵਿਧਾਨਸਭਾ ਹਲਕੇ ਦੇ ਪਿੰਡ ਝਬਕਰਾ ਤੋਂ ਵਾਇਆ ਟਾਂਡਾ, ਕਾਹਨਾ ਤ੍ਰਿਮੋ ਰੋਡ ਤੱਕ 71.48 ਲੱਖ ਰੁਪਏ ਦੀ ਲਾਗਤ ਨਾਲ ਉਸਾਰੀ ਜਾਣ ਵਾਲੀ 3.90 ਕਿਲੋਮੀਟਰ ਲੰਮੀ ਸੜਕ, ਜੋਗੋਚੱਕ ਟਾਂਡਾ ਤੋਂ ਨਵਾਂ ਟਾਂਡਾ ਤੱਕ 19.21 ਲੱਖ ਦੀ ਲਾਗਤ ਨਾਲ 0.90 ਕਿਲੋਮੀਟਰ ਲੰਮੀ ਸੜਕ, ਦੀਨਾਨਗਰ ਬਹਿਰਾਮਪੁਰ ਰੋਡ ਦੇ ਪਿੰਡ ਅਵਾਂਖਾ ਦੇ ਜੇਆਰ ਸ਼ੈਲਰ ਤੋਂ ਬਾਹਮਣੀ ਤੱਕ ਵਾਇਆ ਦੋਦਵਾਂ 3.06 ਕਰੋੜ ਰੁਪਏ ਦੀ ਲਾਗਤ 5. 77 ਕਿਲੋਮੀਟਰ ਲੰਮੀ ਸੜਕ, ਡੀਡਾ ਸਾਂਸੀਆਂ ਤੋਂ ਡੀਡਾ ਸੈਣੀਆਂ ਤੱਕ 58.47 ਲੱਖ ਰੁਪਏ ਦੀ ਲਾਗਤ ਨਾਲ ਬਨਣ ਵਾਲੀ 1.94 ਕਿਲੋਮੀਟਰ ਲੰਮੀ ਸੜਕ, ਹਵੇਲੀ ਤੋਂ ਡੀਡਾ ਸੈਣੀਆਂ ਤੱਕ 56.63 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ 3.90 ਕਿਲੋਮੀਟਰ ਲੰਮੀ ਲਿੰਕ ਸੜਕ ਅਤੇ ਭਟੋਆ ਤੋਂ ਸਾਹੋਵਾਲ ਵਾਇਆ ਨਾਨੋਨੰਗਲ 52.73 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ



3.13 ਕਿਲੋਮੀਟਰ ਲੰਮੀ ਲਿੰਕ ਸੜਕਾਂ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਣ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਦੀਨਾਨਗਰ ਵਿਧਾਨਸਭਾ ਹਲਕੇ ਅੰਦਰ 34.84 ਕਰੋੜ ਰੁਪਏ ਦੀ ਲਾਗਤ ਨਾਲ 64 ਲਿੰਕ ਸੜਕਾਂ ਦੇ ਨਵੀਨੀਕਰਨ ਦਾ ਕੰਮ ਜ਼ੋਰ ਸ਼ੋਰ ਨਾਲ ਚੱਲ ਰਿਹਾ ਹੈ ਜਿਸ ਤਹਿਤ ਅੱਜ ਕਰੀਬ 5.54 ਕਰੋੜ ਰੁਪਏ ਦੀ ਲਾਗਤ ਵਾਲੀਆਂ ਲਿੰਕ ਸੜਕਾਂ ਦੇ ਨੀਂਹ ਪੱਥਰ ਰੱਖੇ ਗਏ ਹਨ।ਇਸ ਤੋਂ ਪਹਿਲਾਂ ਇਤਿਹਾਸਕ ਗੁਰਦੁਆਰਾ ਬੀਬੀ ਸੁੰਦਰੀ ਜੀ ਤੱਕ ਲਿੰਕ ਸੜਕ ਅਤੇ ਬਿਆਸ ਦਰਿਆ ਦੀ ਧੁੱਸੀ ਉੱਪਰ ਪੱਕੀ ਸੜਕ ਬਣਾਉਣ ਦੇ ਕੰਮ ਤੇਜ਼ੀ ਨਾਲ ਚੱਲ ਰਹੇ ਹਨ।ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਦੀਨਾਨਗਰ ਵਿਧਾਨਸਭਾ ਹਲਕੇ ਦੀਆਂ ਲਿੰਕ ਸੜਕਾਂ ਲੋਕਾਂ ਲਈ ਆਰਾਮਦੇਹ ਬਣਾਉਣ ਲਈ ਆਉਂਦੇ ਦਿਨਾਂ ਦੌਰਾਨ ਹੋਰ ਵੀ ਲਿੰਕ ਸੜਕਾਂ ਦੇ ਨਿਰਮਾਣ ਕੰਮ ਸ਼ੁਰੂ ਕਰਵਾਏ ਜਾ ਰਹੇ ਹਨ, ਜੋ ਆਉਂਦੇ ਕੁਝ ਦਿਨਾਂ ਤੱਕ ਨਿਰਮਾਣ ਕੰਮ ਪੂਰਾ ਹੋਣ ਮਗਰੋਂ ਲੋਕਾਂ ਨੂੰ ਸੁਖਾਲੀ ਆਵਾਜਾਈ ਦੀ ਸਹੂਲਤ ਪ੍ਰਦਾਨ ਕਰਨਗੀਆਂ।ਇਸ ਮੌਕੇ ਸਰਪੰਚ ਬਲਦੇਵ ਰਾਜ ਕਾਹਨਾ, ਨੰਬਰਦਾਰ ਜਗਦੀਸ਼ ਰਾਜ, ਓਗਰਾ ਦੇ ਸਾਬਕਾ ਸਰਪੰਚ ਅਮਰਜੀਤ ਸਿੰਘ, ਰਣਜੀਤ ਸਿੰਘ ਮੈਂਬਰ ਪੰਚਾਇਤ, ਸਰਪੰਚ ਹਰਜਿੰਦਰ ਸਿੰਘ ਜੋਗੋਚੱਕ ਟਾਂਡਾ, ਅਮਰਜੀਤ ਸਿੰਘ ਸਰਪੰਚ ਨਵਾਂ ਟਾਂਡਾ, ਪ੍ਰਿੰਸੀਪਲ ਸੰਸਾਰ ਸਿੰਘ ਝਬਕਰਾ, ਬਲਾਕ ਪ੍ਰਧਾਨ ਕਾਜਲ ਪੱਖੋਵਾਲ, ਸਰਪੰਚ ਨਿਤਿਨ ਸੈਣੀ ਦੋਦਵਾਂ, ਵਤਨ ਸਿੰਘ ਚੱਕ, ਸਰਪੰਚ ਵਰਿੰਦਰ ਕੁਮਾਰ ਰੰਗੜਪਿੰਡੀ, ਸਰਪੰਚ ਸੋਮ ਰਾਜ ਬਾਹਮਣੀ, ਸਤੀਸ਼ ਕੁਮਾਰ ਅਤੇ ਅਕਾਸ਼ ਡੀਡਾ ਸਾਂਸੀਆਂ ਵੀ ਮੌਜੂਦ ਸਨ।

## ਹਲਕਾ ਅਜਨਾਲਾ 'ਚ ਧਾਲੀਵਾਲ ਨੇ 4.37 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ

ਅੰਮ੍ਰਿਤਸਰ/ਅਜਨਾਲਾ, (ਜਸਬੀਰ ਸੰਘ ਪੱਟੀ)-ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਹਲਕੇ 'ਚ ਹੜ੍ਹਾਂ ਦੀ ਬਿਪਤਾ ਨਾਲ ਇਕ ਲੋਕ ਪੱਖੀ ਅੰਦੋਲਨਕਾਰੀ ਵਾਂਗ ਵਿਚਰਨ ਪਿੱਛੋਂ ਅਜਨਾਲਾ ਹਲਕੇ 'ਚ 4 ਕਰੋੜ 37 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖ ਕੇ ਪਿਟਾਰਾ ਖੋਲ੍ਹਿਆ। ਸੰਬੋਧਨ ਕਰਦਿਆਂ ਧਾਲੀਵਾਲ ਨੇ ਸਪੱਸ਼ਟ ਕੀਤਾ ਕਿ ਪੰਜਾਬ 'ਚ ਪਿਛਲੇ 75 ਸਾਲਾਂ ਤੋਂ ਰਵਾਇਤੀ ਪਾਰਟੀਆਂ ਉਤਰ ਕਾਟੋ ਮੈਂ ਚੜ੍ਹਾਂ ਦੀ ਗਿਣੀ ਮਿੱਥੀ ਨੀਤੀ ਤਹਿਤ ਰਾਜ ਕਰਦੀਆਂ ਰਹੀਆਂ ਹਨ।



ਸ. ਧਾਲੀਵਾਲ ਨੇ ਨੀਂਹ ਪੱਥਰ ਰੱਖਣ ਸਮਾਰੋਹਾਂ ਦੌਰਾਨ 24.97 ਲੱਖ ਰੁਪਏ ਦੀ ਲਾਗਤ ਵਾਲੇ ਲਿੰਕ ਸੜਕ ਤੇੜਾ ਕਲਾਂ ਤੋਂ ਮੁਕਾਮ, 31.2 ਲੱਖ ਰੁਪਏ ਦੀ ਲਾਗਤ ਨਾਲ ਜ਼ੈਲਦਾਰ ਦੇ ਘਰ ਨੂੰ ਜਾਂਦੀ ਫਿਰਨੀ ਤੇੜਾ ਕਲਾਂ, 43.33 ਲੱਖ ਰੁਪਏ ਦੀ ਲਾਗਤ ਨਾਲ ਲਿੰਕ ਸੜਕ ਸਾਰੰਗਦੇਵ ਗੱਮਚੁੱਕ ਰੋਡ ਤੋਂ ਅਬਾਦੀ ਸੋਹਣ ਸਿੰਘ ਵਾਲਾ, 2.7 ਕਰੋੜ ਰੁਪਏ ਦੀ ਲਾਗਤ ਨਾਲ ਮਾਰਕੀਟ ਕਮੇਟੀ ਅਜਨਾਲਾ ਅਧੀਨ ਪੈਂਦੀਆਂ ਵੱਖ-ਵੱਖ ਦਾਣਾ ਮੰਡੀਆਂ ਦੇ ਸਟੀਲ ਕਵਰ ਸ਼ੈੱਡਾਂ ਦੀ ਉਸਾਰੀ, ਇਸੇ ਤਰ੍ਹਾਂ ਮੰਡੀ ਅਵਾਣ ਵਿਖੇ 1 ਕਰੋੜ 1 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਕਵਰ ਸ਼ੈੱਡ ਅਤੇ 29.17 ਲੱਖ ਰੁਪਏ ਦੀ ਲਾਗਤ ਨਾਲ ਰਮਦਾਸ-ਕਾਮਲਪੁਰਾ ਰੋਡ ਤੋਂ ਕੋਟ ਗੁਰਬਖ਼ਸ਼ ਵਿਕਾਸ ਪ੍ਰੋਜੈਕਟਾਂ ਦੇ ਨੀਂਹ ਪੱਥਰ ਜ਼ਿੰਦਾਬਾਦ ਨਾਅਰਿਆਂ ਦੀ ਗੂੰਜ ਦਰਮਿਆਨ ਰੱਖੇ।ਸ. ਧਾਲੀਵਾਲ ਨੇ ਮੌਕੇ 'ਤੇ ਮੌਜੂਦ ਅਧਿਕਾਰੀਆਂ ਨੂੰ ਇਨ੍ਹਾਂ ਵਿਕਾਸ ਕਾਰਜਾਂ ਨੂੰ ਗੁਣਵੱਤਾ ਤੇ ਪਾਰਦਰਸ਼ਤਾ ਦੇ ਮਿਆਰ ਤਹਿਤ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕਰਨ ਦੇ ਆਦੇਸ਼ ਜਾਰੀ ਕੀਤੇ।

ਇਸ ਮੌਕੇ ਖੁਸ਼ਪਾਲ ਸਿੰਘ ਧਾਲੀਵਾਲ, ਪੀਏ ਮੁਖਤਾਰ ਸਿੰਘ ਬਲੜਵਾਲ, ਮਾਰਕੀਟ ਕਮੇਟੀ ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ, ਓਐੱਸਡੀ ਗੁਰਜੰਟ ਸਿੰਘ ਸੋਹੀ, ਚੇਅਰਮੈਨ ਗੁਰਸ਼ਰਨ ਸਿੰਘ ਜ਼ੈਲਦਾਰ, ਸਰਪੰਚ ਮਨਦੀਪ ਸਿੰਘ ਖੋਜੀ ਤੇੜਾ, ਪ੍ਰਧਾਨ ਭੱਟੀ ਜਸਪਾਲ ਸਿੰਘ ਢਿੱਲੋਂ, ਸ਼ਹਿਰੀ ਪ੍ਰਧਾਨ ਤੇ ਚੇਅਰਮੈਨ ਅਮਿਤ ਔਲ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

## ਵਿਸ਼ਵ ਦ੍ਰਿਸ਼ਟੀ ਦਿਵਸ ਮੌਕੇ ਸਿਹਤ ਵਿਭਾਗ ਨੇ ਕਰਵਾਇਆ ਵਿਸ਼ੇਸ਼ ਸਮਾਗਮ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਡਾ.




ਸਵਰਨਜੀਤ ਧਵਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਹਾਇਕ ਸਿਵਲ ਸਰਜਨ ਕੰਮ ਨੋਡਲ ਅਫਸਰ ਐੱਨਪੀਸੀਬੀ ਡਾ. ਰਜਿੰਦਰ ਪਾਲ ਕੌਰ ਦੀ ਅਗਵਾਈ ਹੇਠ ਵਿਸ਼ਵ ਦ੍ਰਿਸ਼ਟੀ ਦਿਵਸ ਮੌਕੇ ਇੱਕ ਵਿਸ਼ੇਸ਼ ਸਮਾਗਮ ਕਰਾਇਆ ਗਿਆ। ਜਿਸ ਦੌਰਾਨ ਪੂਰੇ ਜ਼ਿਲੇ ਭਰ ਵਿੱਚ ਜਾਗਰੂਕਤਾ ਲਈ ਇੱਕ ਬੈਨਰ ਰਿਲੀਜ਼ ਕੀਤਾ ਗਿਆ।ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸਵਰਨਜੀਤ ਧਵਨ ਨੇ ਕਿਹਾ ਕਿ ਮੋਬਾਇਲ ਫੋਨ ਅਤੇ ਕੰਪਿਊਟਰ ਦੀ ਲੋੜ ਤੋਂ ਵੱਧ ਵਰਤੋਂ ਅੱਖਾਂ ਲਈ ਘਾਤਕ ਸਿੱਧ ਹੋ ਸਕਦੀ ਹੈ।ਉਨ੍ਹਾਂ ਕਿਹਾ ਕਿ ਵਾਰ-ਵਾਰ ਅੱਖਾਂ ਨੂੰ ਮਲਣ ਨਾਲ ਵੀ ਅੱਖਾਂ ਵਿੱਚ ਇਨਫੈਕਸ਼ਨ ਹੋਣ ਦਾ ਖਤਰਾ ਵੱਧ ਸਕਦਾ ਹੈ, ਇਸ ਤੋਂ ਇਲਾਵਾ ਸਹੀ ਖੁਰਾਕ ਨਾ ਲੈਣਾ ਵੀ ਅੱਖਾਂ ਦੀ ਰੌਸ਼ਨੀ ਉਤੇ ਅਸਰ ਪਾਉਂਦਾ ਹੈ।ਉਨ੍ਹਾਂ ਨੇ ਸਕੂਲਾਂ ਦੇ ਵਿਦਆਰਥੀਆਂ ਨੂੰ ਸੁਝਾਓ ਦਿੱਤਾ ਕਿ ਜੇਕਰ ਅੱਖਾਂ ਤੋਂ ਦੇਖਣ ਵਿੱਚ ਕੋਈ ਵੀ ਹਲਕੀ ਜਾਂ ਗੰਭੀਰ ਮੁਸ਼ਕਿਲ ਆ ਰਹੀ ਹੈ ਤਾਂ ਤੁਰੰਤ ਆਪਣੇ ਨੇੜੇ ਦੇ ਸਿਹਤ ਕੇਂਦਰ ਤੋਂ ਅੱਖਾਂ ਦੀ ਰੌਸ਼ਨੀ ਦੀ ਜਾਂਚ ਕਰਾਉਣੀ ਚਾਹੀਦੀ ਹੈ ਅਤੇ ਆਪਣੀ ਖ਼ੁਰਾਕ ਵਿੱਚ ਵਿਟਾਮਿਨ ਏ ਅਤੇ ਸੀ ਵਾਲੀ ਖ਼ੁਰਾਕ ਜ਼ਰੂਰ ਲੈਣੀ ਚਾਹੀਦੀ ਹੈ।ਇਸ ਮੌਕੇ ਸਹਾਇਕ ਸਰਜਨ ਡਾ. ਰਜਿੰਦਰ ਪਾਲ ਕੌਰ ਨੇ ਕਿਹਾ ਕਿ ਸਿਹਤ ਵਿਭਾਗ ਲਗਾਤਾਰ ਨੈਸ਼ਨਲ ਪ੍ਰੋਗਰਾਮ ਆਨ ਕੰਟਰੋਲ ਆਫ ਬਲਾਇੰਡਨੈੱਸ ਅਤੇ ਵਿਜ਼ੂਅਲ ਇੰਪੇਅਰਮੈਂਟ ਤਹਿਤ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ ? ਉਨ੍ਹਾਂ ਬੱਚਿਆਂ ਨੂੰ ਕਿਹਾ ਕਿ ਅੱਖਾਂ ਦੀ ਰੌਸ਼ਨੀ ਲਈ ਚੰਗੀ ਖ਼ੁਰਾਕ ਜ਼ਰੂਰ ਲੈਣ, ਇਲੈਕਟ੍ਰੋਨਿਕ ਗੈਜੇਟ ਦੀ ਵਰਤੋਂ ਲੋੜ ਤੋਂ ਵੱਧ ਨਾ ਕਰਨ। ਜੇਕਰ ਰੌਸ਼ਨੀ ਅੱਖਾਂ ਦੀ ਘੱਟ ਹੈ ਤਾਂ ਚਸ਼ਮਾ ਲਗਾਉਣ।

ਇਸ ਤੋਂ ਇਲਾਵਾ ਸਾਨੂੰ ਅਪਣਾ ਲਾਈਫ ਸਟਾਈਲ ਦਰੁਸਤ ਕਰਨ ਅਤੇ ਜੰਕ ਫੂਡ ਤੋਂ ਪਰਹੇਜ਼ ਕਰਨ ਦੀ ਸਖਤ ਜ਼ਰੂਰਤ ਹੈ। ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਭਾਰਤੀ ਧਵਨ, ਜ਼ਿਲਾ ਸਿਹਤ ਅਫਸਰ ਡਾ. ਜਸਪਾਲ ਸਿੰਘ, ਜ਼ਿਲਾ ਏ. ਈ. ਆਈ. ਓ. ਅਮਰਦੀਪ ਸਿੰਘ, ਕੋਆਰਡੀਨੇਟਰ ਸੰਦੀਪ ਜੀਆਣੀ ਸਮੇਤ ਸਮੂਹ ਸਟਾਫ ਹਾਜ਼ਰ ਸੀ।

## ਜੇ ਪੀ ਐੱਮ ਓ ਵੱਲੋਂ 22 ਨੂੰ ਮਨਾਇਆ ਜਾਵੇਗਾ ਵਿਸ਼ਵਕਰਮਾ ਦਿਵਸ



ਬਟਾਲਾ (ਤਰਲੋਕ ਬੱਗਾ)- ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਤਹਿਸੀਲ ਬਟਾਲਾ ਦੀ ਮੀਟਿੰਗ ਵਿਸ਼ਵਕਰਮਾ ਦਿਵਸ ਮਨਾਉਣ ਬਾਰੇ ਸਾਥੀ ਜਗੀਰ ਸਿੰਘ ਕਿਲ੍ਹਾ ਲਾਲ ਸਿੰਘ ਦੀ ਪ੍ਰਧਾਨਗੀ ਹੇਠ ਦਫ਼ਤਰ ਲੀਕ ਲਾਲ ਤਲਾਬ ਬਟਾਲਾ ਵਿਖੇ ਹੋਈ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਜੇਪੀਐੱਮਓ ਦੇ ਤਹਿਸੀਲ ਸਕੱਤਰ ਸਾਥੀ ਸ਼ਮਸ਼ੇਰ ਸਿੰਘ ਨਵਾਂ ਪਿੰਡ ਨੇ ਕਿਹਾ ਕਿ 22 ਅਕਤੂਬਰ ਨੂੰ ਵਿਸ਼ਵਕਰਮਾ ਦਿਵਸ ਲੀਕ ਵਾਲਾ ਤਲਾਬ ਵਿਖੇ ਮਨਾਇਆ ਜਾਵੇਗਾ। ਮਜ਼ਦੂਰਾਂ ਨੂੰ ਜਿੱਥੇ ਉਨ੍ਹਾਂ ਦੇ ਹੱਕਾਂ ਬਾਰੇ ਦੱਸਿਆ ਜਾਵੇਗਾ ਉਥੇ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਜਿਨ੍ਹਾਂ ਕਰਕੇ ਮਜ਼ਦੂਰਾਂ ਨੂੰ ਮਿਲਦੀਆਂ ਵੱਖ-ਵੱਖ ਸਹੂਲਤਾਂ ਇੱਕ ਇੱਕ ਕਰਕੇ ਖੋਹੀਆਂ ਜਾ ਰਹੀਆਂ ਹਨ ਅਤੇ ਜਿਵੇਂ 44 ਕਿਰਤ ਕਾਨੂੰਨਾਂ ਨੂੰ 4 ਕੋਡਾਂ ਵਿੱਚ ਤਬਦੀਲੀ ਕਰਨਾ, 8 ਘੰਟੇ ਦੀ ਦਿਹਾੜੀ 12 ਘੰਟੇ ਕਰਨਾ, ਮਨਰੇਗਾ ਕਾਨੂੰਨ ਨੂੰ ਖ਼ਤਮ ਕਰਨ ਦੀਆਂ ਸਾਜ਼ਿਸ਼ਾਂ ਖ਼ਿਲਾਫ਼ ਲਾਮਬੰਦੀ ਕੀਤੀ ਜਾਵੇਗੀ। ਇਸ ਮੌਕੇ ਮੁਖਤਾਰ ਸਿੰਘ ਭਾਗੋਵਾਲ, ਅਵਤਾਰ ਸਿੰਘ ਮੁਰਗੀ ਮੁਹੱਲਾ, ਗੁਰਨਾਮ ਸਿੰਘ ਬਾਉਲੀ, ਇੰਦਰਜੀਤ ਬਟਾਲਾ, ਬਲਵਿੰਦਰ ਪਾਲ ਮਿਸ਼ਰਪੁਰਾ, ਗੁਰਨਾਮ ਸਿੰਘ ਰੂਪੋਵਾਲੀ ਬਾਹਮਣੀ ਆਦਿ ਸਾਥੀ ਹਾਜ਼ਰ ਸਨ।

## ਨਵੀਆਂ ਵਿਕਸਿਤ ਹੋ ਰਹੀਆਂ ਅਣ-ਅਧਿਕਾਰਤ ਕਲੋਨੀਆਂ ਉੱਪਰ ਚੱਲਿਆ ਪੀਲਾ ਪੰਜਾ

ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਨਿਤੇਸ਼ ਕੁਮਾਰ ਜੈਨ ਅਤੇ ਵਧੀਕ ਮੁੱਖ ਪ੍ਰਸ਼ਾਸਕ ਇਨਾਯਤ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ) ਗੁਰਸੇਵਕ ਸਿੰਘ ਔਲਖ ਦੀ ਅਗਵਾਈ ਹੇਠ ਏਡੀਏ ਦੇ ਰੈਗੂਲੇਟਰੀ ਵਿੰਗ ਵੱਲੋਂ ਥਾਣਾ ਕੰਬੋਅ ਦੇ ਪੁਲਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਅਜਨਾਲਾ ਰੋਡ ਉਪਰ ਪੈਂਦੇ ਪਿੰਡ ਕੰਬੋਅ ਅਤੇ ਰਾਮਤੀਰਥ ਰੋਡ ਉੱਪਰ ਪੈਂਦੇ ਪਿੰਡ ਗੌਂਸਾਬਾਦ ਵਿਖੇ ਬਣ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ ਗਿਆ।ਰੈਗੂਲੇਟਰੀ ਵਿੰਗ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਉਕਤ ਪਿੰਡਾਂ ਵਿੱਚ ਵਿਕਸਿਤ ਕੀਤੀਆਂ ਜਾ ਰਹੀਆਂ ਨਵੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਜੋ ਉਕਤ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਵੱਲੋਂ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਸਨ।ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ



ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਵੀ ਕੀਤਾ ਜਾ ਸਕਦਾ ਹੈ।ਵਿਭਾਗ ਵੱਲੋਂ ਹੁਣ ਤੱਕ ਕੁੱਲ 26 ਅਣ-ਅਧਿਕਾਰਿਤ ਕਲੋਨੀ ਕੱਟਣ ਵਾਲੇ ਕਲੋਨਾਈਜ਼ਰਾਂ ਅਤੇ ਅਣ-ਅਧਿਕਾਰਤ ਉਸਾਰੀ ਕਰਨ ਵਾਲੇ ਉਸਾਰੀਕਰਤਾਵਾਂ ਵਿਰੁੱਧ ਐੱਫਆਈਆਰ ਦਰਜ ਕਰਨ ਲਈ ਪੁਲਸ ਵਿਭਾਗ ਨੂੰ ਲਿਖਿਆ ਜਾ ਚੁੱਕਾ ਹੈ।ਇਸ ਤੋਂ ਇਲਾਵਾ ਪੁੱਡਾ ਦੇ ਰੈਗੂਲੇਟਰੀ ਵਿੰਗ ਵੱਲੋਂ ਸਮੇਂ-ਸਮੇਂ ਤੇ ਜ਼ਿਲਾ ਅੰਮ੍ਰਿਤਸਰ ਅੰਦਰ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਅਤੇ ਉਸਾਰੀਆਂ ਦਾ ਮੌਕਾ ਚੈੱਕ ਕਰਦੇ ਹੋਏ ਸਬੰਧਤ ਐਕਟ ਤਹਿਤ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਸਬੰਧਤ ਥਾਣਾ ਅਫਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ।ਏਡੀਏ ਦੇ ਰੈਗੂਲੇਟਰੀ ਵਿੰਗ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮੰਜ਼ੂਰਸ਼ੁਦਾ ਨਹੀਂ ਹਨ, ਉਨ੍ਹਾਂ ਵਿੱਚ ਪੈਂਦੇ ਪਲਾਟਾਂ ਦੀ ਵਿਕਰੀ ਸਬੰਧੀ ਕਿਸੇ ਵੀ ਇਸ਼ਤਿਹਾਰ ਅਨੁਸਾਰ ਪਲਾਟ ਖਰੀਦਣ ਤੋਂ ਪਹਿਲਾਂ ਉਸ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮਜ਼ੂਰੀ ਦੀ ਮੰਗ ਜ਼ਰੂਰ ਕਰਨ ਤਾਂ ਜੋ ਉਨ੍ਹਾਂ ਦੇ ਧਨ ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਉਨ੍ਹਾਂ ਲਈ ਪਰੇਸ਼ਾਨੀ ਦਾ ਕਾਰਨ ਨਾ ਬਣੇ।ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਇਹ ਵੀ ਅਪੀਲ ਕੀਤੀ ਗਈ ਕਿ ਜ਼ਿਲੇ ਅੰਦਰ ਕਿਸੇ ਵੀ ਜਗ੍ਹਾ ਉਪਰ ਕਿਸੇ ਵੀ ਪ੍ਰਕਾਰ ਦੀ ਉਸਾਰੀ ਕਰਨ ਤੋਂ ਪਹਿਲਾਂ ਪੁੱਡਾ ਵਿਭਾਗ ਪਾਸੋਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨ ਉਪਰੰਤ ਹੀ ਉਸਾਰੀ ਕੀਤੀ ਜਾਵੇ।

11 Oct Page 12.qxd 10/10/2025 10:31 PM Page 1



# 1 ਕਿਲੋ 100 ਗ੍ਰਾਮ ਹੈਰੋਇਨ ਸਮੇਤ 3 ਗ੍ਰਿਫਤਾਰ

**ਟਾਂਡਾ ਉੜਮੁੜ, ਔੜਾ ਸਰਾਂ, (ਜਸਵਿੰਦਰ ਸਿੰਘ, ਓਂਕਾਰ ਸਿੰਘ, ਜਸਵੀਰ ਕਾਜਲ)**- ਟਾਂਡਾ ਪੁਲਸ ਨੇ ਤਿੰਨ ਨੌਜਵਾਨਾਂ ਨੂੰ ਵੱਡੀ ਮਾਤਰਾ ਵਿੱਚ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਹੈ। ਡੀ.ਐਸ.ਪੀ ਦਫਤਰ ਟਾਂਡਾ ਵਿਖੇ ਕੀਤੀ ਗਈ ਪ੍ਰੈਸ ਕਾਨਫਰੰਸ ਦੌਰਾਨ



ਡੀ.ਐਸ.ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਮੁਖੀ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਤੇ ਪੰਜਾਬ ਸਰਕਾਰ ਵੱਲੋਂ ਵਿੱਢੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਥਾਣਾ ਮੁਖੀ ਟਾਂਡਾ ਇੰਸਪੈਕਟਰ ਗੁਰਿੰਦਰਜੀਤ ਸਿੰਘ ਦੀ ਟੀਮ ਪਿੰਡ ਪੱਤੀ ਤਲਵੰਡੀ ਸੱਲਾਂ ਵੱਲ ਗਸ਼ਤ ਕਰ ਰਹੀ ਸੀ ਤਾਂ ਟੀ ਪੁਆਇੰਟ ਤਲਵੰਡੀ ਸੱਲਾਂ ਨਜ਼ਦੀਕ ਕਾਰ ਵਿੱਚ ਸਵਾਰ ਨੌਜਵਾਨਾਂ ਨੂੰ ਸ਼ੱਕ ਦੇ ਅਧਾਰ 'ਤੇ ਰੋਕਿਆ ਗਿਆ, ਜਿਨ੍ਹਾਂ ਨੇ ਭੱਜਣ ਦੀ ਕੋਸ਼ਿਸ਼ ਕੀਤੀ ਪਰ ਉਨ੍ਹਾਂ ਨੂੰ ਕਾਬੂ ਕੀਤਾ ਗਿਆ। ਉਹਨਾਂ ਦੱਸਿਆ ਕਿ ਕਾਬੂ ਕੀਤੇ ਗਏ ਨੌਜਵਾਨਾਂ ਦੀ ਪਛਾਣ ਬਲਵਿੰਦਰ ਸਿੰਘ ਉਰਫ ਵੱਡਾ ਅਤੇ ਬਲਵੀਰ ਖਾਨ ਪੁੱਤਰ ਹਲੀਮ ਖਾਨ ਦੋਨੋਂ ਨਿਵਾਸੀ ਪਿੰਡ ਗੁੜਾਣਾ ਜ਼ਿਲ੍ਹਾ ਮੋਹਾਲੀ ਅਤੇ ਜਸ਼ਨਦੀਪ ਸਿੰਘ ਉਰਫ ਜਸ਼ਨ ਪੁੱਤਰ ਮਨਮੋਹਨ ਸਿੰਘ ਵਾਸੀ ਪਿੰਡ ਕੱਟਲੀ ਜੰਡ ਟਾਂਡਾ ਵਜੋਂ ਹੋਈ ਹੈ। ਉਕਤ ਨੌਜਵਾਨਾਂ ਦੀ ਤਲਾਸ਼ੀ ਲੈਣ 'ਤੇ ਇਹਨਾਂ ਪਾਸੋਂ 1 ਕਿਲੋ 100 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਜਿਸ ਦੀ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੀਮਤ ਕਰੋੜਾਂ ਰੁਪਏ ਦੱਸੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਇਹਨਾਂ ਤਿੰਨਾਂ ਨੌਜਵਾਨਾਂ ਨੂੰ ਗ੍ਰਿਫਤਾਰ ਕਰਕੇ ਮਾਮਲਾ ਦਰਜ ਕਰ ਲਿਆ ਹੈ ਅਤੇ ਇਹਨਾਂ ਨਸ਼ਾ ਤਸਕਰਾਂ ਦੀ ਸਪਲਾਈ ਲਾਈਨ ਦਾ ਪਤਾ ਲਗਾਇਆ ਜਾ ਰਿਹਾ ਹੈ।

# ਕਾਮਰੇਡ ਗੁਰਮੇਲ ਸਿੰਘ ਮੋਗਾ ਦਾ 63ਵਾਂ ਜਨਮ ਦਿਨ ਮਨਾਇਆ

**ਮੋਹਾਲੀ/ਜਲੰਧਰ (ਜਗਤਾਰ ਸਿੰਘ ਭੁੰਗਰਨੀ/ਰਾਜੇਸ਼ ਥਾਪਾ)**- ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਅਤੇ ਪੰਜਾਬ ਪੈਨਸ਼ਨਰਜ਼ ਯੂਨੀਅਨ ਸੰਬੰਧਤ ਏਟਕ ਵੱਲੋਂ ਕਾਮਰੇਡ ਗੁਰਮੇਲ ਸਿੰਘ ਮੋਗਾ ਦਾ 63 ਵਾਂ ਜਨਮ ਦਿਨ ਖਜ਼ਿਆਰ (ਹਿਮਾਚਲ ਪ੍ਰਦੇਸ਼) ਵਿਖੇ ਸ਼ੁੱਕਰਵਾਰ ਜਥੇਬੰਦੀ ਦੇ ਸੂਬਾ ਪ੍ਰਧਾਨ ਦੀਦਾਰ ਸਿੰਘ ਪੱਡਾ, ਜਨਰਲ ਸਕੱਤਰ ਗੁਰਜੰਟ ਸਿੰਘ ਕੋਕਰੀ, ਨਵਦੀਪ ਸਿੰਘ, ਸੁਰਿੰਦਰ ਸਿੰਘ ਬਰਾੜ, ਇਕਬਾਲ ਸਿੰਘ ਪਠਾਨਕੋਟ ਅਤੇ ਬਹੁਤ ਸਾਰੇ ਹੋਰ ਰੋਡਵੇਜ਼ ਮੁਲਾਜ਼ਮਾਂ, ਪੰਜਾਬ ਪੈਨਸ਼ਨਰ ਯੂਨੀਅਨ ਦੇ ਸੂਬਾਈ ਚੇਅਰਮੈਨ ਅਵਤਾਰ ਸਿੰਘ ਗਗੜਾ, ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਅਤੇ ਜਨਰਲ ਸਕੱਤਰ ਪ੍ਰੇਮ ਚਾਵਲਾ ਤੇ ਗੁਰਮੇਲ ਸਿੰਘ ਮੋਗਾ ਦੀ ਜੀਵਣ ਸਾਥਣ ਅਤੇ ਆਂਗਨਵਾੜੀ ਵਰਕਰ ਆਗੂ ਗੁਰਚਰਨ ਕੌਰ ਮੋਗਾ, ਬਨੇਗਾ ਮੁਹਿੰਮ ਦੇ ਮੁੱਖ ਸਲਾਹਕਾਰ ਜਗਰੂਪ ਸਿੰਘ ਵੱਲੋਂ ਸਾਂਝੇ ਤੌਰ 'ਤੇ ਕੇਕ ਕੱਟ ਕੇ ਸਾਹਮਣੇ ਫੁੱਲ ਮਾਲਾ ਭੇਟ ਕਰਕੇ ਮਨਾਇਆ ਗਿਆ। ਇਸ ਮੌਕੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਅਤੇ ਜਗਰੂਪ ਸਿੰਘ ਨੇ ਕਿਹਾ



ਕਿ ਕਾਮਰੇਡ ਗੁਰਮੇਲ ਸਿੰਘ ਮੋਗਾ ਨੇ ਪੂਰੀ ਸਿਧਾਂਤਕ ਸਮਝ ਤੇ ਸੰਬੰਧੋਕ ਪਕੜ ਨਾਲ ਨਾ ਕੇਵਲ ਰੋਡਵੇਜ਼ ਮੁਲਾਜ਼ਮਾਂ ਲਈ ਬਲਕਿ ਹੋਰਨਾਂ ਵਿਭਾਗਾਂ ਦੇ ਮੁਲਾਜ਼ਮਾਂ ਦੇ ਹੱਕਾਂ ਵਾਸਤੇ ਪੂਰੀ ਸਰਗਰਮੀ ਨਾਲ ਕੰਮ ਕੀਤਾ। ਉਹਨਾਂ ਕਿਹਾ ਕਿ ਗੁਰਮੇਲ ਸਿੰਘ ਮੋਗਾ ਦੇ ਜੀਵਨ ਤੋਂ ਪ੍ਰੇਰਨਾ ਲੈਣ ਦੀ ਲੋੜ ਹੈ। ਉਹਨਾਂ ਕਿਹਾ ਕਿ ਜਦੋਂ ਸਾਥੀ ਗੁਰਮੇਲ ਸਿੰਘ ਨਾਮੁਰਾਦ ਬਿਮਾਰੀ ਕਾਰਨ ਜੀਵਨ-ਮੌਤ ਦੀ ਲੜਾਈ ਲੜ ਰਹੇ ਸਨ ਤਾਂ ਉਹਨਾਂ ਦੀ ਸਮਝ ਸੀ ਕਿ ਮੁਲਾਜ਼ਮਾਂ ਦੀ ਚੇਤਨਤਾ ਦਾ ਪੱਧਰ ਉੱਚਾ ਚੁੱਕਣ ਲਈ ਇਹ ਸਿਧਾਂਤਕ ਸਕੂਲ ਲਗਾਤਾਰ ਜਾਰੀ ਰਹਿਣੇ ਚਾਹੀਦੇ ਹਨ। ਉਹਨਾਂ ਕਿਹਾ ਕਿ ਇਸ ਰਵਾਇਤ ਨੂੰ ਲਗਾਤਾਰ ਜਾਰੀ ਰਖਦੇ ਹੋਏ ਇਸ ਵਾਰ 21 ਵਾਂ ਸਿਧਾਂਤਕ ਸਕੂਲ ਲਗਾਇਆ ਜਾ ਰਿਹਾ ਹੈ। ਇਹਨਾਂ ਤੋਂ ਇਲਾਵਾ ਅਮਰੀਕ ਸਿੰਘ ਬਟਾਲਾ, ਗੁਰਮੇਲ ਚੰਦ ਨਵਾਂ ਸ਼ਹਿਰ, ਮੋਹਨਜੀਤ ਸਿੰਘ, ਬਲਵਿੰਦਰ ਕੌਰ ਖੋਸਾ, ਮਹਿੰਦਰ ਸਿੰਘ ਰੋਪੜ, ਸੰਜੀਵ ਕੌਰ, ਨਵਜੀਤ ਸਿੰਘ, ਹਰਜਿੰਦਰ ਸਿੰਘ ਸੀਲੋਂ, ਨਸੀਬ ਸਿੰਘ ਰੋਪੜ, ਦਰਸ਼ਨ ਸਿੰਘ ਥਰੀਕੇ, ਤਰਸੇਮ ਨਰੂਲਾ ਫਰੀਦਕੋਟ, ਜਗਦੀਸ਼ ਸਿੰਘ ਜਗਰਾਉਂ, ਅਜਮੇਰ ਸਿੰਘ, ਭੁਪਿੰਦਰ ਸਿੰਘ ਭਿੰਦਾ, ਦਲਜੀਤ ਸਿੰਘ ਜਗਰਾਉਂ, ਗੁਰਦੀਪ ਸਿੰਘ ਪਠਾਨਕੋਟ ਤੇ ਸੁਰੇਸ਼ ਕੁਮਾਰ ਪਠਾਨਕੋਟ ਆਦਿ ਮੌਜੂਦ ਸਨ।

# ਜਲੰਧਰ ਪ੍ਰਸ਼ਾਸਨ ਵੱਲੋਂ 56 ਸੜਕੀ ਦੁਰਘਟਨਾਵਾਂ ਵਾਲੀਆਂ ਥਾਵਾਂ ਦੀ ਪਹਿਚਾਣ

**ਜਲੰਧਰ (ਸ਼ੈਲੀ ਐਲਬਰਟ)**- ਸੜਕ ਸੁਰੱਖਿਆ ਨੂੰ ਹੋਰ ਮਜ਼ਬੂਤ ਬਣਾਉਣ ਵੱਲ ਕਦਮ ਚੁੱਕਦਿਆਂ ਜਲੰਧਰ ਪ੍ਰਸ਼ਾਸਨ ਵਲੋਂ ਜ਼ਿਲ੍ਹੇ ਵਿੱਚ ਸੰਭਾਵੀ ਹਾਦਸਾ ਹੋਣ ਵਾਲੀਆਂ 56 ਥਾਵਾਂ ਦੀ ਪਹਿਚਾਣ ਕੀਤੀ ਗਈ ਹੈ ਅਤੇ ਸੜਕੀ ਹਾਦਸਿਆਂ ਦੀ ਰੋਕਥਾਮ ਲਈ ਇਨ੍ਹਾਂ ਥਾਵਾਂ ਉਤੇ ਤੁਰੰਤ ਲੋੜੀਂਦੇ ਮਾਪਦੰਡਾਂ ਅਨੁਸਾਰ ਸੁਧਾਰ ਸ਼ੁਰੂ ਕੀਤੇ ਗਏ ਹਨ। ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਬੰਧਿਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਜਦੋਂ ਤੱਕ ਹਾਦਸਿਆਂ ਵਾਲੀਆਂ ਥਾਵਾਂ ਠੀਕ ਨਹੀਂ ਹੋ ਜਾਂਦੀਆਂ, ਉਦੋਂ ਤੱਕ ਰਾਹਗੀਰਾਂ ਨੂੰ ਸੁਚੇਤ ਕਰਨ ਲਈ ਸਾਈਨ ਬੋਰਡ ਲਗਵਾਏ ਜਾਣ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਨ੍ਹਾਂ ਹਾਦਸਿਆਂ ਵਾਲੀਆਂ ਥਾਵਾਂ ਦੀ ਪਹਿਚਾਣ ਕੀਤੀ ਗਈ ਹੈ, ਉਨਾਂ ਵਿੱਚ ਜਲੰਧਰ-1 ਵਿੱਚ 24 ਥਾਵਾਂ, ਜਲੰਧਰ-2 ਵਿੱਚ 11, ਸ਼ਾਹਕੋਟ ਵਿੱਚ 9, ਨਕੋਦਰ ਵਿੱਚ 8, ਫਿਲੌਰ ਵਿੱਚ 3 ਅਤੇ ਆਦਮਪੁਰ ਸਬ ਡਵੀਜ਼ਨ ਵਿੱਚ 1 ਥਾਂ ਸ਼ਾਮਿਲ ਹੈ। ਇਨ੍ਹਾਂ ਥਾਵਾਂ ਦੀ ਪਹਿਚਾਣ ਵੱਖ-ਵੱਖ ਵਿਭਾਗਾਂ ਵਲੋਂ ਕਈ ਮਹੀਨੇ ਲਗਾਤਾਰ ਦੁਰਘਟਨਾਵਾਂ ਵਾਲੀਆਂ ਥਾਵਾਂ ਦਾ ਸਰਵੇ ਕਰਨ ਉਪਰੰਤ ਪੇਸ਼ ਕੀਤੀਆਂ ਗਈਆਂ ਰਿਪੋਰਟਾਂ ਦੇ ਅਧਾਰ 'ਤੇ ਕੀਤੀ ਗਈ ਹੈ। ਉਨ੍ਹਾਂ ਸਬੰਧਿਤ ਵਿਭਾਗਾਂ ਨੂੰ ਜ਼ੋਰ ਦੇ ਕੇ ਕਿਹਾ ਕਿ ਜ਼ਿਲ੍ਹੇ ਵਿੱਚ ਸੜਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਬਿਹਤਰ



ਆਪਸੀ ਤਾਲਮੇਲ ਨਾਲ ਲੋੜੀਂਦੀ ਕਾਰਵਾਈ ਕਰਨੀ ਚਾਹੀਦੀ ਹੈ। ਇਕ ਹੋਰ ਮਹੱਤਵਪੂਰਨ ਉਪਰਾਲਾ ਕਰਦਿਆਂ ਪ੍ਰਸ਼ਾਸਨ ਵਲੋਂ ਨੈਸ਼ਨਲ ਹਾਈਵੇ ਉਤੇ ਸਥਿਤ ਸਭ ਤੋਂ ਵੱਧ ਰੁਝੇਵਿਆਂ ਭਰੇ ਕਿਸ਼ਨਗੜ੍ਹ ਚੌਂਕ, ਜਿਥੇ ਕਿ ਦੁਰਘਟਨਾਵਾਂ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ,ਵਿਖੇ ਨਵੀਆਂ ਟਰੈਫਿਕ ਲਾਈਟਾਂ ਲਗਾਉਣ ਦੀ ਪ੍ਰਵਾਨਗੀ ਦਿੱਤੀ ਗਈ ਹੈ। ਇਹ ਪ੍ਰੋਜੈਕਟ 12.86 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਵੇਗਾ।

# ਫਾਲਕਨ ਇੰਟਰਨੈਸ਼ਨਲ ਸਕੂਲ 'ਚ ਕਰਵਾ ਚੌਥ ਦਾ ਤਿਉਹਾਰ ਮਨਾਇਆ



**ਸੁਲਤਾਨਪੁਰ ਲੋਧੀ (ਹਨੀ)**- ਫਾਲਕਨ ਇੰਟਰਨੈਸ਼ਨਲ ਸਕੂਲ ਵਿਖੇ ਕਰਵਾ ਚੌਥ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰਿੰਸੀਪਲ ਰਵਿੰਦਰਜੀਤ ਕੌਰ ਦੀ ਅਗਵਾਈ ਵਿਚ ਲੜਕੀਆਂ ਦਰਮਿਆਨ ਮਹਿੰਦੀ ਮੁਕਾਬਲਾ ਕਰਵਾਇਆ ਗਿਆ । ਕੋਆਰਡੀਨੇਟਰ ਮੈਡਮ ਰਜਨੀ ਬਾਲਾ, ਐਕਟੀਵਿਟੀ ਇੰਚਾਰਜ ਸ਼ਰਨਜੀਤ ਕੌਰ ਅਤੇ ਮੈਡਮ ਚੰਚਲ ਨੇ ਸਮਾਗਮ ਦੇ ਪ੍ਰਬੰਧ 'ਚ ਅਹਿਮ ਭੂਮਿਕਾ ਨਿਭਾਈ। ਇਸ ਮੁਕਾਬਲੇ ਵਿਚ ਵਿਦਿਆਰਥਣਾਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ । ਅੱਠਵੀਂ ਜਮਾਤ ਦੀਆਂ ਵਿਦਿਆਰਥਣਾਂ ਏਕਮਦੀਪ ਕੌਰ ਅਤੇ ਸੁਖਮਨਪ੍ਰੀਤ ਕੌਰ ਪਹਿਲੇ ਸਥਾਨ 'ਤੇ ਰਹੀਆਂ । ਸੱਤਵੀਂ ਜਮਾਤ ਦੀ ਨਵਰੂਪ ਕੌਰ ਅਤੇ ਅਗਮਪ੍ਰੀਤ ਕੌਰ ਨੇ ਦੂਜਾ ਸਥਾਨ ਅਤੇ ਦਸਵੀਂ ਜਮਾਤ ਦੀ ਜਸਲੀਨ ਕੌਰ ਅਤੇ ਖੁਸ਼ਪ੍ਰੀਤ ਕੌਰ ਤੀਜੇ ਸਥਾਨ 'ਤੇ ਰਹੀ । ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਅਤੇ ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋਂ ਨੇ ਜੇਤੂ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਅਤੇ ਪ੍ਰਤੀਯੋਗਤਾ ਵਿਚ ਹਿੱਸਾ ਲੈਣ ਵਾਲੀਆਂ ਵਿਦਿਆਰਥਣਾਂ ਦੀ ਪ੍ਰਸ਼ੰਸਾ ਕੀਤੀ ।

# ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝੇ ਫਰੰਟ ਵੱਲੋਂ ਡਾ. ਰਵਜੋਤ ਨੂੰ ਕੱਲ੍ਹ ਸੌਂਪਿਆ ਜਾਵੇਗਾ ਰੋਸ ਪੱਤਰ

**ਹੁਸ਼ਿਆਰਪੁਰ (ਬਲਵੀਰ ਸੈਣੀ)**- ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਜ਼ਿਲ੍ਹਾ ਹੁਸ਼ਿਆਰਪੁਰ ਦੇ ਆਗੂ ਸਾਥੀ ਕੁਲਵਰਨ ਸਿੰਘ, ਓਂਕਾਰ ਸਿੰਘ, ਨਰਿੰਦਰ ਸਿੰਘ ਗੋਲੀ, ਮੱਖਣ ਸਿੰਘ ਵਾਹਿਦਪੁਰੀ, ਸੰਜੀਵ ਧੂਤ, ਸੁਖਦੇਵ ਡਾਂਸੀਵਾਲ, ਪ੍ਰਵੇਸ਼ ਕੁਮਾਰ, ਪ੍ਰਦਿਉਮਣ ਗੌਤਮ, ਬਲਵਿੰਦਰ ਸਿੰਘ ਗਿੱਲ, ਕੁਲਵੰਤ ਸੈਣੀ, ਵਿਕਾਸ ਸ਼ਰਮਾ ਨੇ ਇੱਕ ਸਾਂਝੇ ਪ੍ਰੈਸ ਬਿਆਨ ਵਿੱਚ ਕਿਹਾ ਹੈ ਕਿ ਸੂਬਾ ਸਰਕਾਰ ਵਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਅੱਖੋਂ ਪਰੋਖੇ ਕੀਤਾ ਹੋਇਆ ਹੈ ਅਤੇ ਮੁੱਖ ਮੰਤਰੀ ਪੰਜਾਬ ਵਲੋਂ ਸਾਂਝੇ ਫਰੰਟ ਨੂੰ ਵਾਰ-ਵਾਰ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗਾਂ ਰੱਦ ਕੀਤੀਆਂ ਜਾ ਰਹੀਆਂ ਹਨ। ਉਹਨਾਂ ਕਿਹਾ ਕਿ ਜਦੋਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਹੋਂਦ ਵਿੱਚ ਆਈ ਹੈ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਕਿਸੇ ਵੀ ਮੰਗ ਨੂੰ ਹੱਲ ਨਹੀਂ ਕੀਤਾ ਗਿਆ । ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ, ਪੁਰਾਣੀ ਪੈਨਸ਼ਨ ਬਹਾਲ ਕਰਨ, ਕੇਂਦਰ ਦੇ ਸਕੇਲਾਂ ਦੀ ਥਾਂ ਪੰਜਾਬ ਦੇ ਸਕੇਲ ਲਾਗੂ ਕਰਨ, ਬੰਦ ਭੱਤੇ ਚਾਲੂ ਕਰਨ, 2.59 ਦਾ ਫਾਰਮੂਲਾ ਲਾਗੂ ਕਰਨ, ਕੈਸ਼ਲੈਸ ਹੈਲਥ ਸਕੀਮ ਲਾਗੂ ਕਰਨ, ਮਾਣ ਭੱਤਾ/ ਇੰਸੈਨਟਿਵ ਵਰਕਰਾਂ ਤੇ ਘੱਟੋ-ਘੱਟ ਉਜਰਤ ਲਾਗੂ ਕਰਨ ਤੋਂ ਵੀ ਮੌਜੂਦਾ ਭਗਵਤ ਮਾਨ ਦੀ ਸਰਕਾਰ ਭੱਜ ਰਹੀ ਹੈ ਜਿਸ ਕਾਰਨ ਸੂਬੇ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਅੰਦਰ ਭਾਰੀ



ਰੋਸ ਹੈ। ਆਗੂਆਂ ਨੇ ਕਿਹਾ ਕਿ ਸਰਕਾਰ ਵਲੋਂ ਮੀਟਿੰਗਾਂ ਨਾ ਕਰਨ ਅਤੇ ਵਿਧਾਨ ਸਭਾ ਅੰਦਰ ਵੀ ਵਿਧਾਇਕਾਂ ਵਲੋਂ ਮੁਲਾਜ਼ਮਾਂ/ ਪੈਨਸ਼ਨਰਾਂ ਦੀਆਂ ਮੰਗਾਂ ਦਾ ਜ਼ਿਕਰ ਨਾ ਕਰਨ ਵਿਰੁੱਧ ਕੈਬਨਿਟ ਮੰਤਰੀਆਂ ਨੂੰ ਰੋਸ ਪੱਤਰ ਸੌਂਪਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ ਅਤੇ ਹਲਕਾ ਸ਼ਾਮਚੁਰਾਸੀ ਦੇ ਵਿਧਾਇਕ ਅਤੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੂੰ ਵੀ ਕੱਲ੍ਹ 12 ਅਕਤੂਬਰ ਨੂੰ ਮੰਗ ਪੱਤਰ ਸੌਂਪਿਆ ਜਾ ਰਿਹਾ ਹੈ। ਮੰਗ ਪੱਤਰ ਸੌਂਪਣ ਲਈ ਆਗੂਆਂ ਵਲੋਂ ਜ਼ਿਲ੍ਹੇ ਦੇ ਮੁਲਾਜ਼ਮ-ਪੈਨਸ਼ਨਰ ਵਰਗ ਨੂੰ ਠੀਕ 10 ਵਜੇ ਸ਼ਹੀਦ ਊਧਮ ਸਿੰਘ ਪਾਰਕ ਹੁਸ਼ਿਆਰਪੁਰ ਵਿਖੇ ਇਕੱਤਰ ਹੋਣ ਦੀ ਬੇਨਤੀ ਕੀਤੀ ਗਈ ਹੈ। ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਮੀਟਿੰਗ ਕਰਕੇ ਮੰਗਾਂ ਨੂੰ ਜਲਦ ਹੱਲ ਨਾ ਕੀਤਾ ਗਿਆ ਤਾਂ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ16 ਨਵੰਬਰ ਨੂੰ ਸੰਗਰੂਰ ਵਿਖੇ ਵਿਸ਼ਾਲ ਸੂਬਾ ਪੱਧਰੀ ਰੈਲੀ ਕਰਕੇ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।

# ਪੱਤਰਕਾਰ ਗੁਰਪ੍ਰੀਤ ਸਿੰਘ ਰੰਧਾਵਾ ਹਲਕਾ ਨਕੋਦਰ ਦਾ ਮੀਡੀਆ ਕੋਆਰਡੀਨੇਟਰ ਨਿਯੁਕਤ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪੱਤਰਕਾਰ ਗੁਰਪ੍ਰੀਤ ਸਿੰਘ ਰੰਧਾਵਾ ਹਲਕਾ ਨਕੋਦਰ ਦਾ ਮੀਡੀਆ ਕੋਆਰਡੀਨੇਟਰ ਨਿਯੁਕਤ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਇੰਚਾਰਜ ਮੁਨੀਸ਼ ਸਿਸੋਦੀਆ, ਸੂਬਾ ਪ੍ਰਧਾਨ ਅਮਨ ਅਰੋੜਾ ਵਲੋਂ ਪੱਤਰਕਾਰ ਗੁਰਪ੍ਰੀਤ ਸਿੰਘ ਰੰਧਾਵਾ ਨੂੰ ਹਲਕਾ ਨਕੋਦਰ ਦਾ ਮੀਡੀਆ ਕੋਆਰਡੀਨੇਟਰ ਲੱਗਣ ਤੇ ਹਲਕਾ ਵਿਧਾਇਕ ਇੰਦਰਜੀਤ ਕੌਰ ਮਾਨ, ਚੇਅਰਮੈਨ ਮਾਰਕੀਟ ਕਮੇਟੀ ਨਕੋਦਰ ਕਰਨੈਲ ਰਾਮ ਬਾਲੂ, ਚੇਅਰਮੈਨ ਮਾਰਕੀਟ ਕਮੇਟੀ



ਨੂਰਮਹਿਲ ਲਖਵੀਰ ਸਿੰਘ ਸੀਰ, ਹਲਕਾ ਨਕੋਦਰ ਦੇ ਸਮੂਹ ਪੱਤਰਕਾਰ ਭਾਈਚਾਰੇ, ਸ਼ੁੱਭਚਿੰਤਕਾਂ ਵਲੋਂ ਉਨ੍ਹਾਂ ਨੂੰ ਮੁਬਾਰਕਬਾਦ ਪੇਸ਼ ਕੀਤੀ ਜਾ ਰਹੀ ਹੈ । ਗੁਰਪ੍ਰੀਤ ਸਿੰਘ ਰੰਧਾਵਾ ਨੇ ਕਿਹਾ ਕਿ ਆਪ ਪਾਰਟੀ ਦੀ ਆਹਲਾ ਲੀਡਰਸ਼ਿਪ ਵੱਲੋਂ ਉਨ੍ਹਾਂ 'ਤੇ ਪ੍ਰਗਟਾਏ ਗਏ ਭਰੋਸੇ ਤੇ ਖਰਾ ਉਤਰਨ ਦੀ ਕੋਸ਼ਿਸ਼ ਕਰਨਗੇ ।

# ਅਮਨ-ਕਾਨੂੰਨ ਦੀ ਹਾਲਤ ਲਈ ਪੱਤਰਕਾਰਾਂ ਦਾ ਸਹਿਯੋਗ ਜ਼ਰੂਰੀ : ਅਮਨ ਸੈਣੀ



**ਫਿਲੌਰ (ਨਿਰਮਲ)**- ਥਾਣਾ ਫਿਲੌਰ ਦੇ ਨਵੇਂ ਆਏ ਐਸ ਐਚ ਓ ਇੰਸਪੈਕਟਰ ਅਮਨ ਸੈਣੀ ਨੇ ਪੱਤਰਕਾਰਾਂ ਦੀ ਪਹਿਲੀ ਮਿਲਣੀ ਵਿੱਚ ਕਿਹਾ ਕਿ ਫਿਲੌਰ ਇਲਾਕੇ ਵਿੱਚ ਅਮਨ ਕਾਨੂੰਨ ਦੀ ਗੱਲ ਨੂੰ ਹਰ ਕੀਮਤ ਤੇ ਵਧੀਆ ਢੰਗ ਨਾਲ ਕਾਇਮ ਰੱਖਿਆ ਜਾਵੇਗਾ, ਹਰ ਵਿਅਕਤੀ ਦੀ ਗੱਲ ਸੁਣ ਕੇ ਇਨਸਾਫ ਦਿੱਤਾ ਜਾਵੇਗਾ। ਭੈੜੇ ਅਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਹਨਾਂ ਸਮੂਹ ਪੱਤਰਕਾਰ ਭਾਈਚਾਰੇ ਨੂੰ ਸਹਿਯੋਗ ਦੇਣ ਲਈ ਕਿਹਾ ਤੇ ਇਲਾਕੇ ਵਿੱਚ ਦਿਨ ਰਾਤ ਪੁਲਸ ਗਸ਼ਤ ਕਰਾਈ ਜਾਵੇਗੀ।

## ਨੰਗਲ ਵਾਸੀਆਂ ਨੂੰ ਸ਼ੁੱਧ ਪੀਣ ਵਾਲੇ ਪਾਣੀ ਦੀ ਮਿਲੇਗੀ ਸੌਗਾਤ : ਹਰਜੋਤ ਬੈਂਸ

**ਨੰਗਲ (ਸੁਰਜੀਤ ਸਿੰਘ)**- ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਨੇ ਦੱਸਿਆ ਕਿ ਵਿਧਾਨ ਸਭਾ ਹਲਕੇ ਦੇ ਪ੍ਰਮੁੱਖ ਸ਼ਹਿਰ ਨੰਗਲ ਵਾਸੀਆਂ ਦੀ ਲੰਮੇ ਅਰਸੇ ਤੋਂ ਲੰਬਿਤ ਪਈ ਸਾਫ ਪਾਣੀ ਦੀ ਮੰਗ ਨੂੰ ਬੂਰ ਪਾਉਦੇ ਹੋਏ 16 ਕਰੋੜ ਦੀ ਲਾਗਤ ਨਾਲ ਸਤਲੁਜ ਦਰਿਆ ਤੋਂ ਟ੍ਰੀਟ ਕੀਤਾ ਪਾਣੀ ਨੰਗਲ ਸ਼ਹਿਰ ਦੇ ਕੋਨੇ ਕੋਨੇ ਤੱਕ ਪਹੁੰਚਾਉਣ ਦੇ ਪ੍ਰੋਜੈਕਟ ਦਾ ਕੰਮ ਸ਼ੁਰੂ ਕਰਵਾ ਦਿੱਤਾ ਹੈ। ਇਸ ਇਲਾਕੇ ਦੇ ਲੋਕਾਂ ਦੀ ਪਾਣੀ ਦੀ ਥੁੜ ਇਸ ਨਾਲ ਬਿਲਕੁਲ ਖਤਮ ਹੋ ਜਾਵੇਗੀ। ਸ.ਬੈਂਸ ਨੇ ਕਿਹਾ ਕਿ ਇਸ ਇਲਾਕੇ ਲਈ ਇਹ ਬਹੁਤ ਵੱਡੀ ਤਰਾਸਦੀ ਹੈ ਕਿ



ਭਾਖੜਾ ਡੈਮ ਅਤੇ ਸਤਲੁਜ ਦਰਿਆ ਤੇ ਨਹਿਰਾਂ ਦੇ ਨਾਲ ਘਿਰੇ ਹੋਏ ਨੰਗਲ ਵਰਗੇ ਸ਼ਹਿਰ ਵਿੱਚ ਲੋਕ ਪਾਣੀ ਦੀ ਸਹੂਲਤ ਤੋਂ ਤਰਸ ਰਹੇ ਹਨ । ਅੱਜ ਤੱਕ ਕਿਸੇ ਵੀ ਸਰਕਾਰ ਨੇ ਪੀਣ ਵਾਲੇ ਪਾਣੀ ਦਾ ਸਥਾਈ ਹੱਲ ਨਹੀਂ ਕੀਤਾ ਹੈ। ਉਨ੍ਹਾਂ ਨੇ ਕਿਹਾ ਕਿ ਉਦਯੋਗਿਕ ਇਕਾਈਆਂ ਹੋਣ ਕਾਰਨ ਜ਼ਮੀਨ ਹੇਠਲਾ ਪਾਣੀ ਦੂਸ਼ਿਤ ਹੋ ਰਿਹਾ ਹੈ ਅਤੇ ਬੋਰ ਬੰਦ ਹੋ ਰਹੇ ਹਨ, ਪ੍ਰੰਤੂ ਕੁਦਰਤੀ ਮਨਮੋਹਕ ਇਸ ਹਰੇ ਭਰੇ ਇਲਾਕੇ ਵਿੱਚ ਸਮੇਂ ਦੀਆਂ ਸਰਕਾਰਾਂ ਨੇ ਪਾਣੀ ਦੀ ਸਹੂਲਤ ਲਈ ਕੋਈ ਵਿਸੇਸ਼ ਉਪਰਾਲੇ ਨਹੀ ਕੀਤੇ, ਜਿਸ ਕਾਰਨ ਇਸ ਇਲਾਕੇ ਵਿਚ ਰਹਿ ਰਹੇ ਲੋਕ ਪਾਣੀ ਦੀ ਬੁਨਿਆਦੀ ਸਹੂਲਤ ਨੂੰ ਤਰਸ ਰਹੇ ਹਨ।

# ਲਵਲੀ ਪ੍ਰੋਫੈਸ਼ਨਲ 'ਵਰਸਿਟੀ 'ਚ ਸੱਭਿਆਚਾਰਕ ਤਿਉਹਾਰ 'ਵਨ ਇੰਡੀਆ 2025' ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਮੈਗਾ ਸਾਲਾਨਾ ਸੱਭਿਆਚਾਰਕ ਤਿਉਹਾਰ, 'ਵਨ ਇੰਡੀਆ 2025' ਨੇ ਵਿਭਿੰਨਤਾ ਵਿੱਚ ਏਕਤਾ ਦੀ ਭਾਵਨਾ ਨੂੰ ਸ਼ਾਨ ਨਾਲ ਮਨਾਇਆ। ਇਸ ਸਾਲ ਦਾ ਐਡੀਸ਼ਨ 'ਗਾਥਾ-ਏ-ਭਾਰਤ: ਸਮਾਰਕਾਂ ਅਤੇ ਇਤਿਹਾਸ ਦੇ ਬਿਰਤਾਂਤ' ਥੀਮ ਵਾਲਾ ਸੀ, ਜੋ ਕਿ ਭਾਰਤ ਦੀ ਸ਼ਾਨਦਾਰ ਵਿਰਾਸਤ ਨੂੰ ਪਰਿਭਾਸ਼ਤ ਕਰਨ ਵਾਲੀਆਂ



ਕਾਲਪਨਿਕ ਕਹਾਣੀਆਂ, ਆਰਕੀਟੈਕਚਰਲ ਅਜੂਬਿਆਂ ਅਤੇ ਸੱਭਿਆਚਾਰਕ ਵਿਰਾਸਤ ਨੂੰ ਦਰਸਾਉਂਦਾ ਹੈ। ਦੋ ਦਿਨਾਂ ਦੇ ਇਸ ਸ਼ਾਨਦਾਰ ਪ੍ਰੋਗਰਾਮ ਨੇ 35,000 ਤੋਂ ਵੱਧ ਵਿਦਿਆਰਥੀਆਂ ਨੂੰ ਇੱਕ ਛੱਤ ਹੇਠ ਇਕੱਠੇ ਕੀਤਾ, ਜਿਸ ਵਿੱਚ 28 ਰਾਜਾਂ ਅਤੇ ਅੱਠ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ ਅਮੀਰ ਪਰੰਪਰਾਵਾਂ, ਕਲਾ ਅਤੇ ਸੱਭਿਆਚਾਰ ਦਾ ਪ੍ਰਦਰਸ਼ਨ ਕੀਤਾ ਗਿਆ।ਗ੍ਰੈਂਡ ਫਿਨਾਲੇ ਵਿੱਚ ਪ੍ਰਤਿਭਾ, ਊਰਜਾ ਅਤੇ ਰਚਨਾਤਮਕਤਾ ਦਾ ਸ਼ਾਨਦਾਰ ਪ੍ਰਦਰਸ਼ਨ ਦੇਖਿਆ ਗਿਆ। ਵਨ ਵਰਲਡ ਡਾਂਸ ਕੰਸਰਟ ਅਤੇ 'ਝੂਮੋਰੇ-ਵਨ ਇੰਡੀਆ ਡਾਂਸ ਕੰਸਰਟ' ਨੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ, ਜਿੱਥੇ ਵਿਦਿਆਰਥੀਆਂ ਨੇ ਰਵਾਇਤੀ ਅਤੇ ਸਮਕਾਲੀ ਡਾਂਸ ਸ਼ੈਲੀਆਂ ਦਾ ਇੱਕ ਸ਼ਾਨਦਾਰ ਮਿਸ਼ਰਣ ਪੇਸ਼ ਕੀਤਾ, ਜਿਸ ਵਿੱਚ ਖੇਤਰੀ ਲੋਕ ਸ਼ੈਲੀਆਂ ਨੂੰ ਵਿਸ਼ਵਵਿਆਪੀ ਸੰਗੀਤਕ ਪ੍ਰਗਟਾਵੇ ਨਾਲ ਮਿਲਾਇਆ ਗਿਆ। ਤਾਮਿਲਨਾਡੂ ਅਤੇ ਕੇਰਲ ਦੇ ਮਨਮੋਹਕ ਨਾਚਾਂ ਤੋਂ ਲੈ ਕੇ ਨਾਗਾਲੈਂਡ, ਅਰੁਣਾਚਲ ਪ੍ਰਦੇਸ਼, ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼ ਅਤੇ ਦਿੱਲੀ ਦੇ ਜੀਵੰਤ ਪ੍ਰਦਰਸ਼ਨਾਂ ਤੱਕ, ਹਰੇਕ ਪ੍ਰਦਰਸ਼ਨ ਭਾਰਤ ਦੀ ਵਿਭਿੰਨ ਸੱਭਿਆਚਾਰਕ ਵਿਰਾਸਤ ਨੂੰ ਸ਼ਰਧਾਂਜਲੀ ਸੀ। ਇਨ੍ਹਾਂ ਵਿੱਚ ਤੋਹਫ਼ਿਆਂ ਦੀਆਂ ਦੁਕਾਨਾਂ, ਫੁੱਲਾਂ ਦੇ ਗੁਲਦਸਤੇ, ਕਲਾ ਅਤੇ ਸ਼ਿਲਪਕਾਰੀ, ਗਹਿਣਿਆਂ ਅਤੇ ਮੋਮਬੱਤੀਆਂ ਦੇ ਸਟਾਲ, ਅਰੁਣਾਚਲ ਪ੍ਰਦੇਸ਼ ਦੇ ਅਚਾਰ ਵਰਗੇ ਵਿਲੱਖਣ ਖੇਤਰੀ ਪਕਵਾਨ, ਬਿਹਾਰ ਦੇ ਛੱਠ ਪੂਜਾ ਦੇ ਪਕਵਾਨ, ਕਸ਼ਮੀਰੀ ਸੁੱਕੇ ਮੇਵੇ ਅਤੇ ਸਟੋਲ, ਅਤੇ ਘੇਵਰ, ਸ਼ਾਰਦਾਈ, ਪਾਣੀ ਪੁਰੀ ਅਤੇ ਚਾਟ ਪਾਪੜੀ ਵਰਗੇ ਪ੍ਰਸਿੱਧ ਸਟ੍ਰੀਟ ਫੂਡ ਸ਼ਾਮਲ ਸਨ।

# ਮਨਪ੍ਰੀਤ ਸਿੰਘ ਚੱਡਾ ਵੱਲੋਂ ਰਾਜਾ ਵੜਿੰਗ ਨਾਲ ਮੁਲਾਕਾਤ



**ਗੁਰਾਇਆ (ਬਿੰਦਰ ਸੁੰਮਨ)**- ਯੂਥ ਕਾਂਗਰਸ ਜ਼ਿਲਾ ਸ੍ਰੀ ਮੁਕਤਸਰ ਸਾਹਿਬ ਅਤੇ ਫਿਰੋਜ਼ਪੁਰ ਦੇ ਇੰਚਾਰਜ ਮਨਪ੍ਰੀਤ ਸਿੰਘ ਚੱਡਾ (ਸੰਗ ਢੇਸੀਆਂ) ਨੇ ਆਲ ਇੰਡੀਆ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਕਾਂਗਰਸ ਦੇ ਮੌਜੂਦਾ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਮੁਲਾਕਾਤ ਕਰਕੇ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਸੂਬੇ ਅੰਦਰ ਪਾਰਟੀ ਦੀ ਮਜ਼ਬੂਤੀ ਲਈ ਵਿਚਾਰ ਵਟਾਂਦਰਾ ਕੀਤਾ। ਇਸ ਮੌਕੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਅਤੇ ਫਿਰੋਜ਼ਪੁਰ ਦਾ ਯੂਥ ਕਾਂਗਰਸ ਦਾ ਇੰਚਾਰਜ ਬਣਨ 'ਤੇ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਮਨਪ੍ਰੀਤ ਸਿੰਘ ਚੱਡਾ ਵਧਾਈ ਦਿੰਦੇ ਹੋਏ ਉਨ੍ਹਾਂ ਦਾ ਮੂੰਹ ਵੀ ਮਿੱਠਾ ਕਰਵਾਇਆ।

# ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਸੰਬੰਧੀ ਸਿਖਲਾਈ ਕੈਂਪ ਲਗਾਇਆ

**ਕੋਟ ਈਸੇ ਖਾ (ਅਰੋੜਾ)**- ਮੁੱਖ ਖੇਤੀਬਾੜੀ ਅਫਸਰ ਡਾਕਟਰ ਗੁਰਪ੍ਰੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਬਲਾਕ ਖੇਤੀਬਾੜੀ ਅਫਸਰ ਡਾਕਟਰ ਗੁਰਬਾਜ ਸਿੰਘ ਦੀ ਯੋਗ ਅਗਵਾਈ ਹੇਠ ਗੁਰਸਾਹਿਬ ਸਿੰਘ ਖੇਤੀਬਾੜੀ ਵਿਕਾਸ ਅਫਸਰ ਵੱਲੋਂ ਪਿੰਡ ਬਹਾਦਰ ਵਾਲਾ ਵਿਖੇ



ਕਿਸਾਨ ਸਿਖਲਾਈ ਕੈਂਪ ਲਗਾਇਆ ਗਿਅ। ਇਸ ਕੈਂਪ ਵਿੱਚ ਗੁਰਸਾਹਿਬ ਸਿੰਘ ਖੇਤੀਬਾੜੀ ਵਿਕਾਸ ਅਫਸਰ ਵੱਲੋਂ ਆਏ ਕਿਸਾਨਾਂ ਨੂੰ ਇਸ ਸਾਲ ਕਣਕ ਦੀ ਬਿਜਾਈ ਝੋਨੇ ਦੀ ਪਰਾਲੀ ਨੂੰ ਅੱਗ ਲਗਾਏ ਬਿਨਾਂ ਕਰਨ ਲਈ ਪ੍ਰੇਰਿਤ ਕੀਤਾ । ਉਹਨਾਂ ਦੱਸਿਆ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਜਿੱਥੇ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ ਉੱਥੇ ਨਾਲ ਹੀ ਮਿੱਟੀ ਦੀ ਉਪਜਾਊ ਸ਼ਕਤੀ ਵੀ ਘੱਟ ਹੁੰਦੀ ਹੈ। ਉਹਨਾਂ ਵੱਲੋਂ ਝੋਨੇ ਦੀ ਪਰਾਲੀ ਨੂੰ ਗਾਲਣ ਲਈ ਖੇਤੀਬਾੜੀ ਵਿਭਾਗ ਕੋਲ ਉਪਲਬਧ ਪੂਸਾ ਡੀਕੰਪੋਜ਼ਰ ਦੀ ਵਰਤੋਂ ਬਾਰੇ ਦੱਸਿਆ। ਇਸ ਸਮੇਂ ਸਮਰੀਤ ਸਿੰਘ ਖੇਤੀਬਾੜੀ ਉਪ ਨਿਰੀਖਕ ਨੇ ਦੱਸਿਆ ਕਿ ਝੋਨੇ ਦੀ ਵਾਢੀ ਐਸ ਐਮ ਐਸ ਲੱਗੀ ਹੋਈ ਕੰਬਾਈਨ ਨਾਲ ਹੀ ਕੀਤੀ ਜਾਵੇ ਤਾਂ ਜੋ ਵਿੱਚ ਪਰਾਲੀ ਦੀ ਸਾਂਭ ਸੰਭਾਲ ਲਈ ਵਰਤੀਆਂ ਜਾਣ ਵਾਲੀਆਂ ਮਸ਼ੀਨਾਂ ਜਿਵੇਂ ਸੁਪਰ ਸੀਡਰ, ਹੈਪੀ ਸੀਡਰ, ਮਲਚਰ, ਪਲੋ ਦੀ ਸੁਚੱਜੀ ਵਰਤੋਂ ਹੋ ਸਕੇ। ਇਸ ਸਮੇਂ ਸਰਪੰਚ ਦਲੇਰ ਸਿੰਘ ਸਾਮਾ,ਬਲਕਾਰ ਸਿੰਘ, ਪਰਸ਼ੋਤਮ ਸਿੰਘ ਸੁਖਦੇਵ ਸਿੰਘ ਸਿੰਘ ਆਦਿ ਕਿਸਾਨ ਹਾਜ਼ਰ ਸਨ।

# ਟੀਚਰਜ਼ ਯੂਨੀਅਨ ਦੀ ਜਨਰਲ ਕੌਂਸਲ ਦੀ ਤਿਆਰੀ ਸੰਬੰਧੀ ਮੀਟਿੰਗ

**ਗੁਰਾਇਆ (ਬਿੰਦਰ ਸੁੰਮਨ)**- ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੀ ਜਲੰਧਰ ਵਿਖੇ 08 ਨਵੰਬਰ ਨੂੰ ਹੋ ਰਹੀ ਜਨਰਲ ਕੌਂਸਲ ਦੀ ਤਿਆਰੀ ਸਬੰਧੀ ਗੌਰਮਿੰਟ ਟੀਚਰਜ਼ ਯੂਨੀਅਨ ਜਿਲਾ ਜਲੰਧਰ ਦੇ ਫੈਸਲੇ ਅਨੁਸਾਰ ਗੁਰਾਇਆ ਵਿਖੇ ਬਲਾਕ ਗੁਰਾਇਆ ਦੀ ਮੀਟਿੰਗ ਬਲਾਕ ਪ੍ਰਧਾਨ ਕੁਲਵੰਤ ਰਾਮ ਰੁੜਕਾ ਅਤੇ




ਸੁਖਵਿੰਦਰ ਰਾਮ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਅਧਿਆਪਕਾਂ ਦੇ ਵੱਖ-ਵੱਖ ਮਸਲਿਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਸਰਕਾਰ ਵੱਲੋਂ ਅਧਿਆਪਕਾਂ ਦੀਆਂ ਜਾਇਜ਼ ਤੇ ਹੱਕੀ ਮੰਗਾਂ ਸਬੰਧੀ ਵਾਰ ਵਾਰ ਟਾਲਮਟੋਲ ਕਰਨ ਦੀ ਨੀਤੀ ਦੀ ਨਿਖੇਧੀ ਕੀਤੀ ਗਈ । ਮੀਟਿੰਗ ਵਿੱਚ ਤੀਰਥ ਸਿੰਘ ਬਾਸੀ, ਸਰਬਜੀਤ ਸਿੰਘ ਬੀੜਵੰਸੀਆਂ,ਮਨੋਜ ਕੁਮਾਰ ਸਰੋਏ,ਬੂਟਾ ਰਾਮ ਅਕਲਪੁਰ,ਰਤਨ ਸਿੰਘ, ਸੁਖਵਿੰਦਰ ਰਾਮ, ਧਰਮਿੰਦਰਜੀਤ, ਹਰੀ ਪਾਲ,ਕਰਣ ਕੁਮਾਰ, ਜਜਬਾਤ ਸਿੰਘ ਕੁਲਦੀਪ ਸਿੰਘ ਕੌੜਾ, ਮੈਡਮ ਪ੍ਰੀਆ ਸੁਰਿੰਦਰ ਕੌਰ ਅਤੇ ਮਨਜੀਤ ਕੌਰ ਹਾਜਰ ਸਨ।

# ਡਾ. ਰਵਜੋਤ ਨੇ ਪੰਚਾਇਤੀ ਨੁਮਾਇੰਦਿਆਂ ਨਾਲ ਕੀਤੀ ਸਮੀਖਿਆ ਮੀਟਿੰਗ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਸਥਾਨਕ ਸਰਕਾਰਾਂ ਮੰਤਰੀ ਪੰਜਾਬ ਡਾ. ਰਵਜੋਤ ਸਿੰਘ ਨੇ ਬੀ.ਡੀ.ਪੀ.ਓ ਬਲਾਕ-1 ਦਫ਼ਤਰ ਵਿਖੇ ਵਿਧਾਨ ਸਭਾ ਹਲਕਾ ਸ਼ਾਮ ਚੁਰਾਸੀ ਦੀਆਂ ਵੱਖ-ਵੱਖ ਪੰਚਾਇਤਾਂ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੀਟਿੰਗ ਵਿਚ ਪੰਚਾਇਤਾਂ ਨਾਲ ਸੰਬੰਧਤ ਵਿਕਾਸ ਕਾਰਜਾਂ ਅਤੇ ਪ੍ਰਬੰਧਕੀ ਚੁਣੌਤੀਆਂ ਬਾਰੇ ਚਰਚਾ ਕੀਤੀ ਗਈ।ਮੀਟਿੰਗ ਦੌਰਾਨ ਏ.ਡੀ.ਸੀ (ਵਿਕਾਸ) ਨਿਕਾਸ ਕੁਮਾਰ, ਐਸ.ਡੀ.ਐਮ ਗੁਰਸਿਮਰਨਜੀਤ ਕੌਰ, ਬੀ.ਡੀ.ਪੀ.ਓ ਬਲਾਕ-1 ਸਮੇਤ ਪੰਚਾਇਤ ਵਿਭਾਗ ਦੇ ਅਧਿਕਾਰੀ ਮੌਜੂਦ ਸਨ।ਕੈਬਨਿਟ ਮੰਤਰੀ ਨੇ ਪੰਚਾਇਤ



ਨੁਮਾਇੰਦਿਆਂ ਤੋਂ ਪੇਂਡੂ ਖੇਤਰਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਅਤੇ ਉਨ੍ਹਾਂ ਨੂੰ ਆ ਰਹੀਆਂ ਮੁਸ਼ਕਿਲਾਂ ਬਾਰੇ ਜਾਣਕਾਰੀ ਲਈ। ਉਨ੍ਹਾਂ ਮੌਕੇ 'ਤੇ ਸੰਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸਾਰੀਆਂ ਪੰਚਾਇਤੀ ਸਮੱਸਿਆਵਾਂ ਦਾ ਤੁਰੰਤ ਹੱਲ ਯਕੀਨੀ ਬਣਾਉਣ ਤਾਂ ਜੋ ਪਿੰਡਾਂ ਵਿੱਚ ਵਿਕਾਸ ਕਾਰਜ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰਹਿਣ।ਉਨ੍ਹਾਂ ਕਿਹਾ ਕਿ ਵਿਕਾਸ ਪ੍ਰੋਜੈਕਟਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਸਰਕਾਰ ਦਾ ਟੀਚਾ ਪਿੰਡਾਂ ਤੋਂ ਲੈ ਕੇ ਸ਼ਹਿਰਾਂ ਤੱਕ ਬਰਾਬਰ ਵਿਕਾਸ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਸਾਰੇ ਵਿਕਾਸ ਪ੍ਰੋਜੈਕਟਾਂ ਦੀ ਗੁਣਵੱਤਾ ਵੱਲ ਵਿਸ਼ੇਸ਼ ਧਿਆਨ ਦੇਣ ਅਤੇ ਇਹ ਯਕੀਨੀ ਬਣਾਉਣ ਕਿ ਜਨਤਾ ਨੂੰ ਉਨ੍ਹਾਂ ਦੇ ਅਧਿਕਾਰਾਂ ਦਾ ਪੂਰਾ ਲਾਭ ਮਿਲੇ। ਇਸ ਮੌਕੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਗੁਰਵਿੰਦਰ ਸਿੰਘ ਪਾਬਲਾ ਵੀ ਮੌਜੂਦ ਸਨ।

# ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਵਿਕਾਸਸ਼ੀਲ ਲੈਂਡਸਕੇਪ ਬਾਰੇ ਸੈਮੀਨਾਰ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ, ਜਲੰਧਰ ਦੇ ਕੰਪਿਊਟਰ ਸਾਇੰਸ ਅਤੇ ਆਈ.ਟੀ ਦੇ ਪੀ.ਜੀ ਵਿਭਾਗ ਨੇ ਵਿਦਿਆਰਥੀਆਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਵਿਕਾਸਸ਼ੀਲ ਲੈਂਡਸਕੇਪ ਬਾਰੇ ਜਾਗਰੂਕ ਕਰਨ ਦੇ ਉਦੇਸ਼ ਨਾਲ 'ਏਜੇਂਟਿਕ ਏ.ਆਈ' 'ਤੇ ਇੱਕ ਇੰਟਰਐਕਟਿਵ ਸੈਮੀਨਾਰ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ। ਸੈਮੀਨਾਰ ਵਿੱਚ ਅੰਸ਼ ਇਨਫੋਟੈਕ ਪ੍ਰਾਇਵੇਟ ਲਿਮਿਟਿਡ, ਲੁਧਿਆਣਾ ਤੋਂ ਆਸ਼ੀਸ਼ ਜਲੋਟਾ ਅਤੇ ਹਸੀਨ ਕੁਮਾਰ ਮੁੱਖ ਵਕਤਾ ਵਜੋਂ ਸ਼ਾਮਲ ਹੋਏ। ਬੁਲਾਰਿਆਂ ਦਾ ਸਵਾਗਤ ਕਾਲਜ ਪ੍ਰਿੰਸੀਪਲ ਡਾ: ਸੁਮਨ ਚੋਪੜਾ ਦੁਆਰਾ ਕੀਤਾ ਗਿਆ । ਸੈਮੀਨਾਰ ਦੌਰਾਨ ਆਸ਼ੀਸ਼ ਜਲੋਟਾ ਅਤੇ ਹਸੀਨ ਕੁਮਾਰ ਨੇ 'ਏਜੇਂਟਿਕ ਏ.ਆਈ.' ਦੀ ਕੀਮਤੀ ਜਾਣਕਾਰੀ ਸਾਂਝੀ ਕਰਦਿਆਂ ਇਸ ਦੇ ਉਪਯੋਗਾਂ, ਲਾਭਾਂ ਅਤੇ ਸੰਭਾਵੀ ਚੁਣੌਤੀਆਂ ਬਾਰੇ ਦੱਸਿਆ। ਵਿਸ਼ੇ ਦੇ ਮਾਹਿਰਾਂ ਨੇ ਏ.ਆਈ. ਏਜੰਟਾਂ ਦੀ ਧਾਰਨਾ 'ਤੇ ਚਰਚਾ ਕੀਤੀ ਜੋ ਕਿ ਖ਼ੁਦਮੁਖ਼ਤਿਆਰੀ ਪ੍ਰਣਾਲੀਆਂ ਹਨ ਜੋ ਆਪਣੇ ਵਾਤਾਵਰਣ ਨੂੰ ਸਮਝ ਸਕਦੀਆਂ ਹਨ ਤੇ ਫ਼ੈਸਲੇ ਲੈ ਸਕਦੀਆਂ ਹਨ। ਉਨ੍ਹਾਂ ਨੇ ਏ.ਆਈ. ਦੇ ਵਿਕਾਸ ਅਤੇ ਮਨੁੱਖਾਂ 'ਤੇ ਇਸ ਦੇ ਪ੍ਰਭਾਵ ਬਾਰੇ ਵੀ ਚਰਚਾ ਕੀਤੀ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਕਿਵੇਂ ਏ.ਆਈ. ਏਜੰਟ ਉਦਯੋਗਾਂ ਨੂੰ ਬਦਲ ਰਹੇ ਹਨ, ਕੁਸ਼ਲਤਾ ਵਿੱਚ ਸੁਧਾਰ ਕਰ ਰਹੇ ਹਨ, ਅਤੇ ਫ਼ੈਸਲੇ ਲੈਣ ਦੀਆਂ ਪ੍ਰਕਿਰਿਆਵਾਂ ਨੂੰ ਵਧਾ ਰਹੇ ਹਨ।ਮਾਹਿਰਾਂ ਨੇ



ਏ.ਆਈ. ਨਾਲ ਜੁੜੇ ਸੰਭਾਵੀ ਖ਼ਤਰਿਆਂ ਅਤੇ ਚਿੰਤਾਵਾਂ ਜਿਵੇਂ ਕਿ ਨੌਕਰੀ ਦਾ ਵਿਸਥਾਪਨ, ਪੱਖਪਾਤ ਅਤੇ ਜਵਾਬਦੇਹੀ ਦੀ ਪੜਚੋਲ ਵੀ ਕੀਤੀ।ਪ੍ਰਿੰਸੀਪਲ, ਡਾ. ਸੁਮਨ ਚੋਪੜਾ ਨੇ ਅਜੋਕੇ ਡਿਜੀਟਲ ਯੁੱਗ ਵਿੱਚ ਏ.ਆਈ. ਦੀ ਵਧਦੀ ਪ੍ਰਸਿੱਧੀ ਨੂੰ ਉਜਾਗਰ ਕੀਤਾ ਅਤੇ ਇਸ ਪਹਿਲਕਦਮੀ ਲਈ ਵਿਭਾਗ ਦੀ ਸ਼ਲਾਘਾ ਕੀਤੀ । ਮੰਚ ਦਾ ਸੰਚਾਲਨ ਡਾ: ਦਲਜੀਤ ਕੌਰ ਦੁਆਰਾ ਕੀਤਾ ਗਿਆ।

# ਸੁਖਦੇਵ ਸਿੰਘ ਨੂੰ ਪੰਜਾਬ ਸਰਕਾਰ ਦੀ ਕਮੇਟੀ 'ਚ ਸ਼ਾਮਲ ਕੀਤਾ



**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਵਿੱਚ ਰੀਅਲ ਐਸਟੇਟ ਦੇ ਕੰਮ ਨੂੰ ਹੋਰ ਵਧਾਉਣ ਅਤੇ ਵਧੇਰੇ ਨਿਵੇਸ਼ ਲਿਆਉਣ ਲਈ ਪੰਜਾਬ ਸਰਕਾਰ ਦੇ ਹਾਊਸਿੰਗ ਤੇ ਸ਼ਹਿਰੀ ਵਿਕਾਸ ਵਿਭਾਗ ਨੇ ਏ.ਜੀ.ਆਈ. ਇੰਫਰਾ ਲਿਮਿਟੇਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਨੂੰ 13 ਮੈਂਬਰੀ ਕਮੇਟੀ ਦਾ ਮੈਂਬਰ ਬਣਾਇਆ ਹੈ।ਇਹ ਕਮੇਟੀ ਰੀਅਲ ਐਸਟੇਟ ਖੇਤਰ ਨੂੰ ਹੋਰ ਚੰਗਾ ਬਣਾਉਣ ਲਈ ਯੋਜਨਾ ਤਿਆਰ ਕਰੇਗੀ।ਵਿਭਾਗ ਅਨੁਸਾਰ ਇਹ ਯੋਜਨਾ ਰੀਅਲ ਐਸਟੇਟ ਨਾਲ ਜੁੜੇ ਲੋਕਾਂ ਨਾਲ ਗੱਲਬਾਤ ਕਰਕੇ ਤਿਆਰ ਕੀਤੀ ਜਾਵੇਗੀ ਤਾਂ ਜੋ ਇਹ ਸਾਰੇ ਲਈ ਲਾਭਦਾਇਕ ਹੋਵੇ ।ਪੰਜਾਬ ਦੇ ਗਵਰਨਰ ਨੇ ਰੀਅਲ ਐਸਟੇਟ ਦੇ ਵੱਖ-ਵੱਖ ਖੇਤਰਾਂ ਲਈ ਖਾਸ ਕਮੇਟੀਆਂ ਬਣਾਉਣ ਦਾ ਐਲਾਨ ਕੀਤਾ ਹੈ। ਇਹ ਕਮੇਟੀਆਂ ਸਰਕਾਰ ਅਤੇ ਰੀਅਲ ਐਸਟੇਟ ਉਦਯੋਗ ਨੂੰ ਇਕੱਠੇ ਤੇ ਸੰਗਠਿਤ ਢੰਗ ਨਾਲ ਕੰਮ ਕਰਨ ਵਿੱਚ ਮਦਦ ਕਰਨਗੀਆਂ।ਹਰ ਕਮੇਟੀ ਦਾ ਮੁੱਖ ਕੰਮ ਪੰਜਾਬ ਦੀ ਰੀਅਲ ਐਸਟੇਟ ਨੀਤੀ ਲਈ ਸਰਕਾਰ ਨੂੰ ਚੰਗੇ ਸੁਝਾਅ ਦੇਣਾ ਹੈ। ਇਸ ਦੌਰਾਨ ਕਮੇਟੀ ਹੋਰ ਰਾਜਾਂ ਦੀਆਂ ਨੀਤੀਆਂ ਦਾ ਅਧਿਐਨ ਕਰੇਗੀ ਅਤੇ ਪੰਜਾਬ ਲਈ ਸਭ ਤੋਂ ਵਧੀਆ ਵਿਚਾਰ ਪੇਸ਼ ਕਰੇਗੀ।ਜ਼ਰੂਰਤ ਪੈਣ 'ਤੇ ਸਰਕਾਰ ਹੋਰ ਮੈਂਬਰ ਵੀ ਕਮੇਟੀ ਵਿੱਚ ਸ਼ਾਮਲ ਕਰ ਸਕਦੀ ਹੈ। ਮੈਂਬਰਾਂ ਦੀ ਚੋਣ ਰੀਅਲ ਐਸਟੇਟ ਦੇ ਵੱਖ-ਵੱਖ ਖੇਤਰਾਂ ਤੋਂ ਕੀਤੀ ਜਾਵੇਗੀ ਤਾਂ ਜੋ ਸਾਰਿਆਂ ਦੀ ਰਾਏ ਸ਼ਾਮਲ ਹੋ ਸਕੇ।ਇੱਕ ਮੈਂਬਰ ਸਕੱਤਰ ਕਮੇਟੀ ਦੀਆਂ ਮੀਟਿੰਗਾਂ ਦਾ ਪ੍ਰਬੰਧ ਕਰੇਗਾ, ਰਿਪੋਰਟ ਤਿਆਰ ਕਰੇਗਾ ਅਤੇ ਸਾਰੀ ਲੋੜੀਂਦੀ ਸਹਾਇਤਾ ਪ੍ਰਦਾਨ ਕਰੇਗਾ।

# ਕੇ ਐੱਸ ਐੱਮ ਪਬਲਿਕ ਸਕੂਲ 'ਚ ਮਹਿੰਦੀ ਮੁਕਾਬਲੇ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਗੜ੍ਹਸ਼ੰਕਰ ਰੋਡ 'ਤੇ ਸਥਿਤ ਕੇ. ਐਸ. ਐਮ. ਪਬਲਿਕ ਸਕੂਲ ਵਿਖੇ ਵਿਦਿਆਰਥੀਆਂ ਲਈ ਮਹਿੰਦੀ ਮੁਕਾਬਲਾ ਕਰਵਾਇਆ ਗਿਆ, ਜਿਸ ਦੀ ਪ੍ਰਧਾਨਗੀ ਪ੍ਰਿੰਸੀਪਲ ਸੰਤੋਸ਼ ਬੋਪਾਰਾਏ ਨੇ ਕੀਤੀ। ਸੰਤੋਸ਼ ਬੋਪਾਰਾਏ ਨੇ ਕਿਹਾ ਕਿ ਮੁਕਾਬਲੇ ਵਿੱਚ 40



ਵਿਦਿਆਰਥੀਆਂ ਨੇ ਇੱਕ ਦੂਜੇ ਦੇ ਹੱਥਾਂ 'ਤੇ ਮਹਿੰਦੀ ਲਗਾਈ। ਅਮਨਜੋਤ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ । ਹੰਸਿਕਾ ਨੇ ਦੂਜਾ, ਮੰਨਤਪ੍ਰੀਤ ਕੌਰ ਅਤੇ ਦਲਜੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਜੇਤੂਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਗੀਤਾਂਜਲੀ ਅਤੇ ਆਰਤੀ ਨੇ ਜੱਜਾਂ ਵਜੋਂ ਸੇਵਾ ਨਿਭਾਈ ।



# ਐੱਸ ਡੀ ਕਾਲਜ ਫਾਰ ਵੂਮੈਨ 'ਚ ਵਿਸ਼ੇਸ਼ ਸੈਮੀਨਾਰ

**ਸੁਲਤਾਨਪੁਰ ਲੋਧੀ (ਹਨੀ)**- ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਯਾਦ ਕਰਦਿਆਂ ਐਸ.ਡੀ. ਕਾਲਜ ਫਾਰ ਵੂਮੈਨ ਵਿਖੇ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਪ੍ਰਧਾਨਗੀ ਅਤੇ ਪੰਜਾਬੀ ਵਿਭਾਗ ਦੇ ਮੁਖੀ ਮੈਡਮ ਕਸ਼ਮੀਰ ਕੌਰ ਦੀ ਦੇਖ-ਰੇਖ ਵਿਚ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ । ਇਸ ਦੌਰਾਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਦਰਸ਼ਨ 'ਤੇ ਚਾਨਣਾ ਪਾਇਆ ਗਿਆ ਅਤੇ ਨੌਜਵਾਨ ਪੀੜ੍ਹੀ ਨੂੰ ਗੁਰੂ ਜੀ ਵੱਲੋਂ ਦਿਖਾਏ ਗਏ ਰਸਤੇ 'ਤੇ ਚੱਲਣ ਲਈ ਉਤਸ਼ਾਹਿਤ ਕੀਤਾ ਗਿਆ । ਵਿਦਿਆਰਥਣਾਂ ਨੂੰ ਵਡਮੁੱਲੀ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਗੁਰੂ ਜੀ ਦੀ ਸ਼ਹੀਦੀ ਨੇ ਮਾਨਵ ਜਾਤੀ ਨੂੰ ਇੱਕ ਸੰਦੇਸ਼ ਦਿੱਤਾ, ਕਿ ਜੇ ਡਰਨ ਵਾਲਾ ਕਾਇਰ ਹੈ ਤੇ ਡਰਾਉਣ ਵਾਲਾ ਜ਼ਾਲਮ ਹੈ, ਇਸ ਲਈ ਨਾ ਕਿਸੇ ਤੋਂ ਡਰੋ ਤੇ ਨਾ ਹੀ ਕਿਸੇ ਨੂੰ ਡਰਾਓ। ਗੁਰੂ ਜੀ ਨੇ ਆਪਣਾ ਪੂਰਾ ਜੀਵਨ ਮਨੁੱਖਤਾ ਦੇ ਕਲਿਆਣ ਲਈ ਸਮਰਪਤ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਵਿਦਿਆਰਥਣਾਂ ਅਤੇ ਸਟਾਫ਼ ਮੈਂਬਰਾਂ ਸ਼ਿਰਕਤ ਕੀਤੀ ।

# ਸਰਕਾਰ ਹੜ੍ਹ ਪ੍ਰਭਾਵਤ ਖੇਤਰ ਦੇ ਵਿਦਿਆਰਥੀਆਂ ਦੀ ਪ੍ਰੀਖਿਆ ਫੀਸ ਮੁਆਫ਼ ਕਰੇ : ਤਰਕਸ਼ੀਲ ਸੁਸਾਇਟੀ

**ਮੋਹਾਲੀ (ਗੁਰਜੀਤ ਬਿੱਲਾ)**- ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾ ਕਾਰਜਕਾਰਨੀ ਕਮੇਟੀ ਵਲੋਂ ਲਏ ਗਏ ਫੈਸਲੇ ਅਨੁਸਾਰ ਸੋਸਾਇਟੀ ਦਾ ਇਕ ਡੈਲੀਗੇਸ਼ਨ ਸੂਬਾ ਆਗੂ ਗੁਰਪ੍ਰੀਤ ਸ਼ਹਿਣਾ ਦੀ ਅਗਵਾਈ ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਆਈ ਏ ਐੱਸ (ਰਿਟਾਇਰਡ) ਨੂੰ ਉਹਨਾਂ ਦੇ ਮੋਹਾਲੀ ਦਫਤਰ ਵਿਖੇ ਮਿਲਿਆ ਅਤੇ ਮੰਗ ਕੀਤੀ ਕਿ



ਹੜ੍ਹਾਂ ਦੌਰਾਨ ਵਿਦਿਆਰਥੀਆਂ, ਮਾਪਿਆਂ ਤੇ ਸਕੂਲਾਂ ਦੇ ਹੋਏ ਨੁਕਸਾਨ ਦੀ ਭਰਪਾਈ ਕਰਨ ਲਈ ਵਿਦਿਆਰਥੀਆਂ ਦੀ ਪ੍ਰੀਖਿਆ ਫੀਸ ਸਮੇਤ 2025-2026 ਦੇ ਪੂਰੇ ਸੈਸ਼ਨ ਦੀ ਫੀਸ ਤੇ ਸਕੂਲੀ ਫੰਡ ਮੁਆਫ਼ ਕੀਤੇ ਜਾਣ ਅਤੇ ਲੋੜਵੰਦ ਵਿਦਿਆਰਥੀਆਂ ਨੂੰ ਪਾਠ ਪੁਸਤਕਾਂ ਅਤੇ ਸਟੇਸ਼ਨਰੀ ਮੁਹੱਈਆ ਕਰਵਾਏ ਜਾਣ। ਤਰਕਸ਼ੀਲ ਸੋਸਾਇਟੀ ਵਲੋਂ ਪੂਰੇ ਪੰਜਾਬ 'ਚ ਜ਼ਿਲ੍ਹਾ ਪੱਧਰ 'ਤੇ ਡਿਪਟੀ ਕਮਿਸ਼ਨਰਾਂ ਰਾਹੀਂ ਪੰਜਾਬ ਦੇ ਮੁੱਖ ਮੰਤਰੀ ਦੇ ਨਾਂਅ ਮੰਗ-ਪੱਤਰ ਸੌਂਪੇ ਗਏ ਸਨ।ਅੱਜ ਦੇ ਵਫਦ ਵਿਚ ਹੋਰਨਾਂ ਤੋਂ ਬਿਨਾਂ ਸੂਬਾ ਆਗੂ ਜਸਵੰਤ ਮੋਹਾਲੀ, ਸੁਰਜੀਤ ਸਿੰਘ, ਡਾ. ਮਜੀਦ ਅਜ਼ਾਦ, ਜੋਗਾ ਸਿੰਘ ਚੰਡੀਗੜ੍ਹ, ਰਾਜ ਕੁਮਾਰ ਆਦਿ ਵਲੋਂ ਸ਼ਿਰਕਤ ਕੀਤੀ ਗਈ। ਜਿਹਨਾਂ ਨੇ ਹੜ੍ਹਾਂ ਦੀ ਤਬਾਹੀ ਤੋਂ ਪ੍ਰਭਾਵਿਤ ਜ਼ਿਲ੍ਹਿਆਂ ਦੇ ਵਿਦਿਆਰਥੀਆਂ ਦੀਆਂ ਫੀਸਾਂ ਮੁਆਫ਼ ਕਰਨ, ਪਾਠ ਪੁਸਤਕਾਂ ਤੇ ਸਟੇਸ਼ਨਰੀ ਦੇਣ ਅਤੇ ਵੱਡੇ ਪੱਧਰ 'ਤੇ ਹੋਏ ਜਾਨੀ ਅਤੇ ਮਾਲੀ ਨੁਕਸਾਨ ਤੋਂ ਪੀੜਤ ਖੇਤ ਮਜ਼ਦੂਰਾਂ, ਕਿਸਾਨਾਂ, ਦਲਿਤਾਂ, ਬੇਜ਼ਮੀਨਿਆਂ ਅਤੇ ਗਰੀਬ ਵਰਗਾਂ ਦੇ ਲੋਕਾਂ ਨੂੰ ਜਲਦ ਤੋਂ ਜਲਦ ਯੋਗ ਮੁਆਵਜ਼ਾ ਦੇਣ ਅਤੇ ਮੁੜ ਵਸੇਬਾ ਕਰਨ ਦੀ ਮੰਗ ਕੀਤੀ ਗਈ।ਇਸ ਮੌਕੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਤਰਕਸ਼ੀਲ ਸੁਸਾਇਟੀ ਵਲੋਂ ਵਿਗਿਆਨਕ ਚੇਤਨਾ ਦੇ ਖੇਤਰ 'ਚ ਕੀਤੇ ਜਾ ਰਹੇ ਯਤਨਾਂ ਦੀ ਪ੍ਰਸ਼ੰਸਾ ਕਰਦਿਆਂ ਸੁਸਾਇਟੀ ਦੀਆਂ ਇਨ੍ਹਾਂ ਜਾਇਜ਼ ਮੰਗਾਂ ਨੂੰ ਮੁੱਖ ਮੰਤਰੀ ਦਫ਼ਤਰ ਤੱਕ ਪਹੁੰਚਾਉਣ ਦਾ ਭਰੋਸਾ ਦਿੱਤਾ ਅਤੇ ਲੋਕਾਂ ਨੂੰ ਅੰਧ ਵਿਸ਼ਵਾਸਾਂ, ਵਹਿਮਾਂ ਭਰਮਾਂ, ਪਾਖੰਡੀ ਬਾਬਿਆਂ, ਸਾਧਾਂ, ਜੋਤਸ਼ੀਆਂ ਦੇ ਝਾਂਸਿਆਂ ਤੋਂ ਬਚਣ ਦੀ ਅਪੀਲ ਵੀ ਕੀਤੀ।

# ਆਪ ਸਰਕਾਰ ਹੜ੍ਹ ਪ੍ਰਭਾਵਤ ਖੇਤਰਾਂ ਦੀ ਪਛਾਣ ਕਰਨ 'ਚ ਅਸਫਲ ਰਹੀ

**ਜਲੰਧਰ (ਸ਼ੈਲੀ ਐਲਬਰਟ)**- ਭਾਜਪਾ ਜ਼ਿਲ੍ਹਾ ਪ੍ਰਧਾਨ ਸੁਸ਼ੀਲ ਸ਼ਰਮਾ ਦੀ ਪ੍ਰਧਾਨਗੀ ਹੇਠ, ਭਾਜਪਾ ਦੇ ਰਾਸ਼ਟਰੀ ਉਪ ਪ੍ਰਧਾਨ ਅਤੇ ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਪ੍ਰੈਸ ਕਲੱਬ, ਜਲੰਧਰ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਜਾਬ ਵਿੱਚ ਆਪ ਸਰਕਾਰ ਦੇ



ਭ੍ਰਿਸ਼ਟਾਚਾਰ ਅਤੇ ਕੁਪ੍ਰਬੰਧ ਦੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਰਾਜ ਆਫ਼ਤ ਪ੍ਰਬੰਧਨ ਯੋਜਨਾ ਅਤੇ ਐਸ ਡੀ ਆਰ ਐਫ ਦਿਸ਼ਾ-ਨਿਰਦੇਸ਼ਾਂ ਵਿੱਚ ਕਿਹਾ ਗਿਆ ਸੀ ਕਿ ਹੜ੍ਹਾਂ ਦੀ ਤਿਆਰੀ, ਰੋਕਥਾਮ ਅਤੇ ਰੋਕਥਾਮ ਜ਼ਰੂਰੀ ਹੈ। ਹਾਲਾਂਕਿ, ਆਪ ਸਰਕਾਰ ਬਰਸਾਤ ਦੇ ਮੌਸਮ ਦੌਰਾਨ ਪੁਰਾਣੇ ਅੰਕੜਿਆਂ ਅਤੇ ਭੂਗੋਲਿਕ ਸਰਵੇਖਣਾਂ ਦੇ ਆਧਾਰ 'ਤੇ ਹੜ੍ਹ ਪ੍ਰਭਾਵਿਤ ਖੇਤਰਾਂ ਦੀ ਪਛਾਣ ਕਰਨ ਵਿੱਚ ਅਸਫਲ ਰਹੀ, ਜਿਸ ਦੇ ਨਤੀਜੇ ਵਜੋਂ ਰਾਵੀ, ਬਿਆਸ ਅਤੇ ਸਤਲੁਜ ਵਰਗੇ ਦਰਿਆਵਾਂ ਦੇ ਨਾਲ ਲੱਗਦੇ ਉੱਚ-ਜੋਖਮ ਵਾਲੇ ਖੇਤਰਾਂ ਵਿੱਚ ਸਰੋਤਾਂ ਦੀ ਘਾਟ ਕਾਰਨ ਕਾਫ਼ੀ ਨੁਕਸਾਨ ਹੋਇਆ। ਉਨਾਂ ਕਿਹਾ ਕਿ ਜਦੋਂ ਪੰਜਾਬ ਹੜ੍ਹਾਂ ਨਾਲ ਜੂਝ ਰਿਹਾ ਸੀ, ਤਾਂ ਸੱਤਾ ਵਿੱਚ ਬੈਠੀ ਆਪ ਸਰਕਾਰ ਇੱਕੋ ਸਮੇਂ ਆਪਣੇ ਰਾਜਨੀਤਿਕ ਪ੍ਰਭਾਵ ਨੂੰ ਵਧਾ ਰਹੀ ਸੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਜਨਤਾ ਦੇ ਅਧਿਕਾਰਾਂ ਅਤੇ ਵਿਸ਼ੇਸ਼ ਅਧਿਕਾਰਾਂ ਦੀ ਚੋਰੀ ਕੀਤੀ ਹੈ, ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹੜ੍ਹ ਵਰਗੀਆਂ ਸਥਿਤੀਆਂ ਲਈ ਤਿਆਰ ਰਹਿਣ ਲਈ ਐਸ ਡੀ ਆਰ ਐਫ ਟੀਮ, ਸਥਾਨਕ ਪ੍ਰਸ਼ਾਸਨ ਅਤੇ ਪਿੰਡ/ਕਸਬੇ ਦੇ ਵਸਨੀਕਾਂ ਲਈ ਮੌਕ ਡਰਿੱਲ ਅਤੇ ਸਿਖਲਾਈ ਕਰਵਾਈ ਜਾਣੀ ਚਾਹੀਦੀ ਸੀ। ਉਨਾਂ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਅਸਫਲਤਾ ਕਾਰਨ 1,056 ਪਿੰਡਾਂ ਦੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਹੈਰਾਨੀ ਦੀ ਗੱਲ ਹੈ ਕਿ ਸੂਬਾ ਸਰਕਾਰ ਨੇ ਹੜ੍ਹ ਪ੍ਰਬੰਧਨ ਦੀ ਜਾਂਚ ਲਈ ਇੱਕ ਕਮੇਟੀ ਵੀ ਨਹੀਂ ਬਣਾਈ।


## ਦੀਵਾਲੀ ਵਿਸ਼ੇਸ਼ ਸਪਲੀਮੈਂਟ


ਡਾ. ਰਮਨ (ਫਗਵਾੜਾ) 88378-31314


ਰਮੇਸ਼ ਕਟਾਰੀਆ ਰਾਜਪੁਰਾ 99880-13675


ਕ੍ਰਿਸ਼ਨ ਗਰਗ ਚੰਡੀਗੜ੍ਹ 94175-93500


ਸੁਖਵਿੰਦਰ ਸਫਰੀ ਟੂਟੋਮਜਾਰਾ 99158-16713


ਸੰਜੀਵ ਅਰੋੜਾ ਜਗਰਾਓਂ 98145-56990


ਹਰਬਿੰਦਰ ਸਿੰਘ ਰਾਣਾ ਵੇਰਕਾ (ਅੰਮ੍ਰਿਤਸਰ) 98881-45991


ਰੀਨਾ ਸ਼ਰਮਾ ਨਕੋਦਰ 79861-27371


ਹਰਭਜਨ ਢਿੱਲੋਂ ਭਲਾਣ (ਨੰਗਲ) 94645-21052


ਮਲਵਿੰਦਰ ਸਿੰਘ ਬਟਾਲਾ 98550-20576


ਇਕਬਾਲ ਸਿੰਘ ਖਹਿਰਾ ਮੋਗਾ 97798-39323

ਦੀਵਾਲੀ ਦੇ ਸ਼ੁੱਭ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ।

-ਜਨਰਲ ਮੈਨੇਜਰ